ਸ਼ੁੱਕਰਵਾਰ, 3 ਅਕਤੂਬਰ, 2025
18 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 123

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 3 OCTOBER, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਇਜ਼ਰਾਈਲ ਵੱਲੋਂ ਗ੍ਰੇਟਾ ਦੀ ਫਲੋਟਿਲਾ ਟੋਲੀ ਨੂੰ ਡੱਕਣ 'ਤੇ ਦੁਨੀਆ ਭਰ 'ਚ ਪ੍ਰਦਰਸ਼ਨ



ਗਾਜ਼ਾ ਵੱਲ ਵਧ ਰਹੇ ਬੇੜੇ 'ਤੇ ਸਵਾਰ ਸਵੀਡਨ ਦੀ ਵਾਤਾਵਰਣ ਕਾਰਕੁਨ ਗ੍ਰੇਟਾ ਥਨਬਰਗ।







**ਯੇਰੂਸ਼ਲਮ** : ਇਜ਼ਰਾਇਲੀ ਜਲ ਸੈਨਾ ਨੇ ਭੂ ਮੱਧ ਸਾਗਰ ਵਿਚ 'ਗਲੋਬਲ ਸੁਮੂਦ ਫਲੋਟਿਲਾ' ਨੂੰ ਰੋਕ ਦਿੱਤਾ ਹੈ। ਕਰੀਬ 50 ਕਿਸ਼ਤੀਆਂ ਤੇ 500 ਕਾਰਕੁਨਾਂ ਵਾਲਾ ਇਹ ਬੇੜਾ ਗਾਜ਼ਾ ਦੇ ਤੱਟ 'ਤੇ ਮਾਨਵੀ ਸਹਾਇਤਾ ਪਹੁੰਚਾਉਣ ਦੇ ਇਰਾਦੇ ਨਾਲ ਰਵਾਨਾ ਹੋਇਆ ਸੀ। ਇਨ੍ਹਾਂ ਵਿਚ ਵਾਤਾਵਰਣ ਕਾਰਕੁਨ ਗ੍ਰੇਟਾ ਥਨਬਰਗ, ਨੈਲਸਨ ਮੰਡੇਲਾ ਦਾ ਪੋਤਾ ਮੰਡਲਾ ਮੰਡੇਲਾ, ਬਾਰਸੀਲੋਨਾ ਦੀ ਸਾਬਕਾ ਮੇਅਰ ਐਡਾ ਕੋਲਾਓ ਤੇ ਕਈ ਯੂਰਪੀ ਸੰਸਦ ਮੈਂਬਰ ਸ਼ਾਮਲ ਹਨ। ਇਜ਼ਰਾਇਲੀ ਅਧਿਕਾਰੀਆਂ ਨੇ ਦੱਸਿਆ ਕਿ ਸਾਰੇ ਯਾਤਰੀ ਸੁਰੱਖਿਅਤ ਹਨ ਤੇ ਇਨ੍ਹਾਂ ਨੂੰ ਅਸ਼ਦੂਦ ਬੰਦਰਗਾਹ ਲਿਆ ਕੇ ਡਿਪੋਰਟ ਕੀਤਾ ਜਾਵੇਗਾ। ਪ੍ਰਬੰਧਕਾਂ ਅਨੁਸਾਰ ਗਾਜ਼ਾ ਤੋਂ ਕਰੀਬ 70 ਸਮੁੰਦਰੀ ਮੀਲ ਦੂਰ 'ਸੀਰੀਅਸ', 'ਅਲਮਾ' ਅਤੇ 'ਅਦਾਰਾ' ਨਾਂਅ ਦੀਆਂ ਤਿੰਨ ਕਿਸ਼ਤੀਆਂ ਨੂੰ ਰੋਕਿਆ ਗਿਆ।

ਇੱਕ ਸਾਬਕਾ ਅਮਰੀਕੀ ਫੌਜੀ ਗ੍ਰੇਗ ਸਟੋਕਰ ਨੇ ਕਿਹਾ ਕਿ ਲਗਭਗ ਇੱਕ ਦਰਜਨ ਇਜ਼ਰਾਈਲੀ ਜਲ ਸੈਨਾ ਦੇ ਜਹਾਜ਼ਾਂ ਨੇ ਅਚਾਨਕ ਉਨ੍ਹਾਂ ਦਾ ਪਿੱਛਾ ਕੀਤਾ ਅਤੇ ਉਨ੍ਹਾਂ ਨੂੰ ਆਪਣੇ ਇੰਜਣ ਬੰਦ ਕਰਨ ਦਾ ਆਦੇਸ਼ ਦਿੱਤਾ। ਕੁਝ ਕਾਰਕੁਨਾਂ ਨੇ ਸੋਸ਼ਲ ਮੀਡੀਆ 'ਤੇ ਦਾਅਵਾ ਕੀਤਾ ਕਿ ਇਜ਼ਰਾਈਲੀ ਬਲਾਂ ਨੇ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ। ਇਸ ਦੇ ਬਾਵਜੂਦ ਕਾਰਕੁਨਾਂ ਦਾ ਕਹਿਣਾ ਹੈ ਕਿ ਉਹ ਗਾਜ਼ਾ ਦੀ ਨਾਕਾਬੰਦੀ ਤੋੜਨ ਦੇ ਆਪਣੇ ਮਿਸ਼ਨ ਤੋਂ ਪਿੱਛੇ ਨਹੀਂ ਹਟਣਗੇ।

ਇਟਲੀ ਦੇ ਵਿਦੇਸ਼ ਮੰਤਰੀ ਐਂਟੋਨੀਓ ਤਾਜਾਨੀ ਨੇ ਸਪੱਸ਼ਟ ਕੀਤਾ ਕਿ ਇਸ ਮੁਹਿੰਮ ਵਿਚ ਹਿੰਸਾ ਦੀ ਵਰਤੋਂ ਨਾ ਕਰਨ ਦਾ ਨਿਰਦੇਸ਼ ਦਿੱਤਾ ਗਿਆ ਸੀ ਅਤੇ ਆਉਣ ਵਾਲੇ ਦਿਨਾਂ ਵਿੱਚ ਕਾਰਕੁਨਾਂ ਨੂੰ ਵਾਪਸ ਭੇਜਿਆ ਜਾਵੇਗਾ। ਇਸ ਦੌਰਾਨ ਤੁਰਕੀ ਦੇ ਵਿਦੇਸ਼ ਮੰਤਰਾਲੇ ਨੇ ਇਸ ਕਾਰਵਾਈ ਨੂੰ 'ਅੱਤਵਾਦ' ਅਤੇ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਦੱਸਿਆ ਅਤੇ ਤੁਰਕੀ ਦੇ ਨਾਗਰਿਕਾਂ ਸਮੇਤ ਸਾਰੇ ਯਾਤਰੀਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ। ਇਹ ਬੇੜਾ 'ਫਲੋਟਿਲਾ' ਇੱਕ ਮਹੀਨਾ ਪਹਿਲਾਂ ਸਪੇਨ ਦੇ ਬਾਰਸੀਲੋਨਾ ਤੋਂ ਰਵਾਨਾ ਹੋਇਆ ਸੀ। ਪ੍ਰਬੰਧਕਾਂ ਦਾ ਕਹਿਣਾ ਹੈ ਕਿ ਇਹ ਹੁਣ ਤੱਕ ਦਾ ਸਭ ਤੋਂ ਵੱਡਾ ਯਤਨ ਹੈ, ਜਿਸ ਵਿੱਚ ਦਰਜਨਾਂ ਕਿਸ਼ਤੀਆਂ ਪਿਛਲੇ 18 ਸਾਲਾਂ ਤੋਂ ਜਾਰੀ ਇਜ਼ਰਾਈਲ ਦੀ ਸਮੁੰਦਰੀ ਨਾਕਾਬੰਦੀ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਕਿਸ਼ਤੀਆਂ 'ਤੇ ਸਵਾਰ ਕਾਰਕੁਨਾਂ ਨੇ ਗਾਜ਼ਾ ਦੇ ਲੋਕਾਂ ਨਾਲ ਏਕਤਾ ਦੇ ਲਾਈਵ ਸੰਦੇਸ਼ ਪ੍ਰਸਾਰਤ ਕੀਤੇ ਅਤੇ 'ਆਜ਼ਾਦ ਫਲਸਤੀਨ' ਦੇ ਨਾਅਰੇ ਲਗਾਏ।

ਫਲੋਟਿਲਾ ਨੂੰ ਰੋਕਣ ਵਿਰੁੱਧ ਇਸਤੰਬੁਲ, ਅੰਕਾਰਾ, ਏਥਨਜ਼, ਬਿਊਨਸ ਆਇਰਸ, ਰੋਮ, ਬਰਲਿਨ ਤੇ ਮੈਡਰਿਡ ਸਣੇ ਦੁਨੀਆ ਦੇ ਕਈ ਸ਼ਹਿਰਾਂ ਵਿੱਚ ਰੋਸ ਮੁਜ਼ਾਹਰੇ ਹੋਏ ਹਨ। ਫਲੋਟਿਲਾ ਵਿੱਚ ਅਮਰੀਕਾ, ਯੂ ਕੇ, ਬੈਲਜੀਅਮ, ਸਪੇਨ, ਮਲੇਸ਼ੀਆ, ਤੁਰਕੀ ਤੇ ਕੋਲੰਬੀਆ ਸਣੇ 44 ਦੇਸ਼ਾਂ ਦੇ 500 ਨੁਮਾਇੰਦੇ ਸ਼ਾਮਲ ਹਨ।

ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹੀਮ ਨੇ ਕਿਹਾ ਕਿ ਇਜ਼ਰਾਈਲ ਨਾ ਸਿਰਫ ਫਲਸਤੀਨੀ ਲੋਕਾਂ ਦੇ ਬੁਨਿਆਦੀ ਹੱਕਾਂ ਦਾ ਅਨਾਦਰ ਕਰ ਰਿਹਾ ਹੈ, ਸਗੋਂ ਸੰਸਾਰ ਭਾਈਚਾਰੇ ਦੀ ਜ਼ਮੀਰ ਦੀ ਆਵਾਜ਼ ਨੂੰ ਦਬਾ ਰਿਹਾ ਹੈ। ਕੋਲੰਬੀਆ ਦੇ ਰਾਸ਼ਟਰਪਤੀ ਗੁਸਤਾਵੋ ਪੈਤਰੋ ਨੇ ਕਿਹਾ ਕਿ ਉਹ ਇਜ਼ਰਾਈਲੀ ਡਿਪਲੋਮੈਟਾਂ ਨੂੰ ਕੱਢ ਰਹੇ ਹਨ ਤੇ ਇਜ਼ਰਾਈਲ ਨਾਲ ਮੁਕਤ ਵਪਾਰ ਸਮਝੌਤਾ ਰੱਦ ਕਰ ਰਹੇ ਹਨ। ਇਟਲੀ ਦੀਆਂ ਯੂਨੀਅਨਾਂ ਨੇ ਫਲੋਟਿਲਾ ਟੋਲੀ ਤੇ ਗਾਜ਼ਾ ਦੇ ਲੋਕਾਂ ਨਾਲ ਯਕਜਹਿਤੀ ਵਜੋਂ ਸ਼ੁੱਕਰਵਾਰ ਆਮ ਹੜਤਾਲ ਦਾ ਸੱਦਾ ਦਿੱਤਾ ਹੈ।

ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਨੇ ਫਲੋਟਿਲਾ 'ਤੇ ਇਜ਼ਰਾਈਲੀ ਫੌਜ ਦੇ ਹਮਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਬਰਬਰੀਅਤ ਬੰਦ ਹੋਣੀ ਚਾਹੀਦੀ ਹੈ ਅਤੇ ਅਮਨ ਨੂੰ ਮੌਕਾ ਦੇਣਾ ਚਾਹੀਦਾ ਹੈ। ਬੈਲਜੀਅਮ ਦੇ ਵਿਦੇਸ਼ ਮੰਤਰੀ ਮੈਕਸਿਮ ਪਰੇਵੋਟ ਨੇ ਕਿਹਾ ਕਿ ਇਜ਼ਰਾਈਲ ਕੌਮਾਂਤਰੀ ਕਾਨੂੰਨ ਦਾ ਸਤਿਕਾਰ ਕਰੇ। ਹਾਲਾਂਕਿ ਸੰਯੁਕਤ ਰਾਸ਼ਟਰ ਦੀ ਪ੍ਰਤੀਕ੍ਰਿਆ ਨਹੀਂ ਆਈ ਸੀ, ਇਸ ਦੇ ਫਲਸਤੀਨ ਬਾਰੇ ਸਪੈਸ਼ਲ ਰਿਪੋਰਟਰ ਫਰਾਂਸੇਸਕਾ ਅਲਬਨੀਜ਼ ਨੇ ਕਿਹਾ ਕਿ ਇਜ਼ਰਾਈਲ ਜੋ ਕਰ ਰਿਹਾ ਹੈ, ਉਸ ਨੂੰ ਦੇਖਦਿਆਂ ਪੱਛਮੀ ਸਰਕਾਰਾਂ ਨੂੰ ਸ਼ਰਮ ਆਉਣੀ ਚਾਹੀਦੀ ਹੈ। ਇਹ ਸਭ ਕੁਝ ਉਨ੍ਹਾਂ ਦੀ ਮਿਲੀਭੁਗਤ ਨਾਲ ਹੋ ਰਿਹਾ ਹੈ।

## ਰਾਵਣ ਦੁਸ਼ਟ ਨਹੀਂ, ਥੋੜ੍ਹਾ ਸ਼ਰਾਰਤੀ ਸੀ : ਸਿੰਮੀ ਗਰੇਵਾਲ



**ਮੁੰਬਈ** : ਮਸ਼ਹੂਰ ਅਦਾਕਾਰਾ ਸਿੰਮੀ ਗਰੇਵਾਲ ਨੇ ਦੁਸਹਿਰੇ 'ਤੇ ਰਾਵਣ ਨੂੰ ਸਾੜਨ ਦੀ ਚਲੀ ਆ ਰਹੀ ਪਰੰਪਰਾ ਨੂੰ ਲੈ ਕੇ ਵੀਰਵਾਰ 'ਐੱਕਸ' ਉੱਤੇ ਪਾਈ ਪੋਸਟ ਵਿੱਚ ਰਾਵਣ ਦੀ ਤਾਰੀਫ ਕਰਦਿਆਂ ਦਲੀਲ ਦਿੱਤੀ ਕਿ ਰਾਵਣ ਦੁਸ਼ਟ ਨਹੀਂ, ਸਗੋਂ ਥੋੜ੍ਹਾ ਸ਼ਰਾਰਤੀ ਸੀ। ਉਸ ਨੇ ਇਹ ਵੀ ਦਾਅਵਾ ਕੀਤਾ ਕਿ ਰਾਵਣ ਭਾਰਤ ਦੀ ਅੱਧੀ ਸੰਸਦ ਤੋਂ ਵੱਧ ਪੜ੍ਹਿਆ-ਲਿਖਿਆ ਸੀ।

ਸਿੰਮੀ ਗਰੇਵਾਲ ਨੇ ਲਿਖਿਆ, 'ਪਿਆਰੇ ਰਾਵਣ... ਹਰ ਸਾਲ, ਇਸ ਦਿਨ, ਅਸੀਂ ਬਦੀ 'ਤੇ ਨੇਕੀ ਦੀ ਜਿੱਤ ਦਾ ਜਸ਼ਨ ਮਨਾਉਂਦੇ ਹਾਂ...ਪਰ ਟੈਕਨੀਕਲੀ...ਤੇਰੇ ਵਿਹਾਰ ਨੂੰ ਦੁਸ਼ਟ ਨਾਲੋਂ ਥੋੜ੍ਹਾ ਸ਼ਰਾਰਤੀ ਵਿੱਚ ਬਦਲਣਾ ਚਾਹੀਦਾ ਹੈ। ਆਖਰ ਤੂੰ ਕੀਤਾ ਹੀ ਕੀ ਸੀ ? ਮੈਂ ਮੰਨਦੀ ਹਾਂ ਕਿ ਤੂੰ ਜਲਦਬਾਜ਼ੀ ਵਿੱਚ ਇੱਕ ਮਹਿਲਾ ਨੂੰ ਅਗਵਾ ਕੀਤਾ ਸੀ, ਪਰ ਉਸ ਦੇ ਬਾਅਦ...ਤੂੰ ਉਸ ਨੂੰ ਅੱਜ ਦੀ ਦੁਨੀਆ ਵਿੱਚ ਮਹਿਲਾਵਾਂ ਦੀ ਤੁਲਨਾ ਵਿੱਚ ਵਧੇਰੇ ਸਨਮਾਨ ਦਿੱਤਾ। ਤੂੰ ਉਸ ਨੂੰ ਚੰਗਾ ਖਾਣਾ...ਪਨਾਹ...ਅਤੇ ਇੱਥੋਂ ਤੱਕ ਕਿ ਮਹਿਲਾ ਸੁਰੱਖਿਆ ਗਾਰਡ ਵੀ ਦਿੱਤੀ। ਸ਼ਾਦੀ ਲਈ ਤੇਰੀ ਬੇਨਤੀ ਨਿਮਰਤਾ ਨਾਲ ਭਰੀ ਸੀ ਅਤੇ ਨਾਮਨਜ਼ੂਰ ਕੀਤੇ ਜਾਣ 'ਤੇ ਤੂੰ ਕਦੇ ਤੇਜ਼ਾਬ ਨਹੀਂ ਸੁੱਟਿਆ। ਇੱਥੋਂ ਤੱਕ ਕਿ ਜਦ ਭਗਵਾਨ ਰਾਮ ਨੇ ਤੈਨੂੰ ਮਾਰ ਦਿੱਤਾ, ਤਦ ਵੀ ਤੂੰ ਉਨ੍ਹਾ ਤੋਂ ਮੁਆਫੀ ਮੰਗਣ ਵਾਲਾ ਸਮਝਦਾਰ ਬੰਦਾ ਸੀ।'

ਸਿੰਮੀ ਗਰੇਵਾਲ ਨੇ ਅੱਗੇ ਲਿਖਿਆ, 'ਅਤੇ...ਮੈਨੂੰ ਲੱਗਦਾ ਹੈ ਤੂੰ ਸਾਡੀ ਅੱਧੀ ਸੰਸਦ ਨਾਲੋਂ ਵੱਧ ਪੜ੍ਹਿਆ-ਲਿਖਿਆ ਸੀ। ਯਕੀਨ ਮੰਨੋ ਯਾਰ...ਤੈਨੂੰ ਸਾੜਨ ਲਈ ਮੇਰੇ ਮਨ ਵਿੱਚ ਕੋਈ ਕਠੋਰ ਭਾਵਨਾ ਨਹੀਂ ਹੈ...ਬਸ ਇਹ ਟਰੈਂਡ ਹੈ। ਦੁਸਹਿਰਾ ਮੁਬਾਰਕ।'

ਅੰਨ੍ਹੇ ਭਗਤਾਂ ਨੇ ਸਿੰਮੀ ਦੀ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਜੇ ਕੋਈ ਉਸ ਨੂੰ ਅਗਵਾ ਕਰ ਲਵੇ ਤਾਂ ਵੀ ਉਹ ਕਹੇਗੀ ਕਿ ਅਗਵਾ ਕਰਨ ਵਾਲਾ ਥੋੜ੍ਹਾ ਸ਼ਰਾਰਤੀ ਹੈ। ਕਈਆਂ ਨੇ ਉਸ ਨੂੰ ਮੁਆਫੀ ਮੰਗਣ ਲਈ ਕਿਹਾ ਹੈ। ਦੂਜੇ ਪਾਸੇ ਕਈ ਲੋਕਾਂ ਨੇ ਕਿਹਾ ਹੈ ਕਿ ਰਾਵਣ ਨੂੰ ਸਿਰਫ ਖਲਨਾਇਕ ਵਜੋਂ ਨਹੀਂ, ਸਗੋਂ ਇੱਕ ਪੇਚੀਦਾ ਸ਼ਖਸੀਅਤ ਵਜੋਂ ਵੀ ਦੇਖਣਾ ਚਾਹੀਦਾ ਹੈ। ਉਹ ਮੰਨਦੇ ਹਨ ਕਿ ਸਿੰਮੀ ਨੇ ਇੱਕ ਜ਼ਰੂਰੀ ਬਹਿਸ ਨੂੰ ਜਨਮ ਦਿੱਤਾ ਹੈ, ਜਿਹੜੀ ਪਰੰਪਰਾਵਾਂ ਨੂੰ ਚੁਣੌਤੀ ਦਿੰਦੀ ਹੈ।

## ਭਾਰਤ 'ਚ ਲੋਕਤੰਤਰੀ ਪ੍ਰਣਾਲੀ 'ਤੇ ਵੱਡਾ ਹਮਲਾ ਹੋ ਰਿਹੈ : ਰਾਹੁਲ



**ਬਗੋਟਾ (ਕੋਲੰਬੀਆ)** : ਰਾਹੁਲ ਗਾਂਧੀ ਨੇ ਕਿਹਾ ਕਿ ਆਰ ਐੱਸ ਐੱਸ ਤੇ ਭਾਜਪਾ ਦੀ ਵਿਚਾਰਧਾਰਾ ਦੇ ਮੂਲ ਵਿੱਚ ਬੁਜ਼ਦਿਲੀ ਹੈ। ਇਸ ਲਈ ਉਨ੍ਹਾ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਦੇ 2023 ਵਿੱਚ ਚੀਨ ਨੂੰ ਲੈ ਕੇ ਦਿੱਤੇ ਬਿਆਨ ਦਾ ਹਵਾਲਾ ਦਿੱਤਾ। ਰਾਹੁਲ ਨੇ ਕਿਹਾ, ' ਵਿਦੇਸ਼ ਮੰਤਰੀ ਨੇ ਕਿਹਾ ਸੀ ਕਿ ਚੀਨ ਸਾਥੋਂ ਕਿਤੇ ਵੱਧ ਤਕੜਾ ਹੈ। ਅਸੀਂ ਉਸ ਨਾਲ ਕਿਵੇਂ ਲੜ ਸਕਦੇ ਹਾਂ ? ਇਸ ਵਿਚਾਰਧਾਰਾ ਦੇ ਮੂਲ ਵਿੱਚ ਬੁਜ਼ਦਿਲੀ ਹੈ। ਉਹ ਕਮਜ਼ੋਰ ਲੋਕਾਂ ਨੂੰ ਮਾਰਦੇ ਹਨ ਤੇ ਤਾਕਤਵਰ ਲੋਕਾਂ ਤੋਂ ਦੂਰ ਭੱਜਦੇ ਹਨ। ਇਹੀ ਭਾਜਪਾ-ਆਰ ਐੱਸ ਐੱਸ ਦਾ ਸੁਭਾਅ ਹੈ।'

ਰਾਹੁਲ ਨੇ ਇਹ ਗੱਲ ਕੋਲੰਬੀਆ ਦੀ ਈ ਆਈ ਏ ਯੂਨੀਵਰਸਿਟੀ ਵਿੱਚ 'ਦੀ ਫਿਊਚਰ ਇਜ਼ ਟੂਡੇ' ਕਾਨਫਰੰਸ ਵਿੱਚ ਕਹੀ। ਰਾਹੁਲ ਦੱਖਣੀ ਅਮਰੀਕਾ ਦੇ 10 ਦਿਨ ਦੇ ਦੌਰੇ 'ਤੇ ਹਨ। ਉਹ ਕੋਲੰਬੀਆ ਦੇ ਇਲਾਵਾ ਬ੍ਰਾਜ਼ੀਲ, ਪੇਰੂ ਤੇ ਚਿੱਲੀ ਦਾ ਵੀ ਦੌਰਾ ਕਰਨਗੇ।

ਰਾਹੁਲ ਨੇ ਵਿਨਾਇਕ ਦਾਮੋਦਰ ਸਾਵਰਕਰ ਦੀ ਕਿਤਾਬ ਤੋਂ ਇੱਕ ਘਟਨਾ ਦਾ ਹਵਾਲਾ ਦਿੱਤਾ, ਜਿੱਥੇ ਹਿੰਦੂਤਵ ਵਿਚਾਰਧਾਰਕ ਸਾਵਰਕਰ ਨੇ ਲਿਖਿਆ ਹੈ ਕਿ ਇੱਕ ਵਾਰ ਉਸ ਨੇ ਅਤੇ ਉਸ ਦੇ ਕੁਝ ਦੋਸਤਾਂ ਨੇ ਇੱਕ ਮੁਸਲਿਮ ਵਿਅਕਤੀ ਨੂੰ ਕੁੱਟਿਆ ਅਤੇ ਉਸ ਦਿਨ ਉਸ ਨੂੰ ਬਹੁਤ ਖੁਸ਼ੀ ਮਹਿਸੂਸ ਕੀਤੀ। ਰਾਹੁਲ ਨੇ ਕਿਹਾ ਕਿ ਪੰਜ ਵਿਅਕਤੀ ਇੱਕ ਵਿਅਕਤੀ ਨੂੰ ਕੁੱਟਦੇ ਹਨ, ਜਿਸ ਨਾਲ ਉਨ੍ਹਾਂ ਵਿੱਚੋਂ ਇੱਕ ਖੁਸ਼ ਹੁੰਦਾ ਹੈ, ਤਾਂ ਇਹ ਬੁਜ਼ਦਿਲੀ ਹੈ।

ਰਾਹੁਲ ਨੇ ਕਿਹਾ ਕਿ ਭਾਰਤ 'ਚ ਲੋਕੰਤਤਰ 'ਤੇ ਹਮਲਾ ਹੋ ਰਿਹਾ ਹੈ। ਅਜਿਹਾ ਹੋਣਾ ਦੇਸ਼ ਦੇ ਲੋਕਤੰਤਰ ਲਈ ਵੱਡਾ ਖਤਰਾ ਹੈ। ਇਸ ਨਾਲ ਦੇਸ਼ ਵਿੱਚ ਸੰਸਥਾਵਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ ਅਤੇ ਆਪੋਜ਼ੀਸ਼ਨ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੈ। ਭਾਰਤ ਦੀ ਤਾਕਤ ਉਸ ਦੀ ਵਿਵਧਤਾ ਤੇ ਲੋਕਤੰਤਰ ਹੈ, ਪਰ ਮੌਜੂਦਾ ਹਾਲਾਤ ਵਿੱਚ ਇਨ੍ਹਾਂ ਕਦਰਾਂ-ਕੀਮਤਾਂ 'ਤੇ ਖਤਰਾ ਮੰਡਰਾ ਰਿਹਾ ਹੈ।

ਰਾਹੁਲ ਨੇ ਕਿਹਾ ਕਿ ਭਾਰਤ ਵਿੱਚ ਸੱਤਾ 'ਚ ਬੈਠੇ ਲੋਕ ਚਾਹੁੰਦੇ ਹਨ ਕਿ ਹਰ ਸੰਸਥਾਨ ਸਿਰਫ ਉਨ੍ਹਾਂ ਦੇ ਹਿਸਾਬ ਨਾਲ ਕੰਮ ਕਰੇ। ਇਹ ਭਾਰਤ ਦੀ ਆਤਮਾ ਦੇ ਖਿਲਾਫ ਹੈ।

ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵਿੱਚ ਉਨ੍ਹਾ ਕਿਹਾ ਕਿ ਅਸਹਿਮਤੀ ਦੀ ਆਵਾਜ਼ ਨੂੰ ਲੋਕਤੰਤਰ ਵਿੱਚ ਥਾਂ ਮਿਲਣੀ ਚਾਹੀਦੀ ਹੈ।

ਰਾਹੁਲ ਨੇ ਕਿਹਾ, 'ਭਾਰਤ ਕੋਲ ਇੰਜੀਨੀਅਰਿੰਗ ਅਤੇ ਸਿਹਤ ਸੰਭਾਲ ਵਰਗੇ ਖੇਤਰਾਂ ਵਿੱਚ ਮਜ਼ਬੂਤ ਸਮਰਥਾਵਾਂ ਹਨ, ਇਸ ਲਈ ਮੈਂ ਦੇਸ਼ ਪ੍ਰਤੀ ਬਹੁਤ ਆਸ਼ਾਵਾਦੀ ਹਾਂ, ਪਰ ਇਸ ਦੇ ਨਾਲ ਹੀ ਢਾਂਚੇ • ਬਾਕੀ ਸਫਾ 2 'ਤੇ

## 'ਅਪਰੇਸ਼ਨ ਸਿੰਧੂਰ' ਦਾ ਮਕਸਦ ਜੰਗ ਛੇੜਨਾ ਨਹੀਂ ਸੀ : ਰਾਜਨਾਥ

**ਨਵੀਂ ਦਿੱਲੀ/ਭੁੱਜ** : ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀਰਵਾਰ ਕਿਹਾ ਕਿ ਭਾਰਤੀ ਫੌਜ ਨੇ ਆਪਰੇਸ਼ਨ ਸਿੰਧੂਰ ਦੇ ਸਾਰੇ ਟੀਚਿਆਂ ਨੂੰ ਹਾਸਲ ਕਰ ਲਿਆ ਹੈ, ਪਰ ਸਰਹੱਦ ਪਾਰੋਂ ਅੱਤਵਾਦ ਖਿਲਾਫ਼ ਉਨ੍ਹਾਂ ਦੀ ਲੜਾਈ ਜਾਰੀ ਰਹੇਗੀ। ਉਨ੍ਹਾ ਕਿਹਾ ਕਿ ਪਾਕਿਸਤਾਨ ਨੇ ਆਪਰੇਸ਼ਨ ਸਿੰਧੂਰ ਦੌਰਾਨ ਭਾਰਤ ਦੀ ਰੱਖਿਆ ਪ੍ਰਣਾਲੀ ਵਿਚ ਸੰਨ੍ਹ ਲਾਉਣ ਦੀ ਨਾਕਾਮ ਕੋਸ਼ਿਸ਼ ਕੀਤੀ, ਪਰ ਭਾਰਤੀ ਫੌਜ ਨੇ ਪਾਕਿਸਤਾਨੀ ਹਵਾਈ ਸੈਨਾ ਦੇ ਰੱਖਿਆ ਤਾਣੇ-ਬਾਣੇ ਨੂੰ 'ਬੇਨਕਾਬ' ਕਰ ਦਿੱਤਾ ਤੇ ਕੁੱਲ ਆਲਮ ਨੂੰ ਸੁਨੇਹਾ ਦਿੱਤਾ ਕਿ ਉਹ ਆਪਣੇ ਰਵਾਇਤੀ ਵਿਰੋਧੀ ਨੂੰ ਵੱਡਾ ਨੁਕਸਾਨ ਪਹੁੰਚਾ ਸਕਦਾ ਹੈ। ਰੱਖਿਆ ਮੰਤਰੀ 'ਸ਼ਸਤਰ ਪੂਜਾ' ਤੋਂ ਪਹਿਲਾਂ ਗੁਜਰਾਤ ਦੇ ਭੁੱਜ ਵਿਚ ਫੌਜੀ ਹਵਾਈ ਅੱਡੇ 'ਤੇ ਫੌਜੀਆਂ ਦੇ ਇਕ ਸਮੂਹ ਨੂੰ ਸੰਬੋਧਨ ਕਰ ਰਹੇ ਸਨ। ਰਾਜਨਾਥ ਸਿੰਘ ਨੇ ਕਿਹਾ, "ਆਪਰੇਸ਼ਨ ਸਿੰਧੂਰ ਦੌਰਾਨ ਪਾਕਿਸਤਾਨ ਨੇ ਲੇਹ ਤੋਂ ਲੈ ਕੇ ਸਰ ਕਰੀਕ ਤੱਕ ਭਾਰਤ ਦੀ ਰੱਖਿਆ ਪ੍ਰਣਾਲੀ ਵਿਚ ਸੰਨ੍ਹ ਲਾਉਣ ਦੀ ਨਾਕਾਮ ਕੋਸ਼ਿਸ਼ ਕੀਤੀ।" ਸਿੰਘ ਨੇ ਕਿਹਾ, "ਆਪਣੀ ਜਵਾਬੀ ਕਾਰਵਾਈ ਵਿਚ ਭਾਰਤੀ ਫੌਜ ਨੇ ਪਾਕਿਸਤਾਨੀ ਹਵਾਈ ਰੱਖਿਆ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਤੇ ਸਖਤ ਸੁਨੇਹਾ ਦਿੱਤਾ ਕਿ ਭਾਰਤੀ ਫੌਜ ਜਦੋਂ ਚਾਹੇ, ਜਿੱਥੇ ਚਾਹੇ ਪਾਕਿਸਤਾਨ ਨੂੰ ਭਾਰੀ ਨੁਕਸਾਨ ਪਹੁੰਚਾ ਸਕਦੀ ਹੈ।" ਸਿੰਘ ਨੇ ਕਿਹਾ ਕਿ ਭਾਰਤ ਨੇ ਸੰਜਮ ਨਾਲ ਕੰਮ ਲਿਆ, ਕਿਉਂਕਿ ਉਸ ਦੀ ਫੌਜੀ ਕਾਰਵਾਈ ਅੱਤਵਾਦ ਖਿਲਾਫ਼ ਸੀ। ਉਨ੍ਹਾ ਕਿਹਾ, "ਆਪਰੇਸ਼ਨ ਸਿੰਧੂਰ ਦਾ ਮਕਸਦ ਜੰਗ ਛੇੜਨਾ ਨਹੀਂ ਸੀ।

## ਗੁਰਪੁਰਬ ਮੌਕੇ ਸਿੱਖ ਜਥੇ ਨੂੰ ਪਾਕਿਸਤਾਨ ਜਾਣ ਦੀ ਮਿਲੀ ਮਨਜ਼ੂਰੀ

**ਨਵੀਂ ਦਿੱਲੀ** : ਸਿੱਖ ਜੱਥੇ ਨੂੰ ਗੁਰਪੁਰਬ ਮੌਕੇ ਪਾਕਿਸਤਾਨ ਜਾਣ ਦੀ ਮਨਜ਼ੂਰੀ ਮਿਲ ਗਈ ਹੈ ਤੇ ਹੁਣ ਸ਼ਰਧਾਲੂ ਪਾਕਿਸਤਾਨ ਵਿਚ ਗੁਰੂ ਧਾਮਾਂ ਦੇ ਦਰਸ਼ਨ ਕਰ ਸਕਣਗੇ। ਸੁਰੱਖਿਆ ਕਾਰਨਾਂ ਦੇ ਚੱਲਦਿਆਂ ਕੁਝ ਦਿਨ ਪਹਿਲਾਂ ਦੋਵਾਂ ਦੇਸ਼ਾਂ ਵਿਚਾਲੇ ਤਣਾਅ ਨੂੰ ਲੈ ਕੇ ਸਿੱਖ ਜਥਿਆਂ 'ਤੇ ਪਾਕਿਸਤਾਨ ਜਾਣ 'ਤੇ ਰੋਕ ਲਗਾ ਦਿੱਤੀ ਗਈ ਸੀ, ਜਿਸ ਤੋਂ ਬਾਅਦ ਸਿੱਖ ਸੰਗਤ ਵੱਲੋਂ ਮੰਗ ਕੀਤੀ ਜਾ ਰਹੀ ਸੀ ਕਿ 5 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਹੈ, ਇਸ ਲਈ ਪਾਕਿਸਤਾਨ ਜਾ ਕੇ ਗੁਰੂਧਾਮਾਂ ਦੇ ਦਰਸ਼ਨ ਕਰਨ ਦੀ ਇਜਾਜ਼ਤ ਦਿੱਤੀ ਜਾਵੇ। ਹੁਣ ਇਜਾਜ਼ਤ ਮਿਲ ਗਈ ਹੈ। ਕਈ ਸ਼ਰਤਾਂ ਜ਼ਰੂਰ ਲਗਾਈਆਂ ਗਈਆਂ ਹਨ। 5 ਨਵੰਬਰ ਨੂੰ ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਦਿਹਾੜੇ ਮੌਕੇ ਸਿੱਖ ਸ਼ਰਧਾਲੂ ਪਾਕਿਸਤਾਨ ਜਾ ਸਕਣਗੇ।

## ਭਾਜਪਾ ਸਰਕਾਰ ਕੁਦਰਤੀ ਆਫ਼ਤ ਸਮੇਂ ਵੀ ਮਦਦ ਤੋਂ ਭੱਜ ਰਹੀ : ਆਪ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਆਮ ਆਦਮੀ ਪਾਰਟੀ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਉਸ ਬਿਆਨ 'ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਪੰਜਾਬ ਸਰਕਾਰ ਐੱਸ ਡੀ ਆਰ ਐੱਫ (ਸਟੇਟ ਡਿਜ਼ਾਸਟਰ ਰਿਸਪਾਂਸ ਫੰਡ) ਨੂੰ ਆਪਣਾ ਫੰਡ ਸਮਝ ਰਹੀ ਹੈ ਅਤੇ ਨਿਯਮਾਂ ਵਿੱਚ ਤਬਦੀਲੀ ਸੰਭਵ ਨਹੀਂ।

'ਆਪ' ਦੇ ਸੀਨੀਅਰ ਆਗੂ ਬਲਤੇਜ ਪੰਨੂ ਅਤੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਇਸ ਮਾਮਲੇ 'ਤੇ ਕੇਂਦਰ ਦੀ ਭਾਜਪਾ ਸਰਕਾਰ ਅਤੇ ਰਾਜਪਾਲ ਦੇ ਬਿਆਨ ਨੂੰ ਬੇਲੋੜਾ ਕਰਾਰ ਦਿੰਦਿਆਂ ਸਪੱਸ਼ਟ ਕੀਤਾ ਕਿ ਐੱਸ ਡੀ ਆਰ ਐੱਫ ਅਸਲ ਵਿੱਚ ਸਟੇਟ ਡਿਜ਼ਾਸਟਰ ਫੰਡ ਹੀ ਹੈ ਅਤੇ ਇਹ ਰਕਮ ਕੇਂਦਰ ਸਰਕਾਰ ਸੂਬਿਆਂ ਲਈ ਇਸੇ ਕਰਕੇ ਰੱਖਦੀ ਹੈ, ਤਾਂ ਜੋ ਆਫ਼ਤ ਜਾਂ ਐਮਰਜੈਂਸੀ ਦੇ ਸਮੇਂ ਇਸ ਦੀ ਵਰਤੋਂ ਕੀਤੀ ਜਾ ਸਕੇ। ਉਨ੍ਹਾ ਕੇਂਦਰ ਸਰਕਾਰ 'ਤੇ ਇਲਜ਼ਾਮ ਲਾਇਆ ਕਿ ਜਦੋਂ ਕੁਦਰਤ ਦੀ ਕਰੋਪੀ ਐਨੀ ਵੱਡੀ ਹੋਵੇ, ਤਾਂ ਨਿਯਮਾਂ 'ਤੇ ਅੜੇ ਰਹਿਣ ਦਾ ਭਾਵ ਸਿਰਫ਼ ਇਹ ਹੈ ਕਿ ਕੇਂਦਰ ਦੀ ਸਰਕਾਰ ਮੁਲਕ ਦੀ ਸਭ ਤੋਂ ਵੱਡੀ ਤ੍ਰਾਸਦੀ ਵੇਲੇ ਪੰਜਾਬ ਦੇ ਨਾਲ ਖੜ੍ਹਨਾ ਹੀ ਨਹੀਂ ਚਾਹੁੰਦੀ।

ਬਲਤੇਜ ਪੰਨੂ ਨੇ ਰਾਜਪਾਲ ਨੂੰ ਸੰਵਿਧਾਨਕ ਮੁੱਦਿਆਂ 'ਤੇ ਘੇਰਦਿਆਂ ਸਵਾਲ ਕੀਤਾ ਕਿ ਜਦੋਂ ਪ੍ਰਧਾਨ ਮੰਤਰੀ ਕਿਸੇ ਰਾਜਪਾਲ ਨੂੰ ਤਾਂ ਵਾਰ-ਵਾਰ ਮਿਲ ਸਕਦੇ ਹਨ, ਪਰ ਚੁਣੇ ਹੋਏ ਮੁੱਖ ਮੰਤਰੀ ਨੂੰ ਮਿਲਣ ਦਾ ਸਮਾਂ ਨਹੀਂ ਦਿੰਦੇ, ਤਾਂ 'ਇਲੈਕਟਡ' ਅਤੇ 'ਸਿਲੈਕਟਡ' ਵਾਲਾ ਇਹ ਨਿਯਮ ਕਿਹੜੀ ਜਗ੍ਹਾ 'ਤੇ ਲਾਗੂ ਹੁੰਦਾ ਹੈ ? ਉਨ੍ਹਾ ਚੇਤਾਵਨੀ ਦਿੱਤੀ ਕਿ ਪੰਜਾਬ ਇਸ ਵੇਲੇ ਹੜ੍ਹਾਂ ਨਾਲ ਸਭ ਤੋਂ ਵੱਧ ਨੁਕਸਾਨ ਝੱਲ ਰਿਹਾ ਹੈ ਅਤੇ ਇਸ ਔਖੇ ਸਮੇਂ ਵਿੱਚ ਹਰ ਗੱਲ 'ਤੇ ਆਨਾਕਾਨੀ ਕਰਨਾ ਕੇਂਦਰ ਸਰਕਾਰ ਲਈ ਸ਼ੋਭਾ ਨਹੀਂ ਦਿੰਦਾ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਜਦੋਂ-ਜਦੋਂ ਮੁਲਕ ਨੂੰ ਲੋੜ ਪਈ ਹੈ, ਪੰਜਾਬ ਹਮੇਸ਼ਾ ਹਰ ਜਗ੍ਹਾ 'ਤੇ ਮੁਲਕ ਦੇ ਨਾਲ ਖੜ੍ਹਾ ਰਿਹਾ ਹੈ।

'ਆਪ' ਦੇ ਸੀਨੀਅਰ ਬੁਲਾਰੇ ਨੀਲ ਗਰਗ ਨੇ ਰਾਜਪਾਲ ਅਤੇ ਕੇਂਦਰ ਸਰਕਾਰ ਦੇ ਇਸ ਰੁਖ਼ ਨੂੰ ਪੂਰੀ ਤਰ੍ਹਾਂ ਲੋਕ-ਵਿਰੋਧੀ ਦੱਸਿਆ। ਉਨ੍ਹਾ ਕਿਹਾ ਕਿ ਕਿਸੇ ਵੀ ਵੈੱਲਫੇਅਰ ਸਟੇਟ ਵਿੱਚ ਨਿਯਮ ਹਮੇਸ਼ਾ ਲੋਕਾਂ ਦੀ ਭਲਾਈ ਲਈ ਬਣਾਏ ਜਾਂਦੇ ਹਨ। ਉਨ੍ਹਾ ਕਿਹਾ ਕਿ ਐੱਸ ਡੀ ਆਰ ਐੱਫ ਦੇ ਨਿਯਮ 2010 ਵਿੱਚ ਬਣੇ ਸਨ, ਪਰ ਅੱਜ ਮਹਿੰਗਾਈ ਤਿੰਨ ਗੁਣਾ ਵਧ ਚੁੱਕੀ ਹੈ। ਇਸ ਲਈ ਅੱਜ • ਬਾਕੀ ਸਫਾ 2 'ਤੇ

## ਲੱਦਾਖ 'ਚ ਪੁਲਸ ਨੇ ਤਸ਼ੱਦਦ ਕੀਤਾ : ਗੀਤਾਂਜਲੀ

**ਲੇਹ** : ਜਲਵਾਯੂ ਕਾਰਕੁਨ ਸੋਨਮ ਵਾਂਗਚੁੱਕ ਦੀ ਪਤਨੀ ਅਤੇ ਹਿਮਾਲਿਅਨ ਇੰਸਟੀਚਿਊਟ ਆਫ ਅਲਟਰਨੇਟਿਵਜ਼ ਦੀ ਸੀ ਈ ਓ ਗੀਤਾਂਜਲੀ ਜੇ. ਅੰਗਮੋ ਨੇ ਵੀਰਵਾਰ ਇੱਥੇ ਕੇਂਦਰ ਸਰਕਾਰ ਦੀ ਨਿਖੇਧੀ ਕੀਤੀ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ 24 ਸਤੰਬਰ ਨੂੰ ਹੋਈ ਹਿੰਸਾ ਤੋਂ ਬਾਅਦ ਲੱਦਾਖ ਦੇ ਲੋਕਾਂ 'ਤੇ ਪੁਲਸ ਤਸ਼ੱਦਦ ਦਾ ਦੋਸ਼ ਲਗਾਇਆ। ਲੱਦਾਖ ਦੀ ਮੌਜੂਦਾ ਸਥਿਤੀ ਦੀ ਤੁਲਨਾ ਬਰਤਾਨਵੀ ਭਾਰਤ ਦੇ ਸਮੇਂ ਨਾਲ ਕਰਦਿਆਂ ਉਨ੍ਹਾ ਕਿਹਾ ਕਿ ਕੇਂਦਰੀ ਗ੍ਰਹਿ ਮੰਤਰਾਲਾ ਲੱਦਾਖ ਪੁਲਸ ਦੀ 'ਦੁਰਵਰਤੋਂ' ਕਰ ਰਿਹਾ ਹੈ। ਗੀਤਾਂਜਲੀ ਨੇ ਐੱਕਸ 'ਤੇ ਲਿਖਿਆ, 'ਕੀ ਭਾਰਤ ਸੱਚਮੁੱਚ ਆਜ਼ਾਦ ਹੈ ? 1857 ਵਿੱਚ 24,000 ਅੰਗਰੇਜ਼ਾਂ ਨੇ ਰਾਣੀ ਦੇ ਹੁਕਮਾਂ 'ਤੇ 30 ਕਰੋੜ ਭਾਰਤੀਆਂ 'ਤੇ ਜ਼ੁਲਮ ਕਰਨ ਲਈ 1,35,000 ਭਾਰਤੀ ਸਿਪਾਹੀਆਂ ਦੀ ਵਰਤੋਂ ਕੀਤੀ। ਅੱਜ ਇੱਕ ਦਰਜਨ ਪ੍ਰਸ਼ਾਸਕ ਤਿੰਨ ਲੱਖ ਲੱਦਾਖੀਆਂ 'ਤੇ ਜ਼ੁਲਮ ਅਤੇ ਤਸ਼ੱਦਦ ਕਰਨ ਲਈ 2400 ਲੱਦਾਖੀ ਪੁਲਸ ਮੁਲਾਜ਼ਮਾਂ ਦੀ ਦੁਰਵਰਤੋਂ ਕਰ ਰਹੇ ਹਨ।' ਸੋਨਮ ਨੂੰ ਰਾਸ਼ਟਰੀ ਸੁਰੱਖਿਆ ਐਕਟ ਅਧੀਨ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਗੀਤਾਂਜਲੀ ਅੰਗਮੋ ਨੇ ਵਾਂਗਚੁਕ ਦੇ ਇੱਕ ਪਾਕਿਸਤਾਨੀ ਖੁਫੀਆ ਕਾਰਜਕਾਰੀ ਨਾਲ ਸੰਪਰਕ ਵਿੱਚ ਹੋਣ ਦੇ ਦੋਸ਼ਾਂ ਦਾ ਖੰਡਨ ਕੀਤਾ ਸੀ ਅਤੇ ਲੱਦਾਖ ਪੁਲਸ 'ਤੇ 'ਏਜੰਡੇ' ਤਹਿਤ ਕੰਮ ਕਰਨ ਦਾ ਦੋਸ਼ ਲਾਇਆ ਸੀ।

ਗੀਤਾਂਜਲੀ ਨੇ ਦੋਸ਼ ਲਾਇਆ—ਡੀ ਜੀ ਪੀ, ਜੋ ਵੀ ਕਹਿ ਰਹੇ ਹਨ, ਉਨ੍ਹਾ ਦਾ ਇੱਕ ਏਜੰਡਾ ਹੈ। ਉਹ ਕਿਸੇ ਵੀ ਹਾਲਤ ਵਿੱਚ 6ਵੇਂ ਸ਼ਡਿਊਲ ਨੂੰ ਲਾਗੂ ਨਹੀਂ ਕਰਨਾ ਚਾਹੁੰਦੇ ਅਤੇ ਕਿਸੇ ਨੂੰ ਬਲੀ ਦਾ ਬੱਕਰਾ ਬਣਾਉਣਾ ਚਾਹੁੰਦੇ ਹਨ।' ਉਨ੍ਹਾ ਕਿਹਾ ਕਿ ਉਹ ਸੰਯੁਕਤ ਰਾਸ਼ਟਰ ਅਤੇ ਇੱਕ ਪਾਕਿਸਤਾਨੀ ਮੀਡੀਆ ਆਊਟਲੈਟ ਵੱਲੋਂ ਕਰਵਾਏ ਗਏ ਇੱਕ ਜਲਵਾਯੂ ਪਰਿਵਰਤਨ ਸੰਮੇਲਨ ਵਿੱਚ ਸ਼ਾਮਲ ਹੋਏ ਸਨ।

## ਰੇੜ੍ਹੀ-ਫੜ੍ਹੀ ਵਾਲਿਆਂ ਨੂੰ ਹੱਕ ਦਿਵਾਉਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ

**ਜਲਾਲਾਬਾਦ (ਰਣਬੀਰ ਕੌਰ ਢਾਬਾਂ)**



ਜਲਾਲਾਬਾਦ ਦੀ ਅਨਾਜ ਮੰਡੀ ਵਿਖੇ ਬਣੇ ਸ਼ੈੱਡ ਵਿੱਚ ਰੇੜ੍ਹੀ-ਫ਼ੜ੍ਹੀ ਦਾ ਕੰਮ ਕਰਨ ਵਾਲਿਆਂ ਦੀਆਂ ਰੇੜ੍ਹੀਆਂ ਜਬਰੀ ਚੁਕਵਾਉਣ ਖ਼ਿਲਾਫ਼ ਵੀਰਵਾਰ ਭਾਰਤੀ ਕਮਿਊਨਿਸਟ ਪਾਰਟੀ ਦੀ ਅਗਵਾਈ ਵਿੱਚ ਕੀਤਾ ਜਾ ਰਿਹਾ ਰੋਸ ਪ੍ਰਦਰਸ਼ਨ ਤੀਜੇ ਦਿਨ 'ਚ ਦਾਖਲ ਹੋ ਗਿਆ।

ਰੋਸ ਪ੍ਰਦਰਸ਼ਨ ਦੀ ਅਗਵਾਈ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਮੀਤ, ਸਕੱਤਰ ਸੁਰਿੰਦਰ ਢੰਡੀਆਂ, ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬੂਟਾ ਸਿੰਘ ਬੁਰਜ ਗਿੱਲ, ਜੋਗਾ ਸਿੰਘ, ਹਰਜੀਤ ਕੌਰ ਢੰਡੀਆਂ, ਰੇੜ੍ਹੀ-ਫ਼ੜ੍ਹੀ ਵਾਲਿਆਂ ਦੇ ਆਗੂ ਸੁਰਿੰਦਰ ਸਿੰਘ, ਸੰਨੀ ਹਾਂਡਾ, ਲਵਲੀ ਕੁਮਾਰ ਅਤੇ ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਅਸ਼ੋਕ ਕੰਬੋਜ ਨੇ ਕੀਤੀ।ਪ੍ਰਦਰਸ਼ਨ ਸ਼ੁਰੂ ਹੋਣ ਮੌਕੇ ਹੀ ਆਗੂਆਂ ਵੱਲੋਂ ਐਲਾਨ ਕਰ ਦਿੱਤਾ ਗਿਆ ਸੀ ਕਿ ਜਿਹੜਾ ਸਮਾਨ ਰੇੜ੍ਹੀ-ਫ਼ੜ੍ਹੀ ਵਾਲਿਆਂ ਦਾ ਮਾਰਕੀਟ ਕਮੇਟੀ ਵੱਲੋਂ ਪੁਲਸ ਦੇ ਜਬਰ ਰਾਹੀਂ ਚੁੱਕ ਕੇ ਲਿਜਾਇਆ ਗਿਆ ਹੈ, ਉਹਨਾਂ ਨੂੰ ਤੁਰੰਤ ਵਾਪਸ ਕੀਤਾ ਜਾਵੇ, ਨਹੀਂ ਤਾਂ ਰੋਡ ਜਾਮ ਕਰਕੇ ਪੁਤਲੇ ਫੂਕੇ ਜਾਣਗੇ। ਇਸ ਤੋਂ ਤੁਰੰਤ ਬਾਅਦ ਜ਼ਿਲ੍ਹਾ ਪੁਲਸ ਮੁਖੀ ਗੁਰਮੀਤ ਸਿੰਘ ਦੇ ਦਖ਼ਲ 'ਤੇ ਮਾਰਕੀਟ ਕਮੇਟੀ ਵੱਲੋਂ ਰੇੜ੍ਹੀ-ਫ਼ੜ੍ਹੀ ਵਾਲਿਆਂ ਦਾ ਚੁੱਕਿਆ ਜਬਰੀ ਸਮਾਨ ਵਾਪਸ ਕਰਵਾਇਆ ਗਿਆ, ਜਿਸ 'ਤੇ ਆਗੂਆਂ ਵੱਲੋਂ ਰੋਡ ਜਾਮ ਕਰਨ ਦਾ ਫੈਸਲਾ ਵਾਪਸ ਲਿਆ ਗਿਆ, ਪ੍ਰੰਤੂ ਧਰਨਾ ਉਸ ਸਮੇਂ ਤੱਕ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ, ਜਦੋਂ ਤੱਕ ਰੇੜ੍ਹੀ-ਫ਼ੜ੍ਹੀ ਵਾਲਿਆਂ ਨੂੰ ਉਹਨਾਂ ਦੇ ਬਣਦੇ ਹੱਕ ਪ੍ਰਾਪਤ ਨਹੀਂ ਹੋ ਜਾਂਦੇ।

ਆਗੂਆਂ ਕਿਹਾ ਕਿ ਰੇੜ੍ਹੀ-ਫ਼ੜ੍ਹੀ ਵਾਲਿਆਂ ਨੂੰ ਪਹਿਲਾਂ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੁਮਾਰ ਗੋਲਡੀ ਕੰਬੋਜ ਵੱਲੋਂ ਉਦਘਾਟਨ ਕਰਕੇ ਅਲਾਟ ਕੀਤੇ ਗਏ ਰੇੜ੍ਹੀ-ਫੜ੍ਹੀ ਸ਼ੈੱਡ ਨੂੰ ਕਿਸੇ ਵੀ ਕੀਮਤ 'ਤੇ ਖੋਹਣ ਨਹੀਂ ਦਿੱਤਾ ਜਾਵੇਗਾ। ਕਾਂਗਰਸ ਆਗੂ ਅਤੇ ਸਾਬਕਾ ਜੰਗਲਾਤ ਮੰਤਰੀ ਹੰਸ ਰਾਜ ਜੋਸਨ ਅਤੇ ਓ ਬੀ ਸੀ ਸੈੱਲ ਦੇ ਪ੍ਰਧਾਨ ਅਤੇ ਕਾਂਗਰਸ ਦੇ ਆਗੂ ਰਾਜ ਬਖਸ਼ ਕੰਬੋਜ ਨੇ ਵੀ ਧਰਨੇ ਵਾਲੀ ਜਗ੍ਹਾ 'ਤੇ ਪਹੁੰਚ ਕੇ ਹਮਾਇਤ ਦਾ ਐਲਾਨ ਕੀਤਾ।ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਕ੍ਰਿਸ਼ਨ ਧਰਮੂ ਵਾਲਾ, ਬਲਵੰਤ ਚੌਹਾਣਾ, ਭਜਨ ਲਾਲ ਫਾਜ਼ਿਲਕਾ, ਭੱਠਾ ਮਜ਼ਦੂਰ ਯੂਨੀਅਨ ਦੇ ਆਗੂ ਪ੍ਰੇਮ ਸਿੰਘ, ਸੰਦੀਪ ਜੋਧਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਅਤਰ ਬਰਾੜ, ਚੰਨ ਸਿੰਘ ਸੈਦੋਕੇ, ਬਲਵਿੰਦਰ ਮਹਾਲਮ, ਸੋਨਾ ਧੁਨਕੀਆਂ, ਏ ਆਈ ਐੱਸ ਐੱਫ ਦੀ ਆਗੂ ਨੀਰਜ ਫਾਜ਼ਿਲਕਾ ਅਤੇ ਕੁਲਜੀਤ ਕੌਰ ਕਾਠਗੜ੍ਹ ਨੇ ਵੀ ਸੰਬੋਧਨ ਕੀਤਾ।

## ਅੱਜ-ਨਾਮਾ

ਜੋੜ ਕੇ ਭੀੜ ਫਿਰ ਰਾਵਣ ਦੇ ਬੁੱਤ ਸਾੜੇ,
ਕਿਹਾ ਸੀ ਬਦੀ 'ਤੇ ਨੇਕੀ ਦੀ ਜਿੱਤ ਭਾਈ।
ਬੀਤੇ ਸਾਲ ਵੀ ਇਹੀਓ ਸੀ ਰਸਮ ਕੀਤੀ,
ਤੇ ਕਰਦੇ ਏਹੋ ਤਾਂ ਲੋਕ ਆ ਨਿੱਤ ਭਾਈ।
ਪੁਤਲੇ ਸਾੜਨ ਲਈ ਆਗੂ ਨੇ ਸਾਊ ਥੋੜ੍ਹੇ,
ਕੁਝ ਤੇ ਹੁੰਦੇ ਨਹੀਂ ਕਿਸੇ ਦੇ ਮਿੱਤ ਭਾਈ।
ਵਾਹ-ਵਾਸਤਾ ਨੇਕੀ ਦੇ ਨਾਲ ਕੋਈ ਨਹੀਂ,
ਪਾਲਦੇ ਸਿਰਫ ਉਹ ਰਾਜਸੀ ਹਿੱਤ ਭਾਈ।
ਆਗੂ ਏਹੋ ਜਿਹੇ ਬਹੁਤ ਹਨ ਦੇਸ਼ ਅੰਦਰ,
ਜਿਨ੍ਹਾਂ ਦਾ ਜੋੜ ਬੁਰਾਈ ਤੋਂ ਟੁੱਟਦਾ ਨਹੀਂ।
ਖੁਦ ਹੀ ਆਗੂ ਜੇ ਬਦੀ ਹਨ ਕਰਨ ਵਾਲੇ,
ਪੱਲਾ ਬਦੀ ਤੋਂ ਤਾਂਹੀਉਂ ਤੇ ਛੁੱਟਦਾ ਨਹੀਂ।

-ਤੀਸ ਮਾਰ ਖਾਂ

## ਮਾਲੀ ਸਾਲ ਦੇ ਪਹਿਲੇ ਅੱਧ 'ਚ ਜੀ ਐੱਸ ਟੀ ਵਸੂਲੀ 'ਚ 22.35 ਫੀਸਦੀ ਦਾ ਵਾਧਾ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੀਰਵਾਰ ਦੱਸਿਆ ਕਿ ਸੂਬੇ ਨੇ ਮੌਜੂਦਾ ਵਿੱਤੀ ਸਾਲ ਦੇ ਪਹਿਲੀ ਅੱਧ (ਅਪ੍ਰੈਲ-ਸਤੰਬਰ 2025) ਦੌਰਾਨ 13,971 ਕਰੋੜ ਰੁਪਏ ਦੀਆਂ ਕੁੱਲ ਜੀ ਐੱਸ ਟੀ ਪ੍ਰਾਪਤੀਆਂ ਦਰਜ ਕੀਤੀਆਂ, ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੀਆਂ 11,418 ਕਰੋੜ ਰੁਪਏ ਦੇ ਮੁਕਾਬਲੇ 22.35 ਫੀਸਦੀ ਵੱਧ ਹਨ।

ਚੀਮਾ ਨੇ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੇ ਪਹਿਲੇ ਛੇ ਮਹੀਨਿਆਂ ਵਿੱਚ ਸੂਬੇ ਨੇ ਪਿਛਲੇ ਸਾਲ ਦੇ ਇਸੇ ਸਮੇਂ ਦੇ ਮੁਕਾਬਲੇ ਜੀ ਐੱਸ ਟੀ ਮਾਲੀਏ ਵਿੱਚ ਕੁੱਲ 2,553 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਹੈ। ਉਨ੍ਹਾ ਕਿਹਾ ਕਿ ਸੂਬੇ ਦੀ ਸਾਲ-ਦਰ-ਸਾਲ ਜੀ ਐੱਸ ਟੀ ਵਿਕਾਸ ਦਰ ਵਿੱਤੀ ਸਾਲ 2024-25 ਦੇ ਪਹਿਲੇ ਅੱਧ ਦੌਰਾਨ ਦੀ ਸਿਰਫ 5 ਪ੍ਰਤੀਸ਼ਤ ਤੋਂ ਵਧ ਕੇ ਵਿੱਤੀ ਸਾਲ 2025-26 ਵਿੱਚ ਪ੍ਰਭਾਵਸ਼ਾਲੀ 22.35 ਪ੍ਰਤੀਸ਼ਤ ਹੋ ਗਈ। ਉਨ੍ਹਾ ਕਿਹਾ ਕਿ ਇਹ ਅੰਕੜਾ ਲਗਭਗ 6 ਪ੍ਰਤੀਸ਼ਤ ਦੀ ਕੌਮੀ ਜੀ ਐੱਸ ਟੀ ਵਿਕਾਸ ਦਰ ਤੋਂ ਕਿਤੇ ਵੱਧ ਹੈ, ਜੋ ਕਿ ਸਪੱਸ਼ਟ ਤੌਰ 'ਤੇ ਪੰਜਾਬ ਦੇ ਮਾਲੀਆ ਜੁਟਾਉਣ ਦੇ ਯਤਨਾਂ ਦੀ ਸਫਲਤਾ ਨੂੰ ਦਰਸਾਉਂਦਾ ਹੈ। ਉਨ੍ਹਾ ਕਿਹਾ— ਜੀ ਐੱਸ ਟੀ ਤੋਂ ਇਲਾਵਾ ਪੰਜਾਬ ਨੇ ਹੋਰ ਅਸਿੱਧੀਆਂ ਟੈਕਸ ਸ਼੍ਰੇਣੀਆਂ ਵਿੱਚ ਵੀ ਉਤਸ਼ਾਹਜਨਕ ਨਤੀਜੇ ਪ੍ਰਾਪਤ ਕੀਤੇ ਹਨ। ਵੈਟ ਅਤੇ ਸੀ ਐੱਸ ਟੀ ਅਧੀਨ ਪ੍ਰਾਪਤੀਆਂ ਵਿੱਚ 10 ਫੀਸਦੀ ਦਾ ਵਾਧਾ ਹੋਇਆ ਹੈ, ਜਦੋਂ ਕਿ ਪੰਜਾਬ ਰਾਜ ਵਿਕਾਸ ਟੈਕਸ (ਪੀ ਐੱਸ ਡੀ ਟੀ) ਨੇ ਪਿਛਲੇ ਸਾਲ ਦੇ ਇਸੇ ਮਹੀਨੇ ਦੇ ਮੁਕਾਬਲੇ ਸਤੰਬਰ 2025 ਦੌਰਾਨ 11 ਫੀਸਦੀ ਦਾ ਵਾਧਾ ਦਰਜ ਕੀਤਾ ਹੈ।

ਹਾਲੀਆ ਜੀ ਐੱਸ ਟੀ ਰੈਸ਼ਨੇਲਾਈਜੇਸ਼ਨ ਦੇ ਪ੍ਰਭਾਵ ਦਾ ਜ਼ਿਕਰ ਕਰਦੇ ਹੋਏ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਕਾਰਗੁਜ਼ਾਰੀ ਕੌਮੀ ਔਸਤ ਨਾਲੋਂ ਕਿਤੇ ਜ਼ਿਆਦਾ ਮਜ਼ਬੂਤ ਸਾਬਤ ਹੋਈ ਹੈ। ਵਿੱਤ ਮੰਤਰੀ ਨੇ ਕਿਹਾ—ਜਦੋਂ ਕਿ ਜ਼ਿਆਦਾਤਰ ਹੋਰ ਰਾਜਾਂ ਨੇ ਸਤੰਬਰ 2025 ਵਿੱਚ ਨਕਾਰਾਤਮਕ ਵਿਕਾਸ ਰੁਝਾਨ ਦਰਜ ਕੀਤਾ, ਪੰਜਾਬ ਨੇ ਲਚਕੀਲਾਪਣ ਦਿਖਾਉਣਾ ਜਾਰੀ ਰੱਖਿਆ ਅਤੇ ਦੋਹਰੇ ਅੰਕਾਂ ਦੀ ਵਿਕਾਸ ਦਰ ਰਿਪੋਰਟ ਕੀਤੀ। ਇਕੱਲੇ ਸਤੰਬਰ 2025 ਵਿੱਚ ਰਾਜ ਨੇ 2,140.82 ਕਰੋੜ ਰੁਪਏ ਪ੍ਰਾਪਤ ਕੀਤੇ, ਜੋ ਕਿ ਸਤੰਬਰ 2024 ਵਿੱਚ ਪ੍ਰਾਪਤ ਹੋਏ 1,943 ਕਰੋੜ ਰੁਪਏ ਤੋਂ 197.82 ਕਰੋੜ ਰੁਪਏ ਦਾ ਵਾਧਾ ਅਤੇ 10 ਪ੍ਰਤੀਸ਼ਤ ਦੀ ਵਿਕਾਸ ਦਰ ਦਰਸਾਉਂਦਾ ਹੈ, ਜੋ ਪਿਛਲੇ ਸਾਲ ਇਸੇ ਸਮੇਂ ਵਿੱਚ ਦੇਖੇ ਗਏ ਮਾਮੂਲੀ 5 ਪ੍ਰਤੀਸ਼ਤ ਵਾਧੇ ਦੇ ਮੁਕਾਬਲੇ ਇੱਕ ਵੱਡਾ ਸੁਧਾਰ ਹੈ।

ਉਨ੍ਹਾ ਕਿਹਾ ਕਿ ਕਰ ਵਿਭਾਗ ਨੇ ਅਪ੍ਰੈਲ ਤੋਂ ਸਤੰਬਰ ਤੱਕ ਟੈਕਸ ਚੋਰੀ ਵਿਰੁੱਧ ਆਪਣੀਆਂ ਲਾਗੂ ਕਰਨ ਦੀਆਂ ਕਾਰਵਾਈਆਂ ਨੂੰ ਕਾਫ਼ੀ ਤੇਜ਼ ਕੀਤਾ ਹੈ। ਉਨ੍ਹਾ ਕਿਹਾ ਕਿ ਇਸ ਸਮੇਂ ਦੌਰਾਨ 1,162 ਟੈਕਸਦਾਤਾਵਾਂ ਦਰਮਿਆਨ ਹੋਏ 246 ਕਰੋੜ ਰੁਪਏ ਦੇ ਅਯੋਗ ਇਨਪੁੱਟ ਟੈਕਸ ਕ੍ਰੈਡਿਟ (ਆਈ ਟੀ ਸੀ) ਨੂੰ ਰੋਕ ਦਿੱਤਾ ਗਿਆ। ਇਸ ਤੋਂ ਇਲਾਵਾ ਧੋਖਾਧੜੀ ਨਾਲ ਸਬੰਧਤ ਨੈੱਟਵਰਕਾਂ ਵਿਰੁੱਧ ਚਾਰ ਵੱਡੀਆਂ ਐੱਫ ਆਈ ਆਰ ਦਰਜ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਲੁਧਿਆਣਾ ਵਿੱਚ 500 ਕਰੋੜ ਰੁਪਏ ਅਤੇ ਫਤਿਹਗੜ੍ਹ ਵਿੱਚ 550 ਕਰੋੜ ਰੁਪਏ ਦੇ ਘੁਟਾਲੇ ਸ਼ਾਮਲ ਹਨ। ਉਨ੍ਹਾ ਕਿਹਾ—ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਾਂ (ਐੱਸ ਆਈ ਪੀ ਯੂ) ਦੁਆਰਾ ਸੜਕਾਂ 'ਤੇ ਨਾਕਿਆਂ ਰਾਹੀ ਜਾਂਚ ਅਤੇ ਨਿਰੀਖਣਾਂ ਤੋਂ ਜੁਰਮਾਨੇ ਦੀ ਵਸੂਲੀ ਵਿੱਚ ਤੇਜ਼ੀ ਨਾਲ ਵਾਧਾ • ਬਾਕੀ ਸਫਾ 2 'ਤੇ

*ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ॥*
*ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥*

ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ
ਮਾਸਟਰ ਸੋਹਣ ਲਾਲ ਜੀ
ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਮਿਤੀ 24 ਸਤੰਬਰ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ।
ਉਨ੍ਹਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ
ਪਾਠ ਦਾ ਭੋਗ ਮਿਤੀ 4 ਅਕਤੂਬਰ 2025
ਦਿਨ ਸ਼ਨੀਵਾਰ ਨੂੰ ਸਾਡੇ ਨਿਵਾਸ ਸਥਾਨ ਪਿੰਡ ਪੰਡੋਰੀ ਖ਼ਾਸ, ਤਹਿਸੀਲ ਨਕੋਦਰ (ਜਲੰਧਰ) ਵਿਖੇ 12 ਤੋਂ 1 ਵਜੇ ਤੱਕ ਪਵੇਗਾ। ਆਪ ਜੀ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।
ਦੁਖੀ ਹਿਰਦੇ ਨਾਲ
ਹਰਭਜਨ ਕੌਰ (ਪਤਨੀ), ਪਰਮਿੰਦਰ ਕੁਮਾਰ (ਪੁੱਤਰ), ਪਵਨੀਕ ਕੁਮਾਰ (ਪੁੱਤਰ) ਅਤੇ ਸਮੂਹ ਪਰਵਾਰ
ਸੰਪਰਕ : 82889-80447, 98723-76711

## ਸਰਕਾਰ ਹੜ੍ਹ ਪੀੜਤ ਪਰਵਾਰਾਂ ਦੇ ਮੁੜ-ਵਸੇਬੇ ਦੇ ਪ੍ਰਬੰਧ ਕਰੇ : ਜੱਖਲਾਂ



**ਧੂਰੀ (ਮਨੋਹਰ ਸਿੰਘ ਸੱਗੂ)**-ਨੰਬਰਦਾਰ ਯੂਨੀਅਨ ਤਹਿਸੀਲ ਧੂਰੀ ਦੀ ਮੀਟਿੰਗ ਪ੍ਰਧਾਨ ਕੇਸਰ ਸਿੰਘ ਜੱਖਲਾਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਉਪਰੰਤ ਜਥੇਬੰਦੀ ਵੱਲੋਂ ਪ੍ਰੈੱਸ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਨੂੰ ਹੜ੍ਹ ਪੀੜਤਾਂ ਦੀ ਮਦਦ ਲਈ ਵੱਧ ਤੋਂ ਵੱਧ ਮੁਆਵਜ਼ਾ ਦੇਣ, ਹੜ੍ਹ ਪੀੜਤ ਪਰਵਾਰਾਂ ਦੇ ਮੁੜ ਵਸੇਬੇ ਦਾ ਪ੍ਰਬੰਧ ਕਰਨ ਅਤੇ ਹੜ੍ਹਾਂ ਦੀ ਮਾਰ ਹੇਠ ਆਏ ਕਿਸਾਨਾਂ ਦੀਆਂ ਜ਼ਮੀਨਾਂ ਪੱਧਰੀਆਂ ਕਰਨ ਲਈ ਮਦਦ ਕਰਨ ਦੀ ਅਪੀਲ ਕੀਤੀ ਗਈ ਤਾਂ ਕਿ ਕਿਸਾਨ ਸਮੇਂ ਸਿਰ ਹਾੜ੍ਹੀ ਦੀ ਫਸਲ ਬੀਜ ਸਕਣ।ਮੀਟਿੰਗ ਦੌਰਾਨ ਪ੍ਰਸ਼ਾਸਨ ਵੱਲੋਂ ਨਵ-ਨਿਯੁਕਤ ਨੰਬਰਦਾਰ ਐਡਵੋਕੇਟ ਗੁਰਵਿੰਦਰ ਸਿੰਘ ਸਰਾਓ ਤੇ ਪਰਮਜੀਤ ਸਿੰਘ ਭੁੱਲਰਹੇੜੀ ਦਾ ਸਿਰੋਪਾਓ ਨਾਲ ਸਨਮਾਨ ਕੀਤਾ ਗਿਆ।ਇਸ ਮੌਕੇ ਨਰੰਗ ਸਿੰਘ ਭਲਵਾਨ, ਗੁਰਪ੍ਰੀਤ ਸਿੰਘ ਈਸੜਾ, ਜੋਗਿੰਦਰ ਸਿੰਘ ਰਾਜੋਮਾਜਰਾ, ਵੀਰਇੰਦਰ ਸਿੰਘ ਭੁੱਲਰਹੇੜੀ, ਪਰਮਜੀਤ ਸਿੰਘ ਸ਼ੇਰਪੁਰ ਸੋਢੀਆਂ, ਜਸਪਾਲ ਸਿੰਘ ਕਾਂਝਲਾ, ਸੁਖਦੇਵ ਸਿੰਘ ਜਹਾਂਗੀਰ, ਮਲਕੀਤ ਸਿੰਘ ਕਹੇਰੂ, ਕੁਲਦੀਪ ਸਿੰਘ ਕਾਂਝਲਾ, ਨਿਰਮਲ ਸਿੰਘ ਬੇਨੜਾ, ਕਰਨੈਲ ਸਿੰਘ ਹਰਚੰਦਪੁਰ, ਅਮਰਜੀਤ ਕੌਰ ਦੋਹਲਾ, ਬਘੇਲ ਸਿੰਘ, ਰਾਜਿੰਦਰ ਸਿੰਘ ਈਨਾ ਬਾਜਵਾ ਤੇ ਅਮਰੀਕ ਸਿੰਘ ਰਿਕਾ ਆਦਿ ਮੌਜੂਦ ਸਨ।

## ਸੀਨੀਅਰ ਸਿਟੀਜ਼ਨ ਦਿਵਸ ਮਨਾਇਆ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਵਿੰਨੀ ਗਰਗ, ਸੁਖਦੇਵ ਧੂਰੀ)**-ਸੀਨੀਅਰ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ (ਰਾਮਬਾਗ) ਧੂਰੀ ਵੱਲੋਂ ਪ੍ਰਧਾਨ ਸੇਵਾ ਮੁਕਤ ਪ੍ਰਿੰਸੀਪਲ ਸੁਖਵੀਰ ਸਿੰਘ ਦੀ ਅਗਵਾਈ ਹੇਠ ਰਾਮਬਾਗ ਦੇ ਯੋਗਾ ਹਾਲ 'ਚ ਸੀਨੀਅਰ ਸਿਟੀਜਨ ਦਿਵਸ ਮਨਾਇਆ ਗਿਆ।ਇਸ ਮੌਕੇ ਸੁਖਵੀਰ ਸਿੰਘ ਸੀਨੀਅਰ ਸਿਟੀਜਨ ਦਿਵਸ ਬਾਰੇ ਚਾਨਣਾ ਪਾਇਆ ਤੇ ਇਕੱਤਰਤਾ ਨੇ ਪਿਛਲੇ ਮਹੀਨੇ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਹੜ੍ਹਾਂ ਕਾਰਨ ਪ੍ਰਭਾਵਿਤ ਲੋਕਾਂ ਨਾਲ ਦਿਲੀ ਹਮਦਰਦੀ ਜ਼ਾਹਰ ਕਰਦਿਆਂ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਪ੍ਰਭਾਵਿਤ ਇਲਾਕਿਆਂ 'ਚ ਸੇਵਾ ਨਿਭਾਅ ਰਹੀਆਂ ਸੰਸਥਾਵਾਂ ਨੂੰ ਮਾਲੀ ਸਹਾਇਤਾ ਦਿੱਤੀ ਗਈ।ਇਸ ਮੌਕੇ ਅਗਸਤ ਤੇ ਸਤੰਬਰ ਮਹੀਨੇ ਜਨਮੇ ਜਥੇਬੰਦੀ ਦੇ ਮੈਂਬਰਾਂ ਦੇ ਜਨਮ ਦਿਨ ਮਨਾਉਂਦਿਆਂ ਉਨ੍ਹਾਂ ਦੀ ਤੰਦਰੁਸਤੀ ਤੇ ਲੰਮੀ ਉਮਰ ਦੀ ਕਾਮਨਾ ਕੀਤੀ ਗਈ।

## ਮੈਡੀਕਲ ਕਾਲਜ ਫਰੀਦਕੋਟ ਦੇ ਮਰੀਜ਼ਾਂ ਲਈ ਰਸਦ ਰਵਾਨਾ



**ਬਠਿੰਡਾ (ਰਾਜੀਵ ਗੋਇਲ)**-ਮਾਤਾ ਖੀਵੀ ਜੀ ਮੈਡੀਕਲ ਕਾਲਜ ਫਰੀਦਕੋਟ ਦੇ ਮਰੀਜ਼ਾਂ ਲਈ ਮਹੀਨਾਵਰ ਜਾਣ ਵਾਲੇ ਲੰਗਰ ਦੀ ਰਸਦ ਅੱਜ ਭਗਤਾ ਭਾਈਕਾ ਤੋਂ ਰਵਾਨਾ ਹੋਈ। ਇਸ ਲੰਗਰ ਦੀ ਸੇਵਾ ਇਕਬਾਲ ਸਿੰਘ ਨੰਬਰਦਾਰ ਪੁੱਤਰ ਇਕੱਤਰ ਸਿੰਘ ਕੈਨੇਡਾ ਵੱਲੋਂ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਹਰਿੰਦਰ ਸਿੱਧੂ ਸਮਾਜਸੇਵੀ ਨੇ ਦੱਸਿਆ ਕਿ ਭਗਤਾ ਭਾਈ ਕਾ ਤੋਂ ਇਹ ਲੰਗਰ ਆਏ ਮਹੀਨੇ ਮੈਡੀਕਲ ਕਾਲਜ ਦੇ ਮਰੀਜ਼ਾਂ ਲਈ ਜਾਂਦਾ ਹੈ ਤੇ ਇਸੇ ਹੀ ਲੜੀ ਤਹਿਤ ਇਸ ਲੰਗਰ ਦੀ ਸੇਵਾ ਵੱਖ-ਵੱਖ ਸਮਾਜਸੇਵੀ ਲੋਕਾਂ ਵੱਲੋਂ ਨਿਭਾਈ ਜਾਂਦੀ ਹੈ ਅਤੇ ਸੇਵਾਦਾਰ ਵੀ ਵਧ ਚੜ੍ਹ ਕੇ ਹਿੱਸਾ ਲੈਂਦੇ ਹਨ। ਇਸ ਮੌਕੇ ਅਜਮੇਲ ਸਿੰਘ, ਦਵਿੰਦਰ ਸਿੰਘ ਮਠਾੜੂ, ਹਰਪਾਲ ਸਿੰਘ, ਰਛਪਾਲ ਸਿੰਘ, ਸੁਖਜੰਟ ਸਿੰਘ, ਸੁਖਦੇਵ ਸਿੰਘ, ਗਿਆਨੀ ਸੁਖਦੇਵ ਸਿੰਘ, ਮੇਜਰ ਸਿੰਘ, ਮੰਦਰ ਸਿੰਘ, ਪਾਲਾ ਸਿੰਘ ਸਮੇਤ ਸੇਵਾਦਾਰ ਔਰਤਾਂ ਹਾਜ਼ਰ ਸਨ।

## ਡਾ. ਮੁਨੀਸ਼ ਧਵਨ 'ਵਿਸ਼ੇਸ਼ ਪ੍ਰਸ਼ੰਸਾ ਪੱਤਰ' ਨਾਲ ਸਨਮਾਨਤ




**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਦੇ ਨੇਤਰ ਵਿਗਿਆਨ ਵਿਭਾਗ ਦੇ ਪ੍ਰੋਫੈਸਰ ਤੇ ਮੁਖੀ ਡਾ: ਮੁਨੀਸ਼ ਧਵਨ ਨੂੰ ਅੱਖਾਂ ਦੀ ਦੇਖਭਾਲ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਮਾਨਵਤਾਵਾਦੀ ਸੇਵਾਵਾਂ ਲਈ 'ਵਿਸ਼ੇਸ਼ ਪ੍ਰਸ਼ੰਸਾ ਪੱਤਰ' ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਵੱਕਾਰੀ ਸਨਮਾਨ ਉਨ੍ਹਾਂ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਵੱਲੋਂ ਭੇਟ ਕੀਤਾ ਗਿਆ।ਸਰਟੀਫਿਕੇਟ ਭੇਟ ਕਰਦੇ ਹੋਏ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਡਾ: ਮੁਨੀਸ਼ ਧਵਨ ਨੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਨੂੰ ਮੁਫਤ ਅੱਖਾਂ ਦਾ ਇਲਾਜ ਮੁਹੱਈਆ ਕਰਵਾ ਕੇ ਸਮਾਜ ਲਈ ਬੇਮਿਸਾਲ ਯੋਗਦਾਨ ਪਾਇਆ ਹੈ।ਉਨ੍ਹਾਂ ਡਾ: ਧਵਨ ਦੀਆਂ ਸਮਰਪਤ ਸੇਵਾਵਾਂ ਦੀ ਪ੍ਰਸ਼ੰਸਾ ਕੀਤੀ।ਇਸ ਮੌਕੇ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼, ਫਰੀਦਕੋਟ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਨੇ ਡਾ: ਧਵਨ ਨੂੰ ਵਧਾਈ ਦਿੱਤੀ।ਉਨ੍ਹਾਂ ਯੂਨੀਵਰਸਿਟੀ ਵੱਲੋਂ ਡਾ: ਧਵਨ ਦੇ ਸਮਰਪਨ ਦੀ ਪ੍ਰਸ਼ੰਸਾ ਕੀਤੀ ਤੇ ਇਸ ਨੇਕ ਮਿਸ਼ਨ ਨੂੰ ਜਾਰੀ ਰੱਖਣ ਵਿੱਚ ਉਨ੍ਹਾਂ ਦੀ ਹੋਰ ਸਫਲਤਾ ਦੀ ਕਾਮਨਾ ਕੀਤੀ।

## ਜੱਗਾ ਸਿੰਘ ਬਾਬੇ ਕਾ ਨੂੰ ਸਰਕਲ ਪ੍ਰਧਾਨ ਚੁਣਿਆ



**ਭੀਖੀ (ਗੁਰਿੰਦਰ ਸਿੰਘ ਔਲਖ)**-ਸ਼੍ਰੋਮਣੀ ਅਕਾਲੀ ਦਲ(ਪੁਨਰ ਸੁਰਜੀਤ) ਸਰਕਲ ਭੀਖੀ ਦੇ ਜਥੇਦਾਰ (ਸਰਕਲ ਪ੍ਰਧਾਨ) ਦੀ ਚੋਣ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭੀਖੀ ਵਿਖੇ ਚੋਣ ਅਬਜ਼ਰਵਰ ਸ੍ਰ: ਗਗਨਜੀਤ ਸਿੰਘ ਬਰਨਾਲਾ, ਹਰਦੇਵ ਸਿੰਘ ਰੋਗਲਾ ਮੈਂਬਰ ਐੱਸ ਜੀ ਪੀ ਸੀ ਤੇ ਰਾਮਪਾਲ ਸਿੰਘ ਬੈਹਣੀਵਾਲ ਮੈਂਬਰ ਧਰਮ ਪ੍ਰਚਾਰ ਐੱਸ ਜੀ ਪੀ ਸੀ ਦੀ ਪ੍ਰਧਾਨਗੀ ਹੇਠ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਜਗਸੀਰ ਸਿੰਘ ਚਹਿਲ (ਜੱਗਾ ਬਾਬੇਕਾ) ਨੂੰ ਸਰਬਸੰਮਤੀ ਨਾਲ ਸਰਕਲ ਜਥੇਦਾਰ (ਸਰਕਲ ਪ੍ਰਧਾਨ) ਚੁਣਿਆ ਗਿਆ।ਇਸ ਸਮੇਂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ, ਮਨਜੀਤ ਸਿੰਘ ਬੱਪੀਆਣਾ, ਮਾ: ਮਿੱਠੂ ਸਿੰਘ ਕਾਹਨੇਕੇ, ਦਰਸ਼ਨ ਸਿੰਘ ਭੰਦੋਲ, ਪਰਮਜੀਤ ਸਿੰਘ ਭੀਖੀ, ਹਰਦੇਵ ਸਿੰਘ ਬਾਦਲ ਫਫੜੇ ਭਾਈਕੇ, ਹਿੰਮਤ ਸਿੰਘ ਅਤਲਾਂ, ਮੇਜਰ ਸਿੰਘ ਹੀਰੋ ਕਲਾਂ, ਜਗਸੀਰ ਸਿੰਘ ਲੀਲਾ ਮਿਰਗ, ਨੰਬਰਦਾਰ ਜਗਸੀਰ ਸਿੰਘ ਸਾਬਕਾ ਪ੍ਰਧਾਨ ਨਗਰ ਪੰਚਾਇਤ ਭੀਖੀ, ਭਾਈ ਸੁਰਿੰਦਰ ਸਿੰਘ ਹੀਰੋ, ਰਾਜ ਸਿੰਘ ਹੀਰੋ, ਸ਼ਿੰਦਰ ਸ਼ਰਮਾ, ਸਾਬਕਾ ਕੌਂਸਲਰ ਰਾਜ ਸਿੰਘ ਹਰਬੰਤ ਸਿੰਘ ਸਿੱਧੂ, ਬਿੱਕਰ ਸਿੰਘ ਮੌਜੋ, ਗੁਰਜੰਟ ਸਿੰਘ ਮੱਤੀ, ਨਾਜਰ ਸਿੰਘ ਢੈਪਈ, ਰਾਜਵਿੰਦਰ ਸਿੰਘ ਧਲੇਵਾ, ਨਰੋਤਮ ਸਿੰਘ ਧਲੇਵਾ, ਰੂਪ ਸਿੰਘ ਫਰਵਾਹੀ, ਇਕਬਾਲ ਸਿੰਘ ਫਰਵਾਹੀ, ਮਾ: ਪ੍ਰੀਤਮ ਸਿੰਘ ਗੁੜਥੜੀ, ਸੁਰਜੀਤ ਸਿੰਘ ਖੀਵਾ ਕਲਾਂ, ਲਛਮਣ ਸਿੰਘ ਮੂਲਾਸਿੰਘ ਵਾਲਾ, ਮਾ. ਬਲਵਿੰਦਰ ਸਿੰਘ ਸਮਾਓਂ ਤੇ ਸਮੂਹ ਡੈਲੀਗੇਟ ਸਰਕਲ ਭੀਖੀ ਹਾਜ਼ਰ ਸਨ।

## ਗੋਲਡੀ ਨੇ ਹੈੱਲਥ ਐਂਡ ਵੈੱਲਨੈੱਸ ਸੈਂਟਰ ਦਾ ਨੀਂਹ ਪੱਥਰ ਰੱਖਿਆ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਪੰਜਾਬ ਵੱਲੋਂ ਸ੍ਰ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਸਰਕਾਰ ਦੀ ਗਤੀਸ਼ੀਲ ਅਗਵਾਈ ਹੇਠ ਪਿੰਡ ਚੱਕ ਅਰਾਈਆਂਵਾਲਾ (ਫਲੀਆਂਵਾਲਾ) ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾ ਰਹੇ ਹੈਲਥ ਤੇ ਵੈੱਲਨੈੱਸ ਸੈਂਟਰ ਦੀ ਉਸਾਰੀ ਦੇ ਕੰਮ ਦਾ ਨੀਂਹ ਪੱਥਰ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਰੱਖਿਆ ਗਿਆ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਸ ਪਿੰਡ ਫਲੀਆਵਾਲਾ 'ਚ ਹੈਲਥ ਐਂਡ ਵੈੱਲਨੈੱਸ ਸੈਂਟਰ ਬਣਨ 'ਤੇ ਲੋਕਾਂ ਨੂੰ ਪਿੰਡ ਪੱਧਰ 'ਤੇ ਸਿਹਤ ਸਹੂਲਤਾਂ ਮਿਲਣਗੀਆਂ। ਇਸ ਹੈਲਥ ਐਂਡ ਵੈੱਲਨੈੱਸ ਸੈਂਟਰ 'ਤੇ 35 ਲੱਖ ਰੁਪਏ ਖਰਚ ਕੀਤੇ ਜਾਣਗੇ। ਵਿਧਾਇਕ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਸਰਪੰਚ ਮੱਖਣ ਸਿੰਘ, ਪੰਚ ਬਲਵੀਰ ਸਿੰਘ, ਗੁਰਦੀਪ ਸਿੰਘ, ਕ੍ਰਿਸ਼ਨ ਸਿੰਘ, ਕੇਵਲ ਸਿੰਘ, ਰਿੰਕੂ ਸਿੰਘ, ਸਪੋਟਸ ਕਲੱਬ ਦੇ ਪ੍ਰਧਾਨ ਡਾ.ਗੁਰਮੇਜ ਸਿੰਘ, ਸਾਬਕਾ ਮੈਂਬਰ ਗੁਰਦੀਪ ਸਿੰਘ ਕਚੂਰਾ, ਸ਼ੰਦੀ ਘੋਗਾ, ਦਰਸ਼ਨ ਸਿੰਘ, ਪੰਚਾਇਤ ਸੈਕਟਰੀ ਭੁਪਿੰਦਰ ਸਿੰਘ ਆਦਿ ਮੌਜੂਦ ਸਨ। ਇਸ ਮੌਕੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਉਨ੍ਹਾਂ ਸਮੱਸਿਆਵਾਂ ਦਾ ਹੱਲ ਜਲਦੀ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਪੰਚਾਇਤ ਵੱਲੋਂ ਵਿਧਾਇਕ ਗੋਲਡੀ ਕੰਬੋਜ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।

## ਡੀ ਟੀ ਐੱਫ ਵੱਲੋਂ ਮੁਲਾਜ਼ਮਾਂ ਦੀਆਂ ਤਨਖਾਹਾਂ 'ਤੇ ਰੋਕ ਲਗਾਉਣ ਦੀ ਨਿਖੇਧੀ



**ਬੱਧਨੀ ਕਲਾਂ (ਲਵਲੀ ਕੁਮਾਰ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਮੋਗਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਅਧਿਆਪਕ ਮਸਲਿਆਂ ਸੰਬੰਧੀ ਵਿਚਾਰ-ਚਰਚਾ ਕੀਤੀ ਗਈ।ਜ਼ਿਲ੍ਹਾ ਸਕੱਤਰ ਸਕੱਤਰ ਜਗਵਿੰਦਰ ਕੌਰ ਤੇ ਜ਼ਿਲ੍ਹਾ ਮੀਤ ਪ੍ਰਧਾਨ ਸਵਰਨਦਾਸ ਨੇ ਇਸ ਸੰਬੰਧੀ ਪ੍ਰੈੱਸ ਨੂੰ ਦੱਸਿਆ ਕਿ ਜ਼ਿਲ੍ਹਾ ਕਮੇਟੀ ਵੱਲੋਂ ਪ੍ਰਾਇਮਰੀ ਅਧਿਆਪਕਾਂ ਦੀਆਂ ਈ. ਟੀ. ਟੀ. ਤੋਂ ਐੱਚ. ਟੀ. ਤੇ ਐੱਚ. ਟੀ. ਤੋਂ ਸੀ. ਐੱਚ. ਟੀ. ਦੀਆਂ ਤਰੱਕੀਆਂ ਸੰਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਨੂੰ ਮਿਲਿਆ ਜਾਵੇਗਾ। ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੀਤ ਸਿੰਘ ਝੋਰੜਾਂ ਤੇ ਜ਼ਿਲ੍ਹਾ ਸੰਯੁਕਤ ਸਕੱਤਰ ਅਮਨਦੀਪ ਮਾਛੀਕੇ ਨੇ ਦੱਸਿਆ ਕਿ ਜ਼ਿਲ੍ਹਾ ਕਮੇਟੀ ਵੱਲੋਂ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਤਨਖਾਹਾਂ 'ਤੇ ਲਗਾਈ ਅਣ-ਐਲਾਨੀ ਰੋਕ ਦੀ ਨਿਖੇਧੀ ਕੀਤੀ।ਆਗੂਆਂ ਨੇ ਕਿਹਾ ਤਿਉਹਾਰ ਦੇ ਦਿਨਾਂ ਵਿੱਚ ਮੁਲਾਜ਼ਮਾਂ ਨੇ ਆਪਣੇ ਘਰ-ਬਾਰ ਤੇ ਬੱਚਿਆਂ ਵਾਸਤੇ ਖਰੀਦਦਾਰੀ ਕਰਨੀ ਹੁੰਦੀ ਹੈ, ਜਿਸ ਕਾਰਨ ਉਨ੍ਹਾਂ ਦੇ ਤਿਉਹਾਰ ਵੀ ਫਿੱਕੇ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦਿਨਾਂ ਵਿੱਚ ਮੁਲਾਜ਼ਮਾਂ ਨੇ ਆਪਣੀਆਂ ਘਰਾਂ ਦੀਆਂ ਕਿਸ਼ਤਾਂ ਭਰਨੀਆਂ ਹੁੰਦੀਆਂ ਹਨ, ਪਰ ਸਰਕਾਰ ਉਨ੍ਹਾਂ ਦੀਆਂ ਤਨਖਾਹਾਂ 'ਤੇ ਰੋਕ ਲਗਾ ਕੇ ਉਨ੍ਹਾਂ ਨੂੰ ਬੈਂਕਾਂ ਦੇ ਡਿਫਾਲਟਰ ਬਣਾ ਰਹੀ ਹੈ।ਇਸ ਸਮੇਂ ਸੂਬਾ ਪ੍ਰਧਾਨ ਦਿਗਵਿਜੈਪਾਲ ਸ਼ਰਮਾ, ਅਮਰਦੀਪ ਸਿੰਘ ਬੁੱਟਰ, ਜਗਜੀਤ ਸਿੰਘ ਰਣੀਆਂ, ਨਰਿੰਦਰ ਸਿੰਘ, ਕੁਲਵਿੰਦਰ ਸਿੰਘ ਚੁੱਘੇ, ਨਵਦੀਪ ਸਿੰਘ ਧੂੜਕੋਟ, ਸੁਖਜੀਤ ਸਿੰਘ ਕੁੱਸਾ ਮਧੂ ਬਾਲਾ ਆਦਿ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।

## ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮੌਕੇ ਮੋਗਾ 'ਚ ਸਮਾਗਮ

**ਸੀਨੀਅਰ ਸਿਟੀਜ਼ਨ ਕੌਂਸਲ ਹੜ੍ਹ ਪੀੜਤਾਂ ਦੀ ਮਦਦ ਲਈ ਦੇਵੇਗੀ 51 ਹਜ਼ਾਰ ਰੁਪਏ : ਸਰਦਾਰੀ ਲਾਲ ਕਾਮਰਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜ਼ਨ ਕੌਂਸਲ ਮੈਂਬਰਾਂ ਨੇ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਸਰਦਾਰੀ ਲਾਲ ਕਾਮਰਾ ਦੀ ਪ੍ਰਧਾਨਗੀ ਹੇਠ ਸਕੱਤਰੇਤ ਵਿਖੇ ਸੀਨੀਅਰ ਸਿਟੀਜ਼ਨ ਡੇ ਵਜੋਂ ਮਨਾਇਆ।ਅੱਜ ਦੇ ਦਿਨ ਵਿਸ਼ੇ ਮੈਂਬਰਾਂ ਨੂੰ ਬਜ਼ੁਰਗ ਦਿਵਸ ਦੀ ਵਧਾਈ ਦਿੰਦਿਆਂ ਸਭ ਦੀ ਸਿਹਤਯਾਬੀ ਲਈ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਵਿੱਚ ਬਜ਼ੁਰਗਾਂ ਦਾ ਦਿਨ-ਬ-ਦਿਨ ਸਤਿਕਾਰ ਘੱਟਦਾ ਜਾ ਰਿਹਾ ਹੈ ਜੋ ਚਿੰਤਾ ਦਾ ਵਿਸ਼ਾ ਹੈ। ਸਾਨੂੰ ਬੱਚੇ ਬੱਚਿਆਂ ਨੂੰ ਨੈਤਿਕ ਕਦਰਾਂ ਕੀਮਤਾਂ ਬਾਰੇ ਜਾਗਰੂਕ ਕਰਨਾ ਚਾਹੀਦਾ ਹੈ।ਪ੍ਰਧਾਨ ਕਾਮਰਾ ਨੇ ਸਾਰੇ ਮੈਂਬਰਾਂ ਦੀ ਸਹਿਮਤੀ ਨਾਲ ਹੜ੍ਹ ਪੀੜਤਾਂ ਦੀ ਮਦੱਦ ਲਈ 51 ਹਜ਼ਾਰ ਰੁਪਏ ਡਿਪਟੀ ਕਮਿਸ਼ਨਰ ਮੋਗਾ ਨੂੰ ਦੇਣ ਦਾ ਮਤਾ ਪਾਸ ਕੀਤਾ ਗਿਆ।ਡਿਪਟੀ ਕਮਿਸ਼ਨਰ ਨੂੰ ਕੌਂਸਲ ਦਫਤਰ ਬੁਲਾ ਕੇ ਸਨਮਾਨਤ ਕਰਕੇ 51 ਹਜ਼ਾਰ ਰੁਪਏ ਦਾ ਚੈਕ ਹੜ੍ਹ ਪੀੜਤਾਂ ਦੀ ਮਦਦ ਲਈ ਭੇਟ ਕੀਤਾ ਜਾਵੇਗਾ।ਦਰਬਾਰ ਸਿੰਘ ਗਿੱਲ ਸੀਨੀਅਰ ਉਪ ਪ੍ਰਧਾਨ ਨੇ ਮੰਚ ਦਾ ਸੰਚਾਲਨ ਕੀਤਾ।ਸ੍ਰੀ ਕਾਮਰਾ ਤੇ ਮੈਂਬਰਾਂ ਨੇ ਬਜ਼ੁਰਗ ਮਾਤਾ ਨਿਹਾਲ ਕੌਰ ਤੇ ਸਰਪ੍ਰਸਤ ਗੁਰਦਰਸ਼ਨ ਸਿੰਘ ਸੋਢੀ, ਇੰਜ ਗੁਰਦੀਪ ਸਿੰਘ ਬਰਾੜ, ਜੋਗਿੰਦਰ ਸਿੰਘ ਲੋਹਾਮ ਤੇ ਅਮਰ ਸਿੰਘ ਵਿਰਦੀ ਨੂੰ ਸਨਮਾਨਤ ਕੀਤਾ।ਇਸ ਤੋਂ ਪਹਿਲਾਂ ਕੌਂਸਲ ਵਲੋਂ ਜਸਵੰਤ ਸਿੰਘ ਲੋਹਾਮ ਨੂੰ ਸਨਮਾਨਤ ਕੀਤਾ ਜਾ ਚੁੱਕਾ ਹੈ।ਇਸ ਮੌਕੇ ਗੁਰਚਰਨ ਸਿੰਘ, ਜੋਗਿੰਦਰ ਸਿੰਘ ਸੰਘਾ, ਇਕਬਾਲ ਸਿੰਘ ਲੋਹਾਮ, ਡਾਕਟਰ ਹਰਪ੍ਰੀਤ ਸਿੰਘ, ਜੋਗਿੰਦਰ ਸਿੰਘ ਲੋਹਾਮ, ਪ੍ਰਿੰਸੀਪਲ ਗੁਰਬੀਰ ਸਿੰਘ ਜੱਸਲ, ਦਲਜੀਤ ਸਿੰਘ ਭੁੱਲਰ, ਜੋਗਿੰਦਰ ਸਿੰਘ ਲੋਹਾਮ, ਗੁਰਦਾਸ ਸਿੰਘ ਬਿਸਾ, ਪ੍ਰਿੰਸੀਪਲ ਸੁਰਜੀਤ ਸਿੰਘ ਹੀਰਾ ਅਤੇ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਵੱਖ ਵੱਖ ਸੁਝਾਅ ਦਿੱਤੇ।ਕੌਂਸਲ ਨੇ ਸਵਤੰਤਰ ਕੁਮਾਰ ਗੁਪਤਾ ਦਾ ਜਨਮ ਦਿਨ ਮਨਾਇਆ ਤੇ ਮੁਬਾਰਕਬਾਦ ਦਿੱਤੀ।ਸਮਾਗਮ ਵਿੱਚ ਬੀਬੀ ਹਰਬੰਸ ਕੌਰ, ਸੁਰਜੀਤ ਸਿੰਘ, ਅਮਰ ਸਿੰਘ ਸੁਪਰਡੈਂਟ, ਮਲਕੀਤ ਸਿੰਘ, ਨਿਰੰਜਨ ਸਿੰਘ, ਜਗਦੀਪ ਸਿੰਘ ਕੈਂਥ, ਭੁਪਿੰਦਰ ਸਿੰਘ ਮਹਿਣਾ, ਸੁਰਿੰਦਰ ਸਿੰਘ, ਵਿਜੇ ਕੁਮਾਰ ਬਾਂਸਲ, ਸੁਰਿੰਦਰ ਕੁਮਾਰ ਆਦਿ ਮੈਂਬਰ ਮੌਕੇ 'ਤੇ ਹਾਜ਼ਰ ਸਨ।

## ਫਾਸ਼ੀ ਹਮਲਿਆਂ ਵਿਰੋਧੀ ਫਰੰਟ 7 ਨੂੰ ਬਰਨਾਲਾ ਵਿਖੇ ਕਰੇਗਾ ਸਾਂਝੀ ਕਨਵੈਨਸ਼ਨ : ਮਹੀਪਾਲ

**ਬਰਨਾਲਾ (ਰਾਜਿੰਦਰ ਬਰਾੜ)**-ਫਾਸ਼ੀ ਹਮਲਿਆਂ ਵਿਰੋਧੀ ਫਰੰਟ ਦੀ ਮਾਲਵਾ ਜ਼ੋਨ ਦੀ ਮੀਟਿੰਗ ਡਾਕਟਰ ਰਜਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਤਰਕਸ਼ੀਲ ਭਵਨ ਬਰਨਾਲਾ ਵਿਖੇ ਕੀਤੀ ਗਈ। ਮੀਟਿੰਗ ਨੇ ਇਜ਼ਰਾਇਲ-ਅਮਰੀਕਾ ਜੰਗਬਾਜ਼ ਜੁੰਡਲੀ ਵੱਲੋਂ ਕੀਤੀ ਜਾ ਰਹੀ ਫਲਸਤੀਨੀਆਂ ਦੀ ਨਸਲਕੁਸ਼ੀ ਤੇ ਆਪਣੀ ਮਾਤ ਭੂਮੀ ਤੋਂ ਉਨ੍ਹਾਂ ਦੇ ਮੁਕੰਮਲ ਉਜਾੜੇ ਲਈ ਵਿੱਢੀ ਨਿਹੱਕੀ ਤੇ ਅਸਾਵੀਂ ਜੰਗ ਖਿਲਾਫ਼ ਲੋਕ ਰਾਇ ਕਾਇਮ ਕਰਨ ਲਈ 7 ਅਕਤੂਬਰ 2025 ਨੂੰ ਸ਼ਕਤੀ ਕਲਾ ਮੰਦਰ, ਨੇੜੇ ਰੇਲਵੇ ਸਟੇਸ਼ਨ ਬਰਨਾਲਾ ਵਿਖੇ ਸਾਂਝੀ ਖੇਤਰੀ ਕਨਵੈਨਸ਼ਨ ਕਰਨ ਦਾ ਨਿਰਣਾ ਲਿਆ ਗਿਆ ਹੈ।ਕਨਵੈਨਸ਼ਨ ਦੀ ਸਮਾਪਤੀ ਤੋਂ ਪਿਛੋਂ 'ਫਰੰਟ' ਵਿੱਚ ਸ਼ਾਮਲ ਪਾਰਟੀਆਂ ਦੇ ਕਾਰਕੁੰਨਾਂ ਵੱਲੋਂ ਹੱਥਾਂ 'ਚ ਜੰਗ ਦੀ ਭਿਆਨਕਤਾ ਨੂੰ ਦਰਸਾਉਂਦੀਆਂ ਤਖ਼ਤੀਆਂ ਤੇ ਫਲੈਕਸਾਂ ਫੜ੍ਹ ਕੇ ਫਲਸਤੀਨ ਨਾਲ ਇੱਕਜੁਟਤਾ ਮਾਰਚ ਵੀ ਕੀਤਾ ਜਾਵੇਗਾ।ਅਮਰੀਕਾ ਦੇ ਇਸ਼ਾਰੇ 'ਤੇ ਫਲਸਤੀਨੀਆਂ ਦੇ ਕਾਜ ਨੂੰ ਪਿੱਠ ਦੇਣ ਤੇ ਮਨੁੱਖਤਾ ਦੇ ਕਾਤਲ ਇਜ਼ਰਾਇਲ ਦੀ



ਪਿੱਠ 'ਤੇ ਖਲੋਣ ਵਾਲੀ ਦੇਸ਼ ਦੀ ਮੋਦੀ ਸਰਕਾਰ ਦਾ ਹੀਜ਼-ਪਿਆਜ਼ ਵੀ ਬੇਪਰਦ ਕੀਤਾ ਜਾਵੇਗਾ। ਆਰ.ਐੱਮ.ਪੀ.ਆਈ. ਦੀ ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਮਹੀਪਾਲ, ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਾਰਾਇਣ ਦੱਤ, ਐੱਮ.ਸੀ.ਪੀ.ਆਈ. ਯੂ ਦੀ ਪੋਲਿਟ ਬਿਊਰੋ ਦੇ ਮੈਂਬਰ ਸਾਥੀ ਕਿਰਨਜੀਤ ਸਿੰਘ ਸੇਖੋਂ, ਸੀਪੀਆਈ ਦੇ ਸੂਬਾ ਕੌਂਸਲ ਦੇ ਮੈਂਬਰ ਸਾਥੀ ਜੁਗਰਾਜ ਸਿੰਘ ਰਾਮਾ, ਸੀਪੀਆਈ (ਐੱਮ ਐੱਲ) ਲਿਬ੍ਰੇਸ਼ਨ ਦੇ ਸੂਬਾਈ ਆਗੂ ਸਾਥੀ ਹਰਮਨ ਦੀਪ ਹਿੰਮਤਪੁਰਾ, ਸੀਪੀਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਸੀਨੀਅਰ ਆਗੂ ਸਾਥੀ ਭੁਪਿੰਦਰ ਸਿੰਘ ਲੌਂਗੋਵਾਲ ਨੇ ਮੀਟਿੰਗ ਨੂੰ ਸੰਬੋਧਨ ਕੀਤਾ।ਊਧਮ ਸਿੰਘ ਸੰਤੋਖਪੁਰਾ, ਗੁਰਪ੍ਰੀਤ ਸਿੰਘ ਰੂੜੇਕੇ, ਚਰਨਜੀਤ ਕੌਰ, ਮੋਹਨ ਸਿੰਘ ਤੇ ਊਧਮ ਸਿੰਘ ਹਾਜ਼ਰ ਸਨ।

## ਜਗਦੀਪ ਚੀਮਾ ਤੋਂ ਬਾਅਦ ਵੱਡੀ ਗਿਣਤੀ ਅਕਾਲੀਆਂ ਨੇ ਦਿੱਤੇ ਸਮੂਹਕ ਅਸਤੀਫੇ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ ਦੇ ਲੰਮਾ ਸਮਾਂ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਇੰਚਾਰਜ ਫਤਿਹਗੜ੍ਹ ਸਾਹਿਬ ਰਹੇ ਜਗਦੀਪ ਸਿੰਘ ਚੀਮਾ ਵੱਲੋਂ ਬੀਤੇ ਦਿਨੀਂ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫਾ ਦੇ ਦਿੱਤਾ ਗਿਆ ਸੀ, ਉਸ ਤੋਂ ਬਾਅਦ ਜ਼ਿਲ੍ਹੇ ਦੇ ਬਾਕੀ ਸੀਨੀਅਰ ਅਕਾਲੀ ਲੀਡਰਸ਼ਿਪ ਵੱਲੋਂ ਵੀ ਆਪਣੇ ਅਹੁਦਿਆਂ ਤੋਂ ਸਮੂਹਕ ਤੌਰ 'ਤੇ ਅਸਤੀਫਿਆਂ ਦਾ ਦੌਰ ਸ਼ੁਰੂ ਹੋ ਗਿਆ ਹੈ, ਜਿਸ ਨੂੰ ਲੈ ਕੇ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਆਪੋ ਆਪਣੇ ਅਹੁਦਿਆਂ ਤੋਂ ਅਸਤੀਫੇ ਦੇ ਕੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਭੇਜੇ ਗਏ।

ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਫਤਿਹਗੜ੍ਹ ਸਾਹਿਬ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਜ਼ਿਲ੍ਹਾ ਬਾਰ ਐਸੋਸੀਏਸ਼ਨ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਐਡਵੋਕੇਟ ਗਗਨਦੀਪ ਸਿੰਘ ਵਿਰਕ, ਮਾਰਕੀਟ ਕਮੇਟੀ ਬਸੀ ਪਠਾਣਾਂ ਦੇ ਸਾਬਕਾ ਚੇਅਰਮੈਨ ਬਰਿੰਦਰ ਸਿੰਘ ਸੋਢੀ, ਵਾਈਸ ਚੇਅਰਮੈਨ ਸਵਰਨ ਸਿੰਘ ਗੁਪਾਲੋ, ਡਾਇਰੈਕਟਰ ਮਿਲਕ ਪਲਾਂਟ ਮੋਹਾਲੀ ਮਨਿੰਦਰਪਾਲ ਸਿੰਘ ਬਾਜਵਾ, ਜਨਰਲ ਸਕੱਤਰ ਜੈਲਦਾਰ ਸੁਖਮਿੰਦਰ ਸਿੰਘ ਘੁਮੰਡਗੜ੍ਹ, ਮੈਂਬਰ ਪੀਏਸੀ ਜਤਿੰਦਰ ਪਾਲ ਸਿੰਘ ਕਾਹਲੋਂ, ਤਰਨਜੀਤ ਸਿੰਘ ਤਰਨੀ, ਜ਼ਿਲ੍ਹਾ ਇਲੈਕਸ਼ਨ ਸੈੱਲ ਦੇ ਮੈਂਬਰ ਅਮਿਤ ਝੰਜੀ, ਸਰਕਲ ਪ੍ਰਧਾਨ ਨਰਿੰਦਰ ਸਿੰਘ ਰਸੀਦਪੁਰ, ਸਰਕਲ ਪ੍ਰਧਾਨ ਜਸਵੀਰ ਸਿੰਘ ਵਾਲੀਆ, ਸਰਪੰਚ ਯੂਨੀਅਨ ਅਮਲੋਹ ਦੇ ਪ੍ਰਧਾਨ ਬੇਅੰਤ ਸਿੰਘ ਬੇਣਾ, ਬਾਬਾ ਜਗਦੀਸ਼ ਸਿੰਘ ਲੂਲੋਂ, ਪ੍ਰਧਾਨ ਕੋਆਪ੍ਰੇਟਿਵ ਸੋਸਾਇਟੀ ਸੁਖਵਿੰਦਰ ਸਿੰਘ ਗੋਪਾਲੋਂ, ਸੀਨੀਅਰ ਆਗੂ ਮਨਜੀਤ ਸਿੰਘ ਸਲਾਣਾ, ਐਡਵੋਕੇਟ ਕਮਲਦੀਪ ਸਿੰਘ ਬਾਜਵਾ, ਗੁਰਿੰਦਰ ਸਿੰਘ ਭਾਮੀਆਂ, ਭਵਰ ਸੰਧੂ, ਸਰਪੰਚ ਕਮਲਜੀਤ ਸਿੰਘ, ਮਾਸਟਰ ਜਸਵਿੰਦਰ ਸਿੰਘ, ਹਰਿੰਦਰ ਸਿੰਘ ਕੁਕੀ ਵੱਲੋਂ ਆਪਣੇ ਅਸਤੀਫੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਭੇਜੇ ਗਏ। ਇਸ ਮੌਕੇ ਬੋਲਦਿਆਂ ਟਕਸਾਲੀ ਅਕਾਲੀਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਚੀਮਾ ਪਰਵਾਰ ਪਿਛਲੇ 100 ਸਾਲਾਂ ਤੋਂ ਵੀ ਵੱਧ ਸਮੇਂ ਤੋਂ ਪੀੜ੍ਹੀ ਦਰ ਪੀੜ੍ਹੀ ਨਿਰਸਵਾਰਥ ਸੇਵਾਵਾਂ ਨਿਭਾਉਂਦੇ ਆ ਰਹੇ ਹਨ, ਕੇਵਲ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿੱਚ ਹੀ ਨਹੀਂ ਪੂਰੇ ਪੰਜਾਬ ਭਰ ਵਿੱਚ ਆਪਣਾ ਵਿਲੱਖਣ ਸਥਾਨ ਰੱਖਦੇ ਹਨ। ਉਨ੍ਹਾਂ ਦੱਸਿਆ ਕਿ ਇਹੀ ਕਾਰਨ ਰਿਹਾ ਹੈ ਕਿ ਜੋ ਵੀ ਵਿਅਕਤੀ ਇੱਕ ਵਾਰ ਚੀਮਾ ਪਰਵਾਰ ਨਾਲ ਜੁੜ ਗਿਆ, ਅੱਜ ਤੱਕ ਉਹ ਨਹੀਂ ਟੁੱਟਿਆ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਟਕਸਾਲੀ ਅਕਾਲੀ ਜਗਦੀਪ ਸਿੰਘ ਚੀਮਾ ਨਾਲ ਚਟਾਨ ਖੜ੍ਹੇ ਹਨ ਤੇ ਜੋ ਵੀ ਹੁਕਮ ਹੋਵੇਗਾ, ਉਸ ਨੂੰ ਅੱਗੇ ਖਿੜੇ ਮੱਥੇ ਪ੍ਰਵਾਨ ਕੀਤਾ ਜਾਵੇਗਾ।

## 7 ਕੁਇੰਟਲ ਚੌਲ ਤੇ ਛੋਟੇ ਹਾਥੀ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ 7 ਕੁਇੰਟਲ ਚੌਲ ਤੇ ਇਕ ਛੋਟੇ ਹਾਥੀ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੱਸ ਅੱਡਾ ਬਾਰੇ ਕੇ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਛਿੰਦਾ ਪੁੱਤਰ ਆਸਾ ਸਿੰਘ ਤੇ ਪਿੱਪਲ ਸਿੰਘ ਪੁੱਤਰ ਮੰਨਾ ਵਾਸੀਅਨ ਵਾਰਡ ਨੰਬਰ 8 ਬੈਕ ਸਾਈਡ ਸਿਵਲ ਹਸਪਤਾਲ ਮੱਲਾਂਵਾਲਾ, ਜੋ ਆਪਣੇ ਛੋਟੇ ਹਾਥੀ (ਟੈਂਪੂ) ਨੰਬਰ ਪੀਬੀ 08 ਸੀਬੀ 9427 'ਤੇ ਸਰਕਾਰੀ ਗੋਦਾਮ ਪਿੰਡ ਗੋਖੀਵਾਲਾ ਤੋਂ ਗੋਦਾਮ ਦੇ ਕਰਮਚਾਰੀਆਂ ਦੀ ਮਿਲੀਭੁਗਤ ਨਾਲ ਚਾਵਲ ਚੋਰੀ ਕਰਕੇ ਲੈ ਜਾ ਰਹੇ ਹਨ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਚਾਵਲਾਂ ਦੇ ਭਰੇ ਹੋਏ ਛੋਟੇ ਹਾਥੀ ਸਮੇਤ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਨਗਰ ਪੰਚਾਇਤ ਭਗਤਾ ਵੱਲੋਂ ਗਊਸ਼ਾਲਾ ਨੂੰ ਮਾਲੀ ਸਹਾਇਤਾ ਦਾ ਚੈੱਕ ਭੇਟ



**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਵੱਲੋਂ ਪ੍ਰਧਾਨ ਬੂਟਾ ਸਿੰਘ ਦੀ ਅਗਵਾਈ ਹੇਠ ਗਊਸ਼ਾਲਾ ਨੂੰ ਤਿੰਨ ਲੱਖ ਰੁਪਏ ਦੀ ਆਰਥਿਕ ਸਹਾਇਤਾ ਦਾ ਚੈੱਕ ਭੇਟ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦੇ ਹੋਏ ਨਗਰ ਪੰਚਾਇਤ ਦੇ ਪ੍ਰਧਾਨ ਬੂਟਾ ਸਿੰਘ ਸਿੱਧੂ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਦੇ ਨਾਲ-ਨਾਲ ਉਹ ਧਾਰਮਿਕ ਸੰਸਥਾਵਾਂ ਨੂੰ ਵੀ ਪਹਿਲ ਦਿੰਦੇ ਹਨ ਤਾਂ ਕਿ ਧਾਰਮਿਕ ਸਥਾਨਾਂ 'ਤੇ ਆਉਣ ਵਾਲੀ ਸੰਗਤ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਸੇਵਾਵਾਂ ਅੱਗੇ ਵੀ ਉਹ ਜਾਰੀ ਰੱਖਣਗੇ। ਦੱਸਣਾ ਬਣਦਾ ਹੈ ਕਿ ਪਿਛਲੇ ਦਿਨੀ ਸੂਬੇ ਅੰਦਰ ਆਏ ਹੜ੍ਹਾਂ ਨੂੰ ਲੈ ਕੇ ਭਗਤਾ ਸ਼ਹਿਰ ਵਿੱਚੋਂ ਗੁਜ਼ਰਦੀ ਚੰਦਭਾਨ ਡਰੇਨ ਦੀ ਸਥਿਤੀ ਗੰਭੀਰ ਬਣ ਗਈ ਸੀ, ਜਿਸ ਤੋਂ ਬਾਅਦ ਉਕਤ ਪ੍ਰਧਾਨ ਬੂਟਾ ਸਿੰਘ ਵੱਲੋਂ ਬਿਨਾਂ ਕਿਸੇ ਸਰਕਾਰੀ ਸਹਾਇਤਾ ਪੱਲਿਉਂ ਖਰਚ ਕਰਕੇ ਸ਼ਹਿਰ ਵਾਸੀਆਂ ਨੂੰ ਆਉਣ ਵਾਲੀ ਮੁਸੀਬਤ ਤੋਂ ਬਚਾਉਣ ਖਾਤਰ ਡਰੇਨ ਦੀ ਸਫਾਈ ਕਰਵਾਈ ਗਈ ਸੀ ਤੇ ਸ਼ਹਿਰ ਵਾਸੀਆਂ ਵੱਲੋਂ ਪੁਰਜ਼ੋਰ ਸ਼ਲਾਘਾ ਵੀ ਕੀਤੀ ਗਈ ਸੀ ਅਤੇ ਅੱਜ ਫੇਰ ਬੂਟਾ ਸਿੱਧੂ ਬਾਰੇ ਚਰਚਾ ਜ਼ੋਰਾਂ 'ਤੇ ਹੈ। ਉਧਰ ਦੂਜੇ ਪਾਸੇ ਗਊਸ਼ਾਲਾ ਦੇ ਆਗੂ ਬਲਜੀਤ ਸਿੰਘ ਬਰਾੜ ਵੱਲੋਂ ਵੀ ਨਗਰ ਪੰਚਾਇਤ ਦੇ ਪ੍ਰਧਾਨ ਤੇ ਸਮੂਹ ਕੌਂਸਲਰਾਂ ਦਾ ਆਰਥਿਕ ਸਹਾਇਤਾ ਦੇਣ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮੂਹ ਗਊਸ਼ਾਲਾ ਕਮੇਟੀ ਤੋਂ ਇਲਾਵਾ ਜਗਮੋਹਨ ਲਾਲ, ਸੁਖਦੀਪ ਸਿੰਘ, ਜਸਵਿੰਦਰ ਪੱਪੂ, ਰਘੂਬੀਰ ਸਿੰਘ, ਠਾਣਾ ਸਿੰਘ, ਜਰਨੈਲ ਸਿੰਘ, ਸੁਨੀਤਾ ਕਟਾਰੀਆ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ ਘਾਰੂ, ਗੁਰਚਰਨ ਸਿੰਘ, ਨਰਾਇਣ ਕੁਮਾਰ ਸਮੇਤ ਹੋਰ ਵੀ ਲੋਕ ਹਾਜ਼ਰ ਸਨ।

## ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਲਾਜ਼ਮਾਂ ਵੱਲੋਂ ਭੁੱਖ ਹੜਤਾਲ




**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਨੈਸ਼ਨਲ ਮੂਵਮੈਂਟ ਸਕੀਮ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ 'ਤੇ ਪੰਜਾਬ ਦੇ ਸਾਰੇ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਸੀਪੀਐੱਫ ਕਰਮਚਾਰੀ ਯੂਨੀਅਨ ਪੰਜਾਬ ਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਇੱਕ ਦਿਨ ਭੁੱਖ ਹੜਤਾਲ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਭਾਗ ਲਿਆ ਤੇ ਕੇਂਦਰ ਤੇ ਸੂਬਾ ਸਰਕਾਰ ਖਿਲਾਫ ਭਾਰੀ ਨਾਅਰੇਬਾਜ਼ੀ ਕੀਤੀ। ਫਰੀਦਕੋਟ ਵਿੱਚ ਸੀਪੀਐੱਫ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਰਨ ਜੈਨ ਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ ਦੇ ਕਨਵੀਨਰ ਗੁਰਤੇਜ ਖਹਿਰਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਹੋਈ ਤਾਂ 26 ਨਵੰਬਰ 2025 ਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਕੇਂਦਰ ਸਰਕਾਰ ਖਿਲਾਫ ਕੌਮੀ ਪੱਧਰ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਕੇਂਦਰ ਸਰਕਾਰ ਦੇ ਨਾਲ ਨਾਲ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਝੂਠੇ ਵਾਅਦਿਆਂ ਤੋਂ ਵੱਖ ਵੱਖ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਨੂੰ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ 25 ਅਕਤੂਬਰ 2025 ਨੂੰ ਚੰਡੀਗੜ੍ਹ ਵਿਖੇ ਕੇਂਦਰ ਤੇ ਪੰਜਾਬ ਖਿਲਾਫ ਸੂਬਾ ਪੱਧਰੀ ਪ੍ਰੈੱਸ ਕਾਨਫਰੰਸ ਕੀਤੀ ਜਾਵੇਗੀ, ਜਿਸ ਵਿੱਚ ਕੇਂਦਰ ਤੇ ਸੂਬਾ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਝੂਠੇ ਵਾਅਦਿਆਂ ਤੋਂ ਮੀਡੀਆ ਰਾਹੀਂ ਲੋਕਾਂ ਨੂੰ ਜਾਣੂ ਕਰਵਾਇਆ ਜਾਵੇਗਾ।

## ਗੁਰਮਤਿ ਸਮਾਗਮ 5 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੀਰੀ ਪੀਰੀ ਸੇਵਾ ਲਹਿਰ ਮਹਿਲ ਕਲਾਂ ਵੱਲੋਂ ਗੁਰਦੁਆਰਾ ਰਵਿਦਾਸ ਮਹਾਰਾਜ ਜੀ ਕਮੇਟੀ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਮਤਿ ਸਮਾਗਮ 5 ਅਕਤੂਬਰ ਨੂੰ ਸਵੇਰੇ 5 ਤੋਂ 6 ਵਜੇ ਤੱਕ ਗੁਰਦੁਆਰਾ ਰਵਿਦਾਸ ਮਹਾਰਾਜ ਜੀ ਪਿੰਡ ਛੀਨੀਵਾਲ ਕਲਾਂ ਵਿਖੇ ਸ਼ਰਧਾਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੀਰੀ-ਪੀਰੀ ਸੇਵਾ ਲਹਿਰ ਦੇ ਪ੍ਰਧਾਨ ਭਾਈ ਸਵਰਨ ਸਿੰਘ ਖ਼ਾਲਸਾ, ਗਿਆਨੀ ਸਤਨਾਮ ਸਿੰਘ ਮਹਿਲ ਕਲਾਂ ਨੇ ਦੱਸਿਆ ਕਿ ਇਸ ਮੌਕੇ ਗਿਆਨੀ ਮਹਿੰਦਰ ਸਿੰਘ ਮਾਣਕੀ ਹੈੱਡ ਗਰੰਥੀ ਗੁਰਦੁਆਰਾ ਟਾਹਲੀਆਣਾ ਸਾਹਿਬ ਗੁਰਮਤਿ ਸਮਾਗਮ 'ਚ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਪ੍ਰਬੰਧਕਾਂ ਨੇ ਸੰਗਤਾਂ ਨੂੰ ਪਰਿਵਾਰਾਂ ਸਮੇਤ ਗੁਰਦੁਆਰਾ ਰਵਿਦਾਸ ਮਹਾਰਾਜ ਜੀ ਪਿੰਡ ਛੀਨੀਵਾਲ ਕਲਾਂ ਵਿਖੇ ਪਹੁੰਚਣ ਦੀ ਅਪੀਲ ਕੀਤੀ ਹੈ।

## ਪੀ ਜੀ ਆਈ ਵੱਲੋਂ 'ਸਾਰਥੀ' ਵਲੰਟੀਅਰਾਂ ਲਈ ਸਰਟੀਫਿਕੇਸ਼ਨ ਸਮਾਰੋਹ

**ਪੀ ਜੀ ਆਈ ਇੱਕ ਮੰਦਰ ਹੈ, ਸੇਵਾ ਸਭ ਤੋਂ ਉੱਚਾ ਧਰਮ : ਪ੍ਰੋ. ਵਿਵੇਕ ਲਾਲ**



**ਸਮਰਾਲਾ (ਸੁਰਜੀਤ ਸਿੰਘ)**

ਪੀਜੀਆਈ ਚੰਡੀਗੜ੍ਹ ਵੱਲੋਂ ਆਊਟਡੋਰ ਤੇ ਇਨਡੋਰ ਮਰੀਜ਼ਾਂ ਦੇ ਮਦਦ ਅਤੇ ਉਨ੍ਹਾਂ ਨੂੰ ਇਲਾਜ ਲਈ ਸਹੀ ਦੇਣ ਲਈ ਕੀਤੇ ਨਾਯਾਬ ਉਪਰਾਲੇ ਵਜੋਂ ਕਾਲਜਾਂ ਦੇ ਵਿਦਿਆਰਥੀਆਂ ਨੂੰ ਇਸ ਕੰਮ ਲਈ ਚੁਣਿਆ ਗਿਆ ਸੀ।ਪੀਜੀਆਈ ਪ੍ਰਸ਼ਾਸਨ ਨੇ ਇਸ ਪਹਿਲ ਦੀ ਸਫਲਤਾ ਨੂੰ ਦੇਖਦਿਆਂ ਇਸ ਦਾ ਦਾਇਰਾ ਹੋਰ ਵਾਧਾ ਦਿੱਤਾ, ਜਿਸ ਦੇ ਸਿੱਟੇ ਵਜੋਂ ਇਨ੍ਹਾਂ ਵਿਦਿਆਰਥੀਆਂ ਨੂੰ ਸੇਵਾ ਬਦਲੇ ਸਰਟੀਫਿਕੇਟ ਜਾਰੀ ਕੀਤੇ ਗਏ ਤੇ ਇਸ ਕੰਮ ਹੋਰ ਜਾਰੀ ਰੱਖਣ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਸੈਕਟਰ-26, ਚੰਡੀਗੜ੍ਹ ਦੇ ਵਿਦਿਆਰਥੀ ਵਾਲੰਟੀਅਰਾਂ ਲਈ ਪੀਜੀਆਈ ਚੰਡੀਗੜ੍ਹ ਵੱਲੋਂ ਆਯੋਜਿਤ ਸਰਟੀਫਿਕੇਸ਼ਨ ਸਮਾਰੋਹ ਅਤੇ ਐੱਮ.ਸੀ.ਐੱਮ. ਡੀ.ਏ.ਵੀ. ਕਾਲਜ ਫਾਰ ਵੂਮੈਨ ਸੈਕਟਰ-36 ਤੇ ਪੰਜਾਬ ਯੂਨੀਵਰਸਿਟੀ ਦੇ ਨਵੇਂ ਬੈਚ ਲਈ ਪ੍ਰੋਜੈਕਟ 'ਸਾਰਥੀ' ਹੇਠ ਓਰੀਐਂਟੇਸ਼ਨ ਸਮਾਰੋਹ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਬੋਲਦੇ ਹੋਏ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ 'ਸਾਰਥੀ' ਵਲੰਟੀਅਰਾਂ ਦੀ ਸਵੈ ਸੇਵਾ ਦੀ ਭਾਵਨਾ ਦੀ ਭਰਪੂਰ ਪ੍ਰਸ਼ੰਸਾ ਕੀਤੀ।ਪ੍ਰੋ. ਲਾਲ ਨੇ ਕਿਹਾ ਕਿ ਜਦੋਂ ਮਰੀਜ਼ ਹਸਪਤਾਲ ਵਿੱਚ ਪ੍ਰੇਸ਼ਾਨ ਹੁੰਦਾ ਹੈ ਤੇ ਜੈਕਟ ਪਹਿਨਿਆ ਸਾਰਥੀ ਉਸ ਦੀ ਮਦਦ ਲਈ ਅੱਗੇ ਆਉਂਦਾ ਹੈ ਤਾਂ ਉਹ ਸਕੂਨ ਮਹਿਸੂਸ ਕਰਦਾ ਹੈ।ਵਲੰਟੀਅਰਾਂ ਨੂੰ ਉਤਸ਼ਾਹਤ ਕਰਦਿਆਂ, ਡਾਇਰੈਕਟਰ ਨੇ ਕਿਹਾ ਕਿ ਉਹ ਆਪਣਾ ਹਰ ਰੋਜ਼ ਦਾ ਟਾਰਗੇਟ ਬਣਾਉਣ ਕਿ ਇਕ ਸਾਰਥੀ ਘੱਟੋ-ਘੱਟ ਦਸ ਮਰੀਜ਼ਾਂ ਦੀ ਮਦਦ ਕਰੇ, ਭਾਵੇਂ ਉਹ ਸਟ੍ਰੈਚਰ 'ਤੇ ਹੋਣ, ਵ੍ਹੀਲਚੇਅਰ 'ਤੇ ਜਾਂ ਬਜ਼ੁਰਗ, ਤੁਸੀਂ ਸਹਾਇਤਾ ਲਈ ਖੁਦ ਮਰੀਜ਼ ਕੋਲ ਪਹੁੰਚੋ, ਨਾ ਕਿ ਮਰੀਜ਼ ਚੱਲ ਕੇ ਸਾਰਥੀ ਕੋਲ ਆ ਕੇ ਮਦਦ ਦੀ ਫਰਿਆਦ ਕਰੇ।ਉਨ੍ਹਾਂ ਕਿਹਾ ਕਿ ਪੀਜੀਆਈ ਇੱਕ ਮੰਦਰ ਹੈ, ਜਿੱਥੇ ਸੇਵਾ ਸਭ ਤੋਂ ਉੱਚਾ ਧਰਮ ਹੈ।ਡਾਇਰੈਕਟਰ ਪ੍ਰੋ. ਵਿਵੇਕ ਲਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਡੀਨ (ਅਕੈਡਮਿਕਸ) ਪ੍ਰੋ. ਆਰ. ਕੇ. ਰਾਠੌ, ਡੀਨ (ਰੀਸਰਚ) ਪ੍ਰੋ. ਸੰਜੇ ਜੈਨ, ਡਿਪਟੀ ਡਾਇਰੈਕਟਰ (ਐਡਮਿਨਿਸਟ੍ਰੇਸ਼ਨ) ਮਿਸਟਰ ਪੰਕਜ ਰਾਇ, ਫਾਇਨੈਂਸ਼ਲ ਐਡਵਾਈਜ਼ਰ ਰਵਿੰਦਰ ਸਿੰਘ ਤੇ ਐਕਟਿੰਗ ਮੈਡੀਕਲ ਸੁਪਰਿੰਟੈਂਡੈਂਟ ਪ੍ਰੋ. ਅਸ਼ੋਕ ਕੁਮਾਰ ਨੇ ਭਾਗ ਲਿਆ।

## ...ਸ.ਫ਼ਾ 1 ਦੇ ਬਾਕੀ

...ਸ.ਫ਼ਾ 1 ਦੇ ਬਾਕੀ

### ਭਾਜਪਾ ਸਰਕਾਰ ਕੁਦਰਤੀ ਆਫ਼ਤ...

ਦੇ ਸਮੇਂ ਵਿੱਚ 6800 ਰੁਪਏ ਪ੍ਰਤੀ ਏਕੜ ਮੁਆਵਜ਼ਾ ਨਾ-ਮਨਜ਼ੂਰ ਹੈ, ਜਦੋਂ ਕਿ ਉਦੋਂ ਡੀਜ਼ਲ ਦਾ ਰੇਟ ਵੀ 38 ਰੁਪਏ ਲੀਟਰ ਸੀ।ਨੀਲ ਗਰਗ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ ਦਾ ਡੇਢ ਮਹੀਨਾ ਹੋਣ 'ਤੇ ਵੀ ਜਵਾਬ ਨਾ ਦੇਣਾ ਅਫ਼ਸੋਸਜਨਕ ਹੈ।

ਨੀਲ ਗਰਗ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗ੍ਰਹਿ ਮੰਤਰੀ ਦੇ ਦਫ਼ਤਰ ਅਤੇ ਰਾਜਪਾਲ ਦਾ ਬਿਆਨ ਸਿਰਫ਼ ਇਹ ਦਰਸਾਉਂਦਾ ਹੈ ਕਿ ਕੇਂਦਰ ਸਰਕਾਰ ਐੱਸ ਡੀ ਆਰ ਐੱਫ ਦੇ ਨਿਯਮਾਂ ਵਿੱਚ ਤਬਦੀਲੀ ਕਰਨ ਦੇ ਮੂਡ ਵਿੱਚ ਨਹੀਂ। ਉਨ੍ਹਾ ਕੇਂਦਰ ਨੂੰ ਅੜੀਅਲ ਵਤੀਰਾ ਛੱਡਣ ਦੀ ਸਲਾਹ ਦਿੰਦਿਆਂ ਕਿਹਾ ਕਿ ਜੇ ਅਸੀਂ ਸਹੀ ਮਾਇਨਿਆਂ ਵਿੱਚ ਲੋਕਾਂ ਦੀ ਸਹਾਇਤਾ ਕਰਨੀ ਚਾਹੁੰਦੇ ਹਾਂ, ਤਾਂ ਨਿਯਮ ਬਦਲਣੇ ਸਮੇਂ ਦੀ ਜ਼ਰੂਰਤ ਹਨ। ਭਾਵੇਂ ਇਹ ਆਫ਼ਤ ਪੰਜਾਬ ਵਿੱਚ ਹੈ, ਪਰ ਇਸ ਨਾਲ ਲੋਕਾਂ ਨੂੰ ਮਿਲਣ ਵਾਲਾ ਪੈਸਾ ਹਿੰਦੁਸਤਾਨ ਦੇ ਟੈਕਸਪੇਅਰਾਂ ਦਾ ਹੀ ਹੈ। 'ਆਪ' ਨੇ ਕੇਂਦਰ ਸਰਕਾਰ ਨੂੰ ਇੱਕ ਵਾਰ ਫਿਰ ਗੁਜਾਰਿਸ਼ ਕੀਤੀ ਕਿ ਉਹ ਲੋਕ-ਹਿੱਤਾਂ ਦੀਆਂ ਸਰਕਾਰਾਂ ਵਾਂਗ ਸੋਚਣ ਅਤੇ ਨਿਯਮਾਂ ਵਿੱਚ ਬਿਨਾਂ ਕਿਸੇ ਦੇਰੀ ਦੇ ਤਬਦੀਲੀ ਕਰਕੇ ਪੰਜਾਬ ਦੇ ਲੋਕਾਂ ਦੀ ਮਦਦ ਕਰਨ।

### ਭਾਰਤ 'ਚ ਲੋਕਤੰਤਰੀ ਪ੍ਰਣਾਲੀ...

ਵਿੱਚ ਕੁਝ ਖਾਮੀਆਂ ਵੀ ਹਨ, ਜਿਨ੍ਹਾਂ ਨੂੰ ਭਾਰਤ ਨੂੰ ਠੀਕ ਕਰਨਾ ਪਵੇਗਾ। ਸਭ ਤੋਂ ਵੱਡੀ ਚੁਣੌਤੀ ਭਾਰਤ ਵਿੱਚ ਲੋਕਤੰਤਰ 'ਤੇ ਹੋ ਰਿਹਾ ਹਮਲਾ ਹੈ।'

ਕਾਂਗਰਸ ਨੇਤਾ ਨੇ ਦਲੀਲ ਦਿੱਤੀ ਕਿ ਲੋਕਤੰਤਰੀ ਪ੍ਰਣਾਲੀ ਵਿਭਿੰਨਤਾ ਲਈ ਮਹੱਤਵਪੂਰਨ ਹੈ, ਜੋ ਵੱਖ-ਵੱਖ ਪਰੰਪਰਾਵਾਂ, ਰੀਤੀ-ਰਿਵਾਜਾਂ ਅਤੇ ਵਿਚਾਰਾਂ, ਜਿਸ ਵਿੱਚ ਧਾਰਮਕ ਵਿਸ਼ਵਾਸ ਵੀ ਸ਼ਾਮਲ ਹਨ, ਨੂੰ ਵਧਣ-ਫੁੱਲਣ ਦੀ ਆਗਿਆ ਦਿੰਦੀ ਹੈ। ਹਾਲਾਂਕਿ ਉਨ੍ਹਾ ਕਿਹਾ ਕਿ ਭਾਰਤ ਵਿੱਚ ਲੋਕਤੰਤਰੀ ਪ੍ਰਣਾਲੀ ਹਮਲੇ ਦੇ ਘੇਰੇ ਵਿੱਚ ਹੈ, ਜੋ ਕਿ ਇੱਕ 'ਵੱਡਾ ਜੋਖਮ' ਜਾਂ ਖ਼ਤਰਾ ਹੈ।

ਰਾਹੁਲ ਗਾਂਧੀ ਨੇ ਕਿਹਾ, 'ਭਾਰਤ ਵਿੱਚ ਕਈ ਧਰਮ, ਪਰੰਪਰਾਵਾਂ ਅਤੇ ਭਾਸ਼ਾਵਾਂ ਹਨ—ਦਰਅਸਲ, ਦੇਸ਼ ਅਸਲ ਵਿੱਚ ਇਨ੍ਹਾਂ ਸਾਰੇ ਲੋਕਾਂ ਅਤੇ ਸੱਭਿਆਚਾਰਾਂ ਦਰਮਿਆਨ ਗੱਲਬਾਤ ਦਾ ਸਥਾਨ ਹੈ। ਵੱਖ-ਵੱਖ ਪਰੰਪਰਾਵਾਂ, ਧਰਮਾਂ ਅਤੇ ਵਿਚਾਰਾਂ ਲਈ ਸਪੇਸ ਦੀ ਲੋੜ ਹੁੰਦੀ ਹੈ ਅਤੇ ਉਨ੍ਹਾਂ ਲਈ ਸਪੇਸ ਬਣਾਉਣ ਦਾ ਸਭ ਤੋਂ ਵਧੀਆ ਤਰੀਕਾ ਲੋਕਤੰਤਰੀ ਪ੍ਰਣਾਲੀ ਹੈ। ਮੌਜੂਦਾ ਸਮੇਂ ਇਸ ਲੋਕਤੰਤਰੀ ਪ੍ਰਣਾਲੀ 'ਤੇ ਇੱਕ ਵੱਡਾ ਹਮਲਾ ਹੋ ਰਿਹਾ ਹੈ ਅਤੇ ਇਹ ਇੱਕ ਵੱਡਾ ਜੋਖਮ ਹੈ। ਇੱਕ ਹੋਰ ਵੱਡਾ ਜੋਖਮ ਦੇਸ਼ ਦੇ ਕੁਝ ਹਿੱਸਿਆਂ ਵਿੱਚ ਵੱਖ-ਵੱਖ ਧਾਰਨਾਵਾਂ ਦਰਮਿਆਨ ਤਣਾਅ ਹੈ। 16-17 ਪ੍ਰਮੁੱਖ ਭਾਸ਼ਾਵਾਂ ਅਤੇ ਬਹੁਤ ਸਾਰੇ ਧਰਮਾਂ ਦੇ ਨਾਲ ਇਨ੍ਹਾਂ ਵਿਭਿੰਨ ਪਰੰਪਰਾਵਾਂ ਨੂੰ ਵਧਣ-ਫੁੱਲਣ ਦੇਣਾ ਅਤੇ ਉਨ੍ਹਾਂ ਨੂੰ ਲੋੜੀਂਦੀ ਸਪੇਸ ਦੇਣਾ ਬਹੁਤ ਜ਼ਰੂਰੀ ਹੈ।'

### ਮਾਲੀ ਸਾਲ ਦੇ ਪਹਿਲੇ...

ਹੋਇਆ ਹੈ, ਜੋ ਅਪ੍ਰੈਲ-ਸਤੰਬਰ 2024 ਵਿੱਚ 106.36 ਕਰੋੜ ਰੁਪਏ ਤੋਂ ਵਧ ਕੇ ਅਪ੍ਰੈਲ-ਸਤੰਬਰ 2025 ਵਿੱਚ 355.72 ਕਰੋੜ ਰੁਪਏ ਹੋ ਗਈ ਹੈ ਅਤੇ 249.36 ਕਰੋੜ ਰੁਪਏ ਦਾ ਇਹ ਵਾਧਾ ਲਾਗੂਕਰਨ-ਅਧਾਰਤ ਵਸੂਲੀ ਵਿੱਚ ਸ਼ਾਨਦਾਰ 134 ਫੀਸਦੀ ਦਾ ਵਾਧਾ ਦਰਸਾਉਂਦਾ ਹੈ।

## ਪੰਜਾਬੀ ਗਾਇਕ ਸੁਰਿੰਦਰ ਬਾਕਰਪੁਰੀ ਨੇ ਫਾਹਾ ਲੈ ਕੇ ਜੀਵਨ ਲੀਲ੍ਹਾ ਕੀਤੀ ਸਮਾਪਤ

**ਨਡਾਲਾ** : ਥਾਣਾ ਭੁਲੱਥ ਅਧੀਨ ਆਉਂਦੇ ਪਿੰਡ ਬਾਕਰਪੁਰ ਤੋਂ ਪੰਜਾਬੀ ਗਾਇਕ ਸੁਰਿੰਦਰ ਸਿੰਘ ਬਾਕਰਪੁਰੀ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ ਹੈ। ਮੌਕੇ 'ਤੇ ਪੁੱਜੀ ਭੁਲੱਥ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਕਪੂਰਥਲਾ ਮੋਰਚਰੀ 'ਚ ਰਖਵਾਇਆ ਗਿਆ ਹੈ। ਥਾਣਾ ਮੁਖੀ ਭੁਲੱਥ ਰਣਜੀਤ ਸਿੰਘ ਨੇ ਦੱਸਿਆ ਕਿ ਉਸ ਕੋਲੋਂ ਕੋਈ ਵੀ ਸੁਸਾਈਡ ਨੋਟ ਨਹੀਂ ਮਿਲਿਆ ਹੈ। ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

## ਨਵੇਂ ਦਰਬਾਰ ਸਾਹਿਬ ਦੀ ਇਮਾਰਤ ਦਾ ਪਿਆ ਲੈਂਟਰ

**ਲੌਂਗੋਵਾਲ (ਪ੍ਰਦੀਪ ਸੱਪਲ)**-ਸਥਾਨਕ ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਵਿਖੇ ਬਣ ਰਹੇ ਨਵੇਂ ਦਰਬਾਰ ਸਾਹਿਬ ਦੀ ਪਹਿਲੀ ਛੱਤ ਦਾ ਲੈਂਟਰ ਪਾਇਆ ਗਿਆ, ਜਿਸ ਦੀ ਸ਼ੁਰੂਆਤ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਨੇ ਅਰਦਾਸ ਕਰਨ ਉਪਰੰਤ ਕਰਵਾਈ ਤੇ ਇਸ ਮੌਕੇ ਦੇ ਬਾਬਾ ਬਲਵਿੰਦਰ ਸਿੰਘ ਜੀ ਉਦਾਸੀਨ ਅਖਾੜਾ ਸ੍ਰੀ ਅੰਮ੍ਰਿਤਸਰ, ਬਾਬਾ ਹਰਜਿੰਦਰ ਸਿੰਘ ਮੁੱਖ ਗ੍ਰੰਥੀ, ਬਾਬਾ ਜਗਜੀਤ ਸਿੰਘ ਜੀ ਖਾਰੇ ਵਾਲੇ, ਬਾਬਾ ਦਰਸ਼ਨ ਸਿੰਘ ਮਸਤੂਆਣਾ ਸਾਹਿਬ, ਬਾਬਾ ਸਤਗੁਰ ਸਿੰਘ ਸ਼ੇਰੋਂ ਆਦਿ ਮਹਾਂਪੁਰਸ਼ਾਂ ਤੇ ਰਾਜਨੀਤਕ ਲੀਡਰਾਂ ਵੱਲੋਂ ਪੰਜ ਪਿਆਰਿਆਂ ਦੇ ਰੂਪ ਵਿੱਚ ਲੈਂਟਰ ਦੀ ਕਾਰ ਸੇਵਾ ਸ਼ੁਰੂ ਕਰਵਾਈ ਗਈ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਜੰਟ ਸਿੰਘ ਤੇ ਜਥੇਦਾਰ ਅਵਤਾਰ ਸਿੰਘ ਦੁੱਲਟ ਨੇ ਦੱਸਿਆ ਕਿ ਇਹ ਗੁਰਦੁਆਰਾ ਸਾਹਿਬ 1984 ਤੋਂ ਬਾਅਦ ਸ਼ਹੀਦਾਂ ਦੀ ਯਾਦ ਵਿੱਚ ਬਣਾਇਆ ਗਿਆ ਸੀ, ਜਿਸ ਦੀ ਇਮਾਰਤ ਬਹੁਤ ਹੀ ਛੋਟੀ ਹੋਣ ਦੇ ਕਾਰਨ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ ਇੱਕ ਵੱਡੇ ਦਰਬਾਰ ਸਾਹਿਬ ਦੀ ਸੇਵਾ ਆਰੰਭੀ ਗਈ ਸੀ, ਜਿਸ ਦੀ ਪਹਿਲੀ ਮੰਜ਼ਿਲ ਦਾ ਲੈਂਟਰ ਪਾ ਕੇ ਦਸ ਹਜ਼ਾਰ ਵਰਗ ਫੁੱਟ ਏਰੀਆ ਕਵਰ ਕੀਤਾ ਗਿਆ ਹੈ।ਇਸ ਵਿੱਚ ਵੱਖ-ਵੱਖ ਸੰਤਾਂ ਮਹਾਂਪੁਰਸ਼ਾਂ, ਧਾਰਮਿਕ ਤੇ ਰਾਜਨੀਤਕ ਆਗੂਆਂ ਵੱਲੋਂ ਆਪਣਾ ਬਣਦਾ ਯੋਗਦਾਨ ਪਾਇਆ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਤੋਂ ਵਿਨਰਜੀਤ ਸਿੰਘ ਗੋਲਡੀ ਹਲਕਾ ਇੰਚਾਰਜ ਸੁਨਾਮ, ਰਾਜਿੰਦਰ ਦੀਪਾ, ਮੈਡਮ ਦਾਮਨ ਬਾਜਵਾ, ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ, ਪੂਰਨ ਸਿੰਘ ਦੁੱਲਟ, ਕਾਨੂੰਗੋ ਗੁਰਜੀਤ ਸਿੰਘ ਦੁੱਲਟ, ਸਰਪੰਚ ਪਰਮਜੀਤ ਸਿੰਘ ਦੁੱਲਟ ਸਮੇਤ ਹੋਰ ਬਹੁਤ ਸਾਰੇ ਮਹਾਂਪੁਰਖਾਂ ਤੇ ਰਾਜਨੀਤਕ ਆਗੂਆਂ ਨੇ ਵੀ ਹਾਜ਼ਰੀ ਭਰੀ।

## ਹਿਊਮਨ ਰਾਈਟਸ ਐਸੋਸੀਏਸ਼ਨ ਵੱਲੋਂ 187ਵਾਂ ਪੈਨਸ਼ਨ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਵੱਲੋਂ 187ਵਾਂ ਪੈਨਸ਼ਨ ਵੰਡ ਸਮਾਰੋਹ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਕਰਵਾਇਆ ਗਿਆ, ਜਿਸ ਦੇ ਮੁੱਖ ਮਹਿਮਾਨ ਅਸ਼ੋਕ ਗੁਪਤਾ ਸਨ। ਜੈ ਗੁਪਤਾ ਪੁੱਤਰ ਅਸ਼ੋਕ ਗੁਪਤਾ ਨੇ ਆਪਣੇ ਨੇਕ ਕਮਾਈ ਵਿੱਚੋਂ 25 ਬਜ਼ੁਰਗਾਂ ਨੂੰ ਪੈਨਸ਼ਨ ਵੰਡੀ ਐਡਵੋਕੇਟ ਬਲਦੇਵ ਕਿਸ਼ਨ ਗੋਇਲ ਨੇ 25 ਬਜ਼ੁਰਗਾਂ ਨੂੰ ਆਟੇ ਦੀਆਂ ਥੈਲੀਆਂ ਦੀ ਸੇਵਾ ਕੀਤੀ। ਸਟੇਜ ਦੀ ਭੂਮਿਕਾ ਦਮਨਦੀਪ ਸਿੰਘ ਨੇ ਨਿਭਾਈ। ਜ਼ਿਕਰਯੋਗ ਹੈ ਕਿ ਅਸ਼ੋਕ ਗੁਪਤਾ ਜੀ ਨੇ ਸੰਸਥਾ ਦੇ ਨੇਕ ਉਪਰਾਲੇ ਦੀ ਹੋਰ ਵੀ ਵੱਧ ਚੜ੍ਹ ਕੇ ਸਾਥ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਸੰਸਥਾ ਦੇ ਪ੍ਰਧਾਨ ਮਨਜਿੰਦਰ ਸਿੰਘ ਹਨੀ, ਜਸਪਾਲ ਸਿੰਘ ਵਿੱਕੀ ਔਲਖ, ਰਜਨੀਸ਼ ਪਾਲ ਸਿੰਘ, ਪ੍ਰਭਜੋਤ ਰਾਏ, ਆਸ਼ੀਸ਼ ਕਪੂਰ ਆਈ ਐੱਸ ਜੀ ਕੰਪਿਊਟਰ ਸੈਂਟਰ ਵਾਲੇ ਨਵਦੀਪ ਬਾਵਾ ਤੇ ਦੀਪਕ ਸੇਠੀ ਆਦੀ ਹਾਜ਼ਰ ਸਨ।

## ਮਾਨ ਸਰਕਾਰ ਬਜ਼ੁਰਗਾਂ ਦੀ ਭਲਾਈ ਲਈ ਵਚਨਬੱਧ : ਡਾ. ਬਲਜੀਤ ਕੌਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਰਾਜ ਦੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਉੱਦਮਾਂ ਤਹਿਤ, ਬੁਢਾਪਾ ਪੈਨਸ਼ਨ ਯੋਜਨਾ ਦੇ ਅਧੀਨ ਅਗਸਤ 2025 ਤੱਕ 2055.05 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ।ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਇਸ ਮਿਆਦ ਦੌਰਾਨ 23.09 ਲੱਖ ਬਜ਼ੁਰਗ ਲਾਭਪਾਤਰੀਆਂ ਨੇ ਯੋਜਨਾ ਦਾ ਲਾਭ ਪ੍ਰਾਪਤ ਕੀਤਾ।ਉਨ੍ਹਾਂ ਕਿਹਾ ਕਿ ਚਾਲੂ ਵਿੱਤੀ ਸਾਲ ਲਈ ਰਾਜ ਸਰਕਾਰ ਵੱਲੋਂ ਬੁਢਾਪਾ ਪੈਨਸ਼ਨ ਲਈ 4100 ਕਰੋੜ ਰੁਪਏ ਦਾ ਬਜਟ ਉਪਲਬਧ ਕਰਵਾਇਆ ਗਿਆ ਹੈ।ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਡਾ ਮੰਤਵ ਸਾਫ਼ ਹੈ ਕਿ ਸਾਡੇ ਬਜ਼ੁਰਗ ਸਾਡਾ ਮਾਣ ਹਨ ਤੇ ਉਨ੍ਹਾਂ ਦੀ ਪੈਨਸ਼ਨ ਵਿੱਚ ਕੋਈ ਵੀ ਦੇਰੀ ਜਾਂ ਰੁਕਾਵਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਬਜ਼ੁਰਗਾਂ ਦੀ ਪੈਨਸ਼ਨ ਨਿਰਧਾਰਤ ਸਮੇਂ ਅਨੁਸਾਰ ਜਮ੍ਹਾਂ ਹੋਣੀ ਚਾਹੀਦੀ ਹੈ।ਪੈਨਸ਼ਨ ਜਾਰੀ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਜਾਂ ਦੇਰੀ ਹੋਣ ਦੀ ਸੂਰਤ ਵਿੱਚ ਜ਼ਿੰਮੇਵਾਰ ਅਧਿਕਾਰੀ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ, ਭਾਵੇਂ ਉਹ ਕਿੰਨਾ ਵੀ ਰੁਤਬੇ ਵਾਲਾ ਕਿਉਂ ਨਾ ਹੋਵੇ।ਡਾ. ਕੌਰ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਮਾਜਿਕ ਸੁਰੱਖਿਆ ਯੋਜਨਾਵਾਂ ਬਜ਼ੁਰਗਾਂ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਦਾ ਬੁਨਿਆਦੀ ਸਹਾਰਾ ਹਨ ਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਹਰ ਇਕ ਹੱਕਦਾਰ ਤੱਕ ਇਹ ਸਹੂਲਤ ਬਿਨਾਂ ਰੁਕਾਵਟ ਪਹੁੰਚੇ।

## ਮਹਾਤਮਾ ਗਾਂਧੀ ਦਾ ਜੀਵਨ ਸੱਚਾਈ, ਅਹਿੰਸਾ ਤੇ ਸਾਦਗੀ ਦੀ ਪ੍ਰੇਰਨਾ ਦਿੰਦੈ : ਪਵਨ ਦੀਵਾਨ



**ਲੁਧਿਆਣਾ (ਰੈਕਟਰ ਕਥੂਰੀਆ)**-ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ 156ਵੀਂ ਜਯੰਤੀ ਮੌਕੇ ਕਾਂਗਰਸੀ ਵਰਕਰਾਂ ਵੱਲੋਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਸਬੰਧੀ ਪ੍ਰੋਗਰਾਮ ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਤੇ ਸੀਨੀਅਰ ਪਾਰਟੀ ਆਗੂ ਪਵਨ ਦੀਵਾਨ ਦੀ ਅਗਵਾਈ ਹੇਠ ਸਥਾਨਕ ਸਰਾਭਾ ਨਗਰ ਵਿਖੇ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ, ਪਵਨ ਦੀਵਾਨ ਨੇ ਕਿਹਾ ਕਿ ਗਾਂਧੀ ਜੀ ਦਾ ਜੀਵਨ ਸੱਚਾਈ, ਅਹਿੰਸਾ ਤੇ ਸਾਦਗੀ ਦੀ ਪ੍ਰੇਰਨਾ ਦਿੰਦਾ ਹੈ। ਉਨਾਂ ਦੀ ਵਿਚਾਰਧਾਰਾ ਤੇ ਆਦਰਸ਼ਾਂ ਉੱਪਰ ਚੱਲਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।ਇਸ ਮਾਰਗ ਉੱਪਰ ਚੱਲ ਕੇ ਹੀ ਅਸੀਂ ਦੇਸ਼ ਤੇ ਸਮਾਜ ਨੂੰ ਬਿਹਤਰ ਦਿਸ਼ਾ ਦੇ ਸਕਦੇ ਹਾਂ, ਜਿਨ੍ਹਾਂ ਨੇ ਕਿਹਾ ਸੀ ਕਿ ਸਾਨੂੰ ਦੁਨੀਆਂ ਵਿੱਚ ਬਦਲਾਓ ਦੇਖਣ ਵਾਸਤੇ ਖੁਦ ਵਿੱਚ ਬਦਲਾਅ ਕਰਨਾ ਪਵੇਗਾ।ਇਸ ਦੌਰਾਨ ਇੰਦਰਜੀਤ ਕਪੂਰ, ਰੋਹਿਤ ਪਾਹਵਾ, ਨੀਰਜ ਬਿਰਲਾ, ਜੋਗਿੰਦਰ ਜੰਗੀ, ਤਰਸੇਮ ਲਾਲ, ਰਾਜੀਵ ਕਪੂਰ, ਮਨੂ ਚੌਧਰੀ, ਅਨੂਪ ਸਿੰਘ, ਮੁਨੀਸ਼ ਸੂਦ ਵੱਲੋਂ ਵੀ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## ਲੜਕੀ ਨੇ ਕੈਨੇਡਾ ਜਾ ਕੇ ਲੜਕੇ ਨਾਲ ਕੀਤੀ ਗੱਲਬਾਤ ਬੰਦ, ਲੱਖਾਂ ਰੁਪਏ ਦੀ ਠੱਗੀ ਦੇ ਮਾਮਲੇ 'ਚ ਕੇਸ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਲਾਂਵਾਲਾ ਵਿਖੇ ਇਕ ਲੜਕੇ ਨਾਲ ਵਿਆਹ ਕਰਵਾ ਕੇ ਕੈਨੇਡਾ ਗਈ ਲੜਕੀ ਨੇ ਉਸ ਨਾਲ ਗੱਲਬਾਤ ਕਰਨੀ ਬੰਦ ਕਰ ਦਿੱਤੀ, ਜਿਸ ਦੇ ਚੱਲਦਿਆਂ ਲੜਕੇ ਨਾਲ ਲੱਖਾਂ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਥਾਣਾ ਮੱਲਾਂਵਾਲਾ ਪੁਲਸ ਨੇ ਲੜਕੀ ਤੇ ਉਸ ਦੇ ਪਿਤਾ ਖਿਲਾਫ 420, 120 ਬੀ ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਪ੍ਰਤਾਪ ਸਿੰਘ ਪੁੱਤਰ ਲਖਵਿੰਦਰ ਸਿੰਘ ਵਾਸੀ ਬਸਤੀ ਖੁਸ਼ਹਾਲ ਸਿੰਘ ਵਾਲੀ ਭਾਗੋ ਕੇ ਮੱਲਾਂਵਾਲਾ ਨੇ ਦੱਸਿਆ ਕਿ ਉਸ ਦਾ ਵਿਆਹ ਗਗਨਦੀਪ ਕੌਰ ਪੁੱਤਰੀ ਨਛੱਤਰ ਸਿੰਘ ਵਾਸੀ ਵਰਪਾਲ ਮਖੂ ਨਾਲ 28 ਅਪ੍ਰੈਲ 2024 ਨੂੰ ਪੂਰੇ ਰੀਤੀ ਰਿਵਾਜਾਂ ਨਾਲ ਹੋਇਆ ਸੀ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਗਗਨਦੀਪ ਕੌਰ ਕੈਨੇਡਾ ਜਾ ਕੇ ਉਸ ਨਾਲ ਗੱਲਬਾਤ ਕਰਨੀ ਬੰਦ ਕਰ ਦਿੱਤੀ, ਜਿਸ ਦੇ ਚੱਲਦਿਆਂ ਗਗਨਦੀਪ ਕੌਰ ਨੇ ਉਸ ਨਾਲ ਲੱਖਾਂ ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਗਗਨਦੀਪ ਕੌਰ ਤੇ ਉਸ ਦੇ ਪਿਤਾ ਨਛੱਤਰ ਸਿੰਘ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

CMYK

## ਚੰਦਰ ਸ਼ੇਖਰ ਨੇ ਐਥਲੈਟਿਕਸ 'ਚ ਕਾਂਸੇ ਦਾ ਮੈਡਲ ਜਿੱਤਿਆ



**ਸਮਰਾਲਾ (ਨਜ਼ਸ)**— ਨਨਕਾਣਾ ਸਾਹਿਬ ਪਬਲਿਕ ਸਕੂਲ ਸਮਰਾਲਾ ਦਾ ਖੇਡ ਪ੍ਰਾਪਤੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਗਾਤਾਰ ਜਾਰੀ ਹੈ।ਇਸੇ ਲੜੀ ਨੂੰ ਜਾਰੀ ਰੱਖਦਿਆਂ ਇਸਦੇ ਦਸਵੀਂ ਜਮਾਤ ਦੇ ਵਿਦਿਆਰਥੀ ਚੰਦਰ ਸ਼ੇਖਰ ਨੇ ਜ਼ਿਲ੍ਹਾ ਪੱਧਰ 'ਤੇ ਐਥਲੈਟਿਸ ਵਿੱਚ ਹਿੱਸਾ ਲੈ ਕੇ ਸਫਲਤਾ ਪ੍ਰਾਪਤ ਕੀਤੀ ਹੈ।ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿਖੇ 400 ਮੀਟਰ ਦੌੜ ਵਿੱਚ ਜ਼ਿਲ੍ਹਾ ਪੱਧਰ 'ਤੇ ਚੰਦਰ ਸ਼ੇਖਰ ਨੇ ਜਿੱਤ ਹਾਸਲ ਕੀਤੀ ਅਤੇ ਕਾਂਸੀ ਦਾ ਮੈਡਲ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਸਕੂਲ ਮਨੇਜਮੈਂਟ ਕਮੇਟੀ ਅਤੇ ਪ੍ਰਿੰ. ਮਾਲਵਿੰਦਰ ਸਿੰਘ ਨੇ ਚੰਦਰ ਸ਼ੇਖਰ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉੱਥੇ ਹੀ ਉਨ੍ਹਾਂ ਨੇ ਡੀ. ਪੀ. ਈ. ਬਰਿੰਦਰਪਾਲ ਸਿੰਘ ਅਤੇ ਹਰਵਿੰਦਰ ਕੌਰ ਨੂੰ ਵੀ ਵਧਾਈ ਦਿੱਤੀ।

## ਡਾ. ਵੇਰਕਾ ਨੇ ਪੰਜਾਬ ਸਰਕਾਰ ਤੋਂ ਪੰਜਾਬ ਦੇ ਗੰਭੀਰ ਮੁੱਦਿਆਂ ਵੱਲ ਧਿਆਨ ਮੰਗਿਆ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਸੀਨੀਅਰ ਵਰਕਰਾਂ ਨਾਲ ਮੀਟਿੰਗ ਕੀਤੀ ਅਤੇ ਪੰਜਾਬ ਦੇ ਚੱਲ ਰਹੇ ਹਾਲਾਤ ਬਾਰੇ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ । ਉਹਨਾਂ ਨੇ ਪੰਜਾਬ ਵਿੱਚ ਹੋ ਰਹੀਆਂ ਦੁਰਘਟਨਾਵਾਂ ਤੇ ਮਾੜੀਆਂ ਘਟਨਾਵਾਂ ਬਾਰੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਵਿੱਚ ਚੱਲ ਰਹੇ ਗੰਭੀਰ ਮੁੱਦਿਆਂ ਵੱਲ ਧਿਆਨ ਦੇਵੇ। ਡਾਕਟਰ ਵੇਰਕਾ ਨੇ ਪੰਜਾਬ ਵਿੱਚ ਵਾਪਰਦੀਆਂ ਨਿਤ ਦਿਨ ਮਾੜੀਆਂ ਘਟਨਾਵਾਂ ਨੂੰ ਰੋਕਣ



ਲਈ ਸਰਕਾਰ ਵੱਲੋਂ ਕਦਮ ਚੁੱਕੇ ਜਾਣ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਜਿਸ ਨੇ ਕੁਝ ਸਮਾਂ ਪਹਿਲਾਂ ਆਪਣੇ ਪਿੰਡੇ 'ਤੇ ਕਾਲਾ ਸੰਤਾਪ ਹੰਡਾਇਆ ਸੀ ਅਤੇ ਅਨੇਕਾਂ ਹੀ ਕਾਰੋਬਾਰੀਆਂ ਨੂੰ ਆਪਣੇ ਕਾਰੋਬਾਰ ਠੱਪ ਕਰਕੇ ਕਿਧਰੇ ਅਲੋਪ ਹੋਣਾ ਪਿਆ ਸੀ ਉਹਨਾਂ ਦਿਨਾਂ ਨੂੰ ਦੁਬਾਰਾ ਪੰਜਾਬ ਵਿੱਚ ਨਾ ਆਉਣ ਦਿੱਤਾ ਜਾਵੇ। ਇਸ ਮੌਕੇ ਮੀਟਿੰਗ ਵਿੱਚ ਬਿਕਰਮਜੀਤ ਸਿੰਘ ਕੋਟਲਾ ਮੈਂਬਰ ਐਸ ਜੀ ਪੀ ਸੀ, ਜਗਜੀਤ ਸਿੰਘ ਸਿੱਧੂ ਠੇਕੇਦਾਰ, ਸੁਪਨਦੀਪ ਸਿੰਘ ਸਾਬੀ ਖਾਨਕੋਟ, ਗੁਰਵਿੰਦਰ ਸਿੰਘ ਰੰਧਾਵਾ, ਬਲਜੀਤ ਸਿੰਘ, ਜੋਬਨਜੀਤ ਸਿੰਘ ਆਦਿ ਆਗੂ ਹਾਜ਼ਰ ਸਨ ਜਿਨਾਂ ਨੇ ਉਚੇਚੇ ਤੌਰ 'ਤੇ ਮੀਟਿੰਗ ਵਿੱਚ ਹਿੱਸਾ ਲਿਆ ਤੇ ਵਿਚਾਰ ਰੱਖੇ।

## ਗੁਰਲੀਨ ਕੌਰ ਦਾ ਸ਼ਾਟਪੁਟ/ਡਿਸਕਸ ਥਰੋ 'ਚ ਸ਼ਾਨਦਾਰ ਪ੍ਰਦਰਸ਼ਨ



**ਗੁਰਦਾਸਪੁਰ (ਦਿਨੇਸ਼ ਕੁਮਾਰ)**- ਗੌਰਮਿੰਟ ਕਾਲਜ ਗੁਰਦਾਸਪੁਰ ਵਿੱਚ ਜ਼ਿਲਾ ਐਥਲੈਟਿਕ ਮੁਕਾਬਲੇ ਹੋਏ ਜਿਨ੍ਹਾਂ ਵਿੱਚ ਵੱਖ-ਵੱਖ ਸਕੂਲਾਂ ਦੀ ਬੱਚੀਆਂ ਨੇ ਭਾਗ ਲਿਆ।ਗੁਰਦਾਸਪੁਰ ਪਬਲਿਕ ਸਕੂਲ ਦੀ ਬੱਚੀ ਗੁਰਲੀਨ ਕੌਰ ਜਮਾਤ 11ਵੀਂ ਨੇ ਸ਼ਾਟਪੁੱਟ ਥਰੋ ਅਤੇ ਡਿਸਕਸ ਥਰੋ ਅੰਡਰ ਵਰਗ-19 ਵਿੱਚ ਹਿੱਸਾ ਲਿਆ ਜਿਸ ਵਿੱਚ ਉਸਨੇ ਸ਼ਾਟਪੁੱਟ ਥਰੋ ਵਿੱਚ ਗੋਲਡ ਅਤੇ ਡਿਸਕਸ ਥਰੋ ਵਿੱਚ ਤਾਂਬੇ ਦਾ ਤਮਗਾ ਜਿੱਤਿਆ। ਚੇਅਰਮੈਨ ਰਮਨ ਬਹਿਲ ਅਤੇ ਡਾਇਰੈਕਟਰ ਅਰਚਨਾ ਬਹਿਲ ਨੇ ਗੁਰਲੀਨ ਕੌਰ, ਉਸਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ । ਜ਼ਿਕਰਯੋਗ ਹੈ ਕਿ ਇਸ ਸਕੂਲ ਦੇ ਕਈ ਵਿਦਿਆਰਥੀ ਡਾਕਟਰ, ਇੰਜੀਨੀਅਰ, ਵਕੀਲ, ਜੱਜ ਅਤੇ ਸਰਕਾਰੀ ਅਫਸਰ ਬਣੇ ਹਨ।ਪ੍ਰਿੰਸੀਪਲ ਬੱਚਿਆਂ ਨੂੰ ਹਰ ਸਮੇਂ ਮੋਟੀਵੇਟ ਕਰਦੇ ਹਨ ਤੇ ਖੇਡਾਂ ਦੇ ਮਹੱਤਵ ਨੂੰ ਦੱਸਦੇ ਹੋਏ ਹਰ ਸਹੂਲਤ ਦਿੰਦੇ ਹਨ।ਸਕੂਲ ਵਿੱਚ ਹਰ ਤਰ੍ਹਾਂ ਦੀਆਂ ਖੇਡਾਂ ਖਿਡਾਈਆਂ ਜਾਂਦੀਆਂ ਹਨ ਜਿਨਾਂ ਵਿਚ ਕ੍ਰਿਕਟ, ਵਾਲੀਬਾਲ, ਟੇਬਲ ਟੈਨਿਸ, ਬੈਡਮਿੰਟਨ, ਖੋ ਖੋ, ਬਾਕਸਿੰਗ, ਕਰਾਟੇ, ਹਾਕੀ, ਕੈਰਮ,ਚੈਸ, ਕਬੱਡੀ, ਬਾਸਕਟਬਾਲ ਆਦਿ।

## ਪਿੰਗਲਵਾੜਾ ਵਿਖੇ ਵਿਸ਼ੇਸ਼ ਸੇਵਾ ਸਮਾਰੋਹ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.) ਅੰਮ੍ਰਿਤਸਰ ਦੇ ਮੁੱਖ ਦਫ਼ਤਰ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਅਤੇ ਇੰਟਰਨੈਸ਼ਨਲ ਵੀਕਆਫ਼ ਦ ਡੈੱਫ ਦੇ ਅਵਸਰ 'ਤੇ ਇੱਕ ਵਿਸ਼ੇਸ਼ ਸੇਵਾ ਸਮਾਰੋਹ ਆਯੋਜਿਤ ਕੀਤਾ ਗਿਆ।ਇਸ ਮੌਕੇ ਪਿੰਗਲਵਾੜਾ ਸੋਸਾਇਟੀ ਦੇ ਮੀਤ ਪ੍ਰਧਾਨ ਡਾ. ਜਗਦੀਪਕ ਸਿੰਘ ਦੀ ਅਗਵਾਈ ਹੇਠ ਟੀਮ ਦੇ ਮੈਂਬਰ ਤਰੁਣਦੀਪ ਸਿੰਘ (ਟੈਕਨੀਸ਼ੀਅਨ) ਨੇ ਹਾਜ਼ਰ ਹੋਏ 6 ਮਰੀਜ਼ਾਂ ਦੇ ਕੰਨਾਂ ਨੂੰ ਸੁਣਨ ਵਾਲੀਆਂ ਮਸ਼ੀਨਾਂ ਲਗਾਈਆਂ।ਇਹ ਮਸ਼ੀਨਾਂ ਡਾ. ਜਸਦੇਵ ਸਿੰਘ ਰਾਏ ਅਮਰੀਕਾ ਤੋਂ ਪਿੰਗਲਵਾੜੇ ਮਿਲਣ ਆਏ ਅਤੇ ਲੋੜਵੰਦਾਂ ਲਈ ਇਹ ਮਸ਼ੀਨਾਂ ਦੇ ਕੇ ਗਏ। ਡਾ. ਜਗਦੀਪਕ ਸਿੰਘ ਨੇ ਕਿਹਾ ਕਿ ਪਿੰਗਲਵਾੜਾ ਹਮੇਸ਼ਾ ਅਸਮਰਥ ਭਰਾਵਾਂ ਦੀ ਭਲਾਈ ਲਈ ਤਤਪਰ ਰਹੇਗਾ ਅਤੇ ਸਮਾਜ ਦੇ ਹਰ ਵਰਗ ਨੂੰ ਉਹਨਾਂ ਦੀ ਸਹਾਇਤਾ ਲਈ ਅੱਗੇ ਆਉਣ ਦੀ ਪ੍ਰੇਰਨਾ ਦੇਵੇਗਾ। ਇਸ ਮੌਕੇ ਪਿੰਗਲਵਾੜੇ ਦੇ ਮੁਖੀ ਡਾ. ਇੰਦਰਜੀਤ ਕੌਰ ਨੇ ਆਏ ਹੋਏ ਮਰੀਜ਼ਾਂ ਨਾਲ ਖ਼ੁਦ ਗੱਲਬਾਤ ਕਰਕੇ ਉਨ੍ਹਾਂ ਨੂੰ ਮਸ਼ੀਨਾਂ ਮੁਹੱਈਆ ਕਰਵਾਈਆਂ ਅਤੇ ਉਨ੍ਹਾਂ ਨੂੰ ਸਨੇਹ, ਹੌਸਲਾ ਅਤੇ ਪਿਆਰ ਦਿੱਤਾ।

## 800 ਕਿੱਟਾਂ ਘਰੇਲੂ ਰਾਸ਼ਨ, ਮੈਡੀਕਲ ਕਿੱਟ ਤੇ ਪਸ਼ੂਆਂ ਦਾ ਚਾਰਾ ਵੰਡਿਆ



**ਪੱਟੀ (ਬਲਦੇਵ ਸਿੰਘ ਸੰਧੂ)**- ਬੀਤੇ ਦਿਨੀ ਆਏ ਹੜ੍ਹਾਂ ਵਿਚ ਜ਼ਿਲ੍ਹਾ ਤਰਨ ਤਾਰਨ ਦੇ ਧੁੱਸੀ ਬੰਨ੍ਹ ਦੇ ਆਸ ਪਾਸ ਦੇ ਪਿੰਡਾਂ ਦੀਆਂ ਜਿੱਥੇ ਫ਼ਸਲਾਂ ਦਾ ਭਾਰੀ ਨੁਕਸਾਨ ਹੋਇਆ ਸੀ ਉੱਥੇ ਹੀ ਘਰਾਂ ਵਿਚ ਪਿਆ ਸਮਾਨ ਵੀ ਨੁਕਸਾਨਿਆ ਗਿਆ ਸੀ ਅਤੇ ਲੋਕਾਂ ਨੂੰ ਮੈਡੀਕਲ ਸਹੂਲਤ ਦੀ ਵੀ ਲੋੜ ਸੀ। ਉਨ੍ਹਾਂ ਲਈ ਜਿੱਥੇ ਕਈ ਸੰਸਥਾਵਾਂ ਕੰਮ ਕਰ ਰਹੀਆਂ ਹਨ ਅਤੇ ਸਮੇਂ ਸਮੇਂ 'ਤੇ ਅਕਾਲੀ ਦਲ ਅੱਗੇ ਹੋ ਕੇ ਲੋਕਾਂ ਦੀ ਮਦਦ ਕਰਦਾ ਆ ਰਿਹਾ ਹੈ, ਉੱਥੇ ਹੀ ਅਕਾਲੀ ਦਲ ਦੇ ਸਾਬਕਾ ਚੇਅਰਮੈਨ ਸੁਖਵੰਤ ਸਿੰਘ ਸੰਧੂ ਪਿੰਡ ਕੋਟ ਬੁੱਢਾ ਵਲੋਂ ਅੱਜ ਆਪਣੇ ਗ੍ਰਹਿ ਵਿਖੇ ਐੱਲ ਆਈ ਸੀ ਐਚ ਐੱਫ ਐੱਲ ਕੰਪਨੀ ਦੇ ਸਹਿਯੋਗ ਨਾਲ ਹੜ੍ਹ ਪੀੜਤਾਂ ਲਈ ਵੱਡਾ ਸਹਾਰਾ ਬਣਦੇ ਹੋਏ ਪਿੰਡ ਕੋਟ ਬੁੱਢਾ ਵਿਚ ਰਾਹਤ ਸਮੱਗਰੀ ਤਹਿਤ 800 ਕਿੱਟਾਂ ਘਰੇਲੂ ਰਾਸ਼ਨ, ਮੈਡੀਕਲ ਕਿੱਟ ਅਤੇ ਪਸ਼ੂਆਂ ਦੇ ਚਾਰੇ ਦੀਆਂ ਕਿੱਟਾਂ ਦੀ ਵੰਡ ਲੋੜਵੰਦ ਪਰਵਾਰਾਂ ਵਿਚ ਕੀਤੀ ਗਈ। ਇਸ ਮੌਕੇ ਅਕਾਲੀ ਦਲ ਦੇ ਸਾਬਕਾ ਚੇਅਰਮੈਨ ਸੁਖਵੰਤ ਸਿੰਘ ਸੰਧੂ ਕੋਟ ਬੁੱਢਾ ਨੇ ਕਿਹਾ ਕਿ ਉਨ੍ਹਾਂ ਦੇ ਪਰਵਾਰ ਨੇ ਐੱਲ ਆਈ ਸੀ ਐਚ ਐੱਫ ਐੱਲ ਦੇ ਸਹਿਯੋਗ ਨਾਲ 800 ਪਰਵਾਰਾਂ ਨੂੰ ਰਾਹਤ ਸਮੱਗਰੀ ਦੀ ਲਗਾਤਾਰ ਵੰਡ ਕੀਤੀ ਜਾ ਰਹੀ ਹੈ ਜੋ ਕਿ ਅੱਗੇ ਵੀ ਖੇਤ ਪੱਧਰੇ ਕਰਨ ਤਕ ਜਾਰੀ ਰਹੇਗੀ।ਇਸ ਮੌਕੇ ਸ਼ਰਮਿਕ ਭਾਰਤੀ ਦੇ ਪ੍ਰੋਜੈਕਟ ਡਾਇਰੈਕਟਰ - ਵਰਿੰਦਰ ਪਾਲ ਸਿੰਘ ਅਤੇ ਕੁੰਤਲ ਕੁਮਾਰ ਐਲ ਆਈ ਸੀ ਐਚ ਐੱਫ ਐੱਲ ਦੇ ਰੀਜਨਲ ਮੈਨੇਜਰ ਉੱਤਰੀ ਭਾਰਤ ਅਤੇ ਪ੍ਰੋਗਰਾਮ ਮੈਨੇਜਰ ਅਭਿਸ਼ੇਕ ਜੌਹਨ ਹਾਜ਼ਿਰ ਸਨ।

## ਖ਼ਾਲਸਾ 'ਵਰਸਿਟੀ ਵਿਖੇ ਸਿੰਘ ਸਭਾ ਦੇ ਸਥਾਪਨਾ ਦਿਵਸ 'ਤੇ ਸੈਮੀਨਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਯੂਨੀਵਰਸਿਟੀ ਦੇ ਸਹਿਯੋਗ ਨਾਲ ਸਿੰਘ ਸਭਾ ਅੰਮ੍ਰਿਤਸਰ ਵੱਲੋਂ ਸਿੰਘ ਸਭਾ ਲਹਿਰ ਦੇ ਸਥਾਪਨਾ ਦਿਵਸ (ਇੱਕ ਅਕਤੂਬਰ 1873) ਨੂੰ ਸਮਰਪਤ ਇਕ ਵਿਸ਼ੇਸ਼ ਸੈਮੀਨਾਰ 'ਵਰਸਿਟੀ ਦੇ ਸਿੱਖ ਇਤਿਹਾਸ ਖੋਜ ਕੇਂਦਰ ਵਿਖੇ ਕਰਵਾਇਆ ਗਿਆ। ਜਿਸ 'ਚ 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।



ਉਕਤ ਪ੍ਰੋਗਰਾਮ ਦੇ ਆਰੰਭ 'ਚ ਗੁਰਮਤਿ ਸਿੱਖਿਆ ਸੈਂਟਰ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਉਪਰੰਤ ਸਭਾ ਦੇ ਜਨਰਲ ਸਕੱਤਰ ਹਰਮਨਜੀਤ ਸਿੰਘ ਨੇ ਸਮੂਹ ਮਹਿਮਾਨਾਂ ਨੂੰ ਜੀ ਆਇਆ ਕਹਿੰਦਿਆਂ ਸਵਾਗਤ ਕੀਤਾ।ਇਸ ਮੌਕੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਸਿੰਘ ਸਭਾ ਲਹਿਰ ਦੀ ਧਾਰਮਿਕ, ਸਾਹਿਤਕ ਅਤੇ ਵਿੱਦਿਅਕ ਦੇਣ ਵਿਸ਼ੇ 'ਤੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਿੱਖਾਂ ਨੂੰ ਧਰਮ, ਨੀਤੀ ਤੇ ਰਾਜਨੀਤੀ ਦੇ ਫੈਸਲੇ ਬਹੁਤ ਦੂਰਅੰਦੇਸ਼ੀ ਨਾਲ ਲੈਣੇ ਚਾਹੀਦੇ ਹਨ। ਜਦਕਿ ਸਿੱਖ ਇਤਿਹਾਸ ਵਿਦਵਾਨ, ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਅਤੇ ਸ੍ਰੀ ਗੁਰੂ ਸਿੰਘ ਸਭਾ ਪ੍ਰਧਾਨ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਸਿੰਘ ਸਭਾਈ ਦ੍ਰਿਸ਼ਟੀ ਤੋਂ ਵਰਤਮਾਨ ਕੌਮੀ ਸਮੱਸਿਆਵਾਂ ਤੇ ਸਮਾਧਾਨ ਸਬੰਧੀ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸਿੰਘ ਸਭਾ ਅੰਮ੍ਰਿਤਸਰ ਮੋਢੀ ਸੰਸਥਾ ਹੈ ਜਿਸ ਤੋਂ ਬਾਅਦ ਨਾਮਵਰ ਸਿੱਖ ਸੰਸਥਾਵਾਂ ਅਤੇ ਖ਼ਾਲਸਾ ਸਕੂਲ ਕਾਲਜ ਸਥਾਪਿਤ ਹੋਏ।ਇਸ ਪ੍ਰੋਗਰਾਮ 'ਚ ਗੁਰਮਤਿ ਸਿੱਖਿਆ ਸੈਂਟਰ, ਭਾਈ ਵੀਰ ਸਿੰਘ ਗੁਰਮਤਿ ਕਾਲਜ ਦੇ ਵਿਦਿਆਰਥੀਆਂ, ਪ੍ਰਿੰਸੀਪਲ ਤੇ ਅਧਿਆਪਕ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਚੇਅਰਮੈਨ ਤੇ ਮੈਂਬਰ, ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰ, ਗੁਰੂ ਰਾਮਦਾਸ ਅਵਤਾਰ ਪੁਰਬ ਕਮੇਟੀ ਦੇ ਮੈਂਬਰ, ਰਾਮਗੜ੍ਹੀਆ ਭਾਈਬੰਦੀ, ਅੰਮ੍ਰਿਤਸਰ ਵਿਕਾਸ ਮੰਚ ਦੇ ਮੈਂਬਰਾਂ ਤੋਂ ਇਲਾਵਾ ਸਿੰਘ ਸਭਾ ਦੇ ਮੀਤ ਪ੍ਰਧਾਨ ਗੁਰਬਖਸ਼ ਸਿੰਘ ਬੇਦੀ ਅਤੇ ਹਰਜੀਤ ਸਿੰਘ, ਸਭਾ ਦੇ ਲੀਗਲ ਐਡਵਾਈਜ਼ਰ ਐਡਵੋਕੇਟ ਇੰਦਰਜੀਤ ਸਿੰਘ ਅੜੀ, ਅਵਤਾਰ ਸਿੰਘ, ਮਨਜੀਤ ਸਿੰਘ ਮੰਜਲ, ਗੁਰਿੰਦਰ ਸਿੰਘ ਢੀਂਗਰਾ, ਮਨਿੰਦਰ ਸਿੰਘ, ਜਤਿੰਦਰ ਸਿੰਘ ਬਹਿਲ, ਰਬਿੰਦਰਬੀਰ ਸਿੰਘ ਭੱਲਾ, ਡਾ. ਜਸਵਿੰਦਰ ਕੌਰ ਮਾਹਲ, ਬੀਬੀ ਪ੍ਰਭਜੋਤ ਕੌਰ, ਜਗਬੀਰ ਸਿੰਘ ਸੇਠੀ, ਬਲਦੇਵ ਸਿੰਘ ਮੁੰਦਰ ਅਤੇ ਖ਼ਾਲਸਾ ਕਾਲਜ ਦੇ ਪ੍ਰੋਫੈਸਰ ਸਾਹਿਬਾਨ ਮੌਜੂਦ ਸਨ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦੀ ਸੇਵਾ ਹਰਮਨਜੀਤ ਸਿੰਘ ਨੇ ਨਿਭਾਈ ਅਤੇ ਸਭਾ ਦੇ ਮੀਤ ਸਕੱਤਰ ਸੁਖਦੇਵ ਸਿੰਘ ਸੰਧਾਵਾਲੀਆ ਨੇ ਸਭਨਾਂ ਪਤਵੰਤਿਆਂ ਦਾ ਧੰਨਵਾਦ ਕੀਤਾ।

## ਐੱਸ ਡੀ ਐੱਮ ਖੇਤੀਬਾੜੀ ਅਧਿਕਾਰੀਆਂ ਨਾਲ ਪਿੰਡ ਕਰਵਾਲੀਆਂ ਪਹੁੰਚੇ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੇ ਆਦੇਸ਼ਾਂ ਤਹਿਤ ਖੇਤੀਬਾੜੀ ਦੇ ਕਿਸਾਨ ਭਲਾਈ ਵਿਭਾਗ ਵੱਲੋਂ ਬਟਾਲਾ ਬਲਾਕ ਦੇ ਪਿੰਡ ਕਰਵਾਲੀਆਂ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿਚ ਵਿਕਰਮਜੀਤ ਸਿੰਘ ਪਾਂਥੇ, ਐਸ.ਡੀ.ਐਮ ਬਟਾਲਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਸਹਾਇਕ ਲੇਬਰ ਕਮਿਸ਼ਨਰ ਬਟਾਲਾ ਕੰਵਲਜੀਤ ਸਿੰਘ, ਏ.ਡੀ.ਓ ਸਿਮਰਨਜੀਤ ਸਿੰਘ ਅਤੇ ਸਰਪੰਚ ਸਤਨਾਮ ਸਿੰਘ ਆਦਿ ਮੌਜੂਦ ਸਨ।ਜਾਗਰੂਕਤਾ ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰੇਰਿਤ ਕਰਦਿਆਂ ਐਸ.ਡੀ.ਐਮ ਬਟਾਲਾ ਨੇ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਬੁਰੀ ਤਰ੍ਹਾਂ ਦੂਸ਼ਿਤ ਹੁੰਦਾ ਹੈ ਅਤੇ ਇਸ ਨਾਲ ਬਿਮਾਰੀਆਂ ਵਧਦੀਆਂ ਹਨ, ਜਿਨ੍ਹਾਂ ਦਾ ਸਾਡੇ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ 'ਤੇ ਬਹੁਤ ਮਾੜਾ ਪ੍ਰਭਾਵ ਪੈਂਦਾ ਹੈ। ਇਸ ਲਈ ਬੱਚਿਆਂ ਦੇ ਤੰਦਰੁਸਤ ਭਵਿੱਖ ਅਤੇ ਬਜ਼ੁਰਗਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪਰਾਲੀ ਨਾ ਸਾੜੀ ਜਾਵੇ। ਉਨ੍ਹਾਂ ਕਿਹਾ ਕਿ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣਾ ਕਿਸੇ ਤਰ੍ਹਾਂ ਵੀ ਲਾਹੇਵੰਦਾ ਨਹੀਂ, ਇਸ ਨਾਲ ਜਿੱਥੇ ਸਾਡਾ ਵਾਤਾਵਰਣ ਦੂਸ਼ਿਤ ਹੁੰਦਾ ਹੈ ਉਥੇ ਅੱਗ ਲਗਾਉਣ ਨਾਲ ਜ਼ਮੀਨ ਦੇ ਉਪਜਾਊ ਤੱਤ ਵੀ ਨਸ਼ਟ ਹੋ ਜਾਂਦੇ ਹਨ।ਇਸ ਮੌਕੇ ਸਹਾਇਕ ਲੇਬਰ ਕਮਿਸ਼ਨਰ ਬਟਾਲਾ ਕੰਵਲਜੀਤ ਸਿੰਘ ਵੱਲੋਂ ਵੀ ਪਰਾਲੀ ਸਾੜਨ ਦੇ ਨੁਕਸਾਨਾਂ ਤੋਂ ਜਾਣੂੰ ਕਰਵਾਇਆ ਗਿਆ। ਇਸ ਮੌਕੇ ਏ.ਡੀ.ਓ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਮਸ਼ੀਨਾਂ ਸਬਸਿਡੀ ਉੱਤੇ ਉਪਲਬਧ ਕਰਵਾਈਆਂ ਗਈਆਂ ਹਨ, ਜਿਨ੍ਹਾਂ ਦੀ ਮਦਦ ਨਾਲ ਅਸਾਨੀ ਨਾਲ ਫ਼ਸਲੀ ਰਹਿੰਦ-ਖੂੰਹਦ ਦਾ ਨਿਪਟਾਰਾ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਖੇਤਾਂ ਵਿਚ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਕਿਸਾਨਾਂ ਨੂੰ ਆਰਥਿਕ ਨੁਕਸਾਨ ਵੀ ਝੱਲਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਪਰਾਲੀ ਪ੍ਰਬੰਧਨ ਵਿੱਚ ਕੋਈ ਮੁਸ਼ਕਲ ਆਉਂਦੀ ਹੈ ਜਾਂ




ਕੋਈ ਤਕਨੀਕੀ ਸਹਾਇਤਾ ਚਾਹੀਦੀ ਹੈ ਤਾਂ ਉਹ ਆਪਣੇ ਨੇੜੇ ਦੇ ਖੇਤੀਬਾੜੀ ਦਫ਼ਤਰ ਸੰਪਰਕ ਕਰ ਸਕਦਾ ਹੈ।ਇਸ ਤੋਂ ਪਹਿਲਾਂ ਪਿੰਡ ਦੇ ਸਰਪੰਚ ਸਤਨਾਮ ਸਿੰਘ ਨੇ ਐਸ.ਡੀ.ਐਮ ਤੇ ਖੇਤੀਬਾੜੀ ਵਿਭਾਗ ਦੀ ਟੀਮ ਦਾ ਪਿੰਡ ਕਰਵਾਲੀਆਂ ਵਿਖੇ ਪਹੁੰਚਣ 'ਤੇ ਧੰਨਵਾਦ ਕਰਦਿਆਂ ਕਿਸਾਨਾਂ ਵੱਲੋਂ ਪਰਾਲੀ ਨਾ ਸਾੜਨ ਦਾ ਵਿਸ਼ਵਾਸ ਦਿਵਾਇਆ।

## ਰਾਮ ਲਾਲ ਵੱਲੋਂ ਖੁਦ ਨੂੰ ਬ੍ਰਾਹਮਣ ਸਭਾ ਦਾ ਤੀਸਰੀ ਵਾਰ ਪ੍ਰਧਾਨ ਐਲਾਨਣਾ ਸੰਵਿਧਾਨ ਦੇ ਵਿਰੁੱਧ



**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਸ਼੍ਰੀ ਬ੍ਰਾਹਮਣ ਸਭਾ ਜ਼ਿਲ੍ਹਾ ਗੁਰਦਾਸਪੁਰ ਦੀ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਡੀ. ਪੀ. ਗੋਸਾਈਂ ਦੀ ਪ੍ਰਧਾਨਗੀ ਵਿੱਚ ਹੋਈ ।ਮੀਟਿੰਗ ਵਿੱਚ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਸਾਰੀਆਂ ਇਕਾਈਆਂ ਦੇ ਅਹੁਦੇਦਾਰ ਸ਼ਾਮਿਲ ਹੋਏ ।ਮੀਟਿੰਗ ਵਿਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਸਾਬਕਾ ਪ੍ਰਧਾਨ ਰਾਮ ਲਾਲ ਵੱਲੋਂ ਖੁਦ ਨੂੰ ਤੀਸਰੀ ਵਾਰ ਪ੍ਰਧਾਨ ਐਲਾਨ ਕਰਨ ਦੀ ਨਿੰਦਾ ਕੀਤੀ ਗਈ ਅਤੇ ਫੈਸਲਾ ਕੀਤਾ ਗਿਆ ਕਿ ਸ਼੍ਰੀ ਬ੍ਰਾਹਮਣ ਸਭਾ ਦੇ ਸੰਵਿਧਾਨ ਦੇ ਵਿਰੁੱਧ ਜਾਣ ਵਾਲੇ ਰਾਮ ਲਾਲ ਨਾਲ ਜ਼ਿਲ੍ਹਾ ਬ੍ਰਾਹਮਣ ਸਭਾ ਦੀ ਕਿਸੇ ਵੀ ਇਕਾਈ ਦਾ ਕੋਈ ਸਬੰਧ ਨਹੀਂ ਹੋਵੇਗਾ। ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਸੀਨੀਅਰ ਮੀਤ ਪ੍ਰਧਾਨ ਕੰਵਲਜੀਤ ਸ਼ਰਮਾ ਤੇ ਰੂਪ ਲਾਲ ਜੋਸ਼ੀ, ਗੁਰਦਾਸਪੁਰ ਇਕਾਈ ਦੇ ਪ੍ਰਧਾਨ ਮੁਕੇਸ਼ ਸ਼ਰਮਾ ਅਤੇ ਕਾਰਜਕਾਰੀ ਮੈਂਬਰ ਸ਼ਾਮ ਲਾਲ ਨੇ ਕਿਹਾ ਕਿ ਸ਼੍ਰੀ ਬ੍ਰਾਹਮਣ ਸਭਾ ਜ਼ਿਲ੍ਹਾ ਗੁਰਦਾਸਪੁਰ ਇੱਕ ਰਜਿਸਟਰਡ ਸੰਸਥਾ ਹੈ ਜਿਸ ਦਾ ਆਪਣਾ ਸੰਵਿਧਾਨ ਹੈ।ਸੰਵਿਧਾਨ ਅਨੁਸਾਰ ਇੱਕ ਪ੍ਰਧਾਨ ਦੋ ਸਾਲ ਲਈ ਉਨ੍ਹਾਂ ਸਾਰੀਆਂ ਇਕਾਈਆਂ ਦੁਆਰਾ ਚੁਣਿਆ ਜਾਂਦਾ ਹੈ ਜੋ ਕਿ ਜ਼ਿਲ੍ਹਾ ਬ੍ਰਾਹਮਣ ਸਭਾ ਨਾਲ ਐਫੀਲੇਟਿਡ ਹੋਣ ਅਤੇ ਐਫੀਲੇਸ਼ਨ ਫੀਸ ਜਮ੍ਹਾ ਕਰਵਾਈ ਹੋਵੇ। ਉਨ੍ਹਾਂ ਕਿਹਾ ਰਾਮ ਲਾਲ ਵਲੋਂ ਬਟਾਲਾ ਵਿਖੇ ਕੀਤੀ ਮੀਟਿੰਗ ਵਿੱਚ ਕੋਈ ਵੀ ਚੁਣੀ ਹੋਈ ਇਕਾਈ ਹਾਜ਼ਰ ਨਹੀਂ ਸੀ ਤੇ ਨਾ ਹੀ ਉਸ ਨੂੰ ਜ਼ਿਲੇ ਨੂੰ ਕੋਈ ਐਫੀਲੇਸ਼ਨ ਫੀਸ ਹੀ ਦਿੱਤੀ ਸੀ ।

## ਹੜ੍ਹਾਂ ਦੌਰਾਨ ਅਕਾਲੀ ਦਲ ਨੇ ਮੋਹਰੀ ਹੋ ਕੇ ਸੇਵਾ ਕੀਤੀ : ਜੋਗਾਵਰ ਸਿੰਘ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਜਿਸ ਦਿਨ ਤੋਂ ਪੰਜਾਬ ਵਿੱਚ ਹੜ੍ਹਾਂ ਦੀ ਮਾਰ ਵੱਜੀ ਹੈ, ਉਸ ਦਿਨ ਤੋਂ ਹੀ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚਾ ਅਕਾਲੀ ਦਲ ਅਜਨਾਲੇ ਹਲਕੇ ਵਿੱਚ ਜੋਧ ਸਿੰਘ ਸਮਰਾ ਦੀ ਅਗਵਾਈ ਹੇਠ ਦਿਨ ਰਾਤ ਸੇਵਾ ਕਰ ਰਿਹਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਅੱਜ ਅਜਨਾਲਾ ਦੇ ਮੇਨ ਚੌਂਕ ਵਿੱਚ ਮਸ਼ਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਸਪਰੇ ਕਰਵਾਉਣ ਦੀ ਸ਼ੁਰੂਆਤ ਕਰਦਿਆਂ ਕਹੇ। ਉਹਨਾਂ ਕਿਹਾ ਕਿਸ ਸਮੁੱਚਾ ਯੂਥ ਅਕਾਲੀ ਦਲ ਬਹੁਤ ਦਿਨਾਂ ਤੋਂ ਸ਼ਹਿਰੀ ਪ੍ਰਧਾਨ ਅਮੋਲਕ ਸਿੰਘ ਸ਼ਾਹ ਦੀ ਅਗਵਾਈ ਹੇਠ ਮੱਛਰ ਭਜਾਉਣ ਵਾਲੀਆਂ ਮਸ਼ੀਨਾਂ ਦੇ ਨਾਲ ਘਰ ਘਰ ਅਤੇ ਬਾਜ਼ਾਰਾਂ ਵਿੱਚ ਸਪਰੇ ਕਰ ਰਿਹਾ ਹੈ। ਉਹਨਾਂ ਕਿਹਾ ਕਿ ਅਕਾਲੀ ਨੇ ਸ਼ੁਰੂ ਤੋਂ ਹੀ ਪੰਜਾਬ ਦੀ ਸੇਵਾ ਕੀਤੀ ਹੈ ਅਤੇ ਇਸ ਆਫਤ ਦੌਰਾਨ ਵੀ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ। ਇਸ ਮੌਕੇ ਤਜਿੰਦਰ ਸਿੰਘ ਛਿੰਟੂ ਅਜਨਾਲਾ, ਤਲਵਿੰਦਰ ਸਿੰਘ ਪੁਰਬਾ, ਸਾਬਕਾ ਕੌਂਸਲਰ ਸਵਰਨ ਸਿੰਘ ਗੁਲਾਬ, ਰਸ਼ਪਾਲ ਸਿੰਘ ਕਾਲੀ, ਜਸਪਾਲ ਸਿੰਘ ਲਾਟੀ ਕੁਲਦੀਪ ਕੁਮਾਰ, ਪਵਿੱਤਰ ਸਿੰਘ ਫੈਂਸੀ ਆਦੀ ਹਾਜ਼ਰ ਸਨ।



## ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਵੱਲੋਂ ਮਿਸ਼ਨ ਚੜ੍ਹਦੀ ਕਲਾ 'ਚ ਢਾਈ ਲੱਖ ਰੁਪਏ ਦਾ ਯੋਗਦਾਨ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਆਪਣਾ ਹੱਥ ਵਧਾਇਆ ਅਤੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ 'ਮਿਸ਼ਨ ਚੜ੍ਹਦੀ ਕਲਾ' ਵਿੱਚ 2,50,000 ਰੁਪਏ ਦਾ ਯੋਗਦਾਨ ਪਾਇਆ। ਰੰਗਲਾ ਪੰਜਾਬ ਸੁਸਾਇਟੀ ਦੇ ਨਾਮ ਸਹਾਇਤਾ ਰਾਸ਼ੀ ਦਾ ਇਹ ਡਰਾਫ਼ਟ ਪ੍ਰਾਪਰਟੀ ਐਸੋਸੀਏਸ਼ਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੂੰ ਸੌਂਪਿਆ ਗਿਆ।ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਵੱਲੋਂ ਹੜ੍ਹ ਪੀੜਤਾਂ ਲਈ ਦੀ ਜੋ ਮਦਦ ਕੀਤੀ ਗਈ ਹੈ ਉਸ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦਾ ਧੰਨਵਾਦੀ ਹੈ।ਇਸ ਮੌਕੇ ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਦੇ ਪ੍ਰਧਾਨ ਅੰਕੁਸ਼ ਮਹਾਜਨ, ਜਨਰਲ ਸਕੱਤਰ ਅਨਿਲ ਮਹਾਜਨ, ਸਕੱਤਰ ਕੁਨਾਲ ਮਹਾਜਨ, ਖ਼ਜ਼ਾਨਚੀ ਗੁਲਸ਼ਨ, ਮੀਡੀਆ ਇੰਚਾਰਜ ਸਲਵਿੰਦਰ ਸਿੰਘ ਕਾਹਲੋਂ, ਕਲੋਨਾਈਜ਼ਰ ਰਾਜੀਵ ਗੁਪਤਾ, ਨਿਰਮਲ ਸਿੰਘ, ਰਮਨ ਸਿੰਘ, ਮਹਿੰਦਰਪਾਲ, ਉਪਦੇਸ਼ ਅਤਰੀ, ਨਿਤਿਨ ਜਗਾਲੀਆ, ਰਾਜੇਸ਼, ਅਮਰਿੰਦਰ ਸਿੰਘ ਆਦਿ ਹਾਜ਼ਰ ਸਨ।

## ਨਿੱਜੀ ਹੋਟਲ 'ਚੋਂ ਚਾਰ ਜੋੜੇ 'ਚ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਦੇ ਹਰਦੋਛੰਨੀਆ ਰੋਡ ਦੇ ਇੱਕ ਨਿੱਜੀ ਹੋਟਲ ਵਿੱਚੋਂ ਇਤਰਾਜ਼ਯੋਗ ਹਾਲਤ ਵਿੱਚ ਚਾਰ ਜੋੜਿਆਂ ਨੂੰ ਪੁਲਸ ਨੇ ਗ੍ਰਿਫਤਾਰ ਕੀਤਾ ਹੈ। ਸੀਨੀਅਰ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਪਿਛਲੇ ਦੋ ਦਿਨਾਂ ਤੋਂ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਹਰਦੋਛੰਨੀਆਂ ਰੋਡ 'ਤੇ ਇੱਕ ਘਰ ਅੰਦਰ ਬਣੇ ਹੋਟਲ ਵਿਚ ਨਜਾਇਜ਼ ਧੰਦਾ ਚੱਲ ਰਿਹਾ ਹੈ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਸ ਵਲੋਂ ਇੱਥੇ ਰੇਡ ਕੀਤਾ ਗਿਆ ਤਾਂ ਮੌਕੇ ਚਾਰ ਜੋੜਿਆਂ ਨੂੰ ਇਤਰਾਜ਼ਯੋਗ ਹਾਲਤ ਵਿੱਚ ਗ੍ਰਿਫਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਇਸ ਹੋਟਲ ਦੇ ਮਾਲਕ ਵੱਲੋਂ ਆਪਣੇ ਘਰ ਅੰਦਰ ਹੀ ਰੈਸਟੋਰੈਂਟ ਬਣਾਇਆ ਗਿਆ ਹੈ ਜਿਸ ਅੰਦਰ ਕਮਰੇ ਵੀ ਬਣਾਏ ਗਏ ਹਨ। ਉਨ੍ਹਾਂ ਕਿਹਾ ਇਹ ਹੋਟਲ ਰਿਹਾਇਸ਼ੀ ਖੇਤਰ ਅੰਦਰ ਹੈ ਜਿੱਥੋਂ ਦੇ ਲੋਕਾਂ ਵੱਲੋਂ 112 'ਤੇ ਫੋਨ ਕਰਕੇ ਸੂਚਨਾ ਦਿੱਤੀ ਗਈ ਸੀ ਕਿ ਇੱਥੇ ਨਜਾਇਜ਼ ਕੰਮ ਹੋ ਰਿਹਾ ਹੈ। ਉਨ੍ਹਾਂ ਕਿਹਾ ਚਾਰ ਜੋੜਿਆਂ ਨੂੰ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਅਤੇ ਹੋਟਲ ਮਾਲਕ ਖਿਲਾਫ ਵੀ ਬਣਦੀ ਕਾਰਵਾਈ ਕੀਤੀ ਜਾਵੇਗੀ।

## ਬਾਬਾ ਸ਼ੇਖ਼ ਫ਼ਰੀਦ ਦਾ ਆਗਮਨ ਪੁਰਬ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰਦੁਆਰਾ ਸਿੱਖ ਸੁਸਾਇਟੀ ਆਫ ਡੇਅਟਨ ਦੇ ਗੁਰੂ ਘਰ ਵਿਖੇ ਬੀਤੇ ਦਿਨ ਨੌਜੁਆਨ ਸਭਾ ਵਲੋਂ ਬਾਬਾ ਸ਼ੇਖ਼ ਫ਼ਰੀਦ ਜੀ ਦਾ ਆਗਮਨ ਪੁਰਬ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖੰਡ ਪਾਠ ਦੇ ਭੋਗ ਉਪਰੰਤ ਪਹਿਲਾਂ ਬੱਚਿਆਂ ਵਲੋਂ ਤੇ ਫਿਰ ਗੁਰੂ ਘਰ ਦੇ ਜਥੇ ਭਾਈ ਪ੍ਰੇਮ ਸਿੰਘ ਤੇ ਭਾਈ ਹੇਮ ਸਿੰਘ ਦੇ ਜਥੇ ਨੇ ਗੁਰਬਾਨੀ ਦਾ ਮਨੋਹਰ ਕੀਰਤਨ ਕੀਤਾ।ਡਾ. ਚਰਨਜੀਤ ਸਿੰਘ ਗੁਮਟਾਲਾ ਨੇ ਬਾਬਾ ਸ਼ੇਖ਼ ਫ਼ਰੀਦ ਜੀ ਦੇ ਜੀਵਨ 'ਤੇ ਚਾਨਣਾ ਪਾਇਆ। ਇਸ ਸਾਲ ਬਾਬਾ ਸ਼ੇਖ਼ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਪੰਜਾਬੀ ਭਾਸ਼ਾ ਦਿਵਸ ਦੇ ਤੌਰ 'ਤੇ ਸੰਸਾਰ ਵਿਚ ਮਨਾਇਆ ਗਿਆ ਕਿਉਂਕਿ ਬਾਬਾ ਸ਼ੇਖ਼ ਫ਼ਰੀਦ ਜੀ ਦੀ ਬਾਣੀ ਜੋ ਕਿ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਉਹ ਸਭ ਤੋਂ ਪੁਰਾਣੀ ਹੈ। ਇਸ ਬਾਰੇ ਗੁਮਟਾਲਾ ਨੇ ਚਾਨਣਾ ਪਾਇਆ ਤੇ ਸੰਗਤ ਨੂੰ ਅਪੀਲ ਕੀਤੀ ਕਿ ਅਮਰੀਕਾ ਵਿਚ ਰਹਿੰਦੇ ਹੋਏ ਸਾਨੂੰ ਆਪਣੇ ਬੱਚਿਆਂ ਨੂੰ ਗੁਰਮੁਖੀ ਜ਼ਰੂਰ ਪੜ੍ਹਾਉਣੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਪੰਜਾਬੀ ਪੜ੍ਹਨ ਤੇ ਲਿਖਣ ਦੀਆਂ ਕਲਾਸਾਂ ਲਗਦੀਆਂ ਹਨ। ਕੀਰਤਨ ਕਰਨਾ ਵੀ ਗੁਰੂ ਘਰ ਵਿਚ ਸਿਖਾਇਆ ਜਾਂਦਾ ਹੈ। ਉਸ ਵਿਚ ਵੀ ਬੱਚਿਆਂ ਨੂੰ ਹਿੱਸਾ ਲੈਣ ਲਈ ਨੂੰ ਉਤਸਾਹਿਤ ਕਰਨਾ ਚਾਹੀਦਾ ਹੈ। ਛੁੱਟੀਆਂ ਵਿਚ ਸਿੱਖ ਕੈਂਪ ਲਗਦੇ ਹਨ, ਉਹਨਾਂ ਵਿਚ ਵੀ ਹਿੱਸਾ ਲੈਣ ਲਈ ਬੱਚਿਆਂ ਨੂੰ ਭੇਜਣਾ ਚਾਹੀਦਾ ਹੈ ਤਾਂ ਜੁ ਉਹ ਸਿੱਖ ਧਰਮ ਬਾਰੇ ਤੇ ਸਿੱਖੀ ਰਹਿਣੀ ਬਾਰੇ ਜਾਚ ਸਮਝ ਸਕਨ।ਅਵਤਾਰ ਸਿੰਘ ਸਪਰਿੰਗਫ਼ੀਲਡ ਨੇ ਨੌਜੁਆਨ ਸਭਾ, ਸੰਗਤ, ਗੁਰੂ ਘਰ ਦੇ ਗ੍ਰੰਥੀ ਸਿੰਘਾਂ ਤੇ ਬੱਚਿਆਂ ਵਲੋਂ ਅਖੰਡ ਪਾਠ ਵਿਚ ਯੋਗਦਾਨ ਪਾਉਣ, ਕੀਰਤਨ ਕਰਨ, ਲੰਗਰ ਆਦਿ ਦੀ ਸੇਵਾ ਲਈ ਧੰਨਵਾਦ ਕੀਤਾ ।ਕਮੇਟੀ ਮੈਂਬਰ ਕਰਤਾਰ ਸਿੰਘ ਨੇ ਪੰਜਾਬ ਵਿਚ ਆਏ ਹੜ੍ਹਾਂ ਦੇ ਪੀੜਤ ਲੋਕਾਂ ਲਈ ਵੱਧ ਤੋਂ ਵੱਧ ਮਾਇਆ ਭੇਟ ਕਰਨ ਲਈ ਅਪੀਲ ਕੀਤੀ।



## ਨੌਸ਼ਹਿਰਾ ਢਾਲਾ 'ਚ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੀ ਟੀਮ ਨੇ ਕੀਤਾ ਦੌਰਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਨੌਸ਼ਹਿਰਾ ਢਾਲ੍ਹਾ 'ਚ ਜਾਤੀ ਵਿਤਕਰੇ ਅਤੇ ਪੱਖਪਾਤ ਹੋਣ ਦੀ ਸ਼ਿਕਾਇਤ ਮਿਲਣ 'ਤੇ ਜ਼ਮੀਨੀ ਪੱਧਰ ਤੇ ਘੋਖ ਕਰਨ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੀ ਟੀਮ ਨੇ ਪਿੰਡ ਦਾ ਦੌਰਾ ਕਰਕੇ ਪਿੰਡ ਦੇ ਗਰੀਬ ਪਰਿਵਾਰਾਂ ਦੇ ਬਿਆਨ ਕਲਮਬੰਦ ਕੀਤੇ।ਨੌਸ਼ਹਿਰਾ ਢਾਲਾ ਦੇ ਨੇੜਲੇ ਪਿੰਡਾਂ 'ਚੋਂ ਵੀ ਬੀਬੀਆਂ ਨੇ ਸ਼ਿਰਕਤ ਕੀਤੀ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਘ.ਗ.ਲ.ਭ.ਸ. ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਾਨੂੰ ਸ਼ਿਕਾਇਤਾਂ ਮਿਲੀਆਂ ਸਨ ਕਿ ਇਥੇ ਲੋਕਾਂ ਨੂੰ ਕਣਕ ਮਿਲਣ 'ਚ ਦਿੱਕਤ ਆ ਰਹੀ ਹੈ।ਯੋਗ ਲਾਭਪਤਰੀਆਂ ਦੇ ਨਾਮ ਕੱਟ ਦਿੱਤੇ ਗਏ ਹਨ। ਗਿੱਲ ਨੇ ਦੱਸਿਆ ਕਿ ਸਾਡੀ ਕੋਸ਼ਿਸ਼ ਹੈ ਕਿ ਪਿੰਡ ਨੌਸ਼ਹਿਰਾ ਢਾਲ੍ਹਾ 'ਚ ਵਸਨੀਕਾਂ ਨੂੰ ਮੁੜ ਕਲਿਆਣਕਾਰੀ ਯੋਜਨਾਵਾਂ ਦੇ ਲਾਭ-ਪਾਤਰੀ ਬਣਾਇਆ ਜਾਵੇ। ਉਨ੍ਹਾਂ ਨੇ ਦੱਸਿਆ ਕਿ ਪ੍ਰਧਾਨ ਸਤਨਾਮ ਸਿੰਘ ਗਿੱਲ, ਲੋਕ ਸੰਪਰਕ ਅਫਸਰ ਅੰਮ੍ਰਿਤਪਾਲ ਸਿੰਘ ਸ਼ਾਹਪੁਰ, ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਕਲਿਆਣ, ਕੌਮੀ ਜਨਰਲ ਸਕੱਤਰ ਸੰਦੀਪ ਸਿੰਘ ਰਾਜੂ ਅਤੇ ਅਟਾਰੀ ਤੋਂ ਪ੍ਰਧਾਨ ਲਖਵਿੰਦਰ ਸਿੰਘ ਰੋੜਾਂਵਾਲੀ ਨੇ ਗਰੀਬੀ ਦੀ ਰੇਖਾ ਤੋਂ ਹੇਠਾਂ ਰਹਿ ਰਹੇ ਪਰਿਵਾਰਾਂ ਨਾਲ ਸਾਨੂੰ ਮਿਲਾਇਆ ਹੈ।ਉਨ੍ਹਾਂ ਨੇ ਦੱਸਿਆ ਕਿ ਪੈਨਸ਼ਨ, ਸ਼ਗਨ ਸ਼ਕੀਮ, ਕਣਕ ਨਾ ਮਿਲਣ, ਕੋਠਿਆਂ ਤੋਂ ਪ੍ਰਭਾਵਿਤ, ਵਜੀਫਿਆਂ ਦੇ ਚਾਹਵੰਦ ਲੋਕਾਂ ਦੀ ਗੱਲ ਹਮਦਰਦੀ ਨਾਲ ਸੁਣੀ ਗਈ ਹੈ।ਇਸ ਮੌਕੇ ਹਰਜੀਤ ਕੌਰ, ਸਰਬਜੀਤ ਕੌਰ, ਬਲਜੀਤ ਕੌਰ, ਗੁਰਮੇਲ ਸਿੰਘ ਜੋਧਾ, ਬਾਪੂ ਗੋਪਾਲ ਸਿੰਘ ਉਮਰਾਨੰਗਲ ਆਦਿ ਹਾਜ਼ਰ ਸਨ।




## ਸ਼ੈਰੀ ਕਲਸੀ ਨੇ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ

**ਨੌਸ਼ਹਿਰਾ ਮੱਝਾ ਸਿੰਘ/ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਨੌਸ਼ਹਿਰਾ ਮੱਝਾ ਸਿੰਘ ਦੇ ਵਾਸੀਆਂ ਦੀ ਦਹਾਕਿਆਂ ਪੁਰਾਣੀ ਮੰਗ ਪੂਰੀ ਕੀਤੀ ਹੈ। ਉਨ੍ਹਾਂ ਵਲੋਂ ਅੱਜ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਸੀਵਰੇਜ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡ ਵਾਸੀਆਂ ਦੱਸਿਆ ਹੈ ਕਿ ਲਗਭਗ ਦੇਸ਼ ਆਜਾਦ ਹੋਣ ਤੋਂ ਬਾਅਦ ਇਥੇ ਸੀਵਰੇਜ ਪਾਉਣ ਦਾ ਕੰਮ ਨਹੀਂ ਕਰਵਾਇਆ ਗਿਆ ਸੀ ਅਤੇ ਲੋਕ ਬਹੁਤ ਮਾੜੇ ਹਾਲਾਤ ਵਿੱਚ ਜੀਵਨ ਬਸਰ ਕਰ ਰਹੇ ਸਨ। ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪਹਿਲੇ ਪੜਾਅ ਵਿੱਚ 50 ਲੱਖ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਇਆ ਗਿਆ ਹੈ ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਕਰੀਬ 1 ਕਰੋੜ ਰੁਪਏ ਦੀ ਲਾਗਤ ਨਾਲ ਕਸਬਾ ਨੌਸ਼ਹਿਰਾ ਮੱਝਾ ਸਿੰਘ ਵਿਖੇ ਲੋਕਾਂ ਨੂੰ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਸਪਲਾਈ ਦਾ ਕੰਮ ਕਰਵਾਇਆ ਗਿਆ ਹੈ।ਇਸ ਮੌਕੇ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ ਨੇ ਵਿਧਾਇਕ ਸ਼ੈਰੀ ਕਲਸੀ ਦਾ ਪਿੰਡ ਵਾਸੀਆਂ ਵਲੋਂ ਧੰਨਵਾਦ ਕਰਦਿਆਂ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਪਿੰਡ ਵਾਲਿਆਂ ਨੂੰ ਵੱਡੀ ਰਾਹਤ ਮਿਲੀ ਹੈ। ਇਸ ਮੌਕੇ ਬਾਬਾ ਕਿਰਪਾਲ ਸਿੰਘ ਜੀ ਚੰਡੀਗੜ੍ਹ ਵਾਲਿਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਪਿੰਡ ਵਾਸੀਆਂ ਨੂੰ ਇਹ ਵੱਡ ਆਕਾਰੀ ਤੋਹਫਾ ਦੇਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰੀ ਸੰਗਤ ਤਰਫੋਂ ਉਨ੍ਹਾਂ ਦਾ ਧੰਨਵਾਦ ਕਰਦੇ ਹਨ।ਇਸ ਮੌਕੇ ਮਨਦੀਪ ਸਿੰਘ ਗਿੱਲ ਜ਼ਿਲ੍ਹਾ ਯੂਥ ਪ੍ਰਧਾਨ ਗੁਰਦਾਸਪੁਰ, ਬਾਬਾ ਕਿਰਪਾਲ ਸਿੰਘ ਜੀ ਚੰਡੀਗੜ੍ਹ ਵਾਲੇ, ਐਸ.ਡੀ.ਓ ਰਛਪਾਲ ਸਿੰਘ, ਕੁਲਦੀਪ ਸਿੰਘ ਜੱਜ, ਕੇਵਲ ਸਿੰਘ ਲਾਡੀ, ਜਸਪ੍ਰੀਤ ਸਿੰਘ ਜੱਸ, ਮੰਗਲਜੀਤ ਸਿੰਘ ਸਰਪੰਚ ਅਠਵਾਲ, ਹੈਪੀ ਸਰਪੰਚ ਸੁਚੇਤਗੜ੍ਹ, ਰਾਜਬੀਰ ਸਿੰਘ ਸਰਪੰਚ ਨੌਸ਼ਹਿਰਾ ਮੱਝਾ ਸਿੰਘ, ਕੈਪਟਨ ਨਰਿੰਦਰ ਸਿੰਘ ਰਾਮਪੁਰ, ਹਰਮੀਤ ਸਿੰਘ ਸਰਪੰਚ ਚੂਹੜ ਚੱਕ, ਰਾਕੇਸ਼ ਸੁਚੇਤਗੜ੍ਹ, ਸਰਬਜੀਤ ਸੰਤ ਨਗਰ, ਸੁਖਵਿੰਦਰ ਸਿੰਘ ਬੰਟੀ, ਅਮਨਦੀਪ ਸਿੰਘ ਗਿੱਲ, ਹੈਪੀ ਮੋਮਨ, ਰਾਜਬੀਰ ਸਿੰਘ ਅਤੇ ਗੁਰਦੀਪ ਸਿੰਘ ਸਮੇਤ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।



## ਜਮਾਤ ਅਹਿਮਦੀਆ ਦੇ ਪੰਜਵੇਂ ਖਲੀਫਾ ਨੇ ਲੰਡਨ ਤੋਂ ਕੀਤਾ ਸੰਬੋਧਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਸਲਿਮ ਜਮਾਤ ਅਹਿਮਦੀਆ ਦੇ ਪ੍ਰੈੱਸ ਸਕੱਤਰ ਮੌਲਾਨਾ ਕੇ ਤਾਰਿਕ ਅਹਿਮਦ ਨੇ ਜਾਰੀ ਪ੍ਰੈਸ ਰਿਲੀਜ਼ ਰਾਹੀਂ ਦੱਸਿਆ ਕਿ ਮੁਸਲਿਮ ਜਮਾਤ ਅਹਿਮਦੀਆ ਦੇ ਪੰਜਵੇਂ ਰੂਹਾਨੀ ਖਲੀਫਾ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਨੇ ਆਪਣੇ ਸੰਬੋਧਨ ਰਾਹੀਂ ਦੱਸਿਆ ਹੈ ਕਿ ਸਾਨੂੰ ਉਸ ਪਵਿੱਤਰ ਖੁਦਾ ਦੀ ਇਬਾਦਤ ਬਿਨਾਂ ਕਿਸੇ ਇਨਾਮ ਦੇ ਲਾਲਚ ਤੋਂ ਬਿਨਾਂ ਕਰਨੀ ਚਾਹੀਦੀ ਹੈ। ਮਜਲਿਸ ਅਨੁਸਾਰ ਉਲ੍ਹਾਹ ਲੰਡਨ ਦੇ ਸਲਾਨਾ ਸਮਾਰੋਹ ਨੂੰ ਸੰਬੋਧਨ ਕਰਦਿਆਂ ਆਪ ਨੇ ਫਰਮਾਇਆ ਕਿ ਇੱਕ ਨਿਸਚਿਤ ਉਮਰ ਵਿੱਚ ਲੋਕ ਇਹ ਸੋਚਣਾ ਸ਼ੁਰੂ ਕਰ ਦਿੰਦੇ ਹਨ ਕਿ ਉਹਨਾਂ ਨੇ ਇੰਨੀ ਸੇਵਾ ਕੀਤੀ ਹੈ, ਇਸ ਲਈ ਉਹ ਕੁਝ ਇਨਾਮ ਦੇ ਹੱਕਦਾਰ ਹਨ। ਉਹਨਾਂ ਨੂੰ ਚਾਹੀਦਾ ਹੈ ਕਿ ਇਹ ਸਿਰਫ ਦੁਨਿਆਵੀ ਇਨਾਮ ਹੁੰਦੇ ਹਨ ਜੋ ਉਹ ਲੱਭ ਰਹੇ ਹੁੰਦੇ ਹਨ। ਆਪ ਨੇ ਫਰਮਾਇਆ ਕਿ ਅੱਲਾਹ ਦੀ ਇਬਾਦਤ ਵਿੱਚ ਇਸ ਤਰ੍ਹਾਂ ਲੀਨ ਹੋ ਜਾਵੋ ਕਿ ਉਸ ਸਰਬ ਸ਼ਕਤੀਮਾਨ ਖੁਦਾ ਵੱਲੋਂ ਬਖਸ਼ੇ ਜਾਣ ਵਾਲੇ ਇਨਾਮ ਦੇ ਹੱਕਦਾਰ ਬਣੋ। ਮੁਸਲਿਮ ਜਮਾਤ ਅਹਿਮਦੀਆ ਵਿੱਚ 40 ਸਾਲ ਤੋਂ ਉੱਪਰ ਦੇ ਲੋਕਾਂ ਨੂੰ ਅਨਸਾਰ ਉਲ੍ਹਾਹ ਕਿਹਾ ਜਾਂਦਾ ਹੈ। ਆਪ ਜੀ ਨੇ ਫਰਮਾਇਆ ਕਿ ਕਿਉਂਕਿ ਉਮਰ ਦੇ ਇਸ ਹਿੱਸੇ ਵਿੱਚ ਮੈਂ ਅਨਸਾਰ ਉਲ੍ਹਾਹ ਦੇ ਮੈਂਬਰਾਂ ਨੂੰ ਕਹਿੰਦਾ ਹਾਂ ਕਿ ਉਹਨਾਂ ਨੂੰ ਆਪਣੇ ਇਸ ਅਨੁਭਵ ਜਾਂ ਸੇਵਾ ਦੇ ਕਾਰਨ ਕੋਈ ਅਜਿਹੀ ਸੋਚ ਉਤਪੰਨ ਹੋਵੇ ਤਾਂ ਉਹਨਾਂ ਨੂੰ ਅਜਿਹੀ ਸੋਚ ਨੂੰ ਛੱਡ ਦੇਣਾ ਚਾਹੀਦਾ ਹੈ ਅਤੇ ਅੱਲਾਹ ਵੱਲੋਂ ਇਨਾਮ ਪ੍ਰਾਪਤ ਕਰਨ ਦੀ ਕੋਸ਼ਿਸ਼ਾਂ ਵਿੱਚ ਲੱਗੇ ਰਹਿਣਾ ਚਾਹੀਦਾ ਹੈ।



## ਐਚ ਡੀ ਐਫ ਸੀ ਬੈਂਕ ਦੀ ਮੁੱਖ ਅਰਥ ਸ਼ਾਸਤਰੀ ਨੇ ਆਰ ਬੀ ਆਈ ਦੇ ਮੁਦਰਾ ਨੀਤੀ 'ਤੇ ਕੀਤੀ ਟਿੱਪਣੀ

**ਜਲੰਧਰ** : ਵਧਦੀਆਂ ਵਿਸ਼ਵਵਿਆਪੀ ਅਨਿਸ਼ਚਿਤਤਾਵਾਂ ਦੇ ਵਿਚਕਾਰ, ਜੀ.ਐਸ.ਟੀ. ਕਟੌਤੀ ਦੇ ਸਮਰਥਨ ਦੇ ਨਾਲ, ਆਰ ਬੀ ਆਈ ਨੇ ਇੱਕ ਸੰਤੁਲਿਤ ਨੀਤੀਗਤ ਰੁਖ਼ ਪੇਸ਼ ਕੀਤਾ, ਨੀਤੀਗਤ ਦਰਾਂ ਨੂੰ ਬਿਨਾਂ ਕਿਸੇ ਬਦਲਾਅ ਦੇ ਰੱਖਿਆ। ਜਦੋਂ ਕਿ ਕੇਂਦਰੀ ਬੈਂਕ ਨੇ ਇਸ ਨੀਤੀ ਵਿੱਚ ਧੀਰਜ ਵਾਲਾ ਰੁਖ਼ ਅਪਣਾਇਆ, ਹੋਰ ਡੇਟਾ ਸਪੱਸ਼ਟਤਾ ਦੀ ਉਡੀਕ ਕੀਤੀ, ਇਸ ਨੇ ਇਹ ਵੀ ਸਵੀਕਾਰ ਕੀਤਾ ਕਿ ਘਰੇਲੂ ਮੁਦਰਾ ਸਫੀਤੀ ਵਿੱਚ ਲਗਾਤਾਰ ਨਰਮੀ ਨੂੰ ਦੇਖਦੇ ਹੋਏ, ਨੀਤੀਗਤ ਦਰਾਂ ਵਿੱਚ ਹੋਰ ਨਰਮੀ ਲਈ ਜਗ੍ਹਾ ਬਚੀ ਹੈ। ਆਉਣ ਵਾਲੇ ਮਹੀਨਿਆਂ ਵਿੱਚ ਟੈਰਿਫ ਮੋਰਚੇ 'ਤੇ ਕੋਈ ਹੱਲ ਜਾਂ ਹੋਰ ਵਾਧਾ ਨਾ ਹੋਣ ਦੀ ਸੂਰਤ ਵਿੱਚ, ਅਸੀਂ ਐਫ ਵਾਈ ਬੀ ਐਫ ਵਿੱਚ 5% ਦੀ ਟਰਮੀਨਲ ਨੀਤੀਗਤ ਦਰ ਦਾ ਰਸਤਾ ਦੇਖਦੇ ਹਾਂ। ਅਸੀਂ ਐਫ ਵਾਈ ਬੀ ਐਫ ਵਿੱਚ ਜੀ.ਡੀ.ਪੀ. ਵਿਕਾਸ ਔਸਤਨ 6.6% ਅਤੇ ਮੁਦਰਾ ਸਫੀਤੀ ਔਸਤਨ 2.5% ਹੋਣ ਦਾ ਅਨੁਮਾਨ ਲਗਾਉਂਦੇ ਹਾਂ।

## ਹਰੇਕ ਰੈੱਡ ਰਿਬਨ ਕਲੱਬ ਘੱਟ ਤੋਂ ਘੱਟ ਇੱਕ ਖ਼ੂਨਦਾਨ ਕੈਂਪ ਜ਼ਰੂਰ ਲਗਾਵੇ : ਪ੍ਰੀਤ ਕੋਹਲੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਯੁਵਕ ਸੇਵਾਵਾਂ ਵਿਭਾਗ ਤਰਨ ਤਾਰਨ ਦੇ ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਜ਼ਿਲ੍ਹੇ ਦੇ ਰੈਡ ਰੀਬਨ ਕਲੱਬਾਂ ਦੇ ਸਮੂਹ ਪ੍ਰੋਗਰਾਮ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਹਰੇਕ ਸੰਸਥਾ ਸੈਸ਼ਨ 2025-26 ਦੌਰਾਨ ਘੱਟ ਤੋਂ ਘੱਟ ਇਕ ਖ਼ੂਨਦਾਨ ਕੈਂਪ ਜ਼ਰੂਰ ਲਗਾਏ। ਉਹ ਸਥਾਨਕ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵਿਖੇ ਰੈਡ ਰੀਬਨ ਕਲੱਬਾਂ ਦੀ ਐਡਵੋਕੇਸੀ ਮੀਟਿੰਗ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਸਮੂਹ ਰੈਡ ਰਿਬਨ ਕਲੱਬਾਂ ਦੇ ਪ੍ਰੋਗਰਾਮ ਅਫ਼ਸਰਾਂ, ਪ੍ਰਤੀਨਿਧੀਆਂ ਨੂੰ ਮੁੱਖ ਦਫ਼ਤਰ ਤੋਂ ਪ੍ਰਾਪਤ ਗ੍ਰਾਂਟ ਵੀ ਵੰਡੀ ਗਈ ਅਤੇ ਜ਼ਿਲ੍ਹੇ ਦੇ ਰੈਡ ਰੀਬਨ ਕਲੱਬਾਂ ਨੂੰ 2025-26 ਦੌਰਾਨ ਕੀਤੇ ਜਾਣ ਵਾਲੇ ਕੰਮਾਂ ਤੋਂ ਜਾਣੂ ਕਰਵਾਇਆ ਗਿਆ।ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਨੇ 2024-25 ਸੈਸ਼ਨ ਦੌਰਾਨ ਕਰਵਾਈਆਂ ਗਈਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ, ਉਥੇ ਸਾਲ 2025-26 ਦੌਰਾਨ ਰੈਡ ਰੀਬਨ ਕਲੱਬਾਂ ਤਹਿਤ ਹੋਣ ਵਾਲੀਆਂ ਗਤੀਵਿਧੀਆਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਇਸ ਸਮਾਗਮ ਦੌਰਾਨ ਜ਼ਿਲ੍ਹਾ ਤਰਨ ਤਾਰਨ ਦੇ 10 ਰੈਡ ਰੀਬਨ ਨੋਡਲ ਅਫ਼ਸਰਾਂ ਤੋਂ ਇਲਾਵਾ 25 ਤੋਂ ਵੱਧ ਵੱਖ-ਵੱਖ ਕਾਲਜਾਂ ਦੇ ਪੀਅਰ ਐਜੂਕੇਟਰ ਵੀ ਹਾਜ਼ਰ ਸਨ।ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਕਿਹਾ ਕਿ 1 ਤੋਂ 15 ਸਤੰਬਰ 2025 ਵਿਚਕਾਰ ਨੂੰ ਜ਼ਿਲ੍ਹਾ ਪੱਧਰੀ ਰੀਲ ਮੇਕਿੰਗ ਮੁਕਾਬਲੇ ਕਰਵਾਏ ਗਏ ਸਨ । ਉਸ ਰੀਲ ਮੇਕਿੰਗ ਮੁਕਾਬਲੇ ਵਿਚ ਪਹਿਲੇ ਸਥਾਨ 'ਤੇ ਮਾਝਾ ਕਾਲਜ ਫਾਰ ਵਿਮਨ ਦੀ ਗੁਰਲੀਨ ਕੌਰ, ਦੂਜੇ 'ਤੇ ਕੋਮਲਰੂਪ ਦੀ ਟੀਮ ਗੁਰੂ ਅੰਗਦ ਦੇਵ ਕਾਲਜ ਆਫ਼ ਐਜੂਕੇਸ਼ਨ ਖਡੂਰ ਸਾਹਿਬ ਅਤੇ ਤੀਜੇ ਸਥਾਨ 'ਤੇ ਵੀ ਗੁਰੂ ਅੰਗਦ ਦੇਵ ਕਾਲਜ ਆਫ਼ ਐਜੂਕੇਸ਼ਨ ਖਡੂਰ ਸਾਹਿਬ ਦੀ ਕਿਰਨਦੀਪ ਕੌਰ ਦੀ ਟੀਮ ਰਹੀ। ਜਿਨ੍ਹਾਂ ਨੂੰ ਕ੍ਰਮਵਾਰ 3000, 2000, 1000 ਨਗਦ ਦੇ ਕੇ ਨਿਵਾਜਿਆ ਗਿਆ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਾਲ 2024-25 ਦੇ ਕੰਮਾਂ ਦੇ ਅਧਾਰ 'ਤੇ ਜ਼ਿਲ੍ਹੇ ਦੇ 4 ਬੈਸਟ ਰੈੱਡ ਰੀਬਨ ਕਲੱਬ ਚੁਣੇ ਗਏ, ਜਿਹਨਾਂ ਜਿਹਨਾਂ ਵਿਚ ਪ੍ਰੋ. ਅਵਨੀਤ ਕੌਰ, ਮਾਝਾ ਕਾਲਜ ਫਾਰ ਵਿਮਨ ਤੋਂ, ਪ੍ਰੋ. ਜਸਦੇਵ ਸਿੰਘ ਭੁੱਲਰ ਐਨ ਡੀ ਯੂ ਕਾਲਜ ਪੱਟੀ ਤੋਂ, ਪ੍ਰੋ. ਕੰਵਲਪ੍ਰੀਤ ਕੌਰ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਤੋਂ ਅਤੇ ਪ੍ਰੋ. ਗਗਨਦੀਪ ਕੌਰ ਗੁਰੂ ਅੰਗਦ ਦੇਵ ਕਾਲਜ ਆਫ਼ ਐਜੂਕੇਸਨ ਖਡੂਰ ਸਾਹਿਬ ਨੂੰ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਨਿਵਾਜਿਆ ਗਿਆ ।ਉਨ੍ਹਾਂ ਕਿਹਾ ਕਿ ਇਸ ਮੌਕੇ ਪੰਜਾਬ ਏਡਜ ਕੰਟਰੋਲ ਸੁਸਾਇਟੀ ਤੋ ਡਾ ਕਿਰਨਬੀਰ ਕੌਰ , ਦਿਵਿਆ ਕਾਲੀਆ ਪ੍ਰੋਜੈਕਟ ਡਾਇਰੈਕਟਰ ਅਤੇ ਸੁਖਦੇਵ ਸਿੰਘ ਕੌਂਸਲਰ ਸਵਾਮੀ ਵਿਵੇਕਾਨੰਦ ਮੈਡੀਕਲ ਮਿਸ਼ਨ ਤਰਨ ਤਾਰਨ ਅਤੇ ਟੀਮ ਦੇ ਸਹਿਯੋਗ ਨਾਲ ਆਏ ਹੋਏ ਨੋਡਲ ਅਫ਼ਸਰਾਂ ਨੂੰ ਐਚ. ਆਈ. ਵੀ. ਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਇਸ ਮੌਕੇ ਡਾ. ਜਸਬੀਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਸਰਹਾਲੀ ਵੱਲੋਂ ਸਮੂਹ ਮਹਿਮਾਨਾਂ ਦਾ ਸਨਮਾਨ ਕੀਤਾ ਗਿਆ। ਪ੍ਰੋਗਰਾਮ ਦੀ ਤਿਆਰੀ ਕਾਲਜ ਦੇ ਐਨ ਸੀ ਸੀ ਇੰਚਾਰਜ ਜਸਪਾਲ ਸਿੰਘ ਵੱਲੋਂ ਕੀਤੀ ਗਈ । ਇਸ ਮੌਕੇ ਪਿੰਡ ਖੇਮਕਰਨ ਦੇ 2 ਰੈਡ ਰੀਬਨ ਯੂਥ ਕਲੱਬਾਂ ਤੋਂ ਸੰਦੀਪ ਮਸੀਹ ਅਤੇ ਵਿਕਟਰ ਵੀ ਹਾਜ਼ਰ ਸਨ। ਇਸ ਮੌਕੇ ਜ਼ਿਲ੍ਹੇ ਦੇ ਸਮੂਹ ਕਾਲਜਾਂ ਦੇ ਨੋਡਲ ਅਫਸਰਾਂ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।



## ਖ਼ਾਲਸਾ ਕਾਲਜ ਦੀਆਂ 2 ਵਿਦਿਆਰਥਣਾਂ ਦੀ ਸਕਾਲਰਸ਼ਿਪ ਲਈ ਚੋਣ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਨਾਲ ਢਾਹਾਂ ਐਵਾਰਡ ਕਮੇਟੀ ਵੱਲੋਂ ਇਕ ਸਮਝੌਤਾ ਕੀਤਾ ਗਿਆ ਹੈ, ਜਿਸ ਤਹਿਤ ਆਉਣ ਵਾਲੇ 3 ਸਾਲਾਂ 'ਚ ਹਰ ਸਾਲ ਐੱਮ. ਏ. ਪੰਜਾਬੀ ਸਮੈਸਟਰ ਪਹਿਲਾ ਦੇ 2 ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਦੀ ਚੋਣ ਕਰਕੇ 2 ਸਾਲਾਂ ਲਈ ਢਾਹਾਂ ਐਵਾਰਡ ਰਾਸ਼ੀ ਸਕਾਲਰਸ਼ਿਪ ਵਜੋਂ ਪ੍ਰਦਾਨ ਕੀਤੀ ਜਾਵੇਗੀ। ਇਸੇ ਸਮਝੌਤੇ ਤਹਿਤ ਕਾਲਜ ਦੀਆਂ ਵਿਦਿਆਰਥਣਾਂ ਨਵਦੀਪ ਕੌਰ ਅਤੇ ਲਵਪ੍ਰੀਤ ਕੌਰ ਦੀ ਚੋਣ ਕੀਤੀ ਗਈ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਦੱਸਿਆ ਕਿ ਕਾਲਜ ਵੱਲੋਂ ਉਕਤ ਵਿਦਿਆਰਥਣਾਂ ਦੀ ਚੋਣ ਸਬੰਧੀ ਢਾਹਾਂ ਐਵਾਰਡ ਕਮੇਟੀ ਨੂੰ ਜਾਣਕਾਰੀ ਭੇਜੀ ਗਈ ਜਿਸ ਦੇ ਆਧਾਰ 'ਤੇ ਉਪਰੋਕਤ ਕਮੇਟੀ ਵੱਲੋਂ ਵਿਦਿਆਰਥਣਾਂ ਦੇ ਬੈਂਕ ਖਾਤਿਆਂ 'ਚ ਸਿੱਧੇ ਤੌਰ 'ਤੇ ਢਾਹਾਂ ਸਕਾਲਰਸ਼ਿਪ ਦੀ 1-1 ਲੱਖ ਰੁਪਏ ਰਾਸ਼ੀ ਪਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਸਾਹਿਤ 'ਚ ਸਭ ਤੋਂ ਵੱਡੀ ਰਾਸ਼ੀ ਵਾਲੇ ਸਨਮਾਨ ਵਜੋਂ ਜਾਣੇ ਜਾਂਦੇ ਢਾਹਾਂ ਪੁਰਸਕਾਰ ਦੇ ਸੰਸਥਾਪਕ ਬਰਜਿੰਦਰ ਸਿੰਘ ਢਾਹਾਂ ਅਤੇ ਹਰਿੰਦਰ ਕੌਰ ਢਾਹਾਂ ਵੱਲੋਂ ਜਿੱਥੇ ਸਥਾਪਿਤ ਅਤੇ ਨਵੇਂ ਲੇਖਕਾਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ਉਥੇ ਹੁਣ ਉਨ੍ਹਾਂ ਵੱਲੋਂ ਪੰਜਾਬ ਦੇ ਨੌਜਵਾਨਾਂ ਨੂੰ ਪੰਜਾਬੀ ਭਾਸ਼ਾ ਅਤੇ ਸਾਹਿਤ ਦੀ ਉਚੇਰੀ ਸਿੱਖਿਆ ਵੱਲ ਉਤਸ਼ਾਹਿਤ ਕਰਨ ਲਈ ਇਕ-ਇਕ ਲੱਖ ਰੁਪਏ ਦੀ ਸਾਲਾਨਾ ਢਾਹਾਂ ਲੁਮੀਨੇਰੀਜ਼ ਸਕਾਲਰਸ਼ਿਪ ਦੇਣ ਦਾ ਫ਼ੈਸਲਾ ਕੀਤਾ ਹੈ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਸ ਕਾਰਜ ਲਈ ਢਾਹਾਂ ਕਮੇਟੀ ਵੱਲੋਂ ਕਾਲਜ ਨਾਲ ਇਕ ਸਮਝੌਤਾ ਕੀਤਾ ਗਿਆ ਹੈ ਜਿਸ ਤਹਿਤ ਆਉਣ ਵਾਲੇ ਤਿੰਨ ਸਾਲਾਂ 'ਚ ਹਰ ਸਾਲ ਐੱਮ. ਏ. ਪੰਜਾਬੀ ਸਮੈਸਟਰ ਪਹਿਲਾ ਦੇ ਦੋ ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ 2 ਸਾਲਾਂ ਲਈ ਢਾਹਾਂ ਐਵਾਰਡ ਰਾਸ਼ੀ ਦਿੱਤੀ ਜਾਣੀ ਹੈ। ਉਨ੍ਹਾਂ ਕਿਹਾ ਕਿ ਸਮਝੌਤੇ ਤਹਿਤ ਸੈਸ਼ਨ 2025-26 ਲਈ ਵਿਭਾਗ ਵੱਲੋਂ ਡਾ. ਹੀਰਾ ਸਿੰਘ ਦੀ ਅਗਵਾਈ 'ਚ ਇਕ ਕਮੇਟੀ ਬਣਾ ਕੇ ਚਾਹਵਾਨ ਵਿਦਿਆਰਥੀਆਂ ਦਾ ਟੈਸਟ ਲਿਆ ਗਿਆ ਅਤੇ ਇੰਟਰਵਿਊ ਕੀਤੀ ਗਈ ਜਿਸ 'ਚੋਂ ਨਵਦੀਪ ਕੌਰ ਅਤੇ ਲਵਪ੍ਰੀਤ ਕੌਰ ਦੀ ਚੋਣ ਕੀਤੀ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਚੋਣ ਸਬੰਧੀ ਢਾਹਾਂ ਕਮੇਟੀ ਨੂੰ ਜਾਣਕਾਰੀ ਭੇਜੀ ਗਈ ਉਪਰੰਤ ਉਨ੍ਹਾਂ ਨੇ ਦੋਹਾਂ ਵਿਦਿਆਰਥੀਆਂ ਦੇ ਬੈਂਕ ਖਾਤਿਆਂ 'ਚ ਸਿੱਧੇ ਤੌਰ 'ਤੇ ਸਕਾਲਰਸ਼ਿਪ ਵਜੋਂ 1-1 ਲੱਖ ਰੁਪਏ ਦੀ ਰਾਸ਼ੀ ਪਾ ਦਿੱਤੀ ਗਈ ਹੈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਅਤੇ ਪੰਜਾਬੀ ਵਿਭਾਗ ਮੁਖੀ ਡਾ. ਪਰਮਿੰਦਰ ਸਿੰਘ ਨੇ ਢਾਹਾਂ ਕਮੇਟੀ ਦਾ ਇਸ ਐਵਾਰਡ ਲਈ ਕਾਲਜ ਨੂੰ ਚੁਣਨ ਸਬੰਧੀ ਧੰਨਵਾਦ ਕਰਦਿਆਂ ਕਿਹਾ ਕਿ ਕਮੇਟੀ ਨਾਲ ਸਮਝੌਤੇ ਤਹਿਤ ਜਿੱਥੇ ਇਨ੍ਹਾਂ ਵਿਦਿਆਰਥੀਆਂ ਨੂੰ ਅਗਲੇ ਸਾਲ ਵੀ ਇੰਨੀ ਹੀ ਰਾਸ਼ੀ ਮਿਲੇਗੀ, ਉਥੇ ਅਗਲੇ ਸਾਲ ਐਮ. ਏ. ਪੰਜਾਬੀ ਸਮੈਸਟਰ ਪਹਿਲਾ 'ਚ ਦਾਖ਼ਲ ਹੋਣ ਵਾਲੇ ਵਿਦਿਆਰਥੀਆਂ 'ਚੋਂ ਦੋ ਹੋਰ ਵਿਦਿਆਰਥੀਆਂ ਦੀ ਇਸ ਸਕਾਲਰਸ਼ਿਪ ਲਈ ਚੋਣ ਕੀਤੀ ਜਾਵੇਗੀ।




ਨਵਾਂ ਜ਼ਮਾਨਾ
ਸ਼ੁੱਕਰਵਾਰ, 3 ਅਕਤੂਬਰ 2025

# ਡਿਜੀਟਲ ਲਤ ਤੋਂ ਛੁਟਕਾਰਾ

*ਜਾਪਾਨ ਦੇ ਸ਼ਹਿਰ ਟੋਇਓਆਕੇ ਦੇ ਮੇਅਰ ਮਾਸਾਫੂਮੀ ਕੋਉਕੀ ਨੇ ਮੋਬਾਇਲ ਫੋਨ, ਟੈਬਲੇਟ ਜਾਂ ਕੰਪਿਊਟਰ ਦੀ ਵਰਤੋਂ ਰੋਜ਼ਾਨਾ ਸਿਰਫ ਦੋ ਘੰਟੇ ਤੱਕ ਕਰਨ ਦਾ ਆਦੇਸ਼ ਦਿੱਤਾ ਹੈ। ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਨੂੰ ਰਾਤ 9 ਵਜੇ ਤੇ ਅੱਲ੍ਹੜਾਂ ਨੂੰ ਰਾਤ 10 ਵਜੇ ਤੋਂ ਬਾਅਦ ਸਕਰੀਨ ਤੋਂ ਦੂਰੀ ਬਣਾਉਣ ਲਈ ਕਿਹਾ ਗਿਆ ਹੈ। ਇਹ ਨਿਯਮ ਜ਼ਬਰਦਸਤੀ ਲਾਗੂ ਨਹੀਂ ਕੀਤਾ ਜਾਵੇਗਾ, ਇਸ ਦੀ ਪਾਲਣਾ ਲਈ ਕੋਈ ਸਜ਼ਾ ਤੈਅ ਨਹੀਂ ਕੀਤੀ ਗਈ, ਸਗੋਂ ਇਸ ਲਈ ਲੋਕਾਂ ਨੂੰ ਪ੍ਰੇਰਿਆ ਜਾਵੇਗਾ। ਇਹ ਨਿਯਮ ਬੱਚਿਆਂ ਤੇ ਅੱਲ੍ਹੜਾਂ ਦੀ ਵਿਗੜਦੀ ਸਿਹਤ ਦੇ ਮੱਦੇਨਜ਼ਰ ਬਣਾਇਆ ਗਿਆ ਹੈ। ਸਕਰੀਨ ਨਾਲ ਚਿੰਬੜੇ ਰਹਿਣ ਕਰਕੇ ਅੱਖਾਂ ਥੱਕਦੀਆਂ ਹਨ, ਨੀਂਦ ਵਿੱਚ ਕਮੀ ਆਉਂਦੀ ਹੈ ਤੇ ਮਾਨਸਿਕ ਸਿਹਤ ਪ੍ਰਭਾਵਤ ਹੁੰਦੀ ਹੈ। ਨਾਲ ਹੀ ਮੋਬਾਇਲ ਕਾਰਨ ਪਰਵਾਰਕ ਗੱਲਬਾਤ ਘੱਟ ਹੋ ਰਹੀ ਹੈ ਤੇ ਰਿਸ਼ਤਿਆਂ ਵਿੱਚ ਦੂਰੀ ਵਧ ਰਹੀ ਹੈ। ਸੋਚ ਹੈ ਕਿ ਮੋਬਾਇਲ ਦੀ ਵਰਤੋਂ ਘੱਟ ਕਰਨ ਨਾਲ ਨਾ ਸਿਰਫ ਸਿਹਤ ਵਿੱਚ ਸੁਧਾਰ ਹੋਵੇਗਾ, ਸਗੋਂ ਮਾਨਸਿਕ ਤੇ ਸਰੀਰਕ ਪ੍ਰੇਸ਼ਾਨੀਆਂ ਤੋਂ ਵੀ ਬਚਾਅ ਹੋਵੇਗਾ। ਅੱਜਕੱਲ੍ਹ ਪੜ੍ਹਾਈ, ਸ਼ਾਪਿੰਗ, ਗੇਮਿੰਗ ਤੇ ਮਨੋਰੰਜਨ ਤੱਕ ਮੋਬਾਇਲ 'ਤੇ ਸ਼ਿਫਟ ਹੋ ਗਏ ਹਨ। ਇਸੇ ਕਰਕੇ ਟੋਕਿਓਆਕੇ ਸ਼ਹਿਰ ਨੇ ਸਕਰੀਨ ਟਾਈਮ ਘੱਟ ਕਰਨ ਲਈ ਨਿਯਮ ਬਣਾਇਆ ਹੈ। ਹੁਣ ਕੰਮ ਤੇ ਪੜ੍ਹਾਈ ਦੇ ਇਲਾਵਾ ਸਕਰੀਨ ਟਾਈਮ ਸਿਰਫ ਦੋ ਘੰਟੇ ਹੀ ਹੋਵੇਗਾ। ਮੇਅਰ ਦਾ ਕਹਿਣਾ ਹੈ ਕਿ ਇਹ ਨਿਯਮ ਸਿਰਫ ਸਿਹਤ ਉਪਾਅ ਹੈ, ਇਸ ਦਾ ਉਦੇਸ਼ ਲੋਕਾਂ ਨੂੰ ਜਾਗਰੂਕ ਕਰਨਾ ਹੈ। ਨਿਯਮ ਦੀ ਉਲੰਘਣਾ ਕਰਨ 'ਤੇ ਕੋਈ ਜੁਰਮਾਨਾ ਨਹੀਂ ਲੱਗੇਗਾ। ਇਸ ਦਾ ਮਕਸਦ ਸਿਰਫ ਇਹ ਹੈ ਕਿ ਲੋਕ ਰੋਜ਼ਾਨਾ ਦੀ ਦੌੜ-ਭੱਜ ਤੇ ਨੀਂਦ ਬਾਰੇ ਸੋਚਣ। ਇਸ ਨਾਲ ਪਰਵਾਰਕ ਜੀਆਂ ਵਿਚਾਲੇ ਗੱਲਬਾਤ ਵਧੇਗੀ ਅਤੇ ਮੋਬਾਇਲ 'ਤੇ ਸਮਾਂ ਘਟਾਉਣ ਨਾਲ ਲੋਕ ਇੱਕ-ਦੂਜੇ ਨਾਲ ਵੱਧ ਸਮਾਂ ਬਿਤਾ ਸਕਣਗੇ।*

*ਹਾਲਾਂਕਿ ਕਈ ਲੋਕ ਮੰਨਦੇ ਹਨ ਕਿ ਨਗਰ ਪਾਲਿਕਾ ਦਾ ਦਖਲ ਠੀਕ ਨਹੀਂ, ਪਰ ਕਈ ਲੋਕ ਇਸ ਨੂੰ ਪਰਵਾਰਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਦਾ ਮੌਕਾ ਮੰਨ ਰਹੇ ਹਨ। ਜਾਪਾਨ ਦੇ ਇਸ ਸ਼ਹਿਰ ਤੋਂ ਪਹਿਲਾਂ ਆਸਟਰੇਲੀਆ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਸੋਸ਼ਲ ਮੀਡੀਆ 'ਤੇ ਪਾਬੰਦੀ ਲਾ ਚੁੱਕਾ ਹੈ ਤੇ ਦੱਖਣੀ ਕੋਰੀਆ ਨੇ ਸਕੂਲਾਂ ਵਿੱਚ ਡਿਜੀਟਲ ਉਪਕਰਣਾਂ 'ਤੇ ਰੋਕ ਲਾਈ ਹੈ। ਜਾਪਾਨੀ ਸ਼ਹਿਰ ਦੇ ਮੇਅਰ ਨੇ ਇਹ ਕਦਮ ਉਦੋਂ ਚੁੱਕਿਆ ਹੈ, ਜਦੋਂ ਦੁਨੀਆ-ਭਰ ਦੀਆਂ ਸਰਕਾਰਾਂ ਡਿਜੀਟਲ ਲਤ ਤੇ ਸਿਹਤ 'ਤੇ ਇਸ ਦੇ ਪ੍ਰਭਾਵਾਂ ਨੂੰ ਲੈ ਕੇ ਵਧ ਰਹੀਆਂ ਚਿੰਤਾਵਾਂ ਨਾਲ ਨਿੱਬੜਨ ਲਈ ਸੰਘਰਸ਼ ਕਰ ਰਹੀਆਂ ਹਨ। ਮੁਕੰਮਲ ਪਾਬੰਦੀ ਜਾਂ ਸਖਤ ਕਾਨੂੰਨਾਂ ਨਾਲ ਕੋਈ ਸਮੱਸਿਆ ਹੱਲ ਨਹੀਂ ਹੁੰਦੀ, ਇਸ ਕਰਕੇ ਜਾਪਾਨੀ ਸ਼ਹਿਰ ਦੇ ਮੇਅਰ ਦੀ ਲੋਕਾਂ ਨੂੰ ਪਤਿਆ ਕੇ ਡਿਜੀਟਲ ਲਤ ਛੁਡਾਉਣ ਦੀ ਸੋਚ ਸਹੀ ਕਦਮ ਜਾਪਦੀ ਹੈ।*

# ਵਿਸ਼ਵ ਅੰਦਰ ਵਿਕਸਤ ਆਰਥਕ ਵਿਵਸਥਾਵਾਂ


ਪਵਨ ਕੁਮਾਰ ਕੌਸ਼ਲ

ਸਭ ਤੋਂ ਮਹਤੱਵਪੂਰਨ ਹੈ ਫਾਸ਼ੀਵਾਦ ਅਤੇ ਲੋਕਤੰਤਰ ਦੇ ਵਿਚਕਾਰ ਸਾਰੇ ਨਕਾਬਾਂ ਹੇਠ, ਸਾਨੂੰ ਸ਼ੋਸ਼ਣ ਕਰਨ ਵਾਲੇ ਗੁਲਾਮ-ਮਾਲਕਾਂ ਅਤੇ ਲੁਟੇਰੀਆਂ ਜਮਾਤਾਂ ਵਿੱਚ ਫਰਕ ਜਾਨਣ ਦੀ ਲੋੜ ਹੈ।

ਪੂੰਜੀਵਾਦ ਦਾ ਇਤਿਹਾਸ ਸੁਭਾਵਿਕ ਤੌਰ 'ਤੇ ਗੁਲਾਮੀ ਨਾਲ ਜੁੜਿਆ ਅਤੇ ਬੰਨ੍ਹਿਆ ਹੋਇਆ ਹੈ; ਕਿਉਂਕਿ ਪੂੰਜੀਵਾਦ ਨਿਰੰਤਰ ਅਤੇ ਨਿਰੰਤਰ ਹਰ ਚੀਜ਼ ਨੂੰ ਵਸਤੂ ਬਣਾਉਣ ਅਤੇ ਮੁਨਾਫ਼ਾ ਕਮਾਉਣ ਦਾ ਉਦੇਸ਼ ਰੱਖਦਾ ਹੈ, ਕੁਝ ਵੀ ਪਵਿੱਤਰ ਜਾਂ ਸੀਮਾ ਤੋਂ ਬਾਹਰ ਨਹੀਂ ਹੋ ਸਕਦਾ। ਇਸ ਲਈ ਲੋਕਾਂ ਦੇ ਸਰੀਰ, ਜੀਵਨ ਅਤੇ ਲਿੰਗ ਸਭ ਨੂੰ ਸਭ ਤੋਂ ਵੱਧ ਅਮਾਨਵੀ ਅਤੇ ਦੁਰਵਿਹਾਰਕ ਤਰੀਕੇ ਨਾਲ ਵਸਤੂ ਬਣਾਇਆ ਜਾਂਦਾ ਹੈ। ਰਾਸ਼ਟਰੀ ਮੁਕਤੀ ਅੰਦੋਲਨ ਸ਼ਾਂਤੀ ਲਈ ਸੰਘਰਸ਼ ਅਤੇ ਸਾਮਰਾਜਵਾਦ ਦੇ ਤਖਤੇ ਨੂੰ ਉਖਾੜਨ ਵਿੱਚ ਇੱਕ ਸਰਗਰਮ ਕਾਰਕ ਹੈ।

'ਆਧੁਨਿਕ ਯੁੱਧ ਸਾਮਰਾਜਵਾਦ ਤੋਂ ਪੈਦਾ ਹੋਇਆ ਹੈ। ਯੁੱਧ ਪੂੰਜੀਵਾਦ ਦੀ ਇੱਕ ਅਟੱਲ ਪੈਦਾਵਾਰ ਹੈ। ਪੂੰਜੀਵਾਦ ਇਸ ਉੱਚਤਮ ਪੜਾਅ 'ਤੇ ਪਹੁੰਚ ਗਿਆ ਹੈ। ਸਮਾਜ ਦੀਆਂ ਉਤਪਾਦਕ ਸ਼ਕਤੀਆਂ ਅਤੇ ਪੂੰਜੀ ਦੇ ਮਾਪ ਵੱਖਰੇ ਰਾਸ਼ਟਰੀ ਰਾਜਾਂ ਦੇ ਤੰਗ ਢਾਂਚੇ ਤੋਂ ਬਾਹਰ ਹੋ ਗਏ ਹਨ। ਇਸ ਲਈ ਮਹਾਂ-ਸ਼ਕਤੀਆਂ ਦਾ ਦੂਜੇ ਦੇਸ਼ਾਂ ਨੂੰ ਗੁਲਾਮ ਬਣਾਉਣ, ਕੱਚੇ ਮਾਲ ਦੇ ਸਰੋਤਾਂ ਅਤੇ ਪੂੰਜੀ ਦੇ ਨਿਰਯਾਤ ਲਈ ਸਥਾਨਾਂ ਵਜੋਂ ਕਲੋਨੀਆਂ ਨੂੰ ਆਪਣੇ ਕਬਜ਼ੇ ਵਿੱਚ ਕਰਨ ਦਾ ਯਤਨ। ਸਾਰਾ ਸੰਸਾਰ ਇੱਕ ਆਰਥਿਕ ਜੀਵ ਵਿੱਚ ਰਲ ਰਿਹਾ ਹੈ। ਸਾਰਾ ਸੰਸਾਰ ਮੁੱਠੀ ਭਰ ਮਹਾਂ-ਸ਼ਕਤੀਆਂ ਵਿੱਚ ਵੰਡਿਆ ਹੋਇਆ ਹੈ। ਸਮਾਜਵਾਦ ਲਈ ਬਾਹਰਮੁਖੀ ਹਾਲਾਤ ਪੂਰੀ ਤਰ੍ਹਾਂ ਪਰਿਪਕ ਹੋ ਗਏ ਹਨ ਅਤੇ ਮੌਜੂਦਾ ਯੁੱਧ ਪੂੰਜੀਵਾਦ ਦੇ ਢਹਿਣ ਨੂੰ ਮੁਲਤਵੀ ਕਰਨ ਲਈ ਵਿਸ਼ੇਸ਼ ਅਧਿਕਾਰਾਂ ਅਤੇ ਏਕਾਧਿਕਾਰ ਲਈ ਪੂੰਜੀਪਤੀਆਂ ਦਾ ਯੁੱਧ ਹੈ।'

**ਸਮਾਜਵਾਦੀ ਸਮਾਜ ਹੀ ਮਨੁੱਖਤਾ ਨੂੰ ਯੁੱਧਾਂ ਤੋਂ ਬਚਾਏਗਾ**

ਜੰਗਾਂ ਕੱਚੇ ਮਾਲ ਅਤੇ ਬਾਜ਼ਾਰਾਂ (ਮਾਰਕਿਟਾਂ) ਨੂੰ ਜਿੱਤਣ ਲਈ ਲੜੀਆਂ ਜਾਂਦੀਆਂ ਹਨ। ਸਾਮਰਾਜੀ ਤਾਕਤਾਂ ਵਲੋਂ ਇਹ 'ਨੀਤੀ' ਜਾਰੀ ਰੱਖੀ ਜਾ ਰਹੀ ਹੈ। ਬਹੁਤ ਸਾਰੇ ਮਾਮਲਿਆਂ ਵਿੱਚ ਦੇਸ਼ਾਂ ਦੇ ਆਪਸੀ ਟਕਰਾਅ ਵਿੱਚ ਹੋਣ ਤੇ ਤੁਰੰਤ ਆਰਥਿਕ ਲਾਭਾਂ ਨੂੰ ਸਮਝਣਾ ਮੁਸ਼ਕਲ ਹੋ ਸਕਦਾ ਹੈ। ਹਾਲਾਂਕਿ, ਜੋ ਦੇਖਿਆ ਜਾ ਸਕਦਾ ਹੈ, ਉਹ ਜਮਾਤੀ ਹਿੱਤ ਹਨ, ਜੋ ਸਾਰੇ ਟਕਰਾਵਾਂ ਦੇ ਕੇਂਦਰ ਵਿੱਚ ਹੁੰਦੇ ਹਨ, ਸ਼ਾਂਤੀ ਦੇ ਸਮੇਂ ਅਤੇ ਯੁੱਧ ਵਿੱਚ।

ਇਹ ਉਹ ਜਮਾਤੀ ਹਿੱਤ ਹਨ, ਜਿਨ੍ਹਾਂ ਪ੍ਰਤੀ ਸਾਨੂੰ ਆਪਣੀ ਚਿੰਤਾ ਕਰਨੀ ਚਾਹੀਦੀ ਹੈ। ਪੂੰਜੀਵਾਦੀ ਦੇਸ਼ਾਂ ਵਿਚਕਾਰ ਬਾਜ਼ਾਰਾਂ, ਕੱਚੇ ਮਾਲ ਜਾਂ ਪ੍ਰਭਾਵ ਦੇ ਖੇਤਰਾਂ 'ਤੇ ਕਬਜ਼ਾ ਕਰਨ ਲਈ ਜੰਗਾਂ ਵਿੱਚ, ਭਾਵੇਂ ਵੱਡੀਆਂ ਸ਼ਕਤੀਆਂ ਦੁਆਰਾ ਲੜੀਆਂ ਜਾਣ ਜਾਂ ਜਿਵੇਂ ਕਿ ਅੱਜ ਅਕਸਰ ਵੱਡੀਆਂ ਕੌਮਾਂ ਦੇ ਪ੍ਰੌਕਸੀ ਯੁੱਧ ਵਜੋਂ ਕੰਮ ਕਰਨ ਵਾਲੀਆਂ ਛੋਟੀਆਂ ਸ਼ਕਤੀਆਂ ਦੁਆਰਾ ਕੁਝ ਵੀ ਪ੍ਰਗਤੀਸ਼ੀਲ ਨਹੀਂ ਮਿਲਦਾ। ਅਜਿਹੀਆਂ ਜੰਗਾਂ ਸਾਰੇ ਪਾਸਿਆਂ ਤੋਂ ਪ੍ਰਤੀਕਿਰਿਆਸ਼ੀਲ ਹਨ।

ਮਾਰਕਸਵਾਦੀ, ਪੂੰਜੀਵਾਦੀ ਹਾਕਮ ਜਮਾਤ ਦੁਆਰਾ ਚਲਾਈ ਗਈ ਕਿਸੇ ਵੀ ਜੰਗ ਦਾ ਵਿਰੋਧ ਕਰਦੇ ਹਨ। ਮਜ਼ਦੂਰ ਜਮਾਤ ਨੂੰ ਸ਼ਾਂਤੀ ਦੇ ਸਮੇਂ ਜਾਂ ਜੰਗ ਵਿੱਚ ਪੂੰਜੀਵਾਦ ਤੋਂ ਬਰਬਾਦੀ ਤੋਂ ਬਿਨਾਂ ਹੋਰ ਕੁਝ ਹਾਸਲ ਨਹੀਂ ਹੁੰਦਾ। ਮਾਨਵਤਾ ਦੇ ਭਵਿੱਖ ਬਾਰੇ "ਕਾਰਲ ਮਾਰਕਸ ਦੀ ਭਵਿੱਖਬਾਣੀ ਕਿ ਮਨੁੱਖਤਾ ਦਾ ਭਵਿੱਖ ਜਾਂ ਤਾਂ 'ਸਮਾਜਵਾਦ ਜਾਂ ਬਰਬਰਤਾ' ਹੋਵੇਗਾ, ਇਹ ਹੁਣ ਇੱਕ ਭਿਆਨਕ ਸਿੱਟੇ 'ਤੇ ਪਹੁੰਚਦੀ ਜਾਪਦੀ ਹੈ।

ਪੂੰਜੀਵਾਦ ਯੁੱਧ ਲਈ ਸਦਾ ਤਿਆਰ ਰਹਿੰਦਾ ਹੈ। ਮਜ਼ਦੂਰ ਜਮਾਤ ਦੀ ਮਿਹਨਤ ਤੋਂ ਪ੍ਰਾਪਤ ਮੁਨਾਫ਼ਿਆਂ ਲਈ ਨਿਰੰਤਰ ਸੰਘਰਸ਼ ਵਿੱਚ ਵੱਖ-ਵੱਖ ਸਾਮਰਾਜੀ ਸ਼ਕਤੀਆਂ ਵੱਖ-ਵੱਖ ਰੂਪਾਂ ਦੇ ਹਥਿਆਰਬੰਦ ਟਕਰਾਅ ਵਿੱਚ ਸ਼ਾਮਲ ਹੁੰਦੀਆਂ ਹਨ।

1914-18 ਦੀ ਪਹਿਲੀ ਵਿਸ਼ਵ ਜੰਗ ਸਾਮਰਾਜੀ ਤਾਕਤਾਂ ਵਿਸ਼ਵ ਦੀਆਂ ਮੰਡੀਆਂ ਦੀ ਵੰਡ ਲਈ ਸੀ। ਇਸ ਜੰਗ ਵਿੱਚ ਕੋਈ 90 ਲੱਖ ਲੋਕ ਮਾਰੇ ਗਏ ਸਨ। ਫਿਰ ਵੀ ਸਿਰਫ਼ 21 ਸਾਲਾਂ ਬਾਅਦ ਦੂਜਾ ਅਤੇ ਹੋਰ ਵੀ ਭਿਆਨਕ ਟਕਰਾਅ ਸ਼ੁਰੂ ਹੋ ਗਿਆ। 1939 ਅਤੇ 1945 ਦੇ ਵਿਚਕਾਰ 550 ਲੱਖ ਲੋਕ ਮਾਰੇ ਗਏ ਸਨ ਅਤੇ ਸੱਭਿਅਤਾ ਖੁਦ ਹੀ ਵਿਨਾਸ਼ ਦੇ ਕੰਢੇ 'ਤੇ ਆ ਗਈ ਸੀ।

ਦੂਜਾ ਵਿਸ਼ਵ ਯੁੱਧ ਸਟਾਲਿਨਵਾਦੀ ਰੂਸ ਅਤੇ ਨਾਜ਼ੀ ਜਰਮਨੀ ਵਿਚਕਾਰ ਇੱਕ ਵਿਸ਼ਾਲ ਟਕਰਾਅ ਬਣ ਗਿਆ, ਜਿਸ ਵਿੱਚ ਆਰਥਿਕ ਯੋਜਨਾਬੰਦੀ ਦੀ ਉੱਤਮਤਾ, ਜੜ੍ਹਾਂ ਵਿੱਚ ਰਾਜ ਦੀ ਜਮਾਤੀ ਪ੍ਰਕਿਰਤੀ ਅਤੇ ਅੰਤ ਵਿੱਚ ਇਹ ਇੱਕੋ ਇੱਕ ਵਿਸ਼ੇਸ਼ਤਾ ਸੀ, ਜੋ ਸਟਾਲਿਨ ਦੇ ਸ਼ਾਸਨ ਨੂੰ ਹਿਟਲਰ ਦੇ ਸ਼ਾਸਨ ਤੋਂ ਵੱਖਰਾ ਕਰਦੀ ਸੀ। ਜਿੱਤੀ ਲਾਲ ਫੌਜ ਨੇ ਵੇਹਮਰਾਕਟ ਨੂੰ ਬਰਲਿਨ ਵਾਪਸ ਭਜਾ ਦਿੱਤਾ। ਸਾਡੀ ਅਸਲ ਲੜਾਈ ਗਲੋਬਲ ਕੁਲੀਨ ਵਰਗ ਨਾਲ ਹੈ।

ਜਿਵੇਂ ਕਿ ਭੂ-ਰਾਜਨੀਤਕ ਵਿਵਸਥਾ ਨੂੰ ਤੇਜ਼ੀ ਨਾਲ ਕੁਲੀਨ ਵਰਗ ਦੇ ਹਿੱਤਾਂ ਦੀ ਬਿਹਤਰ ਸੇਵਾ ਲਈ ਮੁੜ ਆਕਾਰ ਦਿੱਤਾ ਜਾ ਰਿਹਾ ਹੈ, ਇਸ ਵਿਸ਼ੇ 'ਤੇ ਲਿਖਣ ਵਾਲੇ ਜ਼ਿਆਦਾਤਰ ਵਿਸ਼ਲੇਸ਼ਕ ਬ੍ਰਿਕਸ (ਬ੍ਰਾਜ਼ੀਲ, ਰੂਸ, ਭਾਰਤ, ਚੀਨ ਅਤੇ ਦੱਖਣੀ ਅਫਰੀਕਾ ਹਾਲ ਹੀ ਵਿੱਚ ਮਿਸਰ, ਇਥੋਪੀਆ, ਇੰਡੋਨੇਸ਼ੀਆ, ਈਰਾਨ ਅਤੇ ਸੰਯੁਕਤ ਅਰਬ ਅਮੀਰਾਤ) ਨੂੰ ਕਿਸੇ ਕਿਸਮ ਦੇ 'ਵਿਕਲਪ' ਵਜੋਂ ਸਮਝਣ ਵਿੱਚ ਡੁੱਬੇ ਹੋਏ ਹਨ। 'ਬ੍ਰਿਕਸ' 9 ਨਵੇਂ ਭਾਈਵਾਲ ਦੇਸ਼ਾਂ ਨਾਲ ਫੈਲਦਾ ਜਾ ਰਿਹਾ ਹੈ। ਹੁਣ ਇਹ ਦੁਨੀਆ ਦੀ ਅੱਧੀ ਆਬਾਦੀ ਹੈ, ਵਿਸ਼ਵ ਅਰਥ ਵਿਵਸਥਾ ਦਾ 41 ਫੀਸਦੀ ਹਿੱਸਾ ਬਣਦਾ ਹੈ।

ਵਿੱਤੀ ਪੂੰਜੀਵਾਦ ਦੀਆਂ ਸ਼ਕਤੀਆਂ ਦਾ ਇੱਕ ਹੋਰ ਦੂਰਗਾਮੀ ਉਦੇਸ਼ ਸੀ, ਨਿੱਜੀ ਹੱਥਾਂ ਵਿੱਚ ਵਿੱਤੀ ਨਿਯੰਤਰਣ ਦੀ ਇੱਕ ਵਿਸ਼ਵ ਪ੍ਰਣਾਲੀ ਬਣਾਉਣ ਤੋਂ ਘੱਟ ਹੋਰ ਕੁਝ ਨਹੀਂ, ਜੋ ਹਰੇਕ ਦੇਸ਼ ਦੀ ਰਾਜਨੀਤਕ ਪ੍ਰਣਾਲੀ ਅਤੇ ਪੂਰੀ ਦੁਨੀਆ ਦੀ ਆਰਥਿਕਤਾ 'ਤੇ ਹਾਵੀ ਹੋਣ ਦੇ ਯੋਗ ਹੋਵੇ। ਇਸ ਪ੍ਰਣਾਲੀ ਨੂੰ ਜਗੀਰੂ ਢੰਗ ਨਾਲ ਦੁਨੀਆ ਦੇ ਕੇਂਦਰੀ ਬੈਂਕਾਂ ਦੁਆਰਾ ਨਿਯੰਤਰਿਤ ਕੀਤਾ ਜਾਣਾ ਸੀ, ਜੋ ਅਕਸਰ ਨਿੱਜੀ ਮੀਟਿੰਗਾਂ ਅਤੇ ਕਾਨਫਰੰਸਾਂ ਵਿੱਚ ਹੋਏ ਗੁਪਤ ਸਮਝੌਤਿਆਂ ਦੁਆਰਾ ਇਕੱਠੇ ਕੰਮ ਕਰਦੇ ਸਨ। ਪ੍ਰਣਾਲੀ ਦਾ ਸਿਖਰ ਬਾਸਲ, ਸਵਿਟਜ਼ਰਲੈਂਡ ਵਿੱਚ ਅੰਤਰਰਾਸ਼ਟਰੀ ਬੰਦੋਬਸਤਾਂ ਲਈ ਬੈਂਕ ਹੋਣਾ ਸੀ, ਇੱਕ ਨਿੱਜੀ ਬੈਂਕ ਜਿਸ ਦੀ ਮਲਕੀਅਤ ਅਤੇ ਨਿਯੰਤਰਿਤ ਦੁਨੀਆ ਦੇ ਕੇਂਦਰੀ ਬੈਂਕ ਸਨ, ਜੋ ਖੁਦ ਨਿੱਜੀ ਕਾਰਪੋਰੇਸ਼ਨ ਸਨ।

ਅਮਰੀਕਾ ਉਨ੍ਹਾਂ ਦੇਸ਼ਾਂ, ਜਿਹੜੇ ਰੂਸ ਤੋਂ ਕੱਚਾ ਤੇਲ ਲੈਣ ਤੋਂ ਰੋਕਣ ਲਈ ਵਾਧੂ ਟੈਰਿਫਾਂ ਨੂੰ ਲਗਾਉਣ ਨਾਲ ਦੁਨੀਆ ਦੇ ਸਾਰੇ ਦੇਸ਼ਾਂ ਦੀਆਂ ਅਰਥ ਵਿਵਸਥਾਵਾਂ ਨੂੰ ਨੁਕਸਾਨ ਪਹੁਚਾਉਣਾ ਚਾਹੁੰਦਾ। ਅਮਰੀਕਾ ਦੇ ਕੁਝ ਕੁ ਕੁਲੀਨ ਵਰਗਾਂ ਦੁਆਰਾ ਪੂਰੀ ਵਿਸ਼ਵ ਵਪਾਰ ਪ੍ਰਣਾਲੀ ਨੂੰ ਤਬਾਹ ਕਰਨ ਅਤੇ ਇਸ ਦੇ ਨਾਲ ਵਿਸ਼ਵ ਅਰਥਕ ਵਿਵਸਥਾ ਨੂੰ ਤਬਾਹ ਕਰਨ ਦੀ ਕੋਸ਼ਿਸ਼ ਵਜੋਂ ਸਭ ਤੋਂ ਉਤਮ ਤੌਰ 'ਤੇ ਦੇਖਿਆ ਜਾਂਦਾ ਹੈ।

ਉਹ ਇਹ ਯੁੱਧ ਵੀਅਤਨਾਮ ਵਰਗੇ ਛੋਟੇ ਦੇਸ਼ਾਂ ਤੋਂ ਸ਼ੁਰੂ ਕਰਦੇ ਹਨ, ਜਿਨ੍ਹਾਂ ਕੋਲ ਆਰਥਿਕ ਪੈਮਾਨੇ ਅਤੇ ਤਕਨੀਕੀ ਸੂਝ-ਬੂਝ ਦੀ ਘਾਟ ਹੈ ਅਤੇ ਜਿਨ੍ਹਾਂ ਦੇ ਸਰਕਾਰੀ ਅਧਿਕਾਰੀਆਂ ਨੂੰ ਆਸਾਨੀ ਨਾਲ ਰਿਸ਼ਵਤ ਦਿੱਤੀ ਜਾ ਸਕਦੀ ਹੈ ਅਤੇ ਡਰਾਇਆ-ਧਮਕਾਇਆ ਜਾ ਸਕਦਾ ਹੈ। ਉਹ ਇਹਨਾਂ ਦੇਸ਼ਾਂ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਅਤੇ ਉਹਨਾਂ ਨੂੰ ਵਰਚੁਅਲ ਗੁਲਾਮ ਰਾਜਾਂ ਵਿੱਚ ਬਣਾਉਣ ਦਾ ਇਰਾਦਾ ਰੱਖਦੇ ਹਨ। ਉਹ ਭੁੱਲ ਗਏ ਹਨ ਕਿ ਇਹ ਵੀਅਤਨਾਮ ਯੁੱਧ ਵਿਚ ਖਹਿੜਾ ਛਡਾਉਣਾ ਮੁਸ਼ਕਲ ਹੋ ਗਿਆ ਸੀ।

ਟੈਰਿਫ ਅਸਲ ਵਿੱਚ ਕੀ ਹਨ, ਤਾਂ ਯਾਦ ਰੱਖੋ ਕਿ ਕੋਵਿਡ ਦੇ ਦਹਿਸ਼ਤ ਦੇ ਰਾਜ ਦੌਰਾਨ ਕੀ ਹੋਇਆ ਸੀ। ਏਅਰਲਾਈਨਾਂ, ਹਵਾਈ ਅੱਡੇ, ਹੋਟਲ, ਰੈਸਟੋਰੈਂਟ ਅਤੇ ਸਭ ਤੋਂ ਵੱਡੇ ਦੇਸ਼ਾਂ ਲਈ ਬਹੁਤ ਸਾਰੀ ਅਰਥ ਵਿਵਸਥਾ ਸਮਾਜਿਕ ਦੂਰੀ ਅਤੇ ਤਾਲਾਬੰਦੀ ਲਈ ਬੰਦ ਕਰ ਦਿੱਤੀ ਗਈ ਸੀ ਅਤੇ ਸਾਲਾਂ ਲਈ ਬੰਦ ਕਰ ਦਿੱਤੀ ਗਈ ਸੀ। ਇਸ ਦਾ ਮਤਲਬ ਫਾਰਚੂਨ 500 ਕੰਪਨੀਆਂ ਲਈ ਸੈਂਕੜੇ ਅਰਬਾਂ ਦਾ ਨੁਕਸਾਨ ਸੀ, ਜਿਨ੍ਹਾਂ ਕੋਲ ਸਾਰੀਆਂ ਵੱਡੀਆਂ ਸਰਕਾਰਾਂ ਵਿੱਚ ਉੱਚ ਪੱਧਰਾਂ 'ਤੇ ਲਾਬਿਸਟ ਅਤੇ ਸੰਚਾਲਕ ਹਨ। ਇਸ ਦਾ ਮਤਲਬ ਸੀ ਕਿ ਬਹੁਤ ਅਮੀਰ ਲੋਕਾਂ ਲਈ ਇੱਕ ਜਾਲ੍ਹੀ ਮਹਾਂਮਾਰੀ ਦਾ ਸਮਰਥਨ ਕਰਨ ਲਈ ਅਰਬਾਂ ਦਾ ਨੁਕਸਾਨ।

ਇਹ ਅਰਬਪਤੀ ਸਾਰੇ ਵਿਕਲਪਕ ਅਤੇ ਸਾਜ਼ਿਸ਼ੀ ਸਿਧਾਂਤਕਾਰਾਂ ਨੂੰ ਪੈਸੇ ਵੰਡ ਰਹੇ ਹਨ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਵਿੱਚੋਂ ਕੋਈ ਵੀ ਅਸਲ ਵਿੱਚ ਲੋਕਾਂ ਨੂੰ ਉੱਚ ਸਿਖਲਾਈ ਪ੍ਰਾਪਤ ਅਤੇ ਅਨੁਸ਼ਾਸਿਤ ਸਮੂਹਾਂ ਵਿੱਚ ਸੰਗਠਿਤ ਕਰਨਾ ਸ਼ੁਰੂ ਨਾ ਕਰ ਸਕੇ ਅਤੇ ਕੋਈ ਵੀ ਅਸਲ ਵਿੱਚ ਇਹ ਨਾ ਸਮਝੇ ਕਿ ਅਸਲ ਯੋਜਨਾ ਕੀ ਹੈ। ਵਿਕਲਪਕ ਅਤੇ ਸਾਜ਼ਿਸ਼ੀ ਮੀਡੀਆ ਅੱਜਕੱਲ੍ਹ ਇੱਕ ਵੱਡੀ ਮੂਰਖਤਾ ਪੂਰਨ ਭਟਕਣਾ ਵਿੱਚ ਡਿੱਗ ਗਿਆ ਹੈ।

ਯੁੱਧ ਪੂੰਜੀਵਾਦ ਦਾ ਇੱਕ ਅਟੱਲ ਉਤਪਾਦ ਹੈ। ਪੂੰਜੀਵਾਦ ਇਸ ਉੱਚਤਮ ਪੜਾਅ 'ਤੇ ਪਹੁੰਚ ਗਿਆ ਹੈ। ਸਮਾਜ ਦੀਆਂ ਉਤਪਾਦਕ ਸ਼ਕਤੀਆਂ ਅਤੇ ਪੂੰਜੀ ਦੇ ਮਾਪ ਵੱਖਰੇ ਰਾਸ਼ਟਰੀ ਰਾਜਾਂ ਦੇ ਤੰਗ ਢਾਂਚੇ ਤੋਂ ਬਾਹਰ ਹੋ ਗਏ ਹਨ। ਇਸ ਲਈ ਇਨ੍ਹਾਂ ਮਹਾਂ-ਸ਼ਕਤੀਆਂ ਦਾ ਦੂਜੇ ਦੇਸ਼ਾਂ ਨੂੰ ਗੁਲਾਮ ਬਣਾਉਣ, ਕੱਚੇ ਮਾਲ ਦੇ ਸਰੋਤਾਂ ਅਤੇ ਪੂੰਜੀ ਦੇ ਨਿਰਯਾਤ ਲਈ ਸਥਾਨਾਂ ਵਜੋਂ ਕਲੋਨੀਆਂ ਨੂੰ ਆਪਣੇ ਕਬਜ਼ੇ ਵਿੱਚ ਕਰਨ ਦਾ ਯਤਨ।

ਸਾਰਾ ਸੰਸਾਰ ਇੱਕ ਆਰਥਿਕ ਗਿਰਾਵਟ ਵਿੱਚ ਰਲ ਰਿਹਾ ਹੈ; ਸਾਰਾ ਸੰਸਾਰ ਮੁੱਠੀ ਭਰ ਮਹਾਂ-ਸ਼ਕਤੀਆਂ ਵਿੱਚ ਵੰਡਿਆ ਹੋਇਆ ਹੈ। ਸਮਾਜਵਾਦ ਲਈ ਬਾਹਰਮੁਖੀ ਹਾਲਾਤ ਪੂਰੀ ਤਰ੍ਹਾਂ ਪਰਿਪੱਕ ਹੋ ਗਏ ਹਨ ਅਤੇ ਮੌਜੂਦਾ ਯੁੱਧ ਪੂੰਜੀਵਾਦ ਦੇ ਪਤਨ ਨੂੰ ਮੁਲਤਵੀ ਕਰਨ ਲਈ ਵਿਸ਼ੇਸ਼ ਅਧਿਕਾਰਾਂ ਅਤੇ ਏਕਾਧਿਕਾਰ ਲਈ ਪੂੰਜੀਪਤੀਆਂ ਦਾ ਯੁੱਧ ਹੈ।

ਰਾਸ਼ਟਰੀ ਮੁਕਤੀ ਅੰਦੋਲਨ (ਨੈਸ਼ਨਲ ਲਿਬਰੇਸ਼ਨ ਮੂਵਮੈਂਟ) ਸ਼ਾਂਤੀ ਅਤੇ ਸਾਮਰਾਜਵਾਦ ਦੇ ਤਖਤਾ ਪਲਟ ਲਈ ਸੰਘਰਸ਼ ਵਿੱਚ ਇੱਕ ਸਰਗਰਮ ਕਾਰਕ ਹੈ। ਸਮਾਜਵਾਦੀ ਸਮਾਜ ਹੀ ਮਨੁੱਖਤਾ ਨੂੰ ਯੁੱਧਾਂ ਤੋਂ ਬਚਾਏਗਾ (ਵਾਰ ਐਂਡ ਪੀਸ-ਵੀ ਆਈ ਲੈਨਿਨ)

**# ਸੰਪਰਕ : 98550-04500**

# ਨੇਕ ਤੇ ਬੇਗਰਜ਼ ਸ਼ਖਸੀਅਤ ਕਾਮਰੇਡ ਕਾਕਾ ਸਿੰਘ

**ਕ੍ਰਿਸ਼ਨ ਸਿੰਘ ਚੌਹਾਨ**

*'ਜੀਏ ਜੋ ਲੋਗੋ ਕੀ ਖਾਤਰ, ਉਸੇ ਅਜ਼ਾਦ ਕਹਿਤੇ ਹੈਂ,*
*ਮਰੇ ਜੋ ਕੌਮ ਕੀ ਖਾਤਰ, ਉਸੇ ਜ਼ਿੰਦਾਬਾਦ ਕਹਿਤੇ ਹੈਂ।'*

ਨੇਕਦਿਲ ਇਨਸਾਨ, ਬੇਗਰਜ਼, ਇਮਾਨਦਾਰ ਸ਼ਖ਼ਸੀਅਤ ਕਾਮਰੇਡ ਕਾਕਾ ਸਿੰਘ ਦਾ ਜਨਮ ਪਿਤਾ ਰੂਪ ਰਾਮ ਤੇ ਮਾਤਾ ਸੋਧਾਂ ਦੇਵੀ ਦੀ ਕੁੱਖੋਂ ਲੱਗਭੱਗ 70-72 ਸਾਲ ਪਹਿਲਾਂ ਬ੍ਰਾਹਮਣ ਪਰਵਾਰ ਵਿੱਚ ਹੋਇਆ। ਕਾਕਾ ਸਿੰਘ ਵੱਡੇ ਭਰਾ ਸੁਖਦੇਵ ਰਾਮ ਛੋਟੇ ਤੇ ਪੰਜ ਭੈਣਾਂ ਤੋਂ ਵੱਡੇ ਹੋਣ ਕਰਕੇ ਪਰਵਾਰਕ ਜ਼ਿੰਮੇਵਾਰੀਆਂ ਵੀ ਛੋਟੀ ਉਮਰ ਵਿੱਚ ਗਲ ਪੈ ਚੁੱਕੀਆਂ ਸਨ।

ਬਾਵਜੂਦ ਜ਼ਮੀਨ-ਜਾਇਦਾਦ ਹੋਣ ਦੇ ਫਿਰ ਵੀ ਹੱਥੀਂ ਕਿਰਤ ਨੂੰ ਪਹਿਲ ਦਿੰਦਿਆਂ ਮਾਲ ਗੋਦਾਮ 'ਤੇ ਲੇਬਰ ਦੇ ਕੰਮ ਤੋਂ ਜ਼ਿੰਦਗੀ ਦਾ ਸੰਘਰਸ਼ ਆਰੰਭਿਆ ।ਸਾਥੀਆਂ ਨਾਲ ਮਿਲ ਕੇ 1-12-1983 ਠੇਕੇਦਾਰਾਂ ਦੀ ਲੁੱਟ 'ਤੇ ਪੂਰਾ ਮਿਹਨਤਾਨਾ ਨਾ ਮਿਲਣ ਕਰਕੇ ਐੱਫ ਸੀ ਆਈ ਪੱਲੇਦਾਰ ਯੂਨੀਅਨ ਏਟਕ ਜਥੇਬੰਦੀ ਦਾ ਗਠਨ ਕੀਤਾ।

ਕਿਉਂਕਿ ਮਾਨਸਾ ਪਿੰਡ ਰਹਿੰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦਾ ਜਨਤਕ ਪ੍ਰਭਾਵ ਹੋਣ ਕਰਕੇ ਪਾਰਟੀ ਨਾਲ ਦਿਲੀ ਹਮਦਰਦੀ ਬਣੀ ਹੋਈ ਸੀ ਅਤੇ ਪਾਰਟੀ ਲੀਡਰਸ਼ਿਪ ਕਾਮਰੇਡ ਬੂਟਾ ਸਿੰਘ ਉਸ ਸਮੇਂ ਐੱਮ ਐੱਲ ਏ ਹੋਣ ਕਾਰਨ ਜਥੇਬੰਦੀ ਦੀ ਮਜ਼ਬੂਤੀ ਤੇ ਬਿਹਤਰੀ ਲਈ ਪੂਰਾ ਸਹਿਯੋਗ ਕਰ ਰਹੇ ਹਨ, ਜਿਸ ਕਾਰਨ ਉਸੇ ਸਮੇਂ ਪੂਰੀ ਜਥੇਬੰਦੀ ਨੂੰ ਨਾਲ ਲੈ ਕੇ ਪਾਰਟੀ ਦੇ ਮੁਢਲੇ ਮੈਂਬਰ ਬਣੇ ਅਤੇ ਜ਼ਿੰਦਗੀ ਭਰ ਲਾਲ ਝੰਡੇ ਨੂੰ ਬੁਲੰਦ ਕਰਨ ਲਈ ਤਤਪਰ ਰਹੇ ।

ਅੱਤਵਾਦ ਦੇ ਕਾਲੇ ਦੌਰ ਸਮੇਂ 1992 ਮੌਕੇ ਹੋਈਆਂ ਵਿਧਾਨ ਸਭਾ ਚੋਣਾਂ ਦੌਰਾਨ ਮਾਨਸਾ ਤੇ ਬੁਢਲਾਡਾ ਹਲਕੇ ਦੇ ਉਮੀਦਵਾਰਾਂ ਦੀ ਜਿੱਤ ਲਈ ਦਿਨ-ਰਾਤ ਮਿਹਨਤ ਕੀਤੀ, ਪ੍ਰੰਤੂ ਮਾਨਸਾ ਹਲਕੇ ਤੋਂ ਕਾਮਰੇਡ ਬੂਟਾ ਸਿੰਘ ਸੀਮਤ ਵੋਟਾਂ ਨਾਲ ਹਾਰੇ ਅਤੇ ਕਾਮਰੇਡ ਹਰਦੇਵ ਸਿੰਘ ਅਰਸ਼ੀ ਬੁਢਲਾਡਾ ਤੋਂ ਜਿੱਤੇ।

ਜਥੇਬੰਦੀ ਵਿੱਚ ਲੇਬਰ ਨੂੰ ਪੱਕੇ ਕਰਨ ਲਈ ਯਤਨਸ਼ੀਲ ਰਹੇ,ਪਲੇਟੀ ਤੇ ਕੰਮ ਨੂੰ ਲੈ ਕੇ ਦੂਸਰੀ ਜਥੇਬੰਦੀ ਵੱਲੋਂ ਕਲੇਮ ਕੀਤਾ ਜਾ ਰਿਹਾ ਸੀ, ਜਿਸ ਕਾਰਨ ਸਥਿਤੀ ਬੜੀ ਨਾਜ਼ੁਕ ਦੌਰ ਵਾਲ਼ੀ ਸੀ।

ਤਣਾਅਪੂਰਨ ਮਹੌਲ ਸਮੇਂ ਕਾਮਰੇਡ ਹਰਦੇਵ ਸਿੰਘ ਅਰਸ਼ੀ ਤੇ ਬੂਟਾ ਸਿੰਘ ਦੇ ਸਹਿਯੋਗ ਨਾਲ ਹਲੀਮੀ ਨਾਲ ਕੰਮ ਕੀਤਾ ਤੇ ਦੋਵੇਂ ਗਰੁੱਪਾਂ ਨੂੰ ਨਿਰਲੇਪ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਜਥੇਬੰਦੀ ਦੇ ਵਰਕਰਾਂ ਵੱਲੋਂ ਕੰਮ ਜਾਰੀ ਰੱਖਿਆ ਗਿਆ।

ਲੀਡਰਸ਼ਿਪ ਦੇ ਸਹਿਯੋਗ ਤੇ ਲੰਮੇ ਸੰਘਰਸ਼ ਦੌਰਾਨ 1-4-1997 ਨੂੰ ਮਾਨਸਾ ਡਿੱਪੂ ਦੇ ਕਰੀਬ 115 ਕਾਮੇ ਪੱਕੇ ਮੁਲਾਜ਼ਮ ਬਣੇ, ਜਿਸ ਕਾਰਨ ਪੂਰੀ ਜਥੇਬੰਦੀ ਪਾਰਟੀ ਦੇ ਹਰ ਕਾਰਜ ਨੂੰ ਲਾਗੂ ਕਰਨ ਲਈ ਦਿਨ-ਰਾਤ ਮਿਹਨਤ ਕਰਦੀ ਰਹੀ। ਜਥੇਬੰਦੀ ਨੂੰ ਪੂਰੀ ਪਾਰਟੀ ਵੱਲੋਂ ਸ਼੍ਰੋਮਣੀ ਜਥੇਬੰਦੀ ਦਾ ਮਾਣ ਹਾਸਲ ਵੀ ਹੋਇਆ।

ਕਾਮਰੇਡ ਕਾਕਾ ਸਿੰਘ ਨੇ ਲੰਮਾ ਸਮਾਂ ਡਿਪੂ ਦੇ ਪ੍ਰਧਾਨ ਅਤੇ ਫਿਰ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਏਟਕ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਅਖ਼ੀਰ ਤੱਕ ਸੇਵਾਵਾਂ ਨਿਭਾਈਆਂ। ਪਾਰਟੀ ਵੱਲੋਂ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਅਤੇ ਸਨਮਾਨਯੋਗ ਅਹੁਦੇ ਦਿੱਤੇ ਗਏ।



ਪਾਰਟੀ ਤੇ ਜਥੇਬੰਦੀ ਦੀ ਮਜ਼ਬੂਤੀ ਤੇ ਬਿਹਤਰੀ ਲਈ ਲਗਾਤਾਰ ਯਤਨਸ਼ੀਲ ਆਗੂ ਨੇ ਪਾਰਟੀ ਨਾਲ ਅਨੇਕਾਂ ਪਰਵਾਰਾਂ ਨੂੰ ਜੋੜਿਆ।

ਜ਼ਿਕਰਯੋਗ ਹੈ ਕਿ 2007 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕਾਮਰੇਡ ਬੂਟਾ ਸਿੰਘ ਵੱਲੋਂ ਚੋਣ ਲੜਨ ਤੋਂ ਅਸਮਰੱਥ ਪਾਰਟੀ ਦੋ ਧੜਿਆਂ ਵਿੱਚ ਵੰਡੀ ਗਈ। ਧਰਮ ਸੰਕਟ ਦੌਰਾਨ ਪਾਰਟੀ ਤੇ ਜਥੇਬੰਦੀ ਦੀ ਏਕਤਾ ਅਤੀ ਜ਼ਰੂਰੀ ਸੀ। ਸਾਥੀ ਦਾ ਪਾਰਟੀ ਦੀ ਕਮਜ਼ੋਰ ਸਥਿਤੀ ਵਿੱਚੋਂ ਗੁਜ਼ਰਨਾ ਇੱਕ ਵੱਡਾ ਸਦਮਾ ਸੀ।

ਅਖੀਰ ਚੋਣ ਵੀ ਲੜੀ ਗਈ, ਪ੍ਰੰਤੂ ਪਾਰਟੀ ਵੱਡੀ ਪੱਧਰ 'ਤੇ ਕਮਜ਼ੋਰ ਵੀ ਹੋਈ । ਅਖੀਰ ਸਾਥੀ ਵੱਲੋਂ ਜਥੇਬੰਦੀ ਦੇ ਵਰਕਰਾਂ ਤੇ ਆਗੂਆਂ ਨੂੰ ਪਾਰਟੀ ਨਾਲ ਤੋਰਨ ਵਿਚ ਸਫਲਤਾ ਮਿਲੀ।

ਪਾਰਟੀ ਲਈ ਦਿਨ-ਰਾਤ ਇੱਕ ਕਰਕੇ ਲੀਹੋਂ ਲੱਥੀ ਲਹਿਰ ਦੀ ਮਜ਼ਬੂਤੀ ਵਾਲੇ ਸਾਥੀ ਦੇ ਬੁਲੰਦ ਹੌਸਲੇ ਅਖ਼ੀਰ ਤੱਕ ਜਾਰੀ ਰਹੇ। ਪਰਵਾਰਕ ਤੌਰ 'ਤੇ ਪਤਨੀ ਮੁਖਤਿਆਰ ਕੌਰ, ਬੇਟੇ ਗੁਰਜੰਟ ਰਾਮ, ਅਸ਼ੋਕ ਕੁਮਾਰ ਕਾਲਾ, ਨੂੰਹਾਂ, ਪੋਤੇ-ਪੋਤੀਆਂ ਪੂਰੀ ਤਰ੍ਹਾਂ ਖੁਸ਼ਹਾਲ ਨੇ,ਲੇਕਿਨ ਪ੍ਰਧਾਨ ਕਾਕਾ ਸਿੰਘ ਪਿਛਲੇ ਸਮੇਂ ਤੋਂ ਬਿਮਾਰ ਚਲਦੇ ਆ ਰਹੇ ਸੀ। ਪਰਵਾਰਕ ਮੈਂਬਰਾਂ ਬੇਟੇ ਤੇ ਨੂੰਹਾਂ ਵੱਲੋਂ ਅਣਥੱਕ ਯਤਨਾਂ ਤੇ ਕੀਤੀ ਗਈ ਸੇਵਾ ਨੂੰ ਅਣਦੇਖਿਆਂ ਨਹੀਂ ਕੀਤਾ ਜਾ ਸਕਦਾ।

ਅਖੀਰ 22 ਸਤੰਬਰ ਨੂੰ ਸ਼ਹਿਰ ਦੇ ਪ੍ਰਾਈਵੇਟ ਹਸਪਤਾਲ ਵਿੱਚ ਉਹ ਆਖ਼ਰੀ ਸਾਹ ਲੈਂਦਿਆਂ ਪਾਰਟੀ, ਪਰਵਾਰ ਤੇ ਹਮਦਰਦਾਂ ਨੂੰ ਸਦਾ ਲਈ ਵਿਛੋੜਾ ਦੇ ਗਏ ।

ਅੱਜ ਉਹਨਾ ਨਮਿਤ ਰੱਖੇ ਸ਼ਰਧਾਂਜਲੀ ਸਮਾਗਮ ਤੇ ਗਰੁੜ ਪੁਰਾਣ ਦੇ ਪਾਠ ਦੇ ਭੋਗ ਮੌਕੇ ਵੱਖ-ਵੱਖ ਧਾਰਮਿਕ, ਸਮਾਜਿਕ, ਵਪਾਰਕ, ਰਾਜਸੀ ਤੇ ਜਨਤਕ ਆਗੂਆਂ ਵੱਲੋਂ ਗਊਸ਼ਾਲਾ ਭਵਨ ਬਲਾਕ 1 ਮਾਨਸਾ ਵਿਖੇ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆ।

**ਸਕੱਤਰ ਸੀ ਪੀ ਆਈ ਜ਼ਿਲ੍ਹਾ ਮਾਨਸਾ**
**# ਸੰਪਰਕ : 90418-60378**

# ਬੁਢਾਪੇ ਨੂੰ ਚੰਗਾ ਹੰਢਾਉਣ ਦਾ ਢੰਗ


ਨਰਿੰਦਰ ਸਿੰਘ

ਪਰਮਾਤਮਾ ਨੇ ਮਨੁੱਖ ਦੇ ਜੀਵਨ ਵਿੱਚ ਬਚਪਨ, ਜਵਾਨੀ ਤੇ ਬੁਢਾਪਾ ਤਿੰਨ ਪੜਾਅ ਬਖਸ਼ੇ ਹਨ। ਪਵਿੱਤਰ ਗੁਰਬਾਣੀ ਵਿੱਚ ਅੰਕਿਤ ਹੈ, "ਬਾਲ ਜਵਾਨੀ ਅਰੁ ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ।" ਬੁਢਾਪੇ ਤੋਂ ਬਾਅਦ ਜਿਉਂਦੀ ਜਿੰਦਗਾਨੀ ਦਾ ਹੋਰ ਕੋਈ ਪੜਾਅ ਨਹੀਂ ਹੁੰਦਾ । ਬੁਢਾਪੇ ਦੇ ਨਾਲ ਹੀ ਜ਼ਿੰਦਗੀ ਤੋਂ ਰੁਖ਼ਸਤ ਹੋ ਜਾਣ ਦਾ ਵੇਲਾ ਆ ਜਾਂਦਾ ਹੈ । ਬੁਢਾਪਾ ਜੀਵਨ ਦਾ ਆਖਰੀ ਪੜਾਅ ਹੁੰਦਾ ਹੈ । ਬਾਬਾ ਫਰੀਦ ਜੀ ਗੁਰਬਾਣੀ ਵਿੱਚ ਇਉਂ ਫਰਮਾਉਂਦੇ ਹਨ : ਬੁੱਢਾ ਹੋਆ ਸ਼ੇਖ ਫਰੀਦੁ ਕੰਬਣਿ ਲੱਗੀ ਦੇਹਿ, ਜੇ ਸਉ ਵਰਿਆ ਜੀਵਣਾ ਭੀ ਤਨੁ ਹੋਸੀ ਖੇਹ ।। ਬੁਢਾਪਾ ਜੀਵਨ ਦਾ ਆਖਰੀ ਪੜਾਅ ਹੁੰਦਾ ਹੈ, ਜੋ ਰੁੜ੍ਹਦਿਆਂ-ਰੁੜ੍ਹਦਿਆਂ ਗੋਲ ਹੋ ਜਾਂਦਾ ਹੈ ।

ਬਚਪਨ ਬਹੁਤ ਅਨਮੋਲ ਹੁੰਦਾ ਹੈ । ਜਵਾਨੀ ਵਿਚ ਜੋਸ਼ ਹੁੰਦਾ ਹੈ ਤੇ ਬੁਢਾਪੇ ਵਿੱਚ ਹੋਸ਼ । ਜਵਾਨੀ ਵਿੱਚ ਮਨੁੱਖ ਕਮਾਈ ਕਰਦਾ ਹੈ ਅਤੇ ਆਪਣੇ ਪਰਵਾਰ ਦਾ ਪਾਲਣ-ਪੋਸ਼ਣ ਕਰਦਾ ਹੈ । ਬਚਪਨ ਮਸਤ ਮੌਲਾ ਅਵਸਥਾ ਹੈ । ਜਿੱਥੇ ਕੋਈ ਵੀ ਗੱਲ ਕਰਨ ਤੋਂ ਪਹਿਲਾਂ ਸੋਚਣਾ ਨਹੀਂ ਪੈਂਦਾ, ਉੱਥੇ ਬੁਢਾਪੇ ਵਿੱਚ ਹਰ ਗੱਲ ਕਰਨ ਤੋਂ ਪਹਿਲਾਂ ਕਈ ਵਾਰ ਸੋਚਣਾ ਪੈਂਦਾ ਹੈ । ਉਮਰ ਵਧਣ ਨਾਲ ਜ਼ਿੰਮੇਵਾਰੀਆਂ ਵਧ ਜਾਂਦੀਆਂ ਹਨ ਤੇ ਧਿਆਨ ਵੰਡਿਆ ਜਾਂਦਾ ਹੈ । ਬੁਢਾਪੇ ਵਿੱਚ ਸਰੀਰਕ ਊਰਜਾ ਘਟਦੀ ਹੈ । ਅੱਖਾਂ, ਦੰਦ ਅਤੇ ਹੱਡੀਆਂ ਕਮਜ਼ੋਰ ਹੋ ਜਾਂਦੀਆਂ ਹਨ। ਬੁਢਾਪਾ ਉਸ ਬੂਟੇ ਵਰਗਾ ਹੁੰਦਾ ਹੈ, ਜੋ ਉਪਰੋਂ ਭਾਵੇਂ ਹਰਾ ਨਾ ਵੀ ਦਿਸੇ, ਪਰ ਉਸ ਦੀਆਂ ਜੜ੍ਹਾਂ ਵਿਚ ਨਮੀ ਜ਼ਰੂਰ ਹੁੰਦੀ ਹੈ। ਮਨੁੱਖੀ ਜੀਵਨ ਯਾਤਰਾ ਦੇ ਆਖਰੀ ਪੜਾਅ ਨੂੰ ਬੁਢਾਪਾ ਕਿਹਾ ਜਾਂਦਾ ਹੈ ।

ਬੁਢਾਪੇ ਵਿੱਚ ਮਾੜੇ ਪਲਾਂ ਨੂੰ ਮਾੜੇ ਦਿਨਾਂ ਵਿੱਚ ਤਬਦੀਲ ਨਹੀਂ ਹੋਣ ਦੇਣਾ ਚਾਹੀਦਾ । ਐਵੇਂ ਹੀ ਝੂਰਦੇ ਰਹਿਣ ਦੀ ਬਜਾਏ ਹਾਲਾਤ ਅਨੁਸਾਰ ਮਨੁੱਖ ਨੂੰ ਆਪਣੇ ਆਪ ਨੂੰ ਢਾਲ ਲੈਣਾ ਚਾਹੀਦਾ ਹੈ, ਤਾਂ ਜੋ ਜੀਵਨ ਨੂੰ ਨਵਾਂ ਮੋੜ ਦਿੱਤਾ ਜਾ ਸਕੇ । ਜੇਕਰ ਜਵਾਨੀ ਵਿੱਚ ਹੋਸ਼ ਵਿੱਚ ਰਹਿ ਕੇ ਜੋਸ਼ ਰਹੇ ਤਾਂ ਸੋਨੇ 'ਤੇ ਸੁਹਾਗੇ ਵਾਲਾ ਕੰਮ ਹੁੰਦਾ ਹੈ ।

ਬੁਢਾਪੇ ਨੂੰ ਚੰਗਾ ਗੁਜ਼ਾਰਨ ਲਈ ਸਕਾਰਾਤਮਕ ਸੋਚ ਦਾ ਹੋਣਾ ਬਹੁਤ ਜ਼ਰੂਰੀ ਹੈ, ਕਿਉਂਕਿ ਵਿਅਕਤੀ ਦੇ ਵਿਚਾਰ ਤੇ ਉਸ ਦੀ ਸੋਚ ਸਿਹਤ ਨੂੰ ਸਿੱਧੇ ਤੇ ਅਸਿੱਧੇ ਤੌਰ 'ਤੇ ਪ੍ਰਭਾਵਤ ਕਰਦੇ ਹਨ । ਸਕਾਰਾਤਮਕ ਸੋਚ ਵਾਲੇ ਵਿਅਕਤੀ ਨਕਾਰਾਤਮਕ ਸੋਚ ਵਾਲੇ ਲੋਕਾਂ ਨਾਲੋਂ ਸਰੀਰਕ ਤੇ ਮਾਨਸਿਕ ਤੌਰ 'ਤੇ ਸਿਹਤਮੰਦ ਹੁੰਦੇ ਹਨ । ਉਨ੍ਹਾਂ ਨੂੰ ਮਾਨਸਿਕ ਬਿਮਾਰੀ ਹੋਣ ਦੀ ਸੰਭਾਵਨਾ ਬਹੁਤ ਘੱਟ ਹੁੰਦੀ ਹੈ । ਸਕਾਰਾਤਮਕ ਸੋਚ ਵਾਲੇ ਵਿਅਕਤੀ ਦੀ ਇਮਿਊਨਿਟੀ ਵਧਦੀ ਹੈ । ਸਕਾਰਾਤਮਕ ਸੋਚ ਪ੍ਰਮਾਤਮਾ ਦੇ ਸਿਮਰਨ ਵਿੱਚ ਵੀ ਸਫਲਤਾ ਲਿਆਉਂਦੀ ਹੈ । ਘਰ ਵਿੱਚ ਆਪਣੇ ਪਰਵਾਰਕ ਮੈਂਬਰਾਂ ਨਾਲ ਅਤੇ ਸਮਾਜ ਵਿੱਚ ਆਪਣੇ ਸਾਥੀਆਂ ਨਾਲ ਸਕਾਰਾਤਮਕ ਕੰਮ ਅਤੇ ਸਕਾਰਾਤਮਕ ਚੀਜ਼ਾਂ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ । ਇਸ ਨਾਲ ਵਿਅਕਤੀ ਊਰਜਾਵਾਨ ਮਹਿਸੂਸ ਕਰਦਾ ਹੈ । ਚੰਗੀ ਸਿਹਤ ਲਈ ਸਕਾਰਾਤਮਕ ਸੋਚ ਰੱਖਣਾ ਬਹੁਤ ਜ਼ਰੂਰੀ ਹੈ ।

ਤਕਰੀਬਨ ਹਰ ਇਨਸਾਨ 'ਤੇ ਬੁਢਾਪਾ ਆਉਂਦਾ ਹੈ । ਬੁਢਾਪੇ ਵਿੱਚ ਵਿਹਲਾ ਸਮਾਂ ਪਾਸ ਕਰਨਾ ਬਹੁਤ ਮੁਸ਼ਕਲ ਹੋ ਜਾਂਦਾ ਹੈ, ਕਿਉਂਕਿ ਇਸ ਉਮਰ ਵਿੱਚ ਕਈ ਬਿਮਾਰੀਆਂ ਅਤੇ ਘਰੇਲੂ ਪਰੇਸ਼ਾਨੀਆਂ ਆ ਘੇਰਦੀਆਂ ਹਨ । ਬੁਢਾਪੇ ਵਿੱਚ ਵਿਹਲਾ ਸਮਾਂ ਸ਼ਾਂਤੀ ਤੇ ਖ਼ੁਸ਼ੀ ਨਾਲ ਬਤੀਤ ਕਰਨ ਲਈ ਘਰ ਵਿੱਚ ਛੋਟੀ ਜਿਹੀ ਬਗੀਚੀ ਰਾਹੀਂ ਵੱਖ-ਵੱਖ ਕਿਸਮ ਦੀਆਂ ਸਬਜ਼ੀਆਂ ਅਤੇ ਸਜਾਵਟੀ ਫੁੱਲ ਲਗਾ ਕੇ ਉਨ੍ਹਾਂ ਦੇ ਨਾਲ ਆਪਣਾ ਵਿਹਲਾ ਸਮਾਂ ਇਨਸਾਨ ਪਾਸ ਕਰ ਸਕਦਾ ਹੈ । ਬੂਟਿਆਂ ਨੂੰ ਪਾਣੀ ਦੇਣ ਅਤੇ ਗੋਡੀ ਕਰਨ ਨਾਲ ਵੀ ਸਮਾਂ ਸੌਖਾ ਹੀ ਬਤੀਤ ਹੋ ਜਾਂਦਾ ਹੈ । ਬੂਟੇ ਗਮਲਿਆਂ ਵਿੱਚ ਲਗਾ ਕੇ ਉਨ੍ਹਾਂ ਦੀ ਸਜਾਵਟ ਅਤੇ ਸੁਗੰਧ ਦਾ ਵੀ ਅਨੰਦ ਲਿਆ ਜਾ ਸਕਦਾ ਹੈ।

ਬੁਢਾਪੇ ਦਾ ਅਨੰਦ ਮਾਨਣ ਲਈ ਮਨੁੱਖ ਨੂੰ ਵਿਗਿਆਨਕ ਨਜ਼ਰੀਆ ਅਪਣਾਉਣਆ ਚਾਹੀਦਾ ਹੈ । ਚਲਦਾ-ਫਿਰਦਾ ਵਿਅਕਤੀ ਅਤੇ ਦੌੜਦਾ ਹੋਇਆ ਘੋੜਾ ਕਦੇ ਬੁੱਢੇ ਨਹੀਂ ਹੁੰਦੇ । ਬੁੱਢਾ ਹੋ ਜਾਣਾ ਮਨੁੱਖ ਦੀ ਇੱਛਾ ਸ਼ਕਤੀ 'ਤੇ ਨਿਰਭਰ ਕਰਦਾ ਹੈ। ਮਨੁੱਖ ਨੂੰ ਆਪਣੀ ਇੱਛਾ ਸ਼ਕਤੀ ਨੂੰ ਮਜ਼ਬੂਤ ਰੱਖਣਾ ਚਾਹੀਦਾ ਹੈ । ਸੱਚ ਅਤੇ ਸਿਧਾਂਤ 'ਤੇ ਪਹਿਰਾ ਦੇਣ ਵਾਲੇ ਮਨੁੱਖ ਕਦੇ ਬੁੱਢੇ ਨਹੀਂ ਹੁੰਦੇ । ਸੱਚ ਅਤੇ ਸਿਧਾਂਤ 'ਤੇ ਵਿਸ਼ਵਾਸ ਰੱਖਣ ਵਾਲੇ ਮਨੁੱਖ ਦਾ ਜੋਬਨ ਕਦੇ ਵੀ ਬੁੱਢਾ ਨਹੀਂ ਹੁੰਦਾ । ਸਰੀਰ ਨੂੰ ਬੁਢਾਪੇ ਵਿੱਚ ਤਬਦੀਲ ਕਰਨ ਦੀ ਪ੍ਰਕਿਰਿਆ ਉਦੋਂ ਤੱਕ ਅਰੰਭ ਨਹੀਂ ਹੁੰਦੀ, ਜਦੋਂ ਤੱਕ ਮਨੁੱਖ ਦਾ ਮਨ ਆਪਣੇ ਆਪ ਨੂੰ ਬੁੱਢਾ ਨਹੀ ਸਮਝ ਲੈਂਦਾ । ਮਨੁੱਖ ਨੂੰ ਮੌਤ ਦਾ ਡਰ ਤਿਆਗ ਦੇਣਾ ਚਾਹੀਦਾ ਹੈ । ਮੌਤ ਇਕ ਅਟੱਲ ਸਚਾਈ ਹੈ । ਮੌਤ ਸੰਬੰਧੀ ਘਾਤਕ ਵਿਚਾਰ ਮਨੁੱਖ ਦੀ ਪ੍ਰੇਰਨਾ ਸ਼ਕਤੀ 'ਤੇ ਨਿਰਭਰ ਕਰਦੇ ਹਨ । ਜਿਹੜੇ ਮਨੁੱਖ ਨਵੀਆਂ-ਨਵੀਆਂ ਗੱਲਾਂ ਸੋਚਦੇ ਰਹਿੰਦੇ ਹਨ ਅਤੇ ਨਵੇਂ ਕੰਮਾਂ ਵਿੱਚ ਰੁਚੀ ਲੈਂਦੇ ਹਨ, ਅਜਿਹੇ ਮਨੁੱਖ ਨਿਸਚਿਤ ਤੌਰ 'ਤੇ ਪ੍ਰਫੁੱਲਤ ਅਤੇ ਚੜ੍ਹਦੀ ਕਲਾ ਵਿੱਚ ਰਹਿੰਦੇ ਹਨ । ਮਨ ਨੂੰ ਆਸ਼ਾਵਾਦੀ ਹੁਲਾਰਾ ਦੇਣ ਵਾਲੀਆਂ ਉੱਚੀਆਂ ਭਾਵਨਾਵਾਂ ਅਤੇ ਰੌਸ਼ਨ ਇਛਾਵਾਂ ਦਾ ਵਿਸਥਾਰ ਕਦੇ ਵੀ ਮਨੁੱਖ ਨੂੰ ਘਟਣ ਨਹੀਂ ਦੇਣਾ ਚਾਹੀਦਾ । ਅਜਿਹਾ ਕਰਨ ਨਾਲ ਜ਼ਿੰਦਗੀ ਵਿੱਚ ਬੁਢਾਪੇ ਦਾ ਹਨੇਰਾ ਕਦੇ ਵੀ ਤੁਹਾਡੀਆਂ ਬਰੂਹਾਂ 'ਤੇ ਨਹੀਂ ਆਵੇਗਾ।

ਬੁਢਾਪੇ ਵਿੱਚ ਸਰੀਰ ਨੂੰ ਚੁਸਤ-ਦਰੁੱਸਤ ਰੱਖਣ ਲਈ ਬਜ਼ੁਰਗਾਂ ਨੂੰ ਗਤੀਸ਼ੀਲ ਰਹਿਣਾ ਚਾਹੀਦਾ ਹੈ। ਇਸ ਉਮਰ ਵਿੱਚ ਹਲਕੀ- ਫੁਲਕੀ ਕਸਰਤ ਅਤੇ ਸਰੀਰਕ ਸਰਗਰਮੀ ਬਣਾਈ ਰੱਖਣ ਨਾਲ ਬੁੱਢੇ ਸਰੀਰ ਨੂੰ ਲਾਭ ਮਿਲਦਾ ਹੈ । ਇਸ ਨਾਲ ਸਰੀਰ ਦੇ ਸਾਰੇ ਅੰਗਾਂ ਤੇ ਢੰਗਾਂ 'ਤੇ ਅਸਰ ਪੈਂਦਾ ਹੈ । ਚਿਹਰੇ ਵਿਚ ਚਮਕ ਰਹਿੰਦੀ ਹੈ । ਜੋੜਾਂ ਦੇ ਦਰਦ ਤੋਂ ਬਹੁਤ ਰਾਹਤ ਮਿਲਦੀ ਹੈ। ਦਿਲ, ਅਧਰੰਗ, ਫੇਫੜੇ, ਸਾਹ, ਖੂਨ ਦੇ ਦਬਾਅ, ਸ਼ੂਗਰ ਆਦਿ ਬਿਮਾਰੀਆਂ ਦੀ ਸਥਿਤੀ ਵਿੱਚ ਲਾਭ ਮਿਲਦਾ ਹੈ । ਇਸ ਉਮਰ ਦੇ ਕੰਮ, ਕਸਰਤ ਅਤੇ ਸਰਗਰਮੀਆਂ ਨਾਲ ਬੁਢਾਪੇ ਦੀਆਂ ਬਹੁਤ ਸਾਰੀਆਂ ਪ੍ਰੇਸ਼ਾਨੀਆਂ ਦੂਰ ਹੋ ਜਾਂਦੀਆਂ ਹਨ । ਸਰੀਰ ਤੰਦਰੁਸਤੀ ਦੇ ਨਾਲ ਊਰਜਾ ਅਤੇ ਸ਼ਕਤੀ ਨਾਲ ਭਰਭੂਰ ਰਹਿੰਦਾ ਹੈ। ਬੁਢਾਪੇ ਨੂੰ ਚੁਸਤ-ਦਰੁੱਸਤ ਰੱਖਣ ਲਈ ਕਸਰਤ ਜ਼ਰੂਰ ਕਰਨੀ ਚਾਹੀਦੀ ਹੈ।



ਸਥਿਰਤਾ ਕੁਦਰਤ ਦਾ ਨਿਯਮ ਨਹੀਂ। ਆਪਣੇ ਸ਼ੌਕ ਪਾਲਣ ਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਦਾ ਉਮਰ ਨਾਲ ਕੋਈ ਸੰਬੰਧ ਨਹੀਂ ਹੈ । ਅਜੋਕੇ ਯੁੱਗ ਵਿੱਚ ਇਸ ਉਮਰ ਤੱਕ ਹਰ ਇਨਸਾਨ ਸਵੈ ਨਿਰਭਰ ਹੁੰਦਾ ਹੈ। ਆਪਣੀ ਪੈਨਸ਼ਨ ਜਾਂ ਥੋੜ੍ਹੀ ਰਕਮ ਜਮ੍ਹਾਂ ਰੱਖਣੀ ਚਾਹੀਦੀ ਹੈ । ਸਮਾਜ ਸੇਵੀ ਸੰਸਥਾਵਾਂ ਨਾਲ ਜੁੜ ਕੇ ਤੰਗੀਆਂ-ਤੁਰਸ਼ੀਆਂ ਵਿੱਚ ਲੰਘ ਰਹੇ ਬੇਸਹਾਰਾ ਬਜ਼ੁਰਗਾਂ ਦੇ ਸਹਾਇਕ ਬਣਨਾ ਅੱਜ ਸਮੇਂ ਦੀ ਲੋੜ ਹੈ । ਸੀਨੀਅਰ ਸਿਟੀਜ਼ਨ ਕਲੱਬਾਂ ਵਿੱਚ ਸ਼ਾਮਿਲ ਹੋ ਕੇ ਉੱਥੇ ਤੁਸੀਂ ਮਨੋਰੰਜਨ, ਸੱਭਿਆਚਾਰ ਆਦਿ ਗਤੀਵਿਧੀਆ ਵਿੱਚ ਹਿੱਸਾ ਲੈ ਸਕਦੇ ਹੋ । ਲਾਇਬਰੇਰੀ ਵਿੱਚ ਕਿਤਾਬਾਂ, ਮੈਗਜ਼ੀਨ ਤੇ ਅਖਬਾਰਾਂ ਨਾਲ ਦੋਸਤੀ ਪਾ ਸਕਦੇ ਹੋ । ਹਮੇਸ਼ਾ ਰੁਝੇਵਿਆਂ ਵਿੱਚ ਵੀ ਕੁਦਰਤ ਦੇ ਅਣਮੁੱਲੇ ਤੋਹਫਿਆਂ ਦਾ ਆਨੰਦ ਮਾਣਦੇ ਸਿਹਤ ਨੂੰ ਬਰਕਰਾਰ ਰੱਖੀਏ ਤਾਂ ਕਿ ਬੁਢਾਪਾ ਸੁਖਾਲਾ ਹੋ ਜਾਵੇ ।

ਹਰ ਬਜ਼ੁਰਗ ਪੀੜ੍ਹੀ ਕੋਲ ਜ਼ਿੰਦਗੀ ਜਿਊਣ ਦੇ ਗੁਰਾਂ, ਤਜਰਬਿਆਂ, ਅਨੁਭਵਾਂ ਦਾ ਅਨਮੋਲ ਖਜ਼ਾਨਾ ਹੁੰਦਾ ਹੈ । ਉਨ੍ਹਾਂ ਕੋਲ ਜ਼ਿੰਦਗੀ ਦੇ ਹੰਢਾਏ ਦੁੱਖਾਂ-ਸੁੱਖਾਂ, ਝੱਲੀਆਂ ਤਕਲੀਫਾਂ ਤੇ ਵੇਖੇ ਮਾੜੇ ਵਕਤਾਂ ਦਾ ਅਨੁਭਵ, ਅਹਿਸਾਸ ਅਤੇ ਤਜਰਬਾ ਹੁੰਦਾ ਹੈ । ਉਨ੍ਹਾਂ ਕੋਲ ਸਮੱਸਿਆਵਾਂ ਨਾਲ ਨਜਿੱਠਣ ਦੇ ਸਬਕ ਅਤੇ ਨਸੀਹਤ ਹੁੰਦੀ ਹੈ। ਜਿਨ੍ਹਾਂ ਘਰਾਂ ਵਿੱਚ ਬਜ਼ੁਰਗ ਹੁੰਦੇ ਹਨ, ਉਨ੍ਹਾਂ ਘਰਾਂ ਵਿੱਚ ਸਮੱਸਿਆਵਾਂ ਬਹੁਤਾ ਸਮਾਂ ਨਹੀਂ ਰਹਿੰਦੀਆਂ, ਕਿਉਂਕਿ ਬਜ਼ੁਰਗ ਸਮੱਸਿਆਵਾਂ ਦਾ ਹੱਲ ਆਪਣੀ ਸਿਆਣਪ ਨਾਲ ਛੇਤੀ ਲੱਭ ਲੈਂਦੇ ਹਨ ।

ਨਵੀਂ ਪੀੜ੍ਹੀ ਵਿਚ ਤਲਖੀ, ਗੁੱਸੇ, ਬਦਲੇ, ਲੜਾਈ-ਝਗੜੇ ਹਾਉਮੈਂ ਦੀ ਭਾਵਨਾ ਵਧ ਰਹੀ ਹੈ, ਜਦੋਂਕਿ ਨਵੀਂ ਪੀੜ੍ਹੀ ਨੂੰ ਬਜ਼ੁਰਗਾਂ ਦੇ ਅਨੁਭਵਾਂ, ਤਜਰਬਿਆਂ ਤੇ ਅਹਿਸਾਸਾਂ ਨੂੰ ਆਪਣੀ ਜ਼ਿੰਦਗੀ ਦਾ ਸਬਕ ਬਣਾਉਣਾ ਚਾਹੀਦਾ ਹੈ। ਹਰ ਬੱਚੇ ਨੂੰ ਆਪਣੇ ਮਾਪਿਆਂ ਪ੍ਰਤੀ ਸੋਚਣਾ ਚਾਹੀਦਾ ਹੈ । ਬਜ਼ੁਰਗਾਂ ਮਾਪਿਆਂ ਨੂੰ ਤਾਂ ਸਗੋਂ ਜ਼ਿਆਦਾ ਸਾਂਭ-ਸੰਭਾਲ ਕਰਨ ਦੀ ਲੋੜ ਹੁੰਦੀ ਹੈ ।

ਬਜ਼ੁਰਗ ਘਰ ਦੀ ਜਿੰਦਰਾ ਹੁੰਦੇ ਹਨ । ਬਜ਼ੁਰਗਾਂ ਦੀ ਘਰ ਵਿੱਚ ਬੋਹੜ ਵਰਗੀ ਛਾਂ ਹੁੰਦੀ ਹੈ । ਪਾਕਿਸਤਾਨ ਦੇ ਪ੍ਰਸਿੱਧ ਵਿਦਵਾਨ ਡਾ: ਜਾਵੇਦ ਇਕਬਾਲ ਦਾ ਕਹਿਣਾ ਹੈ-ਜਿਨ੍ਹਾਂ ਘਰਾਂ ਵਿੱਚ ਬਜ਼ੁਰਗ ਨਹੀਂ ਹੁੰਦੇ, ਉਹ ਘਰ ਮਲਾਹ ਵਿਹੂਣੀ ਕਿਸ਼ਤੀ ਵਾਂਗ ਹੁੰਦੇ ਹਨ । ਮਾਪਿਆਂ ਦਾ ਦੇਣਾ ਇਸ ਜਨਮ ਵਿੱਚ ਕਦੇ ਕੋਈ ਨਹੀਂ ਦੇ ਸਕਦਾ । ਬਜ਼ੁਰਗਾਂ ਨੂੰ ਵੀ ਲਹਿੰਦੀ ਉਮਰੇ ਆਪਣੇ ਸੁਭਾਅ ਤੇ ਬੱਚਿਆਂ ਪ੍ਰਤੀ ਰਵੱਈਏ ਵਿੱਚ ਤਬਦੀਲੀ ਲਿਆਉਣੀ ਚਾਹੀਦੀ ਹੈ ਤਾਂ ਜੋ ਬਜ਼ੁਰਗਾਂ ਦਾ ਆਪਣੇ ਬੱਚਿਆਂ ਉੱਤੇ ਭਰੋਸਾ ਕਦੇ ਵੀ ਡਗਮਗਾ ਨਾ ਜਾਵੇ, ਉਨ੍ਹਾਂ ਦੇ ਬੱਚੇ ਉਨ੍ਹਾਂ ਲਈ ਸਾਰੀ ਉਮਰ ਇਕ ਸ਼ਕਤੀ ਬਣ ਕੇ ਉਨ੍ਹਾਂ ਨਾਲ ਮਿਲ ਕੇ ਰਹਿਣ । ਇਸ ਲਈ ਕੁਝ ਬਜ਼ੁਰਗਾਂ ਨੂੰ ਤੇ ਜ਼ਿਆਦਾ ਬੱਚਿਆਂ ਨੂੰ ਸਮਝਣ ਦੀ ਲੋੜ ਹੈ ।

ਮਾਪਿਆਂ ਲਈ ਖ਼ੁਸ਼ੀਆਂ ਭਰੇ ਉਪਰਾਲੇ ਕੀਤੇ ਜਾਣ । ਮਾਂ-ਬਾਪ ਨੂੰ ਇਹ ਅਹਿਸਾਸ ਨਾ ਹੋਵੇ ਕਿ ਉਹ ਜੀਵਨ ਵਿੱਚ ਇਕੱਲੇ ਤੇ ਬੇਵੱਸ ਹਨ । ਚੌਵੀ ਘੰਟਿਆਂ ਵਿੱਚੋਂ ਕੁਝ ਪਲ ਜ਼ਰੂਰ ਸੱਚੇ ਦਿਲੋਂ ਮਾਪਿਆਂ ਨਾਲ ਬਿਤਾਉਣੇ ਚਾਹੀਦੇ ਹਨ । ਤੁਹਾਡਾ ਸਮਾਂ ਦੇਣਾ ਹੀ ਉਨ੍ਹਾਂ ਲਈ ਸਭ ਤੋਂ ਵੱਡੀ ਖ਼ੁਸ਼ੀ ਹੈ । ਸੁੱਖੀ ਬੁਢਾਪਾ ਜੀਵਨ ਲਈ ਬਜ਼ੁਰਗਾਂ ਨੂੰ ਰੂੰ, ਮੋਮਬੱਤੀ ਅਤੇ ਸੂਈ ਧਾਗੇ ਵਾਂਗ ਰਿਸ਼ਤਿਆਂ ਵਿੱਚ ਆਈਆਂ ਦਰਾੜਾਂ ਨੂੰ ਕੱਢਦੇ ਹੋਏ ਸੂਈ-ਧਾਗੇ ਵਾਂਗ ਰਿਸ਼ਤਿਆਂ ਨੂੰ ਜੋੜਨ ਲਈ ਤੱਤਪਰ ਰਹਿਣਾ ਚਾਹੀਦਾ ਹੈ ।

ਬਜ਼ੁਰਗਾਂ ਦਾ ਸਤਿਕਾਰ ਇਕ ਅਜਿਹਾ ਕੀਮਤੀ ਗੁਣ ਹੈ, ਜੋ ਪਰਵਾਰ ਵਿੱਚ ਖ਼ੁਸ਼ੀਆਂ ਤੇ ਖੇੜੇ ਭਰਦਾ ਹੈ । ਬੱਚਿਆਂ ਨੂੰ ਚਾਹੀਦਾ ਹੈ ਕਿ ਉਹ ਜਿੱਥੋਂ ਤੱਕ ਹੋ ਸਕੇ ਮਾਪਿਆਂ ਦਾ ਕਹਿਣਾ ਮੰਨਣ । ਰੱਬ ਤੋਂ ਮਗਰੋ ਪੂਜਣਯੋਗ ਮਾਪੇ ਹੀ ਹੁੰਦੇ ਹਨ । ਮਾਪੇ ਰੱਬ ਦਾ ਰੂਪ ਹੁੰਦੇ ਹਨ । ਬਜ਼ੁਰਗਾਂ ਦੀ ਜ਼ਿੰਦਗੀ ਵਿੱਚ ਮੁਹੱਬਤ ਦੇ ਰੰਗ ਅਤੇ ਪ੍ਰਸੰਨਤਾ ਦੀ ਰੌਣਕ ਲਈ ਉਨ੍ਹਾਂ ਦੇ ਛੋਟੇ-ਛੋਟੇ ਸ਼ੌਕ ਪੂਰੇ ਕਰਨ ਸਾਡਾ ਫ਼ਰਜ਼ ਹੈ ।

ਬਜ਼ੁਰਗਾਂ ਨੂੰ ਘੱਟ ਬੋਲਣ ਦੇ ਨਾਲ-ਨਾਲ ਖਾਣ-ਪੀਣ ਵਿੱਚ ਸੰਕੋਚ ਕਰਨਾ ਚਾਹੀਦਾ ਹੈ। ਬਹੂ-ਬੇਟੀ ਦੇ ਕੰਮਾਂ ਵਿੱਚ ਦਖਲ਼ ਅੰਦਾਜ਼ੀ ਨਹੀਂ ਕਰਨੀ ਚਾਹੀਦੀ । ਮਨਚਾਹੀ ਚੀਜ਼ ਨਾ ਮਿਲਣ 'ਤੇ ਕਰੋਧ ਨਹੀਂ ਕਰਨਾ ਚਾਹੀਦਾ ਅਤੇ ਨਾ ਹੀ ਆਪਣੀ ਇੱਛਾ ਪੂਰੀ ਕਰਵਾਉਣ ਲਈ ਜ਼ਿੱਦ ਕਰਨੀ ਚਾਹੀਦੀ ਹੈ। ਆਪਣੇ ਪਰਵਾਰ ਦੀਆਂ ਸਮੱਸਿਆਵਾਂ ਦੂਸਰਿਆਂ ਦੇ ਸਾਹਮਣੇ ਨਹੀਂ ਰੱਖਣੀਆਂ ਚਾਹੀਦੀਆਂ । ਘਰ ਆਏ ਵਿਅਕਤੀ ਦੇ ਅੱਗੇ ਘਰ ਦੀ ਕੋਈ ਬੁਰਿਆਈ ਕਰਨ ਤੋਂ ਸੰਕੋਚ ਕਰਨਾ ਚਾਹੀਦਾ ਹੈ। ਕੁਦਰਤੀ ਜੀਵਨ ਸ਼ੈਲੀ ਅਪਣਾਉਣੀ ਚਾਹੀਦੀ ਹੈ । ਆਪਣੇ ਸਰੀਰ ਦੀ ਤਾਕਤ ਅਨੁਸਾਰ ਘਰ ਦੇ ਕੰਮਾਂ ਵਿੱਚ ਹੱਥ ਵਟਾਉਂਦੇ ਰਹਿਣਾ ਚਾਹੀਦਾ ਹੈ । ਬੁਢਾਪੇ ਮੌਕੇ ਆਏ ਕਸ਼ਟ ਨੂੰ ਕੁਦਰਤ ਦਾ ਫਲ ਸਮਝਕੇ ਖ਼ੁਸ਼ੀ-ਖ਼ੁਸ਼ੀ ਸਹਿਣ ਕਰਨਾ ਚਾਹੀਦਾ ਹੈ । ਹਮੇਸ਼ਾ ਸੁਖੀ, ਖੁਸ਼ ਅਤੇ ਨਿਰੋਗੀ ਰਹਿਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ । ਆਸ ਨਾ ਕਰੋ ਕਿ ਹਰ ਕੰਮ ਤੁਹਾਡੇ ਕੋਲੋਂ ਪੁੱਛ ਕੇ ਕੀਤਾ ਜਾਵੇ। ਸਦਾ ਖੁਸ਼ ਰਿਹਾ ਕਰੋ । ਹੋ ਸਕਦਾ ਕਿ ਇਸ ਤਰ੍ਹਾਂ ਕਰਨ ਨਾਲ ਤੁਹਾਡੇ ਬੁਢਾਪੇ ਦੇ ਦਿਨ ਚੰਗੇ ਨਿਕਲ ਜਾਣ ।

**# ਸੰਪਰਕ : 98146-62260**

3-OCT-PAGE-5.qxd 10/2/2025 9:11 PM Page 1



# ਦੁਸਹਿਰੇ ਮੌਕੇ ਅਮਨ ਅਰੋੜਾ ਵੱਲੋਂ ਸੁਨਾਮ ਵਾਸੀਆਂ ਨੂੰ ਵੱਡੀ ਸੌਗਾਤ, ਵਾਟਰ ਸਪਲਾਈ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ

## ਸ਼ਹਿਰ 'ਚ ਕਰੀਬ 150 ਕਰੋੜ ਰੁਪਏ ਨਾਲ ਕਰਵਾਏ ਜਾ ਰਹੇ ਨੇ ਵਿਕਾਸ ਕਾਰਜ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**
ਬਦੀ ਉੱਤੇ ਨੇਕੀ ਦੀ ਜਿੱਤ ਦੇ ਪ੍ਰਤੀਕ ਤਿਉਹਾਰ ਦਸਹਿਰੇ ਮੌਕੇ ਕੈਬਨਿਟ ਮੰਤਰੀ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਸ਼੍ਰੀ ਅਮਨ ਅਰੋੜਾ ਨੇ ਇਸ ਤਿਉਹਾਰ ਦੀ ਵਧਾਈ ਦਿੰਦਿਆਂ ਸ਼ਹੀਦ ਊਧਮ ਸਿੰਘ ਦੀ ਧਰਤੀ ਸੁਨਾਮ ਊਧਮ ਸਿੰਘ ਵਾਲਾ ਦੇ ਲੋਕਾਂ ਨੂੰ ਜਲ ਸਪਲਾਈ ਪ੍ਰੋਜੈਕਟ ਦੇ ਰੂਪ ਵਿੱਚ ਵੱਡੀ ਸੌਗਾਤ ਦਿੱਤੀ।ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਦੇ ਪੱਕੇ ਹੱਲ ਲਈ ਕੈਬਨਿਟ ਮੰਤਰੀ ਨੇ ਸੀਤਾਸਰ ਰੋਡ, ਸੁਨਾਮ ਵਿਖੇ ਕਰੀਬ 15.22 ਕਰੋੜ ਰੁਪਏ ਦੀ ਲਾਗਤ ਵਾਲੇ ਵਾਟਰ ਸਪਲਾਈ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ, ਜਿਸ ਤਹਿਤ ਟਿਊਬਵੈੱਲ ਅਤੇ 02 ਲੱਖ ਲੀਟਰ ਦੀ ਟੈਂਕੀ ਬਣਾਉਣ ਸਮੇਤ 33,635 ਮੀਟਰ ਲੰਮੀ ਪਾਈਪ ਲਾਈਨ ਪਾਈ ਜਾਵੇਗੀ ਅਤੇ 1472 ਘਰਾਂ, ਜਿਨ੍ਹਾਂ ਕੋਲ ਹੁਣ ਤਕ ਪਾਣੀ ਦੇ ਕੁਨੈਕਸ਼ਨ ਨਹੀਂ ਸਨ, ਨੂੰ ਕੁਨੈਕਸ਼ਨ ਦਿੱਤੇ ਜਾਣਗੇ। ਇਹ ਪ੍ਰੋਜੈਕਟ 01 ਸਾਲ ਵਿੱਚ ਮੁਕੰਮਲ ਕਰ ਦਿੱਤਾ ਜਾਵੇਗਾ।

ਇਸ ਪ੍ਰੋਜੈਕਟ ਤਹਿਤ ਟਿੱਬੀ ਬਸਤੀ ਵਿਖੇ 250 ਕੁਨੈਕਸ਼ਨ, ਨਮੋਲ ਰੋਡ ਵਿਖੇ 50 ਕੁਨੈਕਸ਼ਨ, ਗੁਜਾ ਪੀਰ ਵਿਖੇ 100, ਸਾਈ ਕਲੋਨੀ 100, ਮਾਨਸਾ ਰੋਡ 100, ਜਗਤਪੁਰਾ ਰੋਡ 150, ਪ੍ਰੀਤ ਨਗਰ ਕੱਚਾ ਪਹਾ 200, ਪਟਿਆਲਾ ਰੋਡ 150, ਬਿਗੜਵਾਲ ਰੋਡ 50, ਆਈਟੀਆਈ ਦੇ ਪਿਛਲੇ ਪਾਸੇ 50, ਚੱਠਾ ਰੋਡ 22, ਭਾਗ ਸਿੰਘ ਵਾਲਾ ਰੋਡ 50, ਨੀਲੋਵਾਲ ਰੋਡ 50 ਕੁਨੈਕਸ਼ਨ।ਇਸ ਤੋਂ ਇਲਾਵਾ ਟਰਾਲੀ ਯੂਨੀਅਨ ਰੋਡ, ਪੀਰਾਂ ਵਾਲਾ ਗੇਟ, ਐਕਸਚੇਂਜ ਨੇੜੇ, ਨਗਰ ਕੌਂਸਲ ਦਫ਼ਤਰ ਨੇੜੇ ਅਤੇ ਸ਼ਹਿਰ ਦੇ ਵੱਖ-ਵੱਖ ਹੋਰ ਛੋਟੇ ਹਿੱਸਿਆਂ ਵਿੱਚ ਕਰੀਬ 100 ਕਨੈਕਸ਼ਨ ਦਿੱਤੇ ਜਾਣਗੇ। ਇਸ ਪ੍ਰੋਜੈਕਟ ਬਾਬਤ ਨੀਂਹ ਪੱਥਰ ਰੱਖਣ ਤੇ ਕੰਮ ਸ਼ੁਰੂ ਕਰਵਾਉਣ ਸਬੰਧੀ ਰੱਖੇ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ ਤੇ ਮੁਸ਼ਕਲਾਂ ਦੇ ਹੱਲ ਸਬੰਧੀ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।ਇਸੇ ਲੜੀ ਤਹਿਤ ਇਹ ਪ੍ਰੋਜੈਕਟ ਲਿਆਂਦਾ ਗਿਆ ਹੈ, ਜਿਸ ਨੂੰ ਕਿ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ ਤੇ ਪ੍ਰੋਜੈਕਟ ਦੇ ਮਿਆਰ ਬਾਬਤ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਸ਼੍ਰੀ ਅਰੋੜਾ ਨੇ ਦੱਸਿਆ ਕਿ ਸੁਨਾਮ ਸ਼ਹਿਰ ਨੂੰ ਨਮੂਨੇ ਦਾ ਸ਼ਹਿਰ ਬਣਾਉਣ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ, ਜਿਸ ਤਹਿਤ ਇਸ ਸ਼ਹਿਰ ਦੇ ਵਿਕਾਸ ਉੱਤੇ ਕਰੀਬ 150 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।ਸ਼ਹਿਰ ਵਿੱਚ ਗਿਣਤੀ ਪ੍ਰੋਜੈਕਟ ਮੁਕੰਮਲ ਹੋ ਗਏ ਹਨ ਤੇ ਬਾਕੀਆਂ ਸਬੰਧੀ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਜਦੋਂ ਕਰਨ ਵਾਲਿਆਂ ਦੀ ਨੀਅਤ ਸਾਫ ਹੋਵੇ ਤਾਂ ਕਿਸੇ ਵੀ ਕੰਮ ਵਿੱਚ ਅੜਿੱਕਾ ਨਹੀਂ ਲਗਦਾ ਤੇ ਸਾਰੇ ਕਾਰਜ ਬਹੁਤ ਵਧੀਆ ਢੰਗ ਨਾਲ ਸਿਰੇ ਚੜ੍ਹਦੇ ਹਨ।ਪੰਜਾਬ ਸਰਕਾਰ ਨੇਕ ਨੀਅਤ ਨਾਲ ਦਿਨ-ਰਾਤ ਇੱਕ ਕਰ ਕੇ ਪੰਜਾਬ ਦੀ ਤਰੱਕੀ ਲਈ ਕੰਮ ਕਰ ਰਹੀ ਹੈ।ਮੌਜੂਦਾ ਸਰਕਾਰ ਵੱਲੋਂ ਜਿੰਨੇ ਕੰਮ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਕਰ ਦਿੱਤੇ ਗਏ ਹਨ, ਓਨੇ ਕਾਰਜ ਤਾਂ ਹੁਣ ਤੱਕ ਦੀਆਂ ਸਾਰੀਆਂ ਸਰਕਾਰਾਂ ਨਹੀਂ ਕਰ ਸਕੀਆਂ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਜਲ ਸਪਲਾਈ ਪ੍ਰੋਜੈਕਟ ਦੀ ਮੰਗ ਸੁਨਾਮ ਵਾਸੀਆਂ ਵੱਲੋਂ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਸੀ ਤੇ ਅੱਜ ਇਥੋਂ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋਣ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਜਿੰਨਾ ਵਿਕਾਸ ਵਿਧਾਨ ਸਭਾ ਹਲਕਾ ਸੁਨਾਮ ਵਿਖੇ ਹੋ ਰਿਹਾ ਹੈ, ਉਹ ਪੂਰੇ ਸੂਬੇ ਲਈ ਮਿਸਾਲ ਬਣਿਆ ਹੋਇਆ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਉਨ੍ਹਾਂ ਵਿੱਚੋਂ ਕਈ ਮੌਕੇ ਉੱਤੇ ਹੀ ਹੱਲ ਕੀਤੀਆਂ ਤੇ ਬਾਕੀਆਂ ਸਬੰਧੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਐੱਸ.ਡੀ.ਐੱਮ. ਸ਼੍ਰੀ ਪ੍ਰਮੋਦ ਸਿੰਗਲਾ, ਐੱਸ.ਈ. ਜਲ ਸਪਲਾਈ ਤੇ ਸੀਵਰੇਜ ਬੋਰਡ ਸ਼੍ਰੀ ਜੀ.ਪੀ. ਸਿੰਘ, ਡੀ.ਐੱਸ.ਪੀ. ਸ਼੍ਰੀ ਹਰਵਿੰਦਰ ਸਿੰਘ ਖਹਿਰਾ, ਸਮੇਤ ਵੱਖ ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

# ਧੀ ਦੇ ਹੱਥ ਬੰਨ੍ਹ ਕੇ ਨਹਿਰ 'ਚ ਸੁੱਟੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਵਿਅਕਤੀ ਨੇ ਆਪਣੀ ਲੜਕੀ ਦੇ ਹੱਥ ਬੰਨ੍ਹ ਕੇ ਨਹਿਰ ਵਿੱਚ ਸੁੱਟਣ ਦੇ ਦੋਸ਼ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਸ ਖਿਲਾਫ 103 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਾਹਿਲ ਚੌਹਾਨ ਪੁੱਤਰ ਜੀਤ ਕੁਮਾਰ ਵਾਸੀ ਪਿੰਡ ਸਤੀਏ ਵਾਲਾ, ਹਾਲ ਆਬਾਦ ਐੱਮ ਕੇ ਪੈਲੇਸ ਫਰੀਦਕੋਟ ਚੌਂਕ ਨੇ ਦੱਸਿਆ ਕਿ ਉਸ ਦਾ ਮਾਮਾ ਸੁਰਜੀਤ ਸਿੰਘ ਪੁੱਤਰ ਜੋਧ ਸਿੰਘ ਵਾਸੀ ਹਾਊਸਿੰਗ ਬੋਰਡ ਕਲੋਨੀ ਮਕਾਨ ਨੰਬਰ 123 ਫਿਰੋਜ਼ਪੁਰ ਸ਼ਹਿਰ ਨੇ ਆਪਣੀ ਲੜਕੀ ਪ੍ਰੀਤ ਕੌਰ ਉਮਰ ਕਰੀਬ 17 ਸਾਲ ਦੇ ਚਾਲ ਚੱਲਣ 'ਤੇ ਸ਼ੱਕ ਕਰਦਾ ਰਹਿੰਦਾ ਸੀ ਤੇ ਉਸ ਦੀ ਕੁੱਟਮਾਰ ਕਰਦਾ ਸੀ। ਉਨ੍ਹਾਂ ਦੱਸਿਆ ਕਿ ਮਿਤੀ 30 ਸਤੰਬਰ 2025 ਨੂੰ ਕਰੀਬ 8.40 ਪੀਐੱਮ ਵਜੇ ਉਹ ਆਪਣੀ ਲੜਕੀ ਪ੍ਰੀਤ ਨੂੰ ਮੋਟਰਸਾਈਕਲ 'ਤੇ ਰਿਸ਼ਤੇਦਾਰੀ ਦਾ ਬਹਾਨਾ ਬਣਾ ਕੇ ਨਾਲ ਲੈ ਕੇ ਮੋਗਾ ਰੋਡ 'ਤੇ ਜਾ ਰਿਹਾ ਹੈ ਤਾਂ ਉਸ ਨੇ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਮਾਮੇ ਸੁਰਜੀਤ ਸਿੰਘ ਦਾ ਪਿੱਛਾ ਕੀਤਾ ਤਾਂ ਬਸਤੀ ਦੇ ਪੁਲ ਕੋਲ ਉਸ ਨੇ ਵੇਖਿਆ ਕਿ ਉਸ ਦੇ ਮਾਮੇ ਸੁਰਜੀਤ ਸਿੰਘ ਨੇ ਆਪਣੀ ਲੜਕੀ ਪ੍ਰੀਤ ਕੌਰ ਦੇ ਹੱਥ ਬੰਨ੍ਹ ਕੇ ਉਸ ਨੂੰ ਨਹਿਰ ਖਲੀਲ ਵਾਲੀ ਸਾਇਡ ਪੁੱਟਣੀ ਤੇ ਬੰਨ੍ਹੇ ਨਹਿਰ ਵਿੱਚ ਸੁੱਟ ਦਿੱਤਾ ਤੇ ਮੌਕੇ ਤੋਂ ਫਰਾਰ ਹੋ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਵੱਲੋਂ 16 ਨੂੰ ਸੰਗਰੂਰ 'ਚ ਸੂਬਾ ਪੱਧਰੀ ਰੈਲੀ

## 12 ਨੂੰ 9 ਕੈਬਨਿਟ ਮੰਤਰੀਆਂ ਨੂੰ ਦਿੱਤੇ ਜਾਣਗੇ ਰੋਸ ਪੱਤਰ : ਸਾਂਝਾ ਫਰੰਟ ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਹੜ੍ਹਾਂ ਨਾਲ ਹੋਈ ਵਿਆਪਕ ਤਬਾਹੀ ਦੇ ਮੱਦੇਨਜ਼ਰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਸਾਥੀ ਰਾਧੇ ਸ਼ਾਮ ਦੀ ਪ੍ਰਧਾਨਗੀ ਹੇਠ ਸੂਬਾ ਪੱਧਰੀ ਆਨਲਾਈਨ ਮੀਟਿੰਗ ਕੀਤੀ ਗਈ, ਜਿਸ ਵਿੱਚ ਸਤੀਸ਼ ਰਾਣਾ, ਰਣਜੀਤ ਸਿੰਘ, ਧਨਵੰਤ ਸਿੰਘ ਭੱਠਲ, ਕਰਮ ਸਿੰਘ ਧਨੋਆ, ਸੁਰਿੰਦਰ ਪੁਆਰੀ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਖਦੇਵ ਸਿੰਘ ਸੈਣੀ, ਸੁਰਿੰਦਰ ਰਾਮ ਕੁੱਸਾ, ਪ੍ਰੇਮ ਚਾਵਲਾ, ਬੋਬਿੰਦਰ ਸਿੰਘ ਅਤੇ ਹਰਦੀਪ ਟੋਡਰਪੁਰ ਨੇ ਆਖਿਆ ਕਿ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਦੇ ਖ਼ਿਲਾਫ਼ 11 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਜਿਸ ਨੂੰ ਪੰਜਾਬ ਵਿੱਚ ਹੜ੍ਹਾਂ ਕਾਰਨ ਹੋਈ ਤਬਾਹੀ ਕਾਰਨ ਮੁਲਤਵੀ ਕਰ ਦਿੱਤਾ ਗਿਆ ਹੈ, ਕਿਉਂਕਿ ਇਸ ਵਕਤ ਹੜ੍ਹ ਪੀੜਤਾਂ ਦੀ ਮੱਦਦ ਕਰਨੀ ਸਾਡਾ ਸਭ ਦਾ ਪਹਿਲੀ ਤਰਜੀਹ ਹੈ।

ਸਾਂਝੇ ਫਰੰਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਨਾਲੋਂ 16% ਮਹਿੰਗਾਈ ਭੱਤਾ ਘੱਟ ਦਿੱਤਾ ਜਾ ਰਿਹਾ ਹੈ, ਇਸੇ ਤਰ੍ਹਾਂ ਮੁਲਾਜ਼ਮਾਂ ਦੇ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਤੇ ਏ ਸੀ ਪੀ ਸਕੀਮ ਸਮੇਤ 37 ਭੱਤੇ ਪਿਛਲੇ 4 ਸਾਲਾਂ ਤੋਂ ਬੰਦ ਕੀਤੇ ਹੋਏ ਹਨ, ਪੰਜਾਬ ਸਰਕਾਰ ਵੱਲੋਂ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਤੇ ਇਸ ਦੇ ਰਹਿੰਦੇ ਦੂਜੇ ਭਾਗ ਨੂੰ ਠੰਡੇ ਬਸਤੇ ਵਿੱਚ ਪਾਇਆ ਹੋਇਆ ਹੈ, ਜਦਕਿ ਕੇਂਦਰ ਸਰਕਾਰ ਵੱਲੋਂ ਅੱਠਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾ ਚੁੱਕੀ ਹੈ।ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਬਣਾਈ ਗਈ ਨੀਤੀ ਅੱਜ ਤੱਕ ਦੀਆਂ ਸਾਰੀਆਂ ਨੀਤੀਆਂ ਨਾਲੋਂ ਘਟੀਆ ਹੈ ਜਿਹੜੀ ਸਿਰਫ ਤੇ ਸਿਰਫ 58 ਸਾਲ ਤੱਕ ਸੇਵਾ ਕਰਨ ਦੀ ਹੀ ਗਰੰਟੀ ਦਿੰਦੀ ਹੈ ਅਤੇ ਹੋਰ ਕੋਈ ਵੀ ਪੱਕੇ ਮੁਲਾਜ਼ਮਾਂ ਵਾਲਾ ਲਾਭ ਨਹੀਂ ਦਿੰਦੀ, ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਆਪਣੇ ਵਾਅਦੇ ਤੋਂ ਭੱਜ ਕੇ ਪੰਜਾਬ ਸਰਕਾਰ ਵੱਲੋਂ ਹੁਣ ਇਸਨੂੰ ਕੇਂਦਰ ਸਰਕਾਰ ਨਾਲ ਨੂੜਿਆ ਜਾ ਰਿਹਾ ਹੈ, ਇਸੇ ਤਰ੍ਹਾਂ ਮਿਡ-ਡੇ-ਮੀਲ ਵਰਕਰਾਂ, ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਦੁਗਣੇ ਕਰਨ ਦੇ ਆਪਣੇ ਵਾਅਦੇ ਤੋਂ ਸਰਕਾਰ ਭੱਜ ਚੁੱਕੀ ਹੈ ਅਤੇ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਆਊਟਸੋਰਸ, ਇਨਲਿਸਟਮੈਂਟ ਅਤੇ ਕੰਟਰੈਕਟ ਸਕੀਮਾਂ ਤਹਿਤ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਤਨਖਾਹ ਕਮਿਸ਼ਨ ਦੇ 5 ਸਾਲ 6 ਮਹੀਨੇ ਦੇ ਬਕਾਏ ਇਕਮੁਸ਼ਤ ਅਦਾ ਕਰਨ ਦੀ ਬਜਾਏ 42 ਅਤੇ 36 ਮਹੀਨਿਆਂ ਵਿੱਚ ਦੇਣ ਦੀ ਖੋਖਲੀ ਨੀਤੀ ਅਪਣਾਈ ਜਾ ਰਹੀ ਹੈ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਦੱਬੇ ਹੋਏ ਹਨ, 1 ਜਨਵਰੀ 2016 ਨੂੰ ਤਨਖਾਹ ਤੇ ਪੈਨਸ਼ਨ ਫ਼ਿਕਸ ਕਰਨ ਸਮੇਂ ਬਣਦੇ 125% ਮਹਿੰਗਾਈ ਭੱਤੇ ਨੂੰ ਆਧਾਰ ਨਹੀਂ ਮੰਨਿਆ ਜਾ ਰਿਹਾ, ਪ੍ਰੋਬੇਸ਼ਨ ਪੀਰੀਅਡ ਦੇ ਨਾਂ 'ਤੇ ਮੁਢਲੀ ਤਨਖਾਹ ਦੇ ਕੇ ਤਿੰਨ ਸਾਲ ਤੱਕ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ, 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ 'ਤੇ ਜ਼ਬਰਦਸਤੀ ਕੇਂਦਰੀ ਤਨਖਾਹ ਸਕੇਲ ਥੋਪੇ ਹੋਏ ਹਨ ਅਤੇ ਵਿਕਾਸ ਦੇ ਨਾਂ 'ਤੇ 200 ਰੁਪਏ ਜਜ਼ੀਆ ਪਹਿਲਾਂ ਮੁਲਾਜ਼ਮਾਂ ਦੇ ਹੁਣ ਪੈਨਸ਼ਨਰਾਂ ਤੋਂ ਵੀ ਵਸੂਲਿਆ ਜਾ ਰਿਹਾ ਹੈ।ਜ਼ਿਲ੍ਹਾ ਮੋਗਾ ਦੇ ਆਗੂਆਂ ਜਸਵਿੰਦਰ ਸਿੰਘ ਕਨਵੀਨਰ ਭਜਨ ਸਿੰਘ ਗਿੱਲ, ਸੁਖਦੇਵ ਸਿੰਘ ਰਾਊਕੇ, ਸਰਬਜੀਤ ਦਾਉਧਰ, ਪ੍ਰੇਮ ਕੁਮਾਰ ਮੋਗਾ, ਜਗਜੀਤ ਸਿੰਘ ਰਖਰਾ, ਬਲਵੀਰ ਸਿੰਘ ਮੋਗਾ, ਭੁਪਿੰਦਰ ਸਿੰਘ, ਬਿੱਕਰ ਸਿੰਘ ਮਾਛੀਕੇ, ਜੰਗੀਰ ਸਿੰਘ ਬੰਧਨੀ ਕਲਾਂ, ਗੁਰਜੰਟ ਸਿੰਘ ਸੰਘਾ, ਸੁਰਿੰਦਰਪਾਲ ਸਿੰਘ, ਜਸਵੰਤ ਸਿੰਘ ਬਾਘਾ ਪੁਰਾਣਾ, ਕੇਹਰ ਸਿੰਘ ਕਿਸ਼ਨ ਪੁਰਾ, ਮਨਜੀਤ ਸਿੰਘ ਧਰਮਕੋਟ, ਰਾਮਨਾਥ ਨੇ ਮੋਗਾ ਜਿਲ੍ਹੇ ਦੇ ਸਮੂਹ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਉਲੀਕੇ ਗਏ ਐਕਸ਼ਨਾਂ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ।

## ਕਾਤਰਾਂ

### ਰੇਲ ਗੱਡੀ ਹੇਠ ਆਉਣ ਕਾਰਨ ਲੜਕੀ ਦੀ ਮੌਤ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ-ਸਾਧੂਗੜ੍ਹ ਰੇਲ ਮਾਰਗ 'ਤੇ ਬੀਤੀ ਰਾਤ ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਇੱਕ 17 ਸਾਲਾ ਲੜਕੀ ਦੀ ਮੌਤ ਹੋ ਗਈ। ਮਾਮਲੇ ਦੀ ਜਾਂਚ ਕਰ ਰਹੇ ਜੀਆਰਪੀ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਕਾਬਲ ਸਿੰਘ ਨੇ ਦੱਸਿਆ ਕਿ ਸਰਹਿੰਦ ਸਾਧੂਗੜ੍ਹ ਰੇਲ ਮਾਰਗ 'ਤੇ ਬੀਤੀ ਰਾਤ ਇੱਕ ਨਾਮਾਲੂਮ ਲੜਕੀ ਦੀ ਲਾਸ਼ ਬਰਾਮਦ ਹੋਈ, ਜਿਸ ਦੀ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸ਼ਨਾਖਤ ਲਈ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਖੇ ਰਖਵਾਇਆ ਗਿਆ, ਜਿੱਥੇ ਅੱਜ ਸਵੇਰੇ ਪਹੁੰਚੇ ਮੰਡਲੀ ਵਾਸੀ ਬ੍ਰਾਹਮਣ ਮਾਜਰਾ ਸਰਹਿੰਦ ਨੇ ਲਾਸ਼ ਦੀ ਸ਼ਨਾਖਤ ਕਰਦੇ ਹੋਏ ਦੱਸਿਆ ਕਿ ਉਕਤ ਲਾਸ਼ ਉਸ ਦੀ ਲੜਕੀ ਭਾਗਵਤੀ (17) ਦੀ ਹੈ।ਸਹਾਇਕ ਥਾਣੇਦਾਰ ਕਾਬਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਲੜਕੀ ਦੇ ਵਾਰਸਾਂ ਦੇ ਬਿਆਨਾਂ 'ਤੇ ਮਾਮਲੇ 'ਚ ਅ/ਧ 194 ਬੀਐੱਨਐੱਸਐੱਸ ਤਹਿਤ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

### ਨਬਾਲਗ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ 'ਚ ਪਰਚਾ ਦਰਜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਠੁੱਲੀਵਾਲ ਵਿਖੇ ਇਕ ਵਿਅਕਤੀ ਨੇ ਦਰਜ ਕਰਵਾਏ ਬਿਆਨਾਂ 'ਚ ਕਿਹਾ ਕਿ ਉਸ ਦੀ ਨਬਾਲਗ ਪੋਤਰੀ ਜੋ ਬਾਰਵੀਂ ਸ਼੍ਰੇਣੀ ਵਿੱਚ ਸ਼ੇਰਪੁਰ ਵਿਖੇ ਪੜ੍ਹਦੀ ਹੈ, ਲੰਘੀ 27 ਸਤੰਬਰ ਨੂੰ ਉਹ ਹਰ ਰੋਜ਼ ਵਾਂਗ ਘਰੋਂ ਸਕੂਲ ਪੜ੍ਹਨ ਲਈ ਗਈ, ਪਰ ਮੁੜ ਵਾਪਸ ਘਰ ਨਹੀਂ ਪਰਤੀ।ਇਸ ਸਬੰਧੀ ਪਤਾ ਲੱਗਿਆ ਕਿ ਉਸ ਨੂੰ ਕੋਈ ਨਾਮਾਲੂਮ ਵਿਅਕਤੀ ਵਿਆਹ ਕਰਵਾਉਣ ਦਾ ਝਾਂਸਾ ਦੇ ਕੇ ਗੁੰਮਰਾਹ ਕਰਕੇ ਲੈ ਗਿਆ ਹੈ।ਉਨ੍ਹਾਂ ਇਸ ਮਾਮਲੇ 'ਚ ਪੜਤਾਲ ਕਰਨ ਉਪਰੰਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਇਨਸਾਫ ਦੀ ਮੰਗ ਕੀਤੀ ਹੈ।ਥਾਣਾ ਠੁੱਲੀਵਾਲ ਪੁਲਸ ਨੇ ਕੀਤੀ ਪੜਤਾਲ ਦੌਰਾਨ ਨਾਮਜ਼ਦ ਕੀਤੇ ਗੁਰਮੁੱਖ ਸਿੰਘ ਗੁੰਮਟੀ 'ਤੇ ਪਰਚਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

### ਫਰਜ਼ੀ ਦਸਤਾਵੇਜ਼ਾਂ ਰਾਹੀਂ 19 ਲੱਖ ਠੱਗੇ, 3 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਫਰਜ਼ੀ ਦਸਤਾਵੇਜ਼ ਬਣਾ ਕੇ ਇੰਸ਼ੋਰੈਂਸ ਕੰਪਨੀ ਐੱਚਡੀਐੱਫਸੀ ਲਾਇਫ ਨਾਲ ਮਿਲੀਭੁਗਤ ਕਰਕੇ ਇੱਕ ਵਿਅਕਤੀ ਨਾਲ 19 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 3 ਲੋਕਾਂ ਖਿਲਾਫ 318 (4), 338, 336 (3), 240 (2), 61 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਇਕ ਪੜਤਾਲੀਆ ਰਿਪੋਰਟ ਨੰਬਰ ਯੂਆਈਡੀ ਨੰਬਰ 662526 ਮਿਤੀ 16 ਸਤੰਬਰ 2025 ਵੱਲੋਂ ਵਿਸ਼ਾਲ ਪੁੱਤਰ ਵਿਜੇ ਵਾਸੀ ਚੁੰਗੀ ਨੰਬਰ 8 ਫਰੀਦਕੋਟ ਰੋਡ ਨਵਾਂ ਪੂਰਬਾ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਮੌਸੂਲ ਥਾਣਾ ਹੋਈ ਕਿ ਉਸ ਦੇ ਫਰਜ਼ੀ ਦਸਤਾਵੇਜ਼ ਤਿਆਰ ਕਰਕੇ ਉਨ੍ਹਾਂ ਨੂੰ ਵਰਤੋਂ ਵਿੱਚ ਲਿਆ ਕੇ ਉਤਰਾਵਾਦੀ ਸੁਖਦੇਵ ਸਿੰਘ, ਸੰਜਨਾ ਪੁੱਤਰ ਬੂਟਾ ਵਾਸੀਅਨ ਪਿੰਡ ਕੁੰਡੇ ਤੇ ਸਾਹਿਲ ਖੰਨਾ ਪੁੱਤਰ ਰਾਜੇਸ਼ ਖੰਨਾ ਵਾਸੀ ਸਾਹਮਣੇ ਮੋਦੀ ਮਿੱਲ ਫਿਰੋਜ਼ਪੁਰ ਨੇ ਮਿਲੀਭੁਗਤ ਕਰਕੇ ਇੰਸ਼ੋਰੈਂਸ਼ ਕੰਪਨੀ ਐੱਚਡੀਐੱਫਸੀ ਲਾਇਫ ਨਾਲ 19 ਲੱਖ ਰੁਪਏ ਦੀ ਠੱਗੀ ਮਾਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਕਾਰ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਸੀ ਪੀ ਆਈ ਬਲਾਕ ਕਮੇਟੀ ਵੱਲੋਂ ਸੋਨਮ ਵਾਂਗਚੁੱਕ ਦੀ ਗ੍ਰਿਫ਼ਤਾਰੀ ਲਈ ਕੇਂਦਰ ਦੀ ਤਿੱਖੀ ਆਲੋਚਨਾ

## ਸੋਨਮ ਵਾਂਗਚੁੱਕ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ : ਸੁਦਰਸ਼ਨ ਜੱਗਾ



**ਮਲੋਟ (ਪੱਤਰ ਪ੍ਰੇਰਕ)**-ਸੀ.ਪੀ.ਆਈ. ਮਲੋਟ ਬਲਾਕ ਕਮੇਟੀ ਦੇ ਸਕੱਤਰ ਐਡਵੋਕੇਟ ਸੁਦਰਸ਼ਨ ਜੱਗਾ ਨੇ ਪ੍ਰਸਿੱਧ ਸਿੱਖਿਆਵਾਨ, ਪਰਿਆਵਰਨ ਪ੍ਰੇਮੀ ਤੇ ਸਮਾਜ ਸੁਧਾਰਕ ਸੋਨਮ ਵਾਂਗਚੁੱਕ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ ਅਧੀਨ ਹਿਰਾਸਤ 'ਚ ਲੈਣ ਦੀ ਘਟਨਾ ਦੀ ਤਿੱਖੀ ਨਿੰਦਾ ਕੀਤੀ। ਪਿੰਡ ਅਸਪਾਲਾ ਮੀਟਿੰਗ ਵਿੱਚ ਬੋਲਦਿਆਂ ਉਨ੍ਹਾਂ ਦੱਸਿਆ ਕਿ ਸ਼੍ਰੀ ਵਾਂਗਚੁੱਕ ਨੇ ਆਪਣੀ ਸਾਰੀ ਜ਼ਿੰਦਗੀ ਲੱਦਾਖ ਦੇ ਲੋਕਾਂ ਦੀ ਭਲਾਈ, ਵਾਤਾਵਰਣ ਬਚਾਉਣ, ਪਹਾੜੀ ਪਾਣੀ ਸੰਭਾਲਣ (ਆਈਸ ਸਟੂਪਾ) ਤੇ ਵਿਦਿਆਰਥੀਆਂ ਲਈ ਨਵੀਂ ਸਿੱਖਿਆ ਪਧਤੀ ਨੂੰ ਸਮਰਪਤ ਕੀਤੀ ਹੈ। ਉਹ ਲੱਦਾਖ ਲਈ ਭਾਰਤੀ ਸੰਵਿਧਾਨ ਦੇ ਛੇਵੇਂ ਸ਼ਡਿਊਲ ਅਧੀਨ ਖ਼ਾਸ ਰੱਖਿਆ ਪ੍ਰਬੰਧ ਲਾਗੂ ਕਰਨ ਦੀ ਸ਼ਾਂਤੀਪੂਰਨ ਮੁਹਿੰਮ ਚਲਾ ਰਹੇ ਸਨ, ਤਾਂ ਜੋ ਉਥੇ ਦੀ ਜ਼ਮੀਨ, ਰੋਜ਼ਗਾਰ ਤੇ ਸਾਂਝੀ ਵਿਰਾਸਤ ਬਚੀ ਰਹੇ। ਸ਼ਾਂਤੀਪੂਰਨ ਤੇ ਸੰਵਿਧਾਨਕ ਅਵਾਜ਼ ਨੂੰ ਦਬਾਉਣ ਲਈ ਕਠੋਰ ਕਾਨੂੰਨਾਂ ਦੀ ਵਰਤੋਂ ਕਰਕੇ ਕੇਂਦਰ ਸਰਕਾਰ ਲੋਕਤੰਤਰ ਦੇ ਮੂਲ ਅਸੂਲਾਂ ਨਾਲ ਖੇਡ ਰਹੀ ਹੈ। ਸੰਵਿਧਾਨ ਦੇ ਧਾਰਾ 19 ਅਧੀਨ ਪ੍ਰਤੀਕਰਮ ਤੇ ਇਕੱਠੇ ਹੋਣ ਦਾ ਅਧਿਕਾਰ ਹਰ ਭਾਰਤੀ ਨਾਗਰਿਕ ਦਾ ਹੱਕ ਹੈ। ਸੀ.ਪੀ.ਆਈ. ਬਲਾਕ ਕਮੇਟੀ ਲੱਦਾਖ ਦੇ ਲੋਕਾਂ ਤੇ ਸੋਨਮ ਵਾਂਗਚੁੱਕ ਦੀ ਨਿਆਂਪ੍ਰਾਪਤੀ ਲਈ ਚੱਲ ਰਹੀ ਲੜਾਈ 'ਚ ਪੂਰੀ ਏਕਤਾ ਜ਼ਾਹਰ ਕਰਦੀ ਹੈ ਅਤੇ ਕੇਂਦਰ ਸਰਕਾਰ ਤੇ ਲੱਦਾਖ ਪ੍ਰਸ਼ਾਸਨ ਤੋਂ ਮੰਗ ਕਰਦੀ ਹੈ ਕਿ ਸੋਨਮ ਵਾਂਗਚੁੱਕ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਅਤੇ ਉਸ ਉੱਤੇ ਲਾਈਆਂ ਸਾਰੀਆਂ ਕਾਨੂੰਨੀ ਪਾਬੰਦੀਆਂ ਤੁਰੰਤ ਵਾਪਸ ਲਈਆਂ ਜਾਣ। ਲੱਦਾਖ ਦੇ ਲੋਕਾਂ ਨਾਲ ਸਿੱਧੀ ਗੱਲਬਾਤ ਕਰਕੇ ਛੇਵੇਂ ਸ਼ਡਿਊਲ ਹੇਠ ਸੰਵਿਧਾਨਕ ਸੁਰੱਖਿਆ ਦਿੱਤੀ ਜਾਵੇ। ਭਾਰਤ ਦੇ ਸੰਵਿਧਾਨ ਵੱਲੋਂ ਦਿੱਤੇ ਗਏ ਮੂਲ ਅਧਿਕਾਰਾਂ ਤੇ ਲੋਕਤਾਂਤ੍ਰਿਕ ਮੁੱਲਾਂ ਦੀ ਪੂਰੀ ਰੱਖਿਆ ਕੀਤੀ ਜਾਵੇ। ਕਾਮਰੇਡ ਜੱਗਾ ਨੇ ਕਿਹਾ ਕਿ ਸ਼ਾਂਤੀਪੂਰਨ ਵਿਰੋਧ ਲੋਕਤੰਤਰ ਦੀ ਰੂਹ ਹੈ ਤੇ ਵਾਤਾਵਰਨ ਤੇ ਅਧਿਕਾਰਾਂ ਦੀ ਗੱਲ ਕਰਨ ਵਾਲੀਆਂ ਅਵਾਜ਼ਾਂ ਨੂੰ ਚੁੱਪ ਕਰਵਾਉਣ ਦੀ ਕੋਸ਼ਿਸ਼ ਕਦੇ ਸਹੀ ਨਹੀਂ ਮੰਨੀ ਜਾ ਸਕਦੀ।

# ਤਿਉਹਾਰਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਸ਼ਹਿਰ 'ਚ ਫਲੈਗ ਮਾਰਚ



**ਦੋਰਾਹਾ (ਹਰਮਿੰਦਰ ਸੇਠ)**-ਤਿਉਹਾਰਾਂ ਦੇ ਮੱਦੇਨਜ਼ਰ ਸੂਬੇ 'ਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਤੇ ਅਪਰਾਧਕ ਅਨਸਰਾਂ 'ਤੇ ਸ਼ਿਕੰਜਾ ਕੱਸਣ ਲਈ ਸ਼ਹਿਰ ਦੋਰਾਹਾ 'ਚ ਪੁਲਸ ਵੱਲੋਂ ਮਾਣਯੋਗ ਐਸ ਐਸ ਪੀ ਖੰਨਾ ਡਾ. ਜਯੋਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਬ ਡਵੀਜ਼ਨ ਪਾਇਲ ਦੇ ਡੀ.ਐੱਸ.ਪੀ. ਹੇਮੰਤ ਮਲਹੋਤਰਾ ਦੀ ਰਹਿਨੁਮਾਈ ਹੇਠ ਸਥਾਨਕ ਸ਼ਹਿਰ ਵਿੱਚ ਫਲੈਗ ਮਾਰਚ ਕੱਢਿਆ ਗਿਆ।ਇਹ ਫਲੈਗ ਮਾਰਚ ਥਾਣੇ ਤੋਂ ਸ਼ੁਰੂ ਹੋ ਕੇ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਵਾਪਸ ਸ਼ੁਰੂਆਤੀ ਸਥਾਨ 'ਤੇ ਆ ਕੇ ਸਮਾਪਤ ਹੋਇਆ।ਇਸ ਮੌਕੇ ਮਾਣਯੋਗ ਐਸ ਐਸ ਪੀ ਖੰਨਾ ਡਾ. ਜਯੋਤੀ ਯਾਦਵ ਨੇ ਦੱਸਿਆ ਕਿ ਤਿਉਹਾਰਾਂ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ, ਜਿਸ ਕਾਰਨ ਸ਼ਹਿਰ ਵਿੱਚ ਲੋਕਾਂ ਦੀ ਸਰਗਰਮੀ ਵਧਣ ਲੱਗੀ ਹੈ।ਇਸ ਕਰਕੇ ਇਹ ਫਲੈਗ ਮਾਰਚ ਕੱਢਿਆ ਜਾ ਰਿਹਾ ਹੈ।ਪੁਲਸ ਜਨਤਾ ਦੀ ਜਾਨ ਮਾਲ ਦੀ ਰਾਖੀ ਲਈ 24 ਘੰਟੇ ਤਿਆਰ ਹੈ।

ਉਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਨੂੰ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਕਿਹਾ ਕਿ ਕਿਸੇ ਵੀ ਅਫਵਾਹ 'ਤੇ ਧਿਆਨ ਨਾ ਦਿਓ। ਸ਼ੱਕੀ ਤੇ ਬੇਕਾਬੂ ਅਨਸਰਾਂ ਬਾਰੇ ਤੁਰੰਤ ਪੁਲਸ ਨੂੰ ਸੂਚਿਤ ਕਰੋ।ਉਨ੍ਹਾਂ ਤਿਉਹਾਰਾਂ ਨੂੰ ਖੁਸ਼ੀ ਤੇ ਸ਼ਾਂਤਮਈ ਢੰਗ ਨਾਲ ਮਨਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਹਰ ਖੇਤਰ ਵਿੱਚ ਅਮਨ-ਕਾਨੂੰਨ ਬਣਾਈ ਰੱਖਣ 'ਚ ਸਹਿਯੋਗ ਕਰਨਾ ਚਾਹੀਦਾ ਹੈ।ਜੇਕਰ ਕੋਈ ਸਮੱਸਿਆ ਹੋਵੇ ਤਾਂ ਤੁਰੰਤ ਸਥਾਨਕ ਪੁਲਸ ਨੂੰ ਸੂਚਿਤ ਕਰੋ।ਇਸ ਮੌਕੇ ਮਾਣਯੋਗ ਐਸ ਐਸ ਪੀ ਖੰਨਾ ਡਾ. ਜਯੋਤੀ ਯਾਦਵ ਨੇ ਦੱਸਿਆ ਕਿ ਸ਼ਹਿਰ 'ਚ ਸਾਰੀਆਂ ਹੀ ਸਰਵਜਨਕ ਥਾਵਾਂ ਜਿਵੇਂ ਬੱਸ ਸਟੈਂਡ, ਰੇਲਵੇ ਸਟੇਸ਼ਨ, ਮੁੱਖ ਬਾਜ਼ਾਰਾਂ, ਹਸਪਤਾਲਾਂ, ਸ਼ਹਿਰ ਵਿਚਲੇ ਹੋਟਲਾਂ, ਧਰਮਸ਼ਾਲਾਵਾਂ ਆਦਿ ਦੇ ਨੇੜੇ ਚੌਕਸੀ ਵਧਾ ਦਿੱਤੀ ਹੈ।ਇਨ੍ਹਾਂ ਸਥਾਨਾਂ 'ਤੇ ਸ਼ੱਕੀ ਵਿਅਕਤੀਆਂ ਤੇ ਆਉਣ-ਜਾਣ ਵਾਲੇ ਵਾਹਨਾਂ ਦੀ ਤਲਾਸ਼ੀ ਲਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਅਮਨ ਸ਼ਾਂਤੀ ਭੰਗ ਕਰਨ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।ਡਾ. ਜਯੋਤੀ ਯਾਦਵ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕੋਈ ਵੀ ਸ਼ੱਕੀ ਵਿਅਕਤੀ, ਕੋਈ ਟਿਫਨ ਜਾਂ ਕੋਈ ਹੋਰ ਸ਼ੱਕੀ ਵਸਤੂ ਦਿਖਾਈ ਦਿੰਦੀ ਹੈ ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ।ਉਨ੍ਹਾਂ ਇਲਾਕੇ ਦੇ ਆਮ ਲੋਕਾਂ ਤੇ ਸ਼ਹਿਰ ਵਾਸੀਆਂ ਤੋਂ ਵੀ ਸਹਿਯੋਗ ਦੀ ਮੰਗ ਕੀਤੀ ਹੈ।ਇਸ ਮੌਕੇ ਮਾਣਯੋਗ ਐੱਸ ਐੱਸ ਪੀ ਖੰਨਾ ਡਾ. ਜਯੋਤੀ ਯਾਦਵ, ਡੀ ਐੱਸ ਪੀ ਪਾਇਲ ਸ੍ਰੀ ਹੇਮੰਤ ਮਲਹੋਤਰਾ ਐੱਸ ਐੱਚ ਓ ਸ੍ਰੀ ਅਕਾਸ਼ ਦੱਤ ਟ੍ਰੈਫਿਕ ਪੁਲਸ ਇੰਚਾਰਜ ਜਗਤਾਰ ਸਿੰਘ ਕੁਲਵਿੰਦਰ ਸਿੰਘ ਹਾਜ਼ਰ ਸਨ।

# ਕਿਡਜ਼ੀ ਪ੍ਰੀ ਸਕੂਲ ਵਿਖੇ ਧੂਮਧਾਮ ਨਾਲ ਮਨਾਇਆ ਦੁਸਹਿਰੇ ਦਾ ਤਿਉਹਾਰ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਕਿਡਜ਼ੀ ਤੇ ਮਾਊਂਟ ਲਿਟਰਾ ਜ਼ੀ ਸਕੂਲ ਦੇ ਬਾਨੀ ਪ੍ਰਿੰਸੀਪਲ ਗੁਰਦੇਵ ਸਿੰਘ, ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੀ ਯੋਗ ਅਗਵਾਈ ਅਨੁਸਾਰ ਬੱਚਿਆਂ ਨੂੰ ਪੜ੍ਹਾਈ, ਸਰਵਪੱਖੀ ਵਿਕਾਸ ਕਰਾਉਣ 'ਤੇ ਜ਼ੋਰ ਦਿੱਤਾ ਜਾਂਦਾ ਹੈ।ਇਸੇ ਤਹਿਤ ਬੱਚਿਆਂ ਨੂੰ ਤਿਉਹਾਰਾਂ ਦੇ ਮਹੱਤਵ ਬਾਰੇ ਜਾਣੂ ਕਰਵਾਉਣ ਲਈ ਕਿਡਜ਼ੀ ਪ੍ਰੀ ਸਕੂਲ ਬਾਘਾਪੁਰਾਣਾ ਵਿਖੇ ਦੁਸਹਿਰੇ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ।ਇਸ ਦੌਰਾਨ ਬੱਚਿਆਂ ਨੇ ਈਮਾਨਦਾਰੀ, ਸਤਿਕਾਰ, ਨਿਮਰਤਾ ਤੇ ਆਗਿਆਕਾਰੀ ਦੀਆਂ ਕਦਰਾਂ-ਕੀਮਤਾਂ ਸਿੱਖੀਆਂ, ਜੋ ਕਿ ਸਾਡੇ ਭਾਰਤੀ ਮਹਾਂਕਾਵਿ, ਰਾਮਾਇਣ ਦਾ ਧੁਰਾ ਹਨ।

ਇਸ ਦੌਰਾਨ ਪ੍ਰਿੰਸੀਪਲ ਅਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਕਿਹਾ ਇਹ ਤਿਉਹਾਰ ਇੱਕ ਬਹੁਤ ਵੱਡਾ ਸਬਕ ਦਿੰਦਾ ਹੈ ਕਿ ਮਨੁੱਖ ਨੂੰ ਜੀਵਨ ਵਿੱਚ ਕਿਹੋ ਜਿਹਾ ਹੋਣਾ ਚਾਹੀਦਾ ਹੈ ਤੇ ਜਦੋਂ ਮਨੁੱਖ ਰਾਵਣ ਵਰਗਾ ਦੁਸ਼ਟ ਹੋ ਜਾਂਦਾ ਹੈ ਤਾਂ ਮਨੁੱਖ ਨੂੰ ਕੋਈ ਨਹੀਂ ਬਚਾ ਸਕਦਾ। ਇਸ ਮੌਕੇ ਐਡਵੋਕੇਟ ਰਾਜਾ ਸਿੰਘ ਜੀ ਨੇ ਕਿਹਾ ਕਿ ਇਹ ਇੱਕ ਸੱਚਾਈ ਹੈ ਕਿ ਮਾੜੀਆਂ ਚੀਜ਼ਾਂ ਤੁਹਾਨੂੰ ਚੰਗੀਆਂ ਦੀ ਬਜਾਏ ਜ਼ਿਆਦਾ ਆਕਰਸ਼ਿਤ ਕਰਦੀਆਂ ਹਨ, ਪਰ ਅਸੀਂ ਤੱਥਾਂ ਨੂੰ ਜਾਣ ਕੇ ਇਤਿਹਾਸ ਤੋਂ ਸਿੱਖ ਸਕਦੇ ਹਾਂ ਤੇ ਭਗਵਾਨ ਰਾਮ ਵਰਗੇ ਬਣਨ ਦੀ ਕੋਸ਼ਿਸ਼ ਕਰ ਸਕਦੇ ਹਾਂ।ਇਸ ਮੌਕੇ ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ, ਮਾਊਂਟ ਲਿਟਰਾ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਤੇ ਕੋਆਰਡੀਨੇਟਰ ਮੈਡਮ ਗੁੰਜਨਦੀਪ ਢਿੱਲੋਂ ਵੀ ਹਾਜ਼ਰ ਸਨ।



# ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਵਿਸ਼ੇਸ਼ ਵਰਕਸ਼ਾਪ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ-ਸੰਚਾਰ ਵਿਭਾਗ ਵੱਲੋਂ 'ਆਰਟੀਫਿਸ਼ਲ ਇੰਟੈਲੀਜੈਂਸ ਇਨ ਮੀਡੀਆ' ਵਿਸ਼ੇ 'ਤੇ ਵਿਸ਼ੇਸ਼ ਵਰਕਸ਼ਾਪ ਕੀਤੀ ਗਈ, ਜਿਸ ਵਿੱਚ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਇਸ ਮੌਕੇ ਏ. ਆਈ. ਫ਼ਾਰ ਡਿਜੀਟਲ ਰੈਡੀਨੈੱਸ ਐਂਡ ਐਡਵਾਂਸਮੈਂਟ ਦੇ ਟ੍ਰੇਨਰ ਡਾ. ਰਿਪੁਦਮਨ ਸਿੰਘ ਮੁੱਖ ਬੁਲਾਰੇ ਵਜੋਂ ਹਾਜ਼ਰ ਹੋਏ।ਮੁੱਖ ਬੁਲਾਰੇ ਡਾ. ਰਿਪੁਦਮਨ ਸਿੰਘ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਏ.ਆਈ. ਟੂਲਜ਼ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਤੇ ਸਿੱਖਿਆ, ਮੀਡੀਆ, ਖੋਜ ਤੇ ਰੋਜ਼ਾਨਾ ਜੀਵਨ ਦੇ ਵੱਖ-ਵੱਖ ਖੇਤਰਾਂ ਵਿੱਚ ਏ.ਆਈ. ਦੀ ਸਹੀ ਵਰਤੋਂ 'ਤੇ ਚਾਨਣਾ ਪਾਇਆ।ਸੈਸ਼ਨ ਦੇ ਅਖੀਰ ਵਿੱਚ ਉਨ੍ਹਾਂ ਵਿਸ਼ੇਸ਼ ਇੰਟਰੈਕਟਿਵ ਸੈਸ਼ਨ ਦੌਰਾਨ ਵਿਦਿਆਰਥੀਆਂ ਦੇ ਸਵਾਲਾਂ ਦੇ ਤਸੱਲੀਬਖ਼ਸ਼ ਜਵਾਬ ਦਿੱਤੇ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਪੱਤਰਕਾਰੀ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜੋਕੇ ਆਰਟੀਫਿਸ਼ਲ ਇੰਟੈਲੀਜੈਂਸ ਤੇ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਅਜਿਹੀਆਂ ਸਿੱਖਿਆ ਭਰਪੂਰ ਵਰਕਸ਼ਾਪਾਂ ਵਿਦਿਆਰਥੀਆਂ ਦੇ ਵਿੱਦਿਅਕ ਤੇ ਵਿਹਾਰਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਮੁੱਖ ਮਹਿਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਏ.ਆਈ. ਹਰ ਖੇਤਰ ਵਿੱਚ ਆਪਣੇ ਪੈਰ ਪਸਾਰ ਚੁੱਕਾ ਹੈ, ਇਸ ਲਈ ਇਸ ਵਰਕਸ਼ਾਪ ਰਾਹੀਂ ਵਿਦਿਆਰਥੀਆਂ ਨੇ ਇਸ ਦੀ ਸਹੀ ਤੇ ਸੁਯੋਗ ਵਰਤੋਂ ਸਬੰਧੀ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼, ਪ੍ਰੋ. ਰੰਜਿਤਾ ਸ਼ਰਮਾ, ਪ੍ਰੋ. ਅਮਨਦੀਪ ਕੌਰ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਮਸੀਤਾਂ ਰੋਡ ਦੀ ਖਸਤਾ ਹਾਲਤ ਨੂੰ ਲੈ ਕੇ ਦੁਕਾਨਦਾਰਾਂ ਤੇ ਰਾਹਗੀਰਾਂ 'ਚ ਰੋਸ

## ਸ਼ਹਿਰ ਵਾਸੀਆਂ ਵੱਲੋਂ ਹਲਕਾ ਵਿਧਾਇਕ ਤੇ ਪ੍ਰਸ਼ਾਸਨ ਨੂੰ ਜਲਦ ਸੜਕ ਬਣਾਉਣ ਦੀ ਮੰਗ



**ਕੋਟ ਈਸੇ ਖਾ (ਅਰੋੜਾ)**-ਵਿਧਾਨ ਸਭਾ ਹਲਕਾ ਧਰਮਕੋਟ ਦੇ ਕਸਬਾ ਕੋਟ ਈਸੇ ਖਾਂ ਦੀ ਮਸੀਤਾ ਰੋਡ ਜੋ 30-40 ਪਿੰਡਾਂ ਨੂੰ ਸ਼ਹਿਰ ਨਾਲ ਜੋੜਦੀ ਹੈ, ਦੀ ਹਾਲਤ ਖਸਤਾ ਹੋਣ ਕਰਕੇ ਸ਼ਹਿਰ ਵਾਸੀਆਂ, ਦੁਕਾਨਦਾਰਾਂ ਤੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਉਨ੍ਹਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ, ਜਿਸ ਨੂੰ ਲੈ ਕੇ ਮਸੀਤਾਂ ਰੋਡ ਦੁਕਾਨਦਾਰ ਇਕੱਠੇ ਹੋਏ ਜਿਨ੍ਹਾਂ ਵਿੱਚ ਤਿਲਕ ਰਾਜ ਗੁਲਾਟੀ, ਦੇਵ ਸੀਕਰੀ, ਸਤਨਾਮ ਘਟੌੜਾ, ਗੁਰਮੀਤ ਸਪੇਅਰ ਪਾਰਟਸ, ਤਾਰਾ ਸਿੰਘ ਟੱਕਰ, ਬਾਊ ਸਬਜੀ ਵਾਲਾ, ਗੀਤਾ ਹੇਅਰ ਡਰੈਸਰ, ਪੀਟਰ ਹਲਵਾਈ, ਬਿੱਲਾ ਮਨਿਆਰੀ ਵਾਲਾ, ਪੰਡਿਤ ਜੀ, ਅਸ਼ਵਨੀ ਕੁਮਾਰ, ਟੱਕਰ ਖਾਦ ਭੰਡਾਰ, ਬੂਟਾ ਡੀਜੇ, ਲਵ ਮੋਬਾਈਲ, ਕਾਕਾ ਟੱਕਰ, ਆਸ਼ੂ ਪਲੰਬਰ, ਮਾਨ ਟੇਲਰ, ਗੁਰਜੰਟ, ਕਰਨ ਟੱਕਰ, ਸਾਬੀ ਮੀਟ ਵਾਲਾ ਆਦਿ ਨੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸ਼ਹਿਰ ਅੰਦਰ ਪਾਣੀ ਦੀ ਨਿਕਾਸੀ ਨੂੰ ਲੈ ਕੇ ਸੀਵਰੇਜ ਪ੍ਰੋਜੈਕਟ ਚੱਲ ਰਿਹਾ ਹੈ ਅਤੇ ਮਸੀਤਾਂ ਰੋਡ 'ਤੇ ਸੀਵਰੇਜ ਪਏ ਨੂੰ ਕਾਫੀ ਸਮਾਂ ਹੋ ਚੁੱਕਾ ਹੈ, ਪਰ ਸੜਕ ਨਾ ਬਨਣ ਕਰਕੇ ਦੁਕਾਨਦਾਰਾਂ ਨੂੰ ਬਹੁਤ ਦਿੱਕਤ ਪੇਸ਼ ਆ ਰਹੀ ਹੈ।ਉਨ੍ਹਾਂ ਕਿਹਾ ਕਿ ਸੀਵਰੇਜ ਤੋਂ ਬਾਅਦ ਇਹ ਸੜਕ ਕੱਚੀ ਬਣੀ ਹੋਈ ਹੈ ਅਤੇ ਟੋਏ ਵਗੈਰਾ ਪਏ ਹੋਣ ਕਰਕੇ ਵਹੀਕਲ ਚਾਲਕਾਂ ਨੂੰ ਬਹੁਤ ਮੁਸ਼ਕਿਲ ਪੇਸ਼ ਆ ਰਹੀ ਹੈ।ਉਨ੍ਹਾਂ ਦੱਸਿਆ ਕਿ ਬਰਸਾਤ ਦੇ ਮੌਸਮ ਵਿੱਚ ਇਸ ਸੜਕ ਦੀ ਹਾਲਤ ਹੋਰ ਵੀ ਵੱਧ ਤੋਂ ਬਦਤਰ ਹੋ ਜਾਂਦੀ ਹੈ, ਜਿੱਥੋਂ ਲੰਘਣਾ ਕਿਸੇ ਦੁਰਘਟਨਾ ਤੋਂ ਘੱਟ ਨਹੀਂ ਹੈ।ਉਨ੍ਹਾਂ ਕਿਹਾ ਕਿ ਸੜਕ ਦੀ ਇਸ ਹਾਲਤ ਕਾਰਨ ਦੁਕਾਨਦਾਰਾਂ ਦੇ ਕੰਮਕਾਰ ਠੱਪ ਹੋ ਕੇ ਰਹਿ ਗਏ ਹਨ, ਕਿਉਂਕਿ ਜ਼ਿਆਦਾਤਰ ਪਿੰਡਾਂ ਦੇ ਲੋਕ ਹੁਣ ਇਸ ਰਸਤੇ ਤੋਂ ਲੰਘਣਾ ਪਸੰਦ ਨਹੀਂ ਕਰਦੇ।ਉਨ੍ਹਾਂ ਕਿਹਾ ਕਿ ਤਿਉਹਾਰਾਂ ਦਾ ਸੀਜ਼ਨ ਤੇ ਝੋਨੇ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ, ਜਿਸ ਦੇ ਚਲਦਿਆਂ ਕਿਸਾਨ ਭਰਾਵਾਂ ਨੇ ਵੀ ਆਪਣੀ ਫਸਲ ਮੰਡੀ ਨੂੰ ਲੈ ਕੇ ਜਾਣੀ ਹੁੰਦੀ ਹੈ, ਜਿਸ ਨੂੰ ਮੁੱਖ ਰੱਖਦੀਆ ਅਸੀਂ ਮਾਣਯੋਗ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਜਲਦ ਤੋਂ ਜਲਦ ਇਸ ਸੜਕ ਨੂੰ ਬਣਾਇਆ ਜਾਵੇ, ਜਿਸ ਨਾਲ ਲੋਕਾਂ ਨੂੰ ਮੁਸ਼ਕਲ ਤੋਂ ਨਿਯਾਤ ਦਿਵਾਈ ਜਾਵੇ।ਜਦ ਇਸ ਸਬੰਧੀ ਨਗਰ ਪੰਚਾਇਤ ਦੇ ਪ੍ਰਧਾਨ ਸ਼ਿੰਦਰ ਕੌਰ ਦੇ ਪਤੀ ਤੇ ਆਪ ਆਗੂ ਪ੍ਰਕਾਸ਼ ਸਿੰਘ ਰਾਜਪੂਤ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ 2-4 ਦਿਨਾਂ ਦੇ ਅੰਦਰ ਸੜਕ ਦਾ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ ਤੇ ਸੜਕ ਜਲਦ ਹੀ ਬਣ ਕੇ ਤਿਆਰ ਹੋ ਜਾਵੇਗੀ।ਸ਼ਹਿਰ ਵਾਸੀਆਂ ਤੇ ਦੁਕਾਨਦਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਨੂੰ ਸੈਂਕੜੇ ਪ੍ਰਵਾਸੀਆਂ ਦੇ ਹਸਤਾਖਰਾਂ ਵਾਲਾ ਮੰਗ ਪੱਤਰ ਸੌਂਪਿਆ



**ਲੁਧਿਆਣਾ (ਰੈਕਟਰ ਕਥੂਰੀਆ)**

ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਕਾਮਰੇਡ ਸੁਰਿੰਦਰ ਸਿੰਘ ਨੇ ਦੱਸਿਆ ਕਿ ਅੱਜ ਇਨਕਲਾਬੀ ਮਜ਼ਦੂਰ ਕੇਂਦਰ ਪੰਜਾਬ ਦੀ ਅਗਵਾਈ 'ਚ ਮੁੱਖ ਮੰਤਰੀ ਪੰਜਾਬ ਤੇ ਪ੍ਰਧਾਨ ਮੰਤਰੀ ਭਾਰਤ ਦੇ ਨਾਮ ਏ.ਡੀ.ਸੀ. ਲੁਧਿਆਣਾ ਨੂੰ ਮੰਗ ਪੱਤਰ ਸੌਂਪਿਆ ਗਿਆ।ਇਹ ਮੰਗ ਪੱਤਰ ਹੁਸ਼ਿਆਰਪੁਰ ਵਿੱਚ ਮਾਸੂਮ ਬੱਚੇ ਹਰਵੀਰ ਦੇ ਦਰਦਨਾਕ ਕਤਲ ਤੇ ਉਸ ਉਪਰੰਤ ਪੈਦਾ ਕੀਤੀ ਗਈ ਪ੍ਰਵਾਸੀ ਲੋਕਾਂ ਖਿਲਾਫ ਫਿਰਕੂ ਨਫ਼ਰਤ, ਜਿਸ ਨੇ ਹੜ੍ਹਾਂ ਸਮੇਂ ਲੋਕਾਂ 'ਚ ਸਾਹਮਣੇ ਆਈ ਭਾਈਚਾਰਕ ਏਕਤਾ ਨੂੰ ਸੱਟ ਮਾਰੀ ਹੈ।ਇਸਦੇ ਨਾਲ ਹੀ ਜਾਇਜ਼ ਮੰਗਾਂ ਲਈ ਸਾਂਝੇ ਸੰਘਰਸ਼ ਨੂੰ ਵੀ ਸੱਟ ਮਾਰੀ ਹੈ।ਇਨ੍ਹਾਂ ਹਾਲਾਤਾਂ 'ਚ ਮੰਗ ਪੱਤਰ 'ਚ ਮੰਗ ਕੀਤੀ ਗਈ ਹੈ ਕਿ ਅਸੀ ਪੰਜਾਬ 'ਚ ਵਸਦੇ ਪ੍ਰਵਾਸੀ ਲੋਕ ਮਾਸੂਮ ਬੱਚੇ ਹਰਵੀਰ ਦੇ ਕਾਤਲਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਤੇ ਪੰਜਾਬ 'ਚ ਹੜ੍ਹ ਨਾਲ ਹੋਏ ਨੁਕਸਾਨ ਦੀ ਪੂਰਨ ਭਰਪਾਈ ਦੀ ਮੰਗ ਕਰਦੇ ਹਾਂ।ਅਸੀਂ ਫਿਰਕੂ ਨਫਰਤੀ ਸਿਆਸਤ, ਗੁੰਡਾਗਰਦੀ, ਅਨਪੜ੍ਹਤਾ, ਬੇਰੁਜ਼ਗਾਰੀ ਤੇ ਗੰਦੇ ਸੱਭਿਆਚਾਰ ਨੂੰ ਖਤਮ ਕਰਨ ਦੀ ਮੰਗ ਕਰਦੇ ਹਾਂ ਤਾਂ ਕਿ ਸਾਡੇ ਬੱਚਿਆਂ ਦਾ ਚੰਗੇ ਵਾਤਾਵਰਣ ਵਿੱਚ ਪਾਲਣ-ਪੋਸ਼ਣ ਹੋ ਸਕੇ।ਕਿਸੇ ਵੀ ਅਪਰਾਧੀ ਨਾਲ ਜੋੜ ਕੇ ਉਸ ਦੀ ਪੂਰੀ ਜਾਤੀ, ਨਸਲ, ਧਰਮ ਜਾਂ ਜਮਾਤ ਨੂੰ ਦੋਸ਼ੀ ਬਣਾ ਕੇ ਪੇਸ਼ ਕਰਕੇ ਜਾਂ ਸਜ਼ਾ ਦੇਣ ਦੀ ਰਾਜਨੀਤੀ ਬੰਦ ਹੋਣੀ ਚਾਹੀਦੀ ਹੈ, ਜੋ ਸਮੁੱਚੇ ਸੰਸਾਰ ਦੇ ਪ੍ਰਵਾਸੀਆਂ, ਮਨੁੱਖਤਾ, ਪੰਜਾਬੀਅਤ, ਭਗਤੀ ਲਹਿਰ, ਸਿੱਖ ਧਰਮ ਤੇ ਦੇਸ਼ ਲਈ ਜਾਨਾਂ ਵਾਰ ਗਏ ਸ਼ਹੀਦਾਂ ਦੀ ਸੋਚ ਦੇ ਵੀ ਖਿਲਾਫ ਹੈ।ਉਨ੍ਹਾਂ ਪੰਜਾਬੀ ਕੌਮੀਅਤ ਸਮੇਤ ਭਾਰਤ ਦੀਆਂ ਸਾਰੀਆਂ ਕੌਮੀਅਤਾ ਦੇ ਅਗਾਂਹਵਧੂ ਸੱਭਿਆਚਾਰ, ਭਾਈਚਾਰਕ ਸਦਭਾਵਨਾ ਤੇ ਸਰਵਪੱਖੀ ਵਿਕਾਸ ਦੀ ਮੰਗ ਕੀਤੀ ਹੈ।ਉਹ ਇਹ ਵੀ ਸਮਝਦੇ ਹਨ ਕਿ ਹਰ ਰਾਜ ਪ੍ਰਬੰਧ, ਹਰ ਮਨੁੱਖ ਦੀ ਜਨਮ ਭੂਮੀ ਤੇ ਕਰਮ ਭੂਮੀ 'ਚ ਰੋਜ਼ੀ- ਰੋਟੀ ਤੇ ਸੁਰੱਖਿਆ ਪ੍ਰਬੰਧ ਕਰੇ।ਇਸ ਡੈਪੂਟੇਸ਼ਨ ਦੀ ਅਗਵਾਈ ਇਨਕਲਾਬੀ ਮਜ਼ਦੂਰ ਕੇਂਦਰ ਪੰਜਾਬ ਦੇ ਆਗੂ ਕਾਮਰੇਡ ਸੁਰਿੰਦਰ ਸਿੰਘ, ਵਿਜੈ ਨਰਾਇਣ, ਗੁਲਰ ਚੌਹਾਨ, ਹਰਚਰਨ ਚੌਧਰੀ ਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਆਗੂ ਜਸਵੰਤ ਜੀਰਖ ਤੋਂ ਇਲਾਵਾ ਡੈਪੂਟੇਸ਼ਨ ਵਿਚ ਸਤਨਾਮ ਸਿੰਘ, ਰਵਾਨਾ, ਰਾਜੂ, ਰਣਜੀਤ ਕੁਮਾਰ, ਪ੍ਰਕਾਸ਼ ਤੇ ਕਰਮਜੀਤ ਸ਼ਾਮਲ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਵਫਦ ਵੱਲੋਂ ਰਾਜਪਾਲ ਨਾਲ ਮੁਲਾਕਾਤ

## ਜਗਤਾਰ ਸਿੰਘ ਹਵਾਰਾ, ਰਾਜੋਆਣਾ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਦਾ ਚੁੱਕਿਆ ਮੁੱਦਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਆਪਣੇ ਤਿੰਨ ਮੈਂਬਰੀ ਵਫ਼ਦ ਸ੍ਰ. ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾ ਸਾਂਸਦ, ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਾਬਕਾ ਵਿਧਾਇਕ ਤੇ ਸ੍ਰ. ਗੁਰਜੀਤ ਸਿੰਘ ਤਲਵੰਡੀ ਵੱਲੋਂ ਪੰਜਾਬ ਰਾਜਭਵਨ ਵਿਖੇ ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਗਈ।ਪਾਰਟੀ ਵੱਲੋਂ ਵਫ਼ਦ ਦੇ ਰੂਪ ਵਿੱਚ ਪੰਜਾਬ ਰਾਜਪਾਲ ਨੂੰ ਦਿੱਤੇ ਮੈਮੋਰੰਡਮ ਵਿੱਚ ਪੰਥ ਤੇ ਪੰਜਾਬ ਨਾਲ ਸਬੰਧਿਤ ਮੁੱਦਿਆਂ 'ਤੇ ਪੰਜਾਬ ਰਾਜਪਾਲ ਨੂੰ ਧਿਆਨ ਦਿਵਾਉਂਦੇ ਹੋਏ ਇਨਸਾਫ਼ ਦੀ ਮੰਗ ਕੀਤੀ ਗਈ।ਵਫ਼ਦ ਦੇ ਰੂਪ ਵਿੱਚ ਦਿੱਤੇ ਮੈਮੋਰੰਡਮ ਵਿੱਚ ਮੰਗ ਕੀਤੀ ਗਈ ਕਿ ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪ੍ਰਭਾਵ ਨਾਲ ਪੈਰੋਲ ਦਿੱਤੀ ਜਾਵੇ।ਕੇਂਦਰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਦੀ ਤਬੀਅਤ ਬਹੁਤ ਨਾਸਾਜ਼ ਹੈ, ਪਰ ਭਾਈ ਹਵਾਰਾ ਨੂੰ ਆਪਣੀ ਬਜ਼ੁਰਗ ਤੇ ਬਿਮਾਰ ਮਾਤਾ ਦੀ ਸੇਵਾ ਲਈ ਅਜੇ ਤੱਕ ਪੈਰੋਲ ਨਹੀਂ ਮਿਲੀ।ਇੱਕ ਪੁੱਤਰ ਨੂੰ ਆਪਣੀ ਮਾਤਾ ਦੀ ਨਾਜ਼ੁਕ ਹਾਲਤ ਵਿੱਚ ਸੇਵਾ ਤੋਂ ਵਾਂਝਾ ਰੱਖਣਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ।ਦਿੱਤੇ ਗਏ ਮੈਮੋਰੰਡਮ ਵਿੱਚ ਹਵਾਰਾ ਪਿੰਡ ਦੀ ਪੰਚਾਇਤ ਕਮੇਟੀ ਦਾ ਮਤਾ ਵੀ ਪੇਸ਼ ਕੀਤਾ ਗਿਆ, ਜੋ ਪੈਰੋਲ ਸਮੇਂ ਦੀ ਪੂਰੀ ਜ਼ਿੰਮੇਵਾਰੀ ਲੈਣ ਦੀ ਰੂਪ ਵਿੱਚ ਪਾਸ ਕੀਤਾ ਗਿਆ ਮਤਾ ਹੈ।ਪਿੰਡ ਦੀ ਪੰਚਾਇਤ ਵੱਲੋਂ ਵੀ ਭਾਈ ਹਵਾਰਾ ਨੂੰ ਤੁਰੰਤ ਪੈਰੋਲ ਦੇਣ ਦੀ ਮੰਗ ਕੀਤੀ ਗਈ ਹੈ ਤਾਂ ਜੋ ਭਾਈ ਹਵਾਰਾ ਆਪਣੀ ਬਿਰਧ ਮਾਤਾ ਦੀ ਸੇਵਾ ਕਰ ਸਕਣ।

ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ ਵਿੱਚ ਕੇਂਦਰ ਸਰਕਾਰ ਤੋਂ ਤੁਰੰਤ ਰਿਹਾਈ ਦੀ ਮੰਗ ਕੀਤੀ ਗਈ।ਮੈਮੋਰੰਡਮ ਵਿੱਚ ਕਿਹਾ ਗਿਆ ਕਿ ਭਾਈ ਰਾਜੋਆਣਾ ਪਹਿਲਾਂ ਹੀ ਉਮਰ ਕੈਦ ਤੋਂ ਦੁੱਗਣੀ ਸਜ਼ਾ ਭੁਗਤ ਚੁੱਕੇ ਹਨ।ਹੁਣ ਉਨ੍ਹਾ ਨੂੰ ਹੋਰ ਕੈਦ ਵਿੱਚ ਰੱਖਣਾ ਬੇਇਨਸਾਫੀ ਹੈ।ਪਾਰਟੀ ਵੱਲੋਂ ਮੰਗ ਕੀਤੀ ਗਈ ਭਾਈ ਰਾਜੋਆਣਾ ਨੂੰ ਤੁਰੰਤ ਰਿਹਾਅ ਕੀਤਾ ਜਾਵੇ।ਬੰਦੀ ਸਿੰਘਾਂ ਦੀ ਰਿਹਾਈ ਮਾਮਲੇ ਵਿੱਚ ਪੰਜਾਬ ਰਾਜਪਾਲ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਪ੍ਰਕਾਸ਼ ਪੁਰਬ ਦੀ ਆਮਦ 'ਤੇ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਪਹਿਲਾਂ ਹੀ (ਚਿੱਠੀ ਨੰਬਰ 0005, ਮਿਤੀ 26 ਸਤੰਬਰ 2025) ਮਾਣਯੋਗ ਪ੍ਰਧਾਨ ਮੰਤਰੀ ਨੂੰ ਵਿਸਥਾਰ ਨਾਲ ਭੇਜੀ ਗਈ ਹੈ, ਜਿਸ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਗਈ ਹੈ।ਦੇਸ਼ ਜਦੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਮਨਾ ਰਿਹਾ ਹੈ, ਇਸ ਇਤਿਹਾਸਕ ਮੌਕੇ 'ਤੇ ਉਨ੍ਹਾਂ ਸਿੱਖ ਕੈਦੀਆਂ ਨੂੰ ਰਿਹਾਅ ਕਰਨਾ ਜੋ ਆਪਣੀ ਸਜ਼ਾ ਪੂਰੀ ਕਰ ਚੁੱਕੇ ਹਨ, ਬਹੁਤ ਹੀ ਉਚਿਤ ਤੇ ਸਕਰਾਤਮਕ ਕਦਮ ਹੋਵੇਗਾ।ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਰਾਹਤ ਫੰਡਾਂ 'ਤੇ ਵ੍ਹਾਈਟ ਪੇਪਰ ਜਾਰੀ ਕਰੇ। ਪੰਜਾਬ ਸਰਕਾਰ ਵੱਲੋਂ ਕੇਂਦਰ ਤੋਂ ਮਿਲੇ ਰਾਹਤ ਫੰਡਾਂ ਸਬੰਧੀ ਬਿਆਨਾਂ ਨੇ ਪੰਜਾਬ ਵਾਸੀਆਂ ਵਿੱਚ ਬੇਯਕੀਨੀ ਦਾ ਮਾਹੌਲ ਪੈਦਾ ਕੀਤਾ ਹੈ।ਵਿਧਾਨ ਸਭਾ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਵੱਡੀ ਰਕਮ ਅਜੇ ਬਾਕੀ ਹੈ, ਜਦਕਿ ਦਿੱਲੀ ਵਿੱਚ ਗ੍ਰਹਿ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਮੀਡੀਆ ਵਿੱਚ ਕਿਹਾ ਕਿ ਪੂਰੇ 12,000 ਕਰੋੜ ਮਿਲ ਕੇ ਵਰਤੇ ਜਾ ਚੁੱਕੇ ਹਨ ਤੇ ਵਾਧੂ 1,600 ਕਰੋੜ ਵੀ ਮਿਲੇ ਹਨ।ਇਹ ਵਿਰੋਧੀ ਦਾਅਵੇ ਸਰਕਾਰ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹੇ ਕਰਦੇ ਹਨ ਅਤੇ ਲੋਕਾਂ ਵਿੱਚ ਗੰਭੀਰ ਸਵਾਲ ਪੈਦਾ ਹੁੰਦੇ ਹਨ ਕਿ ਫਿਰ ਇਹ ਫੰਡ ਕਿੱਥੇ ਵਰਤੇ ਗਏ।ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਗੁਰ ਪੁਰਬ ਮਨਾਉਣ ਲਈ ਨਾਨਕਾਣਾ ਸਾਹਿਬ ਜਾਣ ਵਾਲੀ ਸੰਗਤ ਨੂੰ ਬਗੈਰ ਦੇਰੀ ਕੀਤੇ ਇਜਾਜ਼ਤ ਦਿੱਤੀ ਜਾਵੇ।ਇਹ ਵੀ ਧਿਆਨ ਵਿੱਚ ਲਿਆਂਦਾ ਗਿਆ ਕਿ ਹਾਲ ਹੀ ਦੇ ਟਕਰਾਅ ਤੋਂ ਬਾਅਦ ਭਾਰਤ-ਪਾਕਿਸਤਾਨ ਵਿੱਚ ਕ੍ਰਿਕਟ ਮੈਚ ਮੁੜ ਸ਼ੁਰੂ ਹੋ ਚੁੱਕੇ ਹਨ।ਜੇਕਰ ਭਾਰਤ-ਪਾਕਿਸਤਾਨ ਟੀਮਾਂ ਵਿਚਾਲੇ ਲਗਾਤਾਰ ਤਿੰਨ ਕ੍ਰਿਕਟ ਮੈਚ ਹੋ ਸਕਦੇ ਹਨ ਤਾਂ ਫਿਰ ਇਸ ਸੰਦਰਭ ਵਿੱਚ ਸਿੱਖ ਯਾਤਰੀਆਂ ਨੂੰ ਆਪਣੇ ਪਵਿੱਤਰ ਸਥਾਨਾਂ ਦੀ ਯਾਤਰਾ ਲਈ ਸੁਰੱਖਿਅਤ ਰਾਹਦਾਰੀ ਕਿਉਂ ਨਹੀਂ ਮਿਲ ਸਕਦੀ।

# ਪਸਸਫ (ਵਿਗਿਆਨਕ) ਦੀ ਜਥੇਬੰਦਕ ਕਾਨਫਰੰਸ ਅੱਜ

**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ (ਵਿਗਿਆਨਕ) ਦੀ ਜਥੇਬੰਦਕ ਕਾਨਫਰੰਸ 3 ਅਕਤੂਬਰ ਸ਼ੁਕਰਵਾਰ ਦੁਪਹਿਰ 1 ਵਜੇ ਆਈ ਟੀ ਆਈ ਫਾਜ਼ਿਲਕਾ ਵਿਖੇ ਹੋਵੇਗੀ। ਇਸ ਕਾਨਫਰੰਸ ਦੀਆਂ ਤਿਆਰੀਆਂ ਮੁਕੰਮਲ ਕਰਨ ਉਪਰੰਤ ਮੀਟਿੰਗ ਦੌਰਾਨ ਸਾਥੀ ਮੇਜਰ ਸਿੰਘ, ਜਨਰਲ ਸਕੱਤਰ ਪਸਸਫ ਨੇ ਪ੍ਰੈੱਸ ਨੂੰ ਫੈਸਲੇ ਜਾਰੀ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਫੈਡਰੇਸ਼ਨ ਕੌਂਸਲ ਪਸਸਫ ਵੱਲੋਂ ਮੁਲਾਜ਼ਮਾਂ ਨੂੰ ਦਰਪੇਸ਼ ਸਮੱਸਿਆਵਾਂ ਤੇ ਸਾਂਝੀਆ ਮੰਗਾਂ ਜਿਵੇਂ ਕਿ 13% ਡੀ ਏ ਨੂੰ ਰਿਲੀਜ਼ ਕਰਾਉਣ ਲਈ, ਪੁਰਾਣੀ ਪੈਨਸ਼ਨ ਪ੍ਰਾਪਤੀ ਲਈ ਤੇ ਪੰਜਾਬ ਦੀ ਆਪ ਸਰਕਾਰ ਵਿਰੁੱਧ ਸੰਘਰਸ਼ਾਂ ਨੂੰ ਹੋਰ ਤਿੱਖਿਆਂ ਕਰਨ ਲਈ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪਸਸਫ ਦੀ ਮਜਬੂਤੀ ਲਈ ਤੇ ਮੰਗਾਂ ਦੇ ਮੱਦੇਨਜ਼ਰ ਭਗਵੰਤ ਸਰਕਾਰ ਵਿਰੁੱਧ ਲਾਮਬੰਦੀ ਕਰਨ ਲਈ ਪਸਸਫ 3 ਅਕਤੂਬਰ ਨੂੰ ਜਿਲਾ ਕਾਨਫਰੰਸ ਆਈ ਟੀ ਆਈ ਫਾਜ਼ਿਲਕਾ ਵਿਖੇ ਕਰਨ ਦਾ ਫੈਸਲਾ ਕੀਤਾ ਹੈ। ਪਸਸਫ ਦੇ ਜਥੇਬੰਦਕ ਢਾਂਚੇ ਨੂੰ ਨਵਿਆਉਣ ਲਈ ਤੇ ਮੰਗਾਂ ਦੀ ਪ੍ਰਾਪਤੀ ਲਈ ਪਸਸਫ ਦੀ ਜਿਲਾ ਕਾਨਫਰੰਸ ਇਕ ਮੀਲ ਪੱਥਰ ਸਾਬਿਤ ਹੋਵੇਗੀ। ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਘੱਲੂ, ਅਧਿਆਪਕ ਆਗੂ ਕਪਿਲ ਕਪੂਰ, ਰਾਧਾ ਕ੍ਰਿਸ਼ਨ ਸਮੂਹ ਵਿਭਾਗਾਂ ਦੇ ਮੁਲਾਜ਼ਮ ਸਾਥੀਆਂ ਨੂੰ ਕਾਨਫਰੰਸ ਵਿੱਚ ਹੁੰਮ ਹੁਮਾ ਕੇ ਪੁੱਜਣ ਦੀ ਅਪੀਲ ਕੀਤੀ।

# ਪੰਜਾਬ ਦਾ ਐੱਸ ਐੱਸ ਐੱਸ ਬੋਰਡ ਸਰਕਾਰ ਦਾ ਕਮਾਊ ਪੁੱਤ ਬਣਿਆ !

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਪੜ੍ਹੇ ਲਿਖੇ ਬੇ-ਰੁਜ਼ਗਾਰ ਨੌਜਵਾਨਾਂ ਨੂੰ ਪੰਜਾਬ ਦੇ ਵੱਖ ਵੱਖ ਵਿਭਾਗਾਂ ਵਿੱਚ ਨੌਕਰੀਆਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਗਠਿਤ ਕੀਤੇ ਐੱਸ ਐੱਸ ਐੱਸ ਬੋਰਡ ਵੱਲੋਂ ਪਿਛਲੇ 7 ਸਾਲਾਂ ਦੌਰਾਨ ਬੇ-ਰੁਜ਼ਗਾਰ ਨੌਕਰੀ ਹਾਸਲ ਕਰਨ ਵਾਲੇ ਨੌਜਵਾਨਾਂ ਨੂੰ ਬੇਸ਼ੱਕ ਨੌਕਰੀਆਂ ਤਾਂ ਮੁਹੱਈਆ ਨਹੀਂ ਕਾਰਵਾਈਆਂ, ਪ੍ਰੰਤੂ ਇਹ ਪੰਜਾਬ ਸਰਕਾਰ ਲਈ ਪੈਸੇ ਕਮਾਉਣ ਵਾਲਾ ਕਮਾਊ ਪੁੱਤ ਜ਼ਰੂਰ ਬਣ ਗਿਆ ਹੈ।ਬੋਰਡ ਵੱਲੋ ਪਿਛਲੇ 7 ਸਾਲਾਂ 12,308 ਆਸਾਮੀਆਂ 'ਤੇ ਭਰਤੀ ਕੀਤੀ, ਪ੍ਰੰਤੂ ਬੇਰੁਜ਼ਗਾਰਾਂ ਤੋਂ ਅਰਜ਼ੀਆਂ ਦੀ ਫੀਸ ਵਜੋਂ 54 ਕਰੋੜ ਰੁਪਏ ਕਮਾਏ ਹਨ।ਪੰਜਾਬ ਸਰਕਾਰ ਦੀਆਂ ਭਾਰੀ ਫੀਸਾਂ ਕਾਰਨ ਸਰਕਾਰੀ ਨੌਕਰੀ ਲੈਣ ਦੇ ਚਾਹਵਾਨ ਨੌਜਵਾਨਾਂ ਦੀ ਜੇਬ ਖ਼ਾਲੀ ਹੋ ਰਹੀ ਹੈ, ਜਦਕਿ ਸਰਕਾਰੀ ਖ਼ਜ਼ਾਨੇ ਨੂੰ ਇਹ ਰਾਸ ਆ ਰਿਹਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੁਬਾਰਡੀਨੇਟ ਸਰਵਿਸ ਸਿਲੈਕਸ਼ਨ (ਐੱਸ ਐੱਸ ਐੱਸ) ਬੋਰਡ ਨੇ ਸਾਲ 2016 ਤੋਂ ਹੁਣ ਤੱਕ ਬੇਰੁਜ਼ਗਾਰਾਂ ਤੋਂ ਅਰਜ਼ੀ ਫ਼ੀਸ ਦੇ ਰੂਪ ਵਿੱਚ 53.91 ਕਰੋੜ ਰੁਪਏ ਇਕੱਠੇ ਕੀਤੇ ਹਨ।ਇਸ ਸਮੇਂ ਦੌਰਾਨ ਬੋਰਡ ਨੇ 12,308 ਅਸਾਮੀਆਂ 'ਤੇ ਭਰਤੀ ਕੀਤੀ ਹੈ, ਜਿਸ ਵਿੱਚੋਂ 7934 ਅਸਾਮੀਆਂ ਦੀ ਭਰਤੀ ਸਿਰੇ ਲੱਗ ਗਈ ਹੈ, ਜਦਕਿ ਬਾਕੀ 4374 ਦੀ ਭਰਤੀ ਵਿਚਾਰ ਅਧੀਨ ਹੈ।

ਪੰਜਾਬ 'ਚ ਬੇਰੁਜ਼ਗਾਰਾਂ ਨੇ ਕਾਫ਼ੀ ਰੌਲਾ ਵੀ ਪਾਇਆ ਹੈ ਕਿ ਅਰਜ਼ੀ ਫ਼ੀਸ ਬਾਕੀ ਸੂਬਿਆਂ ਦੀ ਤਰਜ਼ 'ਤੇ ਰੱਖੀ ਜਾਵੇ।ਐੱਸ ਐੱਸ ਐੱਸ ਬੋਰਡ ਨੇ 200 ਫਾਰੈਸਟ ਗਾਰਡਾਂ ਦੀ ਭਰਤੀ ਦੌਰਾਨ 5.05 ਕਰੋੜ ਰੁਪਏ ਦੀ ਕਮਾਈ ਕੀਤੀ।ਇਸ ਤਰ੍ਹਾਂ 710 ਮਾਲ ਪਟਵਾਰੀ ਭਰਤੀ ਕੀਤੇ ਗਏ, ਜਿਸ ਲਈ 118 ਲੱਖ ਉਮੀਦਵਾਰਾਂ ਨੇ ਪ੍ਰੀਖਿਆ ਦਿੱਤੀ।ਬੋਰਡ ਨੂੰ ਇਕੱਲੀ ਅਰਜ਼ੀ ਫ਼ੀਸ ਵਜੋਂ 5.50 ਕਰੋੜ ਰੁਪਏ ਦੀ ਆਮਦਨ ਹੋਈ।ਇਸੇ ਤਰ੍ਹਾਂ 107 ਆਬਕਾਰੀ ਇੰਸਪੈਕਟਰ ਭਰਤੀ ਕਰਨ ਲਈ ਬੇਰੁਜ਼ਗਾਰਾਂ ਤੋਂ 3.44 ਕਰੋੜ ਰੁਪਏ ਇਕੱਠੇ ਕੀਤੇ ਹਨ।ਵਿਲੇਜ ਡਿਵੈਲਪਮੈਂਟ ਆਰਗੇਨਾਈਜ਼ਰਾਂ ਦੀਆਂ 792 ਅਸਾਮੀਆਂ ਦੀ ਭਰਤੀ ਲਈ ਅਰਜ਼ੀ ਫ਼ੀਸ ਵਜੋਂ 2.88 ਕਰੋੜ ਰੁਪਏ ਦੀ ਆਮਦਨ ਹੋਈ।ਵਿਭਾਗੀ ਰੂਲਾਂ ਵਿੱਚ ਸੋਧ ਕੀਤੇ ਜਾਣ ਕਰਕੇ ਇਸ ਭਰਤੀ 'ਤੇ ਰੋਕ ਲੱਗੀ ਹੋਈ ਅਰਜ਼ੀ ਫ਼ੀਸ ਦੇ ਮਾਮਲੇ 'ਚ ਪੰਜਾਬ ਦੀ ਝੰਡੀ ਹੈ।

ਉਦਾਹਰਣ ਵਜੋਂ ਐੱਸਐੱਸਐੱਸ ਬੋਰਡ ਪੰਜਾਬ ਦੀ ਪਟਵਾਰੀ ਦੀ ਭਰਤੀ ਲਈ ਅਰਜ਼ੀ ਫ਼ੀਸ ਜਨਰਲ ਕੈਟਾਗਰੀ ਲਈ ਇਕ ਹਜ਼ਾਰ ਰੁਪਏ ਹੈ, ਜਦੋਂ ਕਿ ਇਹ ਫ਼ੀਸ ਹਰਿਆਣਾ ਵਿੱਚ 60 ਤੇ ਰਾਜਸਥਾਨ ਵਿੱਚ 450 ਰੁਪਏ ਹੈ। ਫਾਰੈਸਟ ਗਾਰਡ ਦੀ ਭਰਤੀ ਲਈ ਅਰਜ਼ੀ ਫੀਸ ਪੰਜਾਬ ਵਿੱਚ ਹਜ਼ਾਰ ਰੁਪਏ ਹੈ ਤੇ ਹਰਿਆਣਾ ਵਿੱਚ 150 ਤੋਂ ਇਲਾਵਾ ਰਾਜਸਥਾਨ ਵਿੱਚ 450 ਰੁਪਏ ਹੈ।ਆਬਕਾਰੀ ਇੰਸਪੈਕਟਰ ਦੀ ਭਰਤੀ ਲਈ ਪੰਜਾਬ ਵਿੱਚ ਹਜ਼ਾਰ ਰੁਪਏ ਹੈ, ਜਦੋਂਕਿ ਹਰਿਆਣਾ ਵਿੱਚ 150 ਤੇ ਰਾਜਸਥਾਨ ਵਿੱਚ 300 ਰੁਪਏ ਹੈ।ਪੰਜਾਬ ਸਰਕਾਰ ਨੇ ਹੁਣ ਨਵੀਂ ਸ਼ਰਤ ਲਾ ਦਿੱਤੀ ਹੈ ਕਿ ਜੇ ਕੋਈ ਭਰਤੀ ਰੱਦ ਹੁੰਦੀ ਹੈ ਤਾਂ ਅਰਜ਼ੀ ਫ਼ੀਸ ਮੋੜਨ ਯੋਗ ਨਹੀਂ ਹੋਵੇਗੀ।ਐੱਸ ਐੱਸ ਐੱਸ ਬੋਰਡ ਨੇ 112 ਆਂਗਣਵਾੜੀ ਸੁਪਰਵਾਈਜ਼ਰਾਂ ਦੀ ਭਰਤੀ ਲਈ ਅਰਜ਼ੀ ਫ਼ੀਸ ਵਜੋਂ 290 ਕਰੋੜ ਰੁਪਏ ਇਕੱਠੇ ਕੀਤੇ, ਜਦੋਂਕਿ 15 ਸੁਪਰਵਾਈਜ਼ਰਾਂ ਦੀ ਭਰਤੀ ਹਾਲੇ ਵੀ ਫਸੀ ਹੋਈ ਹੈ।ਐੱਸ ਐੱਸ ਐੱਸ ਬੋਰਡ ਵੱਲੋਂ ਮਾਲ ਪਟਵਾਰੀ, ਜ਼ਿਲ੍ਹੇਦਾਰ ਤੇ ਨਹਿਰੀ ਪਟਵਾਰੀਆਂ ਦੀਆਂ ਕੁੱਲ 1152 ਅਸਾਮੀਆਂ ਭਰੀਆਂ ਜਾਣੀਆਂ ਸਨ ਤਾਂ ਇਸ ਭਰਤੀ ਵਿੱਚ ਬੋਰਡ ਨੂੰ 12.01 ਕਰੋੜ ਰੁਪਏ ਦੀ ਕਮਾਈ ਹੋਈ ਸੀ।ਬੋਰਡ ਨੇ ਮਗਰੋਂ 1327 ਡਰਾਈਵਰ/ਅਪ੍ਰੇਟਰ ਤੇ ਫਾਇਰਮੈਨ ਦੀਆਂ ਅਸਾਮੀਆਂ ਲਈ 3.69 ਕਰੋੜ ਦੀ ਆਮਦਨ ਕਰ ਲਈ, ਜਦਕਿ ਫਾਇਰਮੈਨਾਂ ਦੀ ਲਿਖਤੀ ਪ੍ਰੀਖਿਆ ਪਹਿਲੀ ਅਕਤੂਬਰ 2023 ਨੂੰ ਹੋਣੀ ਹੈ।ਮੌਜੂਦਾ ਸਰਕਾਰ ਨੇ ਐੱਸ ਐੱਸ ਐੱਸ ਬੋਰਡ ਰਾਹੀਂ ਹੁਣ ਤੱਕ ਵੱਖ-ਵੱਖ ਤਰ੍ਹਾਂ ਦੀਆਂ 1563 ਅਸਾਮੀਆਂ 'ਤੇ ਭਰਤੀ ਮੁਕੰਮਲ ਕੀਤੀ ਹੈ।ਬੇਰੁਜ਼ਗਾਰਾਂ ਦਾ ਕਹਿਣਾ ਹੈ ਕਿ ਬਹੁਤੇ ਮਾਮਲੇ ਤਾਂ ਅਦਾਲਤਾਂ ਵਿੱਚ ਵਿਚਾਰ ਅਧੀਨ ਹਨ ਤੇ ਲੰਮਾ ਸਮਾਂ ਲਟਕੇ ਰਹਿੰਦੇ ਹਨ।ਐੱਸ ਐੱਸ ਐੱਸ ਬੋਰਡ ਤੋਂ ਇਲਾਵਾ ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀਪੀਐੱਸਸੀ) ਦੀ ਅਰਜ਼ੀ ਫ਼ੀਸ ਵੀ ਜ਼ਿਆਦਾ ਹੋਣ ਦਾ ਕਈ ਵਾਰ ਮੁੱਦਾ ਉੱਠ ਚੁੱਕਿਆ ਹੈ।ਦੂਜੇ ਪਾਸੇ ਬੋਰਡ ਅਧਿਕਾਰੀਆਂ ਦੀ ਦਲੀਲ ਹੈ ਕਿ ਬੇਰੁਜ਼ਗਾਰਾਂ ਦੀ ਲਿਖਤੀ ਪ੍ਰੀਖਿਆ ਤੇ ਬਾਕੀ ਪ੍ਰਬੰਧਾਂ ਲਈ ਅਤੇ ਕੰਪਿਊਟਰੀਕਰਨ 'ਤੇ ਕਾਫ਼ੀ ਪੈਸਾ ਖਰਚ ਹੁੰਦਾ ਹੈ।ਇਹ ਫ਼ੀਸ ਕਿਸੇ ਕਮਾਈ ਲਈ ਨਹੀਂ ਬਲਕਿ ਇੰਤਜ਼ਾਮਾਂ ਦੇ ਖ਼ਰਚੇ ਵਜੋਂ ਲਈ ਜਾਂਦੀ ਹੈ।

## ਹਲਕੇ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰਾਂਗਾ : ਕਮਲਜੀਤ ਸਿੰਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਯੂਥ ਕਾਂਗਰਸ ਦੇ ਆਗੂ ਕਮਲਜੀਤ ਸਿੰਘ ਚੱਕ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਆਪਣੇ ਪਰਵਾਰ ਤੇ ਟੀਮ ਸਮੇਤ ਨਤਮਸਤਕ ਹੋਏ।ਇਸ ਮੌਕੇ ਉਨ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣ ਉਪਰੰਤ ਕਾਂਗਰਸ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਲੋਕਾਂ ਦੀ ਸੇਵਾ 'ਚ ਸਮਰਪਤ ਰਹਿਣ ਦਾ ਐਲਾਨ ਕੀਤਾ।ਗੁਰਦੁਆਰਾ ਸਾਹਿਬ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਕਰਨੈਲ ਸਿੰਘ ਫੌਜੀ, ਬਾਬਾ ਹਰੀ ਸਿੰਘ, ਆਤਮਾ ਸਿੰਘ ਨੰਬਰਦਾਰ ਦੀ ਅਗਵਾਈ ਹੇਠ ਯੂਥ ਆਗੂ ਕਮਲਜੀਤ ਸਿੰਘ ਚੱਕ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਯੂਥ ਆਗੂ ਚੱਕ ਨੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਦਿੱਤੇ ਮਾਣ ਸਤਿਕਾਰ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਉਹ ਆਪਣੇ ਸਮੁੱਚੇ ਪਰਵਾਰ ਸਮੇਤ ਲੋਕਾਂ ਦੀ ਸੇਵਾ 'ਚ ਹਾਜ਼ਰ ਹਨ, ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰਨ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਆਉਣ ਵਾਲੇ ਦਿਨਾਂ 'ਚ ਹਲਕੇ ਦੇ ਪਾਰਟੀ ਆਗੂਆਂ ਦੀ ਰਾਇ ਸਲਾਹ ਅਨੁਸਾਰ ਹੀ ਕਾਂਗਰਸ ਦੀ ਮਜ਼ਬੂਤੀ ਲਈ ਹਲਕਾ ਮਹਿਲ ਕਲਾਂ ਦੇ ਪਿੰਡ ਪਿੰਡ ਜਾ ਕੇ ਪਾਰਟੀ ਆਗੂਆਂ, ਵਰਕਰਾਂ ਨਾਲ ਤਾਲਮੇਲ ਕਾਇਮ ਕੀਤਾ ਜਾਵੇਗਾ।ਇਸ ਮੌਕੇ ਸਾਬਕਾ ਸਰਪੰਚ ਬਲੌਰ ਸਿੰਘ, ਗੁਰਮੇਲ ਸਿੰਘ ਗੋਲੀ, ਭਾਈ ਚਮਕੌਰ ਸਿੰਘ, ਜਗਦੇਵ ਸਿੰਘ, ਭਾਈ ਨੱਥਾ ਸਿੰਘ ਆਦਿ ਹਾਜ਼ਰ ਸਨ।

## ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਨੇ ਸਰਵੋਤਮ ਮੈਡੀਕਲ ਸੰਸਥਾ ਪੁਰਸਕਾਰ ਜਿੱਤਿਆ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਸਟੇਟ ਬਲੱਡ ਟਰਾਂਸਫਿਊਜ਼ਨ ਕੌਂਸਲ, ਸਿਹਤ ਤੇ ਪਰਵਾਰ ਭਲਾਈ ਵਿਭਾਗ, ਪੰਜਾਬ ਵੱਲੋਂ ਕਰਵਾਏ ਗਏ ਰਾਸ਼ਟਰੀ ਸਵੈ-ਇੱਛੁਕ ਖੂਨਦਾਨ ਦਿਵਸ ਦੇ ਰਾਜ-ਪੱਧਰੀ ਸਮਾਗਮ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ, ਫਰੀਦਕੋਟ ਦੇ ਟਰਾਂਸਫਿਊਜ਼ਨ ਮੈਡੀਸਨ ਵਿਭਾਗ ਨੇ 'ਸਰਵੋਤਮ ਮੈਡੀਕਲ ਸੰਸਥਾ' ਪੁਰਸਕਾਰ ਪ੍ਰਾਪਤ ਕੀਤਾ। ਇਹ ਸਮਾਗਮ ਯੂਕੇ ਰਿਜ਼ੋਰਟਸ, ਭਾਦਸੋਂ-ਪਟਿਆਲਾ ਰੋਡ ਜੱਸੋਵਾਲ ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਮਾਣਯੋਗ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਜੀ.ਜੀ.ਐਸ.ਐਮ.ਸੀ. ਫਰੀਦਕੋਟ ਨੂੰ ਇਹ ਵੱਕਾਰੀ ਪੁਰਸਕਾਰ ਖੂਨਦਾਨ ਸੇਵਾਵਾਂ ਵਿੱਚ ਬੇਮਿਸਾਲ ਯੋਗਦਾਨ, ਆਧੁਨਿਕੀਕਰਨ (ਆਟੋਮੇਸ਼ਨ) ਨੂੰ ਅਪਣਾਉਣ, ਅਕਾਦਮਿਕ ਤਰੱਕੀ ਅਤੇ ਗੁਣਵੱਤਾ ਤੇ ਸੁਰੱਖਿਆ ਵਿੱਚ ਉੱਚ ਮਾਪਦੰਡ ਸਥਾਪਤ ਕਰਨ ਲਈ ਦਿੱਤਾ ਗਿਆ ਹੈ। ਇਹ ਸਨਮਾਨ ਪੰਜਾਬ ਭਰ ਵਿੱਚ ਜੀਵਨ-ਰੱਖਿਅਕ ਖੂਨ ਚੜ੍ਹਾਉਣ ਦੀਆਂ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਸੰਸਥਾ ਦੀ ਅਹਿਮ ਭੂਮਿਕਾ ਨੂੰ ਦਰਸਾਉਂਦਾ ਹੈ।ਸੰਸਥਾ ਦੇ ਮਾਣ ਵਿੱਚ ਵਾਧਾ ਕਰਦਿਆਂ, ਜੀ.ਜੀ.ਐਸ.ਐਮ.ਸੀ. ਫਰੀਦਕੋਟ ਨਾਲ ਜੁੜੀਆਂ ਚਾਰ ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼) ਨੂੰ ਵੀ ਖੂਨਦਾਨ ਸੇਵਾਵਾਂ ਵਿੱਚ ਉਨ੍ਹਾਂ ਦੇ ਵਿਸ਼ੇਸ਼ ਯੋਗਦਾਨ ਲਈ ਮਾਨਤਾ ਦਿੱਤੀ ਗਈ। ਸਾਰੀਆਂ ਐਨ.ਜੀ.ਓਜ਼ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੀਆਂ ਸੰਸਥਾਵਾਂ ਵਿੱਚ ਸ਼ਾਮਲ ਹਨ ਪੀ.ਬੀ.ਜੀ. ਵੈੱਲਫੇਅਰ ਕਲੱਬ, ਕੋਟਕਪੂਰਾ, ਸ੍ਰੀ ਰਾਮ ਕ੍ਰਿਪਾ ਸੇਵਾ ਸੰਘ ਸੋਸਾਇਟੀ, ਫਾਜ਼ਿਲਕਾ ਅਤੇ ਬਾਬਾ ਫਰੀਦ ਬਲੱਡ ਸੇਵਾ ਸੋਸਾਇਟੀ, ਫਰੀਦਕੋਟ।ਇਸ ਤੋਂ ਇਲਾਵਾ, ਸਾਂਝ ਬਲੱਡ ਵੈੱਲਫੇਅਰ ਕਲੱਬ, ਫਰੀਦਕੋਟ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ, ਜਿਸ ਨੇ 2000 ਤੋਂ ਵੱਧ ਯੂਨਿਟ ਖੂਨ ਇਕੱਠਾ ਕੀਤਾ।ਸਮਾਗਮ ਦੌਰਾਨ ਜੀ ਜੀ ਐਸ ਐਮ ਸੀ ਫਰੀਦਕੋਟ ਨਾਲ ਜੁੜੇ ਲਗਭਗ 25 ਵਿਅਕਤੀਗਤ ਖੂਨਦਾਨੀਆਂ ਨੂੰ ਵੀ ਉਨ੍ਹਾਂ ਦੀਆਂ ਸ਼ਲਾਘਾਯੋਗ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।ਇਸ ਮਾਣਮੱਤੇ ਮੌਕੇ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ (ਬੀ.ਐਫ.ਯੂ.ਐਚ.ਐਸ.), ਫਰੀਦਕੋਟ ਦੇ ਉਪ-ਕੁਲਪਤੀ ਪ੍ਰੋ. (ਡਾ.) ਰਾਜੀਵ ਸੂਦ ਨੇ ਕਿਹਾ ਕਿ ਇਹ ਮਾਨਤਾ ਸਾਡੇ ਡਾਕਟਰਾਂ, ਸਟਾਫ਼, ਵਿਦਿਆਰਥੀਆਂ ਅਤੇ ਸੰਬੰਧਤ ਐਨ.ਜੀ.ਓਜ਼ ਦੀ ਸਮਰਪਣ ਭਾਵਨਾ ਅਤੇ ਨਿਸਵਾਰਥ ਸੇਵਾ ਦਾ ਪ੍ਰਮਾਣ ਹੈ, ਜਿਨ੍ਹਾਂ ਨੇ ਸਵੈ-ਇੱਛੁਕ ਖੂਨਦਾਨ ਨੂੰ ਮਜ਼ਬੂਤ ਕਰਨ ਅਤੇ ਸੁਰੱਖਿਅਤ, ਭਰੋਸੇਯੋਗ ਟਰਾਂਸਫਿਊਜ਼ਨ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਅਣਥੱਕ ਮਿਹਨਤ ਕੀਤੀ ਹੈ।ਉਨ੍ਹਾਂ ਕਿਹਾ ਮੈਂ ਡਾ. ਸੁਨੀਤਾ ਭਗਤ, ਜੁਆਇੰਟ ਡਾਇਰੈਕਟਰ, ਬਲੱਡ ਟਰਾਂਸਫਿਊਜ਼ਨ ਸਰਵਿਸਿਜ਼/ਪੰਜਾਬ ਸਟੇਟ ਬਲੱਡ ਟਰਾਂਸਫਿਊਜ਼ਨ ਕੌਂਸਲ ਦਾ ਵੀ ਨਿਰੰਤਰ ਸਮਰਥਨ ਅਤੇ ਅਣਥੱਕ ਯਤਨਾਂ ਲਈ ਧੰਨਵਾਦ ਕਰਨਾ ਚਾਹੁੰਦੀ ਹਾਂ, ਅਤੇ ਇਸ ਸ਼ਾਨਦਾਰ ਰਾਜ-ਪੱਧਰੀ ਸਮਾਗਮ ਦੇ ਸਫਲ ਆਯੋਜਨ ਲਈ ਉਨ੍ਹਾਂ ਨੂੰ ਵਧਾਈ ਦਿੰਦੀ ਹਾਂ।

## ਨਹਿਰੂ ਮੈਮੋਰੀਅਲ ਕਾਲਜ ਦੇ ਗੇਟ ਅੱਗੇ ਸਪੀਡ ਬਰੇਕਰ ਤੇ ਪੱਕਾ ਬੱਸ ਸਟੈਂਡ ਬਣਾਉਣ ਦੀ ਮੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਸਥਾਨਕ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਵਿੱਚ ਕਾਲਜ ਦੇ ਗੇਟ ਅੱਗੇ ਬੱਸਾਂ ਰੁਕਣੀਆਂ ਯਕੀਨੀ ਬਣਾਈਆਂ ਜਾਣ, ਕਾਲਜ ਦੇ ਵਿੱਚ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ ਕੀਤਾ ਜਾਵੇ, 1158 ਅਸਿਸਟੈਂਟ ਪ੍ਰੋਫ਼ੈਸਰਾਂ ਤੇ ਲਾਇਬ੍ਰੇਰੀਅਨਾਂ ਤੇ ਗੈਸਟ ਫੈਕਲਟੀ ਅਧਿਆਪਕਾਂ ਸਮੇਤ ਸਾਰੇ ਅਧਿਆਪਕਾਂ ਨੂੰ ਪੱਕਾ ਕੀਤਾ ਜਾਵੇ, ਨਵੀਂ ਸਿੱਖਿਆ ਨੀਤੀ ਤਹਿਤ ਲਿਆਂਦੇ ਗਏ ਵਾਧੂ ਵਿਸ਼ੇ ਵਾਪਸ ਲਏ ਜਾਣ ਤੇ ਕਾਲਜ ਵਿੱਚ ਸਾਫ ਸਫ਼ਾਈ ਪ੍ਰਬੰਧ ਕੀਤਾ ਜਾਵੇ ਆਦਿ ਸੁਆਲਾਂ ਨੂੰ ਲੈ ਕੇ ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਪੰਜਾਬ ਵੱਲੋਂ ਕਾਲਜ ਵਿੱਚ ਰੋਸ ਰੈਲੀ ਕਰਨ ਉਪਰੰਤ ਡੀ ਸੀ ਮਾਨਸਾ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਕਨਵੀਨਰ ਸੁਖਜੀਤ ਸਿੰਘ ਰਾਮਾਨੰਦੀ ਤੇ ਜ਼ਿਲ੍ਹਾ ਕਮੇਟੀ ਮੈਂਬਰ ਤੇ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਮਾਨਸਾ ਦੀ ਇਕਾਈ ਦੇ ਆਗੂ ਅਮਨਦੀਪ ਕੌਰ ਉੱਡਤ ਭਗਤ ਰਾਮ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ 2020 ਤਹਿਤ ਕੇਂਦਰ ਸਰਕਾਰ ਦੀ ਪੈੜ ਵਿੱਚ ਪੈਰ ਰੱਖਦਿਆਂ ਪੰਜਾਬ ਸਰਕਾਰ ਸੂਬੇ ਅੰਦਰਲੇ ਸਰਕਾਰੀ ਕਾਲਜਾਂ ਨੂੰ ਪ੍ਰਾਈਵੇਟ ਕਰਨ ਦੇ ਮਨਸੂਬੇ ਦੀ ਪੂਰਤੀ ਲਈ ਲੰਬੇ ਸਮੇਂ ਤੋਂ ਕਾਲਜਾਂ ਅੰਦਰ ਭਰਤੀਆਂ ਕਰਨ ਤੋਂ ਬੇਮੁੱਖ ਹੋਈ ਬੈਠੀ ਹੈ ਤੇ ਵਿਦਿਆਰਥੀਆਂ ਦੇ ਕਾਲਜ ਪਹੁੰਚਣ ਲਈ ਕੋਈ ਪੁਖ਼ਤਾ ਪ੍ਰਬੰਧਾਂ ਤੋਂ ਵੀ ਕਿਨਾਰਾ ਕਰ ਰਹੀ ਹੈ ਅਤੇ ਵਾਧੂ ਵਿਸ਼ਿਆਂ ਸਮੇਤ ਫੀਸਾਂ ਵਿੱਚ ਲਗਾਤਾਰ ਵਾਧਾ ਕਰਕੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ ਲਈ ਕਮਾਈ ਦੇ ਸੋਮੇ ਬਣਾ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਨਹਿਰੂ ਮੈਮੋਰੀਅਲ ਸਰਕਾਰੀ ਕਾਲਜ ਮਾਨਸਾ ਦੇ ਗੇਟ ਅੱਗੇ ਰੋਡ ਉੱਪਰ ਸਪੀਡ ਬਰੇਕਰ ਬਣਾਏ ਜਾਣ ਤੇ ਪੱਕਾ ਬੱਸ ਸਟੈਂਡ ਬਣਾ ਕੇ ਹਰੇਕ ਬੱਸ ਦਾ ਰੁਕਣਾ ਯਕੀਨੀ ਬਣਾਇਆ ਜਾਵੇ, ਕਾਲਜ ਵਿੱਚ ਪੀਣ ਵਾਲੇ ਸਾਫ ਪਾਣੀ ਤੇ ਸਫ਼ਾਈ ਦਾ ਪ੍ਰਬੰਧ ਕੀਤਾ ਜਾਵੇ, 1158 ਅਸਿਸਟੈਂਟ ਪ੍ਰੋਫ਼ੈਸਰਾਂ ਤੇ ਲਾਇਬ੍ਰੇਰੀਅਨਾਂ ਅਤੇ ਗੈਸਟ ਫੈਕਲਟੀ ਨੂੰ ਪੱਕਾ ਕੀਤਾ ਜਾਵੇ, ਸਮੈਸਟਰ ਸਿਸਟਮ ਨੂੰ ਰੱਦ ਕਰਕੇ ਸਾਲਾਨਾ ਪ੍ਰੀਖਿਆਵਾਂ ਬਹਾਲ ਕੀਤੀਆਂ ਜਾਣ, ਫੀਸਾਂ ਵਿੱਚ ਕੀਤਾ ਗਿਆ ਵਾਧਾ ਵਾਪਸ ਲਿਆ ਜਾਵੇ ਅਤੇ ਨਵੀਂ ਸਿੱਖਿਆ ਨੀਤੀ ਤਹਿਤ ਲਿਆਂਦੇ ਗਏ ਵਾਧੂ ਵਿਸ਼ਿਆਂ ਨੂੰ ਵਾਪਸ ਲਿਆ ਜਾਵੇ। ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਮੰਗਾਂ ਨਾਂ ਮੰਨੀਆਂ ਗਈਆਂ ਤਾਂ ਜਥੇਬੰਦੀ ਵੱਲੋਂ ਜਲਦੀ ਮੀਟਿੰਗ ਕਰਕੇ ਅਗਲਾ ਐਕਸ਼ਨ ਉਲੀਕਿਆ ਜਾਵੇਗਾ।ਇਸ ਮੌਕੇ ਆਇਸਾ ਦੇ ਜ਼ਿਲ੍ਹਾ ਸੋਸ਼ਲ ਮੀਡੀਆ ਸਕੱਤਰ ਅਮਨਦੀਪ ਸਿੰਘ ਰਾਮਪੁਰ ਮੰਡੇਰ, ਕਾਲਜ ਕਮੇਟੀ ਮੈਂਬਰ ਗੁਰਪਾਲ ਸਿੰਘ, ਪਰਮਜੀਤ ਕੌਰ, ਪ੍ਰਿੰਸ ਕੁਮਾਰ, ਜਸ਼ਨਪ੍ਰੀਤ ਸਿੰਘ, ਹੁਸਨਪ੍ਰੀਤ ਸਿੰਘ ਤੇ ਕਮਲਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਦਾ ਭਰਵਾਂ ਸਵਾਗਤ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਸਰਕਾਰ ਵੱਲੋਂ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਸ੍ਰੀ ਜਤਿੰਦਰ ਮਸੀਹ ਗੌਰਵ ਜੀ ਦਾ ਰੋਮਨ ਕੈਥੋਲਿਕ ਚਰਚ ਚੰਡੀਗੜ੍ਹ-ਸ਼ਿਮਲਾ ਡਾਈਸਿਸ ਵੱਲੋਂ ਭਰਵਾਂ ਸਵਾਗਤ ਤੇ ਸਨਮਾਨ ਕੀਤਾ ਗਿਆ।ਚੰਡੀਗੜ੍ਹ ਵਿਖੇ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਡਾਈਸਿਸ ਦੇ ਮੁਖੀ ਬਿਸ਼ਪ ਡੀ ਐੱਸ ਥੋਮਸ ਨੇ ਖੁਦ ਚੇਅਰਮੈਨ ਸ੍ਰੀ ਜਤਿੰਦਰ ਮਸੀਹ ਗੌਰਵ ਦਾ ਜੀ ਆਇਆਂ ਕਹਿਣ ਦੇ ਨਾਲ-ਨਾਲ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ।ਸ੍ਰੀ ਜਤਿੰਦਰ ਮਸੀਹ ਗੌਰਵ ਦੀ ਨਵੀਂ ਨਿਯੁਕਤੀ ਦੀ ਖੁਸ਼ੀ ਵਿੱਚ ਰੱਖੇ ਗਏ ਇਸ ਸਵਾਗਤੀ ਸਮਾਰੋਹ ਦਾ ਮੁੱਖ ਮਕਸਦ ਡਾਈਸਿਸ ਨਾਲ ਸਬੰਧਤ ਤੇ ਸਮੁੱਚੇ ਮਸੀਹ ਭਾਈਚਾਰੇ ਨੂੰ ਦਰਪੇਸ਼ ਮਸਲਿਆਂ ਉੱਤੇ ਡੂੰਘੀ ਵਿਚਾਰ-ਚਰਚਾ ਕਰਨਾ ਰਿਹਾ।ਮੀਟਿੰਗ ਦੌਰਾਨ ਮਸੀਹ ਭਾਈਚਾਰੇ ਦੀਆਂ ਜ਼ਰੂਰਤਾਂ ਤੇ ਚੁਣੌਤੀਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ ਗਈ।ਇਸ ਮੌਕੇ ਬਿਸ਼ਪ ਡੀ ਐੱਸ ਥੋਮਸ ਤੇ ਹੋਰ ਹਾਜ਼ਰ ਸ਼ਖਸੀਅਤਾਂ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਸ਼੍ਰੀ ਜਤਿੰਦਰ ਮਸੀਹ ਗੌਰਵ ਨੇ ਪੂਰਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਉਹ ਇਨ੍ਹਾਂ ਸਾਰੇ ਮਾਮਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਨਗੇ ਤੇ ਇਨ੍ਹਾਂ ਦੇ ਹੱਲ ਲਈ ਪੂਰੀ ਤਰ੍ਹਾਂ ਯਤਨਸ਼ੀਲ ਰਹਿਣਗੇ।ਇਸ ਖਾਸ ਮੌਕੇ ਡਾਈਸਿਸ ਦੇ ਅਹੁਦੇਦਾਰਾਂ ਤੇ ਮਸੀਹ ਭਾਈਚਾਰੇ ਦੇ ਕਈ ਉੱਘੇ ਨੁਮਾਇੰਦਿਆਂ ਨੇ ਹਾਜ਼ਰੀ ਭਰੀ।

## ਬੀ ਬੀ ਐੱਸ ਬੀ ਕਾਨਵੈਂਟ ਵਿਖੇ ਦੁਸਹਿਰਾ ਧੂਮ-ਧਾਮ ਨਾਲ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੁਸਹਿਰੇ ਦਾ ਤਿਉਹਾਰ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਤਿਉਹਾਰ ਨੂੰ ਮਨਾਉਣ ਲਈ ਸਭ ਤੋਂ ਪਹਿਲਾਂ ਵਿਦਿਆਰਥੀਆਂ ਦੁਆਰਾ ਡਰਾਇੰਗ ਪ੍ਰਤੀਯੋਗਤਾ ਵਿੱਚ ਭਾਗ ਲਿਆ ਗਿਆ।ਇਸ ਪ੍ਰਤੀਯੋਗਤਾ ਵਿੱਚ ਵਿਦਿਆਰਥੀਆਂ ਦੁਆਰਾ ਦੁਸਹਿਰੇ ਨਾਲ ਸੰਬੰਧਤ ਤਸਵੀਰਾਂ ਬਣਾ ਕੇ ਉਨ੍ਹਾਂ ਵਿੱਚ ਰੰਗ ਭਰਿਆ ਗਿਆ।ਇਸ ਤੋਂ ਬਾਅਦ ਵਿੱਚ ਬੱਚਿਆਂ ਦੁਆਰਾ ਰਾਮ ਤੇ ਸੀਤਾ ਉੱਤੇ ਅਧਾਰਤ ਭਜਨਾਂ ਉੱਪਰ ਡਾਂਸ ਕੀਤਾ ਗਿਆ।ਬੱਚੇ ਦੁਸਹਿਰੇ ਨਾਲ ਸੰਬੰਧਤ ਪੁਸ਼ਾਕਾਂ ਵੀ ਪਹਿਨ ਕੇ ਅਏ ਤੇ ਇਨ੍ਹਾਂ ਪੁਸ਼ਾਕਾਂ ਵਿੱਚ ਬੱਚੇ ਬਹੁਤ ਹੀ ਖੂਬਸੂਰਤ ਲੱਗ ਰਹੇ ਸਨ।ਇਸ ਮੌਕੇ ਪ੍ਰਿੰਸੀਪਲ ਮੈਡਮ ਤੇ ਸਮੂਹ ਮੈਨੇਜਮੈਂਟ ਦੁਆਰਾ ਨੰਨ੍ਹੇ-ਮੁੰਨੇ ਬੱਚਿਆਂ ਦੀ ਕਲਾ ਦੀ ਤਾਰੀਫ ਕਰਦਿਆਂ ਉਨ੍ਹਾਂ ਨੂੰ ਇਸ ਤਿਉਹਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਉਨ੍ਹਾਂ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਦੁਸਹਿਰੇ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰ, ਜਿਸ ਵਿੱਚ ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਤੇ ਮੈਨੇਜਰ ਗਗਨਦੀਪ ਬਾਵਾ ਹਾਜ਼ਰ ਸਨ।

## ਨੇਕੀ ਫਾਊਂਡੇਸ਼ਨ ਨੂੰ ਮਿਲਿਆ ਪੰਜਵੀਂ ਵਾਰ ਰਾਜ ਪੁਰਸਕਾਰ




**ਬੁਢਲਾਡਾ (ਅਸ਼ੋਕ ਲਾਕੜਾ)**-ਪਟਿਆਲਾ ਵਿਖੇ ਰਾਸ਼ਟਰੀ ਸਵੈਇੱਛੁਕ ਖੂਨਦਾਨ ਦਿਵਸ ਮੌਕੇ ਸੂਬਾ ਪੱਧਰੀ ਪ੍ਰੋਗਰਾਮ ਦੌਰਾਨ ਜ਼ਿਲ੍ਹਾ ਮਾਨਸਾ ਦੀ ਸਮਾਜ ਸੇਵੀ ਸੰਸਥਾ ਨੇਕੀ ਫਾਉਂਡੇਸ਼ਨ ਨੂੰ ਖੂਨਦਾਨ ਦੇ ਖ਼ੇਤਰ ਵਿੱਚ ਰਾਜ ਪੁਰਸਕਾਰ ਨਾਲ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।ਜ਼ਿਕਰਯੋਗ ਹੈ ਸੰਸਥਾ ਨੇਕੀ ਫਾਉਂਡੇਸ਼ਨ ਨੂੰ ਪੰਜਵੀਂ ਵਾਰ ਰਾਜ ਪੁਰਸਕਾਰ ਨਾਲ ਪੰਜਾਬ ਸਰਕਾਰ ਵੱਲੋਂ ਸਨਮਾਨਤ ਕੀਤਾ ਗਿਆ ਹੈ।ਮਾਨਸਾ ਬਲੱਡ ਸੈਂਟਰ ਦੇ ਇੰਚਾਰਜ ਡਾ. ਸ਼ਾਇਨਾ ਨੇ ਕਿਹਾ ਕਿ ਸਾਡੇ ਜ਼ਿਲ੍ਹੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਨੇਕੀ ਫਾਉਂਡੇਸ਼ਨ ਨੂੰ ਖ਼ੂਨਦਾਨ ਦੇ ਖ਼ੇਤਰ ਵਿੱਚ ਪੰਜਾਬ ਭਰ ਦੀਆਂ ਪਹਿਲੀਆਂ ਸੱਤ ਸੰਸਥਾਵਾਂ ਦਾ ਦਰਜ਼ਾ ਪ੍ਰਾਪਤ ਹੋਇਆ ਹੈ।ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਹੁਣ ਤੱਕ 180 ਤੋਂ ਵੱਧ ਕੈਂਪ ਲਗਾ ਕੇ 22000 ਤੋਂ ਵੱਧ ਯੂਨਿਟ ਖੂਨ ਦਾਨ ਕਰਵਾਏ ਗਏ ਹਨ, ਜਿਸ ਨਾਲ ਹਜ਼ਾਰਾਂ ਮਰੀਜ਼ਾਂ ਦੀ ਜਾਨ ਬਚੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਬਲੱਡ ਸੈਂਟਰ ਮਾਨਸਾ ਦੀ ਖ਼ੂਨ ਦੀ ਲੱਗਭਗ 50 ਫੀਸਦੀ ਪੂਰਤੀ ਸੰਸਥਾ ਨੇਕੀ ਫਾਉਂਡੇਸ਼ਨ ਵੱਲੋਂ ਹਰ ਸਾਲ ਕੀਤੀ ਜਾਂਦੀ ਹੈ।ਬਲੱਡ ਬੈਂਕ ਕੌਂਸਲਰ ਅਮਨਦੀਪ ਸਿੰਘ ਤੇ ਐੱਲ. ਟੀ. ਸੁਨੈਨਾ ਮੰਗਲਾ ਨੇ ਦੱਸਿਆ ਕਿ ਸੰਸਥਾ ਮਾਨਸਾ ਦੇ ਨਾਲ-ਨਾਲ ਪਟਿਆਲਾ, ਬਠਿੰਡਾ, ਲੁਧਿਆਣਾ ਦੇ ਸਰਕਾਰੀ ਹਸਪਤਾਲਾਂ ਤੇ ਏਮਜ਼ ਬਠਿੰਡਾ ਲਈ ਖ਼ੂਨਦਾਨ ਕੈਂਪ ਲਗਾਉਣ ਤੋਂ ਬਿਨਾਂ ਚੰਡੀਗੜ੍ਹ, ਹਰਿਆਣਾ ਸਮੇਤ ਪੰਜਾਬ ਭਰ ਵਿੱਚ ਐਮਰਜੈਂਸੀ ਕੇਸਾਂ ਵਿੱਚ ਖ਼ੂਨ ਮੁਹੱਈਆ ਕਰਵਾ ਰਹੀ ਹੈ।

## ਅਲਾਇੰਸ ਸਕੂਲ ਬਨੂੜ 'ਚ ਅਸ਼ਟਮੀ ਪੂਜਾ ਨੂੰ ਉਤਸ਼ਾਹ ਨਾਲ ਮਨਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਅਲਾਇੰਸ ਇੰਟਰਨੈਸ਼ਨਲ ਸਕੂਲ ਬਨੂੜ ਨੇ ਅਸ਼ਟਮੀ ਪੂਜਾ ਦਾ ਸ਼ੁਭ ਅਵਸਰ ਸ਼ਰਧਾ, ਖੁਸ਼ੀ ਤੇ ਸੱਭਿਆਚਾਰਕ ਜੋਸ਼ ਨਾਲ ਮਨਾਇਆ।ਇਸ ਸਮਾਗਮ ਨੂੰ ਵਿਦਿਆਰਥੀਆਂ, ਅਧਿਆਪਕਾਂ ਦੀ ਸਰਗਰਮ ਭਾਗੀਦਾਰੀ ਨਾਲ ਮਨਾਇਆ ਗਿਆ।ਜਸ਼ਨ ਦੀ ਸ਼ੁਰੂਆਤ ਕਿੰਡਰਗਾਰਟਨ ਦੇ ਵਿਦਿਆਰਥੀਆਂ, ਛੋਟੀਆਂ ਕੁੜੀਆਂ ਦੇ ਨਾਲ, ਅਸ਼ਟਮੀ ਪੂਜਾ ਰਸਮਾਂ ਵਿੱਚ ਹਿੱਸਾ ਲੈਣ ਨਾਲ ਹੋਈ। ਬੱਚਿਆਂ ਨੇ ਆਪਣੇ ਅਧਿਆਪਕਾਂ ਦੁਆਰਾ ਨਿਰਦੇਸ਼ਤ ਵੱਖ-ਵੱਖ ਮਜ਼ੇਦਾਰ ਗਤੀਵਿਧੀਆਂ ਤੇ ਰੋਲ ਪਲੇਅ ਦਾ ਆਨੰਦ ਮਾਣਿਆ, ਜਿਸ ਨਾਲ ਜਸ਼ਨ ਵਿੱਦਿਅਕ ਤੇ ਅਨੰਦਮਈ ਦੋਵੇਂ ਤਰ੍ਹਾਂ ਦਾ ਬਣ ਗਿਆ।ਸਕੂਲ ਦੇ ਪ੍ਰਿੰਸੀਪਲ ਸ੍ਰੀ ਬ੍ਰਿਜੇਸ਼ ਸਕਸੈਨਾ ਤੇ ਵਾਈਸ-ਪ੍ਰਿੰਸੀਪਲ ਸ਼੍ਰੀਮਤੀ ਮੀਨਾਕਸ਼ੀ ਸਕਸੈਨਾ, ਰਸਮਾਂ ਵਿੱਚ ਪੂਰੇ ਦਿਲ ਨਾਲ ਸ਼ਾਮਲ ਹੋਏ ਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ, ਸਕਾਰਾਤਮਕਤਾ ਤੇ ਤਿਉਹਾਰ ਦੀ ਭਾਵਨਾ ਫੈਲਾਈ।ਇਸ ਮੌਕੇ ਚੇਅਰਮੈਨ ਅਸ਼ਵਨੀ ਗਰਗ ਤੇ ਪ੍ਰਧਾਨ ਅਸ਼ੋਕ ਗਰਗ ਨੇ ਬੱਚਿਆਂ ਨੂੰ ਦਿਲੋਂ ਅਸ਼ੀਰਵਾਦ ਦਿੱਤਾ, ਉਨ੍ਹਾਂ ਨੂੰ ਸੱਭਿਆਚਾਰਕ ਪ੍ਰੰਪਰਾਵਾਂ ਤੇ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।

## ਬਜ਼ੁਰਗਾਂ ਦੀ ਸੰਭਾਲ ਸਮਾਜ ਦੀ ਸਾਂਝੀ ਜ਼ਿੰਮੇਵਾਰੀ : ਡਾ. ਭਿੰਡਰ



**ਸ਼ੇਰਪੁਰ (ਰਵੀ ਟਿੱਬਾ)**-ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਦੇ ਹੁਕਮਾਂ ਤੇ ਸਿਵਲ ਸਰਜਨ ਮਾਲੇਰਕੋਟਲਾ ਡਾ. ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਿਹਤ ਬਲਾਕ ਫਤਿਹਗੜ੍ਹ ਪੰਜਗਰਾਈਆਂ ਅਧੀਨ ਪੈਂਦੇ ਪਿੰਡਾਂ ਵਿੱਚ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ ਗਿਆ।ਇਸ ਮੌਕੇ ਬਜ਼ੁਰਗਾਂ ਦੀ ਸਿਹਤ ਦੀ ਜਾਂਚ ਲਈ ਵਿਸ਼ੇਸ਼ ਕੈਂਪ ਲਗਾਏ ਗਏ ਅਤੇ ਬਜ਼ੁਰਗਾਂ ਦੀ ਸਿਹਤ ਦੀ ਸੰਭਾਲ, ਸੁਰੱਖਿਆ ਤੇ ਸਮਾਜਕ ਭੂਮਿਕਾ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਫਤਿਹਗੜ੍ਹ ਪੰਜਗਰਾਈਆਂ ਡਾ. ਗੁਰਪ੍ਰਕਾਸ਼ ਸਿੰਘ ਭਿੰਡਰ ਨੇ ਕਿਹਾ ਕਿ ਬਜ਼ੁਰਗ ਸਾਡੀ ਸੰਸਕ੍ਰਿਤੀ ਤੇ ਸਮਾਜ ਦੀ ਧਰੋਹਰ ਹਨ।ਉਨ੍ਹਾਂ ਦੀ ਦੇਖਭਾਲ, ਇੱਜ਼ਤ ਤੇ ਸਿਹਤ ਦੀ ਸੁਰੱਖਿਆ ਹਰ ਇੱਕ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਉਮਰ ਵਧਣ ਨਾਲ ਸ਼ੂਗਰ, ਬਲੱਡ ਪ੍ਰੈਸ਼ਰ, ਜੋੜਾਂ ਦਾ ਦਰਦ, ਅੱਖਾਂ ਤੇ ਕੰਨਾਂ ਦੀਆਂ ਸਮੱਸਿਆਵਾਂ ਆਮ ਹਨ, ਇਸ ਲਈ ਸਮੇਂ-ਸਮੇਂ ਤੇ ਸਿਹਤ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ।ਇਸ ਮੌਕੇ ਬਲਾਕ ਐਜੂਕੇਟਰ ਜਗਸੀਰ ਸਿੰਘ ਟਿੱਬਾ ਨੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਪਰਿਵਾਰ ਤੇ ਸਮਾਜ ਵਿੱਚ ਬਜ਼ੁਰਗਾਂ ਨੂੰ ਸਮਾਨ ਸਨਮਾਨ ਦੇਣ ਤੇ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਧਿਆਨ ਰੱਖਣ।ਬਜ਼ੁਰਗਾਂ ਨੂੰ ਸਰਗਰਮ ਜੀਵਨ ਸ਼ੈਲੀ, ਸੰਤੁਲਿਤ ਖੁਰਾਕ, ਮਨੋਰੰਜਨ ਤੇ ਸਮਾਜਕ ਭਾਗੀਦਾਰੀ ਲਈ ਪ੍ਰੇਰਿਤ ਕਰਨ ਦੀ ਲੋੜ ਹੈ।ਇਸ ਮੌਕੇ ਗੁਰਦੀਪ ਕੌਰ ਸੀ.ਐੱਚ.ਓ. ਮੋਹਨ ਸਿੰਘ ਮਪਹਵ (ਮ) ਕੁਲਵੰਤ ਕੌਰ ਆਸ਼ਾ ਤੇ ਲੋਕ ਹਾਜ਼ਰ ਸਨ।

## ਤਰਕਸ਼ੀਲ ਸੁਸਾਇਟੀ ਵੱਲੋਂ ਸੂਬਾਈ ਵਿਦਿਆਰਥੀ ਚੇਤਨਾ ਪ੍ਰੀਖਿਆ 5 ਤੇ 6 ਨੂੰ

### ਪ੍ਰੀਖਿਆ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ : ਰਜਿੰਦਰ ਭਦੌੜ

**ਬਰਨਾਲਾ (ਰਜਿੰਦਰ ਬਰਾੜ)**-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਹੜ੍ਹਾਂ ਕਾਰਨ ਅਗਸਤ ਮਹੀਨੇ ਮੁਲਤਵੀ ਕੀਤੀ ਗਈ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਸਮੁੱਚੇ ਪੰਜਾਬ ਵਿੱਚ ਹੁਣ 5 ਤੇ 6 ਅਕਤੂਬਰ ਨੂੰ ਕਰਵਾਈ ਜਾਵੇਗੀ, ਜਿਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਸੁਸਾਇਟੀ ਦੇ ਮੁੱਖ ਦਫ਼ਤਰ ਤਰਕਸ਼ੀਲ ਭਵਨ ਬਰਨਾਲਾ ਤੋਂ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਗੁਰਪ੍ਰੀਤ ਸ਼ਹਿਣਾ ਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਦੱਸਿਆ ਕਿ ਇਨਕਲਾਬੀ ਵੀਰਾਂਗਣਾ ਗ਼ਦਰੀ ਗੁਲਾਬ ਕੌਰ ਦੀ ਜਨਮ ਸ਼ਤਾਬਦੀ ਨੂੰ ਸਮਰਪਤ ਇਸ ਪ੍ਰੀਖਿਆ ਵਿੱਚ ਮਿਡਲ ਤੇ ਸੈਕੰਡਰੀ ਗਰੁੱਪਾਂ ਲਈ ਸਮੁੱਚੇ ਪੰਜਾਬ ਵਿੱਚ ਕੁੱਲ 30223 ਵਿੱਦਿਆਰਥੀ ਰਜਿਸਟਰ ਕੀਤੇ ਗਏ ਹਨ ਤੇ 551 ਪ੍ਰੀਖਿਆ ਕੇਂਦਰ ਸਥਾਪਤ ਕੀਤੇ ਗਏ ਹਨ।ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਸਮੁੱਚੇ ਪੰਜਾਬ ਵਿੱਚ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਤਰਕਸ਼ੀਲ ਮੈਂਬਰਾਂ ਦੀਆਂ ਡਿਊਟੀਆਂ ਲਗਾਉਣ ਸਮੇਤ ਸਭ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਤੇ ਸੰਬੰਧਤ ਸਕੂਲ ਮੁਖੀਆਂ, ਅਧਿਆਪਕਾਂ ਤੇ ਪ੍ਰਬੰਧਕਾਂ ਨੂੰ ਪਹਿਲਾਂ ਵਾਂਗ ਪੂਰਨ ਸਹਿਯੋਗ ਦੇਣ ਦੀ ਅਪੀਲ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੀਖਿਆ ਵਿੱਚ ਸੂਬੇ, ਜ਼ੋਨ ਤੇ ਇਕਾਈ ਪੱਧਰ 'ਤੇ ਮੈਰਿਟ ਵਿੱਚ ਆਉਣ ਵਾਲੇ ਮਿਡਲ ਤੇ ਸੈਕੰਡਰੀ ਗਰੁੱਪ ਦੇ ਵੱਖ ਵੱਖ ਵਿਦਿਆਰਥੀਆਂ ਨੂੰ ਨਕਦ ਇਨਾਮ, ਤਰਕਸ਼ੀਲ ਕਿਤਾਬਾਂ, ਯਾਦਗਾਰੀ ਚਿੰਨ੍ਹ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ।


## ਓ ਐੱਸ ਡੀ ਰਾਜਵੀਰ ਘੁੰਮਣ ਵੱਲੋਂ ਬਮਾਲ 'ਚ ਲਾਇਬ੍ਰੇਰੀ ਤੇ ਸੜਕ ਦਾ ਉਦਘਾਟਨ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਓ ਐੱਸ ਡੀ ਰਾਜਵੀਰ ਸਿੰਘ ਘੁੰਮਣ ਨੇ ਪਿੰਡ ਬਮਾਲ ਵਿੱਚ ਨਵੀਂ ਤਿਆਰ ਹੋਈ ਆਧੁਨਿਕ ਸਹੂਲਤਾਂ ਨਾਲ ਲੈਸ ਲਾਇਬ੍ਰੇਰੀ ਤੇ ਸੜਕ ਦਾ ਰਸਮੀ ਉਦਘਾਟਨ ਕੀਤਾ।ਇਹ ਪ੍ਰੋਜੈਕਟ ਪਿੰਡ ਦੇ ਨੌਜਵਾਨਾਂ ਨੂੰ ਪੜ੍ਹਾਈ, ਜਾਣਕਾਰੀ ਤੇ ਸਾਂਝ ਲਈ ਵਧੀਆ ਮੰਚ ਮੁਹੱਈਆ ਕਰਾਉਣ ਵਾਸਤੇ ਮਹੱਤਵਪੂਰਨ ਕਦਮ ਵਜੋਂ ਵੇਖਿਆ ਜਾ ਰਿਹਾ ਹੈ।ਉਦਘਾਟਨ ਸਮਾਰੋਹ ਦੌਰਾਨ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਤੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਇੰਚਾਰਜ ਰਾਜਵੰਤ ਸਿੰਘ ਘੁਲੀ (ਚੇਅਰਮੈਨ ਮਾਰਕੀਟ ਕਮੇਟੀ ਧੂਰੀ) ਖਾਸ ਤੌਰ 'ਤੇ ਹਾਜ਼ਰ ਸਨ।ਇਸ ਤੋਂ ਇਲਾਵਾ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ, ਨਗਰ ਕੌਂਸਲ ਧੂਰੀ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ, ਬਲਾਕ ਪ੍ਰਧਾਨ ਐਡਵੋਕੇਟ ਹੈਪੀ ਗੋਇਲ, ਕੌਂਸਲਰ ਪੁਸ਼ਪਿੰਦਰ ਸ਼ਰਮਾ, ਸਮਾਜਸੇਵੀ ਸੁਖਪਾਲ ਪਾਲਾ, ਬਲਵੀਰ ਸਿੰਘ ਈਸੀ, ਸਰਪੰਚ ਭਗਵਾਨ ਸਿੰਘ ਭਲਵਾਨ ਸਮੇਤ ਕਈ ਮੋਹਤਵਰ ਹਾਜ਼ਰ ਸਨ।ਇਸ ਮੌਕੇ ਓਐੱਸਡੀ ਰਾਜਵੀਰ ਸਿੰਘ ਘੁੰਮਣ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਵਚਨਬੱਧ ਹੈ।ਸਰਕਾਰ ਦਾ ਉਦੇਸ਼ ਲੋਕਾਂ ਨੂੰ ਬੁਨਿਆਦੀ ਢਾਂਚੇ ਦੇ ਨਾਲ-ਨਾਲ ਸਿੱਖਿਆ ਤੇ ਗਿਆਨ ਦੀਆਂ ਆਧੁਨਿਕ ਸਹੂਲਤਾਂ ਉਪਲਬਧ ਕਰਵਾਉਣਾ ਹੈ ਤਾਂ ਜੋ ਪਿੰਡਾਂ ਦੇ ਨੌਜਵਾਨ ਵੀ ਨਵੀਆਂ ਸੰਭਾਵਨਾਵਾਂ ਨਾਲ ਜੁੜ ਸਕਣ।ਉਨ੍ਹਾਂ ਸੜਕਾਂ ਦੀ ਵਧੀਆ ਕੁਆਲਿਟੀ ਨਾਲ ਤਾਮੀਰ ਤੇ ਲਾਇਬ੍ਰੇਰੀ ਵਰਗੀਆਂ ਸਹੂਲਤਾਂ ਨੂੰ ਲੋਕ ਭਲਾਈ ਲਈ ਬੇਮਿਸਾਲ ਕਦਮ ਦੱਸਿਆ।ਸਮਾਰੋਹ ਦੌਰਾਨ ਪਿੰਡ ਵਾਸੀਆਂ ਨੇ ਵੀ ਸਰਕਾਰ ਦੇ ਇਸ ਯਤਨ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਇਹ ਲਾਇਬ੍ਰੇਰੀ ਨਵੀਂ ਪੀੜ੍ਹੀ ਨੂੰ ਪੜ੍ਹਨ-ਲਿਖਣ ਲਈ ਪ੍ਰੇਰਿਤ ਕਰੇਗੀ ਤੇ ਸੜਕਾਂ ਦੇ ਸੁਧਾਰ ਨਾਲ ਲੋਕਾਂ ਦੀ ਆਵਾਜਾਈ ਸੁਗਮ ਹੋਵੇਗੀ।

## ਰਾਜਨੀਤੀ ਨੂੰ ਖੇਡਾਂ ਨਾਲੋਂ ਵੱਖ ਰੱਖਣਾ ਚਾਹੀਦੈ : ਸਈਅਦ ਕਰਮਾਨੀ

### ਮੌਜੂਦਾ ਟਿੱਪਣੀਆਂ ਸੁਣ ਕੇ ਮੈਨੂੰ ਸ਼ਰਮ ਆਉਂਦੀ ਹੈ



**ਲੁਧਿਆਣਾ (ਐੱਮ ਐੱਸ ਭਾਟੀਆ)**-ਵਿਸ਼ਵ ਕੱਪ ਜੇਤੂ ਵਿਕਟਕੀਪਰ ਸਈਅਦ ਕਿਰਮਾਨੀ ਨੇ ਆਧੁਨਿਕ ਕ੍ਰਿਕਟ ਦੀ ਸਥਿਤੀ 'ਤੇ ਇੱਕ ਤਿੱਖੀ ਟਿੱਪਣੀ ਕਰਦਿਆਂ ਇਸ ਯੁੱਗ ਨੂੰ 'ਬਿਲਕੁਲ ਨਿਰਾਸ਼ਾਜਨਕ' ਕਿਹਾ ਹੈ। ਏਸ਼ੀਆ ਕੱਪ ਵਿੱਚ ਹਾਲ ਹੀ ਵਿੱਚ ਹੋਈਆਂ ਭਾਰਤ-ਪਾਕਿਸਤਾਨ ਝੜਪਾਂ ਦਾ ਹਵਾਲਾ ਦਿੰਦੇ ਹੋਏ, ਜਿੱਥੇ ਖਿਡਾਰੀਆਂ ਨੇ ਲੜਾਕੂ-ਜਹਾਜ਼ਾਂ ਦੇ ਜਸ਼ਨ, ਅੱਖਾਂ ਮੀਚਣ ਵਾਲੇ ਝਗੜੇ ਤੇ ਜ਼ੁਬਾਨੀ ਝਗੜੇ ਦਾ ਹਵਾਲਾ ਦਿੰਦੇ ਹੋਏ ਕਿਰਮਾਨੀ ਨੇ ਕਿਹਾ ਕਿ ਖੇਡ ਆਪਣੀ ਸਲੀਕੇ ਵਾਲੀ ਭਾਵਨਾ ਗੁਆ ਚੁੱਕੀ ਹੈ।ਜਿਸ ਤਰੀਕੇ ਨਾਲ ਕ੍ਰਿਕਟ ਚਾਰੇ ਪਾਸੇ ਖੇਡਿਆ ਜਾ ਰਿਹਾ ਹੈ, ਮੈਦਾਨ 'ਤੇ ਬਹੁਤ ਹੀ ਰੁੱਖੇ, ਹੰਕਾਰੀ ਇਸ਼ਾਰੇ... ਇਹ ਘਿਣਾਉਣਾ ਹੈ।ਮੈਨੂੰ ਟਿੱਪਣੀਆਂ ਸੁਣ ਕੇ ਸ਼ਰਮ ਆਉਂਦੀ ਹੈ। ਉਸ ਨੇ ਇਹ ਵੀ ਕਿਹਾ ਕਿ ਰਾਜਨੀਤੀ ਦੀ ਖੇਡ ਵਿੱਚ ਕੋਈ ਜਗ੍ਹਾ ਨਹੀਂ ਹੈ।ਕਿਰਮਾਨੀ ਨੇ ਅਫ਼ਸੋਸ ਪ੍ਰਗਟ ਕੀਤਾ ਕਿ ਉਸ ਦੇ ਖੇਡਣ ਦੇ ਦਿਨਾਂ ਦੇ ਮੁਕਾਬਲੇ ਚੀਜ਼ਾਂ ਕਿੰਨੀਆਂ ਡਿੱਗ ਗਈਆਂ ਹਨ।ਸਾਡੇ ਸਮੇਂ ਕ੍ਰਿਕਟਰਾਂ ਵਿੱਚ ਇੰਨੀ ਸ਼ਾਨਦਾਰ ਦੋਸਤੀ ਸੀ।ਪਾਕਿਸਤਾਨੀ ਖਿਡਾਰੀ ਭਾਰਤ ਆ ਰਹੇ ਹਨ, ਅਸੀਂ ਪਾਕਿਸਤਾਨ ਜਾ ਰਹੇ ਹਾਂ... ਕੀ ਮਹਿਮਾਨ ਨਿਵਾਜ਼ੀ, ਕੀ ਪਿਆਰ, ਕੀ ਮੁਹੱਬਤ, ਉਸ ਨੇ ਯਾਦ ਕੀਤਾ।ਅੱਜ, ਹਾਲਾਂਕਿ ਉਹ ਮੰਨਦਾ ਹੈ ਕਿ ਮੈਨੂੰ ਇੱਕ ਕ੍ਰਿਕਟਰ ਵਜੋਂ ਆਪਣਾ ਸਿਰ ਨੀਵਾਂ ਕਰਨਾ ਪਵੇਗਾ। ਉਸਦੇ ਲਈ, ਹਾਲੀਆ ਏਸ਼ੀਆ ਕੱਪ ਸਿਰਫ਼ ਹਾਈ-ਵੋਲਟੇਜ ਮੁਕਾਬਲਿਆਂ ਬਾਰੇ ਨਹੀਂ ਸੀ, ਸਗੋਂ ਹੰਕਾਰ ਤੇ ਰਾਜਨੀਤੀ ਵਿੱਚ ਡੁੱਬੇ ਇੱਕ ਖੇਡ ਦਾ ਇੱਕ ਪ੍ਰੇਸ਼ਾਨ ਕਰਨ ਵਾਲਾ ਪ੍ਰਤੀਬਿੰਬ ਸੀ, ਇੱਕ ਅਜਿਹੀ ਚੀਜ਼ ਜੋ ਉਸ ਨੂੰ ਬਹੁਤ ਦੁਖੀ ਕਰਦੀ ਹੈ।

## ਤਿਉਹਾਰਾਂ ਦੇ ਮੱਦੇਨਜ਼ਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ 'ਚ ਤੁਰੰਤ ਵਾਧਾ ਕੀਤਾ ਜਾਵੇ : ਪ ਸ ਸ ਫ

### ਪੰਜਾਬ ਰਾਜ ਡੀ ਏ ਦੇ ਮਾਮਲੇ 'ਚ ਕੇਂਦਰ ਤੇ ਹੋਰਨਾਂ ਰਾਜਾਂ ਨਾਲੋਂ ਬੁਰੀ ਤਰ੍ਹਾਂ ਪਛੜਿਆ



**ਕੋਟਕਪੂਰਾ (ਰਛਪਾਲ ਭੁੱਲਰ)**-ਕੇਂਦਰ ਸਰਕਾਰ ਵੱਲੋਂ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਿਲਣ ਵਾਲਾ ਮਹਿੰਗਾਈ ਭੱਤਾ 3 ਫੀਸਦੀ ਦੀ ਦਰ ਨਾਲ 1 ਜੁਲਾਈ 2025 ਤੋਂ 55 ਫੀਸਦੀ ਤੋਂ ਵਧਾ ਕੇ 58 ਫੀਸਦੀ ਕਰ ਦਿੱਤਾ ਗਿਆ ਹੈ।ਪੰਜਾਬ ਦੀ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਪਿਛਲੇ ਕਾਫੀ ਸਮੇਂ ਤੋਂ 42 ਫੀਸਦੀ ਦੀ ਦਰ ਨਾਲ ਮਹਿੰਗਾਈ ਭੱਤਾ ਲੈ ਰਹੇ ਹਨ ਅਤੇ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਡੀ ਏ ਦੀਆਂ ਪੰਜ ਕਿਸ਼ਤਾਂ ਪੰਜਾਬ ਸਰਕਾਰ ਵੱਲ ਪੈਂਡਿੰਗ ਹੋ ਗਈਆਂ ਹਨ।ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਨੇ ਲਗਭਗ ਇੱਕ ਸਾਲ ਪਹਿਲਾਂ ਭਾਵ 1 ਨਵੰਬਰ 2024 ਤੋਂ ਬਾਅਦ ਡੀ ਏ ਵਿੱਚ ਇੱਕ ਧੇਲੇ ਦਾ ਵੀ ਵਾਧਾ ਨਹੀਂ ਕੀਤਾ। ਇਸ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਵੱਲੋਂ ਹਰ ਰੋਜ਼ ਮੀਡੀਏ ਵਿੱਚ ਫੋਕੀ ਇਸ਼ਤਿਹਾਰਬਾਜ਼ੀ ਕਰਕੇ ਪੰਜਾਬ ਦੇ ਸਰਕਾਰੀ ਖਜ਼ਾਨੇ ਦੇ ਕਰੋੜਾਂ ਰੁਪਏ ਬਰਬਾਦ ਕੀਤੇ ਜਾ ਰਹੇ ਹਨ।ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਮੁੱਖ ਰੱਖਦਿਆਂ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸ਼ਤਾਂ ਦੇ ਹਿਸਾਬ ਨਾਲ ਤੁਰੰਤ ਬਣਦਾ ਮਹਿੰਗਾਈ ਭੱਤਾ 42 ਫੀਸਦੀ ਤੋਂ ਵਧਾ ਕੇ 58 ਫੀਸਦੀ ਕੀਤਾ ਜਾਵੇ ਤੇ ਪਿਛਲੀਆਂ ਸਾਰੀਆਂ ਕਿਸ਼ਤਾਂ ਦਾ ਰਹਿੰਦਾ ਬਕਾਇਆ ਵੀ ਤੁਰੰਤ ਜਾਰੀ ਕੀਤਾ ਜਾਵੇ।ਆਗੂਆਂ ਨੇ ਦੱਸਿਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਅਨੁਸਾਰ 12 ਅਕਤੂਬਰ ਨੂੰ ਸਮੂਹਕ ਵਫਦਾਂ ਦੇ ਰੂਪ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਸੰਜੀਵ ਅਰੋੜਾ, ਹਰਜੋਤ ਸਿੰਘ ਬੈਂਸ, ਡਾਕਟਰ ਬਲਜੀਤ ਕੌਰ, ਲਾਲਜੀਤ ਸਿੰਘ ਭੁੱਲਰ, ਰਵੀਜੋਤ ਸਿੰਘ, ਲਾਲ ਚੰਦ ਕਟਾਰੂਚੱਕ ਤੇ ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੂੰ ਰੋਸ ਪੱਤਰ ਤੇ ਅਗਲੇ ਸੰਘਰਸ਼ਾਂ ਦੇ ਨੋਟਿਸ ਦਿੱਤੇ ਜਾਣਗੇ।

ਆਗੂਆਂ ਨੇ ਦੱਸਿਆ ਕਿ ਸਾਰੇ ਪ੍ਰੋਗਰਾਮਾਂ ਦੀ ਕਾਮਯਾਬੀ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੀ ਸੂਬਾਈ ਮੀਟਿੰਗ ਮਿਤੀ 5 ਅਕਤੂਬਰ ਨੂੰ ਸਵੇਰੇ 11 ਵਜੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਸੱਦੀ ਗਈ ਹੈ।

## ਸਰਕਾਰੀ ਬਹੁ-ਤਕਨੀਕੀ ਕਾਲਜ ਬਰੇਟਾ ਵਿਖੇ ਸੈਮੀਨਾਰ ਕਰਵਾਇਆ



**ਬਰੇਟਾ (ਰੀਤਵਾਲ)**-ਸ਼ਹੀਦ ਨੰਦ ਸਿੰਘ ਸਰਕਾਰੀ ਬਹੁ-ਤਕਨੀਕੀ ਕਾਲਜ ਬਰੇਟਾ ਵਿਖੇ ਡਿਪਲੋਮਾ ਵਿਦਿਆਰਥੀਆਂ ਦੀ ਛੇ ਮਹੀਨੇ ਦੀ ਇੰਡਸਟਰੀਅਲ ਟ੍ਰੇਨਿੰਗ ਨੂੰ ਮੁੱਖ ਰੱਖਦਿਆਂ ਸਮੇਂ ਸਮੇਂ 'ਤੇ ਸੈਮੀਨਾਰ ਕਰਵਾਏ ਜਾਂਦੇ ਹਨ।ਇਸੇ ਲੜੀ ਤਹਿਤ ਟ੍ਰੇਨਿੰਗ ਐਂਡ ਪਲੇਸਮੈਂਟ ਅਫਸਰ ਪ੍ਰਮੋਦ ਕੁਮਾਰ ਤੇ ਰਮਨਪ੍ਰੀਤ ਕੌਰ ਵੱਲੋਂ 'ਪ੍ਰੋਫੈਸ਼ਨਲ ਐਥਿਕਸ ਐਂਡ ਬਿਹੇਵੀਅਰ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਵਿਦਿਆਰਥੀਆਂ ਨੂੰ ਕਾਰਜਖੇਤਰ ਵਿੱਚ ਲੋੜੀਂਦੇ ਨੈਤਿਕ ਮੁੱਲਾਂ ਤੇ ਪੇਸ਼ੇਵਰ ਵਿਹਾਰ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਦੂਜੇ ਸਾਲ ਬਾਅਦ ਲੱਗੀ ਛੇ ਹਫਤਿਆਂ ਦੀ ਟ੍ਰੇਨਿੰਗ ਵਿੱਚ ਆਪਣੇ ਅਨੁਭਵ ਸਾਂਝੇ ਕੀਤੇ ਤੇ ਵਿਦਿਆਰਥੀਆਂ ਦੇ ਟ੍ਰੇਨਿੰਗ ਸਬੰਧੀ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।

## ਸੁਮਨ ਪਹਿਲੀ ਮਹਿਲਾ ਐੱਨ ਸੀ ਸੀ ਲੈਫਟੀਨੈਂਟ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਯੂਨੀਵਰਸਲ ਕਾਲਜ ਪਾਤੜਾਂ ਵਿਖੇ ਬਤੌਰ ਐੱਨਸੀਸੀ ਲੈਫਟੀਨੈਂਟ ਸੁਮਨ ਨੇ ਆਫਿਸਰ ਟ੍ਰੇਨਿੰਗ ਅਕੈਡਮੀ ਗਵਾਲੀਅਰ ਵਿਖੇ 75 ਦਿਨਾਂ ਦੀ ਟ੍ਰੇਨਿੰਗ ਸਫਲਤਾ ਪੂਰਵਕ ਏ ਗ੍ਰੇਡ ਵਿੱਚ ਪਾਸ ਕੀਤੀ।ਕਾਲਜ ਦੇ ਚੇਅਰਮੈਨ ਬਲਜੀਤ ਸਿੰਘ ਕਾਲਜ ਦੇ ਵਾਈਸ ਚੇਅਰਮੈਨ ਵੀਰਇੰਦਰ ਸਿੰਘ ਧਾਲੀਵਾਲ ਤੇ ਸੈਕਟਰੀ ਪਰਮਿੰਦਰ ਸਿੰਘ ਘੱਗਾ ਵੱਲੋਂ ਲੈਫਟੀਨੈਂਟ ਸੁਮਨ ਨੂੰ ਵਧਾਈਆਂ ਦਿੱਤੀਆਂ ਗਈਆਂ।ਇਹ ਟ੍ਰੇਨਿੰਗ 5 ਪੰਜਾਬ ਬਟਾਲੀਅਨ ਐੱਨਸੀਸੀ ਪਟਿਆਲਾ ਵੱਲੋਂ ਆਫਿਸ ਟ੍ਰੇਨਿੰਗ ਅਕੈਡਮੀ ਗਵਾਲੀਅਰ ਵਿਖੇ ਲਗਾਈ ਗਈ।ਇੰਨੀ ਸਖਤ ਟ੍ਰੇਨਿੰਗ ਕਰਨ ਤੋਂ ਬਾਅਦ ਸਮੂਹ ਸਟਾਫ ਤੇ ਵਿਦਿਆਰਥੀਆਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ।ਕਾਲਜ ਦੇ ਡਾਇਰੈਕਟਰ ਡਾ. ਅਮਰੀਸ਼ ਧਵਨ ਤੇ ਕਾਲਜ ਦੇ ਪ੍ਰਿੰਸੀਪਲ ਯਾਦਵਿੰਦਰ ਸਿੰਘ ਨੇ ਕਿਹਾ ਕਿ ਸੁਮਨ ਪਾਤੜਾਂ ਸ਼ਹਿਰ ਵਿੱਚੋਂ ਪਹਿਲੀ ਮਹਿਲਾ ਲੈਫਟੀਨੈਂਟ ਹਨ, ਜੋ ਐੱਨਸੀਸੀ ਆਫਿਸਰ ਦੀ ਟ੍ਰੇਨਿੰਗ ਪੂਰੀ ਕਰਕੇ ਆਏ ਹਨ।


## 'ਏ ਆਈ ਤੇ ਉੱਭਰਦੀ ਤਕਨੀਕ 'ਚ ਇੰਜੀਨੀਅਰਿੰਗ ਉੱਤਮਤਾ' ਵਿਸ਼ੇ 'ਤੇ ਭਾਸ਼ਣ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਕੰਪਿਊਟਰ ਸਾਇੰਸ ਵਿਭਾਗ ਨੇ ਆਪਣੇ ਤਕਨਾਲੋਜੀ ਕਲੱਬ ਰਾਹੀਂ ਭਾਰਤ ਦੇ ਮਹਾਨ ਇੰਜੀਨੀਅਰਾਂ ਵਿੱਚੋਂ ਇੱਕ, ਭਾਰਤ ਰਤਨ ਸਰ ਐੱਮ. ਵਿਸ਼ਵੇਸ਼ਵਰਾਇਆ ਨੂੰ ਸ਼ਰਧਾਂਜਲੀ ਭੇਟ ਕਰਕੇ ਇੰਜੀਨੀਅਰ ਦਿਵਸ ਮਨਾਇਆ।ਇਸ ਸਮਾਗਮ ਨੇ ਨਵੀਨਤਾ ਤੇ ਸਮਾਜਿਕ ਤਬਦੀਲੀ ਨੂੰ ਚਲਾਉਣ ਵਿੱਚ ਇੰਜੀਨੀਅਰਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਤਕਨਾਲੋਜੀ ਕਲੱਬ ਨੇ 'ਏ ਆਈ ਤੇ ਉੱਭਰਦੀ ਤਕਨੀਕ ਵਿੱਚ ਇੰਜੀਨੀਅਰਿੰਗ ਉੱਤਮਤਾ' ਵਿਸ਼ੇ 'ਤੇ ਇੱਕ ਮਾਹਰ ਭਾਸ਼ਣ ਦਾ ਆਯੋਜਨ ਕੀਤਾ, ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਵਿਕਸਤ ਹੋ ਰਹੇ ਡਿਜੀਟਲ ਯੁੱਗ ਵਿੱਚ ਲੋੜੀਂਦੀਆਂ ਤਕਨੀਕੀ ਤਰੱਕੀਆਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।ਕਲੱਬ ਕੋਆਰਡੀਨੇਟਰ ਡਾ. ਕਮਲਜੀਤ ਕੌਰ ਨੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਇੰਜੀਨੀਅਰ ਦਿਵਸ 2025 ਦੇ ਥੀਮ ਨੂੰ ਉਜਾਗਰ ਕੀਤਾ, ਜਿਸ ਵਿੱਚ ਨਵੀਨਤਾ, ਸਮੱਸਿਆ-ਹੱਲ ਤੇ ਟਿਕਾਊ ਤੇ ਪ੍ਰਭਾਵਸ਼ਾਲੀ ਹੱਲ ਬਣਾਉਣ ਲਈ ਇੰਜੀਨੀਅਰਾਂ ਦੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ ਗਿਆ। ਮੁੱਖ ਭਾਸ਼ਣ ਆਰਟੀਫੀਸ਼ੀਅਲ ਇੰਟੈਲੀਜੈਂਸ ਤੇ ਮਸ਼ੀਨ ਲਰਨਿੰਗ ਵਿੱਚ ਇੱਕ ਨਿਪੁੰਨ ਪੇਸ਼ੇਵਰ ਸ਼੍ਰੀਮਤੀ ਅੰਜਲੀ ਬਖਸ਼ੀ ਦੁਆਰਾ ਦਿੱਤਾ ਗਿਆ।ਆਪਣੇ ਸੈਸ਼ਨ ਵਿੱਚ, ਸ਼੍ਰੀਮਤੀ ਬਖਸ਼ੀ ਨੇ ਇੰਜੀਨੀਅਰਿੰਗ ਉੱਤਮਤਾ ਲਈ ਜ਼ਰੂਰੀ ਗੁਣਾਂ ਵਜੋਂ ਨਿਰੰਤਰ ਸਿੱਖਣ, ਅਨੁਕੂਲਤਾ ਤੇ ਨਵੀਨਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਵਿੱਚ ਅਰਥਪੂਰਨ ਯੋਗਦਾਨ ਪਾਉਣ ਵਾਲੇ ਹੱਲ ਡਿਜ਼ਾਈਨ ਕਰਨ ਲਈ ਉੱਭਰ ਰਹੀਆਂ ਤਕਨਾਲੋਜੀਆਂ ਨਾਲ ਸਰਗਰਮੀ ਨਾਲ ਜੁੜਨ ਲਈ ਉਤਸ਼ਾਹਤ ਕੀਤਾ। ਪ੍ਰੋਗਰਾਮ ਦਾ ਅੰਤ ਡਾ. ਅਮਨਦੀਪ ਕੌਰ ਵਿਰਕ, ਕਲੱਬ ਕੋਆਰਡੀਨੇਟਰ ਦੁਆਰਾ ਪੇਸ਼ ਕੀਤੇ ਗਏ ਧੰਨਵਾਦ ਦੇ ਵੋਟ ਨਾਲ ਹੋਇਆ, ਜਿਨ੍ਹਾਂ ਨੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਉਤਸ਼ਾਹੀ ਭਾਗੀਦਾਰੀ ਤੇ ਸਮਰਥਨ ਲਈ ਵਿਸ਼ੇਸ਼ ਬੁਲਾਰੇ, ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## 'ਵੋਟ ਚੋਰ, ਗੱਦੀ ਛੋੜ' ਖਿਲਾਫ ਪੰਜਾਬ ਪ੍ਰਦੇਸ਼ ਕਾਂਗਰਸ ਦੀ ਮੁਹਿੰਮ ਸ਼ੁਰੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਪ੍ਰਦੇਸ਼ ਕਾਂਗਰਸ ਭਵਨ ਵਿਖੇ ਪੰਜਾਬ ਕਾਂਗਰਸ ਦੇ ਇੰਚਾਰਜ ਸ਼੍ਰੀ ਭੁਜੇਸ਼ ਭੁਗੇਲ, ਪੰਜਾਬ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਚੰਡੀਗੜ੍ਹ ਵਿਖੇ ਵੋਟ ਚੋਰ ਗੱਦੀ ਛੋੜ ਖਿਲਾਫ ਅੱਜ ਪੋਸਟਰ ਰਿਲੀਜ਼ ਕੀਤਾ ਗਿਆ ਤੇ ਕਿਹਾ ਕਿ ਹਰੇਕ ਚੋਣ ਤੋਂ ਪਹਿਲਾਂ ਫੋਟੋਆਂ ਸਮੇਤ ਮਿਟਾਇਆ ਤੇ ਜੋੜੀਆਂ ਗਈਆਂ ਵੋਟਰ ਸੂਚੀਆਂ ਨੂੰ ਜਨਤਕ ਤੌਰ 'ਤੇ ਜਾਰੀ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਉਪਰੰਤ ਅੱਜ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਫਤਰ ਵਿੱਚ ਜ਼ਿਲ੍ਹਾ ਪ੍ਰਧਾਨ ਨਰੇਸ਼ ਕੁਮਾਰ ਦੁੱਗਲ, ਹਰਵਿੰਦਰ ਸਿੰਘ ਨਿੱਪੀ ਸਪੋਕਸਪਰਸਨ ਪੰਜਾਬ ਕਾਂਗਰਸ, ਬਲਾਕ ਪ੍ਰਧਾਨ ਰਾਜੇਸ਼ ਮੰਡੋਰਾ ਤੇ ਉਨ੍ਹਾ ਦੀ ਸਮੁੱਚੀ ਟੀਮ ਵੱਲੋਂ ਵੋਟ ਚੋਰ ਗੱਦੀ ਛੋੜ ਲਈ ਮੰਗਾਂ ਦਾ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਰਾਕੇਸ਼ ਕੁਮਾਰ ਕੇਸ਼ੀ ਪੰਡਿਤ, ਗੌਤਮ ਸਲੂਜਾ ਪ੍ਰਧਾਨ ਆਈ ਟੀ ਸੈੱਲ, ਅਜਾਇਬ ਸਿੰਘ, ਵਿਕਾਸ ਸ਼ਰਮਾ, ਅਸ਼ੀਸ਼ ਵਰਮਾ, ਸੰਜੀਵ ਸ਼ਰਮਾ, ਹਨੀ ਚਾਵਲਾ, ਅਸ਼ੋਕ ਸ਼ਰਮਾ, ਵਿਨੋਦ ਮਲਹੋਤਰਾ, ਸੁਭਾਸ਼ ਚੰਦ ਆਦਿ ਅਹੁਦੇਦਾਰ ਤੇ ਆਗੂ ਸਾਹਿਬਾਨ ਹਾਜ਼ਰ ਰਹੇ।



## ਅਲਾਇੰਸ ਸਕੂਲ ਵਿਖੇ 'ਨੀਂਹ ਦਾਦਾ-ਦਾਦੀ' ਦਿਵਸ ਮਨਾਇਆ



**ਜੈਤੋ (ਸਤੀਸ਼ ਕੁਮਾਰ ਭੋਰੀ)**-ਅਲਾਇੰਸ ਇੰਟਰਨੈਸ਼ਨਲ ਸਕੂਲ ਜੈਤੋ ਨੇ 'ਨੀਂਹ ਦਾਦਾ-ਦਾਦੀ ਦਿਵਸ' ਬਹੁਤ ਹੀ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ।ਸਕੂਲ ਵਿੱਚ ਦਾਦਾ-ਦਾਦੀ ਦਾ ਵਿਸ਼ੇਸ਼ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਨਾਚ ਤੇ ਪ੍ਰਾਰਥਨਾ ਨਾਲ ਹੋਈ।ਬੱਚਿਆਂ ਨੇ ਮਨਮੋਹਕ ਗੀਤ, ਨਾਚ ਤੇ ਨਾਟਕ ਪੇਸ਼ ਕੀਤੇ।ਹਾਸੇ-ਮਜ਼ਾਕ ਵਾਲੇ 'ਟਿੱਟ-ਬਿੱਟ' ਤੇ ਦਿਲਚਸਪ 'ਬੁਝਾਰਤਾਂ' ਨੇ ਸਾਰਿਆਂ ਨੂੰ ਖੁਸ਼ ਕਰ ਦਿੱਤਾ।ਦਾਦਾ-ਦਾਦੀ ਲਈ ਵਿਸ਼ੇਸ਼ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਉਤਸ਼ਾਹ ਨਾਲ ਹਿੱਸਾ ਲਿਆ।ਬੱਚਿਆਂ ਨੇ ਆਪਣੇ ਬਜ਼ੁਰਗਾਂ ਦੇ ਅਨੁਭਵ ਤੇ ਉਨ੍ਹਾਂ ਦੀਆਂ ਕਹਾਣੀਆਂ ਵੀ ਸੁਣੀਆਂ, ਜਿਸ ਨਾਲ ਮਾਹੌਲ ਹੋਰ ਵੀ ਜੀਵੰਤ ਹੋ ਗਿਆ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸਕੂਲ ਦੀ ਪ੍ਰਿੰਸੀਪਲ, ਮੈਡਮ ਗੁਰਸੇਵਕ ਕੌਰ ਮਾਨ ਨੇ ਕਿਹਾ ਕਿ ਦਾਦਾ-ਦਾਦੀ ਸਾਡੇ ਜੀਵਨ ਦੀ ਨੀਂਹ ਹਨ ਉਨ੍ਹਾਂ ਦਾ ਅਨੁਭਵ ਤੇ ਪਿਆਰ ਬੱਚਿਆਂ ਲਈ ਇੱਕ ਸੱਚਾ ਮਾਰਗਦਰਸ਼ਕ ਹੈ।ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਬੱਚਿਆਂ ਨੂੰ ਮੋਬਾਈਲ ਫੋਨ ਦੇ ਕੇ ਖਰਾਬ ਨਹੀਂ ਕਰਨਾ ਚਾਹੀਦਾ ਸਗੋਂ, ਉਨ੍ਹਾਂ ਨਾਲ ਸਮਾਂ ਬਿਤਾਉਣਾ ਉਨ੍ਹਾਂ ਦੀ ਸੱਚੀ ਪਰਵਰਿਸ਼ ਹੈ।ਪ੍ਰੋਗਰਾਮ ਧੰਨਵਾਦ ਮਤੇ ਤੇ ਸਮੂਹ ਡਾਂਸ ਨਾਲ ਸਮਾਪਤ ਹੋਇਆ।ਸਾਰਿਆਂ ਲਈ ਦਿਨ ਯਾਦਗਾਰੀ ਤੇ ਪ੍ਰੇਰਣਾਦਾਇਕ ਹੋ ਨਿੱਬੜਿਆ।

## ਬਜ਼ੁਰਗ ਸਮਾਜ ਦਾ ਸਰਮਾਇਆ ਹਨ : ਡਾ. ਕੌਸ਼ਲ


### ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮੌਕੇ ਬਜ਼ੁਰਗਾਂ ਤੇ ਸਮਾਜ ਸੇਵੀ ਸੰਸਥਾਵਾਂ ਦਾ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਬਨਾਸਰ ਬਾਗ ਵਿਖੇ ਸਥਿਤ ਸੀਨੀਅਰ ਸਿਟੀਜਨ ਭਲਾਈ ਸੰਸਥਾ ਵੱਲੋਂ ਅੰਤਰ ਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਤੇ ਸੰਸਥਾ ਦਾ 25ਵਾਂ ਸਿਲਵਰ ਜੁਬਲੀ ਸਥਾਪਨਾ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਕੁਰੂਕਸ਼ੇਤਰ ਯੂਨੀਵਰਸਿਟੀ ਦੇ ਸਾਬਕਾ ਡੀਨ ਤੇ ਸੰਸਥਾ ਪ੍ਰਧਾਨ ਡਾ. ਨਰਵਿੰਦਰ ਸਿੰਘ ਕੌਸ਼ਲ ਤੇ ਇੰਜ: ਪ੍ਰਵੀਨ ਬਾਂਸਲ ਚੇਅਰਮੈਨ ਦੀ ਯੋਗ ਅਗਵਾਈ ਅਤੇ ਰਾਜ ਕੁਮਾਰ ਅਰੋੜਾ, ਸ਼ਕਤੀ ਮਿੱਤਲ, ਅਵਿਨਾਸ਼ ਸ਼ਰਮਾ, ਬਲਦੇਵ ਕ੍ਰਿਸ਼ਨ ਗੁਪਤਾ, ਰਾਮ ਲਾਲ ਪਾਂਧੀ, ਨਰਾਤਾ ਰਾਮ ਸਿੰਗਲਾ, ਪ੍ਰੇਮ ਚੰਦ ਗਰਗ, ਕੁਲਵੰਤ ਸਿੰਘ ਅਕੋਈ, ਸੁਖਦਰਸ਼ਨ ਸਿੰਘ ਢਿੱਲੋਂ, ਗਿਆਨ ਚੰਦ ਸਿੰਗਲਾ, ਵਾਸਦੇਵ ਸ਼ਰਮਾ, ਸੁਰਿੰਦਰ ਪਾਲ ਸਿੰਘ ਸਿਦਕੀ ਦੀ ਦੇਖ ਰੇਖ ਹੇਠ ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸੁਪਰ ਸੀਨੀਅਰ ਸਿਟੀਜਨ ਪੂਰਨ ਚੰਦ ਜਿੰਦਲ ਹਰਪਾਲ ਨੇ ਸ਼ਮੂਲੀਅਤ ਕੀਤੀ।ਉਨ੍ਹਾਂ ਨਾਲ ਗੁਰਪਾਲ ਸਿੰਘ ਗਿੱਲ ਸਰਪ੍ਰਸਤ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ।

ਸੰਸਥਾ ਸਰਪ੍ਰਸਤ ਜਗਨ ਨਾਥ ਗੋਇਲ, ਦਲਜੀਤ ਸਿੰਘ ਜ਼ਖ਼ਮੀ, ਓ ਪੀ ਕਪਿਲ, ਸੁਰਿੰਦਰ ਪਾਲ ਗੁਪਤਾ ਦੀ ਹਾਜ਼ਰੀ ਵਿੱਚ ਸੁੰਦਰ ਦਿੱਖ ਨਾਲ ਸਜਾਏ ਸਮਾਗਮ ਸਥਾਨ ਵਿੱਚ ਜਗਜੀਤ ਸਿੰਘ ਜੱਸਲ ਦੇ ਬਾਖੂਬੀ ਸਟੇਜ ਸੰਚਾਲਨ ਅਧੀਨ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਸੰਸਥਾ ਦਫਤਰ ਦੇ ਵਿਕਾਸ ਤੇ ਸਮਾਜਿਕ, ਸਿਹਤ ਖੇਤਰ ਅਧੀਨ ਬਜ਼ੁਰਗਾਂ ਦੀ ਭਲਾਈ ਲਈ ਕੀਤੇ ਗਏ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਮੋਦਨ ਸਿੰਘ ਨੇ ਯੋਗਾ ਦੇ ਵੱਖ ਵੱਖ ਆਸਨਾਂ ਰਾਹੀਂ ਸਿਹਤ ਤੰਦਰੁਸਤੀ ਦੇ ਨੁਕਤੇ ਸਾਂਝੇ ਕੀਤੇ।ਨੈਸ਼ਨਲ ਐਵਾਰਡੀ ਸੱਤਪਾਲ ਸ਼ਰਮਾ ਨੇ ਅੰਤਰਰਾਸ਼ਟਰੀ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਅਜੋਕੇ ਸਮੇਂ ਵਿੱਚ ਪਰਿਵਾਰ ਦੇ ਸਭ ਤੋਂ ਨੇੜੇ ਦੇ ਰਿਸ਼ਤੇ ਦਾਦਾ-ਪੋਤਰੇ ਵਿੱਚ ਅਪਣਤ ਦੀ ਘਾਟ ਆ ਗਈ ਹੈ, ਜਿਸ ਕਾਰਨ ਬਣ ਰਹੇ ਬਿਰਧ ਆਸ਼ਰਮ ਚਿੰਤਾ ਦਾ ਵਿਸ਼ਾ ਹੈ।ਸੁਮਨ ਜ਼ਖ਼ਮੀ ਨੇ ਪ੍ਰਬੰਧਕਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਨੂੰ ਸਲਾਹਿਆ।ਸੰਸਥਾ ਪ੍ਰਧਾਨ ਡਾ: ਨਰਵਿੰਦਰ ਸਿੰਘ ਕੌਸ਼ਲ ਨੇ ਸੰਸਥਾ ਵੱਲੋਂ ਬਜ਼ੁਰਗਾਂ ਦੀ ਸਿਹਤ ਤੰਦਰੁਸਤੀ ਤੇ ਹੋਰ ਭਲਾਈ ਕਾਰਜਾਂ ਬਾਰੇ ਦੱਸਿਆ ਅਤੇ ਬਜ਼ੁਰਗਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਦਫਤਰ ਦੇ ਲੋੜੀਂਦੇ ਵਿਕਾਸ ਦਾ ਜ਼ਿਕਰ ਕਰਦਿਆਂ ਇਸ ਗੱਲ 'ਤੇ ਰੋਸ ਪ੍ਰਗਟ ਕੀਤਾ ਕਿ ਸਮਾਗਮ ਵਿੱਚ ਕੋਈ ਰਾਜਨੀਤਕ ਤੇ ਸਰਕਾਰੀ ਨੁਮਾਇੰਦਾ ਨਹੀਂ ਆਇਆ, ਜਦੋਂ ਕਿ ਸੰਸਥਾ ਦੇ ਆਗੂ ਉਨ੍ਹਾਂ ਨੂੰ ਦੋ-ਤਿੰਨ ਵਾਰ ਮਿਲ ਕੇ ਆਏ ਸਨ। ਇਸ ਮੌਕੇ ਸੁਪਰ ਸੀਨੀਅਰ ਸਿਟੀਜਨ ਪੂਰਨ ਚੰਦ ਜਿੰਦਲ, ਸਤਵੰਤ ਸਿੰਘ ਮਾਨ, ਸੁਖਦੇਵ ਸਿੰਘ ਰਤਨ, ਬਲਬੀਰ ਸਿੰਘ ਔਲਖ ਬਿਰਧ ਆਸ਼ਰਮ ਬੱਡਰੁਖਾਂ, ਜਸਵਿੰਦਰ ਸਿੰਘ ਸ੍ਰੀ ਗੁਰੂ ਅੰਗਦ ਦੇਵ ਲੰਗਰ ਸੇਵਾ ਸੁਸਾਇਟੀ ਕੈਂਸਰ ਹਸਪਤਾਲ ਸੰਗਰੂਰ, ਮਾਸਟਰ ਸੱਤਪਾਲ ਸ਼ਰਮਾ ਪਿੰਗਲਵਾੜਾ ਸ਼ਾਖਾ ਸੰਗਰੂਰ, ਸਰਬਜੀਤ ਸਿੰਘ ਰੇਖੀ ਚੇਅਰਮੈਨ ਸਹਾਰਾ ਫਾਊਂਡੇਸ਼ਨ ਦੇ ਨਾਲ ਰਾਵਿੰਦਰ ਸਿੰਘ ਗੁੱਡੂ, ਮੰਗਤ ਰਾਜ ਸਖੀਜਾ, ਜਗਤਾਰ ਸਿੰਘ, ਹਰੀ ਦਾਸ ਸ਼ਰਮਾ, ਮੋਦਨ ਸਿੰਘ, ਸੰਤੋਸ਼ ਆਨੰਦ, ਦਲਜੀਤ ਸਿੰਘ ਜ਼ਖਮੀ, ਪੂਜਾ ਧਾਰਨੀ ਨੂੰ ਲੋਈਆਂ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਸੰਸਥਾ ਦੇ ਸਾਬਕਾ ਪ੍ਰਧਾਨ ਸੁਰੇਸ਼ ਕੁਮਾਰ ਗੁਪਤਾ ਤੇ ਗੁਰਪਾਲ ਸਿੰਘ ਗਿੱਲ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਸਤੰਬਰ ਵਿੱਚ ਜਨਮੇ ਸੰਸਥਾ ਮੈਂਬਰਾਂ ਦੇ ਜਨਮ ਦਿਨ ਵੀ ਮਨਾਏ ਗਏ।ਇਸ ਮੌਕੇ ਹਰਬੰਸ ਲਾਲ ਗਰਗ ਵੱਲੋਂ 100 ਸਾਲ ਤੋਂ ਵੱਧ ਪੁਰਾਣੇ ਤੇ 35 ਭਾਸ਼ਾਵਾਂ ਵਾਲੀਆਂ ਦੁਰਲੱਭ ਅਖਬਾਰਾਂ ਦੀ ਲਗਾਈ ਪ੍ਰਦਰਸ਼ਨੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ।ਸਫਲ ਤੇ ਯਾਦਗਾਰੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਸਥਾ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

## ਮਾਊਂਟ ਲਿਟਰਾ ਜ਼ੀ ਸਕੂਲ 'ਚ ਦੁਸਹਿਰਾ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ ਦੁਸਹਿਰਾ ਬਹੁਤ ਧੂਮਧਾਮ ਨਾਲ ਮਨਾਇਆ।ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਇਸ ਮੌਕੇ ਨੂੰ ਇੱਕ ਸਪੈਸ਼ਲ ਅਸੈਂਬਲੀ ਦਾ ਆਯੋਜਨ ਕੀਤਾ, ਜਿਸ ਵਿੱਚ ਸਕੂਲ ਦੀ ਪ੍ਰਾਰਥਨਾ, ਪ੍ਰਾਰਥਨਾ ਗੀਤ, ਜ਼ੀ ਐਂਥਮ, ਦੁਸਹਿਰੇ ਨਾਲ ਸਬੰਧਤ ਗੀਤ ਤੇ ਭਾਸ਼ਣ ਸ਼ਾਮਲ ਸਨ, ਜਿਸ ਵਿੱਚ ਰਾਵਣ ਨੂੰ ਸਾੜਨਾ ਵੀ ਸ਼ਾਮਲ ਸੀ।ਇਸ ਵਿੱਚ ਸ਼੍ਰੀ ਰਾਮ, ਸੀਤਾ ਤੇ ਲਕਸ਼ਮਣ ਦਾ ਚੌਦਾਂ ਸਾਲਾਂ ਦਾ ਬਨਵਾਸ, ਸੀਤਾ ਦਾ ਅਗਵਾ ਹੋਣਾ ਸ਼ਾਮਲ ਸੀ। ਅੱਜ ਦਾ ਮੁੱਖ ਆਕਰਸ਼ਣ ਰਾਵਣ ਨੂੰ ਸਾੜਨਾ ਸੀ, ਜਿਸ ਨੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲ ਪ੍ਰਧਾਨ ਗਗਨ ਬਾਂਸਲ ਤੋਂ ਬਾਅਦ ਨੇ ਬੱਚਿਆਂ ਨੂੰ ਸੱਚਾਈ ਤੇ ਧਾਰਮਿਕਤਾ ਦੇ ਮਾਰਗ 'ਤੇ ਚੱਲਣ ਲਈ ਉਤਸ਼ਾਹਤ ਕੀਤਾ।ਇਸ ਤੋਂ ਬਾਅਦ ਸਕੂਲ ਪ੍ਰਧਾਨ ਗਗਨ ਬਾਂਸਲ, ਸਕੂਲ ਸਕੱਤਰ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੇ ਵੱਲੋਂ ਰਾਵਣ ਦੇ ਪੁਤਲੇ ਨੂੰ ਅੱਗ ਲਗਾਈ ਗਈ ਅਤੇ ਬੱਚਿਆਂ ਨੂੰ ਇਸ ਤਿਉਹਾਰ ਦੀ ਵਧਾਈ ਦਿੱਤੀ ਗਈ।

# ਡੇਰਾ ਬਾਬਾ ਨਾਨਕ ਵਿਖੇ ਹੜ੍ਹ ਪੀੜਤਾਂ ਲਈ ਫ਼ਰੀ ਮੈਡੀਕਲ ਕੈਂਪ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** - ਅੱਜ 5 ਰਿਵਰਜ਼ ਹਾਰਟ ਸੰਸਥਾ ਟੀਮ ਯੂ ਐਸ ਏ ਵੱਲੋਂ ਬੈਟਰ ਹੋਪ ਐਨ ਜੀ ਓ ਅਤੇ ਸਧਾਨਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਡੇਰਾ ਬਾਬਾ ਨਾਨਕ ਦੇ ਬਜ਼ਾਰ ਜੌੜੀਆਂ ਵਾਲਾ ਸਥਿਤ ਦਰਬਾਰ ਬਾਬਾ ਲਖਮੀ ਚੰਦ ਹਾਲ ਵਿਖੇ ਹੜ੍ਹ ਪੀੜਤਾਂ ਲਈ ਫ਼ਰੀ ਮੈਡੀਕਲ ਕੈਂਪ ਲਾਇਆ ਗਿਆ। ਸੰਸਥਾ ਦੇ ਸੇਵਾਦਾਰਾਂ ਵੱਲੋਂ ਲਗਾਏ ਗਏ ਇਸ ਮੈਡੀਕਲ ਕੈਂਪ ਵਿੱਚ ਦੇਸ਼ ਦੇ ਵੱਖ-ਵੱਖ ਨਾਮੀ ਹਸਪਤਾਲਾਂ ਦੇ ਮਾਹਿਰ ਡਾਕਟਰਾਂ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਸੰਸਥਾ ਦੇ ਪੰਜਾਬ ਟੀਮ ਇੰਚਾਰਜ ਅਵਤਾਰ ਸਿੰਘ ਢਿੱਲੋਂ ਅਤੇ ਡਾਕਟਰ ਹਰਨੂਰ ਸਿੰਘ ਨੇ ਦੱਸਿਆ ਕਿ ਸਾਡੀ ਸੰਸਥਾ ਵੱਲੋਂ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਕਿਸੇ ਨਾ ਕਿਸੇ ਰੂਪ ਵਿੱਚ ਮਦਦ ਕੀਤੀ ਜਾ ਰਹੀ ਹੈ। ਇਸ ਮੌਕੇ ਗੁਰਸਿਮਰਨ ਸਿੰਘ ਬੁੱਟਰ, ਵਿਵੇਕ ਛੀਨਾ, ਅੰਗਰੇਜ਼ ਸਿੰਘ, ਹਰਮਨ ਸਿੰਘ, ਲੱਕੀ, ਵਿੱਕੀ, ਆਕਿਬ ਫਾਉਡਰ, ਅਬਾਸ , ਤਸ਼ਧਕ, ਆਦਿਲ ਭੱਟ, ਹਸਨ, ਡਾਕਟਰ ਰੁਪਿੰਦਰ ਕੌਰ, ਡਾਕਟਰ ਸੁਮਿਤ ਸਿੰਘ, ਡਾਕਟਰ ਅਪਿਕਸ਼ਾ, ਡਾਕਟਰ ਸੁਪ੍ਰੀਤ ਕੌਰ, ਡਾਕਟਰ ਹਰਸ਼ਦੀਪ ਸਿੰਘ, ਡਾਕਟਰ ਇਸ਼ਦੀਪ ਸਿੰਘ, ਕੌਂਸਲਰ ਰਜਤ ਮਰਵਾਹਾ, ਰਿੰਕੂ ਮਰਵਾਹਾ, ਰਾਜਨ ਡੋਗਰਾ, ਕਰਨੈਲ ਸਿੰਘ ਆਦਿ ਹਾਜ਼ਰ ਸਨ।

# ਹੜ੍ਹ ਪ੍ਰਭਾਵਤ ਪਿੰਡਾਂ 'ਚ ਹਰ ਇੱਕ ਤਰ੍ਹਾਂ ਦੀ ਸੇਵਾ ਜਾਰੀ ਰਹੇਗੀ : ਮੱਖਣ ਬਰਾੜ



**ਮੋਗਾ, (ਇਕਬਾਲ ਸਿੰਘ ਖਹਿਰਾ)**-ਹਲਕਾ ਧਰਮਕੋਟ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਹਿਲੇ ਹੀ ਦਿਨ ਤੋਂ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਤੇ ਉਨ੍ਹਾਂ ਦੀ ਟੀਮ ਵੱਲੋਂ ਲਗਾਤਾਰ ਸੇਵਾਵਾਂ ਜਾਰੀ ਹਨ।ਜਿੱਥੇ ਲੋਕਾਂ ਨੂੰ ਰੋਜ਼ਾਨਾ ਰਾਸ਼ਨ, ਪਸ਼ੂਆਂ ਲਈ ਚਾਰਾ, ਘਰੇਲੂ ਸਾਮਾਨ ਤੇ ਹੋਰ ਜ਼ਰੂਰੀ ਸਹੂਲਤਾਂ ਪਹੁੰਚਾਈਆਂ ਗਈਆਂ ਹਨ, ਉੱਥੇ ਹੀ ਮੈਡੀਕਲ ਟੀਮਾਂ ਰਾਹੀਂ ਲੋਕਾਂ ਦੀ ਸਿਹਤ ਦੀ ਸੰਭਾਲ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।ਮੱਖਣ ਬਰਾੜ ਦੀ ਟੀਮ ਵੱਲੋਂ ਹੁਣ ਬਿਮਾਰੀਆਂ ਤੋਂ ਬਚਾਅ ਲਈ ਫੋਗਿੰਗ ਮਸ਼ੀਨਾਂ ਰਾਹੀਂ ਨਿਰੰਤਰ ਸਪਰੇ ਕੀਤਾ ਜਾ ਰਿਹਾ ਹੈ।ਹੜ੍ਹ ਕਾਰਨ ਪਿੰਡਾਂ ਵਿੱਚ ਬਿਮਾਰੀਆਂ ਦੇ ਫੈਲਣ ਦਾ ਖਤਰਾ ਵੱਧ ਗਿਆ ਸੀ, ਜਿਸ ਨੂੰ ਦੇਖਦਿਆਂ ਟੀਮ ਨੇ ਇਹ ਮਹੱਤਵਪੂਰਨ ਕਦਮ ਚੁੱਕਿਆ ਹੈ।ਇਲਾਕੇ ਦੇ ਵੱਡੇ ਹਿੱਸੇ ਵਿੱਚ ਰੋਜ਼ਾਨਾ ਮਸ਼ੀਨਾਂ ਪਹੁੰਚਾ ਕੇ ਵੱਖ-ਵੱਖ ਗਲੀਆਂ ਅਤੇ ਘਰਾਂ ਦੇ ਆਲੇ ਦੁਆਲੇ ਸਪਰੇ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕੀਤੀ ਜਾ ਸਕੇ।ਇਸ ਮੌਕੇ ਟੀਮ ਮੱਖਣ ਬਰਾੜ ਦੇ ਸਰਗਰਮ ਮੈਂਬਰ ਇਕਬਾਲਦੀਪ ਸਿੰਘ ਹੋਰੀ ਵਿਸ਼ੇਸ਼ ਤੌਰ 'ਤੇ ਰੋਜ਼ਾਨਾ ਪਿੰਡਾਂ ਵਿੱਚ ਮਸ਼ੀਨਾਂ ਪਹੁੰਚਾ ਰਹੇ ਹਨ ਅਤੇ ਲੋਕਾਂ ਨਾਲ ਮਿਲ ਕੇ ਇਹ ਮੁਹਿੰਮ ਸਫਲਤਾ ਨਾਲ ਚਲਾ ਰਹੇ ਹਨ।ਪਿੰਡਾਂ ਦੇ ਨਿਵਾਸੀਆਂ ਨੇ ਮੱਖਣ ਬਰਾੜ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕੀਤਾ ਹੈ ਅਤੇ ਕਿਹਾ ਹੈ ਕਿ ਉਹ ਹੜ੍ਹ ਦੀ ਇਸ ਭਿਆਨਕ ਸਥਿਤੀ ਵਿੱਚ ਹਰ ਵੇਲੇ ਉਨ੍ਹਾਂ ਦੇ ਨਾਲ ਖੜ੍ਹੇ ਹਨ।ਮੱਖਣ ਬਰਾੜ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਦੀ ਸੇਵਾ ਕਰਨਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਤੇ ਇਹ ਸੇਵਾ ਤਦ ਤੱਕ ਜਾਰੀ ਰਹੇਗੀ, ਜਦ ਤੱਕ ਹਰੇਕ ਪ੍ਰਭਾਵਿਤ ਪਰਵਾਰ ਨੂੰ ਸੁਵਿਧਾਵਾਂ ਤੇ ਸੁਰੱਖਿਆ ਨਹੀਂ ਮਿਲ ਜਾਂਦੀ।

# ਗੁਰਦਾਸਪੁਰ ਪਬਲਿਕ ਸਕੂਲ ਦੀਆਂ ਬੱਚੀਆਂ ਨੇ ਖੇਡਾਂ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਗੁਰਦਾਸਪੁਰ (ਦਿਨੇਸ਼ ਕੁਮਾਰ)**-ਗਰੇਮਿਟ ਕਾਲਜ ਗੁਰਦਾਸਪੁਰ ਵਿੱਚ ਜ਼ਿਲ੍ਹਾ ਐਥਲੈਟਿਕ ਮੁਕਾਬਲੇ ਹੋਏ, ਜਿਨ੍ਹਾਂ ਵਿੱਚ ਵੱਖ-ਵੱਖ ਸਕੂਲਾਂ ਦੀਆਂ ਬੱਚੀਆਂ ਨੇ ਭਾਗ ਲਿਆ। ਜਿਸ ਵਿੱਚ ਗੁਰਦਾਸਪੁਰ ਪਬਲਿਕ ਸਕੂਲ ਦੀ ਬੱਚੀ ਗੁਰਲੀਨ ਕੌਰ ਜਮਾਤ 11ਵੀਂ ਨੇ ਸ਼ਾਟਪੁੱਟ ਥਰੋ ਅਤੇ ਡਿਸਕਸ ਥਰੋ ਅੰਡਰ ਵਰਗ 19 ਵਿੱਚ ਹਿੱਸਾ ਲਿਆ । ਜਿਸ ਵਿੱਚ ਉਸ ਨੇ ਸ਼ਾਟ ਪੁੱਟ ਥਰੋ ਵਿੱਚ ਗੋਲਡ ਅਤੇ ਡਿਸਕਸ ਥਰੋ ਵਿੱਚ ਤਾਂਬੇ ਦੇ ਤਗਮੇ ਜਿੱਤੇ । ਇਸ ਲਈ ਚੇਅਰਮੈਨ ਰਮਨ ਬਹਿਲ ਅਤੇ ਡਾਇਰੈਕਟਰ ਅਰਚਨਾ ਬਹਿਲ ਨੇ ਗੁਰਲੀਨ ਕੌਰ, ਉਸ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ । ਉਨ੍ਹਾਂ ਨੇ ਕਿਹਾ ਕਿ ਸ਼ੁਰੂ ਤੋਂ ਹੀ ਇਸ ਸਕੂਲ ਦੇ ਬੱਚੇ ਹਰ ਖੇਤਰ ਵਿੱਚ ਅੱਗੇ ਵਧੇ ਹਨ ਜਿਸ ਤਹਿਤ ਵਿਦਿਆਰਥੀ ਡਾਕਟਰ, ਇੰਜੀਨੀਅਰ, ਵਕੀਲ, ਜੱਜ ਸਰਕਾਰੀ ਅਫਸਰ ਬਣੇ ਹਨ। ਪ੍ਰਿੰਸੀਪਲ ਬੱਚਿਆਂ ਨੂੰ ਹਰ ਸਮੇਂ ਮੋਟੀਵੇਟ ਕਰਦੇ ਹਨ ਤੇ ਖੇਡਾਂ ਦੇ ਮਹੱਤਵ ਨੂੰ ਦੱਸਦੇ ਹੋਏ ਹਰ ਸਹੂਲਤ ਦਿੰਦੇ ਹਨ। ਸਕੂਲ ਵਿੱਚ ਹਰ ਤਰ੍ਹਾਂ ਦੀਆਂ ਖੇਡਾਂ ਖਿਡਾਈਆਂ ਜਾਂਦੀਆਂ ਹਨ ਜਿਨ੍ਹਾਂ ਵਿਚ ਕ੍ਰਿਕਟ, ਵਾਲੀਬਾਲ, ਟੇਬਲ ਟੈਨਿਸ, ਬੈਡਮਿੰਟਨ, ਖੋ ਖੋ, ਬਾਕਸਿੰਗ, ਕਰਾਟੇ , ਹਾਕੀ, ਕੈਰਮ, ਚੈਸ, ਕਬੱਡੀ, ਬਾਸਕਟਬਾਲ ਆਦਿ ਮੁੱਖ ਰੂਪ ਵਿਚ ਸ਼ਾਮਲ ਹਨ ।ਸਕੂਲ ਵਿਚ ਬੱਚਿਆਂ ਦੀਆਂ ਖੇਡਾਂ ਲਈ ਗਰਾਊਂਡ ਦਾ ਪੂਰਾ ਪ੍ਰਬੰਧ ਹੈ। ਇਸ ਸਕੂਲ ਵਿੱਚ ਬਹੁਤ ਵਧੀਆ ਸਪੋਰਟਸ ਕੋਚਿੰਗ ਦੀ ਸਹੂਲਤ ਹੈ, ਜਿੱਥੇ ਸਿਖਲਾਈ ਪ੍ਰਾਪਤ ਕੋਚ ਵਿਦਿਆਰਥੀਆਂ ਨੂੰ ਵੱਖ-ਵੱਖ ਖੇਡਾਂ ਅਤੇ ਨਿਯਮਿਤ ਸਰੀਰਕ ਕਸਰਤਾਂ ਕਰਵਾਉਂਦੇ ਹਨ ਜੋ ਕਿ ਪਾਠਕ੍ਰਮ ਦਾ ਹਿੱਸਾ ਹੈ। ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ, ਸਕੂਲ ਖੇਡਾਂ, ਸਹਿ-ਪਾਠਕ੍ਰਮ ਦੀਆਂ ਗਤੀਵਿਧੀਆਂ, ਸੰਗੀਤ, ਕਲਾ ਅਤੇ ਸ਼ਿਲਪਕਾਰੀ ਦੇ ਨਾਲ-ਨਾਲ ਵਧੀਆ ਅਕਾਦਮਿਕ ਪੜ੍ਹਾਈ 'ਤੇ ਵੀ ਬਰਾਬਰ ਦਾ ਧਿਆਨ ਦਿੰਦਾ ਹੈ। ਇਸ ਵਿੱਚ ਮਾਹਿਰ ਕੋਚਾਂ ਅਤੇ ਟ੍ਰੇਨਰਾਂ ਦੁਆਰਾ ਕਰਵਾਏ ਜਾਣ ਵਾਲੇ ਕਰੀਅਰ ਕੌਂਸਲਿੰਗ ਅਤੇ ਪ੍ਰੇਰਣਾਦਾਇਕ ਭਾਸ਼ਣ ਵੀ ਸ਼ਾਮਲ ਹਨ।

# ਝਾੜ ਸਾਹਿਬ ਕਾਲਜ ਵਿਖੇ ਸੱਤ ਰੋਜ਼ਾ ਵਿਰਾਸਤੀ 'ਲੋਕ ਕਲਾਵਾਂ' ਵਰਕਸ਼ਾਪ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ 'ਲੋਕ ਕਲਾਵਾਂ' ਸਬੰਧੀ ਵਰਕਸ਼ਾਪ ਆਯੋਜਿਤ ਕੀਤੀ ਗਈ।ਵਰਕਸ਼ਾਪ ਦਾ ਆਯੋਜਨ ਫੈਸ਼ਨ ਡਿਜ਼ਾਇਨਿੰਗ ਵਿਭਾਗ ਤੇ ਕਲਚਰਲ ਕਮੇਟੀ ਦੀ ਪ੍ਰੋ. ਜਸਵੀਰ ਕੌਰ ਤੇ ਪ੍ਰੋ. ਸੁਖਨਪ੍ਰੀਤ ਕੌਰ ਵੱਲੋਂ ਕੀਤਾ ਗਿਆ, ਜਿਸ ਦਾ ਉਦੇਸ਼ ਪੰਜਾਬ ਦੀਆਂ ਲੋਕ ਕਲਾਵਾਂ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਤੇ ਸਿਖਲਾਈ ਦੇਣਾ ਸੀ।ਇਸ ਸੱਤ ਰੋਜ਼ਾ ਵਰਕਸ਼ਾਪ ਵਿੱਚ ਖਿੱਦੋ ਬਣਾਉਣਾ, ਪਰਾਂਦਾ ਬਣਾਉਣਾ, ਬੁਣਾਈ, ਦਸੂਤੀ, ਫੁਲਕਾਰੀ ਤੇ ਬਾਗ ਦੀ ਕਢਾਈ, ਛਿੱਕੂ ਬਣਾਉਣਾ, ਗੁੱਡੀਆਂ ਪਟੋਲੇ ਆਦਿ ਦੀ ਸਿਖਲਾਈ ਦਿੱਤੀ। ਇਸ ਮੌਕੇ ਯੂਥ ਐਂਡ ਹੈਰੀਟੇਜ ਫੈਸਟੀਵਲ ਦੌਰਾਨ ਇਨਾਮ ਜੇਤੂ ਪੁਰਾਣੀਆਂ ਵਿਦਿਆਰਥਣਾਂ ਨੇ ਵਰਕਸ਼ਾਪ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਖਿੱਦੋ ਬਣਾਉਣ 'ਚ ਹਰਮਨਪ੍ਰੀਤ ਕੌਰ, ਪਰਾਂਦਾ 'ਚ ਕਮਲਜੀਤ ਕੌਰ, ਛਿੱਕੂ 'ਚ ਰਮਨਪ੍ਰੀਤ ਕੌਰ, ਫੁਲਕਾਰੀ 'ਚ ਜਸ਼ਨਪ੍ਰੀਤ ਕੌਰ, ਬਾਗ 'ਚ ਸਪਿੰਦਰ ਕੌਰ ਤੇ ਗੁੱਡੀਆਂ ਪਟੋਲੇ 'ਚ ਪ੍ਰੀਤੀ ਕੌਰ ਜੋ ਕਿ ਪੰਜਾਬੀ ਸੱਭਿਆਚਾਰਕ ਸੱਥ ਵੱਲੋਂ ਕਰਵਾਏ 'ਗੁੱਡੀਆਂ' ਮੁਕਾਬਲੇ ਵਿੱਚ ਵੀ ਪਹਿਲਾ ਸਥਾਨ ਹਾਸਿਲ ਕਰ ਚੁੱਕੀ ਹੈ, ਨੇ ਵੰਨਗੀ ਅਨੁਸਾਰ ਵਡਮੁੱਲੀ ਜਾਣਕਾਰੀ ਮੁਹੱਈਆ ਕਰਵਾਈ।ਇਸ ਤੋਂ ਇਲਾਵਾ ਡਾ. ਰਣਜੀਤ ਕੌਰ ਵੱਲੋਂ ਦਸੂਤੀ ਦੀ ਕਢਾਈ ਤੇ ਪ੍ਰੋ. ਹਰਪ੍ਰੀਤ ਕੌਰ ਵੱਲੋਂ ਬੁਣਾਈ ਦੀ ਸਿਖਲਾਈ ਦਿੱਤੀ ਗਈ।ਵਰਕਸ਼ਾਪ ਵਿੱਚ ਸਿਖਲਾਈ ਦੇਣ ਵਾਲੇ ਵਿਦਿਆਰਥੀਆਂ, ਜਿਨ੍ਹਾਂ ਯੂਥ ਫੈਸਟੀਵਲ ਵਿੱਚ ਵੀ ਇਨਾਮ ਹਾਸਲ ਕੀਤੇ ਹਨ ਨੂੰ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਵੱਲੋਂ ਸਨਮਾਨਤ ਕੀਤਾ ਗਿਆ।ਇਸ ਵਰਕਸ਼ਾਪ ਦੀ ਪ੍ਰਸੰਸਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਅਜਿਹੀ ਵਰਕਸ਼ਾਪ ਅੱਜ ਦੀ ਨਵੀਂ ਪੀੜ੍ਹੀ ਨੂੰ ਸੱਭਿਆਚਾਰ ਤੇ ਲੋਕ ਕਲਾਵਾਂ ਨਾਲ ਜੋੜਨ ਲਈ ਸਹੀ ਸਾਬਿਤ ਹੁੰਦੀਆਂ ਹਨ।ਕਾਲਜ ਦੀ ਲੋਕਲ ਕਮੇਟੀ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਗਈ।

# ਡਾ. ਹਰਜਸਪਾਲ ਸ਼ਰਮਾ ਨੇ ਖੇਤੀਬਾੜੀ ਅਫ਼ਸਰ ਵਜੋਂ ਚਾਰਜ ਸੰਭਾਲਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਾ. ਜਗਦੀਸ਼ ਸਿੰਘ ਜੁਆਇੰਟ ਡਾਇਰੈਕਟਰ ਖੇਤੀਬਾੜੀ ਪੰਜਾਬ ਦੀ ਹਾਜ਼ਰੀ ਵਿੱਚ ਡਾ. ਹਰਜਸਪਾਲ ਸ਼ਰਮਾ ਨੇ ਬਤੌਰ ਖੇਤੀਬਾੜੀ ਅਫ਼ਸਰ ਬਲਾਕ ਬਠਿੰਡਾ ਵਜੋਂ ਆਪਣਾ ਆਹੁਦਾ ਸੰਭਾਲ ਲਿਆ ਹੈ।ਇਸ ਤੋਂ ਪਹਿਲਾਂ ਡਾ. ਹਰਜਸਪਾਲ ਸ਼ਰਮਾ ਬਤੌਰ ਖੇਤੀਬਾੜੀ ਅਫ਼ਸਰ (ਟ੍ਰੇਨਿੰਗ) ਜ਼ਿਲ੍ਹਾ ਬਠਿੰਡਾ ਸੇਵਾਵਾਂ ਨਿਭਾਅ ਰਹੇ ਸਨ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਕਿਸਾਨਾਂ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ, ਸਿਫਾਰਸ਼ ਨਵੀਆਂ ਉਤਪਾਦਨ ਤਕਨੀਕਾਂ ਆਦਿ ਪਿੰਡ ਪੱਧਰ 'ਤੇ ਕਿਸਾਨਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।ਇਸ ਦੇ ਨਾਲ ਹੀ ਉਨ੍ਹਾਂ ਸਮੂਹ ਸਟਾਫ ਬਲਾਕ ਬਠਿੰਡਾ ਨੂੰ ਅਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ।ਇਸ ਮੌਕੇ ਡਾ. ਦਵਿੰਦਰ ਸਿੰਘ, ਡਾ. ਗੁਰਪ੍ਰੀਤ ਸਿੰਘ, ਡਾ. ਸਰਬਜੀਤ ਸਿੰਘ, ਡਾ. ਸੁਖਜੀਤ ਸਿੰਘ, ਡਾ. ਅਸਮਾਨਪ੍ਰੀਤ ਸਿੰਘ, ਡਾ. ਮਨਜਿੰਦਰ ਸਿੰਘ ਤੇ ਬਲਾਕ ਬਠਿੰਡਾ ਦਾ ਸਮੂਹ ਸਟਾਫ਼ ਆਦਿ ਹਾਜ਼ਰ ਸੀ।

# ਸੜਕਾਂ ਕੰਢੇ ਪੀਲੀ ਪੱਟੀ ਨਾ ਹੋਣ ਕਾਰਨ ਵਾਹਨ ਦਿੰਦੇ ਹਨ ਹਾਦਸਿਆਂ ਨੂੰ ਸੱਦਾ



**ਗੁਰਦਾਸਪੁਰ (ਜਨਕ ਮਹਾਜਨ)**-ਲੋਕ ਨਿਰਮਾਣ ਵਿਭਾਗ ਵਲੋਂ ਗੁਰਦਾਸਪੁਰ ਤੋਂ ਮੁਕੇਰੀਆਂ ਰੋਡ 'ਤੇ ਪੈਂਦੇ ਦਰਿਆ ਬਿਆਸ ਕੰਢੇ ਪੈਂਦੇ ਦਊਵਾਲ ਨਾਕੇ ਤੱਕ ਕੁਝ ਸਮਾਂ ਪਹਿਲੇ ਸੜਕ ਦਾ ਨਿਰਮਾਣ ਕੀਤਾ ਗਿਆ ਸੀ, ਜਿਸ 'ਤੇ ਤਿੱਬੜੀ ਬਾਈਪਾਸ ਤੋਂ ਦਊਵਾਲ ਨਾਕੇ ਤੱਕ ਸੜਕ ਦੇ ਦੋਵੇਂ ਪਾਸੇ ਚਿੱਟੀ ਪੱਟੀ ਲਗਾਈ ਗਈ ਸੀ, ਜਿਸ ਨਾਲ ਛੋਟੇ ਵਾਹਨਾਂ ਨੂੰ ਚੱਲਣ ਵਿਚ ਆਸਾਨੀ ਰਹਿ ਸਕੇ ਅਤੇ ਸ਼ਹਿਰ ਅੰਦਰ ਟਰੈਫ਼ਿਕ ਨੂੰ ਕੰਟਰੋਲ ਕਰਨ ਲਈ ਪੀਲੀ ਪੱਟੀ ਵੀ ਲਗਾਉਣੀ ਸੀ ਜੋ ਅਜੇ ਤੀਕ ਨਹੀਂ ਲਗਾਈ ਗਈ ਜਿਸ ਕਾਰਨ ਲੋਕ ਆਪਣੇ ਵਾਹਨ ਲਾਇਬ੍ਰੇਰੀ ਰੋਡ ਤੋਂ ਤਿੱਬੜੀ ਬਾਈਪਾਸ ਤੱਕ ਸੜਕ ਦੇ ਦੋਵੇਂ ਪਾਸੇ ਪੀਲੀ ਪੱਟੀ ਨਾ ਲਗਾਉਣ ਕਰਕੇ ਆਪਣੇ ਵਾਹਨ ਬੇਤਰਤੀਬੇ ਖੜ੍ਹੇ ਕਰਦੇ ਹਨ, ਜਿਸ ਨਾਲ ਦੁਕਾਨਦਾਰ ਅਤੇ ਹੋਰਨਾਂ ਲੋਕਾਂ ਨੂੰ ਕਾਫ਼ੀ ਮੁਸ਼ਕਿਲ ਪੇਸ਼ ਆਉਂਦੀ ਹੈ। ਪੀਲੀ ਪੱਟੀ ਨਾ ਹੋਣ ਨਾਲ ਲੋਕ ਆਪਣੇ ਵਾਹਨ ਸੜਕ ਵਿਚਕਾਰ ਬੇਤੁਕੇ ਖੜ੍ਹੇ ਕਰਕੇ ਚਲੇ ਜਾਂਦੇ ਹਨ ਜਿਸ ਨਾਲ ਟਰੈਫ਼ਿਕ ਵਿਚ ਭਾਰੀ ਵਿਘਨ ਪੈ ਰਿਹਾ ਹੈ ਤੇ ਹਾਦਸੇ ਵੀ ਵਾਪਰ ਜਾਂਦੇ ਹਨ। ਸ਼ਹਿਰ ਵਾਸੀ ਮੱਖਣ ਸਿੰਘ, ਗੁਰਮੀਤ ਸਿੰਘ, ਜੋਗਿੰਦਰ ਸਿੰਘ, ਨਰਿੰਦਰ ਸਿੰਘ ਅਤੇ ਹੋਰ ਲੋਕਾਂ ਨੇ ਦੱਸਿਆ ਕਿ ਸਵੇਰ ਅਤੇ ਸ਼ਾਮ ਵੇਲੇ ਸ਼ਹਿਰ ਅੰਦਰ ਲੋਕਾਂ ਦਾ ਲੰਘਣਾ ਔਖਾ ਹੋ ਜਾਂਦਾ ਹੈ ਅਤੇ ਖ਼ਾਸ ਕਰਕੇ ਜਦੋਂ ਸਕੂਲਾਂ ਅਤੇ ਕਾਲਜਾਂ ਵਿਚੋਂ ਛੁੱਟੀ ਹੁੰਦੀ ਹੈ ਤਾਂ ਬਹੁਤ ਜਾਮ ਸ਼ਹਿਰ ਅੰਦਰ ਲੱਗ ਜਾਂਦਾ ਹੈ। ਇਥੋਂ ਤੱਕ ਕਿ ਕਈ ਵਾਰ ਸਕੂਲੀ ਬੱਸਾਂ ਅਤੇ ਐਂਬੂਲੈਂਸ ਵੀ ਟਰੈਫ਼ਿਕ ਜਾਮ ਵਿਚ ਫਸੀਆਂ ਰਹਿੰਦੀਆਂ ਹਨ। ਇਸ ਤਰ੍ਹਾਂ ਨਾਲ ਬੱਚੇ ਸਕੂਲ ਜਾਣ ਸਮੇਂ ਲੇਟ ਹੋ ਜਾਂਦੇ ਹਨ ਅਤੇ ਮਰੀਜ਼ ਵੀ ਹਸਪਤਾਲਾਂ ਵਿਚ ਸਮੇਂ ਸਿਰ ਨਹੀਂ ਪਹੁੰਚ ਪਾਉਂਦੇ। ਉਨ੍ਹਾਂ ਦੱਸਿਆ ਕਿ ਸੜਕਾਂ 'ਤੇ ਪੀਲੀ ਪੱਟੀ ਨਾ ਹੋਣ ਕਰਕੇ ਸ਼ਹਿਰ ਅੰਦਰ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕੁਝ ਰੇਹੜੀ ਵਾਲੇ ਵੀ ਆਪਣੀਆਂ ਰੇਹੜੀਆਂ ਸੜਕ ਕੰਢੇ ਖੜ੍ਹੇ ਕਰਕੇ ਆਪਣਾ ਸਮਾਨ ਵੇਚਦੇ ਹਨ ਜਿਸ ਨਾਲ ਟਰੈਫ਼ਿਕ ਵਿਚ ਭਾਰੀ ਵਿਘਨ ਪੈ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਤੋਂ ਦਊਵਾਲ ਨਾਕੇ ਤੱਕ 16 ਕਿੱਲੋਮੀਟਰ ਸੜਕ 'ਤੇ ਚਿੱਟੀ ਪੱਟੀ ਤਾਂ ਲਗਾ ਦਿੱਤੀ ਗਈ ਹੈ ਪਰ ਲਾਇਬ੍ਰੇਰੀ ਚੌਕ ਤੋਂ ਤਿੱਬੜੀ ਰੋਡ ਤੱਕ ਸੜਕ 'ਤੇ ਪੀਲੀ ਪੱਟੀ ਨਹੀਂ ਲਗਾਈ ਗਈ। ਲੋਕਾਂ ਨੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਮੰਗ ਕੀਤੀ ਕਿ ਟਰੈਫ਼ਿਕ ਸਮੱਸਿਆ ਦੇ ਹੱਲ ਅਤੇ ਹਾਦਸਿਆਂ ਤੋਂ ਬਚਾਅ ਲਈ ਲਾਇਬ੍ਰੇਰੀ ਰੋਡ ਤੋਂ ਤਿੱਬੜੀ ਰੋਡ ਤੱਕ ਪੀਲੀ ਪੱਟੀ ਲਗਾਈ ਜਾਵੇ। ਲੋਕਾਂ ਦਾ ਕਹਿਣਾ ਹੈ ਕਿ ਟਰੈਫ਼ਿਕ ਪੁਲਿਸ ਨੂੰ ਵੀ ਲਾਇਬ੍ਰੇਰੀ ਰੋਡ ਤੋਂ ਤਿੱਬੜੀ ਬਾਈਪਾਸ ਤੱਕ ਗਾਹੇ-ਬਗਾਹੇ ਵਾਹਨਾਂ ਨੂੰ ਚੈਕ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਲੋਕ ਆਪਣੇ ਵਾਹਨ ਗ਼ਲਤ ਢੰਗ ਨਾਲ ਨਾ ਖੜ੍ਹੇ ਕਰਨ ਜਿਸ ਨਾਲ ਟਰੈਫਿਕ ਦੀ ਸਮੱਸਿਆ ਪੈਦਾ ਹੋਵੇ।

# ਡਾ. ਅਰੋੜਾ ਵੱਲੋਂ ਸੜਕਾਂ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ



**ਮੋਗਾ, (ਇਕਬਾਲ ਸਿੰਘ ਖਹਿਰਾ)**-ਵਿਕਾਸ ਕਾਰਜਾਂ ਦੇ ਹਿੱਸੇ ਵਜੋਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਅੱਜ ਕੌਂਸਲਰ ਪ੍ਰਵੀਨ ਕੁਮਾਰ ਤਿਵਾੜੀ ਦੇ ਵਾਰਡ ਨੰਬਰ 15 ਵਿੱਚ ਅਕਾਲਸਰ ਗੇਟ ਤੋਂ ਕੋਟਕਪੂਰਾ ਬਾਈਪਾਸ, ਗਿੱਲ ਰੋਡ, ਮਾਈ ਜਾਨਕੀ ਗੁਰਦੁਆਰਾ ਸਾਹਿਬ ਤੋਂ ਸਾਈਂ ਮੰਦਰ, ਕਬੀਰ ਨਗਰ ਗਲੀ ਨੰਬਰ 6, ਬੌਬੀ ਮਹੰਤ ਖੇਤਰ ਤੇ ਨਾਲ ਲੱਗਦੀਆਂ ਸੜਕਾਂ 'ਤੇ ਪ੍ਰੀਮਿਕਸ ਪਾਉਣ ਦੇ ਕੰਮ ਦਾ ਉਦਘਾਟਨ ਕੀਤਾ।ਵਾਰਡ ਵਿੱਚ ਪਹੁੰਚਣ 'ਤੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਤੇ ਮੇਅਰ ਬਲਜੀਤ ਸਿੰਘ ਚਾਨੀ ਦਾ ਸ਼ਹਿਰ ਵਾਸੀਆਂ ਨੇ ਸਿਰੋਪਾਓ ਪਾ ਕੇ ਸਵਾਗਤ ਕੀਤਾ। ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਬਰਸਾਤ ਦੇ ਮੌਸਮ ਕਾਰਨ ਪ੍ਰੀਮਿਕਸ ਦਾ ਕੰਮ ਕੁਝ ਦਿਨ ਪਹਿਲਾਂ ਰੋਕ ਦਿੱਤਾ ਗਿਆ ਸੀ ਤਾਂ ਜੋ ਕੰਮ ਨੂੰ ਸਹੀ ਢੰਗ ਨਾਲ ਪੂਰਾ ਕਰਕੇ ਜਨਤਾ ਨੂੰ ਸੌਂਪਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 15 ਵਿੱਚ ਅੱਜ 34.5 ਲੱਖ ਰੁਪਏ (34.5 ਲੱਖ ਰੁਪਏ) ਦੇ ਵਿਕਾਸ ਕਾਰਜ ਸ਼ੁਰੂ ਕਰ ਦਿੱਤੇ ਗਏ ਹਨ, ਅਤੇ ਬਾਕੀ ਰਹਿੰਦੇ ਕੰਮ ਜਲਦੀ ਹੀ ਪੂਰੇ ਕਰ ਲਏ ਜਾਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਟੀਚਾ ਮੋਗਾ ਸ਼ਹਿਰ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਮੋਗਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਮੁੱਦੇ ਨੂੰ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਜਿਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ 'ਤੇ 'ਆਪ' ਆਗੂ ਜਗਦੀਸ਼ ਸ਼ਰਮਾ, ਵਪਾਰ ਵਿੰਗ ਦੇ ਕੋਆਰਡੀਨੇਟਰ ਸੰਜੀਵ ਨਰੂਲਾ, ਸਾਬਕਾ ਕੌਂਸਲਰ ਦਵਿੰਦਰ ਤਿਵਾੜੀ, ਰਾਕੇਸ਼ ਸਿਤਾਰਾ, ਪਿੰਟੂ ਗਿੱਲ, ਕੌਂਸਲਰ, ਵਾਰਡ ਨਿਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

# ਪਰਾਲੀ ਪ੍ਰਬੰਧਨ ਸੰਬੰਧੀ ਤਕਨੀਕੀ ਸਹਾਇਤਾ ਜਾਂ ਖ਼ੇਤੀ ਸੰਦਾਂ ਦੀ ਜਾਣਕਾਰੀ ਲਈ ਕਿਸਾਨ ਖੇਤੀਬਾੜੀ ਵਿਭਾਗ ਨਾਲ ਸੰਪਰਕ ਕਰਨ



**ਗੁਰਦਾਸਪੁਰ (ਜਨਕ ਮਹਾਜਨ)**- ਝੋਨੇ ਅਤੇ ਬਾਸਮਤੀ ਦੇ ਵਾਢੀ ਸੀਜ਼ਨ ਦੌਰਾਨ ਪਰਾਲੀ ਦੀ ਰਹਿੰਦ ਖੂੰਹਦ ਨੂੰ ਅੱਗ ਲਗਾ ਕੇ ਛੇਤੀ ਪ੍ਰਬੰਧ ਕਰਨ ਦੇ ਮੰਤਵ ਨਾਲ ਕਿਸਾਨਾਂ ਵੱਲੋਂ ਲਗਾਈ ਜਾਂਦੀ ਅੱਗ ਨੂੰ ਰੋਕਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੀਤੀ ਗਈ ਵਿਉਂਤਬੰਦੀ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਚ ਸਟਾਫ਼ ਮੀਟਿੰਗ ਕੀਤੀ ਗਈ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸੂਚਨਾ, ਪਸਾਰ ਅਤੇ ਕਮਿਊਨੀਕੇਸ਼ਨ ਮੱਦ ਤਹਿਤ ਪਿੰਡ ਪੱਧਰ ਅਤੇ ਬਲਾਕ ਪੱਧਰ 'ਤੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਕੈਂਪ 15 ਅਕਤੂਬਰ ਤੱਕ ਮੁਕੰਮਲ ਕਰ ਲਏ ਜਾਣਗੇ ਤਾਂ ਜੋ ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਜ਼ੀਰੋ ਪੱਧਰ 'ਤੇ ਲਿਆਂਦਾ ਜਾ ਸਕੇ। ਡਾ. ਅਮਰੀਕ ਸਿੰਘ ਕਿਹਾ ਕਿ ਜੇਕਰ ਸਮਝਾਉਣ ਦੇ ਬਾਵਜੂਦ ਕੋਈ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਂਦਾ ਹੈ ਤਾਂ ਮਾਣਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਪਿੰਡ ਦੇ ਗੁਰਦੁਆਰਿਆਂ ਤੋਂ ਅਨਾਊਂਸਮੈਂਟ ਕਰਵਾ ਕੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਅਗੇਤੇ ਪ੍ਰਬੰਧਾਂ ਵਜੋਂ ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਨਾਲ ਵੀ ਰਾਬਤਾ ਕਰ ਲਿਆ ਜਾਵੇ ਅਤੇ ਉਨ੍ਹਾਂ ਦੇ ਫ਼ੋਨ ਨੰਬਰ ਲੈ ਲਏ ਜਾਣ ਅਤੇ ਆਪਣੇ ਫ਼ੋਨ ਵੀ ਉਨ੍ਹਾਂ ਨਾਲ ਸਾਂਝੇ ਕਰ ਦਿੱਤੇ ਜਾਣ ਤਾਂ ਜੋ ਲੋੜ ਪੈਣ ਤੇ ਫਾਇਰ ਬ੍ਰਿਗੇਡ ਬਿਨਾਂ ਕਿਸੇ ਰੁਕਾਵਟ ਤੋਂ ਮੌਕੇ 'ਤੇ ਪਹੁੰਚ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਡਾ. ਸ਼ਾਹਬਾਜ਼ ਸਿੰਘ ਚੀਮਾ, ਡਾ. ਮਨਪ੍ਰੀਤ ਸਿੰਘ, ਡਾ. ਸੁਖਬੀਰ ਸਿੰਘ ਸੰਧੂ, ਡਾ. ਜਰਮਨਜੀਤ ਸਿੰਘ, ਡਾ. ਦਿਲਰਾਜ ਸਿੰਘ, ਡਾ. ਸੰਦੀਪ ਸਿੰਘ ਸਮੇਤ ਸਮੂਹ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਪ੍ਰਾਪਰਟੀ ਐਸੋਸੀਏਸ਼ਨ ਨੇ 'ਮਿਸ਼ਨ ਚੜ੍ਹਦੀ ਕਲਾ' 'ਚ 2,50,000 ਰੁਪਏ ਦਾ ਯੋਗਦਾਨ ਪਾਇਆ



**ਗੁਰਦਾਸਪੁਰ (ਜਨਕ ਮਹਾਜਨ)**- ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਆਪਣਾ ਹੱਥ ਵਧਾਇਆ ਹੈ। ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਨੇ ਪੰਜਾਬ ਸਰਕਾਰ ਵਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਸ਼ੁਰੂ ਕੀਤੇ 'ਮਿਸ਼ਨ ਚੜ੍ਹਦੀ ਕਲਾ' ਵਿਚ 2,50,000 ਰੁਪਏ ਦਾ ਯੋਗਦਾਨ ਪਾਇਆ ਹੈ। 'ਮਿਸ਼ਨ ਚੜ੍ਹਦੀ ਕਲਾ' ਤਹਿਤ ਪੰਜਾਬ ਸਰਕਾਰ ਵਲੋਂ ਬਣਾਈ ਰੰਗਲਾ ਪੰਜਾਬ ਸੁਸਾਇਟੀ ਦੇ ਨਾਂਅ ਸਹਾਇਤਾ ਰਾਸ਼ੀ ਦਾ ਇਹ ਡਰਾਫ਼ਟ ਪ੍ਰਾਪਰਟੀ ਐਸੋਸੀਏਸ਼ਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੂੰ ਸੌਂਪਿਆ ਗਿਆ। ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਵਲੋਂ ਹੜ੍ਹ ਪੀੜਤਾਂ ਲਈ ਦੀ ਜੋ ਮਦਦ ਕੀਤੀ ਗਈ ਹੈ ਉਸ ਲਈ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦਾ ਧੰਨਵਾਦੀ ਹੈ। ਇਸ ਮੌਕੇ ਪ੍ਰਾਪਰਟੀ ਐਸੋਸੀਏਸ਼ਨ ਦੀਨਾਨਗਰ ਦੇ ਪ੍ਰਧਾਨ ਅੰਕੁਸ਼ ਮਹਾਜਨ, ਜਨਰਲ ਸਕੱਤਰ ਅਨਿਲ ਮਹਾਜਨ, ਸਕੱਤਰ ਕੁਨਾਲ ਮਹਾਜਨ, ਖ਼ਜ਼ਾਨਚੀ ਗੁਲਸ਼ਨ, ਮੀਡੀਆ ਇੰਚਾਰਜ ਸਲਵਿੰਦਰ ਸਿੰਘ ਕਾਹਲੋਂ, ਕਲੋਨਾਈਜ਼ਰ ਰਾਜੀਵ ਗੁਪਤਾ, ਨਿਰਮਲ ਸਿੰਘ, ਰਮਨ ਸਿੰਘ, ਮਹਿੰਦਰਪਾਲ, ਉਪਦੇਸ਼ ਅਤਰੀ, ਨਿਤਿਨ ਜਗਾਲੀਆ, ਰਾਜੇਸ਼, ਅਮਰਿੰਦਰ ਸਿੰਘ ਆਦਿ ਹਾਜ਼ਰ ਸਨ।

# 1.61 ਕਿੱਲੋ ਹੈਰੋਇਨ, ਡਰੱਗ ਮਨੀ, ਮੋਬਾਇਲ ਤੇ 26 ਸਿੰਮਾਂ ਸਮੇਤ ਤਸਕਰ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਦੇ ਚੱਲਦੇ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ, ਜਦੋਂ ਇਕ ਤਸਕਰ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ 1 ਕਿੱਲੋ 61 ਗ੍ਰਾਮ ਹੈਰੋਇਨ, 1 ਲੱਖ 90 ਹਜ਼ਾਰ 250 ਰੁਪਏ ਡਰੱਗ ਮਨੀ, ਪਿੱਠੂ ਬੈਗ, ਇਕ ਮੋਬਾਇਲ ਫੋਨ, 26 ਸਿੰਮਾਂ, ਵੱਖ ਵੱਖ ਕੰਪਨੀ ਦੀਆਂ ਤੇ 500 ਰੁਪਏ ਜਾਮਾ ਤਲਾਸ਼ੀ ਬਰਾਮਦ ਹੋਈ। ਇਸ ਸਬੰਧੀ ਥਾਣਾ ਮਮਦੋਟ ਪੁਲਸ ਨੇ ਤਸਕਰ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪੁਲਸ ਮੁਖੀ ਭੁਪਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਮਮਦੋਟ ਦੇ ਇੰਸਪੈਕਟਰ ਗੁਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੱਸ ਅੱਡਾ ਪਿੰਡ ਵਰਿਆਮ ਵਾਲਾ ਪੁੱਜੀ ਤਾਂ ਪੁਲਸ ਨੂੰ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਤਸਕਰ ਸਵਰਨ ਸਿੰਘ ਉਰਫ ਧੰਨਾ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਪੀਰ ਇਸਮਾਈਲ ਖਾਂ ਹੈਰੋਇਨ ਵੇਚਣ ਦਾ ਆਦੀ ਹੈ, ਜੋ ਅੱਜ ਵੀ ਟੀ ਪੁਆਇੰਟ ਮਮਦੋਟ ਤੋਂ ਐੱਫ ਐੱਫ ਰੋਡ 'ਤੇ ਖੜ੍ਹਾ ਕਿਸੇ ਗਾਹਕ ਦੀ ਉਡੀਕ ਕਰ ਰਿਹਾ ਹੈ। ਜੇਕਰ ਹੁਣੇ ਹੀ ਛਾਪੇਮਾਰੀ ਕੀਤੀ ਜਾਵੇ ਤਾਂ ਉਹ ਭਾਰੀ ਮਾਤਰਾ ਵਿੱਚ ਹੈਰੋਇਨ ਸਮੇਤ ਕਾਬੂ ਆ ਸਕਦਾ ਹੈ। ਪੁਲਸ ਨੇ ਦੱਸਿਆ ਕਿ ਉਕਤ ਤਸਕਰ ਨੂੰ ਕਾਬੂ ਕਰਕੇ ਉਸ ਕੋਲੋਂ 1 ਕਿੱਲੋ 61 ਗ੍ਰਾਮ ਹੈਰੋਇਨ, 1 ਲੱਖ 90 ਹਜ਼ਾਰ 250 ਰੁਪਏ ਡਰੱਗ ਮਲੀ, ਪਿੱਠੂ ਬੈਗ, ਇਕ ਮੋਬਾਇਲ ਫੋਨ, 26 ਸਿੰਮਾਂ ਵੱਖ ਵੱਖ ਕੰਪਨੀ ਦੀਆਂ ਤੇ 500 ਰੁਪਏ ਜਾਮਾ ਤਲਾਸ਼ੀ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਤਸਕਰ ਖਿਲਾਫ ਮਾਮਲਾ ਦਰਜ ਕਰਕੇ ਉਸ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਤੇ ਪਤਾ ਲਗਾਇਆ ਜਾ ਰਿਹਾ ਹੈ ਕਿ ਇਹ ਹੈਰੋਇਨ ਕਿੱਥੋਂ ਲਿਆਂਦੀ ਤੇ ਅੱਗੇ ਕਿਸ ਨੂੰ ਸਪਲਾਈ ਕਰਨੀ ਹੈ।

# ਪੰਜਾਬੀ ਪੌਪ ਦੀ ਮਲਿਕਾ ਸਿਮਰਨ ਕੌਰ ਧਾਦਲੀ ਨੇ ਪੇਸ਼ ਕੀਤਾ 'ਲਾਲਾ ਲਾਲਾ'

**ਲੁਧਿਆਣਾ** : ਪੰਜਾਬ ਦੀ ਸਭ ਤੋਂ ਬੇਬਾਕ ਗਾਇਕਾ, ਸਿਮਰਨ ਕੌਰ ਧਾਦਲੀ ਨੇ ਆਪਣਾ ਨਵਾਂ ਸਿੰਗਲ 'ਲਾਲਾ ਲਾਲਾ' ਪੇਸ਼ ਕੀਤਾ ਹੈ। ਇਹ ਗੀਤ ਉਨ੍ਹਾਂ ਦੇ ਸਿਗਨੇਚਰ ਬੋਲ, ਆਕਰਸ਼ਕ ਕੰਪੋਜ਼ੀਸ਼ਨ, ਦੇਸੀ ਸਵੈਗ ਅਤੇ ਗਲੋਬਲ ਪਾਪ ਐਪੀਲ ਨਾਲ ਭਰਪੂਰ ਹੈ। 'ਲਾਲਾ ਲਾਲਾ' ਦਾ ਨਿਰਮਾਣ ਦੇਸੀ ਟ੍ਰੈਪ ਮਿਊਜ਼ਿਕ ਨੇ ਕੀਤਾ ਹੈ। ਇਸ ਗੀਤ ਵਿੱਚ ਸਿਮਰਨ ਦੇ ਉਦੇ ਅਤੇ ਉਨ੍ਹਾਂ ਦੀ ਨਿਡਰ ਭਾਵਨਾ ਨੂੰ ਦਰਸਾਇਆ ਗਿਆ ਹੈ, ਜੋ ਸਦਾ ਹੀ ਉਨ੍ਹਾਂ ਦੇ ਗੀਤਾਂ ਦੀ ਪਛਾਣ ਰਹੀ ਹੈ। ਸਿਮਰਨ ਨੇ ਦੱਸਿਆ ਕਿ ਇਹ ਗੀਤ ਮੇਰੇ ਸਫਰ ਅਤੇ ਮੇਰੀ ਉਸ ਭਜਦੌੜ ਬਾਰੇ ਹੈ, ਜਿਸ ਨੇ ਮੈਨੂੰ ਉਹ ਬਣਾਇਆ ਹੈ, ਜੋ ਅੱਜ ਮੈਂ ਹਾਂ। ਮੇਰੇ ਲਈ ਇਹ ਗਾਣਾ ਮਾਣ ਦੇ ਨਾਲ ਆਪਣੀ ਸੌਖੀ ਕਹਾਣੀ ਦੱਸਣ ਅਤੇ ਹਰ ਪਲ ਦਾ ਆਨੰਦ ਲੈਣ ਦੇ ਬਾਰੇ ਹੈ। ਸਿਮਰਨ ਆਪਣੇ ਸਾਖਸ਼ੀ ਗੀਤ ਲਿਖਣ ਅਤੇ ਬੇਬਾਕ ਪ੍ਰਮਾਣਿਕਤਾ ਲਈ ਜਾਣੀ ਜਾਂਦੀ ਹਨ। 'ਲਾਲਾ ਲਾਲਾ' ਸਪੋਟੀਫਾਈ, ਐਪਲ ਮਿਊਜ਼ਿਕ, ਯੂਟਿਊਬ, ਐਮਾਜ਼ੋਨ ਮਿਊਜ਼ਿਕ ਅਤੇ ਸਾਰੇ ਪ੍ਰਮੁੱਖ ਪਲੇਟਫਾਰਮਾਂ 'ਤੇ ਸਟਰੀਮ ਕੀਤਾ ਜਾ ਰਿਹਾ ਹੈ।

*ਸ਼ਰਧਾਂਜਲੀ ਸਮਾਗਮ 'ਤੇ ਵਿਸ਼ੇਸ਼*

# ਨੇਕ ਦਿਲ, ਸਾਊ ਸੁਭਾਅ ਤੇ ਜੁਝਾਰੂ ਸਾਥੀ ਸਨ ਮਾਸਟਰ ਸੋਹਣ ਲਾਲ



**ਮਾਸਟਰ ਸੋਹਣ ਲਾਲ** ਦਾ ਜਨਮ 21 ਸਤੰਬਰ 1954 ਨੂੰ ਪਿੰਡ ਪੰਡੋਰੀ ਖ਼ਾਸ (ਜਲੰਧਰ) ਵਿਖੇ ਪਿਤਾ ਲਾਲੂ ਰਾਮ ਦੇ ਘਰ ਮਜ਼ਦੂਰ ਪਰਿਵਾਰ ਵਿੱਚ ਹੋਇਆ। ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਹੋਣ ਕਰਕੇ ਆਪ ਜੀ ਨੇ ਜੇ.ਬੀ.ਟੀ.ਕਰਨ ਤੋਂ ਬਾਅਦ ਅਧਿਆਪਕ ਸੇਵਾ ਸ਼ੁਰੂ ਕੀਤੀ। ਆਪ ਜੀ ਦੇ ਵੱਡੇ ਭਰਾ ਮਾਸਟਰ ਬੁੱਧ ਪ੍ਰਕਾਸ਼ ਜੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਆਗੂ ਸਨ। ਇਹਨਾਂ ਦੀ ਪ੍ਰੇਰਨਾ ਨਾਲ ਮਾਸਟਰ ਸੋਹਣ ਲਾਲ ਜੀ ਵੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਮੈਂਬਰ ਬਣ ਗਏ। ਇਹਨਾਂ ਨੇ ਆਪਣੀ ਜ਼ਿਆਦਾ ਅਧਿਆਪਕ ਸੇਵਾ ਸਰਕਾਰੀ ਪ੍ਰਾਇਮਰੀ ਸਕੂਲ ਨਵਾਂ ਪਿੰਡ ਜੱਟਾਂ ਵਿਖੇ ਕੀਤੀ। ਇਸ ਸਕੂਲ ਵਿੱਚ ਹੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸਾਥੀ ਪਰਮਜੀਤ ਸਿੰਘ ਗਾਂਧਰੀ ਅਧਿਆਪਕ ਸੇਵਾ ਕਰਦੇ ਸਨ ਜਿਨ੍ਹਾਂ ਦਾ ਇਹਨਾਂ ਤੇ ਬਹੁਤ ਪ੍ਰਭਾਵ ਪਿਆ। ਇਹਨਾਂ ਦਾ ਵਿਆਹ ਹਰਭਜਨ ਕੌਰ ਨਾਲ ਹੋਇਆ। ਆਪ ਜੀ ਦਾ ਵੱਡਾ ਬੇਟਾ ਪਰਮਿੰਦਰ ਕੁਮਾਰ ਇਟਲੀ ਵਿਖੇ ਪਰਿਵਾਰ ਸਮੇਤ ਰਹਿ ਰਿਹਾ ਹੈ। ਛੋਟਾ ਬੇਟਾ ਪਵਨੀਕ ਕੁਮਾਰ ਬਤੌਰ ਫਾਰਮਸਿਸਟ ਸਿਵਲ ਹਸਪਤਾਲ ਨਕੋਦਰ ਵਿਖੇ ਅਤੇ ਨੂੰਹ ਰਜਨੀ ਡਾਕਟਰ ਹੈ। ਇਹਨਾਂ ਦੀ ਬੇਟੀ ਮੋਨੀਕਾ ਨਿਊਜ਼ੀਲੈਂਡ ਵਿਖੇ ਵਿਆਹ ਤੋਂ ਬਾਅਦ ਪੱਕੇ ਤੌਰ ਤੇ ਰਹਿ ਰਹੀ ਹੈ। ਆਪ ਜੀ ਦਾ ਭਤੀਜਾ ਮਾਸਟਰ ਰਸ਼ਮਿੰਦਰ ਪਾਲ ਸੋਨੂੰ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਜ਼ਿਲ੍ਹਾ ਜਲੰਧਰ ਦਾ ਵਿੱਤ ਸਕੱਤਰ ਹੈ ।ਮਾਸਟਰ ਸੋਹਣ ਲਾਲ ਦਾ ਮਿਤੀ 24-09-2025 ਨੂੰ ਸੰਖੇਪ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ ਸੀ। ਪਰਿਵਾਰਕ ਮਿੱਤਰ ਅਧਿਆਪਕ ਆਗੂ ਮਾਸਟਰ ਕੰਵਲਜੀਤ ਸੰਗੋਵਾਲ ਨੇ ਦੱਸਿਆ ਕਿ ਮਾਸਟਰ ਸੋਹਣ ਲਾਲ ਜੀ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਉਹਨਾਂ ਦੇ ਗ੍ਰਹਿ ਪਿੰਡ ਪੰਡੋਰੀ ਖ਼ਾਸ, ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਵਿਖੇ 4 ਅਕਤੂਬਰ ਨੂੰ 12:00 ਤੋਂ 1:00 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਉਹਨਾਂ ਦੇ ਦੇਹਾਂਤ ਤੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਅਤੇ ਜਨਰਲ ਸਕੱਤਰ ਸੁਰਿੰਦਰ ਕੰਬੋਜ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਬਠਿੰਡਾ ਅਤੇ ਜਨਰਲ ਸਕੱਤਰ ਐਨ. ਡੀ. ਤਿਵਾੜੀ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

-ਰਾਜਾ ਮਹਿਤਪੁਰ

# ਰਾਜ ਬਖਸ਼ ਕੰਬੋਜ ਦੀ ਅਗਵਾਈ 'ਚ ਹਸਤਾਖਰ ਮੁਹਿੰਮ ਦਾ ਆਗਾਜ਼



**ਜਲਾਲਾਬਾਦ, (ਜੰਗੀਰ ਕੌਰ/ਜੀਤ ਕੁਮਾਰ)**-ਕਾਂਗਰਸ ਪਾਰਟੀ ਦੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਨਿਰਦੇਸ਼ 'ਤੇ ਬੀਤੇ ਦਿਨ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ 'ਚ ਹਸਤਾਖਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਉਸੇ ਤਹਿਤ ਅੱਜ ਹਲਕਾ ਜਲਾਲਾਬਾਦ 'ਚ ਵੀ ਓਬੀਸੀ ਸੈੱਲ ਪੰਜਾਬ ਕਾਂਗਰਸ ਦੇ ਚੇਅਰਮੈਨ ਰਾਜ ਬਖਸ਼ ਕੰਬੋਜ ਦੀ ਅਗਵਾਈ 'ਚ ਹਸਤਾਖਰ ਮੁਹਿੰਮ ਦਾ ਆਗਾਜ਼ ਕੀਤਾ ਗਿਆ ਅਤੇ ਇਸ ਸਬੰਧ 'ਚ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਬੈਠਕ ਕੀਤੀ ਗਈ। ਬੈਠਕ ਦੌਰਾਨ ਪਹੁੰਚੇ ਕਾਂਗਰਸ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਦੀਆਂ ਇਸ ਮੁਹਿੰਮ ਨੂੰ ਤੇਜ਼ ਕਰਨ ਲਈ ਡਿਊਟੀਆਂ ਲਗਾਈਆਂ ਗਈਆਂ ਤੇ ਇਸ ਦੌਰਾਨ ਸਭ ਨੂੰ ਰਾਹੁਲ ਗਾਂਧੀ ਵੱਲੋਂ ਭੇਜੇ ਗਏ ਦੇਸ਼ ਦੇ ਲੋਕਾਂ ਦੀਆਂ ਮੰਗਾਂ ਵਾਲੇ ਫਾਰਮ ਵੰਡੇ ਗਏ ਅਤੇ ਹਸਤਾਖਰ ਮੁਹਿੰਮ ਤਹਿਤ ਲੋਕਾਂ ਦੇ ਹਸਤਾਖਰ ਸਮੇਤ ਫਾਰਮ ਭਰਨ ਲਈ ਕਿਹਾ ਗਿਆ। ਇਸ ਦੌਰਾਨ ਚੇਅਰਮੈਨ ਰਾਜ ਬਖਸ਼ ਕੰਬੋਜ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਮੁਹਿੰਮ 'ਚ ਪਾਰਟੀ ਵੱਲੋਂ ਸਾਡੀ ਜਿੰਨੀ ਜ਼ਿੰਮੇਵਾਰੀ ਲਗਾਈ ਗਈ ਹੈ, ਉਸ ਤੋਂ ਵੀ ਵੱਧ ਸਾਡੇ ਹਲਕੇ ਦੇ ਲੋਕਾਂ ਦੀ ਇਸ ਮੁਹਿੰਮ 'ਚ ਭਾਗੀਦਾਰੀ ਹੋਵੇਗੀ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੇ ਵਰਕਰ ਅਤੇ ਦੇਸ਼ ਵਾਸੀ ਨਿਡਰਤਾ ਨਾਲ ਰਾਹੁਲ ਗਾਂਧੀ ਦੇ ਨਾਲ ਖੜ੍ਹੇ ਹਨ ਤੇ ਵੋਟ ਚੋਰੀ ਕਰਨ ਵਾਲਿਆਂ ਦੇ ਅਤੇ ਦੇਸ਼ ਚ ਲੋਕਤੰਤਰ ਦਾ ਘਾਣ ਕਰਨ ਵਾਲਿਆਂ ਦੇ ਵਿਰੁੱਧ ਡਟ ਕੇ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਦੇਸ਼ ਦੀ ਮੋਦੀ ਸਰਕਾਰ ਲੋਕਾਂ ਦੇ ਫੈਸਲੇ ਨਾਲ ਨਹੀਂ ਬਲਕਿ ਵੋਟ ਚੋਰੀ ਕਰਕੇ ਬਣੀ ਹੈ, ਪਰ ਰਾਹੁਲ ਗਾਂਧੀ ਜੀ ਨੇ ਹੁਣ ਨਿਡਰਤਾ ਨਾਲ ਤੇ ਆਪਣੀ ਡਿਊਟੀ ਸਮਝਦਿਆਂ ਇਨ੍ਹਾਂ ਲੋਕਤੰਤਰ ਦਾ ਘਾਣ ਕਰਨ ਵਾਲਿਆਂ ਦਾ ਸਬੂਤਾਂ ਸਮੇਤ ਪਰਦਾਫਾਸ਼ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਹੁਤ ਅਫਸੋਸ ਦੀ ਗੱਲ ਹੈ ਕਿ ਸਾਡੇ ਦੇਸ਼ ਦਾ ਚੌਣ ਕਮਿਸ਼ਨ ਮੋਦੀ ਦੀ ਤਾਨਾਸ਼ਾਹੀ ਸਰਕਾਰ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਰਹਿ ਗਿਆ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਜੀ ਨੇ ਦੇਸ਼ ਦੇ ਲੋਕਾਂ ਦਾ ਭਾਰੀ ਸਮਰਥਨ ਲੈ ਕੇ ਦੇਸ਼ ਦੇ ਚੋਣ ਕਮਿਸ਼ਨ ਦੇ ਕੰਨਾਂ ਤੱਕ ਆਵਾਜ਼ ਪਹੁੰਚਾਉਣ ਦੀ ਜ਼ਿੰਮੇਵਾਰੀ ਚੱਕੀ ਹੈ ਤੇ ਕਾਂਗਰਸ ਪਾਰਟੀ ਦੇ ਵਰਕਰ ਅਤੇ ਦੇਸ਼ ਵਾਸੀ ਇਸ ਸੰਘਰਸ਼ ਚ ਰਾਹੁਲ ਗਾਂਧੀ ਨਾਲ ਖੜ੍ਹੇ ਹਨ। ਇਸ ਬੈਠਕ ਦੌਰਾਨ ਜਲਾਲਾਬਾਦ ਕਾਂਗਰਸ ਦੇ ਸਰਪ੍ਰਸਤ ਡਾ: ਸ਼ਿਵ ਛਾਬੜਾ, ਰਾਜ ਕੁਮਾਰ ਡੂਮੜਾ ਕੌਂਸਲਰ, ਬਲਵਿੰਦਰ ਸਿੰਘ ਪੱਪੂ ਕੌਂਸਲਰ, ਸੋਨੂੰ ਨੱਢਾ ਕੌਂਸਲਰ, ਰਿੰਕੂ, ਸੇਵਾ ਦਲ ਦੇ ਪ੍ਰਧਾਨ ਮੰਗਤ ਰਾਮ ਚੁੱਘ ਤੇ ਜਗਦੀਸ਼ ਅਰੋੜਾ, ਸੁਮਿਤ ਛਾਬੜਾ ਵਾਈਸ ਪ੍ਰਧਾਨ, ਗੋਲਡੀ ਸੇਤੀਆ ਵਾਈਸ ਪ੍ਰਧਾਨ ਜ਼ਿਲ੍ਹਾ ਯੂਥ ਕਾਂਗਰਸ, ਓਬੀਸੀ ਵਾਈਸ ਚੇਅਰਮੈਨ ਗੋਲਡੀ ਸਾਮਾਂ, ਐੱਸ ਸੀ ਦੇ ਪ੍ਰਧਾਨ ਜਗਨ ਨਾਥ, ਵਿਸ਼ਾਲ ਛਾਬੜਾ, ਪ੍ਰੇਮ ਸੁਖੀਜਾ, ਸਾਜਨ ਕੰਬੋਜ, ਗੌਰਵ ਕੰਬੋਜ, ਜਗਦੀਸ਼ ਥਿੰਦ, ਧਰਮਪਾਲ, ਬਲਵੀਰ ਚੰਦ ਸਾਬਕਾ ਸਰਪੰਚ, ਜਗਦੀਸ਼ ਮੁੰਝਾਲ, ਪਰਮਜੀਤ ਸਿੰਘ, ਸੁਖਦੇਵ ਕੰਬੋਜ ਸਾਬਕਾ ਬਲਾਕ ਸੰਮਤੀ ਮੈਂਬਰ, ਸੰਦੀਪ ਮਾਸਟਰ, ਰਾਜਨ ਮਦਾਨ ਤੇ ਹੋਰ ਸਾਥੀ ਵੱਡੀ ਗਿਣਤੀ 'ਚ ਮੌਜੂਦ ਸਨ।

# ਪੰਡੋਰੀ ਨੇ ਪੰਚਾਇਤ ਘਰ ਦੀ ਨੀਂਹ ਰੱਖ ਕੇ ਕੰਮ ਸ਼ੁਰੂ ਕਰਵਾਇਆ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਇਕ ਸ੍ਰ. ਕੁਲਵੰਤ ਸਿੰਘ ਪੰਡੋਰੀ ਨੇ ਮਹਿਲ ਕਲਾਂ ਸੋਢੇ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਪੰਚਾਇਤ ਘਰ ਦੀ ਨੀਂਹ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ।ਵਿਧਾਇਕ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਸਾਰੇ ਪਿੰਡਾਂ, ਕਸਬਿਆਂ, ਸ਼ਹਿਰਾਂ 'ਚ ਤੇਜ਼ੀ ਨਾਲ ਵਿਕਾਸ ਕਾਰਜ ਹੋ ਰਹੇ ਹਨ।ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਹਮੇਸ਼ਾ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ।ਵੱਡੇ ਨੁਕਸਾਨ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਤੋਂ ਰਾਹਤ ਫੰਡ ਦੀ ਮੰਗ ਕੀਤੀ ਗਈ ਸੀ, ਪਰ ਕੇਂਦਰ ਨੇ ਨਿਗੂਣਾ ਪੈਕਜ ਐਲਾਨ ਕਰਕੇ ਪੰਜਾਬ ਵਾਸੀਆਂ ਦੇ ਜ਼ਖਮਾਂ 'ਤੇ ਲੂਣ ਛਿੜਕਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਕਿਸਾਨਾਂ, ਆਮ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਵੇਗਾ।ਉਨ੍ਹਾਂ ਪਾਰਟੀ ਵਲੰਟੀਅਰ ਨੂੰ ਆਗਾਮੀ ਚੋਣਾਂ ਦੇ ਮੱਦੇਨਜ਼ਰ ਹੁਣੇ ਤੋਂ ਹੀ ਸਾਰੇ ਮਤਭੇਦ ਭੁਲਾ ਕੇ ਜੁੱਟ ਜਾਣ ਦੀ ਅਪੀਲ ਕੀਤੀ।ਇਸ ਮੌਕੇ ਆਪ ਆਗੂ ਗੁਰਦੀਪ ਸਿੰਘ ਸੋਢਾ, ਡਾ: ਕੇਸਰ ਖਾਨ, ਅਰੁਣ ਕੁਮਾਰ ਬਾਂਸਲ, ਮੈਡਮ ਰਮਨਦੀਪ ਕੌਰ, ਵੀਰਪਾਲ ਕੌਰ, ਮੋਹਿਤ ਗਰਗ, ਕਾਕਾ ਰਵਨੀਤ ਸਿੰਘ ਪੰਡੋਰੀ, ਅਮਰਜੀਤ ਸਿੰਘ ਸੋਢਾ, ਸੁਰਿੰਦਰ ਸਿੰਘ ਭੱਠਲ, ਮਲਕੀਤ ਸਿੰਘ ਖੜਕੇ ਕੇ, ਪੰਚ ਕੁਲਦੀਪ ਸਿੰਘ ਮਾਣਕ, ਪੰਚ ਬ੍ਰਹਮ ਕਿਸ਼ੋਰ ਦੱਤ, ਪੰਚ ਸੁਖਵੰਤ ਸਿੰਘ, ਪੰਚ ਗੁਰਪ੍ਰੀਤ ਸਿੰਘ, ਪੰਚ ਬਲਵਿੰਦਰ ਸਿੰਘ, ਦਰਸ਼ਨ ਸ਼ਰਮਾ, ਗੁਰਦੇਵ ਸਿੰਘ ਰਾਹਲ, ਚਰਨਜੀਤ ਸਿੰਘ, ਸੁਦਾਗਰ ਸਿੰਘ, ਚਮਕੌਰ ਸਿੰਘ, ਮੇਜਰ ਸਿੰਘ ਧਾਲੀਵਾਲ ਆਦਿ ਹਾਜ਼ਰ ਸਨ।ਸਰਪੰਚ ਸਰਬਜੀਤ ਸਿੰਘ ਸੰਭੂ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਵੱਲੋ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦਾ ਉਚੇਚਾ ਧੰਨਵਾਦ ਕਰਦਿਆ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਬਲੱਡ ਡੋਨਰਜ਼ ਸੁਸਾਇਟੀ ਨੂੰ ਲਗਾਤਾਰ ਪੰਜਵੀਂ ਵਾਰ ਮਿਲਿਆ ਸਟੇਟ ਅਵਾਰਡ



**ਗੁਰਦਾਸਪੁਰ (ਜਨਕ ਮਹਾਜਨ, ਦਿਨੇਸ਼ ਕੁਮਾਰ)**- ਖੂਨਦਾਨ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਪਿਛਲੇ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੀ ਟੀਮ ਬਲੱਡ ਡੋਨਰ ਸੁਸਾਇਟੀ ਗੁਰਦਾਸਪੁਰ ਨੂੰ ਲਗਾਤਾਰ ਪੰਜਵੀਂ ਵਾਰ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵਲੋਂ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਟੀਮ ਦੇ ਸੰਸਥਾਪਕ ਰਾਜੇਸ਼ ਬੱਬੀ ਨੇ ਦੱਸਿਆ ਕਿ ਸਾਡੀ ਟੀਮ ਨੂੰ ਪੰਜਵੀਂ ਵਾਰ ਮਿਲਿਆ ਇਹ ਸਟੇਟ ਅਵਾਰਡ ਸਮੁੱਚੇ ਗੁਰਦਾਸਪੁਰ ਸ਼ਹਿਰ ਦੇ ਨਿਵਾਸੀਆਂ ਨੂੰ ਸਮਰਪਤ ਹੈ। ਉਨ੍ਹਾਂ ਦੱਸਿਆ ਕਿ ਉਹਨਾਂ ਦੀ ਟੀਮ ਨੂੰ ਮਿਲਿਆ ਇਹ ਅਵਾਰਡ ਟੀਮ ਦੇ ਪ੍ਰਧਾਨ ਆਦਰਸ਼ ਕੁਮਾਰ ਅਤੇ ਸਮੁੱਚੇ ਟੀਮ ਮੈਂਬਰਾਂ ਨੇ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਟੀਮ ਦੇ ਮੁੱਖ ਸਲਾਹਕਾਰ ਅਵਤਾਰ ਸਿੰਘ ਘੁੰਮਣ ਉਰਫ ਰਾਜੂ ਬ੍ਰਹਮਾ ਅਤੇ ਉਨ੍ਹਾਂ ਦੀ ਪਤਨੀ ਰਾਜਵਿੰਦਰ ਕੌਰ, ਮਧੂ ਸੂਦਨ ਸ਼ਰਮਾ ਉਰਫ ਮਨੂੰ ਸ਼ਰਮਾ ਅਤੇ ਉਨ੍ਹਾਂ ਦੀ ਪਤਨੀ ਭੂਮੀ ਨੂੰ ਵੀ ਇਸ ਸਟੇਟ ਅਵਾਰਡ ਨਾਲ ਇਕੱਠਿਆਂ ਹੀ ਸਿਹਤ ਮੰਤਰੀ ਵਲੋਂ ਸਨਮਾਨਤ ਕੀਤਾ ਗਿਆ। ਟੀਮ ਦੇ ਮੈਂਬਰ ਹਰਪ੍ਰੀਤ ਸਿੰਘ ਉਰਫ ਰਾਨੂ ਮਾਨ ਨੂੰ ਵੀ ਵੱਖਰੇ ਤੌਰ 'ਤੇ ਯੂਥ ਆਈਕਨ ਸਟੇਟ ਅਵਾਰਡ ਮਿਲ ਨਾਲ ਸਨਮਾਨਤ ਕੀਤਾ ਗਿਆ। ਟੀਮ ਦੇ ਸੰਸਥਾਪਕ ਰਾਜੇਸ਼ ਬੱਬੀ ਨੇ ਪੰਜਾਬ ਸਰਕਾਰ ਅਤੇ ਸਿਵਲ ਹਸਪਤਾਲ ਗੁਰਦਾਸਪੁਰ ਦੀ ਬਲੱਡ ਬੈਂਕ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਰ ਕਿਸੇ ਨੂੰ ਵੀ ਕਿਸੇ ਤਰਾਂ ਦੀ ਕੋਈ ਮੁਸੀਬਤ ਆਉਂਦੀ ਹੈ ਤਾਂ ਉਹ ਸਾਡੀ ਟੀਮ ਨਾਲ ਸੰਪਰਕ ਕਰ ਸਕਦਾ ਹੈ।


# ਕਲਾਸੀਫਾਈਡ ਇਸ਼ਤਿਹਾਰ

## Change of Name

I, Nrinder Kaur W/O Dharminder Singh R/O Nanak Pura, Gali No. 2, Post Office Chheharta, Block Verka, Guru Ki Wadali, Amritsar, Punjab have changed my name from Nrinder Kaur to Narinder Kaur. Concerned note.

I, Parineeta Puri W/o Paras Wadhera R/o H No. 10 Gopal Nagar, Batala Distt. Gurdaspur. I have changed my name from Parineeta Puri to Parineeta Wadhera. Concerned Note.

I, Gurpreet Singh S/o Balvir Singh R/o Vill. Chak Bahmanian, PO. Bahmanian, Tehsil Shahkot, Distt. Jalandhar, Punjab-144702 have changed my name from Gurpreet Singh to Given Name as Gurpreet & Surname as Singh. All concerned please note.

I, Amrinder Kaur Sandhu W/o Satnam Singh, resident of Vill. Farid Sarai, Tehsil Sultanpur Lodhi, (Kapurthala), Have Changed My Name Amrinder Kaur Sandhu to Amrinder Kaur Concerned May Note.

I, Satnam Singh Sandhu S/o Dara Singh, resident of Vill. Farid Sarai, Tehsil Sultanpur Lodhi, (Kapurthala), Have Changed My Name Satnam Singh Sandhu to Satnam Singh Concerned May Note.

I, Jashandeep Singh S/o Darbara Singh R/o VPO Gharyala Tehsil Patti District Tarn Taran have changed my name Jashandeep is my Given name and Singh is my Surname.

I, Rashpal Singh S/o Ravail Singh R/o VPO Dhadde, Tehsil & Distt. Amritsar, Punjab-143504 have changed my name from Rashpal Singh to Singh is my surname and Rashpal is my given name.

I, Manish Kapoor S/o Shiv Ram Kapoor R/o ER 57-58, Pacca Bagh, Jalandhar City have changed my name from Manish Kapoor to Munish Kapoor. All Please Note.

## Change of Name

I, Rajashree Prashant Ghotkar W/o Prashant Ghotkar R/o Manjarde, Distt. Sangli, Maharashtra Present Resident at H.No. 2971/10-8, Zamadar Haveli, Krishna Colony, Amritsar have changed my name from Rajashree Prashant Ghotkar to Rajshree Prashant Ghotkar.

I, Ashok Kumar S/o Harbans Lal R/o H.No. 27/1, Bhargo Nagar, Jalandhar have changed my name from Ashok Kumar to Ashok Kumar Bhagat. All Please Note.

I, Amandeep S/o Sukhwinder Singh R/o Patti Badal Ki, Village Bundala, Distt. Jalandhar have changed my name from Amandeep to Amandeep Singh. All Please Note.

I, Birpal Chumber s/o Ram Lal r/o VPO. Mauli, Tehsil Phagwara, Distt.Kapurthala declare that Given name as Birpal & Surname as Chumber. All Please Note. (R)

## ਆਮ ਸੂਚਨਾ

ਇਕ ਟਿਊਬਵੈਲ ਕੁਨੈਕਸ਼ਨ ਜਿਸਦਾ ਖਾਤਾ ਨੰਬਰ PR 12 / 1182 A, 7.5 BHP ਜੋ ਕਿ ਸਵਰਨ ਕੌਰ ਪਤਨੀ ਬਖਤਾਵਰ ਸਿੰਘ ਵਾਸੀ ਪਿੰਡ ਨਵਾਂ ਪਿੰਡ ਬੰਡਾਲਾ ਜਿਲਾ ਅੰਮ੍ਰਿਤਸਰ ਦੇ ਨਾਮ ਤੇ ਚਲ ਰਿਹਾ ਹੈ ਨੂੰ ਬਲਵਿੰਦਰ ਕੌਰ ਪਤਨੀ ਪਰਮਜੀਤ ਸਿੰਘ ਵਾਸੀ ਪਿੰਡ ਬੰਡਾਲਾ ਜਿਲਾ ਅੰਮ੍ਰਿਤਸਰ ਨੇ ਆਪਣੇ ਨਾਮ ਤੇ ਕਰਨ ਦੀ ਅਰਜੀ ਦਿਤੀ ਹੈ ਜੇਕਰ ਕਿਸੇ ਨੂੰ ਕਿਸੇ ਕਿਸਮ ਦਾ ਕੋਈ ਇਤਰਾਜ ਹੋਵੇ ਤਾਂ ਉਹ ਉਪ ਮੰਡਲ ਬੰਡਾਲਾ ਵਿਖੇ ਆਪਣਾ ਇਤਰਾਜ 15 ਦਿਨਾਂ ਦੇ ਅੰਦਰ ਅੰਦਰ ਪੇਸ਼ ਕਰ ਸਕਦਾ ਹੈ ਨਹੀਂ ਤਾਂ ਤਬਦੀਲੀ ਕਰ ਦਿੱਤੀ ਜਾਵੇਗੀ, ਪੀ. ਐਸ. ਪੀ. ਸੀ. ਐਲ.

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 17/90 ਬਲਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਅੰਗਾਕੀੜੀ ਤੋਂ ਨਾਂਅ ਬਦਲੀ ਕਰਕੇ ਨਿਰਲੇਪ ਕੌਰ ਪਤਨੀ ਬਲਜਿੰਦਰ ਸਿੰਘ ਪਿੰਡ ਅੰਗਾਕੀੜੀ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 17/91 ਬਲਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਅੰਗਾਕੀੜੀ ਤੋਂ ਨਾਂਅ ਬਦਲੀ ਕਰਕੇ ਨਿਰਲੇਪ ਕੌਰ ਪਤਨੀ ਬਲਜਿੰਦਰ ਸਿੰਘ ਪਿੰਡ ਅੰਗਾਕੀੜੀ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

## ਬੇਦਖਲੀ ਨੋਟਿਸ

ਮੈਂ ਗੁਰਮੁਖ ਸਿੰਘ ਪੁੱਤਰ ਤੇਜੂ ਰਾਮ ਵਾਸੀ ਪਿੰਡ ਭੁਲਾਣਾ ਜਿਲ੍ਹਾ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਗਗਨਦੀਪ ਸਿੰਘ ਅਤੇ ਇਸਦੀ ਪਤਨੀ ਰੂਬੀ, ਜੋ ਕਿ ਮੇਰੇ ਕਹਿਣੇਕਾਰ ਤੋਂ ਬਾਹਰ ਹਨ। ਮੈਂ ਆਪਣੇ ਪੁੱਤਰ ਗਗਨਦੀਪ ਸਿੰਘ ਅਤੇ ਇਸਦੀ ਪਤਨੀ ਰੂਬੀ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ ਅਤੇ ਅਜ ਤੋਂ ਮੇਰਾ ਜਾਂ ਮੇਰੇ ਪਰਿਵਾਰ ਦਾ ਉਕਤ ਪੁੱਤਰ ਅਤੇ ਉਸਦੀ ਪਤਨੀ ਨਾਲ ਕੋਈ ਵੀ ਰਿਸ਼ਤਾ / ਤਲਕ ਵਾਸਤਾ ਨਹੀਂ ਹੋਵੇਗਾ।ਅਗਰ ਕੋਈ ਵੀ ਵਿਅਕਤੀ ਇਨ੍ਹਾਂ ਨਾਲ ਕੋਈ ਲੈਣ ਦੇਣ ਕਰੇਗਾ ਤਾਂ ਉਹ ਉਸ ਦੇ ਖੁਦ ਜ਼ੁੰਮੇਵਾਰ ਹੋਣਗੇ। ਮੈਂ ਅਸੀਂ ਜਾਂ ਮੇਰੇ ਪਰਿਵਾਰ ਦਾ ਕੋਈ ਮੈਂਬਰ ਜਿੰਮੇਵਾਰ ਨਹੀਂ ਹੋਵੇਗਾ।

ਮੈਂ, ਅਜੀਤ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਮੱਲੀਵਾਲ, ਡਾਕਖਾਨਾ ਪਿੰਡ ਮਾਲੂਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਲੜਕੀਆਂ ਕੁਲਦੀਪ ਕੌਰ ਅਤੇ ਲੇਟ ਕੁਲਬੀਰ ਕੌਰ ਅਤੇ ਇਸ ਦੇ ਵਾਰਸ ਅਤੇ ਮੇਰੀ ਪਤਨੀ ਬੇਅੰਤ ਕੌਰ, ਜੋ ਮੇਰੇ ਤੋਂ ਅਲੱਗ ਰਹਿ ਰਹੀ ਹੈ। ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੀ ਕੋਈ ਦੇਖ-ਭਾਲ ਨਹੀਂ ਕਰਦੇ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕਾਬਲ ਸਿੰਘ ਪੁੱਤਰ ਕਰਤਾਰ ਸਿੰਘ, ਵਾਸੀ ਪਿੰਡ ਬੱਗਾ ਕਲਾਂ, ਤਹਿ. ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ, ਸਾਡੀ ਕੋਈ ਇੱਜ਼ਤ-ਮਾਣ ਨਹੀਂ ਕਰਦਾ ਅਤੇ ਕਈ ਵਾਰ ਸਮਝਾਉਣ 'ਤੇ ਵੀ ਨਹੀਂ ਸਮਝਿਆ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਆਮ ਸੂਚਨਾ

ਮੈਂ, ਰੂਬੀ ਬੇਹਲ ਪਤਨੀ ਸਚਿਨ ਬੇਹਲ ਪੁੱਤਰੀ ਸੁਰਿੰਦਰ ਸਹਿਗਲ ਵਾਸੀ 24, ਕਟਰਾ ਮੋਤੀ ਰਾਮ, ਅੰਦਰੂਨ ਹਾਥੀ ਗੇਟ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਭਰਾ ਗਗਨਦੀਪ ਸਹਿਗਲ ਅਤੇ ਉਸਦੀ ਪਤਨੀ ਕੋਮਲ ਸਹਿਗਲ ਵਾਸੀ 2322/11-14, (2367/11-14), ਅੰਦਰੂਨ ਲੋਹਗੜ੍ਹ ਗੇਟ ਅੰਮ੍ਰਿਤਸਰ ਮੇਰੇ ਕਹਿਣੇ ਤੋਂ ਬਾਹਰ ਹਨ। ਮੇਰਾ ਇਹਨਾਂ ਨਾਲ ਕੋਈ ਵੀ ਸੰਬੰਧ ਨਹੀਂ ਹੈ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੈਂ ਇਹਨਾਂ ਦੀ ਕਿਸੇ ਕਥਨੀ ਕਰਨੀ ਅਤੇ ਲੈਣ ਦੇਣ ਦੀ ਜਿੰਮੇਵਾਰ ਨਹੀਂ ਹੋਵਾਂਗੀ।

## ਨਾਂਅ ਦੀ ਬਦਲੀ

ਮੈਂ, ਹਰਦੀਪ ਸਿੰਘ ਭਧਾਲੇ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਲਲੌਂਡੀ ਕਲਾਂ ਤਹਿਸੀਲ ਸਮਰਾਲਾ ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ ਬਦਲ ਕੇ ਹਰਦੀਪ ਸਿੰਘ ਰੱਖ ਲਿਆ ਹੈ। ਸਬੰਧਤ ਨੋਟ ਕਰਨ ।

ਮੈਂ ਅਮਰਿੰਦਰ ਸਿੰਘ ਭਧਾਲੇ ਪੁੱਤਰ ਹਰਦੀਪ ਸਿੰਘ ਵਾਸੀ ਪਿੰਡ ਲਲੌਂਡੀ ਕਲਾਂ ਤਹਿਸੀਲ ਸਮਰਾਲਾ ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ ਬਦਲ ਕੇ ਅਮਰਿੰਦਰ ਸਿੰਘ ਰੱਖ ਲਿਆ ਹੈ। ਸਬੰਧਤ ਨੋਟ ਕਰਨ

ਮੈਂ ਕਮਲਜੀਤ ਕੌਰ ਭਧਾਲੇ ਪਤਨੀ ਹਰਦੀਪ ਸਿੰਘ ਵਾਸੀ ਪਿੰਡ ਲਲੌਂਡੀ ਕਲਾਂ ਤਹਿਸੀਲ ਸਮਰਾਲਾ ਜ਼ਿਲ੍ਹਾ ਲੁਧਿਆਣਾ ਨੇ ਆਪਣਾ ਨਾਮ ਬਦਲ ਕੇ ਕਮਲਜੀਤ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

3 Oct Page 8.qxd 10/2/2025 10:29 PM Page 1



# ਪੰਜ ਦਿਨ ਦੇ ਧਰਨੇ ਉਪਰੰਤ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਗਾਉਣ ਦਾ ਐਲਾਨ

**ਖਟਕੜ ਕਲਾਂ (ਹਰਜਿੰਦਰ ਕੌਰ ਚਾਹਲ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ (ਐੱਸ ਬੀ ਵਾਈ ਐੱਫ) ਤੇ ਪੰਜਾਬ ਸਟੂਡੈਂਟਸ ਫੈਡਰੇਸ਼ਨ (ਪੀ ਐੱਸ ਐੱਫ) ਵੱਲੋਂ ਖਟਕੜ ਕਲਾਂ ਮੋਰਚੇ ਦੇ ਪੰਜਵੇਂ ਦਿਨ ਇਕੱਠੇ ਹੋਏ ਨੌਜਵਾਨਾਂ ਤੇ ਵਿਦਿਆਰਥੀਆਂ ਨੇ ਬੰਗਾ ਸ਼ਹਿਰ 'ਚ ਮਾਰਚ ਕੀਤਾ। ਜਿਥੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਂ ਦਿਨਾਂ 'ਚ ਸਰਕਾਰ ਦਾ ਕੋਈ ਵੀ ਨੁਮਾਇੰਦਾ ਨੌਜਵਾਨਾਂ ਦੀ ਗੱਲ ਸੁਣਨ ਵੀ ਨਹੀਂ ਪੁੱਜਾ। ਜਿਸ ਕਾਰਨ ਉਹ 'ਆਪ' ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਗਾ ਕੇ ਆਵਾਜ਼ ਬੁਲੰਦ ਕਰਨਗੇ ਤੇ ਖਟਕੜ ਕਲਾਂ 'ਚ ਚੁੱਕੀ ਸਹੁੰ ਨੂੰ ਯਾਦ ਕਰਵਾਉਣਗੇ।ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਢੇਸੀ, ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ, ਪੀ ਐੱਸ ਐੱਫ ਦੇ ਸੂਬਾ ਕਨਵੀਨਰ ਗਗਨਦੀਪ, ਸੂਬਾ ਆਗੂ ਰਵੀ ਲੋਹਗੜ੍ਹ ਨੇ ਕਿਹਾ ਕਿ ਲੱਖਾਂ ਅਸਾਮੀਆਂ ਹਾਲੇ ਵੀ ਖਾਲੀ ਹਨ। ਪਹਿਲਾ ਤੋਂ ਕੰਮ ਕਰਦੇ ਕੱਚੇ ਕਾਮਿਆਂ ਨੂੰ ਵੀ ਹਾਲੇ ਤੱਕ ਪੱਕੇ ਨਹੀਂ ਕੀਤਾ ਗਿਆ। ਅੱਜ ਦੇ ਧਰਨੇ ਨੂੰ ਐਡਵੋਕੇਟ ਅਜੈ ਫਿਲੌਰ, ਮੱਖਣ ਸੰਗਰਾਮੀ, ਲਾਜਰ



ਲਾਖਣਾ, ਕੰਚਨ ਮੱਟੂ, ਸਰਬਜੀਤ ਹੈਰੀ, ਕੁਲਵੰਤ ਮੱਲੂਨੰਗਲ, ਜੱਗਾ ਅਜਨਾਲਾ, ਮਿੰਟੂ ਗੁਜ਼ਰਪੁਰ, ਗੈਰੀ ਗਿੱਲ, ਸਤਵਿੰਦਰ ਓਠੀਆਂ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਵੱਖ ਜਥਿਆਂ ਦੀ ਅਗਵਾਈ ਗੱਗਾ ਫਿਲੌਰ, ਸੁਨੀਲ ਭੈਣੀ, ਜਸਬੀਰ ਢੇਸੀ, ਗੁਰਦੀਪ ਗੋਗੀ, ਰਛਪਾਲ ਬੇਗਮਪੁਰ, ਅਮਰੀਕ ਰੁੜਕਾ, ਗੁਰਜੰਟ ਸਿੰਘ ਮੁੱਛਲ, ਸੁੱਚਾ ਸਿੰਘ ਘੋਗਾ ਆਦਿ ਨੇ ਕੀਤੀ। ਧਰਨੇ ਦੌਰਾਨ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਹਰਪ੍ਰੀਤ ਬੁਟਾਰੀ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਆਗੂ ਹਰਪਾਲ ਸਿੰਘ ਜਗਤਪੁਰ, ਮੁਲਾਜ਼ਮਾਂ ਦੇ ਸੂਬਾ ਆਗੂ ਕੁਲਦੀਪ ਦੌੜਕਾ, ਨੌਜਵਾਨਾਂ ਦੇ ਸਾਬਕਾ ਆਗੂਆਂ ਸਤਨਾਮ ਸੁਜੋਂ, ਸੁਰਿੰਦਰ ਭੱਟੀ ਆਦਿ ਨੇ ਧਰਨੇ ਦੀ ਹਮਾਇਤ ਕੀਤੀ।

# ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਾ. ਬੀ. ਆਰ. ਅੰਬੇਦਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਵੱਲੋਂ ਸੰਯੁਕਤ ਰਾਸ਼ਟਰ ਅੰਤਰਰਾਸ਼ਟਰੀ ਬਜ਼ੁਰਗ ਦਿਵਸ ਮਨਾਇਆ ਗਿਆ, ਜਿਸ ਦਾ ਥੀਮ 'ਸਥਾਨਕ ਅਤੇ ਗਲੋਬਲ ਐਕਸ਼ਨ ਨੂੰ ਅੱਗੇ ਵਧਾਉਣ ਵਾਲੇ ਬਜ਼ੁਰਗ ਵਿਅਕਤੀ: ਸਾਡੀਆਂ ਇੱਛਾਵਾਂ, ਸਾਡੀ ਭਲਾਈ ਅਤੇ ਸਾਡੇ ਅਧਿਕਾਰ' ਸੀ।



ਸੰਸਥਾ ਨੇ ਡਾ. ਨਿਹਾਰਿਕਾ ਸੂਚਕ (ਯੂ ਐੱਸ ਏ) ਦੇ ਮਾਰਗਦਰਸ਼ਨ ਨਾਲ ਦਸੰਬਰ 2024 ਵਿੱਚ ਸ਼ੁਰੂ ਕੀਤੇ ਗਏ ਆਪਣੇ ਅਹਿਮ ਘਰੇਲੂ ਮੁਲਾਕਾਤ ਪ੍ਰੋਗਰਾਮ ਨੂੰ ਉਜਾਗਰ ਕੀਤਾ। ਉਦੋਂ ਤੋਂ ਹਰ ਸ਼ਨੀਵਾਰ, ਡਾ. ਈਸ਼ਾ ਅਰੋੜਾ ਦੀ ਅਗਵਾਈ ਵਾਲੀ ਇੱਕ ਅੰਤਰ-ਅਨੁਸ਼ਾਸਨੀ ਟੀਮ ਬਜ਼ੁਰਗ ਮਰੀਜ਼ਾਂ ਨੂੰ ਘਰ ਵਿੱਚ ਮਿਲ ਕੇ ਮੈਡੀਕਲ, ਨਰਸਿੰਗ ਅਤੇ ਸਮਾਜਿਕ ਖੇਤਰਾਂ ਵਿੱਚ ਸੰਪੂਰਨ ਸਹਾਇਤਾ ਪ੍ਰਦਾਨ ਕਰ ਰਹੀ ਹੈ।ਡਾ. ਅੰਮ੍ਰਿਤ ਵਿਰਕ, ਪ੍ਰੋਫੈਸਰ ਅਤੇ ਮੁਖੀ ਕਮਿਊਨਿਟੀ ਮੈਡੀਸਨ, ਸਿਹਤ ਸੰਭਾਲ ਕਰਮਚਾਰੀਆਂ ਦੀ ਸਮਰੱਥਾ-ਨਿਰਮਾਣ ਨੂੰ ਯਕੀਨੀ ਬਣਾਉਂਦੇ ਹੋਏ, ਅੰਤਰ-ਪੇਸ਼ੇਵਰ ਮਾਡਿਊਲ ਦੇ ਵਿਕਾਸ ਦੀ ਅਗਵਾਈ ਕਰ ਰਹੇ ਹਨ। ਇਹ ਪਹਿਲ ਭਾਰਤ ਸਰਕਾਰ ਦੇ ਬਜ਼ੁਰਗਾਂ ਦੀ ਦੇਖਭਾਲ ਲਈ ਰਾਸ਼ਟਰੀ ਢਾਂਚੇ ਨਾਲ ਮੇਲ ਖਾਂਦੀ ਹੈ, ਜਿਸ ਨਾਲ ਮੋਹਾਲੀ ਦਾ ਇਹ ਮੈਡੀਕਲ ਕਾਲਜ ਢਾਂਚਾਗਤ ਕਮਿਊਨਿਟੀ-ਅਧਾਰਤ ਜੇਰੀਆਟ੍ਰਿਕ ਸੇਵਾਵਾਂ ਦੇ ਸ਼ੁਰੂਆਤੀ ਅਪਣਾਉਣ ਵਾਲਿਆਂ ਵਿੱਚੋਂ ਇੱਕ ਬਣ ਗਿਆ ਹੈ।

# 9 ਦੀ ਬਸਪਾ ਮਹਾਂ ਰੈਲੀ ਬਦਲੇਗੀ ਪੰਜਾਬ ਦੀ ਰਾਜਨੀਤਕ ਦਿਸ਼ਾ : ਐਡਵੋਕੇਟ ਮਾਨਾ



**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾਂ ਚੱਬੇਵਾਲ ਦੇ ਪਿੰਡ ਦੀ ਵਿਸ਼ੇਸ਼ ਭਰਵੀਂ ਮੀਟਿੰਗ ਪਿੰਡ ਕੋਟ ਫਤੂਹੀ ਵਿਖੇ ਡਾਕਟਰ ਹਰਨੇਕ ਭਗਤੂਪੁਰ ਦੀ ਅਗਵਾਈ ਵਿੱਚ ਹੋਈ ,ਜਿਸ ਵਿੱਚ ਐਡਵੋਕੇਟ ਪਲਵਿੰਦਰ ਮਾਨਾ ਹਲਕਾ ਇੰਚਾਰਜ ਚੱਬੇਵਾਲ ਮੁੱਖ ਮਹਿਮਾਨ ਦੇ ਤੌਰ ਤੇ ਸ਼ਾਮਲ ਹੋਏ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਮਾਨਾ ਨੇ ਕਿਹਾ 9 ਅਕਤੂਬਰ ਦੀ ਫਿਲੌਰ ਬਸਪਾ ਮਹਾਂਰੈਲੀ ਪੰਜਾਬ ਦੀ ਰਾਜਨੀਤਕ ਦਿਸ਼ਾ ਬਦਲਕੇ ਰੱਖ ਦੇਵੇਗੀ। ਐਡਵੋਕੇਟ ਮਾਨਾ ਨੇ ਕਿਹਾ ਇਹ ਮਹਾਂਰੈਲੀ 'ਤਖਤ ਬਦਲ ਦਿਓ ਤਾਜ ਬਦਲ ਦਿਓ,ਬੇਈਮਾਨਾਂ ਦਾ ਰਾਜ ਬਦਲ ਦਿਓ' ਬੈਨਰ ਹੇਠ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਯੋਗ ਅਗਵਾਈ ਹੇਠ ਪੰਜਾਬ ਦੀ ਦਲਿਤ ਗਰੀਬ ਵਿਰੋਧੀ ਕਾਂਗਰਸ, ਅਕਾਲੀ, ਭਾਜਪਾ ਅਤੇ 'ਆਪ' ਦੇ ਮਨਸੂਬਿਆਂ ਨੂੰ ਲੋਕਾਂ ਸਾਹਮਣੇ ਉਜਾਗਰ ਕਰੇਗੀ। ਉਨ੍ਹਾਂ ਕਿਹਾ ਬਸਪਾ ਬਾਨੀ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਪ੍ਰੀ ਨਿਰਮਾਣ ਦਿਵਸ ਨੂੰ ਸਮਰਪਿਤ ਫਿਲੌਰ ਰੈਲੀ ਵਿੱਚ ਹਲਕੇ ਚੱਬੇਵਾਲ ਤੋਂ ਸੰਗਤਾਂ ਦੇ ਵੱਡੇ ਕਾਫ਼ਲੇ ਸ਼ਾਮਲ ਹੋਣਗੇ। ਐਡਵੋਕੇਟ ਮਾਨਾ ਨੇ ਬਸਪਾ ਆਗੂਆਂ ਅਤੇ ਵਰਕਰਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਰਾਕੇਸ਼ ਕਿੱਟੀ, ਵਿੱਕੀ ਬੰਗਾ, ਬਲਵੰਤ ਨੌਨੀਤਪੁਰ, ਬਹਿਲਪੁਰੀ, ਡਾਕਟਰ ਹਰਨੇਕ, ਜਗਤ, ਗੁਰਮੇਲ ਰਾਮ, ਕੇਵਲ ਸਿੰਘ, ਚਰਨਜੀਤ ਸਿੰਘ, ਰਾਜੇਸ਼ ਭੁੰਨੋ ਹਾਜ਼ਰ ਸਨ।

# ਸਵੱਛਤਾ ਹੀ ਸੇਵਾ ਸੰਬੰਧੀ ਇੱਕ ਦਿਨਾ ਕੈਂਪ

**ਸੁਲਤਾਨਪੁਰ ਲੋਧੀ (ਹਨੀ)**- ਐਮ.ਡੀ. ਕਾਲਜ ਫਾਰ ਵੂਮੈਨ ਵਿਖੇ ਰੈੱਡ ਰਿਬਨ ਕਲੱਬ, ਐਨ ਐਸ ਐਸ ਯੂਨਿਟ ਅਤੇ ਈਕੋ ਕਲੱਬ ਨੇ ਸਾਂਝੇ ਤੌਰ 'ਤੇ 'ਸਵੱਛਤਾ ਹੀ ਸੇਵਾ' ਦੇਸ਼ ਵਿਆਪੀ ਮੁਹਿੰਮ ਤਹਿਤ ਇੱਕ ਰੋਜ਼ਾ ਕੈਂਪ ਦਾ ਆਯੋਜਨ ਕੀਤਾ। ਇਹ ਕੈਂਪ ਪ੍ਰਿੰਸੀਪਲ, ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਅਤੇ ਰੈੱਡ ਰਿਬਨ ਕਲੱਬ ਅਤੇ ਐਨ ਐਸ ਐਸ ਪ੍ਰੋਗਰਾਮ ਅਫਸਰ ਸੁਨੀਤਾ



ਕਲੇਰ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਗਿਆ।ਕੈਂਪ ਦਾ ਮੁੱਖ ਉਦੇਸ਼ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਵਿਦਿਆਰਥੀਆਂ ਦੇ ਨਾਲ-ਨਾਲ ਸਮਾਜ ਨੂੰ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣ ਲਈ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਸੀ। ਕੈਂਪ ਦੌਰਾਨ ਵਲੰਟੀਅਰਾਂ ਨੇ ਉਤਸ਼ਾਹ ਨਾਲ ਕਲਾਸ ਰੂਮ, ਗਲਿਆਰੇ, ਖੇਡ ਦੇ ਮੈਦਾਨ, ਲਾਇਬ੍ਰੇਰੀ ਅਤੇ ਆਲੇ ਦੁਆਲੇ ਦੇ ਖੇਤਰਾਂ ਦੀ ਸਫਾਈ ਕੀਤੀ। ਢੁਕਵੀਆਂ ਥਾਵਾਂ 'ਤੇ ਡਸਟਬਿਨ ਰੱਖੇ ਗਏ ਤੇ ਵਿਦਿਆਰਥੀਆਂ ਨੇ ਸਫਾਈ ਨੂੰ ਉਤਸ਼ਾਹਿਤ ਕਰਨ ਵਾਲੇ ਨਾਅਰੇ ਲਗਾਏ। ਪ੍ਰਿੰਸੀਪਲ ਡਾ ਸ਼ੁਕਲਾ ਨੇ ਰੈੱਡ ਰਿਬਨ ਕਲੱਬ ਤੇ ਐਨ ਐਸ ਐਸ ਵਲੰਟੀਅਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵਲੋਂ 16 ਨਵੰਬਰ ਨੂੰ ਰੈਲੀ ਕਰਨ ਦਾ ਫੈਸਲਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਵਿੱਚ ਹੜ੍ਹਾਂ ਨਾਲ ਹੋਈ ਵਿਆਪਕ ਤਬਾਹੀ ਦੇ ਮੱਦੇਨਜ਼ਰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਰਾਜ ਪੱਧਰੀ ਪ੍ਰਧਾਨਗੀ ਹੇਠ ਸੂਬਾ ਪੱਧਰੀ ਆਨ ਲਾਈਨ ਮੀਟਿੰਗ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਜਰਮਨਜੀਤ ਸਿੰਘ, ਧਨਵੰਤ ਸਿੰਘ ਭੱਠਲ, ਕਰਮ ਸਿੰਘ ਧਨੋਆ, ਸੁਰਿੰਦਰ ਪੁਆਰੀ, ਗਗਨਦੀਪ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਖਦੇਵ ਸਿੰਘ ਸੈਣੀ, ਸੁਰਿੰਦਰ ਰਾਮ ਕੁੱਸਾ, ਪ੍ਰੇਮ ਚਾਵਲਾ, ਬੋਬਿੰਦਰ ਸਿੰਘ ਅਤੇ ਹਰਦੀਪ ਟੋਡਰਪੁਰ ਨੇ ਆਖਿਆ



ਕਿ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਦੇ ਖ਼ਿਲਾਫ਼ 11 ਅਕਤੂਬਰ ਨੂੰ ਸੰਗਰੂਰ ਵਿਖੇ ਸੂਬਾ ਪੱਧਰੀ ਰੈਲੀ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਜਿਸਨੂੰ ਪੰਜਾਬ ਵਿੱਚ ਹੜ੍ਹਾਂ ਕਾਰਨ ਲੋਕਾਂ ਦੀ ਵੱਡੇ ਪੱਧਰ 'ਤੇ ਹੋਈ ਤਬਾਹੀ ਕਾਰਨ ਮੁਲਤਵੀ ਕਰ ਦਿੱਤਾ ਗਿਆ ਸੀ, ਕਿਉਂਕਿ ਇਸ ਵਕਤ ਹੜ੍ਹ ਪੀੜਤਾਂ ਦੀ ਮਦਦ ਕਰਨੀ ਸਾਡੀ ਸਭ ਦੀ ਪਹਿਲੀ ਤਰਜੀਹ ਹੈ। ਸਾਂਝੇ ਫਰੰਟ ਦੇ ਆਗੂਆਂ ਨੇ ਸਲਾਹ ਮਸ਼ਵਰੇ ਤੋਂ ਬਾਅਦ ਕਿਹਾ ਕਿ ਹੁਣ ਸੰਗਰੂਰ ਵਿਖੇ 16 ਨਵੰਬਰ ਨੂੰ ਸੂਬਾਈ ਰੈਲੀ ਅਤੇ ਰੋਸ ਮਾਰਚ ਕੀਤਾ ਜਾਵੇਗਾ ਅਤੇ ਇਸ ਤੋਂ ਪਹਿਲਾਂ 12 ਅਕਤੂਬਰ ਨੂੰ ਪੰਜਾਬ ਦੇ 9 ਕੈਬਨਿਟ ਮੰਤਰੀਆਂ ਦੀ ਘਰਾਂ ਨੂੰ ਰੋਸ ਪੱਤਰ ਦਿੱਤੇ ਜਾਣਗੇ।

# ਮੁਫਤ ਮੈਡੀਕਲ ਕੈਂਪ ਲਗਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350 ਸਾਲਾਂ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ



ਮਤੀ ਦਾਸ ਜੀ ਭਾਈ ਸਤੀ ਦਾਸ ਜੀ ਭਾਈ ਦਿਆਲਾ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਮਹਾਨ ਸਾਲਾਨਾ ਕੀਰਤਨ ਦਰਬਾਰ ਪਿੰਡ ਖਾਖਾਂ ਵਿੱਚ ਕਰਵਾਇਆ ਗਿਆ। ਇਸ ਮੌਕੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਸਿੱਖ ਪੰਥ ਦੇ ਮਹਾਨ ਕੀਰਤਨੀ ਰਾਗੀ ਢਾਡੀ ਜੱਥਿਆਂ ਨੇ ਗੁਰਬਾਨੀ ਕਥਾ ਵਿਚਾਰਾਂ ਨਾਲ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ।ਇਸੇ ਤਰ੍ਹਾਂ ਮਿਸ਼ਨ ਸਿਹਤ ਮੰਦ ਪੰਜਾਬ ਮੁਹਿੰਮ ਤਹਿਤ ਜੰਗ ਖਾਲਸਾ ਗਰੁੱਪ ਹੁਸ਼ਿਆਰਪੁਰ ਵੱਲੋਂ ਜਗਜੀਤ ਸਿੰਘ ਸੁਸਾਇਟੀ ਸਰਪ੍ਰਸਤ ਦੀ ਅਗਵਾਈ ਵਿੱਚ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਡਾ. ਸੁਰਜੀਤ ਸਿੰਘ ਅਤੇ ਡਾ. ਚਰਨਜੀਤ ਸਿੰਘ ਪਰਭਾਕਰ ਨੇ ਮੈਡੀਕਲ ਚੈੱਕਅਪ ਦੀਆਂ ਸੇਵਾਵਾਂ ਨਿਭਾਈਆਂ। ਇਸ ਮੌਕੇ ਮੁਫ਼ਤ ਚੈਕ ਅਪ ਤੋਂ ਬਾਅਦ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।ਕੈਂਪ ਵਿੱਚ ਬੁਖਾਰ ਇਨਫੈਕਸ਼ਨ ਅਲਰਜੀ ਅਤੇ ਡੇਂਗੂ ਬੁਖਾਰ ਦੀਆਂ ਹੋਮਿਓਪੈਥਿਕ ਦਵਾਈਆਂ ਵੀ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਗਰੁੱਪ ਦੇ ਮੈਂਬਰ ਅਵਤਾਰ ਸਿੰਘ ਮਿਰਜਾਪੁਰ,ਬਲਜਿੰਦਰ ਸਿੰਘ ਦਲਜੀਤ ਸਿੰਘ ਮਾਨ ,ਮੈਡਮ ਮਨੂਰੀਤ, ਮੈਡਮ ਰਮਨਪ੍ਰੀਤ ਕੌਰ, ਓਂਕਾਰ ਸਿੰਘ, ਸ਼ਰਨਜੀਤ ਸਿੰਘ, ਰਾਜਵੀਰ ਸਿੰਘ ,ਗੁਰਨੂਰ ਸਿੰਘ, ਕਮਲਪ੍ਰੀਤ ਸਿੰਘ, ਅਨਮੋਲ ਸਿੰਘ, ਮਨਪ੍ਰੀਤ ਸਿੰਘ ,ਗੁਰਪ੍ਰੀਤ ਸਿੰਘ ਅਤੇ ਹੋਰ ਕਲੱਬ ਮੈਂਬਰ ਹਾਜ਼ਰ ਸਨ।

# ਦੁਸਹਿਰੇ ਦਾ ਜੋੜ ਮੇਲਾ ਨਗਰ ਕੀਰਤਨ ਨਾਲ ਸਮਾਪਤ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਅਦ ਦੁਪਹਿਰ ਸਜਾਏ ਗਏ ਨਗਰ ਕੀਰਤਨ ਨਾਲ ਦੁਸਹਿਰੇ ਦਾ ਜੋੜ ਮੇਲਾ ਅਮਨ ਅਮਾਨ ਨਾਲ ਸਮਾਪਤ ਹੋਇਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਇਤਿਹਾਸਕ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਤੋਂ



ਸਜਾਏ ਇਸ ਨਗਰ ਕੀਰਤਨ ਦੇ ਸ਼ੁਰੂਆਤ ਦੀ ਅਰਦਾਸ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਕਥਾਵਾਚਕ ਭਾਈ ਗੁਰਬਾਜ ਸਿੰਘ ਵੱਲੋਂ ਕੀਤੀ ਗਈ । ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੜ੍ਹੀ ਸਾਹਿਬ, ਗੁਰਦੁਆਰਾ ਸ੍ਰੀ ਦਮਦਮਾ ਸਾਹਿਬ, ਗੁਰਦੁਆਰਾ ਸ੍ਰੀ ਰਣਜੀਤਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਤਾੜੀ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਮੁੜ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਸੰਪੰਨ ਹੋਇਆ । ਨਗਰ ਕੀਰਤਨ ਦੇ ਅੱਗੇ ਸੁੰਦਰ ਬਾਣੇ ਵਿੱਚ ਸਜੇ ਮੀਰੀ ਪੀਰੀ ਖਾਲਸਾ ਗੱਤਕਾ ਦਲ ਚਮਕੌਰ ਸਾਹਿਬ ਦੀ ਗੱਤਕਾ ਪਾਰਟੀ ਜੌਹਰ ਵਿਖਾਉਂਦੇ ਹੋਏ ਚੱਲ ਰਹੇ ਸਨ, ਜਦੋਂ ਕਿ ਇਨ੍ਹਾਂ ਦੇ ਪਿੱਛੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੁਸ਼ੋਭਿਤ ਸੁੰਦਰ ਪਾਲਕੀ ਅਤੇ ਵੱਖ-ਵੱਖ ਧਾਰਮਿਕ ਕੀਰਤਨੀ ਜਥਿਆਂ ਸਮੇਤ ਪਿੱਛੇ ਦੀਆਂ ਕਈ ਧਾਰਮਿਕ ਸੁਸਾਇਟੀਆਂ ਦੇ ਮੈਂਬਰ ਵੀ ਕੀਰਤਨ ਕਰਦੇ ਹੋਏ ਚੱਲ ਰਹੇ ਸਨ। ਦੂਜੇ ਪਾਸੇ ਪੁਲਸ ਪ੍ਰਸ਼ਾਸਨ ਵੱਲੋਂ ਬਹੁਤ ਹੀ ਕਰੜੇ ਪ੍ਰਬੰਧ ਕੀਤੇ ਗਏ ਸਨ, ਤਾਂ ਜੋ ਕੋਈ ਸ਼ਰਾਰਤੀ ਅਨਸਰ ਕਿਸੇ ਮਾੜੀ ਘਟਨਾ ਨੂੰ ਅੰਜਾਮ ਨਾ ਦੇ ਸਕਣ । ਇਸ ਅਵਸਰ ਤੇ ਜ਼ਿਲ੍ਹਾ ਪੁਲੀਸ ਮੁਖੀ ਗੁਲਨੀਤ ਸਿੰਘ ਖੁਰਾਣਾ,ਐੱਸ ਪੀ ਡੀ ਗੁਰਦੀਪ ਸਿੰਘ ਗੋਸਲ, ਡੀ ਐੱਸ ਪੀ ਮਨਜੀਤ ਸਿੰਘ ਔਲਖ ਅਤੇ ਥਾਣਾ ਮੁਖੀ ਇਸਪੈਕਟਰ ਗੁਰਪ੍ਰੀਤ ਸਿੰਘ ਖੁਦ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਰਹੇ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ । ਇਸ ਮੌਕੇ ਸਟੇਟ ਬੈਂਕ ਆਫ ਪਟਿਆਲਾ ਦੇ ਸਾਬਕਾ ਡਾਇਰੈਕਟਰ ਦਵਿੰਦਰ ਸਿੰਘ ਜਟਾਣਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਮੋਹਣ ਸਿੰਘ ਸੰਧੂ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਸਿੰਘ ਲੱਖੇਵਾਲ, ਸੀਨੀਅਰ ਆਗੂ ਅਮਨਦੀਪ ਸਿੰਘ ਮਾਂਗਟ, ਮੈਨੇਜਰ ਭਾਈ ਗੁਰਮੁੱਖ ਸਿੰਘ , ਬਲਦੇਵ ਸਿੰਘ ਹਾਫਿਜ਼ਾਬਾਦ, ਭਾਈ ਪਰਮਿੰਦਰ ਸਿੰਘ ਸੇਖੋਂ ਅਤੇ ਮਨੋਹਰ ਸਿੰਘ ਮੱਕੜ ਆਦਿ ਹਾਜਰ ਸਨ ।

# 47 ਕੈਡਿਟਾਂ ਨੇ ਐੱਨ ਡੀ ਏ ਦੀ ਲਿਖਤੀ ਪ੍ਰੀਖਿਆ ਕੀਤੀ ਪਾਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ (ਮੁਹਾਲੀ) ਦੇ 47 ਕੈਡਿਟਾਂ ਨੇ ਐਨ.ਡੀ.ਏ.-156 ਕੋਰਸ ਲਈ ਨੈਸ਼ਨਲ ਡਿਫੈਂਸ ਅਕੈਡਮੀ (ਐਨ ਡੀ ਏ) (99) ਲਿਖਤੀ ਪ੍ਰੀਖਿਆ ਪਾਸ ਕਰਕੇ ਸ਼ਾਨਦਾਰ ਉਪਲੱਬਧੀ ਹਾਸਲ ਕੀਤੀ ਹੈ। ਇਸ ਸਬੰਧੀ ਯੂ.ਪੀ.ਐਸ.ਸੀ. ਵੱਲੋਂ ਬੁੱਧਵਾਰ ਦੇਰ ਸ਼ਾਮ ਨੂੰ ਨਤੀਜੇ ਐਲਾਨੇ ਗਏ ਸਨ। ਇਹ ਕੋਰਸ ਜੂਨ 2026 ਵਿੱਚ ਸ਼ੁਰੂ ਹੋਵੇਗਾ। ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਐਨ.ਡੀ.ਏ. (99) ਲਿਖਤੀ ਪ੍ਰੀਖਿਆ ਦੇਣ ਵਾਲੇ ਇਸ ਸੰਸਥਾ ਦੇ 57 ਕੈਡਿਟਾਂ ਵਿੱਚੋਂ 47 ਕੈਡਿਟਾਂ ਨੇ 82.45 ਫ਼ੀਸਦੀ ਦੀ ਸ਼ਾਨਦਾਰ ਸਫਲਤਾ ਦਰ ਨਾਲ ਪ੍ਰੀਖਿਆ ਪਾਸ ਕੀਤੀ ਹੈ। ਇਹ ਸੰਸਥਾ ਵੱਲੋਂ ਐਨ.ਡੀ.ਏ. (9) ਜਾਂ ਐਨ.ਡੀ.ਏ. (99) ਪ੍ਰੀਖਿਆਵਾਂ ਲਈ ਪ੍ਰਾਪਤ ਕੀਤੀ ਹੁਣ ਤੱਕ ਦੀ ਸਭ ਤੋਂ ਵੱਧ ਸਫਲਤਾ ਦਰ ਹੈ। ਕੈਡਿਟਾਂ ਨੂੰ ਵਧਾਈ ਦਿੰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ, 'ਇਹ ਕੈਡਿਟ ਪੰਜਾਬ ਦਾ ਮਾਣ ਹਨ। ਮੇਰੇ ਵੱਲੋਂ ਉਨ੍ਹਾਂ ਨੂੰ ਐਸ.ਐਸ.ਬੀ. ਇੰਟਰਵਿਊ ਅਤੇ ਟ੍ਰੇਨਿੰਗ ਲਈ ਸ਼ੁਭਕਾਮਨਾਵਾਂ।' ਨਤੀਜਿਆਂ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ, ਪ੍ਰੈਪਰੇਟਰੀ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ (ਰਿਟਾਇਰਡ) ਅਜੈ ਐਚ ਚੌਹਾਨ, ਵੀ.ਐਸ.ਐਮ. ਨੇ ਕਿਹਾ ਕਿ ਕੈਡਿਟ ਹੁਣ ਜਲਦ ਹੀ ਆਪਣਾ ਸਰਵਿਸਿਜ਼ ਸਿਲੈਕਸ਼ਨ ਬੋਰਡ (ਐਸ.ਐਸ.ਬੀ.) ਇੰਟਰਵਿਊ ਦੇਣਗੇ। ਉਨ੍ਹਾਂ ਨੇ ਸੰਸਥਾ ਦੇ ਸਟਾਫ ਅਤੇ ਅਧਿਆਪਕਾਂ ਨੂੰ ਉਨ੍ਹਾਂ ਦੇ ਸਮਰਪਿਤ ਯਤਨਾਂ ਲਈ ਵਧਾਈ ਦਿੱਤੀ।

# ਕਬੱਡੀ ਟੂਰਨਾਮੈਂਟ 'ਚ ਖਾਲਸਾ ਕਾਲਜ ਦਾ ਸ਼ਾਨਦਾਰ ਪ੍ਰਦਰਸ਼ਨ



**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਖਾਲਸਾ ਦੀ ਅਗਵਾਈ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਕਰਵਾਏ ਗਏ ਇੰਟਰ ਕਾਲਜ ਸਪੋਰਟਸ ਟੂਰਨਾਮੈਂਟ 'ਚ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦੀ ਟੀਮ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ। ਕਾਲਜ ਦੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਹਰਜਾਪ ਸਿੰਘ ਨੇ ਦੱਸਿਆ ਕਿ ਲੜਕਿਆਂ ਦੀ ਕਬੱਡੀ ਟੀਮ ਨੇ ਡਿਵੀਜ਼ਨ ਬੀ ਵਿੱਚ ਭਾਗ ਲਿਆ। ਜਿਸ ਵਿੱਚ ਕੁੱਲ ਸੱਤ ਟੀਮਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਕਾਲਜ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਨਾਲ ਕਾਂਸੇ ਦੇ ਮੈਡਲ 'ਤੇ ਕਬਜ਼ਾ ਕੀਤਾ। ਟੀਮ ਵਿੱਚ ਅਮਨਪ੍ਰੀਤ ਸਿੰਘ, ਅਰਜੁਨ, ਗਗਨਦੀਪ ਸਿੰਘ, ਅਮਨਪ੍ਰੀਤ ਸਿੰਘ, ਦਿਲਜੀਤ ਸਿੰਘ, ਗੁਰਜੀਤ ਸਿੰਘ, ਜਸ਼ਨਦੀਪ ਸਿੰਘ, ਸੰਦੀਪ ਸਿੰਘ, ਰੋਹਿਤ, ਗੌਤਮ ਸਿੰਘ, ਸੰਦੀਪ ਸਿੰਘ, ਨਿਸ਼ਾਨ ਸਿੰਘ, ਰਾਜਵੀਰ ਸਿੰਘ ਤੇ ਰੋਹਿਤ ਸ਼ਾਮਲ ਸਨ। ਜੇਤੂ ਟੀਮ ਦਾ ਕਾਲਜ ਪਹੁੰਚਣ 'ਤੇ ਸਵਾਗਤ ਕੀਤਾ ਗਿਆ। ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਬੀਬੀ ਗੁਰਪ੍ਰੀਤ ਕੌਰ ਰੂਹੀ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਮਾਰ ਕੌਰ, ਕਾਲਜ ਦੇ ਡਾਇਰੈਕਟਰ ਇੰਜੀਨੀਅਰ ਨਿਮਰਤਾ ਕੌਰ ਅਤੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ।

# 15 ਪਰਵਾਰ 'ਆਪ' 'ਚ ਸ਼ਾਮਿਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨੂਰਮਹਿਲ ਸ਼ਹਿਰ ਦੇ ਵਿੱਚ 15 ਪਰਵਾਰ ਹੋਰਨਾਂ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਜਿਹਨਾਂ ਵਿੱਚ ਅਕਾਲੀ ਦਲ ਦੀ ਮਹਿਲਾ ਵਿੰਗ ਦੀ ਪ੍ਰਧਾਨ ਪਰਮਜੀਤ ਕੌਰ ਉਹਨਾਂ ਤੋਂ ਇਲਾਵਾ ਰਣਧੀਰ ਸਿੰਘ, ਅਮਨਦੀਪ ਸਿੰਘ, ਹਰਦੀਪ ਸਿੰਘ, ਹਰਭਜਨ ਸਿੰਘ, ਸਰਬਜੀਤ ਸਿੰਘ, ਗੁਰਦਿਆਲ ਸਿੰਘ, ਰੇਸ਼ਮ ਸਿੰਘ, ਸੰਨੀ ਖੋਸਲਾ, ਜੋਗਾ, ਪ੍ਰਦੀਪ ਸਿੰਘ, ਮੋਨਿਕਾ, ਸੰਤੋਸ਼ ਰਾਣੀ, ਵਾਲੋ, ਬੇਵੀ, ਆਸ਼ਾ ਰਾਣੀ, ਰੀਨਾ, ਤੋਸ਼ੀ, ਸੋਨੀਆ, ਪੂਜਾ, ਕਮਲਜੀਤ ਕੌਰ, ਮਨਪ੍ਰੀਤ ਕੌਰ, ਕਿਰਨਾ ਇਹ ਪਰਿਵਾਰ ਐਮ ਸੀ ਰਾਜਾ ਮਿਸਰ ਦੀ ਪ੍ਰੇਰਨਾ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਜਿਨਾਂ ਨੂੰ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਜੀ ਆਇਆ ਆਖਦਿਆਂ ਇਹਨਾਂ ਦਾ ਜੋਰਦਾਰ ਸਵਾਗਤ ਕੀਤਾ ਅਤੇ ਇਹ ਵਿਸ਼ਵਾਸ ਦਿਵਾਇਆ ਪਾਰਟੀ ਵਿੱਚ ਪੂਰਾ ਮਾਣ ਸਨਮਾਨ ਦਿੱਤੇ ਜਾਵੇਗਾ। ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਜਸਵੀਰ ਸਿੰਘ ਧੰਜਲ ਸੰਗਠਨ ਇੰਚਾਰਜ ਹਲਕਾ ਨਕੋਦਰ, ਰਾਕੇਸ਼ ਕੁਮਾਰ ਰਿੰਕੂ, ਚੇਅਰਮੈਨ ਮਾਰਕੀਟ ਕਮੇਟੀ ਨੂਰਮਹਿਲ ਲਖਵੀਰ ਸਿੰਘ ਸ਼ੀਰ ਉੱਪਲ, ਹਲਕਾ ਕੋਆਰਡੀਨੇਟਰ ਯੂਥ ਵਿੰਗ ਰਜਨੀਸ਼ ਬੱਬਰ, ਹਲਕਾ ਕੋਆਰਡੀਨੇਟਰ ਐਸ ਸੀ ਵਿੰਗ ਪ੍ਰੇਮ ਕੁਮਾਰ ਰਾਜੂ ਉੱਪਲ ਐਮ.ਸੀ ਰਾਜਾ ਮਿਸਰ, ਪ੍ਰਮੋਦ ਸੇਖੜੀ, ਦਵਿੰਦਰ ਸੰਧੂ ਬਲਾਕ ਪ੍ਰਧਾਨ, ਸ਼ਾਲੂ ਤੱਕਿਅਰ, ਗੱਗੀ ਮੈਹਨ, ਰਾਕੇਸ਼ ਸ਼ਰਮਾ, ਸੰਜੀਵ ਸੂਦ, ਸੁਖਦੇਵ ਲੰਗਾਹ, ਸੰਦੀਪ ਬੱਤਰਾ, ਸੈਂਚੂ ਵਧਵਾ,ਸੁਮਨ ਰਾਣੀ, ਨਰਿੰਦਰ ਕੌਰ, ਸੋਨੂੰ ਮਿੱਤੂ, ਸੰਦੀਪ ਕੁਮਾਰ, ਰਿੰਕੂ ਇਸ ਮੌਕੇ ਤੇ ਹਾਜ਼ਰ ਸਨ।

# ਤਰਕਸ਼ੀਲ ਸੁਸਾਇਟੀ ਨੇ ਸ਼ਹੀਦ ਭਗਤ ਸਿੰਘ ਦਾ ਮਨਾਇਆ ਜਨਮ ਦਿਨ

**ਨੰਗਲ (ਸੁਰਜੀਤ ਢੇਰ)**- ਤਰਕਸ਼ੀਲ ਸੁਸਾਇਟੀ ਰੋਪੜ ਵੱਲੋ ਵੇਰਕਾ ਚੌਂਕ ਹੈਂਡ ਵਰਕਸ ਰੋਪੜ ਵਿਖੇ ਸ਼ਹੀਦ-ਏ- ਆਜ਼ਮ ਭਗਤ ਸਿੰਘ ਜੀ ਦੇ ਜਨਮ ਦਿਨ ਤੇ ਕਿਤਾਬਾਂ ਦੀ ਸਟਾਲ ਲਗਾਈ ਅਤੇ ਉਨ੍ਹਾ ਦੇ ਵਿਚਾਰਾਂ ਵਾਲੇ ਪੈਂਫਲਿਟ ਵੀ ਵੰਡੇ ਗਏ।ਇਹ ਜਾਣਕਾਰੀ ਇਕਾਈ ਮੁਖੀ ਅਸ਼ੋਕ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਭਗਤ ਸਿੰਘ ਇੱਕ ਮਹਾਨ ਇਨਕਲਾਬੀ ਤੇ ਚਿੰਤਨ ਸੀ ਜਿਨ੍ਹਾਂ ਨੇ ਆਪਣੀ ਜ਼ਾਨ ਦੀ ਪ੍ਰਵਾਹ ਨਾ ਕਰਦਿਆ ਹੋਇਆ ਭ੍ਰਿਸ਼ਟ ਰਾਜ ਪ੍ਰਬੰਧ ਅਤੇ ਸਮਾਜਕ ਨਾ ਬਰਾਬਰੀ ਵਿਰੁੱਧ ਸੰਘਰਸ਼ ਜਾਰੀ ਰੱਖਿਆ। ਇਸ ਮੌਕੇ ਹਰਨੇਕ ਸਿੰਘ ਨੇ ਬੋਲਦਿਆਂ ਕਿਹਾ ਕਿ ਭਗਤ ਸਿੰਘ ਆਪਣੀ ਲਿਖਤ 'ਮੈ ਨਾਸਤਿਕ ਕਿਉ ਹਾਂ' ਵਿੱਚ ਸਪਸ਼ਟ ਕਰਦੇ ਹਨ ਕਿ ਜਿਹੜਾ ਵੀ ਮਨੁੱਖ ਪ੍ਰਗਤੀ ਦਾ ਹਾਮੀ ਹੈ ਉਸਨੂੰ ਲਾਜ਼ਮੀ ਤੌਰ ਤੇ ਪ੍ਰਚਲਤ ਵਿਸ਼ਵਾਸ ਦੀ ਪੁਣਛਾਣ ਕਰਨੀ ਹੋਵੇਗੀ ਤੇ ਜਿਹੜਾ ਧਰਮ ਇਨਸਾਨ ਨੂੰ



ਇਨਸਾਨ ਤੋਂ ਵੱਖ ਕਰੇ , ਮੁਹੱਬਤ ਦੀ ਥਾਂ ਉਹਨਾ ਨੂੰ ਇੱਕ ਦੂਜੇ ਨਾਲ ਨਫ਼ਰਤ ਕਰਨੀ ਸਿਖਾਵੇ,ਅੰਧ-ਵਿਸ਼ਵਾਸਾਂ ਨੂੰ ਉਤਸ਼ਾਹਿਤ ਕਰਕੇ ਲੋਕਾਂ ਦੇ ਬੌਧਿਕ ਵਿਕਾਸ ਵਿੱਚ ਰੁਕਾਵਟ ਬਣੇ ਤੇ ਦਿਮਾਗਾਂ ਨੂੰ ਖੁੰਢਾ ਕਰੇ ਉਹ ਮੇਰਾ ਧਰਮ ਨਹੀ ਹੋ ਸਕਦਾ। ਇਨ੍ਹਾਂ ਆਗੂਆਂ ਨੇ ਵਿਚਾਰ ਸਾਂਝੇ ਕੀਤੇ ਕਿ ਤਰਕਸ਼ੀਲਤਾ ਜ਼ਿੰਦਗੀ ਦਾ ਧਰੂ ਤਾਰਾ ਹੁੰਦੀ ਹੈ ਪਰ ਅੰਧ-ਵਿਸਵਾਸ਼ ਖਤਰਨਾਕ ਹੁੰਦਾ ਹੈ। ਉਕਤ ਆਗੂਆਂ ਤੋਂ ਇਲਾਵਾ ਅਮਰਨਾਥ, ਮਾਸਟਰ ਪਰਵਿੰਦਰ, ਪਵਨ ਰੱਤੋਂ, ਸ਼ੈਲਿੰਦਰ ਕੁਰਾਲੀ, ਹਰਵਿੰਦਰ ਸੁਖਰਾਮਪੁਰੀ, ਕਾਮਰੇਡ ਗੁਰਬਚਨ ਮਿੱਠੂ ਤੇ ਬਿਕਰਮ ਬਡਾਲੀ ਵੀ ਮੌਕੇ 'ਤੇ ਹਾਜ਼ਰ ਸਨ।

# ਜੱਚਾ-ਬੱਚਾ ਕੋਰਸ ਮੁਕੰਮਲ ਕਰਨ ਵਾਲੀਆਂ 30 ਸਿਖਿਆਰਥਣਾਂ ਨੂੰ ਦਿੱਤੇ ਸਰਟੀਫਿਕੇਟ



**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਤੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਸਾਂਝੇ ਉਪਰਾਲੇ ਤਹਿਤ ਕੇਅਰਗਿਵਰ-ਜੱਚਾ-ਬੱਚਾ (ਨਾਨ-ਕਲੀਨਿਕਲ) ਕੋਰਸ ਮੁਕੰਮਲ ਕਰਨ ਵਾਲੀਆਂ 30 ਸਿਖਿਆਰਥਣਾਂ ਨੂੰ ਸਰਟੀਫਿਕੇਟ ਤਕਸੀਮ ਕੀਤੇ ਗਏ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਲਾਕ ਲੋਹੀਆਂ ਦੇ ਪਿੰਡ ਗਿੱਦੜਪਿੰਡੀ ਦੀਆਂ ਸੈਲਫ਼ ਹੈਲਪ ਗਰੁੱਪ ਦੀਆਂ 30 ਮੈਂਬਰਾਂ ਨੂੰ ਇਹ ਸਿਖ਼ਲਾਈ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਿਖਿਆਰਥਣਾਂ ਨੂੰ ਟ੍ਰੇਨਿੰਗ ਪਾਰਟਨਰ ਰਾਹੀਂ ਸਿਖ਼ਲਾਈ ਮੁਹੱਈਆ ਕਰਵਾਉਣ ਉਪਰੰਤ ਸੀ ਐੱਚ ਸੀ ਲੋਹੀਆਂ ਵਿਖੇ ਆਨ ਜਾਬ ਟ੍ਰੇਨਿੰਗ ਵੀ ਦਿੱਤੀ ਗਈ ਹੈ। ਪੰਜਾਬ ਸਰਕਾਰ ਵਲੋਂ ਮਹਿਲਾ ਸਸ਼ਕਤੀਕਰਨ ਲਈ ਵਚਨਬੱਧਤਾ ਦੁਹਰਾਉਂਦਿਆਂ ਡਾ. ਅਗਰਵਾਲ ਨੇ ਕਿਹਾ ਕਿ ਇਹ ਉਪਰਾਲਾ ਜ਼ਿਲ੍ਹੇ ਭਰ ਵਿੱਚ ਮਹਿਲਾ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਵਿਸ਼ੇਸ਼ ਕਦਮ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਅਜਿਹੇ ਯਤਨ ਭਵਿੱਖ ਵਿੱਚ ਵੀ ਜਾਰੀ ਰਹਿਣਗੇ, ਤਾਂ ਜੋ ਮਹਿਲਾਵਾਂ ਰੋਜ਼ਗਾਰ ਮੁਖੀ ਸਿਖ਼ਲਾਈ ਹਾਸਲ ਕਰਕੇ ਆਪਣਾ ਜੀਵਨ ਪੱਧਰ ਉੱਚਾ ਚੁੱਕ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਵਦੀਪ ਕੌਰ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਕੋਰਸ ਮੁਕੰਮਲ ਕਰਨ ਵਾਲੀਆਂ ਸਿਖਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਵਾਮੀ ਪ੍ਰਗਿਆਨੰਦ ਸੁਸਾਇਟੀ, ਨਕੋਦਰ ਦੇ ਚੇਅਰਮੈਨ ਵਿਪਨ ਸ਼ਰਮਾ, ਜ਼ਿਲ੍ਹਾ ਮੈਨੇਜਰ ਪੰਜਾਬ ਹੁਨਰ ਵਿਕਾਸ ਮਿਸ਼ਨ ਸੂਰਜ ਕਲੇਰ ਤੇ ਬੀ ਟੀ ਐਮ ਮਨਦੀਪ ਕੌਰ, ਡੀ ਐਫ ਐਮ, ਪੀ ਐਸ ਆਰ ਐਲ ਐਮ ਕੋਮਲ ਕਸ਼ਯਪ ਤੇ ਅਕਾਊਂਟੈਂਟ ਵਿਕਾਸ ਬਖ਼ਸ਼ੀ ਵੀ ਮੌਜੂਦ ਸਨ।

# ਸ਼੍ਰੋਮਣੀ ਅਕਾਲੀ ਦਲ ਦੀ ਟੀਮ ਨੇ ਫੋਗਿੰਗ ਦੀ ਕੀਤੀ ਸ਼ੁਰੂਆਤ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਦੇ ਪਿੰਡ ਜਹਾਂਗੀਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਵੱਲੋਂ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਟੀਮ ਨੇ ਫੋਗਿੰਗ ਦੀ ਸ਼ੁਰੂਆਤ ਕੀਤੀ। ਐਡਵੋਕੇਟ ਰਾਜ ਕਮਲ ਭੁੱਲਰ ਨਾਲ ਗੱਲਬਾਤ ਕਰਦਿਆਂ ਉਹਨਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਹੜ ਪੀੜਤਾਂ ਨੂੰ ਜਿੱਥੇ ਨਗਦ



ਸਹਾਇਤਾ ਅਤੇ ਡੀਜ਼ਲ ਦੀ ਸੇਵਾ ਕੀਤੀ ਹੈ ਤੇ ਉਸ ਉਪਰੰਤ ਫੋਗਿੰਗ ਦੀ ਸੇਵਾ ਲਈ ਵੀ ਉਹਨਾਂ ਨੇ 500 ਮਸ਼ੀਨਾਂ ਵੱਖ-ਵੱਖ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਦਿੱਤੀਆਂ ਜਿਸ ਦੇ ਤਹਿਤ ਹਲਕਾ ਨਕੋਦਰ ਦੇ ਜੋ ਬੇਈ ਦੀ ਪ੍ਰਭਾਵਿਤ ਪਿੰਡ ਜਹਾਂਗੀਰ ਤੋਂ ਸ਼ੁਰੂਆਤ ਕੀਤੀ ਜਿਸ ਦੇ ਤਹਿਤ 25 ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਫੋਗਿੰਗ ਕੀਤੀ ਜਾਵੇਗੀ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਜਹਾਂਗੀਰ ਦੀ ਟੀਮ ਮੌਜੂਦ ਸੀ।

# ਗਾਂਧੀ ਜਯੰਤੀ ਧੂਮਧਾਮ ਨਾਲ ਮਨਾਈ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਡਿਪਸ ਸਕੂਲ, ਭੋਗਪੁਰ ਨੇ ਗਾਂਧੀ ਜਯੰਤੀ ਮਨਾਉਣ ਲਈ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ। ਬੱਚਿਆਂ ਨੇ ਭਾਸ਼ਣ ਦਿੱਤੇ ਅਤੇ ਗਾਂਧੀ ਦੇ ਜੀਵਨ ਨੂੰ ਦਰਸਾਉਂਦੀਆਂ ਪ੍ਰੇਰਨਾਦਾਇਕ ਕਵਿਤਾਵਾਂ ਸੁਣਾਈਆਂ। ਇਸੇ ਤਰ੍ਹਾਂ, ਗਾਂਧੀ ਜਯੰਤੀ ਮਨਾਉਣ ਲਈ ਇੱਕ ਸਮਾਗਮ ਕਰਵਾਇਆ ਗਿਆ। ਪ੍ਰੋਗਰਾਮ ਨੇ ਵਾਤਾਵਰਣ ਸਵੱਛਤਾ ਦਾ ਸੰਦੇਸ਼ ਦਿੱਤਾ ਅਤੇ ਉਨ੍ਹਾਂ ਨੂੰ ਗਾਂਧੀ ਦੇ ਆਦਰਸ਼ਾਂ ਨੂੰ ਅਪਨਾਉਣ ਅਤੇ



ਆਪਣੇ ਜੀਵਨ ਨੂੰ ਸਫਲ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਿਪਸ ਸਕੂਲ ਦੇ ਐਮ ਡੀ ਤਰਵਿੰਦਰ ਸਿੰਘ, ਸੀਈਓ ਮੋਨਿਕਾ ਮੰਡੋਤਰਾ, ਰਮਣੀਕ, ਜਸ਼ਨ ਸਿੰਘ, ਚੇਅਰਪਰਸਨ ਜਸਵਿੰਦਰ ਕੌਰ, ਵਾਈਸ ਚੇਅਰਪਰਸਨ ਪ੍ਰੀਤਇੰਦਰ ਕੌਰ ਤੇ ਡਿਪਸ ਸਕੂਲ ਦੀ ਪ੍ਰਿੰਸੀਪਲ ਗੁਰਵੀਨ ਕੌਰ ਨੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

# ਲਾਇਲਪੁਰ ਖ਼ਾਲਸਾ ਕਾਲਜ ਵਿਖੇ ਮਹਾਤਮਾ ਗਾਂਧੀ ਤੇ ਲਾਲ ਬਹਾਦੁਰ ਸ਼ਾਸਤਰੀ ਦਾ ਜਨਮ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਪੋਸਟ ਗਰੈਜੂਏਟ ਇਤਿਹਾਸ ਵਿਭਾਗ ਵੱਲੋਂ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਅਤੇ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸ਼ਾਸਤਰੀ ਦੇ ਜਨਮ



ਦਿਹਾੜੇ ਨੂੰ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਉਨ੍ਹਾਂ ਦੋ ਮਹਾਨ ਸਖਸ਼ੀਅਤਾਂ ਨੂੰ ਸਮਰਪਿਤ ਪੋਸਟਰ ਅਤੇ ਸਲੋਗਨ ਬਣਾਉਣ ਦੇ ਮੁਕਾਬਲੇ ਕਰਵਾਏ ਗਏ । ਇਸ ਵਿੱਚ 53 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਸੱਚ ਅਤੇ ਅਹਿੰਸਾ ਦੇ ਪੁਜਾਰੀ ਮਹਾਤਮਾ ਗਾਧੀ ਅਤੇ ਸਾਦਗੀ ਦੀ ਮੂਰਤ ਲਾਲ ਬਹਾਦੁਰ ਸ਼ਾਸ਼ਤਰੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ। ਸਮਾਗਮ ਵਿੱਚ ਡਾ: ਨਵਦੀਪ ਕੌਰ ਵਾਈਸ ਪ੍ਰਿੰਸੀਪਲ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਨੇ ਬੱਚਿਆ ਦੁਆਰਾ ਸਵੱਛ ਭਾਰਤ ਅਭਿਆਨ ਤਹਿਤ ਬਣਾਏ ਗਏ ਪੋਸਟਰਾਂ ਦੀ ਸ਼ਲਾਘਾ ਕੀਤੀ ਅਤੇ ਅੱਗੇ ਵੀ ਵੱਧ ਚੜ ਕੇ ਕਾਲਜ ਦੀਆਂ ਗਤਵਿਧੀਆਂ ਵਿੱਚ ਹਿੱਸਾ ਲੈਣ ਲਈ ਕਿਹਾ । ਇਸ ਮੌਕੇ ਡਾ. ਸੁਰਿੰਦਰ ਪਾਲ ਮੰਡ, ਡੀਨ ਸਟੂਡੈਂਟ ਵੈਲਫੇਅਰ ਅਤੇ ਪ੍ਰੋ. ਸੋਨੀਆ, ਫਾਈਨ ਆਰਟਸ ਵਿਭਾਗ ਜੱਜਾਂ ਦੇ ਤੌਰ ਤੇ ਸ਼ਾਮਿਲ ਹੋਏ। ਪੋਸਟਰ ਮੁਕਾਬਲੇ ਵਿੱਚ ਮੁਕੇਸ਼ ਕੁਮਾਰ, ਅਮਨਪ੍ਰੀਤ ਕੌਰ ਅਤੇ ਸੀਮੋਨ ਅਤੇ ਸਲੋਗਨ ਮੁਕਾਬਲੇ ਵਿੱਚ ਕੁੰਦਨ ਕੁਮਾਰ, ਮਨੀਸ਼ ਕੁਮਾਰ ਅਤੇ ਹਰਸ਼ਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਿਲ ਕੀਤਾ । ਇਸ ਮੌਕੇ ਡਾ: ਕਰਨਬੀਰ ਸਿੰਘ ਵੱਲੋਂ ਸਟੇਜ ਨੂੰ ਬਾਖੂਬੀ ਨਿਭਾਇਆ ਗਿਆ। ਡਾ. ਅਮਨਦੀਪ ਕੌਰ ਨੇ ਸਾਰਿਆ ਦਾ ਧੰਨਵਾਦ ਕੀਤਾ। ਪ੍ਰੋ. ਸੰਦੀਪ ਕੌਰ ਅਤੇ ਪ੍ਰੋ. ਅਮਨਦੀਪ ਕੌਰ ਵੀ ਇਸ ਸਮਾਗਮ ਵਿਚ ਮੌਜੂਦ ਸਨ। ਮੁਕਾਬਲੇ ਵਿੱਚ ਸਾਰੇ ਵਿਦਿਆਰਥੀਆ ਨੂੰ ਸਰਟੀਫਿਕੇਟ ਵੀ ਵੰਡੇ ਗਏ।

# ਅਣਪਛਾਤਿਆਂ ਨੇ ਰਾਤ ਸਮੇਂ ਮੇਨ ਗੇਟ 'ਚ ਗੰਡਾਸੀਆਂ ਮਾਰੀਆਂ

**ਮਾਹਿਲਪੁਰ (ਸ਼ਫ਼ਰੀ)**- ਥਾਣਾ ਮਾਹਿਲਪੁਰ ਅਧੀਨ ਪੈਂਦੇ ਪਿੰਡ ਟੂਟੋ ਮੁਜਾਰਾ ਵਿਚ ਰਾਤ ਸਮੇਂ ਅਣਪਛਾਤਿਆਂ ਨੇ ਮੇਨ ਗੇਟ ਵਿੱਚ ਗੰਡਾਸੀਆਂ ਮਾਰੀਆਂ। ਪੀੜਤ ਨੇ ਥਾਣਾ ਮਾਹਿਲਪੁਰ ਵਿੱਚ ਕਰਵਾਈ ਸ਼ਿਕਾਇਤ ਦਰਜ




ਕਰਵਾਈ। ਮਨਦੀਪ ਸਿੰਘ ਪੁੱਤਰ ਤਾਰਾ ਸਿੰਘ ਪਿੰਡ ਟੂਟੋ ਮੁਜਾਰਾ ਥਾਣਾ ਮਾਹਿਲਪੁਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ 01-10-2025 ਦੀ ਰਾਤ ਕੋਈ ਸਾਢੇ ਕੋ ਗਿਆਰਾਂ ਵਜੇ ਕੁੱਛ ਅਣਪਛਾਤੇ ਵਿਅਕਤੀਆਂ ਨੇ ਮੇਰੇ ਘਰ ਦੇ ਮੇਨ ਗੇਟ ਵਿੱਚ ਗੰਡਾਸੀਆਂ ਨਾਲ ਚਾਰ ਵਾਰ ਕੀਤੇ,ਜਿਸ ਦਾ ਖੜਾਕਾ ਸੁਣ ਕਿ ਅਸੀਂ ਤੁਰੰਤ ਬਾਹਰ ਨਿਕਲੇ ਤਾਂ ਉਹ ਵਿਅਕਤੀ ਫ਼ਰਾਰ ਹੋ ਗਏ। ਉਹਨਾਂ ਦੱਸਿਆ ਕਿ ਛੇ ਮਹੀਨੇ ਪਹਿਲਾਂ ਵੀ ਕੁਝ ਸ਼ਰਾਰਤੀ ਅਨਸਰਾਂ ਨੇ ਮੇਰੇ ਘਰ ਅੰਦਰ ਰਾਤ ਸਮੇਂ ਰੋੜੇ ਮਾਰੇ ਸਨ । ਉਸ ਸਮੇਂ ਮੈਂ ਪਿੰਡ ਟੂਟੋ ਮੁਜਾਰੇ ਦੀ ਪੰਚਾਇਤ ਦੇ ਧਿਆਨ ਵਿੱਚ ਲਿਆਂਦਾ ਸੀ।ਹੁਣ ਇਹ ਦੂਸਰੀ ਵਾਰ ਫੇਰ ਨੂੰ ਸ਼ਰਾਰਤੀ ਅਨਸਰਾਂ ਵਲੋਂ ਮੇਰੇ ਘਰ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਸਬੰਧੀ ਥਾਣਾ ਮਾਹਿਲਪੁਰ ਵਿੱਚ ਸ਼ਿਕਾਇਤ ਦਰਜ ਕਰਵਾ ਦਿਤੀ ਹੈ।ਮਨਦੀਪ ਸਿੰਘ ਨੇ ਦੱਸਿਆ ਕਿ ਮੈਂ ਸ ਸ ਸਕੂਲ ਮਾਹਿਲਪੁਰ ਬੁਆਏ ਵਿੱਚ ਬਤੌਰ ਦਰਜਾ ਚਾਰ ਕਰਮਚਾਰੀ ਹਾਂ। ਮੇਰੇ ਦੋ ਬੇਟੇ ਹਨ ਅਤੇ ਇਕ ਬੇਟੀ ਹੈ। ਮੇਰੇ ਦੋਵੇਂ ਬੇਟੇ ਨੌਕਰੀਆਂ ਕਰਦੇ ਹਨ, ਜਿਸ ਕਰਕੇ ਉਹ ਕਦੇ ਕਦੇ ਘਰ ਆਉਂਦੇ ਹਨ। ਮੇਰੇ ਘਰ ਵਿੱਚ ਅਕਸਰ ਮੇਰੀ ਪਤਨੀ ਅਤੇ ਨੌਜਵਾਨ ਬੇਟੀ ਹੀ ਹੁੰਦੀ ਹੈ। ਮੈਂ ਕਈ ਵਾਰ ਘਰ ਕਾਫੀ ਲੇਟ ਆਉਂਦਾ ਹਾਂ। ਮੈਨੂੰ ਡਰ ਹੈ ਕਿ ਇਹ ਸ਼ਰਾਰਤੀ ਅਨਸਰ ਕਦੇ ਵੀ ਮੇਰਾ ਕੋਈ ਨੁਕਸਾਨ ਕਰ ਸਕਦੇ ਹਨ।

# ਕੈਬਨਿਟ ਮੰਤਰੀ ਨੇ ਸਵਾਂ ਨਦੀ ਭੱਲੜੀ 'ਤੇ ਪੱਕੇ ਪੁਲ ਦਾ ਨੀਂਹ ਪੱਥਰ ਰੱਖਿਆ



**ਨੰਗਲ/ਭਲਾਣ (ਸੁਰਜੀਤ ਸਿੰਘ, ਹਰਭਜਨ ਢਿੱਲੋ)** ਸਰਦਾਰ ਭਗਵੰਤ ਸਿੰਘ ਮਾਨ, ਮਾਣਯੋਗ ਮੁੱਖ ਮੰਤਰੀ ਪੰਜਾਬ ਦੀ ਰਹਿਨੁਮਾਈ ਹੇਠ ਸਵਾਂ ਨਦੀ ਭੱਲੜੀ ਤੋ ਮਹਿੰਦਪੁਰ ਅਤੇ ਖੇੜਾ ਕਲਮੋਟ ਵੱਲ ਨੂੰ ਜਾਣ ਲਈ ਪੁੱਲ ਬਣਾਉਣ ਲਈ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੀਹ ਪੱਥਰ ਰੱਖਿਆ। ਦੱਸਣਯੋਗ ਹੈ ਕਿ ਸਵਾਂ ਨਦੀ ਦੇ ਉੱਤੇ ਬਰਸਾਤ ਦੇ ਦਿਨਾਂ ਵਿੱਚ ਲੋਕਾਂ ਦਾ ਲੰਘਣਾ ਮੁਸ਼ਕਿਲ ਬਣ ਜਾਂਦਾ ਹੈ। ਇਸ ਪੁਲ ਦੇ ਬਣਨ ਨਾਲ 50 ਤੋਂ 60 ਪਿੰਡਾਂ ਦੀ ਆਪਸੀ ਆਵਾਜਾਈ ਵੱਧ ਜਾਏਗੀ ਤਾਂ ਕਿ ਲੋਕ ਆਪਣੇ ਕੰਮਕਾਰ ਸਮੇਂ ਸਿਰ ਕਰ ਸਕਣ। ਦੁੱਖ ਸੁੱਖ ਵੇਲੇ ਵੀ ਇੱਕ ਦੂਜੀ ਥਾਂ ਜਾ ਸਕਣ। ਇਸ ਮੌਕੇ ਡਾਕਟਰ ਸੰਜੀਵ ਗੌਤਮ ਨੰਗਲ, ਚੌਧਰੀ ਰਾਕੇਸ਼ ਕੁਮਾਰ ਮਹਿਲਵਾਂ, ਸ਼ਿਵ ਕੁਮਾਰ ਵਰਮਾ, ਰਕੇਸ਼ ਵਰਮਾ, ਮੀਡੀਆ ਕੁਆਰਡਰੀਨੇਟਰ ਦੀਪਕ ਸੋਨੀ, ਦੀਪ ਸਿੰਘ ਝਾਂਗਰਾ, ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ, ਬੰਤ ਸਿੰਘ ਸੈਣੀ, ਜਸਪਾਲ ਸਿੰਘ, ਹਰਜਾਪ ਸਿੰਘ ਭਾਲੜੂ, ਹਰਪਾਲ ਸਿੰਘ, ਗੁਰਬਖਸ਼ ਬਿੱਲਾ ਮਹਿਲਵਾਂ ਆਦਿ ਤੋਂ ਇਲਾਵਾ ਪਿੰਡਾਂ ਦੀਆਂ ਔਰਤਾਂ ਅਤੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਪਿੰਡ ਵਾਸੀਆਂ ਵੱਲੋਂ ਸਨਮਾਨਤ ਵੀ ਕੀਤਾ ਗਿਆ।

# ਖਾਲਸਾ ਸਕੂਲ ਵਿਖੇ ਦੋ ਰੋਜ਼ਾ ਬਲਾਕ ਪੱਧਰੀ ਐਥਲੈਟਿਕਸ ਮੁਕਾਬਲੇ ਸਮਾਪਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇੱਥੋਂ ਦੇ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਚੱਲ ਰਹੀ ਦੋ ਰੋਜਾ ਬਲਾਕ ਪੱਧਰੀ ਐਥਲੈਟਿਕਸ ਮੀਟ ਸਮਾਪਤ ਹੋ ਗਈ। ਸਕੂਲ ਮੁਖੀ ਅਤੇ ਜ਼ੋਨਲ ਪ੍ਰਧਾਨ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ। ਪ੍ਰਿੰਸੀਪਲ ਵਾਲੀਆ ਨੇ ਕਿਹਾ ਕਿ ਖੇਡਾਂ ਨਿਰੋਏ ਸਮਾਜ ਦੀ ਸਿਰਜਣਾ ਕਰਦੀਆਂ ਹਨ। ਜ਼ੋਨਲ ਸਕੱਤਰ ਅਸ਼ੋਕ ਰਾਣਾ ਨੇ ਦੱਸਿਆ ਕਿ ਪਹਿਲੇ ਦਿਨ ਲੜਕੀਆਂ ਅਤੇ ਦੂਜੇ ਦਿਨ ਮੁੰਡਿਆਂ ਦੇ ਮਕਾਬਲੇ ਹੋਏ। ਇਸ ਮੌਕੇ ਰਣਜੀਤ ਸਿੰਘ ਭੱਠਲ, ਨੀਲਮ ਰਾਣੀ, ਗੁਰਿੰਦਰ ਸਿੰਘ ਕੰਧੋਲਾ, ਸਤਨਾਮ ਸਿੰਘ, ਸੁਮਨ ਚਾਂਦਲਾ, ਮਨਦੀਪ ਸਿੰਘ, ਅਮਰਜੀਤ ਸਿੰਘ, ਵਿਜੇ ਕੁਮਾਰ, ਸੁਰੇਸ਼ ਕੁਮਾਰ, ਪਿਆਰੇ ਲਾਲ, ਦਲਜੀਤ ਸਿੰਘ, ਭੁਪਿੰਦਰ ਸਿੰਘ, ਰਣਜੀਤ ਕਾਲਾ ਆਦਿ ਹਾਜਰ ਸਨ।

# ਦੁਰਗਾ ਅਸ਼ਟਮੀ ਸ਼ਰਧਾ ਤੇ ਭਗਤੀ ਭਾਵਨਾ ਨਾਲ ਮਨਾਈ



**ਬਲਾਚੌਰ (ਜਸਵਿੰਦਰ ਬੈਂਸ)**- ਪੋਜੇਵਾਲ ਪਿੰਡ ਵਿਖੇ ਮਾਤਾ ਦੁਰਗਾ ਅਸ਼ਟਮੀ ਦਾ ਸਮਾਰੋਹ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਮਨਾਇਆ ਗਿਆ। ਸਮਾਰੋਹ ਵਿੱਚ ਇਲਾਕੇ ਦੇ ਸੈਂਕੜੇ ਸ਼ਰਧਾਲੂਆਂ ਨੇ ਹਾਜ਼ਰੀ ਭਰੀ ਅਤੇ ਮਾਤਾ ਰਾਣੀ ਦੇ ਦਰ 'ਤੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਪੂਰੇ ਪਿੰਡ ਵਿੱਚ ਭਗਤੀਮਈ ਮਾਹੌਲ ਬਣਿਆ ਰਿਹਾ। ਇਸ ਧਾਰਮਿਕ ਸਮਾਰੋਹ ਵਿੱਚ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਮਾਤਾ ਰਾਣੀ ਦੀ ਪੂਜਾ ਅਰਚਨਾ ਕਰਕੇ ਅਸ਼ੀਰਵਾਦ ਲਿਆ ਅਤੇ ਸੰਗਤਾਂ ਨਾਲ ਮਿਲ ਕੇ ਧਾਰਮਿਕ ਰਸਮਾਂ ਵਿੱਚ ਭਾਗ ਲਿਆ। ਅਸ਼ੋਕ ਕਟਾਰੀਆ ਜੀ ਨੇ ਕਿਹਾ ਕਿ ਮਾਤਾ ਰਾਣੀ ਦੇ ਅਸ਼ੀਰਵਾਦ ਨਾਲ ਹੀ ਸਮਾਜ ਵਿੱਚ ਖੁਸ਼ਹਾਲੀ, ਭਾਈਚਾਰਕ ਪਿਆਰ ਅਤੇ ਚੜ੍ਹਦੀ ਕਲਾ ਬਣੀ ਰਹਿੰਦੀ ਹੈ।ਸਮਾਰੋਹ ਦੌਰਾਨ ਕੀਰਤਨ ਅਤੇ ਭਗਤੀ ਸੰਗੀਤ ਨੇ ਮੌਜੂਦ ਸੰਗਤਾਂ ਨੂੰ ਭਗਤੀਮਈ ਰੰਗ ਵਿੱਚ ਰੰਗ ਦਿੱਤਾ। ਸੰਗਤਾਂ ਵੱਲੋਂ ਅਸ਼ੋਕ ਕਟਾਰੀਆ ਦਾ ਸਨਮਾਨ ਵੀ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਮਰਪਣ ਭਾਵ ਨਾਲ ਸਿਰੋਪਾਓ ਭੇਟ ਕੀਤਾ ਗਿਆ। ਸਮੂਹ ਸਮਾਰੋਹ ਦਾ ਮਾਹੌਲ ਸ਼ਾਂਤੀ, ਪਿਆਰ ਅਤੇ ਭਗਤੀ ਦਾ ਪ੍ਰਤੀਕ ਬਣਿਆ ਰਿਹਾ।

# ਚਮਕੌਰ ਸਾਹਿਬ ਦੀ ਧਰਤੀ ਤੋਂ ਸਿੱਖਾਂ ਨੂੰ ਜ਼ੁਲਮ ਤੇ ਜਬਰ ਵਿਰੁੱਧ ਲੜਨ ਦੀ ਪ੍ਰੇਰਨਾ ਮਿਲਦੀ : ਹਰਨਰਾਇਣ ਸਿੰਘ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੁਸਹਿਰੇ ਦੇ ਦਿਹਾੜੇ ਤੇ ਇੱਥੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਦਰਬਾਰੇ ਖਾਲਸਾ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਡੀ ਗਿਣਤੀ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ । ਇਸ ਮੌਕੇ ਤੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਸ੍ਰੀ



ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਉਪਰੰਤ ਭਾਈ ਸੰਗਤ ਸਿੰਘ ਦੀਵਾਨ ਹਾਲ ਵਿੱਚ ਸਜਾਏ ਧਾਰਮਿਕ ਦੀਵਾਨ ਵਿੱਚ ਰਾਗੀ ਢਾਡੀ, ਕੀਰਤਨੀ ਜਥਿਆਂ ਅਤੇ ਕਥਾਵਾਚਕਾਂ ਵੱਲੋਂ ਸੰਗਤਾਂ ਨੂੰ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦੁਸਹਿਰੇ ਦੇ ਦਿਹਾੜੇ ਤੇ ਖਾਲਸਾ ਦਰਬਾਰ ਆਯੋਜਿਤ ਕਰਨ ਦੇ ਮਹੱਤਵ ਤੋਂ ਜਾਣੂ ਕਰਵਾਇਆ ਗਿਆ।ਇਸ ਮੌਕੇ ਤੇ ਜੁੜੀ ਸੰਗਤ ਨੂੰ ਸੰਬੋਧਨ ਕਰਦਿਆਂ ਢਾਡੀ ਜਥੇ ਭਾਈ ਹਰਨਰਾਇਣ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ, ਪ੍ਰਚਾਰਕ ਭਾਈ ਜਗਜੀਵਨ ਸਿੰਘ ਅਤੇ ਹੈੱਡ ਗ੍ਰੰਥੀ ਭਾਈ ਜਸਵੀਰ ਸਿੰਘ ਨੇ ਕਿਹਾ ਕਿ ਚਮਕੌਰ ਸਾਹਿਬ ਦੀ ਧਰਤੀ ਤੋਂ ਸਿੱਖਾਂ ਨੂੰ ਜ਼ੁਲਮ ਤੇ ਜਬਰ ਵਿਰੁੱਧ ਲੜਨ ਦੀ ਪ੍ਰੇਰਨਾ ਮਿਲਦੀ ਹੈ। ਸ਼੍ਰੋਮਣੀ ਕਮੇਟੀ ਮੈਂਬਰ ਜਥੇ ਪਰਮਜੀਤ ਸਿੰਘ ਲੱਖੇਵਾਲ, ਸਾਬਕਾ ਮੈਂਬਰ ਜਥੇ ਹਰਬੰਸ ਸਿੰਘ ਕੰਧੋਲਾ ਅਤੇ ਜਗਜੀਤ ਸਿੰਘ ਰਤਨਗੜ੍ਹ ਨੇ ਨੌਜਵਾਨ ਪੀੜੀ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਕੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਅੰਮ੍ਰਿਤਪਾਨ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣ ਦੀ ਅਪੀਲ ਕੀਤੀ । ਅਕਾਲੀ ਦਲ ਦੇ ਸੀਨੀਅਰ ਆਗੂ ਹਰਮੋਹਨ ਸਿੰਘ ਸੰਧੂ ਅਤੇ ਯੂਥ ਆਗੂ ਅਮਨਦੀਪ ਸਿੰਘ ਮਾਂਗਟ ਨੇ ਕਿਹਾ ਕਿ ਚਮਕੌਰ ਸਾਹਿਬ ਦੀ ਪਵਿੱਤਰ ਧਰਤੀ ਨੇ ਹਮੇਸ਼ਾ ਹੀ ਖਾਲਸਾ ਪੰਥ ਨੂੰ ਪੰਜਾਬ ਨਾਲ ਹੋਏ ਅਨਿਆ ਵਿਰੁੱਧ ਲੜਨ ਦੀ ਸ਼ਕਤੀ ਪ੍ਰਦਾਨ ਕੀਤੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਆਵਾਜ਼ ਬੁਲੰਦ ਕਰਦਾ ਰਹੇਗਾ।ਇਸ ਮੌਕੇ ਮੈਨੇਜਰ ਭਾਈ ਗੁਰਮੁੱਖ ਸਿੰਘ, ਸਾਬਕਾ ਡਾਇਰੈਕਟਰ ਦਵਿੰਦਰ ਸਿੰਘ ਜਟਾਣਾ, ਬਲਦੇਵ ਸਿੰਘ ਹਾਫਿਜ਼ਾਬਾਦ, ਪੰਥਕ ਆਗੂ ਭਾਈ ਸੁਰਿੰਦਰ ਸਿੰਘ ਕ੍ਰਿਸ਼ਨਪੁਰਾ, ਬਾਈ ਪਰਮਿੰਦਰ ਸਿੰਘ ਸੇਖੋਂ, ਆੜ੍ਹਤੀ ਉੱਜਲ ਸਿੰਘ, ਆੜ੍ਹਤੀ ਮਨਜੀਤ ਸਿੰਘ ਕੰਗ ਅਤੇ ਗੁਰਦੀਪ ਸਿੰਘ ਭਲਵਾਨ ਆਦਿ ਹਾਜ਼ਰ ਸਨ।



# ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਿਦਿਆਰਥੀਆਂ ਨੇ ਕੀਤਾ ਤਕਨੀਕੀ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ, ਜਲੰਧਰ ਦੇ ਮਾਣਯੋਗ ਪ੍ਰਿੰਸੀਪਲ ਡਾਕਟਰ ਜਗਰੂਪ ਸਿੰਘ ਦੇ ਦਿਸ਼ਾ-ਨਿਰਦੇਸ਼ ਹੇਠਾਂ ਇਲੈਕਟ੍ਰਿਕਲ ਇੰਜੀਨਿਆਰਿੰਗ ਵਿਭਾਗ ਨੇ ਐਕਸ਼ਨ ਬੈਟਰੀਜ਼, ਫੋਕਲ ਪੁਆਇੰਟ, ਜਲੰਧਰ ਵਿੱਚ ਇੰਡਸਟਰੀਅਲ ਦੌਰਾ ਕੀਤਾ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਬੈਟਰੀ ਬਣਾਉਣ ਦੀਆਂ ਨਵੀਆਂ ਤਕਨਾਲੋਜੀਆਂ ਅਤੇ ਉਦਯੋਗਿਕ ਪ੍ਰਕਿਰਿਆਵਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਦੌਰੇ ਨਾਲ ਵਿਦਿਆਰਥੀਆਂ ਨੂੰ ਪ੍ਰੈਕਟਿਕਲ ਜਾਣਕਾਰੀ ਪ੍ਰਾਪਤ ਹੋਈ ਅਤੇ ਉਹਨਾਂ ਦਾ ਗਿਆਨ ਹੋਰ ਵਧਿਆ। ਇਹ ਵਿਜ਼ਿਟ ਅਧਿਆਪਕਾਂ ਦੀ ਦੇਖ-ਰੇਖ ਹੇਠ ਅਨੁਸ਼ਾਸਿਤ ਢੰਗ ਨਾਲ ਸੰਪੰਨ ਹੋਈ। ਇਲੈਕਟ੍ਰਿਕਲ ਇੰਜੀਨਿਆਰਿੰਗ ਵਿਭਾਗ ਦੇ ਮੁਖੀ ਵਿਕਰਮਜੀਤ ਸਿੰਘ ਸੰਘੋਤਰਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਦੌਰੇ ਵਿਦਿਆਰਥੀਆਂ ਲਈ ਬਹੁਤ ਲਾਭਕਾਰੀ ਹੁੰਦੇ ਹਨ ਕਿਉਂਕਿ ਇਹ ਉਹਨਾਂ ਦੇ ਸਿਧਾਂਤਕ ਗਿਆਨ ਅਤੇ ਉਦਯੋਗਿਕ ਜ਼ਰੂਰਤਾਂ ਵਿਚਲਾ ਅੰਤਰ ਪੂਰਾ ਕਰਦੇ ਹਨ।ਅੰਤ ਵਿੱਚ ਗਗਨਦੀਪ ਨੇ ਗੁਰਜਿੰਦਰ ਸਿੰਘ, ਵਿਕਾਸ ਕੁਮਾਰ ਅਤੇ ਐਕਸ਼ਨ ਬੈਟਰੀ ਦੇ ਟੀਮ ਦਾ ਧੰਨਵਾਦ ਕਿੱਤਾ ।



ਪਬਲਿਕ ਵੈਲਫੇਅਰ ਕਲੱਬ ਆਦਮਪੁਰ ਵਲੋਂ ਸਾਰਾਗੜੀ ਦੇ ਸ਼ਹੀਦ ਬਾਬਾ ਗੁਰਮੁਖ ਸਿੰਘ ਦੀ ਮਿੱਠੀ ਯਾਦ ਵਿਚ ਦੁਸਿਹਰੇ ਦੇ ਪਵਿੱਤਰ ਤਿਉਹਾਰ ਤੇ ਪਬਲਿਕ ਦੀ ਸੇਵਾ ਲਈ ਸਮੂਹ ਸੇਵਾਦਾਰਾਂ ਵਲੋਂ ਠੰਡੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਹਾਜ਼ਰ ਸੇਵਾਦਾਰ ਮਾਸਟਰ ਜੁਗਲ ਕਿਸ਼ੋਰ, ਸੂਰਤੀ ਲਾਲ ਭਾਟੀਆ, ਦਲਜੀਤ ਸਿੰਘਣੀ ਭੱਟੀ, ਅਸ਼ੋਕ ਕੁਮਾਰ, ਹੈਪੀ , ਅਮਲਜੀਤ ਸਿੰਘ ਜੀਤਾ, ਮਹਿੰਦਰ ਸਿੰਘ, ਦੀਵਾਨ ਚੰਦ, ਰਾਮ ਗੁਪਾਲ, ਬਲਜਿੰਦਰ ਸਿੰਘ, ਹਰਬਲਾਸ, ਅਮਰੀਕ ਸਿੰਘ, ਮਨਜੀਤ ਸਿੰਘ ਪਰਮਾਰ, ਰਣਧੀਰ ਸਿੰਘ, ਸੋਨੂੰ ਗਾਂਧੀ, ਬ੍ਰਿਜ ਭੂਸ਼ਨ ਬੱਗਾ ਆਦਿ ਹਾਜ਼ਰ ਸਨ।

(ਫੋਟੋ ਤੇ ਵੇਰਵਾ : ਪਰਮਜੀਤ ਸਿੰਘ, ਆਦਮਪੁਰ)

## ਇਨੋਸੈਂਟ ਹਾਰਟਸ ਨੇ ਮਨਾਇਆ ਦੁਸਹਿਰੇ ਦਾ ਤਿਉਹਾਰ



ਜਲੰਧਰ (ਸ਼ੈਲੀ ਐਲਬਰਟ)- ਇਨੋਸੈਂਟ ਹਾਰਟਸ ਸਕੂਲ - ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ ਵਿੱਚ ਦੁਸਹਿਰੇ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੀ-ਪ੍ਰਾਇਮਰੀ ਦੇ ਬੱਚੇ ਰਾਮਾਇਣ ਦੇ ਪਾਤਰ- ਭਗਵਾਨ ਰਾਮ, ਮਾਤਾ ਸੀਤਾ, ਲਛਮਣ ਅਤੇ ਹਨੂਮਾਨ ਜੀ ਦੇ ਸਰੂਪ ਬਣ ਕੇ ਆਏ ਅਤੇ ਬੱਚੇ ਬਹੁਤ ਪਿਆਰੇ ਲੱਗ ਰਹੇ ਸਨ। ਛੋਟੀਆਂ-ਛੋਟੀਆਂ ਝਾਕੀਆਂ ਰਾਹੀਂ ਉਨ੍ਹਾਂ ਨੇ ਭਗਵਾਨ ਰਾਮ ਅਤੇ ਮਾਤਾ ਸੀਤਾ ਦੇ ਬਨਵਾਸ, ਹਨੂਮਾਨ ਜੀ ਦੀ ਭਗਤੀ ਅਤੇ ਭਗਵਾਨ ਰਾਮ ਦੀ ਰਾਵਣ ਉੱਤੇ ਜਿੱਤ ਨੂੰ ਬਹੁਤ ਸੋਹਣੇ ਢੰਗ ਨਾਲ ਦਰਸਾਇਆ। ਦਿ ਗ੍ਰੇਟ ਸਟੋਰੀ ਆਫ ਰਾਮਾਇਣ' ਨਾਂ ਦੇ ਕਠਪੁਤਲੀ ਸ਼ੋਅ ਨੇ ਬੱਚਿਆਂ ਨੂੰ ਹੋਰ ਵੀ ਆਕਰਸ਼ਿਤ ਕੀਤਾ ਅਤੇ ਉਨ੍ਹਾਂ ਦੀ ਤਿਉਹਾਰ ਦੀ ਮਹੱਤਤਾ ਬਾਰੇ ਸਮਝ ਨੂੰ ਵਧਾਇਆ। ਜਮਾਤ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਵੀ ਰੰਗ-ਬਿਰੰਗੀ ਰਾਮਲੀਲਾ ਪੇਸ਼ ਕੀਤੀ ਜਿਸ ਵਿੱਚ ਉਨ੍ਹਾਂ ਨੇ ਰਾਮਾਇਣ ਦੇ ਮਹੱਤਵਪੂਰਨ ਪ੍ਰਸੰਗ ਦਰਸਾਏ। ਭਗਵਾਨ ਰਾਮ, ਮਾਤਾ ਸੀਤਾ, ਸ੍ਰੀ ਹਨੂਮਾਨ, ਰਾਵਣ, ਮੇਘਨਾਥ ਅਤੇ ਕੁੰਭਕਰਨ ਦੇ ਰੂਪ ਵਿੱਚ ਉਨ੍ਹਾਂ ਦੀਆਂ ਪ੍ਰਸਤੁਤੀਆਂ ਨੇ ਸਦੀਵੀ ਸੰਦੇਸ਼ - ਚੰਗਿਆਈ ਦੀ ਬੁਰਾਈ ਉੱਤੇ ਜਿੱਤ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟ ਕੀਤਾ।

## ਨਗਰ ਨਿਗਮ ਫਗਵਾੜਾ ਨੇ ਗਾਂਧੀ ਜਯੰਤੀ ਮਨਾਈ

ਫਗਵਾੜਾ (ਜਸਵਿੰਦਰ ਢੱਡਾ)- ਨਗਰ ਨਿਗਮ, ਫਗਵਾੜਾ ਨੇ ਮੇਅਰ ਰਾਮਪਾਲ ਉੱਪਲ ਅਤੇ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਦੀ ਅਗਵਾਈ ਹੇਠ ਟਾਊਨ ਪਾਰਕ, ?ਫਗਵਾੜਾ ਵਿਖੇ ਇੱਕ ਸਮਾਰੋਹ ਦੇ ਨਾਲ ਮਹਾਤਮਾ ਗਾਂਧੀ ਦੀ ਜਨਮ ਵਰ੍ਹੇਗੰਢ ਮਨਾਈ। ਇਸ ਸਮਾਗਮ ਦੀ ਸ਼ੁਰੂਆਤ ਮੇਅਰ ਰਾਮਪਾਲ ਉੱਪਲ ਅਤੇ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਵੱਲੋਂ ਮਹਾਤਮਾ ਗਾਂਧੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਨਾਲ ਹੋਈ, ਜਿਸ ਵਿੱਚ ਉਨ੍ਹਾਂ ਦੀ ਸੱਚਾਈ, ਅਹਿੰਸਾ ਅਤੇ ਸਾਦਗੀ ਦੀ ਸਦੀਵੀ ਵਿਰਾਸਤ ਦਾ ਸਨਮਾਨ ਕੀਤਾ ਗਿਆ। ਇਸ ਸਮਾਰੋਹ ਵਿੱਚ ਡਿਪਟੀ ਮੇਅਰ ਵਿਪਨ ਕ੍ਰਿਸ਼ਨ ਸੂਦ, ਕੌਂਸਲਰ ਪਦਮ ਦੇਵ ਸੁਧੀਰ, ਰਵੀ ਕੁਮਾਰ, ਪ੍ਰਿਤਪਾਲ ਕੌਰ ਤੁਲੀ, ਇੰਦਰਜੀਤ, ਨਿਗਮ ਅਧਿਕਾਰੀ ਗੁਰਿੰਦਰ ਸਿੰਘ, ਅਜੈ ਕੁਮਾਰ, ਨਾਮਦੇਵ, ਹਿਤੇਸ਼ ਸ਼ਰਮਾ, ਜਤਿੰਦਰ ਵਿੱਜ, ਨਿਗਮ ਕਰਮਚਾਰੀ ਪੂਜਾ, ਸੁਨੀਤਾ, ਆਸ਼ਾ, ਅਤੁਲ ਸ਼ਰਮਾ, ਵਿਨੈ ਕੁਮਾਰ, ਸਿਕੰਦਰ ਬਾਵਾ, ਰਿਤੇਸ਼ ਕੁਮਾਰ ਅਤੇ ਸ਼ਹਿਰਨਿਵਾਸੀ ਸ਼ਾਮਲ ਹੋਏ, ਜਿਸ ਨਾਲ ਭਾਈਚਾਰੇ ਵਿੱਚ ਏਕਤਾ ਦੀ ਭਾਵਨਾ ਪੈਦਾ ਹੋਈ। ਇਸ ਸਾਲ ਦਾ ਜਸ਼ਨ ਪੰਦਰਵਾੜਾ ਦੇ ਸਫਲ ਸਮਾਪਨ ਨਾਲ ਵੀ ਜੁੜਿਆ ਹੋਇਆ ਸੀ, ਜੋ ਕਿ 17 ਸਤੰਬਰ ਤੋਂ 2 ਅਕਤੂਬਰ ਤੱਕ ਫਗਵਾੜਾ ਵਿੱਚ ਸਫਾਈ ਅਤੇ ਨਾਗਰਿਕ ਸ਼ਮੂਲੀਅਤ ਨੂੰ ਬਿਹਤਰ




ਬਣਾਉਣ ਦੇ ਉਦੇਸ਼ ਨਾਲ ਆਯੋਜਿਤ ਇੱਕ ਵਿਸ਼ੇਸ਼ ਨਾਗਰਿਕ ਪਹਿਲਕਦਮੀ ਸੀ। ਪੰਦਰਵਾੜਾ ਦੌਰਾਨ ਸਮਰਪਿਤ ਯਤਨਾਂ ਨੂੰ ਮਾਨਤਾ ਦੇਣ ਲਈ, ਮੇਅਰ ਅਤੇ ਕਮਿਸ਼ਨਰ ਨੇ ਨਗਰ ਨਿਗਮ ਦੇ 28 ਕਰਮਚਾਰੀਆਂ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤੇ ਜਿਨ੍ਹਾਂ ਨੇ ਆਪਣੇ ਕੰਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ।

## ਗਟਰ 'ਚ ਕੰਮ ਕਰ ਰਹੇ ਪ੍ਰਵਾਸੀ ਮਜ਼ਦੂਰ ਦੀ ਭੇਦਭਰੇ ਹਾਲਾਤ 'ਚ ਮੌਤ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)- ਨਡਾਲਾ ਦੇ ਨੇੜੇ ਪਿੰਡ ਹਬੀਬਵਾਲ (ਕਪੂਰਥਲਾ) ਦੇ ਨੇੜੇ ਪਿੰਡ ਬੁੱਧਪੁਰ 'ਚ ਰਹਿੰਦੇ ਪਰਵਾਸੀ ਮਜ਼ਦੂਰ ਦੀ ਪਿੰਡ ਕੂਕਾ ਕਲੋਨੀ 'ਚ ਨਿਰਮਾਣ ਅਧੀਨ ਕੋਠੀ 'ਚ ਗਟਰ ਵਿੱਚ ਕੰਮ ਕਰਦਿਆਂ ਇਕ ਪਰਵਾਸੀ ਮਜ਼ਦੂਰ ਦੀ ਭੇਦ ਭਰੇ ਹਲਾਤਾਂ ਵਿੱਚ ਮੌਤ ਹੋ ਗਈ ਜਦਕਿ ਉਸਨੂੰ ਗਟਰ ਅੰਦਰ ਬਚਾਉਣ ਗਿਆ ਠੇਕੇਦਾਰ ਵੀ ਇਸ ਹਾਦਸੇ ਦੌਰਾਨ ਬੇਹੋਸ਼ੀ ਦੀ ਹਾਲਤ ਵਿੱਚ ਜਲੰਧਰ ਦੇ ਨਿਜੀ ਹਸਪਤਾਲ ਵਿੱਚ ਇਲਾਜ ਅਧੀਨ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆ ਠੇਕੇਦਾਰ ਨਾਲ ਕੰਮ ਕਰਦੇ ਮਜ਼ਦੂਰ ਨੇ ਦੱਸਿਆ ਕਿ ਅਸੀਂ ਹਬੀਬਵਾਲ 'ਚ ਰਹਿੰਦੇ ਹਾਂ ਤੇ ਕੰਮ ਕਰ ਰਹੇ ਸੀ ਕਿ ਸ਼ਾਮ ਦੇ ਕਰੀਬ ਚਾਰ ਵਜੇ ਜਗ਼ਾ ਪਿੰਡ ਕੂਕਾ ਕਲੋਨੀ ਤੋਂ ਫੋਨ ਆਇਆ ਕਿ ਠੇਕੇਦਾਰ ਨੂੰ ਸੱਟ ਲੱਗੀਆ ਹਨ। ਜਦ ਅਸੀ ਉਥੇ ਪੁੱਜੇ ਤਾਂ ਠੇਕੇਦਾਰ ਤੇ ਪ੍ਰਵਾਸੀ ਮਜ਼ਦੂਰ ਗਟਰ 'ਚ ਵਿੱਚ ਸਨ ਤਾਂ ਸਾਥੀਆਂ ਨਾਲ ਉਨਾ ਨੂੰ ਗਟਰ ਚੋ ਬਾਹਰ ਕੱਢ ਕੇ ਨਡਾਲਾ ਦੇ ਵਾਲੀਆ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਪ੍ਰਵਾਸੀ ਮਜ਼ਦੂਰ ਨੂੰ ਮ੍ਰਿਤਕ ਐਲਾਨ ਦਿੱਤਾ ਤੇ ਠੇਕੇਦਾਰ ਸੁਖਵਿੰਦਰ ਸਿੰਘ ਵਾਸੀ ਹਬੀਬਵਾਲ ਨੂੰ ਜਲੰਧਰ ਰੈਫਰ ਕਰ ਦਿੱਤਾ। ਮ੍ਰਿਤਕ ਪਰਵਾਸੀ ਮਜ਼ਦੂਰ ਦੀ ਪਛਾਣ ਸੋਨੂ ਪੁੱਤਰ ਉਦੇ ਮੁਨੀ ਵਾਸੀ ਮਹੇਸ਼ਪੁਰ ਥਾਣਾ ਪਲਕਾ ਜ਼ਿਲਾ ਕਟਿਆਲ ( ਬਿਹਾਰ) ਹਾਲ ਵਾਸੀ ਬੁੱਧਪੁਰ ਨੇੜੇ ਹਬੀਬਵਾਲ ਵਜੋ ਹੋਈ ਹੈ। ਫਿਲਹਾਲ ਮ੍ਰਿਤਕ ਪਰਵਾਸੀ ਮਜ਼ਦੂਰ ਦੀ ਦੇਹ ਮੋਰਚਰੀ ਵਿਚ ਰਖ ਦਿਤੀ ਹੈ ਤੇ ਗਟਰ 'ਚੋ ਜ਼ਹਿਰੀਲੀ ਗੈਸ ਚੜਨ ਦਾ ਸ਼ੱਕ ਜਿਤਾਇਆ ਜਾ ਰਿਹਾ ਹੈ। ਘਟਨਾ ਦੇ ਅਸਲੀ ਕਾਰਣ ਦਾ ਪਤਾ ਠੇਕੇਦਾਰ ਦੇ ਹੋਸ਼ ਆਉਣ ਤੋ ਬਾਅਦ ਹੀ ਲੱਗੇਗਾ।

## ਠੇਕੇਦਾਰੀ ਸਿਸਟਮ ਖ਼ਤਮ ਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-ਸਫਾਈ ਸੇਵਕ ਯੂਨੀਅਨ ਦੀ ਪ੍ਰਧਾਨ ਮਾਇਆ, ਨਗਰ ਕੌਂਸਲ ਟਾਂਡਾ ਯੂਨੀਅਨ ਦੇ ਪ੍ਰਧਾਨ ਤਰਸੇਮ ਲਾਲ ਅਤੇ ਭਾਰਤ ਰਾਸ਼ਟਰ ਡੈਮੋਕ੍ਰੇਟਿਕ ਪਾਰਟੀ ਦੇ ਹਲਕਾ ਪ੍ਰਧਾਨ ਗੁਰਦਿਆਲ ਸਿੰਘ ਦੀ ਅਗਵਾਈ ਵਿੱਚ ਸਮੂਹ ਯੂਨੀਅਨ ਮੈਂਬਰਾਂ ਵੱਲੋਂ ਕੀਤੀ ਗਈ ਹੜਤਾਲ ਨੂੰ 14 ਦਿਨ



ਹੋ ਗਏ ਹਨ ਪਰ ਸਰਕਾਰ ਨੇ ਨਾ ਤਾਂ ਯੂਨੀਅਨ ਦੀਆਂ ਮੰਗਾਂ ਪ੍ਰਵਾਨ ਕੀਤੀਆਂ ਅਤੇ ਨਾ ਹੀ ਕੋਈ ਮੀਟਿੰਗ ਹੀ ਕੀਤੀ ਜਿਸ ਦੇ ਰੋਸ ਵਜੋਂ ਸਮੂਹ ਯੂਨੀਅਨ ਮੈਂਬਰਾਂ ਵੱਲੋਂ ਨਾਅਰੇਬਾਜ਼ੀ ਕੀਤੀ। ਇਸ ਮੌਕੇ ਤੇ ਪ੍ਰਧਾਨ ਮਾਇਆ ਅਤੇ ਤਰਸੇਮ ਲਾਲ ਨੇ ਹੜਤਾਲ ਤੇ ਬੈਠੇ ਸਮੂਹ ਕਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਾਨ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਹ ਸਰਕਾਰ ਠੇਕੇਦਾਰੀ ਸਿਸਟਮ ਲਾਗੂ ਕਰਕੇ ਨਗਰ ਕੌਂਸਲ ਦੇ ਕਰਮਚਾਰੀਆਂ ਦੀਆਂ ਪੱਕੀਆਂ ਨੌਕਰੀਆਂ ਨੂੰ ਖ਼ਤਮ ਕਰਨ ਦੀ ਤਿਆਰੀ ਕਰ ਰਹੀ ਹੈ ਜਿਸਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਠੇਕਾ ਸਿਸਟਮ ਬੰਦ ਨਾ ਕੀਤਾ ਅਤੇ ਯੂਨੀਅਨ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਤਾ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ ਮੰਤਰੀਆਂ ਦਾ ਘਿਰਾਓ ਕੀਤਾ ਜਾਵੇਗਾ।

## ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਬਾਰੇ ਕੀਤਾ ਜਾਗਰੂਕ

ਨਵਾਂਸ਼ਹਿਰ, (ਮਨੋਜ ਲਾਡੀ)- ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾਂ ਨਿਰਦੇਸ਼ਾਂ



'ਤੇ ਮੁੱਖ ਖੇਤੀਬਾੜੀ ਅਫਸਰ ਡਾ. ਰਾਕੇਸ਼ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਪਰਾਲੀ ਨੂੰ ਨਾ ਸਾੜਨ ਲਈ ਜ਼ਿਲੇ ਅੰਦਰ ਚੱਲ ਰਹੀ ਜਾਗਰੂਕਤਾ ਮੁਹਿੰਮ ਤਹਿਤ ਨੇੜਲੇ ਪਿੰਡ ਕਰਿਆਮ ਵਿਖੇ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਦੌਰਾਨ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਲਾਕ ਨਵਾਂਸ਼ਹਿਰ ਵਲੋਂ ਲਾਏ ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫਸਰ ਡਾ. ਕੁਲਦੀਪ ਸਿੰਘ ਨੇ ਪਰਾਲੀ ਦੀ ਸਾਂਭ-ਸੰਭਾਲ ਲਈ ਵਰਤੇ ਜਾਣ ਵਾਲੇ ਸੰਦਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਖੇਤੀਬਾੜੀ ਵਿਕਾਸ ਅਫਸਰ ਡਾ. ਗੁਰਪ੍ਰੀਤ ਸਿੰਘ ਨੇ ਝੋਨੇ ਦੀਆ ਪ੍ਰਚੱਲਿਤ ਬਿਮਾਰੀਆਂ ਦੀ ਰੋਕਥਾਮ ਬਾਰੇ ਜਾਣਕਾਰੀ ਦਿੱਤੀ। ਇੰਜ. ਚੰਦਨ ਸਰਮਾ ਵੱਲੋਂ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਵਿਭਾਗ ਵੱਲੋ ਦਿੱਤੀ ਜਾਂਦੀ ਮਸ਼ੀਨਰੀ ਦੀ ਸਬਸਿਡੀ ਬਾਰੇ ਵਿਸਥਾਰ ਪੂਰਵਕ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ। ਸਰਬਜੀਤ ਸਿੰਘ ਖੇਤੀਬਾੜੀ ਉਪ-ਨਿਰੀਖਕ ਨੇ ਪੀ. ਐਮ. ਕਿਸਾਨ ਸਕੀਮ ਦੇ ਵਿੱਚ ਕਿਸਾਨਾਂ ਨੂੰ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਬਾਰੇ ਦਸਿਆ।ਕੈਂਪ ਵਿੱਚ 100 ਤੋਂ ਵੱਧ ਕਿਸਾਨਾਂ ਨੇ ਸ਼ਿਰਕਤ ਕੀਤੀ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਵਸ ਨੂੰ ਸਮਰਪਿਤ ਸੈਮੀਨਾਰ

ਬੰਗਾ (ਅਵਤਾਰ ਕਲੇਰ)- ਭਾਸ਼ਾ ਵਿਭਾਗ ਪੰਜਾਬ ਵੱਲੋਂ ਇੱਥੇ ਸਿੱਖ ਨੈਸ਼ਨਲ ਕਾਲਜ ਬੰਗਾ ਵਿਖੇ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ 'ਸ਼ਹੀਦ ਦੀਆਂ ਲਿਖਤਾਂ ਤੇ ਉਸ ਬਾਰੇ ਲਿਖਤਾਂ' ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ



ਗਿਆ। ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ 'ਚ ਹੋਏ ਸੈਮੀਨਾਰ ਦੌਰਾਨ ਉੱਘੇ ਵਿਦਵਾਨ ਡਾ. ਰਾਜਿੰਦਰਪਾਲ ਸਿੰਘ ਬਰਾੜ ਸਾਬਕਾ ਡੀਨ ਭਾਸ਼ਾਵਾਂ ਪੰਜਾਬੀ ਯੂਨੀਵਰਸਿਟੀ ਤੇ ਡਾ. ਮਨਪ੍ਰੀਤ ਸਿੰਘ ਜੱਸ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਮੁੱਖ ਵਕਤਾ ਵਜੋਂ, ਡਾ. ਸਿਮਰਨਜੀਤ ਸਿੰਘ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਜਗਤਾਰ ਆਵਾਰਾ ਖੋਜਾਰਥੀ ਪੰਜਾਬੀ ਯੂਨੀਵਰਸਿਟੀ ਤੇ ਸੁਕ੍ਰਿਤੀ ਚੋਪੜਾ ਵਿਦਿਆਰਥਣ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਵਕਤਾ ਵਜੋਂ ਵਿਚਾਰ ਪੇਸ਼ ਕੀਤੇ। ਮੇਜ਼ਬਾਨ ਕਾਲਜ ਦੇ ਪ੍ਰਿੰਸੀਪਲ ਡਾ. ਤਰਸੇਮ ਸਿੰਘ ਨੇ ਆਏ ਮਹਿਮਾਨਾਂ ਤੇ ਵਿਦਵਾਨਾਂ ਦਾ ਧੰਨਵਾਦ ਕੀਤਾ। ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਧਰਤੀ 'ਤੇ ਸੈਮੀਨਾਰ ਕਰਵਾਉਣ ਦੇ ਦੋ ਉਦੇਸ਼ ਹਨ। ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਬਾਰੇ ਨਵੀਂ ਪੀੜ੍ਹੀ ਨੂੰ ਜਾਣੂ ਕਰਵਾਉਣਾ ਅਤੇ ਪੰਜਾਬੀ 'ਚ ਸ਼ਹੀਦ ਭਗਤ ਸਿੰਘ ਬਾਰੇ ਰਚੇ ਸਾਹਿਤ ਦੀ ਪੜਚੋਲ ਕਰਨਾ। ਉਨ੍ਹਾਂ ਕਿਹਾ ਕਿ ਕਈ ਵਾਰ ਮਕਬੂਲ ਕ੍ਰਿਤਾਂ ਰਾਹੀਂ ਮਹਾਨ ਸ਼ਖ਼ਸੀਅਤਾਂ ਬਾਰੇ ਉਲਾਰੂ ਤੇ ਉਲਝਣਾਂ ਪੈਦਾ ਕਰਨ ਵਾਲੇ ਬਿੰਬ ਸਥਾਪਿਤ ਜਾਂਦੇ ਹਨ। ਇਸ ਤਰ੍ਹਾਂ ਦੀਆਂ ਗ਼ਲਤ ਧਾਰਨਾਵਾਂ ਨੂੰ ਦੂਰ ਕਰਨ ਲਈ ਬੁੱਧੀਜੀਵੀ ਤੇ ਖੋਜੀ ਬਿਰਤੀਆਂ ਨੂੰ ਸੰਵਾਦ ਰਚਾਉਣ ਦੀ ਜ਼ਰੂਰਤ ਹੈ। ਮੁੱਖ ਵਕਤਾ ਡਾ. ਰਾਜਿੰਦਰਪਾਲ ਸਿੰਘ ਬਰਾੜ ਨੇ 'ਪੰਜਾਬੀ ਕਵਿਤਾ ਵਿੱਚ ਸ਼ਹੀਦ ਭਗਤ ਸਿੰਘ' ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਪੰਜਾਬੀ ਕਾਵਿ ਵਿੱਚ ਸ਼ਹੀਦ ਭਗਤ ਸਿੰਘ ਨਾਲ ਸਬੰਧਤ ਤਿੰਨ ਪੜਾਅ ਹਨ। ਪਹਿਲਾ ਪੜਾਅ ਭਗਤ ਸਿੰਘ ਦੀ ਸ਼ਹਾਦਤ ਸਮੇਂ ਦੀ ਕਵਿਤਾ, ਦੇਸ਼ ਦੀ ਅਜ਼ਾਦੀ ਤੋਂ ਬਾਅਦ ਦੀ ਕਵਿਤਾ ਅਤੇ ਅਜੋਕੇ ਦੌਰ ਦਾ ਕਾਵਿ। ਉਨ੍ਹਾਂ ਕਿਹਾ ਕਿ ਭਗਤ ਸਿੰਘ ਦੀ ਸ਼ਹੀਦੀ ਦੇ ਦੌਰ ਵਿੱਚ ਮੌਤ ਤੇ ਅਜ਼ਾਦੀ ਨੂੰ ਉਸ ਦੀ ਲਾੜੀ ਦੇ ਰੂਪ 'ਚ ਚਿੱਤਵ ਕੇ ਕਵਿਤਾ ਰਚੀ ਗਈ। ਦੂਜੇ ਪੜਾਅ 'ਚ ਅਜ਼ਾਦੀ ਤੋਂ ਬਾਅਦ ਭਗਤ ਸਿੰਘ ਹੋਰਾਂ ਦੇ ਸੁਪਨਿਆਂ ਦੀ। ਅਖ਼ੀਰ ਵਿੱਚ ਭਾਸ਼ਾ ਵਿਭਾਗ ਵੱਲੋਂ ਸਾਰੇ ਵਕਤਿਆਂ ਦਾ ਸਨਮਾਨ ਕੀਤਾ ਗਿਆ। ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਮੰਚ ਸੰਚਾਲਨ ਕੀਤਾ। ਇਸ ਮੌਕੇ ਭਾਸ਼ਾ ਵਿਭਾਗ ਪੰਜਾਬ ਦੇ ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਡਾ. ਚਰਨਜੀਤ ਕੌਰ, ਉੱਘੇ ਚਿੰਤਕ ਪ੍ਰੋ. ਅਵਤਾਰ ਸਿੰਘ ਫਗਵਾੜਾ, ਕਹਾਣੀਕਾਰ ਅਜਮੇਰ ਸਿੱਧੂ, ਪ੍ਰੋ. ਨਿਰਮਲ ਕੌਰ ਬੰਗਾ, ਹਰਪ੍ਰੀਤ ਸਿੰਘ ਖੋਜ ਸਹਾਇਕ, ਤਰਲੋਕ ਨੇਗੀ ਸਮੇਤ ਵੱਡੀ ਗਿਣਤੀ 'ਚ ਸਰੋਤੇ ਹਾਜ਼ਰ ਸਨ।

## 14ਵੇਂ ਅਸ਼ੋਕ ਵਿਜੇ ਦਸਵੀਂ ਸਮਾਗਮ ਦੇ ਸੰਬੰਧ 'ਚ ਮੀਟਿੰਗ

ਜੇਜੋ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)

ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ 14 ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਵਾਰਡ ਨੰਬਰ 11- 12 ਨੇੜੇ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ.ਡੀ.ਓ. ਕਾਲੋਨੀ ਮਾਹਿਲਪੁਰ ਵਿਖੇ ਦੁਪਹਿਰ 1 ਤੋਂ 5 ਵਜੇ ਤੱਕ ਬਹੁਤ ਹੀ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਪ੍ਰੋਗਰਾਮ ਦੀਆਂ ਤਿਆਰੀਆਂ ਦੇ ਸੰਬੰਧ ਵਿੱਚ ਸੁਸਾਇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਵਿਖੇ ਹੋਈ। ਜਿਸ ਵਿੱਚ ਪ੍ਰਧਾਨ ਰੇਖਾ ਰਾਣੀ, ਮੀਤ ਪ੍ਰਧਾਨ ਸੁਮੀਤਾ, ਜਨਰਲ ਸਕੱਤਰ ਸ਼ਸ਼ੀ ਬੰਗੜ, ਅਮਰਜੀਤ ਕੌਰ, ਗੁਰਪਾਲ ਕੌਰ, ਰਣਜੀਤ ਕੌਰ, ਕਮਲਦੀਪ ਕੌਰ, ਸੰਤੋਸ਼ ਕੁਮਾਰੀ, ਗਗਨਦੀਪ ਕੌਰ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਸੁਖਵਿੰਦਰ ਕੁਮਾਰ, ਥਾਣੇਦਾਰ ਸੁਖਦੇਵ ਸਿੰਘ, ਸੰਤ ਪਵਨ ਕੁਮਾਰ ਤਾਜੇਵਾਲ, ਨਿਰਮਲ ਸਿੰਘ ਮੁੱਗੋਵਾਲ ਆਦਿ ਮੈਂਬਰ ਤੇ ਸਮੱਰਥਕ ਹਾਜ਼ਰ ਹੋਏ। ਸੁਸਾਇਟੀ ਮੈਂਬਰਾਂ ਨੇ ਬਾਅਦ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਮਾਗਮ ਦੇ ਮੁੱਖ ਮਹਿਮਾਨ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਹੋਣਗੇ। ਧਾਰਮਿਕ ਪ੍ਰਵਚਨ ਭਿਕਸ਼ੂ ਬੱਪਾ ਜੀ ਦਿੱਲੀ ਵਾਲੇ ਕਰਨਗੇ। ਦੀਆਂ ਰਾਣੀ, ਤਿਸ਼ਾ ਅਤੇ ਉਨਾਂ ਦੀਆਂ ਹੋਰ ਸਾਥਣਾਂ ਵੱਲੋਂ ਤਥਾਗਤ ਭਗਵਾਨ ਬੁੱਧ, ਸਮਰਾਟ ਅਸ਼ੋਕ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜੀਵਨ ਨਾਲ ਸੰਬੰਧਿਤ ਗੀਤ, ਸਕਿਟਾਂ



ਅਤੇ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ। ਸਮਾਗਮ ਵਿੱਚ ਪਹੁੰਚ ਰਹੇ ਵੱਖ-ਵੱਖ ਬੁਲਾਰੇ ਸਮਰਾਟ ਅਸ਼ੋਕ ਅਤੇ ਬਾਬਾ ਸਾਹਿਬ ਅੰਬੇਡਕਰ ਨੇ ਬੁੱਧ ਧੰਮ ਕਿਉਂ ਅਪਣਾਇਆ ਵਿਸ਼ੇ ਤੇ ਵਿਚਾਰ ਚਰਚਾ ਕਰਨਗੇ। ਗੁ. ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਚਾਹ- ਪਾਣੀ ਅਤੇ ਲੰਗਰ ਦੀ ਸੇਵਾ ਕੀਤੀ ਜਾਵੇਗੀ। ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਪ੍ਰਭ ਹੀਰ ਦੀ ਸਮੁੱਚੀ ਟੀਮ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ।

## ਸੀ ਸੀ ਟੀ ਵੀ ਕੈਮਰੇ ਲਾਉਣ ਦੇ ਆਦੇਸ਼

ਨਵਾਂਸ਼ਹਿਰ, (ਮਨੋਜ ਲਾਡੀ)-ਜ਼ਿਲਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਹੁਕਮ ਜਾਰੀ ਕਰਦਿਆਂ ਜ਼ਿਲੇ ਵਿਚ ਸਥਿਤ ਸਾਰੀਆਂ ਬੈਂਕਾਂ ਅਤੇ ਪੈਟਰੋਲ ਪੰਪਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਵਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੇ ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਿਚ ਪੈਂਦੀਆਂ ਸਮੂਹ ਬੈਂਕਾਂ ਦੇ ਮੈਨੇਜਰਾਂ ਅਤੇ ਪੈਟਰੋਲ ਪੰਪਾਂ ਦੇ ਮਾਲਕਾਂ ਨੂੰ ਸੀ ਸੀ ਟੀ ਵੀ ਕੈਮਰੇ ਲਗਵਾਉਣ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕੈਮਰਿਆਂ ਵਿਚ ਘੱਟੋ-ਘੱਟ 07 ਦਿਨ ਦੀ ਰਿਕਾਰਡਿੰਗ ਦੀ ਸਮਰੱਥਾ ਹੋਵੇ। ਉਨ੍ਹਾਂ ਕਿਹਾ ਕਿ ਇਹ ਹੁਕਮ ਲੁੱਟਮਾਰ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਅਤੇ ਲੋਕਾਂ ਦੀ ਜਾਨ-ਮਾਲ ਨੂੰ ਸੁਰੱਖਿਅਤ ਰੱਖਣ ਦੇ ਮੱਦੇਨਜ਼ਰ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਇੱਕ ਵੱਖਰੇ ਹੁਕਮ ਵਿਚ ਜ਼ਿਲਾ ਮੈਜਿਸਟ੍ਰੇਟ ਨੇ ਜਨਤਕ ਥਾਵਾਂ 'ਤੇ ਹਥਿਆਰ ਲੈ ਕੇ ਚੱਲਣ 'ਤੇ ਪਾਬੰਦੀ ਲਾਈ ਹੈ। ਇਹ ਹੁਕਮ 30-11-2025 ਤੱਕ ਲਾਗੂ ਰਹਿਣਗੇ।

## ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਮਾਪੇ-ਅਧਿਆਪਕ ਮਿਲਣੀ



ਸੁਲਤਾਨਪੁਰ ਲੋਧੀ ( ਹਨੀ)- ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿੱਚ ਮਾਪੇ- ਅਧਿਆਪਕ ਮਿਲਣੀ ਕਰਵਾਈ ਗਈ ।ਅਧਿਆਪਕਾਂ ਦੁਆਰਾ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਮਾਪਿਆਂ ਨਾਲ ਸਾਂਝਾ ਕਰਨ ਦੇ ਨਾਲ -ਨਾਲ ਆਉਣ ਵਾਲੀਆਂ ਸਲਾਨਾ ਪ੍ਰੀਖਿਆ ਤੋਂ ਵੀ ਜਾਣੂ ਕਰਵਾਇਆ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਸਕੂਲ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਵੱਲੋਂ ਵਿਦਿਆਰਥੀਆਂ ਨੂੰ ਵਧੀਆ ਨਤੀਜਿਆਂ ਲਈ ਵਧਾਈ ਦਿੱਤੀ ਗਈ ਅਤੇ ਆਉਣ ਵਾਲੀਆਂ ਸਲਾਨਾ ਪ੍ਰੀਖਿਆ ਲਈ ਹੋਰ ਵੀ ਜਿਆਦਾ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਮਾਤਾ-ਪਿਤਾ ਦੀ ਸੇਵਾ ਕਰਦੇ ਹੋਏ ਪ੍ਰਭੂ ਚਰਨਾਂ ਨਾਲ ਜੁੜਨਾ ਚਾਹੀਦੈ : ਸੁਰਿੰਦਰ ਜਾਜਾ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)

ਵੀਰ ਕ੍ਰਿਸ਼ਨਾ ਕਲੱਬ ਅਹਿਆਪੁਰ ਦੇ ਪ੍ਰਧਾਨ ਰਾਜ ਅਹਿਆਪੁਰੀ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਕਰਵਾਈ ਜਾ ਰਹੀ ਰਾਮਲੀਲਾ ਮੰਚਨ ਦੇ ਸੰਬੰਧ ਵਿੱਚ ਬੀਤੀ ਰਾਤ ਲਕਸ਼ਮਣ ਮੂਰਛਾ ਅਤੇ ਕੁੰਭਕਰਨ ਵੱਧ ਨਾਈਟ ਦਾ ਆਯੋਜਨ ਕੀਤਾ ਗਿਆ ਜਿਸ ਦਾ ਉਦਘਾਟਨ ਮੁੱਖ ਮਹਿਮਾਨ ਭਾਜਪਾ ਪੰਜਾਬ ਕਾਰਜਕਾਰਨੀ ਮੈਂਬਰ ਸੁਰਿੰਦਰ ਜਾਜਾ ਨੇ ਕੀਤਾ। ਇਸ ਮੌਕੇ ਤੇ ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨ ਵਜੋਂ ਕੁਲਵਿੰਦਰ ਸਿੰਘ, ਸੰਨੀ ਨਾਹਰ, ਰਣਜੀਤ ਸਿੰਘ ਅਤੇ ਰਾਜ ਕੁਮਾਰ ਹਾਜ਼ਰ ਸਨ। ਪੰਡਾਲ 'ਚ ਬੈਠੇ ਸ਼ਰਧਾਲੂਆਂ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਪ੍ਰਭੂ ਸ੍ਰੀ ਰਾਮ ਨੇ ਆਪਣੀ ਸਾਰੀ ਜ਼ਿੰਦਗੀ ਮਾਤਾ-ਪਿਤਾ ਦੀ ਆਗਿਆ ਮੰਨਦੇ ਹੋਏ ਮਾਨਵਤਾ ਦੀ ਭਲਾਈ ਵਿੱਚ ਹੀ ਗੁਜ਼ਾਰੀ। ਉਨ੍ਹਾਂ ਕਿਹਾ ਕਿ ਇਨ੍ਹਾਂ ਰਾਮਲੀਲਾਵਾਂ ਰਾਹੀਂ ਸਾਨੂੰ ਪ੍ਰਭੂ ਸ੍ਰੀ ਰਾਮ ਜੀ ਦੇ ਦਰਸਾਏ ਮਾਰਗ ਤੇ ਚੱਲਣ ਦੀ ਪ੍ਰੇਰਨਾ ਦਿੱਤੀ ਜਾਂਦੀ ਹੈ ਤਾਂ ਜੋ ਆਪਣੇ ਮਾਤਾ-ਪਿਤਾ ਦੀ ਸੇਵਾ ਕਰਦੇ ਹੋਏ ਹਰ ਸਮੇਂ ਪ੍ਰਭੂ ਚਰਨਾਂ ਨਾਲ ਜੁੜਿਆ ਜਾ ਸਕੇ ਉਨ੍ਹਾਂ ਕਿਹਾ ਕਿ ਜਿਹੜੇ ਇਨਸਾਨ ਪ੍ਰਭੂ ਸ਼੍ਰੀ ਰਾਮ ਜੀ ਦੀ ਜੀਵਨੀ ਤੇ ਚਲਦੇ ਹੋਏ ਨੇਕ ਕਰਮ ਅਤੇ ਸਭ ਦਾ ਭਲਾ ਸੋਚਦੇ ਹੋਏ ਜ਼ਿੰਦਗੀ ਗੁਜ਼ਾਰਦੇ ਹਨ ਉਹ ਇਨਸਾਨ ਹੀ ਨਾਮ ਸਿਮਰਨ ਕਰਦੇ ਹੋਏ ਪ੍ਰਭੂ ਚਰਨਾਂ ਨਾਲ ਜੁੜ ਕੇ ਇਸ ਆਵਾਗਮਨ ਦੇ ਚੱਕਰਾਂ ਤੋਂ ਹਮੇਸ਼ਾ ਲਈ ਛੁਟਕਾਰਾ ਪਾ ਸਕਦੇ ਹਨ। ਇਸ ਮੌਕੇ ਤੇ ਪ੍ਰਧਾਨ ਰਾਜ ਅਹੀਆਪੁਰੀ, ਅਰੁਨ ਪੁਰੀ, ਪਰਮਜੀਤ ਬਾਬੂ, ਰਜਿੰਦਰ ਕੁਮਾਰ ਕਾਕਾ, ਰਮੇਸ਼ ਚੰਦਰ ਸ਼ਰਮਾ, ਪ੍ਰਿੰਸ ਮਹਿਰਾ, ਸੰਨੀ ਮਹਿਰਾ, ਅਸ਼ਵਨੀ ਮਹਿਰਾ, ਮੰਦੀਪ ਪਲਟਾ, ਸੰਜੀਵ ਪੁਰੀ, ਮੰਨਾ ਮਹਿਰਾ ਨੇ ਆਏ ਹੋਏ ਮਹਿਮਾਨਾਂ ਨੂੰ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ।

## ਮਾਮਲਾ ਪ੍ਰਿੰਸੀਪਲ ਦੇ ਅਹੁਦੇ ਦੀਆਂ ਤਰੱਕੀਆਂ ਦਾ
## ਸਿੱਖਿਆ ਸਕੱਤਰ ਵੱਲੋਂ 50 ਪ੍ਰਤੀਸ਼ਤ ਅੰਕਾਂ ਦੀ ਸ਼ਰਤ ਮੁੜ ਵਿਚਾਰਨ ਦਾ ਵਾਅਦਾ : ਪਾਇਲਟ, ਵਲਟੋਹਾ

ਜਲੰਧਰ (ਰਾਜੇਸ਼ ਥਾਪਾ)- ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਹੈਡਮਾਸਟਰ ਤੇ ਲੈਕਚਰਾਰ ਤੋਂ ਬਤੌਰ ਪ੍ਰਿੰਸੀਪਲ 75% ਪ੍ਰਮੋਸ਼ਨ ਕੋਟੇ ਦੇ ਅਧਾਰ ਤਰੱਕੀਆਂ ਕੀਤੀਆਂ ਜਾ ਰਹੀਆਂ ਹਨ, ਜੋ ਕਿ ਸਵਾਗਤ ਯੋਗ ਫੈਸਲਾ ਹੈ।ਪਰੰਤੂ ਤਰੱਕੀ ਕਰਨ ਲਈ ਅਕਾਦਮਿਕ ਡਿਗਰੀ ਵਿੱਚੋਂ 50% ਅੰਕ ਪ੍ਰਾਪਤ ਕਰਨ ਦੀ ਸ਼ਰਤ ਨਾਜਾਇਜ਼ ਹੈ।ਇਸ ਸਬੰਧੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦਾ ਵਫ਼ਦ ਸੂਬਾ ਸਕੱਤਰ ਜਿੰਦਰ ਪਾਇਲਟ, ਸਲਾਹਕਾਰ ਬਲਕਾਰ ਸਿੰਘ ਵਲਟੋਹਾ ਤੇ ਰੋਪੜ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਚੌਂਤਾ ਦੇ ਅਧਾਰਤ ਸਿੱਖਿਆ ਸਕੱਤਰ ਅਨੰਦਿਤਾ ਮਿੱਤਰਾ ਅਤੇ ਡਾਇਰੈਕਟਰ ਸੈਕੰਡਰੀ ਸਿੱਖਿਆ ਗੁਰਿੰਦਰ ਸਿੰਘ ਸੋਢੀ ਨੂੰ ਯੂਨੀਅਨ ਵੱਲੋਂ ਇੱਕ ਲਿਖਤੀ ਪੱਤਰ ਲੈ ਕੇ ਮਿਲਿਆ। ਜਿਸ ਤੇ ਡਾਇਰੈਕਟਰ ਸੈਕੰਡਰੀ ਸਿੱਖਿਆ ਵੱਲੋਂ ਨਿੱਜੀ ਸਹਿਮਤੀ ਦਿੰਦਿਆਂ ਕਿਹਾ ਗਿਆ ਕਿ ਮੈਂ ਉੱਚ ਅਧਿਕਾਰੀਆਂ ਨੂੰ ਭੇਜਾਂਗਾ।ਇਸ ਉਪਰੰਤ ਵਫ਼ਦ ਵੱਲੋਂ ਬਾਅਦ ਦੁਪਹਿਰ ਸਿੱਖਿਆ ਸਕੱਤਰ ਦੇ ਦਫ਼ਤਰ ਵਿਖੇ ਉਹਨਾਂ ਨੂੰ ਮਿਲਿਆ।ਯੂਨੀਅਨ ਦੇ ਇਸ ਇੱਕੋ ਇੱਕ ਮੰਗ ਵਾਲੇ ਪੱਤਰ ਨੂੰ ਪੜ੍ਹਨ ਤੇ ਸਿੱਖਿਆ ਸਕੱਤਰ ਨਾਲ ਇਸ ਵਿਸ਼ੇ ਤੇ ਕਾਫੀ ਵਿਚਾਰ ਵਟਾਂਦਰਾ ਹੋਇਆ।ਇਸ ਉਪਰੰਤ ਉਹਨਾਂ ਵੱਲੋਂ ਭਰੋਸਾ ਦਿੱਤਾ ਗਿਆ ਕਿ 50 ਪ੍ਰਤੀਸ਼ਤ ਵਾਲੀ ਮੱਦ ਨੂੰ ਮੁੜ ਵਿਚਾਰਿਆ ਜਾਵੇਗਾ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਯੂਨੀਅਨ ਸਕੱਤਰ ਜਿੰਦਰ ਪਾਇਲਟ ਨੇ ਦੱਸਿਆ ਕਿ ਇਹਨਾਂ ਵਿਭਾਗੀ ਤਰੱਕੀਆਂ ਸਮੇਂ ਪਹਿਲੀ ਵਾਰ ਇਹ ਸ਼ਰਤ



ਲਾਈ ਗਈ ਹੈ ਕਿ ਸੀਨੀਆਰਤਾ ਦੇ ਪੱਧਰ ਤੇ ਪ੍ਰਿੰਸੀਪਲ ਬਣ ਰਹੇ ਹੈਡਮਾਸਟਰ/ਲੈਕਚਰਾਰ ਦੀਆਂ ਸਬੰਧਤ ਅਕਾਦਮਿਕ ਡਿਗਰੀਆਂ ਵਿੱਚ ਪ੍ਰਾਪਤ ਅੰਕ 50% ਤੋਂ ਘੱਟ ਨਹੀਂ ਹੋਣੇ ਚਾਹੀਦੇ।ਇਸ ਤਰ੍ਹਾਂ ਲੰਬੇ ਸਮੇਂ ਤੋਂ ਤਰੱਕੀ ਦੀ ਉਡੀਕ ਵਿੱਚ ਬੈਠੇ ਬਹੁਤ ਸਾਰੇ ਲੈਕਚਰਾਰ/ਹੈਡਮਾਸਟਰ ਤਰੱਕੀ ਤੋਂ ਵਾਂਝੇ ਰਹਿ ਜਾਣਗੇ,ਕਿਉਂਕਿ ਅੱਜ ਤੋਂ 25-30 ਸਾਲ ਪਹਿਲਾਂ ਪ੍ਰਾਪਤ ਅਕਾਦਮਿਕ ਡਿਗਰੀਆਂ ਵਿੱਚ ਅਕਸਰ ਅੰਕ ਘੱਟ ਪ੍ਰਾਪਤ ਹੁੰਦੇ ਸਨ।

## ਕੁੱਟਮਾਰ ਕਰਨ 'ਤੇ ਮੁਲਜ਼ਮ ਦੇ ਭਰਾ ਤੇ ਭਰਜਾਈ ਖਿਲਾਫ ਮਾਮਲਾ ਦਰਜ

ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)- ਪਿੰਡ ਦੇਹਰੀਵਾਲ ਵਿਖੇ ਇੱਕ ਵਿਅਕਤੀ ਨਾਲ ਕੁਟਮਾਰ ਕਰਨ ਦੇ ਦੋਸ਼ ਅਧੀਨ ਟਾਂਡਾ ਪੁਲਸ ਨੇ ਉਸ ਦੇ ਭਰਾ ਅਤੇ ਭਰਜਾਈ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਕੁੱਟਮਾਰ ਦਾ ਸ਼ਿਕਾਰ ਹੋਏ ਮਲਕੀਤ ਸਿੰਘ ਪੁੱਤਰ ਸੰਤੋਖ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਉਸ ਦੇ ਭਰਾ ਵਿਸਾਖਾ ਸਿੰਘ ਤੇ ਉਸ ਦੀ ਪਤਨੀ ਕਮਲਜੀਤ ਕੌਰ ਦੇ ਖਿਲਾਫ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਗਏ ਬਿਆਨਾਂ ਵਿੱਚ ਮਲਕੀਤ ਸਿੰਘ ਨੇ ਦੱਸਿਆ ਕਿ ਪੁਰਾਣੀ ਰੰਜਿਸ਼ ਦੇ ਚਲਦਿਆਂ ਉਸ ਦੇ ਭਰਾ ਤੇ ਭਰਜਾਈ ਨੇ ਉਸ ਨੂੰ ਲੋਹੇ ਦੀ ਰਾਡ ਤੇ ਹੋਰ ਮਾਰੂ ਹਥਿਆਰਾਂ ਨਾਲ ਕੁੱਟਮਾਰ ਕਰਦੇ ਹੋਏ ਜ਼ਖਮੀ ਕਰ ਦਿੱਤਾ। ਟਾਂਡਾ ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤੇ ਇਸ ਮਾਮਲੇ ਦੀ ਜਾਂਚ ਪੜਤਾਲ ਏ ਐੱਸ ਆਈ ਸਰਬਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

## ਸਵੈ-ਇੱਛਾ ਨਾਲ ਕੀਤਾ ਖ਼ੂਨਦਾਨ ਹੀ ਮਹਾਂਦਾਨ : ਡਾ. ਕੇ ਪੀ ਸਿੰਘ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਸਵੈ ਇੱਛਾ ਨਾਲ ਕੀਤਾ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ। ਜਦੋਂ ਵੀ ਆਪਣੇ ਖ਼ੂਨਦਾਨ ਨਾਲ ਕਿਸੇ ਕੀਮਤੀ ਜਾਨ ਦੇ ਬੱਚ ਜਾਣ ਦਾ ਅਹਿਸਾਸ ਹੁੰਦਾ ਹੈ ਤਾਂ ਮਾਨਸਿਕ ਸਕੂਨ ਮਿਲਦਾ ਹੈ। ਮਨੁੱਖ ਦੇ ਖ਼ੂਨ ਦਾ ਸੰਸਾਰ ਵਿਚ ਕੋਈ ਬਦਲ ਨਹੀਂ ਹੈ, ਲੋੜ ਪੈਣ ਤੇ ਖ਼ੂਨਦਾਨੀ ਵੱਲੋ ਦਿੱਤਾ ਖ਼ੂਨਦਾਨ ਹੀ ਇਨਸਾਨ ਦੀ ਜਾਨ ਬਚਾਉਣ ਦੇ ਕੰਮ



ਆਉਦਾ ਹੈ। ਤੰਦਰੁਸਤ ਆਮ ਇਨਸਾਨ ਆਪਣੇ ਜੀਵਨ ਵਿਚ ਬਾਰ ਬਾਰ ਨਿਰਧਾਰਤ ਸਮੇਂ ਦੌਰਾਨ ਖ਼ੂਨਦਾਨ ਕਰ ਸਕਦਾ ਹੈ।ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਡਾ.ਕੇ.ਪੀ ਸਿੰਘ ਸੀਨੀਅਰ ਮੈਡੀਕਲ ਅਫਸਰ ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਨੇ ਸਵੈ ਇੱਛਾ ਨਾਲ ਖ਼ੂਨਦਾਨ ਕਰਨ ਵਾਲਿਆਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਪੰਜਾਬ ਸਟੇਟ ਬਲੱਡ ਕੌਂਸਲ ਦੇ ਨਿਰਦੇਸ਼ਾ ਅਨੁਸਾਰ ਭਾਈ ਜੈਤਾ ਜੀ ਸਿਵਲ ਹਸਪਤਾਲ ਵਿਖੇ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਰਾਸ਼ਟਰੀ ਸਵੈ ਇੱਛੁਕ ਖ਼ੂਨਦਾਨ ਦਿਵਸ ਮਨਾਇਆ ਗਿਆ। ਲਗਾਤਾਰ ਖ਼ੂਨਦਾਨ ਕਰਨ ਵਾਲੇ ਨੌਜਵਾਨਾ ਨੂੰ ਸਨਮਾਨਤ ਕੀਤਾ ਗਿਆ।ਇਸ ਤੋਂ ਬਾਅਦ ਸਿੱਖ ਮਿਸ਼ਨਰੀ ਕਾਲਜ ਦੇ ਵਿਦਿਆਰਥੀਆਂ ਅਤੇ ਡਾ.ਦਿਆਲ ਸਿੰਘ ਮੈਮੋਰੀਅਲ ਸਕੂਲ ਆਫ ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਖ਼ੂਨਦਾਨ ਸਬੰਧੀ ਪ੍ਰੇਰਿਤ ਕਰਨ ਲਈ ਇਕ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਨੂੰ ਸੀਨੀਅਰ ਮੈਡੀਕਲ ਅਫਸਰ ਡਾ. ਕੇ.ਪੀ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਤੇ ਉਨ੍ਹਾਂ ਕਿਹਾ ਕਿ ਸਵੈ-ਇੱਛਾ ਨਾਲ ਕੀਤਾ ਗਿਆ ਖ਼ੂਨਦਾਨ ਹੀ ਮਹਾਂਦਾਨ ਹੈ।

## ਸ੍ਰੀ ਕੇਸਗੜ੍ਹ ਸਾਹਿਬ ਤੋਂ ਪ੍ਰਭਾਤ ਫੇਰੀਆਂ ਅੱਜ ਤੋਂ ਆਰੰਭ ਹੋਣਗੀਆਂ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਹਿਬ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਅੱਜ 3 ਅਕਤੂਬਰ ਸ਼ੁੱਕਰਵਾਰ ਤੋਂ ਆਰੰਭ ਹੋ ਰਹੀਆਂ



ਹਨ ।ਇਸ ਬਾਰੇ ਜਾਣਕਾਰੀ ਦਿੰਦਿਆਂ ਪ੍ਰਭਾਤ ਫੇਰੀਆਂ ਦੇ ਮੁਖ ਪ੍ਰਬੰਧਕ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਦੱਸਿਆ ਕਿ ਪ੍ਰਭਾਤ ਫੇਰੀ ਸਵੇਰੇ 5 ਵਜੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਹੋਇਆ ਕਰੇਗੀ ਅਤੇ 8 ਵਜੇ ਵਾਪਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਵੇਗੀ ।ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਦੀ ਪ੍ਰਭਾਤ ਫੇਰੀ ਪਿੰਡ ਮਾਜਰੀ ਤੋਂ ਸ਼ੁਰੂ ਹੋ ਕੇ ਪਿੰਡ ਕੋਟ ਬਾਲਾ ਆਸ ਪੁਰ ਅਵਾਨ ਕੋਟ ਅਤੇ ਆਲੋਵਾਲ ਪਿੰਡਾਂ ਵਿੱਚ ਜਾਵੇਗੀ । ਉਨ੍ਹਾਂ ਦੱਸਿਆ ਕਿ ਇਸ ਮੌਕੇ ਬੀਬੀਆਂ ਅਤੇ ਸਿੰਘਾਂ ਦੇ ਕੀਰਤਨੀ ਜਥੇ ਸ਼ਾਮਲ ਹੋਣਗੇ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਜੀਵਨ ਨਾਲ ਸਬੰਧਤ ਗੁਰਮਤਿ ਵਿਚਾਰਾਂ ਵੀ ਕੀਤੀਆਂ ਜਾਣਗੀਆਂ।

## ਖਸਤਾ ਹਾਲਤ ਸੜਕਾਂ ਦੇ ਸੁਧਾਰ ਲਈ ਸਰਕਾਰ ਵੱਲੋਂ ਕਰੋੜਾਂ ਰੁਪਏ ਜਾਰੀ : ਰਾਜਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਆਮ ਆਦਮੀ ਪਾਰਟੀ ਦੇ ਸੂਬਾਈ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਪਿੰਡ ਟਾਹਲੀ ਤੋਂ ਅਕਬਰਪੁਰ ਬੇਗੋਵਾਲ ਜਾਣ ਵਾਲੀ ਸੰਪਰਕ ਸੜਕ ਦੀ ਮੁਰੰਮਤ ਦੇ ਕਾਰਜ ਦਾ ਉਦਘਾਟਨ ਕੀਤਾ। ਇਸ ਮੌਕੇ ਵਿਧਾਇਕ ਜਸਬੀਰ ਸਿੰਘ ਰਾਜਾ



ਨੇ ਦੱਸਿਆ ਕਿ ਕਰੀਬ 83 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੀ ਇਸ ਸੜਕ ਦੀ ਮੁਰੰਮਤ ਦੇ ਕਾਰਨ ਇਲਾਕਾ ਨਿਵਾਸੀਆਂ ਨੂੰ ਵੱਡੀ ਸਹੂਲਤ ਮਿਲੇਗੀ।ਉਹਨਾਂ ਦੱਸਿਆ ਕਿ ਬੀਤੇ ਸਮੇਂ ਦੌਰਾਨ ਹੋਈ ਬਰਸਾਤ ਦੇ ਕਾਰਨ ਬੇਟ ਖੇਤਰ ਅਤੇ ਟਾਂਡਾ ਇਲਾਕੇ ਦੀਆਂ ਸੜਕਾਂ ਨੁਕਸਾਨੀਆਂ ਗਈਆਂ ਸਨ ਜਿਸ ਦੌਰਾਨ ਪੰਜਾਬ ਸਰਕਾਰ ਨੇ ਤੁਰੰਤ ਹੀ ਇਨਾਂ ਸੰਪਰਕ ਸੜਕਾਂ ਦੀ ਹਾਲਤ ਸੁਧਾਰ ਵਾਸਤੇ ਕਰੋੜਾਂ ਰੁਪਏ ਜਾਰੀ ਕੀਤੇ। ਉਨਾਂ ਹੋਰ ਦੱਸਿਆ ਕਿ ਇਲਾਕੇ ਦੀਆਂ ਖਸਤਾ ਹਾਲਤ ਹੋਰਨਾਂ ਸੜਕਾਂ ਦੀ ਹਾਲਤ ਸੁਧਾਰਨ ਵਾਸਤੇ ਵੀ ਸਰਕਾਰ ਵੱਲੋਂ ਪੰਜਾਬ ਮੰਡੀ ਬੋਰਡ ਅਧੀਨ ਫੰਡ ਜਾਰੀ ਕੀਤੇ ਜਾ ਰਹੇ ਹਨ ਅਤੇ ਖਰਾਬ ਹੋਈਆਂ ਸਾਰੀਆਂ ਹੀ ਸੜਕਾਂ ਦੀ ਹਾਲਤ ਸੁਧਾਰੀ ਜਾਵੇਗੀ। ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਪਿੰਡ ਟਾਹਲੀ ਅਤੇ ਇਕੱਤਰ ਹੋਏ ਹੋਰਨਾਂ ਪਿੰਡਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਸਮੱਸਿਆਵਾਂ ਦੇ ਹੱਲ ਲਈ ਸਬੰਧਿਤ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਸਮਾਗਮ ਦੌਰਾਨ ਪਿੰਡ ਟਾਹਲੀ ਨਿਵਾਸੀਆਂ ਵੱਲੋਂ ਵਿਧਾਇਕ ਜਸਵੀਰ ਸਿੰਘ ਰਾਜਾ ਅਤੇ ਹੋਰਨਾਂ ਸ਼ਖਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਆਪ ਆਗੂ ਸਰਪੰਚ ਕੁਲਵਿੰਦਰ ਸਿੰਘ ਬੱਬਲ, ਸਰਪੰਚ ਜਸਵੰਤ ਸਿੰਘ ਬਿੱਟੂ ਜਲਾਲਪੁਰ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ, ਐਸ ਡੀ.ਓ ਅਮਰੀਕ ਸਿੰਘ,ਜੇ.ਈ ਚਰਨਜੀਤ ਸਿੰਘ, ਬਲਾਕ ਪ੍ਰਧਾਨ ਲਖਬੀਰ ਸਿੰਘ ਚੌਹਾਨਾ ਆਦਿ ਵੀ ਹਾਜ਼ਰ ਸਨ।

## ਦਰੀਆ ਵਿਖੇ ਨਗਰ ਕੀਰਤਨ ਸਜਾਇਆ



ਅੱਡਾ ਸਰਾਂ (ਜਸਵੀਰ ਕਾਜਲ)-ਪਿੰਡ ਦਰੀਆ ਵਿਖੇ ਧੰਨ ਧੰਨ ਗੁਰੂ ਤੇਗ ਬਹਾਦਰ ਸਾਹਿਬ ਅਤੇ ਗੁਰੂ ਜੀ ਦੇ ਪਿਆਰੇ ਗੁਰਸਿੱਖ ਭਾਈ ਸਤੀ ਦਾਸ ,ਭਾਈ ਮਤੀ ਦਾਸ ,ਭਾਈ ਦਿਆਲਾ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਖਾਲਸਾਈ ਸ਼ਾਨੋ ਸ਼ੌਕਤ ਨਾਲ ਸਜਾਇਆ ਗਿਆ।ਨਗਰ ਕੀਰਤਨ ਦੀ ਆਰੰਭਤਾ ਡੇਰਾ ਕੁੱਲੀ ਬਾਬਾ ਖੁਸ਼ਦਿਲ ਨਿਰਮਲੇ ਦਰੀਆ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਮੱਖਣ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਪਿੰਡ ਦਰੀਆ ਤੋਂ ਕੀਤੀ, ਉਪਰੰਤ ਪਿੰਡ ਕੰਧਾਲਾ ਜੱਟਾਂ, ਬਾਬਕ, ਘੋੜਾਵਾਹਾ ਤੋਂ ਹੁੰਦੇ ਹੋਏ ਨਗਰ ਦਰੀਆ ਵਿੱਚ ਸੰਪੂਰਨਤਾ ਕੀਤੀ ਗਈ।ਇਸ ਮੌਕੇ ਪੰਥ ਦੇ ਮਹਾਨ ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ।

## ਟਾਂਡਾ ਹਾਊਸ ਵੱਲੋਂ ਸਫ਼ਾਈ ਕਰਮਚਾਰੀਆਂ ਦੇ ਨਿਜੀਕਰਨ ਸੰਬੰਧੀ ਮਤਾ ਰੱਦ

ਅੱਡਾ ਸਰਾ /ਟਾਂਡਾ ਉੜਮੁੜ (ਜਸਵੀਰ ਕਾਜਲ , ਓਂਕਾਰ ਸਿੰਘ) - ਨਗਰ ਕੌਂਸਲ ਟਾਂਡਾ



ਉੜਮੁੜ ਹਾਊਸ ਦੀ ਮੀਟਿੰਗ ਨਗਰ ਕੌਂਸਲ ਦਫਤਰ ਵਿਚ ਹੋਈ। ਇਸ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਦੇ ਨਿਜੀਕਰਨ ਲਈ ਲਿਆਂਦਾ ਗਿਆ ਮਤਾ ਅਤੇ ਇਸ ਨਾਲ ਸੰਬੰਧਿਤ ਹੋਰ ਸਾਰੇ ਮਤਿਆਂ ਨੂੰ ਆਮ ਬਹੁਮਤ ਨਾਲ ਰੱਦ ਕਰ ਦਿੱਤਾ ਗਿਆ। ਲੰਬੇ ਸਮੇਂ ਤੋਂ ਇਸੇ ਮੰਗ ਨੂੰ ਲੈ ਕੇ ਹੜਤਾਲ ਕਰ ਰਹੇ ਸਫਾਈ ਕਰਮਚਾਰੀਆਂ ਦੀ ਮੌਜੂਦਗੀ ਵਿਚ ਪ੍ਰਧਾਨ ਨਗਰ ਕੌਂਸਲ ਟਾਂਡਾ ਗੁਰਸੇਵਕ ਮਾਰਸ਼ਲ ਨੇ ਦੱਸਿਆ ਕਿ ਸਫਾਈ ਕਰਮਚਾਰੀਆਂ ਦੇ ਨਿੱਜੀਕਰਨ ਦੇ ਰਸਤੇ ਖੋਲ੍ਹਦਾ ਇਹ ਮਤਾ ਲਾਗੂ ਹੋਣ ਤੋਂ ਪਹਿਲਾਂ ਜਨਰਲ ਹਾਊਸ ਵਿਚ ਪਾਸ ਹੋਣਾ ਜ਼ਰੂਰੀ ਸੀ। ਲੇਕਿਨ ਨਗਰ ਕੌਂਸਲ ਟਾਂਡਾ ਦੇ ਜਨਰਲ ਹਾਊਸ ਨੇ ਆਮ ਬਹੁਮਤ ਨਾਲ ਇਸ ਮਤੇ ਨੂੰ ਰੱਦ ਕਰਦਿਆਂ ਹੜਤਾਲੀ ਸਫਾਈ ਕਰਮਚਾਰੀਆਂ ਦੇ ਪੱਖ ਵਿੱਚ ਆਪਣੀ ਜਿੰਮੇਵਾਰੀ ਨਿਭਾਈ ਹੈ। ਇਸ ਦੌਰਾਨ ਉਨ੍ਹਾਂ ਨਾਲ ਹੋਰਨਾਂ ਤੋਂ ਇਲਾਵਾ ਕੌਂਸਲਰ ਰਾਜੇਸ਼ ਲਾਡੀ, ਰਾਕੇਸ਼ ਬਿੱਟੂ, ਨੰਬਰਦਾਰ ਜਗਜੀਵਨ ਜੱਗੀ, ਜਸਵਿੰਦਰ ਕਾਕਾ, ਕ੍ਰਿਸ਼ਨ ਬਿੱਟੂ, ਬਲਦੇਵ ਰਾਜ, ਪੰਕਜ ਸਚਦੇਵਾ, ਆਸ਼ੂ ਵੈਦ, ਗੁਰਪ੍ਰੀਤ ਸਚਦੇਵਾ, ਸਤਵੰਤ ਜੱਗੀ, ਕਮਲੇਸ਼ ਕੁਮਾਰੀ, ਕੁਲਜੀਤ ਬਿੱਟੂ, ਨਰਿੰਦਰ ਕੌਰ , ਦਵਿੰਦਰ ਬਿੱਲੂ ਆਦਿ ਮੌਜੂਦ ਸਨ । ਇਸ ਦੌਰਾਨ ਸਫਾਈ ਸੇਵਕਾਂ ਦੀ ਜਥੇਬੰਦੀ ਨੇ ਕੌਂਸਲ ਪ੍ਰਧਾਨ ਅਤੇ ਕਾਂਗਰਸੀ ਕੌਂਸਲਰਾਂ ਦਾ ਧੰਨਵਾਦ ਕੀਤਾ।

## ਮਧੂ ਮੱਖੀ ਪਾਲਣ ਸਿਖਲਾਈ ਕੋਰਸ ਦਾ ਆਯੋਜਨ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਬਾਹੋਵਾਲ ਵੱਲੋਂ 'ਮਧੂ ਮੱਖੀ ਪਾਲਣ' ਸਬੰਧੀ ਸਿਖਲਾਈ ਕੋਰਸ ਦਾ ਆਯੋਜਨ 24 ਤੋਂ 30 ਸਤੰਬਰ 2025 ਤੱਕ ਕੀਤਾ ਗਿਆ। ਇਹ ਸਿਖਲਾਈ ਕੋਰਸ ਖਾਸਕਰ ਸੀਮਾ ਸੁਰੱਖਿਆ ਬੱਲ ਦੇ ਜਵਾਨਾਂ ਲਈ ਲਗਾਇਆ ਗਿਆ ਸੀ। ਸਿਖਿਆਰਥੀਆਂ ਨਾਲ ਰੂ-ਬ-ਰੂ ਹੁੰਦਿਆਂ ਪੀ ਏ ਯੂ ਕ੍ਰਿਸ਼ੀ ਵਿਗਿਆਨ ਕੇਂਦਰ ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਸੇਵਾਵਾਂ ਬਾਰੇ ਜਾਣੂੰ ਕਰਵਾਇਆ ਅਤੇ ਮਧੂ ਮੱਖੀ ਪਾਲਣ ਦੀ ਸਹਾਇਕ ਕਿੱਤੇ ਵਜੋਂ ਮਹੱਤਤਾ ਬਾਰੇ ਚਾਨਣਾ ਪਾਇਆ।ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਸਹਾਇਕ ਪ੍ਰੋਫ਼ੈਸਰ (ਪੌਦ ਸੁਰੱਖਿਆ) ਡਾ. ਪ੍ਰਭਜੋਤ ਕੌਰ ਨੇ ਮਧੂ ਮੱਖੀ ਪਾਲਣ ਦੀ ਮੁੱਢਲੀ ਜਾਣਕਾਰੀ, ਮਧੂ-ਮੱਖੀ ਕਟੁੰਬਾਂ ਦੀ ਮੌਸਮੀ ਸਾਂਭ-ਸੰਭਾਲ, ਸ਼ਹਿਦ ਕੱਢਣਾ, ਸ਼ਹਿਦ ਮੱਖੀਆਂ ਦੇ ਦੁਸ਼ਮਣ ਤੇ ਕੀੜਿਆਂ ਦੀ ਰੋਕਥਾਮ ਅਤੇ ਸ਼ਹਿਦ ਮੱਖੀਆਂ ਤੋਂ ਮਿਲਣ ਵਾਲੇ ਪਦਾਰਥਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸਹਾਇਕ ਪ੍ਰੋਫ਼ੈਸਰ (ਗ੍ਰਹਿ ਵਿਗਿਆਨ) ਡਾ. ਸੁਖਦੀਪ ਕੌਰ ਨੇ ਸ਼ਹਿਦ ਦੀ ਖੁਰਾਕੀ ਮਹੱਤਤਾ 'ਤੇ ਇਸ ਦੇ ਮੁੱਲ ਵਾਧੇ ਬਾਰੇ ਦੱਸਿਆ ਗਿਆ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਤਿਉਹਾਰਾਂ ਦੇ ਮੱਦੇਨਜ਼ਰ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ

ਬਲਾਚੌਰ (ਜਸਵਿੰਦਰ ਬੈਂਸ)-ਤਿਉਹਾਰਾਂ ਦੇ ਮੱਦੇਨਜ਼ਰ ਜ਼ਿਲਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਜ਼ਿਲੇ ਵਿਚ ਪਟਾਖੇ ਚਲਾਉਣ ਲਈ ਸਮਾਂ ਨਿਰਧਾਰਤ ਕਰਦਿਆਂ ਕਿਹਾ ਕਿ ਤੈਅ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿਚ ਪਟਾਖੇ ਚਲਾਉਣ 'ਤੇ ਪਾਬੰਦੀ ਰਹੇਗੀ। ਜ਼ਿਲਾ ਮੈਜਿਸਟ੍ਰੇਟ ਨੇ ਇਸ ਸੰਬੰਧੀ ਹੁਕਮ ਜਾਰੀ ਕਰਦਿਆਂ ਕਿਹਾ ਕਿ ਜ਼ਿਲੇ ਦੀ ਹਦੂਦ ਅੰਦਰ ਦੁਸਹਿਰਾ, ਦੀਵਾਲੀ ਕ੍ਰਿਸਮਿਸ ਅਤੇ ਨਵੇਂ ਸਾਲ ਤੋਂ ਇਲਾਵਾ ਗੁਰਪੁਰਬ ਮੌਕੇ ਵੀ ਪਟਾਖੇ ਚਲਾਉਣ ਲਈ ਸਮਾਂ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਦੁਸਹਿਰਾ ਵਾਲੇ ਦਿਨ ਸ਼ਾਮ 06:00 ਵਜੇ ਤੋਂ 07:00 ਵਜੇ ਤੱਕ ਦੁਸਹਿਰਾ ਗਰਾਊਂਡ ਤੇ ਦੁਸਹਿਰਾ ਮਨਾਉਣ ਵਾਲੀਆਂ ਥਾਵਾਂ 'ਤੇ ਪਟਾਖੇ ਚਲਾਏ ਜਾ ਸਕਣਗੇ। ਇਸੇ ਤਰ੍ਹਾਂ ਦਿਵਾਲੀ ਮੌਕੇ ਸ਼ਾਮ 08:00 ਵਜੇ ਤੋਂ ਰਾਤ 10:00 ਵਜੇ ਤੱਕ ਹੀ ਪਟਾਖੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕ੍ਰਿਸਮਿਸ ਅਤੇ ਨਵੇਂ ਸਾਲ ਦੀ ਦਰਮਿਆਨੀ ਰਾਤ ਨੂੰ ਰਾਤ ਦੇ 11:55 ਵਜੇ ਤੋਂ 12:30 ਵਜੇ ਤੱਕ ਪਟਾਖੇ ਚਲਾਏ ਜਾ ਸਕਣਗੇ। ਜਾਰੀ ਹੁਕਮਾਂ ਅਨੁਸਾਰ ਗੁਰਪੁਰਬ ਮੌਕੇ ਸਵੇਰੇ ਇੱਕ ਘੰਟੇ ਲਈ 04:00 ਤੋਂ 05:00 ਵਜੇ ਤੱਕ ਅਤੇ ਰਾਤ ਨੂੰ 09:00 ਵਜੇ ਤੋਂ 10:00 ਵਜੇ ਤੱਕ ਪਟਾਖੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਜ਼ਿਲਾ ਮੈਜਿਸਟ੍ਰੇਟ ਨੇ ਕਿਹਾ ਕਿ ਉਕਤ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿਚ ਪਟਾਖੇ ਚਲਾਉਣ 'ਤੇ ਪੂਰਨ ਪਾਬੰਦੀ ਰਹੇਗੀ। ਇਸੇ ਤਰ੍ਹਾਂ ਦੁਸਹਿਰਾ ਕਮੇਟੀਆਂ ਵੱਲੋਂ ਉਪ ਮੰਡਲ ਮੈਜਿਸਟ੍ਰੇਟ ਪਾਸੋਂ ਪ੍ਰਵਾਨਗੀ ਲੈਣ ਉਪਰੰਤ ਹੀ ਦੁਸਹਿਰਾ ਆਰਗੇਨਾਈਜ ਕੀਤਾ ਜਾਵੇਗਾ। ਦੁਸਹਿਰਾ ਗਰਾਊਂਡ/ਸਥਾਨ ਵਿਖੇ ਪਟਾਖੇ ਚਲਾਉਣ ਵਾਲੀ ਥਾਂ 30 ਮੀਟਰ ਦੇ ਘੇਰੇ ਤੋਂ ਦੂਰ ਹੋਵੇਗੀ। ਜਾਰੀ ਹੁਕਮਾਂ ਅਨੁਸਾਰ ਸਾਈਲੈਂਸ ਜੋਨ ਜਿਵੇਂ ਕਿ ਹਸਪਤਾਲ, ਸਿੱਖਿਆ ਸੰਸਥਾਵਾਂ, ਅਦਾਲਤਾਂ ਅਤੇ ਧਾਰਮਿਕ ਸਥਾਨਾਂ ਆਦਿ ਦੇ 100 ਮੀਟਰ ਦੇ ਘੇਰੇ ਅੰਦਰ ਪਟਾਖੇ ਚਲਾਉਣ ਦੀ ਇਜਾਜ਼ਤ ਨਹੀਂ ਹੋਵੇਗੀ।


## ਪੁਰਾਣੀ ਪੈਨਸ਼ਨ ਬਹਾਲੀ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ



ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ ਅੱਜ 1 ਅਕਤੂਬਰ ਨੂੰ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ ਤੇ ਤਹਿਸੀਲ ਫਗਵਾੜਾ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ ਤੇ ਰੱਖੀ ਗਈ ਜਿਸ ਵਿੱਚ ਜਸਬੀਰ ਸੈਣੀ, ਜਸਬੀਰ ਭੰਗੂ, ਦਲਜੀਤ ਸੈਣੀ, ਪਰਮਿੰਦਰ ਪਾਲ ਸਿੰਘ, ਰਵਿੰਦਰ ਕੁਮਾਰ, ਰਛਪਾਲ ਸਿੰਘ, ਪਰਮਜੀਤ ਚੌਹਾਨ, ਰਤਨ ਸਿੰਘ ਗੁਰਾਇਆ, ਕੁਲਦੀਪ ਸਿੰਘ ਕੌੜਾ, ਸ਼ਮਿੰਦਰ ਪਾਲ ਸਿੰਘ, ਮੀਨਾ ਪ੍ਰਭਾਕਰ, ਮਨਜਿੰਦਰ ਕੌਰ, ਖੁਸ਼ਦੀਪ ਕੌਰ, ਸੋਨੀਆ ਸੋਨੀ ਅਧਿਆਪਕ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਭੁੱਖ ਹੜਤਾਲ ਤੇ ਬੈਠੇ। ਇਸ ਮੌਕੇ ਅਧਿਆਪਕ ਆਗੂਆਂ ਨੇ ਕਿਹਾ ਕਿ ਜੇਕਰ ਪੁਰਾਣੀ ਪੈਨਸ਼ਨ ਬਹਾਲ ਨਾ ਕੀਤੀ ਗਈ ਤਾਂ 25 ਨਵੰਬਰ ਨੂੰ ਦਿੱਲੀ ਕੂਚ ਕੀਤਾ ਜਾਵੇਗਾ । ਆਗੂਆਂ ਨੇ ਕਿਹਾ ਕਿ ਕਿ ਪਹਿਲਾਂ ਇਹ ਹੜਤਾਲ ਪੰਜ ਸਤੰਬਰ ਨੂੰ ਹੋਣੀ ਸੀ ਪਰ ਹੜ੍ਹਾਂ ਕਾਰਨ ਹੋਏ ਜਾਨੀ ਮਾਲੀ ਨੁਕਸਾਨ ਕਾਰਨ ਇਹ ਮੁਲਤਵੀ ਕਰਕੇ 1 ਅਕਤੂਬਰ ਨੂੰ ਤੈਅ ਕੀਤੀ ਗਈ ।ਇਸ ਮੌਕੇ ਕਰਨੈਲ ਫਿਲੌਰ , ਸਤਵੰਤ ਟੂਰਾ, ਕੁਲਦੀਪ ਸਿੰਘ ਕੌੜਾ, ਜਗਤਾਰ ਸਿੰਘ, ਹੰਸ ਰਾਜ ਬੰਗੜ, ਗੌਰਵ ਰਾਠੌਰ, ਜਸਵਿੰਦਰ ਸਿੰਘ ਫ਼ਗਵਾੜਾ, ਸੁਖਦੇਵ ਸਿੰਘ,ਕੁਲਵਿੰਦਰ ਰਾਏ, ਰਾਮਪਾਲ, ਪਰਮਜੀਤ, ਜਤਿੰਦਰ ਕੁਮਾਰ, ਵਿਕਾਸਦੀਪ, ਰਵਿੰਦਰ ਸਿੰਘ, ਤੀਰਥ ਸਿੰਘ, ਪ੍ਰਮੋਦ ਕੁਮਾਰ ਜੋਸ਼ੀ, ਗੁਰਪਾਲ ਸਿੰਘ, ਮੋਹਨ ਸਿੰਘ ਭੱਟੀ, ਸਤਪਾਲ ਸਿੰਘ ਖਟਕੜ, ਕੁਲਦੀਸ਼ ਕੁਮਾਰ, ਹਰਭਜਨ ਲਾਲ,ਸ਼ਮਿੰਦਰ ਪਾਲ ਸਿੰਘ, ਹਰਭਜਨ ਸਿੰਘ ਬਾਜਵਾ, ਪ੍ਰੇਮ ਖਲਵਾੜਾ, ਜਸਪ੍ਰੀਤ ਕੌਰ, ਸੀਮਾ ਸੈਣੀ, ਅਨੀਤਾ ਦੇਵੀ, ਰਾਮਪਾਲ, ਮਨਪ੍ਰੀਤ ਕੌਰ, ਅਰਜਨਜੀਤ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

## ਅਕਾਲੀ ਵਰਕਰਾਂ 'ਚ ਭਾਰੀ ਉਤਸ਼ਾਹ

ਅੱਡਾ ਸਰਾਂ (ਜਸਵੀਰ ਕਾਜਲ)-ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਲਈ ਜ਼ਿਲਾ ਹੁਸ਼ਿਆਰਪੁਰ ਵਿੱਚ ਪਾਰਟੀ ਦੇ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਵਰਕਰਾਂ 'ਚ ਭਾਰੀ ਉਤਸ਼ਾਹ ਤੇ ਜੋਸ਼ ਪਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਜਿਲਾ ਹੁਸ਼ਿਆਰਪੁਰ ਦੇ ਅੱਡਾ ਸਰਾਂ ਵਿਖੇ ਬਲਜੀਤ ਸਿੰਘ ਕਾਨੂੰਗੋ ਦੇ ਗ੍ਰਹਿ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਨਾਲ



ਮੀਟਿੰਗ ਕਰਨ ਉਪਰੰਤ ਸੀਨੀਅਰ ਟਕਸਾਲੀ ਅਕਾਲੀ ਲੀਡਰ ਮਨਜੀਤ ਸਿੰਘ ਦਸੂਹਾ ਨੇ ਕੀਤਾ । ਉਹਨਾਂ ਕਿਹਾ ਕਿ ਜਿਸ ਤਰਾ ਪਾਰਟੀ ਦੇ ਪੁਰਾਣੇ ਟਕਸਾਲੀ ਅਕਾਲੀ ਲੀਡਰ ਬਾਦਲ ਦਲ ਨੂੰ ਅਲਵਿਦਾ ਕਹਿ ਰਹੇ ਹਨ, ਉਸ ਤੋਂ ਸਪੱਸ਼ਟ ਹੈ ਕਿ ਪੰਜਾਬ ਦੇ ਲੋਕ ਤੇ ਸਿੱਖ ਕੌਮ ਸੁਖਬੀਰ ਸਿੰਘ ਬਾਦਲ ਨੂੰ ਆਪਣਾ ਲੀਡਰ ਨਹੀ ਮੰਨ ਰਹੇ। ਇਸ ਮੌਕੇ ਸਾਬਕਾ ਨੌਜਵਾਨ ਜਿਲਾ ਪ੍ਰੀਸ਼ਦ ਮੈਂਬਰ ਹੁਸ਼ਿਆਰਪੁਰ ਸੁਖਵਿੰਦਰ ਸਿੰਘ ਮੂਨਕ ਨੇ ਕਿਹਾ ਕਿ ਅੱਜ ਜਿਸ ਤਰਾ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਨੂੰ ਆਪ ਮੁਹਾਰੇ ਪੰਜਾਬ ਦੇ ਲੋਕਾਂ ਤੇ ਸਿੱਖ ਕੌਮ ਦਾ ਸਹਿਯੋਗ ਮਿਲ ਰਿਹਾ ਹੈ, ਉਸ ਤੋਂ ਸਪੱਸ਼ਟ ਸੰਕੇਤ ਹਨ ਕਿ ਸਿੱਖ ਕੌਮ ਜਥੇਦਾਰ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਵੱਡੀਆਂ ਪ੍ਰਾਪਤੀਆਂ ਕਰਨ ਲਈ ਤਤਪਰ ਹੈ।

3-OCT-PAGE-10.qxd 10/2/2025 9:13 PM Page 1



## ਪੰਚਮੀ ਦਿਹਾੜੇ ਮੌਕੇ ਖ਼ੂਨਦਾਨ ਕੈਂਪ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਜਾਗਦੇ ਰਹੋ ਕਲੱਬ ਪਟਿਆਲਾ ਨੇ ਪੰਚਮੀ ਦੇ ਪਵਿੱਤਰ ਦਿਹਾੜੇ ਮੌਕੇ ਗੁ: ਦੂਖ ਨਿਵਾਰਨ ਸਾਹਿਬ ਦੇ ਬਾਹਰ ਨੇੜੇ ਸਕੂਟਰ ਸਟੈਂਡ ਵਿਖੇ ਖ਼ੂਨਦਾਨ ਕੈਂਪ ਲਗਾਇਆ।ਜਿਸ ਦਾ ਰਸਮੀ ਉਦਘਾਟਨ ਗੁਰਵਿੰਦਰ ਸਿੰਘ ਲੌਟ ਨੇ ਖ਼ੂਨਦਾਨ ਕਰਕੇ ਕੀਤਾ।ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਜਸਜੀਤ ਸਿੰਘ ਸ਼ਾਹ ਅਤੇ ਮਹਿੰਦਰ ਸਿੰਘ ਸਾਹਨੀ ਸਨੌਰ ਨੇ ਸ਼ਿਰਕਤ ਕੀਤੀ।ਖ਼ੂਨਦਾਨ ਕੈਂਪ ਵਿੱਚ 27 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ।ਇਸ ਮੌਕੇ ਜਸਜੀਤ ਸਿੰਘ ਸ਼ਾਹ ਨੇ ਕਿਹਾ ਕਿ ਤੁਹਾਡਾ ਦਿੱਤਾ ਹੋਇਆ ਖ਼ੂਨ ਅਨੇਕਾਂ ਅਨਮੋਲ ਜ਼ਿੰਦਗੀਆਂ ਬਚਾ ਸਕਦਾ ਹੈ, ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ।ਹਰੇਕ ਤੰਦਰੁਸਤ ਇਨਸਾਨ ਨੂੰ ਖ਼ੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਜਸਜੀਤ ਸਿੰਘ ਸ਼ਾਹ, ਮਹਿੰਦਰ ਸਿੰਘ ਸਾਹਨੀ ਸਨੌਰ, ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਦੀਦਾਰ ਸਿੰਘ ਬੋਸਰ, ਰਣਜੀਤ ਸਿੰਘ ਬੋਸਰ, ਜਗਰੂਪ ਸਿੰਘ ਪੰਜੋਲਾ, ਲਖਮੀਰ ਸਿੰਘ ਸਲੋਟ, ਅਮਰਜੀਤ ਸਿੰਘ ਭਾਂਖਰ, ਰਾਜ ਰਾਣੀ, ਸੁੰਦਰਜੀਤ ਕੌਰ, ਹਰਕ੍ਰਿਸ਼ਨ ਸਿੰਘ ਸੁਰਜੀਤ, ਨਿਰਮਲ ਕੌਰ, ਬਲਜਿੰਦਰਪਾਲ ਸਿੰਘ ਭਾਟੀਆ, ਸੁਖਵਿੰਦਰ ਸਿੰਘ ਬਰਨਾਲਾ, ਤਰਨਵੀਰ ਸਿੰਘ ਮਨੀ ਅਤੇ ਕਰਮਵੀਰ ਸਿੰਘ ਘੇਲ ਹਾਜ਼ਰ ਸਨ।

## 15 ਸਕੂਲ ਮੈਨੇਜਮੈਂਟ ਕਮੇਟੀਆਂ ਦੇ 165 ਮੈਂਬਰਾਂ ਨੂੰ ਟ੍ਰੇਨਿੰਗ




ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ ਸਿੱਖਿਆ) ਯਾਦਵਿੰਦਰ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬੀ ਪੀ ਈ ਓ ਜਗਦੀਪ ਸਿੰਘ ਦੀ ਰਹਿਨੁਮਾਈ ਹੇਠ ਸੈਂਟਰ ਝਬੇਲਵਾਲੀ ਦੇ 15 ਸਕੂਲਾਂ ਦੀਆਂ ਸਕੂਲ ਮੈਨੇਜਮੈਂਟ ਕਮੇਟੀਆਂ ਦੇ 240 ਮੈਂਬਰਾਂ ਨੂੰ ਸਰਕਾਰੀ ਪ੍ਰਾਇਮਰੀ ਸਕੂਲ ਝਬੇਲਵਾਲੀ ਵਿਖੇ ਟ੍ਰੇਨਿੰਗ ਦਿੱਤੀ ਗਈ।ਇਹ ਰਿਸੋਰਸ ਪਰਸਨ ਰਾਜੀਵ ਪਾਹਵਾ ਅਤੇ ਗੁਰਚਰਨ ਸਿੰਘ ਨੇ ਟ੍ਰੇਨਿੰਗ ਦਿੱਤੀ।ਟ੍ਰੇਨਿੰਗ ਬਾਰੇ ਸੈਂਟਰ ਹੈੱਡ ਟੀਚਰ ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਟ੍ਰੇਨਿੰਗ ਵਿਚ ਉਦੇਕਰਨ, ਚੜ੍ਹੇਵਾਨ, ਚੌਂਤਰਾ, ਝਬੇਲਵਾਲੀ, ਡੋਡਾਵਾਲੀ, ਚੱਕ ਗਾਂਧਾ ਸਿੰਘ ਵਾਲਾ, ਤਖ਼ਤ ਮੁਲਾਣਾ ਅਤੇ ਜੰਮੂਆਣਾ ਦੇ ਸਮੂਹ ਕਮੇਟੀ ਮੈਂਬਰਾਨ ਸਾਹਿਬਾਨ ਨੇ ਭਾਗ ਲਿਆ। ਇਸ ਟ੍ਰੇਨਿੰਗ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਮੁਕਤਸਰ 1 ਜਗਦੀਪ ਸਿੰਘ ਨੇ ਟ੍ਰੇਨਿੰਗ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਸਕੂਲ ਮੈਨੇਜਮੈਂਟ ਕਮੇਟੀ ਦਾ ਪਿੰਡ ਦੇ ਸਕੂਲ ਵਿੱਚ ਅਹਿਮ ਸਥਾਨ ਹੁੰਦਾ ਹੈ। ਜਿਥੇ ਪਿੰਡ ਦੇ ਬੱਚਿਆਂ ਨੇ ਆਪਣੇ ਭਵਿੱਖ ਨੂੰ ਰੋਸ਼ਨ ਕਰਨਾ ਹੁੰਦਾ ਹੈ। ਸਾਰੇ ਲੋਕਾਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣੇ ਚਾਹੀਦੇ ਹਨ। ਕਿਉਂਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਹਰ ਤਰ੍ਹਾਂ ਦੀਆਂ ਸਹੂਲਤਾਂ ਮੌਜੂਦ ਹਨ। ਇਸ ਮੌਕੇ ਮੈਂਬਰਾਂ ਤੋਂ ਇਲਾਵਾ ਹੈੱਡਮਾਸਟਰ ਯਾਦਵਿੰਦਰ ਸਿੰਘ, ਅਮਨਦੀਪ ਚੁੱਘ ਲੈਕਚਰਾਰ, ਹੈੱਡਮਾਸਟਰ ਯਾਦਵਿੰਦਰ ਸਿੰਘ, ਰੰਜੀਵ ਕੁਮਾਰ ਲੈਕਚਰਾਰ, ਸ੍ਰੀਮਤੀ ਸ਼ਾਲੂ, ਸੁਖਚਰਨ ਸਿੰਘ, ਗੁਰਪ੍ਰੀਤ ਸਿੰਘ, ਕੁਲਵਿੰਦਰ ਕੌਰ, ਗਗਨਦੀਪ ਕੌਰ, ਗੁਰਪ੍ਰੀਤ ਕੌਰ, ਪੂਜਾ ਰਾਣੀ, ਕਵਲਜੀਤ ਸਿੰਘ, ਮਨਪ੍ਰੀਤ ਸਿੰਘ, ਆਦਿ ਹਾਜ਼ਰ ਸਨ।

## ਮਾਂ ਭਗਵਤੀ ਜਾਗਰਣ ਉਤਸ਼ਾਹ ਤੇ ਸ਼ਰਧਾਪੂਰਵਕ ਕਰਾਇਆ



ਦੋਰਾਹਾ (ਹਰਮਿੰਦਰ ਸੇਠ)-ਪੱਤਰਕਾਰ ਅਮਰੀਸ਼ ਆਨੰਦ ਦੇ ਘਰ ਮਾਂ ਭਗਵਤੀ ਜਾਗਰਣ ਅਤੇ ਭੰਡਾਰਾ ਬੜੇ ਉਤਸ਼ਾਹ ਅਤੇ ਸ਼ਰਧਾ ਪੂਰਵਕ ਕਰਾਇਆ ਗਿਆ।ਮਾਤਾ ਰਾਣੀ ਦੀ ਜੋਤ ਮਾਂ ਨੈਣਾਂ ਦੇਵੀ ਦੇ ਦਰਬਾਰ ਤੋਂ ਲਿਆਂਦੀ ਗਈ। ਮਾਤਾ ਰਾਣੀ ਦੇ ਜਗਰਾਤੇ ਦੇ ਸਬੰਧ ਵਿੱਚ ਸਭ ਤੋਂ ਪਹਿਲਾਂ ਪੂਰੀ ਵਿਧੀ ਵਿਧਾਨ ਨਾਲ ਹਵਨ ਪੂਜਨ ਕਰਾਇਆ।ਉਪਰੰਤ ਚੁੰਨੀ ਚੜ੍ਹਾਉਣ ਅਤੇ ਝੰਡੇ ਦੀ ਰਸਮ ਵੀ ਨਿਭਾਈ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਇੰਟਰਨੈਸ਼ਨਲ ਧਾਰਮਿਕ ਟੀ-ਸੀਰੀਜ਼ ਆਰਟਿਸਟ ਮੀਨੂ ਅਟਵਾਲ, ਮੰਡੀ ਗੋਬਿੰਦਗੜ੍ਹ ਤੋਂ ਸੁਮੇਧ ਸੋਨੂ, ਸੁਖਵਿੰਦਰ ਗਰੇਵਾਲ ਤੇ ਪਰਮਜੀਤ ਧੰਜਲ ਵੱਲੋਂ ਮਾਤਾ ਰਾਣੀ ਦੀਆਂ ਭੇਟਾਂ ਦਾ ਲਗਾਤਾਰ ਗੁਣਗਾਨ ਕਰਕੇ ਆਏ ਸਰੋਤਿਆਂ ਨੂੰ ਕੀਲੀ ਰੱਖਿਆ ਤੇ ਉਨ੍ਹਾਂ ਦੀ ਕਲਾਕਾਰੀ ਨੇ ਆਏ ਸਰੋਤਿਆਂ ਨੂੰ ਸਾਰੀ ਰਾਤ ਨੱਚਣ ਲਈ ਮਜ਼ਬੂਰ ਕਰ ਦਿੱਤਾ। ਸਟੇਜ ਸੈਕਟਰੀ ਦੀ ਭੂਮਿਕਾ ਇੰਟਰਨੈਸ਼ਨਲ ਆਰਟਿਸਟ ਮੈਡਮ ਸੁਖਜੀਤ ਗਰਚਾ ਵਲੋਂ ਬਾਖ਼ੂਬੀ ਨਿਭਾਈ। ਇਸ ਮੌਕੇ ਆਨੰਦ ਪਰਵਾਰ ਤੇ ਪੱਤਰਕਾਰ ਅਮਰੀਸ਼ ਆਨੰਦ ਵੱਲੋਂ ਜ਼ਿਲ੍ਹਾ ਲੁਧਿਆਣਾ ਦੀ ਮੇਅਰ ਤੇ ਆਨੰਦ ਪਰਵਾਰ ਦੀ ਨੂੰਹ ਪ੍ਰਿੰਸੀਪਲ ਇੰਦਰਜੀਤ ਕੌਰ ਤੇ ਰਵੀ ਆਨੰਦ, ਹਿੰਦੂ ਧਰਮਸ਼ਾਲਾ ਦੇ ਪ੍ਰਧਾਨ ਡਾ.ਜੇ ਐਲ ਆਨੰਦ, ਨਗਰ ਕੌਂਸਲ ਦੇ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਹਲਕਾ ਪਾਇਲ ਤੋਂ ਸਾਬਕਾ ਵਿਧਾਇਕ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਨੰਬਰਦਾਰ ਰਾਮ ਪ੍ਰਕਾਸ਼ ਪੱਪੂ, ਕਾਂਗਰਸ ਮੰਡਲ ਪ੍ਰਧਾਨ ਮਨਦੀਪ ਮਾਂਗਟ, ਪੰਜਾਬ ਭਾਜਪਾ ਦੇ ਉਪ ਪ੍ਰਧਾਨ ਬਿਕਰਮਜੀਤ ਸਿੰਘ ਚੀਮਾ, ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਭੁਪਿੰਦਰ ਸਿੰਘ ਚੀਮਾ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਅਮਿੱਟ ਯਾਦਾਂ ਛੱਡਦਾ ਸੰਪੰਨ




ਪਾਤੜਾਂ (ਨਿਸ਼ਾਨ ਸਿੰਘ ਬਟਵਾਲਾ)-ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰਿੰਸੀਪਲ ਗੁਰਵੀਨ ਕੌਰ ਦੀ ਅਗਵਾਈ ਹੇਠ ਐੱਨ ਐੱਸ ਐੱਸ ਵਿਭਾਗ ਵੱਲੋਂ ਪਿੰਡ ਨਿਆਲ ਪਾਤੜਾਂ ਵਿਖੇ ਲਾਇਆ ਗਿਆ। ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਗਿਆ।ਕੈਂਪ ਦੇ ਸਮਾਪਤੀ ਸਮਾਰੋਹ ਦੀ ਸ਼ੁਰੂਆਤ ਸ਼ਬਦ 'ਦੇਹ ਸ਼ਿਵਾ ਬਰ ਮੋਹਿ' ਨਾਲ ਕੀਤੀ ਗਈ।ਪ੍ਰੋਗਰਾਮ ਅਫਸਰ ਜਗਦੀਸ਼ ਸਿੰਘ ਨੇ ਸਮਾਗਮ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਗੁਰਵੀਨ ਕੌਰ ਤੇ ਸਮੂਹ ਸਟਾਫ ਦਾ ਸਮਾਗਮ ਵਿੱਚ ਆਉਣ ਲਈ ਸਵਾਗਤ ਕਰਦੇ ਹੋਏ ਕੈਂਪ ਦੀ ਰਿਪੋਰਟ ਪੇਸ਼ ਕੀਤੀ।ਪ੍ਰਿੰਸੀਪਲ ਗੁਰਵੀਨ ਕੌਰ ਨੇ ਵਲੰਟੀਅਰਜ਼ ਅਤੇ ਪ੍ਰੋਗਰਾਮ ਅਫਸਰ ਸਾਹਿਬਾਨ ਨੂੰ ਕੈਂਪ ਦੀ ਸਫਲਤਾ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਐੱਨ ਐੱਸ ਐੱਸ ਵਲੰਟੀਅਰ ਇਨ੍ਹਾਂ ਕੈਂਪਾਂ ਵਿੱਚੋਂ ਬਹੁਪੱਖੀ ਸਿਖਲਾਈ ਲੈ ਕੇ ਸਮਾਜ ਵਿਚ ਰੋਲ ਮਾਡਲ ਵਜੋਂ ਵਿਚਰਦੇ ਹੋਏ ਸਿੱਖਿਆ ਲਈ ਆਓ ਤੇ ਸੇਵਾ ਲਈ ਜਾਓ ਦੇ ਮਿਸ਼ਨ ਨੂੰ ਪੂਰਾ ਕਰਦੇ ਹਨ।ਇਸ ਮੌਕੇ ਐੱਨ ਐੱਸ ਐੱਸ ਵਲੰਟੀਅਰ ਵੱਲੋਂ ਸੱਭਿਆਚਾਰਕ ਅਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਪ੍ਰੋਗਰਾਮ ਅਫਸਰ ਪ੍ਰੋ ਰੇਨੂ ਰਾਣੀ ਨੇ ਮੰਚ ਦਾ ਸੰਚਾਲਨ ਕਰਦਿਆਂ ਵੱਖ ਵੱਖ ਵਿਸ਼ਿਆਂ ਤੇ ਵਿਚਾਰ ਸਾਂਝੇ ਕੀਤੇ। ਵਧੀਆ ਕਾਰਗੁਜ਼ਾਰੀ ਲਈ ਰਵਿੰਦਰ ਸਿੰਘ ਤੇ ਕੋਮਲ ਨੂੰ ਬੈਸਟ ਵਲੰਟੀਅਰ ਅਤੇ 5 ਨੰਬਰ ਗਰੁੱਪ (ਸਾਡਾ ਪੰਜਾਬ) ਨੂੰ ਬੈਸਟ ਗਰੁੱਪ ਚੁਣਿਆ ਗਿਆ।ਅੰਤ ਵਿੱਚ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਪ੍ਰੋ ਹਰਮੀਤ ਸਿੰਘ ਨੇ ਧੰਨਵਾਦ ਕੀਤਾ।

## ਰੇਲਵੇ ਕਰਮਚਾਰੀਆਂ ਨੇ ਯਾਤਰੀ ਨੂੰ ਗੁਆਚਿਆ ਮੋਬਾਈਲ ਵਾਪਸ ਕੀਤਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਭਾਰਤੀ ਰੇਲਵੇ ਦੇ ਕਰਮਚਾਰੀਆਂ ਦੀ ਇਮਾਨਦਾਰੀ ਤੇ ਤੇਜ਼ ਕਾਰਵਾਈ ਦੀ ਇਕ ਸ਼ਾਨਦਾਰ ਉਦਾਹਰਣ ਸਾਹਮਣੇ ਆਈ ਹੈ।30 ਸਤੰਬਰ ਨੂੰ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਇਕ ਯਾਤਰੀ ਦਾ ਕੀਮਤੀ ਸਮਾਰਟਫੋਨ ਗੁਆਚ ਗਿਆ ਸੀ, ਜੋ ਬਿਨਾਂ ਕਿਸੇ ਦੇਰੀ ਦੇ ਉਸ ਨੂੰ ਵਾਪਸ ਮਿਲ ਗਿਆ। ਇਹ ਘਟਨਾ ਉਦੋਂ ਵਾਪਰੀ ਜਦੋਂ ਇਕ ਯਾਤਰੀ ਟਰੇਨ ਨੰਬਰ 12472 (ਸਵਰਾਜ ਐਕਸਪ੍ਰੈੱਸ) ਵਿੱਚ ਚੜ੍ਹ ਰਿਹਾ ਸੀ। ਇਸ ਦੌਰਾਨ ਉਸ ਦਾ ਮਹਿੰਗਾ ਮੋਬਾਈਲ ਫੋਨ ਪਲੇਟਫਾਰਮ 'ਤੇ ਡਿੱਗ ਪਿਆ। ਉਸੇ ਸਮੇਂ ਟੀਟੀਆਈ (ਟਰੈਵਲਿੰਗ ਟਿਕਟ ਇੰਸਪੈਕਟਰ) ਮਹਿੰਦਰ ਸਿੰਘ ਦੀ ਨਜ਼ਰ ਇਸ ਫੋਨ 'ਤੇ ਪਈ। ਉਨ੍ਹਾਂ ਬਿਨਾਂ ਇੱਕ ਵੀ ਪਲ ਗੁਆਏ ਇਸ ਨੂੰ ਤੁਰੰਤ ਵਪਾਰਕ ਇੰਸਪੈਕਟਰ ਅਜੇ ਪਾਲ ਸਿੰਘ ਨੂੰ ਸੌਂਪ ਦਿੱਤਾ ਤਾਂ ਜੁ ਅੱਗੇ ਦੀ ਕਾਰਵਾਈ ਕੀਤੀ ਜਾ ਸਕੇ। ਅਜੇ ਪਾਲ ਸਿੰਘ ਨੇ ਤੁਰੰਤ ਕਾਰਵਾਈ ਕਰਦਿਆਂ ਇਸ ਦੀ ਸੂਚਨਾ ਅੰਬਾਲਾ ਦੇ ਵਪਾਰਕ ਕੰਟਰੋਲ ਰੂਮ ਨਾਲ ਸਾਂਝਾ ਕੀਤਾ ਤੇ ਪਬਲਿਕ ਐਡਰੈਸ ਸਿਸਟਮ ਰਾਹੀਂ ਗੁਆਚੇ ਹੋਏ ਫੋਨ ਬਾਰੇ ਐਲਾਨ ਕਰਵਾਇਆ। ਕੁੱਝ ਦੇਰ ਬਾਅਦ ਯਾਤਰੀ ਦਾ ਕਾਲ ਆਇਆ, ਜਿਸ ਤੋਂ ਬਾਅਦ ਸਹੀ ਜਾਣਕਾਰੀ ਦੀ ਪੁਸ਼ਟੀ ਕਰਨ ਉਪਰੰਤ, ਮੋਬਾਇਲ ਫੋਨ ਉਸ ਦੇ ਪਰਵਾਰਕ ਮੈਂਬਰਾਂ ਨੂੰ ਸੁਰੱਖਿਅਤ ਰੂਪ ਨਾਲ ਵਾਪਸ ਕਰ ਦਿੱਤਾ ਗਿਆ। ਮੋਬਾਇਲ ਫੋਨ ਵਾਪਸ ਮਿਲਣ ਤੋਂ ਬਾਅਦ ਯਾਤਰੀ ਨੇ ਰੇਲਵੇ ਕਰਮਚਾਰੀਆਂ ਦੀ ਇਮਾਨਦਾਰੀ ਤੇ ਉਨ੍ਹਾਂ ਦੇ ਸਹਿਯੋਗ ਲਈ ਭਾਰਤੀ ਰੇਲਵੇ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਇਸ ਘਟਨਾ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਇਮਾਨਦਾਰ ਅਤੇ ਕਰਤੱਵ ਨਿਸ਼ਠ ਕਰਮਚਾਰੀਆਂ ਨੂੰ ਸਨਮਾਨਤ ਕਰਦਾ ਹੈ।

## ਬਲੌਸਮਜ਼ ਸਕੂਲ ਵਿਖੇ ਦੁਸਹਿਰੇ ਦਾ ਤਿਉਹਾਰ ਮਨਾਇਆ



ਜਗਰਾਉਂ (ਅਮਿਤ ਖੰਨਾ)-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਦੁਸਹਿਰੇ ਦਾ ਤਿਉਹਾਰ ਮਨਾਇਆ ਗਿਆ।ਨਰਸਰੀ ਜਮਾਤ ਦੇ ਵਿਦਿਆਰਥੀ ਇਸ ਤਿਉਹਾਰ ਨਾਲ ਸੰਬੰਧਤ ਮਖੌਟੇ ਬਣਾ ਕੇ ਲਿਆਏ।ਅਧਿਆਪਕ ਸਾਹਿਬਾਨਾਂ ਵੱਲੋਂ ਇਸ ਤਿਉਹਾਰ ਦੀ ਮਹੱਤਤਾ ਬਾਰੇ ਦੱਸੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਸਮਾਜ ਨੂੰ ਦੁਸਹਿਰੇ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਵਰ੍ਹੇ ਦੁਸਹਿਰਾ, ਗਾਂਧੀ ਜਯੰਤੀ ਦੇ ਨਾਲ ਹੀ ਆਇਆ ਹੈ, ਇਸ ਲਈ ਅਸੀਂ ਇਨ੍ਹਾਂ ਦੋਨਾਂ ਦਿਨਾਂ ਨੂੰ ਮਹੱਤਤਾ ਦਿੰਦੇ ਹੋਏ ਵਿਦਿਆਰਥੀਆਂ ਨੂੰ ਗਾਂਧੀ ਜੀ ਦੇ ਸਿਧਾਂਤਾਂ ਤੋਂ ਵੀ ਜਾਣੂ ਕਰਵਾਇਆ ਤੇ ਤਿਉਹਾਰ ਦੀ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਨੂੰ ਵੀ ਸਾਂਝਾ ਕੀਤਾ। ਇਸ ਮੌਕੇ ਸਕੂਲ ਦੇ ਪ੍ਰੋਜੈਕਟ ਸ੍ਰ. ਮਨਪ੍ਰੀਤ ਸਿੰਘ ਬਰਾੜ ਨੇ ਵੀ ਇਸ ਪਵਿੱਤਰ ਤਿਉਹਾਰ ਦੀ ਸਮਾਜ ਨੂੰ ਵਧਾਈ ਦਿੱਤੀ।

## ਰੇਹੜੀ, ਫੜ੍ਹੀ ਵਾਲਿਆਂ ਨੂੰ ਉਜਾੜਨ ਖ਼ਿਲਾਫ਼ ਸੀ ਪੀ ਆਈ ਦੀ ਅਗਵਾਈ 'ਚ ਰੋਸ ਮੁਜ਼ਾਹਰਾ



ਜਲਾਲਾਬਾਦ (ਰਣਬੀਰ ਕੌਰ ਢਾਬਾਂ)-ਦਾਣਾ ਮੰਡੀ ਵਿਖੇ ਬਣੇ ਰੇਹੜੀ ਫੜੀ ਵਾਲਿਆਂ ਵਾਸਤੇ ਸ਼ੈੱਡ ਵਿੱਚ ਕੰਮ ਕਰਨ ਵਾਲਿਆਂ ਦੀਆਂ ਰੇਹੜੀਆਂ ਜਬਰੀ ਚੁਕਵਾਉਣ ਖ਼ਿਲਾਫ਼ ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਅਗਵਾਈ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ।ਪਿਛਲੇ ਦੋ ਦਿਨਾਂ ਤੋਂ ਚੱਲ ਰਹੇ ਇਸ ਰੋਸ ਮੁਜ਼ਾਰੇ ਨੇ ਉਸ ਵਕਤ ਆਪਣਾ ਤਿੱਖਾ ਰੋਕ ਤਿਆਰ ਕਰ ਲਿਆ, ਜਦੋਂ ਪ੍ਰਸ਼ਾਸਨ ਵੱਲੋਂ 10 ਵਜੇ ਸੱਦੀ ਆਗੂਆਂ ਦੀ ਮੀਟਿੰਗ ਤੋਂ ਪਹਿਲਾਂ ਹੀ ਪੁਲਸ ਪ੍ਰਸ਼ਾਸਨ ਵੱਲੋਂ ਸੀ ਪੀਆਈ ਦੇ ਜ਼ਿਲ੍ਹਾ ਮੀਤ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ ਅਤੇ ਉਹਨਾਂ ਦੇ ਨਾਲ ਰੇੜੀ ਫੜੀ ਵਾਲਿਆਂ ਦੇ ਆਗੂਆਂ ਨੂੰ ਜਬਰੀ ਗ੍ਰਿਫ਼ਤਾਰ ਕਰਕੇ ਥਾਣੇ ਅੰਦਰ ਡੱਕ ਦਿੱਤਾ ਗਿਆ, ਜਿਵੇਂ ਹੀ ਇਸ ਗੱਲ ਦਾ ਪਾਰਟੀ ਦੇ ਆਗੂਆਂ, ਵਰਕਰਾਂ ਅਤੇ ਰੇਹੜੀ ਫੜ੍ਹੀ ਵਾਲਿਆਂ ਨੂੰ ਪਤਾ ਲੱਗਾ ਤਾਂ ਲੋਕ ਆਪ ਮੁਹਾਰੇ ਵਹੀਰਾ ਘੱਤ ਕੇ ਸਬਜ਼ੀ ਮੰਡੀ ਵਿਖੇ ਪਹੁੰਚ ਗਏ।ਰੋਹ ਤਿੱਖਾ ਹੁੰਦਿਆਂ ਦੇਖਦਿਆਂ ਪੁਲਸ ਨੇ ਇੱਕ ਘੰਟੇ ਬਾਅਦ ਗ੍ਰਿਫ਼ਤਾਰ ਕੀਤੇ ਸਾਰੇ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕਰ ਦਿੱਤਾ।ਰੇਹੜੀ ਫੜੀ ਵਾਲਿਆਂ ਨੂੰ ਜਬਰੀ ਉਠਾਉਣ ਖਿਲਾਫ ਚੱਲ ਰਹੇ ਰੋਸ ਪ੍ਰਦਰਸ਼ਨ ਦੀ ਅਗਵਾਈ ਸੀਪੀਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਮੀਤ ਸਕੱਤਰ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ, ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਮੀਤ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਗੁਰਦਿਆਲ ਢਾਬਾਂ, ਹਰਜੀਤ ਕੌਰ ਢੰਡੀਆਂ, ਰੇਹੜੀ, ਫੜੀ ਵਾਲਿਆਂ ਦੇ ਆਗੂ ਸੁਰਿੰਦਰ ਸਿੰਘ, ਸੰਨੀ ਹਾਂਡਾ, ਲਵਲੀ ਕੁਮਾਰ ਤੇ ਪੰਜਾਬ ਕਿਸਾਨ ਸਭਾ ਦੇ ਪ੍ਰਧਾਨ ਅਸ਼ੋਕ ਕੰਬੋਜ ਨੇ ਕੀਤੀ। ਆਗੂਆਂ ਨੇ ਕਿਹਾ ਕਿ ਰੇੜੀ ਫੜੀ ਵਾਲਿਆਂ ਨੂੰ ਪਹਿਲਾਂ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੁਮਾਰ ਗੋਲਡੀ ਕੰਬੋਜ ਵੱਲੋਂ ਉਦਘਾਟਨ ਕਰਕੇ ਅਲਾਟ ਕੀਤੇ ਗਏ ਰੇਹੜੀ ਫੜੀ ਸ਼ੈੱਡ ਨੂੰ ਕਿਸੇ ਵੀ ਕੀਮਤ 'ਤੇ ਖੋਹਣ ਨਹੀਂ ਦਿੱਤਾ ਜਾਵੇਗਾ।ਉਨ੍ਹਾਂ ਦੋਸ਼ ਲਾਇਆ ਕਿ ਪਹਿਲਾਂ ਖ਼ੁਦ ਹਲਕੇ ਦੇ ਵਿਧਾਇਕ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਦੀ ਅਗਵਾਈ ਵਿੱਚ ਰੇਹੜੀ ਫੜੀ ਵਾਲਿਆਂ ਨੂੰ ਇਹ ਸ਼ੈੱਡ ਅਲਾਟ ਕਰਕੇ ਉਨ੍ਹਾਂ ਦੇ ਬਦਲੇ ਵਿੱਚ ਉਨ੍ਹਾਂ ਕੋਲੋਂ ਕਰਾਇਆ ਵੀ ਵਸੂਲਿਆ ਗਿਆ, ਪ੍ਰੰਤੂ ਅੱਜ ਬਿਨਾਂ ਕਿਸੇ ਵਜ੍ਹਾ ਉਨ੍ਹਾਂ ਨੂੰ ਸ਼ੈੱਡ ਤੋਂ ਬਾਹਰ ਕਰਕੇ ਉਹਨਾਂ ਦੇ ਰੁਜ਼ਗਾਰ ਨੂੰ ਲੱਤ ਮਾਰੀ ਜਾ ਰਹੀ ਹੈ, ਜਿਸ ਨੂੰ ਹਲਕੇ ਦੇ ਲੋਕ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰਨਗੇ।ਐਸ ਡੀਐਮ ਕੰਵਰਜੀਤ ਸਿੰਘ ਵੱਲੋਂ ਆਗੂਆਂ ਨਾਲ ਮੀਟਿੰਗ ਸੱਦੀ ਗਈ, ਪ੍ਰੰਤੂ ਮੀਟਿੰਗ ਬੇਸਿੱਟਾ ਰਹੀ।ਆਗੂਆਂ ਨੇ ਸਿੱਧੇ ਤੌਰ ਤੇ ਐਸਡੀਐਮ ਤੇ ਦੋਸ਼ ਲਾਉਂਦਾ ਕਿਹਾ ਕਿ ਐਸਡੀਐਮ ਸੱਤਾ ਧਿਰ ਦਾ ਹੱਥ ਠੋਕਾ ਬਣ ਕੇ ਕੰਮ ਕਰ ਰਿਹਾ ਹੈ, ਜਦੋਂ ਕਿ ਰੇਹੜੀ ਫੜ੍ਹੀ ਵਾਲਿਆਂ ਦਾ ਸਿੱਧੇ ਤੌਰ 'ਤੇ ਉਜਾੜਾ ਕਰਾਉਣ ਵਿੱਚ ਉਸ ਦਾ ਪਹਿਲਾ ਹੱਥ ਹੈ।

## ਮਾ. ਬਿਹਾਰੀ ਲਾਲ ਸ਼ਰਮਾ ਦੀ ਯਾਦ 'ਚ ਜਾਗਰਣ ਭਲਕੇ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਮਾਸਟਰ ਬਿਹਾਰੀ ਲਾਲ ਸ਼ਰਮਾ ਦੀ ਪਵਿੱਤਰ ਯਾਦ ਨੂੰ ਸਮਰਪਤ ਸ੍ਰੀ ਸਿੱਧ ਬਾਬਾ ਬਾਲਕ ਨਾਥ ਜਾਗਰਣ ਕਮੇਟੀ (ਰਜਿ: 8205) ਸੁਨਾਮ (ਸੰਗਰੂਰ) ਵੱਲੋਂ ਸ੍ਰੀ ਸਿੱਧ ਬਾਬਾ ਬਾਲਕ ਨਾਥ ਜੀ ਦਾ 26ਵਾਂ ਵਿਸ਼ਾਲ ਜਾਗਰਣ 4 ਅਕਤੂਬਰ ਨੂੰ ਸ਼ਿਵ ਨਿਕੇਤਨ ਧਰਮਸ਼ਾਲਾ ਸੁਨਾਮ ਵਿੱਚ ਕਰਵਾਇਆ ਜਾ ਰਿਹਾ ਹੈ।ਸ੍ਰੀ ਸਿੱਧ ਬਾਬਾ ਬਾਲਕ ਨਾਥ ਜਾਗਰਣ ਕਮੇਟੀ ਸੁਨਾਮ ਦੇ ਸਰਪ੍ਰਸਤ ਪ੍ਰਮੋਦ ਹੋਡਲਾ, ਚੇਅਰਮੈਨ ਰਾਕੇਸ਼ ਕੁਮਾਰ (ਭੋਲਾ), ਪ੍ਰਧਾਨ ਪਰਮਾਨੰਦ ਕਾਂਸਲ, ਜਨਰਲ ਸਕੱਤਰ ਪੰਕਜ ਕੁਮਾਰ (ਰਿੰਪੀ) ਅਤੇ ਸਕੱਤਰ ਫਾਇਨਾਂਸ ਅਸ਼ਵਨੀ ਕੁਮਾਰ (ਆਸ਼ੂ) ਨੇ ਮੀਡੀਆ ਨੂੰ ਇਸ ਵੱਡੇ ਧਾਰਮਿਕ ਪ੍ਰੋਗਰਾਮ ਦੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅਮਨ ਅਰੋੜਾ ਕੈਬਨਿਟ ਮੰਤਰੀ, ਪੰਜਾਬ ਸਰਕਾਰ ਮੁੱਖ ਮਹਿਮਾਨ ਹੋਣਗੇ।ਇੰਜ: ਵਿਨਰਜੀਤ ਸਿੰਘ ਗੋਲਡੀ, ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਹਲਕਾ ਇੰਚਾਰਜ ਸੰਗਰੂਰ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਅਤੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਸ੍ਰੀ ਸਿੱਧ ਬਾਬਾ ਬਾਲਕ ਨਾਥ ਦੁਰਗਾ ਭਜਨ ਮੰਡਲੀ ਨੰਗਲ ਟਾਊਨਸ਼ਿਪ (ਪੰਜਾਬ) ਕਰੇਗੀ।4 ਅਕਤੂਬਰ ਨੂੰ ਜਯੋਤੀ ਪ੍ਰਚੰਡ ਦਾ ਸਮਾਂ 8:15 ਵਜੇ ਰਾਤ ਰਹੇਗਾ ਅਤੇ 5 ਅਕਤੂਬਰ ਨੂੰ ਆਰਤੀ ਅਤੇ ਭੋਗ ਦਾ ਸਮਾਂ ਸਵੇਰੇ 2:00 ਦਾ ਹੋਵੇਗਾ।

## ਪੁਲਸ ਦੀ ਅਣਗਹਿਲੀ ਕਾਰਨ ਹਵਾਲਾਤੀ ਹਰਜੀਤ ਸਿੰਘ ਜੇਲ੍ਹ ਵਾਰਡ 'ਚੋਂ ਫਰਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਿਵਲ ਹਸਪਤਾਲ ਵਿਚ ਬਣੀ ਕੈਦੀ ਵਾਰਡ ਵਿੱਚੋਂ ਇਲਾਜ ਅਧੀਨ ਇਕ ਹਵਾਲਾਤੀ ਪੁਲਸ ਨੂੰ ਚਕਮਾ ਦੇ ਕੇ ਫਰਾਰ ਹੋ ਗਿਆ ਹੈ। ਮਾਮਲੇ ਵਿਚ ਪੁਲਿਸ ਨੇ ਲਾਪ੍ਰਵਾਹੀ ਵਰਤਣ ਵਾਲੇ ਦੋ ਪੁਲਿਸ ਮੁਲਾਜ਼ਮਾਂ ਖ਼ਿਲਾਫ਼ ਵੀ ਕੇਸ ਦਰਜ ਕਰ ਲਿਆ ਹੈ। ਸਿਟੀ ਫਿਰੋਜ਼ਪੁਰ ਦੀ ਪੁਲਸ ਪਾਰਟੀ ਗਸ਼ਤ ਤੇ ਚੈਕਿੰਗ ਕਰਦਿਆਂ ਸਿਵਲ ਹਸਪਤਾਲ ਦੇ ਕੈਦੀ ਵਾਰਡ ਪਹੁੰਚੀ। ਉੱਥੇ ਮੌਜੂਦ ਗਾਰਦ ਇੰਚਾਰਜ ਰੁਪਿੰਦਰ ਸਿੰਘ ਤੋਂ ਜਦੋਂ ਰਿਕਾਰਡ ਚੈੱਕ ਕਰਾਇਆ ਗਿਆ ਤਾਂ ਹੈਰਾਨੀਜਨਕ ਤੱਥ ਸਾਹਮਣੇ ਆਏ। ਕੈਦੀ ਵਾਰਡ ਵਿਚ ਦਾਖਲ ਹਵਾਲਾਤੀ ਹਰਜੀਤ ਸਿੰਘ ਉਰਫ਼ ਜੀਤਾ ਪੁੱਤਰ ਕੁਲਵੰਤ ਸਿੰਘ ਵਾਸੀ ਮੁਹੱਲਾ ਚੱਠੂਆਂ ਵਾਲਾ, ਥਾਣਾ ਸਿਟੀ ਪੱਟੀ, ਫਰਾਰ ਪਾਇਆ ਗਿਆ। ਹਰਜੀਤ ਸਿੰਘ ਨੂੰ ਮੁਕੱਦਮਾ ਨੰਬਰ 129/2025 ਥਾਣਾ ਮਖੂ ਅਧੀਨ ਜੁਡੀਸ਼ੀਅਲ ਕਸਟਡੀ ਵਿਚ ਰੱਖਿਆ ਗਿਆ ਸੀ ਤੇ ਉਹ 16 ਸਤੰਬਰ 2025 ਤੋਂ ਸਿਵਲ ਹਸਪਤਾਲ ਵਿਚ ਇਲਾਜ ਕਰਾ ਰਿਹਾ ਸੀ। ਪੁਲਸ ਦੀ ਜਾਂਚ ਵਿਚ ਇਹ ਗੱਲ ਸਾਹਮਣੇ ਆਈ ਕਿ ਹਵਾਲਾਤੀ ਹਰਜੀਤ ਸਿੰਘ ਸਵੇਰੇ ਕਰੀਬ 2 ਵਜੇ ਦੋ ਪੁਲਿਸ ਮੁਲਾਜ਼ਮਾਂ, ਸਹਾਇਕ ਥਾਣੇਦਾਰ ਦੀਦਾਰ ਸਿੰਘ ਤੇ ਸੀਨੀਅਰ ਸਿਪਾਹੀ ਸਵਰਨ ਸਿੰਘ ਦੀ ਅਣਗਹਿਲੀ ਦਾ ਫਾਇਦਾ ਚੁੱਕ ਕੇ ਭੱਜ ਗਿਆ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਫਰਾਰ ਹੋਏ ਹਵਾਲਾਤੀ ਹਰਜੀਤ ਸਿੰਘ ਉਰਫ਼ ਜੀਤਾ ਸਮੇਤ ਅਣਗਹਿਲੀ ਵਰਤਣ ਵਾਲੇ ਦੋਵੇਂ ਪੁਲਸ ਮੁਲਾਜ਼ਮਾਂ ਸਹਾਇਕ ਥਾਣੇਦਾਰ ਦੀਦਾਰ ਸਿੰਘ ਤੇ ਸੀਨੀਅਰ ਸਿਪਾਹੀ ਸਵਰਨ ਸਿੰਘ ਖ਼ਿਲਾਫ਼ ਆਈ.ਪੀ.ਸੀ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ।

## ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਮੁਲਾਜ਼ਮਾਂ ਕੀਤੀ ਇੱਕ ਰੋਜ਼ਾ ਭੁੱਖ ਹੜਤਾਲ

### 25 ਅਕਤੂਬਰ ਨੂੰ ਸੂਬਾ ਪੱਧਰੀ ਕੀਤੀ ਜਾਵੇਗੀ ਪ੍ਰੈੱਸ ਕਾਨਫਰੰਸ : ਅਲੀਸ਼ੇਰ



ਮਾਨਸਾ (ਆਤਮਾ ਸਿੰਘ ਪਮਾਰ)-ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ 'ਤੇ 1 ਅਕਤੂਬਰ ਨੂੰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ ਕੀਤੀ ਗਈ। ਇਸ ਤਹਿਤ ਜ਼ਿਲ੍ਹਾ ਪੱਧਰ ਤੇ ਦਰਸ਼ਨ ਅਲੀਸ਼ੇਰ, ਧਰਮਿੰਦਰ ਸਿੰਘ, ਸੁਖਦੀਪ ਗਿੱਲ, ਗੁਰਵਿੰਦਰ ਬਹਿਣੀਵਾਲ, ਪ੍ਰਭਜੋਤ ਸਿੰਘ, ਜਸਵੰਤ ਕੌਰ, ਬਲਵਿੰਦਰ ਭੀਖੀ, ਨਾਇਬ ਸਿੰਘ, ਜਸਵਿੰਦਰ ਕੁਮਾਰ, ਸੁਖਵਿੰਦਰ ਮਾਖਾ, ਬਲਜਿੰਦਰ ਬੋਹਾ ਅਧਿਆਪਕ ਅਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਭੁੱਖ-ਹੜਤਾਲ 'ਤੇ ਬੈਠੇ। ਨੈਸ਼ਨਲ ਮੂਵਮੈਂਟ ਸਕੀਮ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ 'ਤੇ ਪੰਜਾਬ ਦੇ ਸਮੁੱਚੇ ਜ਼ਿਲ੍ਹਾ ਹੈਡਕੁਆਰਟਰਾਂ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਪੰਜਾਬ ਅਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਇੱਕ ਦਿਨ ਭੁੱਖ ਹੜਤਾਲ ਕੀਤੀ ਗਈ। ਜਿਸ ਵਿੱਚ ਵੱਡੀ ਗਿਣਤੀ ਵਿੱਚ ਮੁਲਾਜ਼ਮਾਂ ਨੇ ਭਾਗ ਲਿਆ ਅਤੇ ਕੇਂਦਰ ਤੇ ਸੂਬਾ ਸਰਕਾਰ ਖ਼ਿਲਾਫ਼ ਭੜਾਸ ਕੱਢਦਿਆਂ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ।ਮਾਨਸਾ ਜ਼ਿਲ੍ਹੇ 'ਚ ਸੀ ਪੀ ਐਫ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਹੀਰੇਵਾਲਾ, ਸੂਬਾ ਮੀਤ ਪ੍ਰਧਾਨ ਪ੍ਰਭਜੋਤ ਸਿੰਘ ਅਤੇ ਪੁਰਾਣੀ ਪੈਨਸ਼ਨ ਸੰਘਰਸ਼ ਬਹਾਲੀ ਕਮੇਟੀ ਦੇ ਜ਼ਿਲ੍ਹਾ ਕਨਵੀਨਰ ਦਰਸ਼ਨ ਅਲੀਸ਼ੇਰ, ਸੂਬਾ ਕੋ ਕਨਵੀਨਰ ਕਰਮਜੀਤ ਸਿੰਘ ਤਾਮਕੋਟ ਨੇ ਸਾਂਝੇ ਤੌਰ 'ਤੇ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਾ ਹੋਈ ਤਾਂ 26 ਨਵੰਬਰ ਨੂੰ ਦਿੱਲੀ ਵਿਖੇ ਕੇਂਦਰ ਸਰਕਾਰ ਖਿਲਾਫ ਨੈਸ਼ਨਲ ਪੱਧਰੀ ਰੈਲੀ ਕੀਤੀ ਜਾਵੇਗੀ।ਜਿਸ ਵਿੱਚ ਕੇਂਦਰ ਸਰਕਾਰ ਦੇ ਨਾਲ ਨਾਲ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਝੂਠੇ ਵਾਅਦਿਆਂ ਤੋਂ ਵੱਖ ਵੱਖ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਨੂੰ ਵੀ ਜਾਣੂ ਕਰਵਾਇਆ ਜਾਵੇਗਾ।ਉਹਨਾਂ ਕਿਹਾ ਕਿ 25 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਸੂਬਾ ਪੱਧਰੀ ਪ੍ਰੈਸ ਕਾਨਫਰੰਸ ਕੀਤੀ ਜਾਵੇਗੀ।

## ਕਾਂਗਰਸ 'ਚ ਹਲਕਾ ਇੰਚਾਰਜੀ ਖ਼ਿਲਾਫ਼ ਉਠਣ ਲੱਗੀ ਆਵਾਜ਼

### ਡਾ. ਗਾਂਧੀ ਵੱਲੋਂ ਇੰਟਰਨੈੱਟ ਮੀਡੀਆ 'ਤੇ ਪਾਈ ਗਈ ਪੋਸਟ ਨਾਲ ਹਲਚਲ ਤੇਜ਼

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਵਿਚ ਹਲਕਾ ਇੰਚਾਰਜੀ ਦੀ ਦਾਅਵੇਦਾਰੀ ਨੂੰ ਲੈ ਕੇ ਚੱਲ ਰਹੀਆਂ ਮੀਟਿੰਗਾਂ ਦੌਰਾਨ ਵੱਖ-ਵੱਖ ਰੰਗ ਸਾਹਮਣੇ ਆਏ ਹਨ।



ਸੀਨੀਅਰ ਕਾਂਗਰਸੀ ਆਗੂਆਂ ਦੀ ਖਿੱਚੋਤਾਣ ਤੇ ਪਰਵਾਰਵਾਦ ਖ਼ਿਲਾਫ਼ ਚਰਚਾਵਾਂ ਤੋਂ ਬਾਅਦ ਹੁਣ ਹਲਕਾ ਇੰਚਾਰਜ ਦੇ ਅਹੁਦੇ 'ਤੇ ਹੀ ਸਵਾਲ ਹੋਣ ਲੱਗੇ ਹਨ। ਹਲਕਾ ਇੰਚਾਰਜੀ ਨੂੰ ਲੈ ਕੇ ਪਟਿਆਲਾ ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਵੱਲੋਂ ਇੰਟਰਨੈੱਟ ਮੀਡੀਆ 'ਤੇ ਪਾਈ ਗਈ ਪੋਸਟ 'ਤੇ ਕਾਂਗਰਸ ਪਾਰਟੀ ਵਿਚ ਹਲਚਲ ਹੋ ਗਈ ਹੈ ਤੇ ਹੋਰ ਆਗੂ ਵੀ ਇੰਚਾਰਜੀਆਂ 'ਤੇ ਸਵਾਲ ਖੜ੍ਹੇ ਕਰਨ ਲੱਗੇ ਹਨ। ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ ਨੇ ਸਵਾਲ ਕੀਤਾ ਹੈ ਕਿ ਕਾਂਗਰਸ ਪਾਰਟੀ ਵਿਚ ਇਹ ਹਲਕਾ ਇੰਚਾਰਜ ਕੀ ਹੈ ਅਤੇ ਕੌਣ ਹੈ? ਇਹ ਉਹ ਉਮੀਦਵਾਰ ਹਨ ਜੋ ਵਿਧਾਨ ਸਭਾ ਵਿਚ ਨਹੀਂ ਜਾ ਸਕੇ। ਕੁਝ ਨੇ ਜ਼ਮਾਨਤ ਵੀ ਗੁਆ ਲਈ। ਵੈਸੇ ਉਨ੍ਹਾਂ ਨੂੰ ਹਲਕਾ ਇੰਚਾਰਜ ਕਿਸ ਨੇ ਨਿਯੁਕਤ ਕੀਤਾ? ਆਗੂ ਦਾ ਨਾਂ ਦੱਸੋ ਤੇ ਉਨ੍ਹਾਂ ਦੇ ਨਿਯੁਕਤੀ ਆਦੇਸ਼ ਜਨਤਕ ਕਰੋ। ਡਾ. ਗਾਂਧੀ ਨੇ ਕਿਹਾ ਕਿ ਇਹ ਸ਼ਰਾਰਤ ਸਿਰਫ਼ ਸਥਾਨਕ ਨੌਜਵਾਨ ਤੇ ਵਧੇਰੇ ਸਮਰਪਤ ਅਤੇ ਵਚਨਬੱਧ ਲੀਡਰਸ਼ਿਪ ਦੇ ਮੋਹਰੀ ਅਹੁਦਿਆਂ 'ਤੇ ਚੜ੍ਹਨ ਨੂੰ ਰੋਕਣ ਅਤੇ ਤੋੜ-ਮਰੋੜ ਕਰਨ ਲਈ ਕੀਤੀ ਗਈ ਹੈ, ਹੋਰ ਕੁਝ ਨਹੀਂ। ਇਹ ਕਾਂਗਰਸ ਸੰਗਠਨਾਤਮਕ ਸੱਭਿਆਚਾਰ ਦੇ ਅਨੁਕੂਲ ਨਹੀਂ ਹੈ। ਇਸ ਹਲਕਾ ਇੰਚਾਰਜ ਸੱਭਿਆਚਾਰ ਰਾਹੀਂ, ਤੁਸੀਂ ਦਰਜਨਾਂ ਰਾਜਨੀਤਿਕ ਤੌਰ 'ਤੇ ਹੋਣਹਾਰ ਨੌਜਵਾਨਾਂ ਤੇ ਔਰਤਾਂ ਦੀ ਲੀਡਰਸ਼ਿਪ ਸਮਰੱਥਾ ਨੂੰ ਤਬਾਹ ਕਰ ਦਿੱਤਾ ਹੈ ਤੇ ਨੌਜਵਾਨਾਂ ਦੀਆਂ ਦੋ ਪੀੜ੍ਹੀਆਂ ਦੀਆਂ ਰਾਜਨੀਤਿਕ ਇੱਛਾਵਾਂ ਨੂੰ ਡੂੰਘਾ ਦੱਬ ਦਿੱਤਾ ਹੈ ਅਤੇ ਜੇ ਹਾਲਾਤ ਇਸ ਤਰ੍ਹਾਂ ਚੱਲਦੇ ਹਨ ਤਾਂ ਸਿਰਫ ਬਦਕਿਸਮਤ ਤੀਜਾ ਹੀ ਲਾਈਨ ਵਿਚ ਹੈ।ਕਾਂਗਰਸ ਮਹਿਲਾ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਹਲਕਾ ਇੰਚਾਰਜ ਦਾ ਅਹੁਦਾ ਬਦਕਿਸਮਤੀ ਨਾਲ ਆਮ ਕਾਂਗਰਸੀ ਵਰਕਰਾਂ, ਖਾਸ ਕਰ ਕੇ ਔਰਤਾਂ ਅਤੇ ਨੌਜਵਾਨ ਆਗੂਆਂ ਲਈ ਰੁਕਾਵਟ ਬਣ ਗਿਆ ਹੈ, ਜੋ ਪਾਰਟੀ ਲਈ ਕੰਮ ਕਰਨ ਲਈ ਉਤਸੁਕ ਅਤੇ ਦ੍ਰਿੜ ਹਨ ਪਰ ਉਨ੍ਹਾਂ ਨੂੰ ਅੱਗੇ ਆਉਣ ਦਾ ਮੌਕਾ ਨਹੀਂ ਦਿੱਤਾ ਜਾ ਰਿਹਾ।ਅਸੀਂ ਸਾਰੇ 5 ਸਾਲਾਂ ਤੋਂ ਫੀਲਡ ਵਿੱਚ ਕੰਮ ਕਰਦੇ ਆ ਰਹੇ ਹਾਂ।ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ ਨੇ ਐੱਮ ਪੀ ਦੀ ਪੋਸਟ 'ਤੇ ਲਿਖਿਆ ਹੈ ਕਿ ਡਾਕਟਰ ਸਾਹਿਬ ਜਿੱਥੇ ਨਾਂ ਨਾਲੋਂ ਨਾਮੇ ਨੂੰ ਤਰਜੀਹ ਦਿੱਤੀ ਜਾਂਦਾ ਹੋਵੇ, ਉਥੇ ਇਹੋ ਜਿਹੇ ਕਾਰਨਾਮੇ ਹੁੰਦੇ ਰਹਿੰਦੇ ਹਨ। ਰੋਪੜ ਤੋਂ ਕਾਂਗਰਸੀ ਆਗੂ ਅਸ਼ਵਨੀ ਸ਼ਰਮਾ ਦਾ ਕਹਿਣਾ ਹੈ ਕਿ ਹਲਕਾ ਇੰਚਾਰਜੀ ਵੱਲੋਂ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਦੇ ਭਵਿੱਖ ਦਾ ਰਾਜਸੀ ਕਤਲ ਕਰਨ 'ਤੇ ਹਾਈ ਕਮਾਂਡ ਦੇ ਸਾਹਮਣੇ ਨੌਜਵਾਨਾਂ ਦੇ ਉਜਵਲ ਭਵਿੱਖ ਦੀ ਵਕਾਲਤ ਕਰਨਾ ਸ਼ਲਾਘਯੋਗ ਹੈ। ਕਾਂਗਰਸੀ ਆਗੂ ਰਤਨਜੀਤ ਸਿੰਘ ਦਾ ਕਹਿਣਾ ਹੈ ਕਿ ਅੱਜ ਕਾਂਗਰਸ ਦਾ ਸਮਾਂ ਬਹੁਤ ਚੰਗਾ ਹੈ ਪਰ ਕਾਂਗਰਸ ਦੇ ਵਰਕਰਾਂ ਦੀ ਸਥਿਤੀ ਬਹੁਤ ਮਾੜੀ ਹੈ। ਉਸ ਸਥਿਤੀ ਦਾ ਅਸਲ ਜ਼ਿੰਮੇਵਾਰ ਕੌਣ ਹੈ, ਲੋਕ ਸਭਾ ਮੈਂਬਰ ਦੀ ਇਹ ਪੋਸਟ ਬਹੁਤ ਕੁਝ ਸਪੱਸ਼ਟ ਕਰ ਰਹੀ ਹੈ। ਕੀ ਹਾਈ ਕਮਾਂਡ ਇਸ ਤੋਂ ਜਾਣੂ ਨਹੀਂ ਹੈ। ਕਾਂਗਰਸ ਆਲ ਇੰਡੀਆ ਕਿਸਾਨ ਕਾਂਗਰਸ ਜਨਰਲ ਸਕੱਤਰ ਗੌਰਵ ਸੰਧੂ ਨੇ ਡਾ. ਧਰਮਵੀਰ ਗਾਂਧੀ ਦਾ ਧੰਨਵਾਦ ਕੀਤਾ ਹੈ ਕਿ ਉਨ੍ਹਾਂ ਦੀ ਆਵਾਜ਼ ਰਾਹੁਲ ਗਾਂਧੀ ਤੇ ਕੇਂਦਰੀ ਲੀਡਰਸ਼ਿਪ ਤੱਕ ਪਹੁੰਚਾਈ ਹੈ। ਸੰਧੂ ਨੇ ਕਿਹਾ ਕਿ ਸਾਨੂੰ ਅਜਿਹੇ ਲੀਡਰਾਂ ਦੀ ਲੋੜ ਹੈ ਜੋ ਵਰਕਰ ਦੀ ਮਿਹਨਤ ਨੂੰ ਪਹਿਚਾਣ ਦਾ ਹੋਵੇ।

## ਸਿਹਤ ਮੰਤਰੀ ਨੇ ਰਾਸ਼ਟਰੀ ਸਵੈ-ਇੱਛੁਕ ਖ਼ੂਨਦਾਨ ਦਿਵਸ 'ਤੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਰਾਸ਼ਟਰੀ ਸਵੈ-ਇੱਛੁਕ ਖ਼ੂਨਦਾਨ ਦਿਵਸ ਸਬੰਧੀ ਰਾਜ ਪੱਧਰੀ ਸਮਾਗਮ ਯੂ.ਕੇ. ਰਿਜ਼ੋਰਟ, ਭਾਦਸੋਂ ਰੋਡ ਪਟਿਆਲਾ ਵਿਖੇ ਮਨਾਇਆ ਗਿਆ। ਇਸ ਮੌਕੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸਵੈ-ਇੱਛਾ ਨਾਲ ਸਭ ਤੋਂ ਵੱਧ ਖ਼ੂਨਦਾਨ ਕਰਨ ਵਾਲੀਆਂ ਖ਼ੂਨਦਾਨੀ ਸੰਸਥਾਵਾਂ ਤੇ ਵਿਅਕਤੀਆਂ ਨੂੰ ਸਨਮਾਨਤ ਕੀਤਾ ਗਿਆ। ਸਿਹਤ ਤੇ ਪਰਵਾਰ ਭਲਾਈ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਰ ਸਾਲ 1 ਅਕਤੂਬਰ ਨੂੰ ਸਵੈਇੱਛੁਕ ਖ਼ੂਨਦਾਨ ਡਾ. ਜੈ ਗੋਪਾਲ ਜੌਲੀ ਦੀ ਯਾਦ ਵਿੱਚ ਰਾਸ਼ਟਰੀ ਸਵੈਇੱਛੁਕ ਖ਼ੂਨਦਾਨ ਦਿਵਸ ਮਨਾਇਆ ਜਾਂਦਾ ਹੈ। ਇਸ ਸਾਲ ਅਸੀਂ ਰਾਸ਼ਟਰੀ ਸਵੈਇੱਛੁਕ ਖ਼ੂਨਦਾਨ ਦਿਵਸ ਦੇ 50 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਹੇ ਹਾਂ। ਇਸ ਸਾਲ ਭਾਰਤ ਸਰਕਾਰ ਵੱਲੋਂ ਇਹ ਦਿਵਸ ਰਕਤ ਦਾਨ ਕਰੋ, ਉਮੀਦ ਜਗਾਓ, ਆਓ ਆਪਾਂ ਸਾਰੇ ਮਿਲ ਕੇ ਜ਼ਿੰਦਗੀਆਂ ਬਚਾਈਏ ਥੀਮ ਨਾਲ ਮਨਾਇਆ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਵਿਚ 184 ਲਾਈਸੈਂਸਡ ਬਲੱਡ ਸੈਂਟਰ ਹਨ, ਜਿਨ੍ਹਾਂ ਵਿਚੋਂ 49 ਸਰਕਾਰੀ, 7 ਮਿਲਟਰੀ ਅਤੇ 129 ਪ੍ਰਾਈਵੇਟ ਬਲੱਡ ਸੈਂਟਰ ਚਲਾਏ ਜਾ ਰਹੇ ਹਨ। ਸਰਕਾਰੀ ਤੇ ਲਾਇਸੈਂਸ-ਸ਼ੁਦਾ ਪ੍ਰਾਈਵੇਟ ਬਲੱਡ ਸੈਂਟਰਾਂ ਵਿੱਚ ਪ੍ਰਮੁੱਖ ਪੰਜ ਬਿਮਾਰੀਆਂ ਦੀ ਜਾਂਚ ਤੋਂ ਬਾਅਦ ਹੀ ਖ਼ੂਨ ਚੜ੍ਹਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਡਰੱਗ ਐਂਡ ਕੌਸਮੈਟਿਕ ਐਕਟ 1940 ਅਨੁਸਾਰ ਕੋਈ ਵੀ 18 ਤੋਂ 65 ਸਾਲ ਦਾ ਤੰਦਰੁਸਤ ਵਿਅਕਤੀ ਖ਼ੂਨਦਾਨ ਕਰ ਸਕਦਾ ਹੈ। ਇੱਕ ਤੰਦਰੁਸਤ ਮਰਦ ਹਰ ਤਿੰਨ ਅਤੇ ਔਰਤ ਚਾਰ ਮਹੀਨੇ ਬਾਅਦ ਖ਼ੂਨਦਾਨ ਕਰ ਸਕਦੀ ਹੈ। ਖ਼ੂਨਦਾਨ ਕਰਨ ਨਾਲ ਸਿਹਤ 'ਤੇ ਕੋਈ ਮਾੜਾ ਪ੍ਰਭਾਵ ਨਹੀ ਪੈਂਦਾ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਡਾ. ਕੁਸਮ ਠਾਕੁਰ, ਸੀਨੀਅਰ ਕਸੰਲਟੈਂਟ, ਇੰਡੀਅਨ ਸੋਸਾਇਟੀ ਫਾਰ ਬਲੱਡ ਟ੍ਰਾਂਸਫਿਊਜ਼ਨ ਐਂਡ ਇਮਯੂਨੋਹੀਮੇਟੋਲੋਜੀ, ਪੰਜਾਬ ਚੈਪਟਰ ਨੂੰ ਪੰਜਾਬ ਰਾਜ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਵਾਲੇ ਮੈਡੀਕਲ ਅਤੇ ਪੈਰਾ ਮੈਡੀਕਲ ਪੇਸ਼ੇਵਰਾਂ ਦੇ ਗਿਆਨ ਅਤੇ ਹੁਨਰਾਂ ਨੂੰ ਵਧਾਉਣ ਅਤੇ ਮਾਰਗਦਰਸ਼ਨ ਦੇ ਸਨਮਾਨ ਵਿੱਚ ਸਨਮਾਨਤ ਕੀਤਾ ਜਾ ਰਿਹਾ ਹੈ।

## 19 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਕੂੰਮਕਲਾਂ ਪੁਲਸ ਨੇ 19 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਕੀਤੀ। ਥਾਣਾ ਮੁਖੀ ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਕੂੰਮਕਲਾਂ ਵਿਖੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਸਤਵੰਤ ਸਿੰਘ ਉਰਫ਼ ਬਿੰਦਰ ਜੋ ਕਿ ਨਾਜਾਇਜ਼ ਸ਼ਰਾਬ ਵੇਚਣ ਦਾ ਧੰਦਾ ਪਿਛਲੇ ਕਾਫ਼ੀ ਸਮੇਂ ਤੋਂ ਕਰ ਰਿਹਾ ਹੈ ਤੇ ਬਾਹਰਲੇ ਰਾਜਾਂ ਤੋਂ ਸਸਤੇ ਭਾਅ ਸ਼ਰਾਬ ਲਿਆ ਕੇ ਇੱਥੇ ਮਹਿੰਗੇ ਭਾਅ ਵੇਚਦਾ ਹੈ। ਅੱਜ ਵੀ ਸਤਵੰਤ ਸਿੰਘ ਇੱਕ ਕਾਰ ਵਿੱਚ ਮਾਛੀਵਾੜਾ ਵੱਲੋਂ ਕੁਹਾੜਾ ਵੱਲ ਨੂੰ ਜਾ ਰਿਹਾ ਹੈ, ਜਿਸ ਵਿੱਚ ਭਾਰੀ ਮਾਤਰਾ ਨਾਜਾਇਜ਼ ਸ਼ਰਾਬ ਭਰੀ ਹੈ। ਕੂੰਮਕਲਾਂ ਪੁਲਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਕਾਰ ਨੂੰ ਜਾਂਚ ਲਈ ਰੋਕਿਆ ਗਿਆ, ਪਰ ਉਸ ਦਾ ਚਾਲਕ ਸਤਵੰਤ ਸਿੰਘ ਮੌਕੇ ਤੋਂ ਫ਼ਰਾਰ ਹੋ ਗਿਆ।

ਪੁਲਸ ਵੱਲੋਂ ਜਦੋਂ ਕਾਰ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ 19 ਪੇਟੀਆਂ ਨਾਜਾਇਜ਼ ਸ਼ਰਾਬ ਬਰਾਮਦ ਹੋਈਆਂ।

## ਮੈਡੀਕਲ ਪ੍ਰੈਕਟੀਸ਼ਨਰਾਂ ਮੋਗਾ 'ਚ ਕੀਤੀ ਜ਼ਿਲ੍ਹਾ ਪੱਧਰੀ ਜਥੇਬੰਦਕ ਕਨਵੈਨਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ: 295 ਜ਼ਿਲ੍ਹਾ ਮੋਗਾ ਵੱਲੋਂ ਸੂਬਾ ਕਮੇਟੀ ਦੇ ਦਿਸ਼ਾ ਨਿਰਦੇਸ਼ ਤਹਿਤ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਸਹਿਗਲ, ਜ਼ਿਲ੍ਹਾ ਚੇਅਰਮੈਨ ਬਲਦੇਵ ਸਿੰਘ ਧੂੜਕੋਟ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਦੇ 118ਵੇਂ ਜਨਮ ਦਿਨ ਨੂੰ ਸਮਰਪਤ ਕਾਮਰੇਡ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਜਥੇਬੰਦਕ ਕਨਵੈਨਸ਼ਨ ਦਾ ਆਯੋਜਨ ਕੀਤਾ ਗਿਆ। ਸ਼ੁਰੂਆਤ ਸਮੇਂ ਸ਼ਹੀਦ ਭਗਤ ਸਿੰਘ ਨੂੰ ਯਾਦ ਕਰਦਿਆਂ ਝੰਡਾ ਲਹਿਰਾਉਣ ਦੀ ਰਸਮ ਸੂਬਾ, ਜ਼ਿਲ੍ਹਾ ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਅਕਾਸ਼ ਗੁੰਜਾਊ ਨਾਅਰਿਆਂ ਨਾਲ ਕੀਤੀ ਗਈ। ਹੜ੍ਹਾਂ ਨਾਲ ਹੋਏ ਭਾਰੀ ਜਾਨੀ ਅਤੇ ਮਾਲੀ ਨੁਕਸਾਨ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਵਿਛੜੇ ਸਾਥੀਆਂ ਨੂੰ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ।ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਸਹਿਗਲ ਵੱਲੋਂ ਕਨਵੈਨਸ਼ਨ ਵਿੱਚ ਪਹੁੰਚੇ ਮਹਿਮਾਨਾਂ ਤੇ ਸਮੂਹ ਸਾਥੀਆਂ ਦਾ ਸਵਾਗਤ ਕੀਤਾ ਗਿਆ। ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ ਤੇ ਸੂਬਾ ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਨੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਦੇਸ਼ ਅੰਦਰ ਸਦੀਆਂ ਤੋਂ ਆਯੁਰਵੇਦ ਪ੍ਰਣਾਲੀ ਮੁਤਾਬਕ ਗੁਰੂ ਚੇਲਾ ਪ੍ਰਚਲਿਤ ਸੀ। ਪਰ, 1963 ਤੋਂ ਬਾਅਦ ਇਹ ਪ੍ਰਣਾਲੀ ਵਿੱਚ ਰਜਿਸਟਰਡ ਬੰਦ ਕਰ ਦਿੱਤੀ ਗਈ।ਸਰਕਾਰ ਵੱਲੋਂ ਇਸ ਉੱਪਰ ਨਾ ਕੋਈ ਰੋਕ ਲਗਾਈ ਅਤੇ ਨਾ ਹੀ ਇਸ ਦਾ ਕੋਈ ਬਦਲਵਾਂ ਪ੍ਰਬੰਧ ਕੀਤਾ ਗਿਆ। ਕਿੱਤੇ ਨੂੰ ਉਜਾੜਨ ਦੀ ਹਰ ਕੋਝੀ ਚਾਲ ਦਾ ਮੂੰਹ ਤੋੜਵਾਂ ਜਵਾਬ ਵੀ ਦਿੱਤਾ ਹੈ। ਉਨ੍ਹਾਂ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲ ਸੂਬਾ ਆਗੂਆਂ ਖਿਲਾਫ਼ ਜਥੇਬੰਦੀ ਦੀ ਰਜਿਸਟ੍ਰੇਸ਼ਨ ਅਤੇ ਏਕਤਾ ਸਬੰਧੀ ਗੁਮਰਾਹਕੁੰਨ ਪ੍ਰਚਾਰ ਕੀਤਾ ਜਾ ਰਿਹਾ ਹੈ।ਜਿਸ ਤੋਂ ਸੁਚੇਤ ਹੋਣ ਦੀ ਜ਼ਰੂਰਤ ਹੈ। ਅੱਜ ਮੋਗਾ ਵਿਖੇ ਸੂਬਾਈ ਫੈਸਲੇ ਅਨੁਸਾਰ ਹੋ ਰਹੀ ਛੇਵੀਂ ਕਨਵੈਨਸ਼ਨ ਹੈ।ਇਹ ਸਿਲਸਿਲਾ ਪੂਰੇ ਪੰਜਾਬ ਅੰਦਰ ਜਾਰੀ ਰਹੇਗਾ।ਉਨ੍ਹਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ 26 ਨਵੰਬਰ ਦੀ ਪੈਨਲ ਮੀਟਿੰਗ ਦੇ ਫੈਸਲੇ ਮੁਤਾਬਿਕ ਸ਼ਾਰਟ ਟਾਈਮ ਟਰੇਨਿੰਗ ਕੋਰਸ ਕਰਵਾ ਕੇ ਕਾਨੂੰਨੀ ਮਾਨਤਾ ਦਿੱਤੀ ਜਾਵੇ।ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਅਤੇ ਕਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਡਾ. ਦਰਸ਼ਨ ਪਾਲ ਪਟਿਆਲਾ, ਬੀ ਕੇ ਯੂ ਏਕਤਾ ਉਗਰਾਹਾਂ ਦੇ ਸੂਬਾ ਜਨਰਲ ਸਕੱਤਰ ਮਾਸਟਰ ਸੁਖਦੇਵ ਸਿੰਘ ਕੋਕਰੀ, ਦਲਿਤ ਅਤੇ ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਕਨਵੀਨਰ ਡਾ. ਜੁਗਰਾਜ ਸਿੰਘ ਟੱਲੇਵਾਲ ਨੇ ਕਿਹਾ ਕਿ ਦੇਸ਼ ਦੇ ਹਾਕਮ ਦੇਸ਼ ਅੰਦਰ ਨਿੱਜੀਕਰਨ, ਨਿਗਮੀਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਲਾਗੂ ਕਰਕੇ ਦੇਸ਼ ਦੇ ਕੁਦਰਤੀ ਖਜ਼ਾਨੇ ਜਲ, ਜੰਗਲ ਅਤੇ ਜ਼ਮੀਨ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਲੁਟਾ ਰਹੇ ਹਨ।

ਉਨ੍ਹਾਂ ਕਿਹਾ ਕਿ ਘੋਲਾਂ ਨੂੰ ਲੀਹੋਂ ਲਾਉਣ ਲਈ ਸਰਕਾਰੀ ਸ਼ਹਿ 'ਤੇ ਫਿਰਕਾਪ੍ਰਸਤ ਤਾਕਤਾਂ ਵੱਲੋਂ ਭਰਾ ਮਾਰੂ ਲਹਿਰ ਨੂੰ ਉਭਾਰਿਆ ਜਾ ਰਿਹਾ ਹੈ। ਜਿਸ ਤੋਂ ਸੁਚੇਤ ਹੋਣ ਦੀ ਜ਼ਰੂਰਤ ਹੈ। ਇਸ ਮੌਕੇ ਹਾਜ਼ਰ ਸ਼ਖਸ਼ੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਜ਼ਿਲ੍ਹਾ ਚੇਅਰਮੈਨ ਡਾ. ਬਲਦੇਵ ਸਿੰਘ ਧੂਰਕੋਟ ਨੇ ਆਏ ਮਹਿਮਾਨਾਂ ਤੇ ਵੱਡੀ ਗਿਣਤੀ ਪਹੁੰਚੇ ਮੈਂਬਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਸਟੇਜ ਦੇ ਕਾਰਵਾਈ ਜਨਰਲ ਸਕੱਤਰ ਰਾਜਿੰਦਰ ਸਿੰਘ ਲੋਪੋ, ਕੈਸ਼ੀਅਰ ਬਲਜਿੰਦਰ ਸਿੰਘ ਨੇ ਨਿਭਾਈ।

## ਸੰਤ ਕਬੀਰ ਸਕੂਲ ਵਿਖੇ ਦੁਸਹਿਰਾ ਮਨਾਇਆ



ਲਹਿਰਾ ਮੁਹੱਬਤ (ਭੀਮਸੈਨ ਹਦਵਾਰੀਆ)-ਬਦੀ 'ਤੇ ਚੰਗਿਆਈ ਦੀ ਜਿੱਤਦਾ ਤਿਉਹਾਰ ਦੁਸਹਿਰਾ ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਰਾਵਣ ਦਹਿਨ ਕੀਤਾ ਗਿਆ, ਜਿਸ ਵਿੱਚ ਹਰਜੀਤ ਸਿੰਘ ਮਾਨ (ਡਿਪਟੀ ਸੁਪਰਡੈਂਟ ਆਫ ਪੁਲਸ ਬਠਿੰਡਾ) ਨੇ ਬਤੌਰ ਮੁੱਖ ਮਹਿਮਾਨ ਤੇ ਐਡਵੋਕੇਟ ਸੁੰਦਰ ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਤੇ ਗੈਸਟ ਆਫ ਆਨਰ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ ਛੋਟੇ-ਛੋਟੇ ਬੱਚਿਆਂ ਨੇ ਰਾਮਲੀਲ੍ਹਾ ਦੇ ਪਾਤਰਾਂ ਦੀ ਆੜ ਵਿੱਚ ਰਾਮ ਦੀਆਂ ਲੀਲ੍ਹਾਵਾਂ ਪੇਸ਼ ਕੀਤੀਆਂ। ਮੁੱਖ ਮਹਿਮਾਨ ਹਰਜੀਤ ਸਿੰਘ ਮਾਨ ਤੇ ਸਮੂਹ ਸਟਾਫ਼ ਨੇ ਰਾਵਣ ਦਾ ਪੁਤਲਾ ਫੂਕਿਆ। ਮੁੱਖ ਮਹਿਮਾਨ ਨੇ ਸਾਰਿਆਂ ਨੂੰ ਦੁਸਹਿਰੇ ਦੀ ਵਧਾਈ ਦਿੰਦਿਆਂ ਕਿਹਾ ਕਿ ਰਾਵਣ ਨੂੰ ਖਤਮ ਕਰਨ ਨਾਲ ਬੁਰਾਈਆਂ ਖਤਮ ਨਹੀਂ ਹੁੰਦੀਆਂ, ਸਗੋਂ ਸਮਾਜ ਅੰਦਰ ਵਧ ਰਹੀਆਂ ਬੁਰਾਈਆਂ ਨੂੰ ਖਤਮ ਕਰਨਾ ਚਾਹੀਦਾ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਪ੍ਰੋਫੈਸਰ ਐੱਮ. ਐੱਲ. ਅਰੋੜਾ, ਡਾਇਰੈਕਟਰ ਡਾ: ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ, ਹੈੱਡਮਿਸਟ੍ਰੈੱਸ ਸੋਨੀਆ ਧਵਨ, ਰਚਨਾ ਜਿੰਦਲ, ਮੈਡਮ ਕੁਲਵੰਤ ਕੌਰ, ਮੈਡਮ ਸ਼ਾਲੂ, ਜੇ ਐੱਸ ਸੰਧੂ ਨੇ ਸਮੂਹ ਵਿਦਿਆਰਥੀਆਂ ਨੂੰ ਦੁਸਹਿਰੇ ਦੀ ਵਧਾਈ ਦਿੱਤੀ।

## ਗੈਰ-ਵਿੱਦਿਅਕ ਕੰਮ ਲੈਣ ਖਿਲਾਫ ਅਧਿਆਪਕਾਂ ਵੱਲੋਂ ਐੱਸ ਡੀ ਐੱਮ ਨੂੰ ਪੱਤਰ



ਤਲਵੰਡੀ ਸਾਬੋ (ਜਗਦੀਪ ਗਿੱਲ)-ਐੱਸ ਆਈ ਆਰ ਸਰਵੇ ਸਬੰਧੀ ਬੀ ਐੱਲ ਓਜ਼ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਸਬੰਧੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਬਲਾਕ ਤਲਵੰਡੀ ਸਾਬੋ ਦਾ ਵਫਦ ਬਲਾਕ ਜਨਰਲ ਸਕੱਤਰ ਮੈਡਮ ਰਣਦੀਪ ਕੌਰ ਖਾਲਸਾ ਜੀ ਦੀ ਅਗਵਾਈ ਵਿੱਚ ਐੱਸ ਡੀ ਐੱਮ ਸਾਹਿਬ ਤਲਵੰਡੀ ਸਾਬੋ ਨੂੰ ਮਿਲਿਆ।ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿੱਖਿਆ ਕ੍ਰਾਂਤੀ ਦੇ ਦਮਗਜ਼ੇ ਮਾਰਨ ਵਾਲੀ ਪੰਜਾਬ ਸਰਕਾਰ ਪੇਪਰਾਂ ਤੇ ਖੇਡਾਂ ਦੇ ਦਿਨਾਂ ਦੌਰਾਨ ਅਧਿਆਪਕਾਂ ਤੋਂ ਵੋਟਾਂ ਦੀ ਸੁਧਾਈ ਤਹਿਤ ਐੱਸ ਆਈ ਆਰ ਸਰਵੇ ਕਰਵਾਇਆ ਜਾ ਰਿਹਾ ਹੈ, ਜਿਸ ਕਾਰਨ ਜਿੱਥੇ ਅਧਿਆਪਕ ਵੱਡੀ ਮਾਨਸਿਕ ਪ੍ਰੇਸ਼ਾਨੀ ਝੱਲ ਰਹੇ ਹਨ, ਉੱਥੇ ਪੇਪਰਾਂ ਤੇ ਖੇਡਾਂ ਦੇ ਦਿਨਾਂ ਦੌਰਾਨ ਬੱਚਿਆਂ ਦਾ ਭਾਰੀ ਨੁਕਸਾਨ ਵੀ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿੱਚ ਨੌਜਵਾਨ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੇ ਹਨ।ਇਸ ਲਈ ਵੋਟਾਂ ਦੀ ਸੁਧਾਈ ਦਾ ਕੰਮ ਸਾਰਾ ਸਾਲ ਚੱਲਣ ਕਰਕੇ ਅਲੱਗ ਤੌਰ 'ਤੇ ਬੇਰੁਜ਼ਗਾਰਾਂ ਦੀ ਭਰਤੀ ਕਰਕੇ ਉਨ੍ਹਾਂ ਤੋਂ ਵੋਟਾਂ ਦਾ ਕੰਮ ਕਰਵਾਇਆ ਜਾਣਾ ਚਾਹੀਦਾ ਹੈ, ਜਿਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਵੀ ਮਿਲੇਗਾ।ਬੀ ਐੱਲ ਓਜ਼ ਦੀਆਂ ਸਮੱਸਿਆਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਸੁਧਾਈ ਦੇ ਕੰਮ ਲਈ ਢੁੱਕਵਾਂ ਸਮਾਂ ਦੇਣ ਤੇ ਪਹਿਲਾਂ ਕੱਢੇ ਗਏ ਕਾਰਨ ਦੱਸੋ ਨੋਟਿਸ ਰੱਦ ਕਰਨ ਤੋਂ ਇਲਾਵਾ ਦਿੱਤੀ ਗਈ ਸਮਾਂ ਸੀਮਾ ਪੂਰੀ ਹੋਣ ਤੋਂ ਪਹਿਲਾਂ ਕਿਸੇ ਵੀ ਬੀਐੱਲਓ ਨੂੰ ਨੋਟਿਸ ਜਾਰੀ ਨਾ ਕਰਨ ਦੀ ਮੰਗ ਜ਼ੋਰਦਾਰ ਢੰਗ ਨਾਲ ਉਠਾਈ ਗਈ।ਐੱਸ ਡੀ ਐੱਮ ਸਾਹਿਬ ਵੱਲੋਂ ਸਾਰੀਆਂ ਮੰਗਾਂ ਨਾਲ ਸਹਿਮਤ ਹੁੰਦਿਆਂ 4 ਅਕਤੂਬਰ ਤੱਕ ਦੀ ਫਾਰਗੀ ਦਾ ਪੱਤਰ ਮੌਕੇ 'ਤੇ ਜਾਰੀ ਕੀਤਾ ਗਿਆ।ਡੈਪੂਟੇਸ਼ਨ ਵਿੱਚ ਜਸਵਿੰਦਰ ਸਿੰਘ ਸੰਦੋਹਾ, ਪਰਮਜੀਤ ਸਿੰਘ ਸੰਗਤ, ਗੁਰਬਾਜ ਸਿੰਘ, ਦਰਸ਼ਨ ਸਿੰਘ, ਰੂਪ ਸਿੰਘ, ਹਰਮੇਸ਼ ਕੁਮਾਰ, ਨਿਰਭੈ ਸਿੰਘ, ਅਵਤਾਰ ਸਿੰਘ, ਪ੍ਰਕਾਸ਼ ਸਿੰਘ, ਰਵਿੰਦਰ ਕੁਮਾਰ, ਰਿੰਕੂ ਗਰਗ, ਜਸਕਰਨ ਸਿੰਘ, ਅਸ਼ੀਸ਼ ਕੁਮਾਰ, ਮਨਦੀਪ ਸਿੰਘ, ਬਲਰਾਮ ਕੁਮਾਰ, ਕੌਰ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਅਨਾਜ ਮੰਡੀ ਸਰਦੂਲਗੜ੍ਹ ਵਿਖੇ ਝੋਨੇ ਦੀ ਖਰੀਦ ਸ਼ੁਰੂ




ਸਰਦੂਲਗੜ੍ਹ (ਅਵਤਾਰ ਜਟਾਣਾ)-ਸਥਾਨਕ ਅਨਾਜ ਮੰਡੀ ਵਿੱਚ ਸਰਕਾਰੀ ਪੱਧਰ 'ਤੇ ਝੋਨੇ ਦੀ ਖਰੀਦ ਪ੍ਰਕਿਰਿਆ ਸ਼ੁਰੂ ਹੋ ਗਈ।ਖਰੀਦ ਦੀ ਸ਼ੁਰੂਆਤ ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਵਾਲੀ ਵੱਲੋਂ ਕੀਤੀ ਗਈ।ਇਸ ਮੌਕੇ ਝੋਨਾ 2389 ਰੁਪਏ ਪ੍ਰਤੀ ਕੁਵਿੰਟਲ ਦੀ ਦਰ 'ਤੇ ਵਿਕਿਆ। ਮਾਰਕਫੈੱਡ ਤੇ ਪਨਗਰੇਨ ਏਜੰਸੀਆਂ ਵੱਲੋਂ ਝੋਨੇ ਦੀ ਖਰੀਦ ਕੀਤੀ ਜਾ ਰਹੀ ਹੈ।ਇਸ ਮੌਕੇ ਕਿਸਾਨਾਂ ਨੇ ਖਰੀਦ ਪ੍ਰਕਿਰਿਆ 'ਤੇ ਸੰਤੁਸ਼ਟੀ ਜਤਾਈ ਤੇ ਕਿਹਾ ਕਿ ਉਨ੍ਹਾਂ ਨੂੰ ਸਰਕਾਰ ਵੱਲੋਂ ਕੀਤੀਆਂ ਵਿਸਥਾਵਾਂ 'ਤੇ ਪੂਰਾ ਭਰੋਸਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਪ੍ਰੀਤ ਸਿੰਘ ਬਣਾਵਾਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਪਾਣੀ, ਬਿਜਲੀ, ਸਫਾਈ ਆਦਿ ਦੇ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸੇ ਦੌਰਾਨ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਦਰਸ਼ਨ ਕੁਮਾਰ ਮਿੱਤਲ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਪੂਰੀ ਤਰ੍ਹਾਂ ਸੁੱਕੀ ਹੋਈ ਮੰਡੀਆਂ ਵਿੱਚ ਲਿਆਉਣੀ ਚਾਹੀਦੀ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਸਮੇਂ ਸਿਰ ਕਿਸਾਨਾਂ ਨੂੰ ਅਦਾਇਗੀ ਹੋਵੇਗੀ ਤੇ ਫਸਲ ਵੀ ਸਮੇਂ ਸਿਰ ਮੰਡੀ ਵਿੱਚੋਂ ਚੁੱਕੀ ਜਾਵੇਗੀ। ਮਾਰਕੀਟ ਕਮੇਟੀ ਦੇ ਚੇਅਰਮੈਨ ਰਾਏ ਸਿੰਘ ਤੇ ਸੈਕਟਰੀ ਕਿਮੀ ਗਰਗ ਨੇ ਕਿਹਾ ਕਿ ਮਾਰਕੀਟ ਕਮੇਟੀ ਵੱਲੋਂ ਮੰਡੀ ਵਿੱਚ ਸਾਰੇ ਪ੍ਰਬੰਧ ਮੁਕੰਮਲ ਹਨ, ਜੇ ਕਿਸਾਨ ਜਾਂ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਸ ਦਾ ਹੱਲ ਤੁਰੰਤ ਕੀਤਾ ਜਾਵੇਗਾ।ਇਸ ਮੌਕੇ ਮਾਰਕਫੈੱਡ ਇੰਸਪੈਕਟਰ ਯੋਗੇਸ਼ ਕੁਮਾਰ, ਪਨਗਰੇਨ ਤੋਂ ਇੰਸਪੈਕਟਰ ਸਤਵਿੰਦਰ ਸਿੰਘ, ਪ੍ਰੇਮ ਗਰਗ, ਨਵਿੰਦਰ ਸਿੰਘ ਐਮ ਸੀ, ਪੰਕਜ ਗਰਗ ਟਾਟਾ, ਹਰਿੰਦਰ ਗਰਗ ਠੇਕੇਦਾਰ, ਦਵਿੰਦਰ ਸ਼ਰਮਾ ਪ੍ਰਧਾਨ ਪੈਸਟੀਸਾਈਡ ਯੂਨੀਅਨ, ਬਲਵਿੰਦਰ ਸੋਨੀ, ਆਪ ਆਗੂ ਅਵਤਾਰ ਸਿੰਘ ਆੜ੍ਹਤੀਆ ਆਦਿ ਤੋਂ ਇਲਾਵਾ ਕਿਸਾਨ ਹਾਜ਼ਰ ਸਨ।

## ਵੰਦੇ ਭਾਰਤ ਦੀ ਬਰਨਾਲਾ ਵਿਖੇ ਹੋਵੇਗੀ ਠਹਿਰ : ਮੀਤ ਹੇਅਰ



ਬਰਨਾਲਾ (ਰਾਜਿੰਦਰ ਬਰਾੜ)-ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਬੀਤੇ ਦਿਨ ਨਵੀਂ ਦਿੱਲੀ ਵਿਖੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕੀਤੀ।ਇਸ ਦੌਰਾਨ ਮੀਤ ਹੇਅਰ ਨੇ ਮੰਗ ਕੀਤੀ ਕਿ ਨਵੀਂ ਦਿੱਲੀ ਤੋਂ ਫਿਰੋਜ਼ਪੁਰ ਕੈਂਟ ਤੱਕ ਚੱਲਣ ਵਾਲੀ ਨਵੀਂ ਵੰਦੇ ਭਾਰਤ ਰੇਲ ਗੱਡੀ ਦਾ ਠਹਿਰਾਅ ਬਰਨਾਲਾ ਵਿਖੇ ਵੀ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਬਰਨਾਲਾ ਰੇਲਵੇ ਸਟੇਸ਼ਨ ਉੱਤੇ ਇਸ ਗੱਡੀ ਦੇ ਠਹਿਰਾਅ ਨਾਲ ਆਸ-ਪਾਸ ਦੇ ਸੈਂਕੜੇ ਪਿੰਡਾਂ ਤੇ ਹੋਰ ਕਸਬਿਆਂ ਨੂੰ ਲਾਭ ਮਿਲੇਗਾ ਤੇ ਉਹ ਕੌਮੀ ਰਾਜਧਾਨੀ ਨਾਲ ਕੁਨੈਕਟ ਹੋ ਸਕਣਗੇ।ਮੀਤ ਹੇਅਰ ਨੇ ਦੱਸਿਆ ਕਿ ਰੇਲ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਉਨ੍ਹਾਂ ਦੀ ਮੰਗ ਉੱਤੇ ਵਿਚਾਰ ਕਰਕੇ ਬਰਨਾਲਾ ਰੇਲਵੇ ਸਟੇਸ਼ਨ ਉੱਤੇ ਵੀ ਗੱਡੀ ਦਾ ਠਹਿਰਾਅ ਯਕੀਨੀ ਬਣਾਇਆ ਜਾਵੇਗਾ।ਮੀਤ ਹੇਅਰ ਨੇ ਕਿਹਾ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਅਜਿਹੀ ਕੋਈ ਰੇਲ ਗੱਡੀ ਚਲਾਉਣ ਦੀ ਮੰਗ ਕਰਦੇ ਆ ਰਹੇ ਸਨ, ਜਿਸ ਨਾਲ ਬਰਨਾਲਾ ਨੂੰ ਸਿੱਧਾ ਕੌਮੀ ਰਾਜਧਾਨੀ ਦਿੱਲੀ ਨਾਲ ਜੋੜਿਆ ਜਾ ਸਕੇ ਤੇ ਹੁਣ ਜਦੋਂ ਨਵੀਂ ਦਿੱਲੀ ਤੋਂ ਫਿਰੋਜ਼ਪੁਰ ਕੈਂਟ ਤੱਕ ਵੰਦੇ ਭਾਰਤ ਰੇਲ ਗੱਡੀ ਚਲਾਉਣ ਦਾ ਪ੍ਰਸਤਾਵ ਹੈ ਤਾਂ ਬਰਨਾਲਾ ਸਟੇਸ਼ਨ ਉੱਤੇ ਇਸ ਗੱਡੀ ਦਾ ਠਹਿਰਾਅ ਨਹੀਂ ਬਣਾਇਆ ਗਿਆ।ਮੀਤ ਹੇਅਰ ਨੇ ਕਿਹਾ ਕਿ ਪਾਰਲੀਮੈਂਟ ਵਿੱਚ ਨਿਰੰਤਰ ਉਨ੍ਹਾਂ ਵੱਲੋਂ ਇਹ ਮੰਗ ਉਠਾਈ ਜਾਂਦੀ ਸੀ, ਜਿਸ ਨੂੰ ਪੂਰਾ ਹੋਣ ਉੱਤੇ ਉਹ ਰੇਲ ਮੰਤਰਾਲੇ ਦਾ ਧੰਨਵਾਦ ਕਰਦੇ ਹਨ।ਜਦੋਂ ਇਹ ਗੱਡੀ ਬਰਨਾਲਾ ਸਟੇਸ਼ਨ ਉੱਤੇ ਰੁਕੇਗੀ ਤਾਂ ਉਹ ਬਰਨਾਲਾ ਵਾਸੀਆਂ ਦੇ ਨਾਲ ਪਹਿਲੇ ਦਿਨ ਇਸ ਰੇਲ ਦਾ ਸਵਾਗਤ ਕਰਨਗੇ ਤੇ ਬਰਨਾਲਾ ਵਿਖੇ ਰੇਲ ਦਾ ਠਹਿਰ ਬਣਾਉਣ ਲਈ ਉਚੇਚੇ ਤੌਰ ਉੱਤੇ ਧੰਨਵਾਦ ਕਰਨਗੇ।

## ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਮੈਡੀਕਲ ਪ੍ਰੈਕਟੀਸਨਰਜ਼ ਐਸੋਸੀਏਸ਼ਨ ਬਲਾਕ ਮਹਿਲ ਕਲਾਂ ਵੱਲੋਂ ਸ਼ਹੀਦ-ਏ-ਆਜ਼ਮ ਸ੍ਰ: ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਸਮਾਗਮ ਮਹਿਲ ਕਲਾਂ ਸੋਢੇ ਵਿਖੇ ਪੂਰੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਮੌਕੇ ਵੱਖ-ਵੱਖ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਲਾਸਾਨੀ ਕੁਰਬਾਨੀ ਨੂੰ ਸਿੱਜਦਾ ਕੀਤਾ।ਸੂਬਾ ਕਮੇਟੀ ਮੈਂਬਰ ਡਾ. ਕੇਸਰ ਖਾਨ, ਬਲਾਕ ਪ੍ਰਧਾਨ ਡਾ. ਦਰਬਾਰ ਸਿੰਘ ਮਹਿਲ ਕਲਾਂ, ਜਰਨਲ ਸਕੱਤਰ ਡਾ. ਅਮਰਜੀਤ ਸਿੰਘ ਕਾਲਸਾਂ, ਸਕੱਤਰ ਨਿਰਭੈ ਸਿੰਘ ਨਿਹਲੂਵਾਲ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀਆਂ ਕੁਰਬਾਨੀਆਂ ਦੇ ਬਾਵਜੂਦ ਮਹਾਨ ਸ਼ਹੀਦਾਂ ਦੇ ਸੁਪਨਿਆਂ ਦੀ ਆਜ਼ਾਦੀ ਅਜੇ ਤੱਕ ਵੀ ਨਹੀਂ ਆਈ।ਆਜ਼ਾਦੀ ਦੇ 78 ਵਰ੍ਹੇ ਬੀਤ ਜਾਣ ਦੇ ਬਾਵਜੂਦ ਲੋਕਾਂ ਨੂੰ ਮੁੱਢਲੀਆਂ ਲੋੜਾਂ ਦਾ ਪ੍ਰਬੰਧ ਨਹੀਂ ਕੀਤਾ ਗਿਆ।ਇਸ ਮੌਕੇ ਭਾਕਿਯੂ ਡਕੌਂਦਾ (ਧਨੇਰ) ਦੇ ਜਗਰਾਜ ਸਿੰਘ ਹਰਦਾਸਪੁਰਾ, ਕ੍ਰਾਂਤੀਕਾਰੀ ਯੂਨੀਅਨ ਦੇ ਪਵਿੱਤਰ ਸਿੰਘ ਲਾਲੀ ਨੇ ਕਿਹਾ ਕਿ ਸਮੂਹ ਕਿਸਾਨ ਜਥੇਬੰਦੀਆਂ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਤੋਂ ਪ੍ਰੇਰਿਤ ਹੋ ਕੇ ਕੇਂਦਰ ਤੇ ਰਾਜ ਸਰਕਾਰ ਦੀਆਂ ਲੋਕ-ਵਿਰੋਧੀ ਨੀਤੀਆਂ ਖਿਲਾਫ ਸੰਘਰਸ਼ ਕਰ ਰਹੀਆਂ ਹਨ ਤਾਂ ਜੋ ਕਿਸਾਨਾਂ ਤੇ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕ ਮਿਲ ਸਕਣ।ਉਨ੍ਹਾਂ ਆਪਣੀਆਂ ਹੱਕੀ ਮੰਗਾਂ ਲਈ ਲਾਮਬੰਦ ਹੋਣ ਦੀ ਅਪੀਲ ਕਰਦਿਆ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਉਸਾਰੂ ਸੋਚ ਸਾਡੇ ਸਾਰਿਆਂ ਲਈ ਹਮੇਸ਼ਾ ਪ੍ਰੇਰਣਾ ਸਰੋਤ ਰਹੇਗੀ।ਇਸ ਮੌਕੇ ਪ੍ਰਬੰਧਕਾਂ ਵੱਲੋਂ ਵੱਖ-ਵੱਖ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਗੁਰਮੀਤ ਸਿੰਘ ਦੀਵਾਨਾ, ਅਮਰਜੀਤ ਸਿੰਘ ਮਹਿਲ ਕਲਾਂ, ਜਸਵੰਤ ਸਿੰਘ ਛੀਨੀਵਾਲ, ਮੇਜਰ ਸਿੰਘ ਛਾਪਾ, ਕੇਵਲ ਸਿੰਘ ਜਲਾਲਦੀਵਾਲ, ਸੁਖਪਾਲ ਸਿੰਘ ਰਾਏਸਰ, ਬਲਬੀਰ ਸਿੰਘ ਗੋਬਿੰਦਗੜ੍ਹ, ਦਿਲਬਾਗ ਸਿੰਘ ਕੁਤਬਾ, ਮਲਕੀਤ ਸਿੰਘ ਮੂੰਮ, ਅਮਨਦੀਪ ਸਿੰਘ ਨਿਹਲੂਵਾਲ, ਜਸਵੰਤ ਸਿੰਘ ਲੋਹਗੜ੍ਹ, ਬਾਰੂ ਮੁਹੰਮਦ ਬੇਗਮ ਜੀਤਨ, ਗੁਰਚਰਨ ਸਿੰਘ ਰਾਜਗੜ੍ਹ ਆਦਿ ਹਾਜ਼ਰ ਸਨ।

# ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਖਾਦ ਸਟੋਰ 'ਤੇ ਛਾਪੇਮਾਰੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗੁਰਦਾਸਪੁਰ ਵਿਚ ਕਿਸਾਨਾਂ ਨੂੰ ਸਮੇਂ ਸਿਰ ਅਤੇ ਲੋੜੀਂਦੀ ਮਾਤਰਾ ਵਿਚ ਖਾਦਾਂ ਉਪਲਬਧ ਕਰਵਾਉਣ ਲਈ ਚਲਾਈ ਗਈ ਮੁਹਿੰਮ ਤਹਿਤ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾਕਟਰ ਅਮਰੀਕ ਸਿੰਘ ਦੀ ਅਗਵਾਈ ਹੇਠ ਖੇਤੀਬਾੜੀ ਅਫਸਰ ਡਾਕਟਰ ਮਨਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ ਇਨਫੋਰਸਮੈਂਟ ਡਾਕਟਰ ਅੰਮ੍ਰਿਤ ਪਾਲ ਸਿੰਘ, ਡਾਕਟਰ ਹਰਮਨਦੀਪ ਸਿੰਘ ਅਤੇ ਬਲਾਕ ਖੇਤੀਬਾੜੀ ਅਫਸਰ ਡਾਕਟਰ ਪਰਮਿੰਦਰ ਕੁਮਾਰ ਅਧਾਰਿਤ ਟੀਮ ਵੱਲੋਂ ਮਿਲੀ ਗੁਪਤ ਸੂਚਨਾ ਦੇ ਅਧਾਰ 'ਤੇ ਖਾਦ ਵਿਕਰੇਤਾ ਸੈਣੀ ਖਾਦ ਸਟੋਰ ਅੱਡਾ ਸੈਦੋਵਾਲ ਖੁਰਦ 'ਤੇ ਛਾਪੇਮਾਰੀ ਕੀਤੀ ਗਈ। ਛਾਪੇਮਾਰੀ ਦੌਰਾਨ ਮੌਕੇ 'ਤੇ ਟਰਿਪਲ ਸੁਪਰ ਫਾਸਫੇਟ ਖਾਦ ਦੇ 130 ਬੈਗ ਅਤੇ ਪੋਟਾਸ਼ ਖਾਦ 14.5% ਦੇ 15 ਬੈਗ ਇੱਕ ਨਾਮਲੂਮ ਵਿਅਕਤੀ ਵੱਲੋਂ ਦੁਕਾਨ ਵਿੱਚ ਅਨਲੋਡ ਕਰਵਾਉਂਦਾ ਲਈ ਲਿਆਂਦੇ ਹੋਏ ਸਨ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਹਾਜ਼ਰ ਅਧਿਕਾਰੀਆਂ ਵੱਲੋਂ ਉਸ ਵਿਅਕਤੀ ਰਾਹੀਂ ਮੌਕੇ 'ਤੇ ਦੁਕਾਨ ਨੂੰ ਖੁਲ੍ਹਵਾਇਆ ਗਿਆ ਤਾਂ ਦੁਕਾਨ ਅੰਦਰ 350 ਬੈਗ ਯੂਰੀਆ ਖਾਦ, ਵੱਖ-ਵੱਖ ਬਰਾਂਡਾਂ ਦੇ 38 ਬੈਗ ਸਲਫਰ 90% ਅਤੇ ਵੱਖ-ਵੱਖ ਬਰਾਂਡਾਂ ਦੇ 111 ਬੈਗ ਸਿੰਗਲ ਸੁਪਰ ਫਾਸਫੇਟ ਖਾਦ ਸਟਾਕ ਪਾਈ ਗਈ। ਇਸ ਖਾਦ ਸਟਾਕ ਬਾਬਤ ਪੁੱਛਣ 'ਤੇ ਹਾਜ਼ਰ ਵਿਅਕਤੀ ਨੇ ਦੱਸਿਆ ਕਿ ਖਾਦ ਦੇ ਇਸ ਸਟਾਕ ਵਿੱਚੋਂ 125 ਬੈਗ ਟਰਿਪਲ ਸੁਪਰ ਫਾਸਫੇਟ, 15 ਬੈਗ ਪੋਟਾਸ਼ 14.5% ਅਤੇ 350 ਬੈਗ ਯੂਰੀਆ ਖਾਦ ਸਹਿਕਾਰੀ ਸਭਾ ਨੈਣੇਕੋਟ ਵੱਲੋਂ ਸਪਲਾਈ ਕੀਤੀ ਗਈ ਹੈ।ਚੈਕਿੰਗ ਦੌਰਾਨ ਦੁਕਾਨ ਦਾ ਮਾਲਕ ਸਦਵਿੰਦਰ ਸਿੰਘ ਵਾਸੀ ਨੈਣੇਕੋਟ ਵੀ ਮੌਕੇ 'ਤੇ ਹਾਜ਼ਰ ਹੋ ਗਿਆ ਤੇ ਉਹ ਇਸ ਖਾਦ ਦੇ ਸਟਾਕ ਸੰਬੰਧੀ ਕੋਈ ਵੀ ਦਸਤਾਵੇਜ਼ ਅਤੇ ਬਿੱਲ ਪੇਸ਼



ਨਹੀਂ ਕਰ ਸਕਿਆ। ਇਸ ਕਰਕੇ ਇਸ ਖਾਦਾਂ ਦੇ ਸਟਾਕ ਨੂੰ ਅਣ-ਅਧਿਕਾਰਿਤ ਘੋਸ਼ਿਤ ਕਰਦੇ ਹੋਏ ਇਸ ਦੀ ਵਿਕਰੀ ਤੇ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਥਾਣਾ ਪੁਲਿਸ ਪਾਰਟੀ ਭੈਣੀ ਮੀਆਂ ਖਾਂ ਦੀ ਹਾਜ਼ਰੀ ਵਿਚ ਦੁਕਾਨ ਨੂੰ ਸੀਲ ਕਰ ਦਿੱਤਾ ਗਿਆ ਹੈ ਅਤੇ ਦੁਕਾਨ ਦੇ ਮਾਲਕ ਨੂੰ ਇਹਨਾਂ ਖਾਦਾਂ ਸਬੰਧੀ ਲੋੜੀਂਦੇ ਦਸਤਾਵੇਜ਼ ਅਤੇ ਬਿੱਲ ਪੇਸ਼ ਕਰਨ ਲਈ ਇੱਕ ਦਿਨ ਦੀ ਮੁਹਲਤ ਦਿੱਤੀ ਗਈ ਜਿਸ ਵਿੱਚ ਉਹ ਅਸਫਲ ਰਿਹਾ ਅਤੇ ਉਸ ਦਾ ਖਾਦਾਂ ਦਾ ਲਾਈਸੈਂਸ ਰੱਦ ਕਰਦੇ ਹੋਏ ਉਕਤ ਫਰਮ ਖਿਲਾਫ ਕਾਨੂੰਨੀ ਕਾਰਵਾਈ ਕਰਨ ਲਈ ਉੱਚ ਅਧਿਕਾਰੀਆਂ ਅਤੇ ਪੁਲਸ ਥਾਣਾ ਭੈਣੀ ਮੀਆਂ ਖਾਨ ਨੂੰ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ।

# ਹਜ਼ਾਰਾਂ ਅਧਿਆਪਕ, ਲੈਕਚਰਾਰ ਤੇ ਹੋਰ ਸਕੂਲੀ ਕਰਮਚਾਰੀ ਵੋਟਾਂ ਦੀ ਸੁਧਾਈ 'ਤੇ ਲਗਾਏ

ਖਡੂਰ ਸਾਹਿਬ (ਸਰਬਜੀਤ ਸਿੰਘ)-ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਤੇ ਸਿੱਖਿਆ ਇਨਕਲਾਬ ਕੰਧਾਂ, ਇਸ਼ਤਿਹਾਰਾਂ 'ਤੇ ਬੋਰਡਾਂ 'ਤੇ ਅੱਗੇ ਨਹੀਂ ਵਧ ਰਿਹਾ। ਪਹਿਲਾਂ ਤਾਂ ਨੂੰ ਮਾਰ ਲਿਆ ਅਤੇ ਹੁਣ ਤੁਸੀਂ 30 ਹਜ਼ਾਰ ਅਧਿਆਪਕਾਂ, ਲੈਕਚਰਾਰਾਂ ਅਤੇ ਹੋਰ ਸਕੂਲੀ ਕਰਮਚਾਰੀਆਂ ਨੂੰ ਵੋਟਾਂ ਦੀ ਸੁਧਾਈ 'ਤੇ ਲਾ ਕੇ ਵਿੱਦਿਅਕ ਪ੍ਰਬੰਧਾਂ ਦਾ ਪੂਰਾ ਦੀਵਾਲਾ ਕੱਢ ਦਿੱਤਾ ਗਿਆ ਹੈ। ਪ੍ਰਾਪਤ ਵੇਰਵਿਆਂ ਅਨੁਸਾਰ ਚੋਣ ਕਮਿਸ਼ਨ ਭਾਰਤ ਸਰਕਾਰ 2003 ਅਤੇ 2025 ਦੇ ਵੋਟਰਾਂ ਦੇ ਉਸ ਸਮੇਂ ਦੇ ਪਰਵਾਰਾਂ ਦਾ ਮਿਲਾਣ ਕਰਵਾ ਰਿਹਾ ਹੈ, ਪੰਜਾਬ ਦੇ 12,400 ਪਿੰਡਾਂ ਅੰਦਰ 24,684 ਬੂਥ ਬਣੇ ਹੋਏ ਹਨ। ਹਰ ਬੂਥ ਲਈ ਇਕ ਅਧਿਆਪਕ ਬੀ.ਐਲ.ਓ. ਲੱਗਾ ਹੋਇਆ ਹੈ। ਕੰਮ ਦੀ ਨਿਗਰਾਨੀ ਲਈ 2500 ਲੈਕਚਰਾਰ, ਹੈੱਡਮਾਸਟਰ ਅਤੇ ਪ੍ਰਿੰਸੀਪਲ ਸੁਪਰਵਾਈਜ਼ਰ ਲਗਾਏ ਹੋਏ ਹਨ। 2000 ਦੇ ਕਰੀਬ ਕਲਰਕ, ਐਸ.ਐਲ.ਏ. ਤੇ ਅਧਿਆਪਕ ਚੋਣ ਦਫ਼ਤਰਾਂ ਦੀ ਡਿਊਟੀ 'ਤੇ ਹਨ। ਜਦੋਂ ਵਿਭਾਗ ਦਾ 40 ਫ਼ੀਸਦੀ ਅਮਲਾ ਹੀ ਇਸ ਕੰਮ 'ਤੇ ਲਾ ਲਿਆ ਗਿਆ ਹੈ ਤਾਂ ਸਕੂਲ ਅੰਦਰ ਕਿਵੇਂ ਸਿੱਖਿਆ ਕ੍ਰਾਂਤੀ ਆਵੇਗੀ। ਪੰਜਾਬ ਅੰਦਰ 1 ਲੱਖ 20 ਹਜ਼ਾਰ ਦੇ ਕਰੀਬ ਅਧਿਆਪਕਾਂ ਤੇ ਬਾਕੀ ਅਮਲੇ ਦੀਆਂ ਪੋਸਟਾਂ ਹਨ, ਜਿਨ੍ਹਾਂ ਵਿਚੋਂ 35-40 ਹਜ਼ਾਰ ਪੋਸਟਾਂ ਹਰ ਕੇਡਰ ਦੀਆਂ ਖ਼ਾਲੀ ਪਈਆਂ ਹਨ। ਬਾਕੀ ਵਿਚੋਂ ਵੀ 40 ਹਜ਼ਾਰ ਬੀ.ਐਲ.ਓ. ਅਤੇ ਹੋਰ ਸਰਕਾਰੀ ਦਫ਼ਤਰਾਂ ਵਿਚ ਲੱਗੇ ਹੋਏ ਹਨ। ਅੱਜ ਹਾਲਾਤ ਇਹ ਬਣੇ ਪਏ ਹਨ ਕਿ ਕੁਝ ਸਕੂਲਾਂ ਕੋਲੋਂ 1 ਜਾਂ 2 ਅਧਿਆਪਕ ਹਨ। ਦੋਵੇਂ ਹੀ ਡਿਊਟੀ 'ਤੇ ਹਨ, ਬੱਚੇ ਦਲੀਆ, ਚੌਲ ਖਾ ਕੇ ਅਤੇ ਥਾਲੀਆਂ ਖੜਕਾ ਕੇ ਘਰਾਂ ਨੂੰ ਪਰਤ ਜਾਂਦੇ ਹਨ। ਸੀਨੀਅਰ ਸੈਕੰਡਰੀ ਸਕੂਲਾਂ ਅੰਦਰ 16000 ਦੇ ਮੁਕਾਬਲੇ ਪਹਿਲਾ ਹੀ 8000 ਲੈਕਚਰਾਰ ਹਨ ਅਤੇ ਉਹ ਵੀ ਸਾਰੇ ਸੁਪਰਵਾਈਜ਼ਰ ਲਗਾ ਛੱਡੇ ਹਨ।ਵੋਟਾਂ ਦੀ ਸੁਧਾਈ ਦਾ ਇਹ ਕੰਮ 15-20 ਦਿਨਾਂ 'ਤੇ ਚੱਲ ਰਿਹਾ ਹੈ ਅਤੇ ਅਜੇ ਇਹ ਕੰਮ ਜਨਵਰੀ 2026 ਤੱਕ ਚੱਲਣਾ ਹੈ। ਅਜੇ ਤੱਕ 5 ਅਕਤੂਬਰ 2025 ਤੱਕ ਸਕੂਲਾਂ ਤੋਂ ਬਾਹਰ ਦੇ ਹੁਕਮ ਹਨ।

ਖ਼ਬਰਾਂ ਹਨ ਕਿ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ 'ਤੇ ਬਾਅਦ ਮਰਦਮਸ਼ੁਮਾਰੀ ਦੀ ਤਿਆਰੀ ਹੈ, ਫਿਰ 40 ਹਜ਼ਾਰ ਅਧਿਆਪਕ ਇਸ ਕੰਮ ਲੱਗਣਗੇ। ਬਾਕੀ ਜੋ 40-50 ਹਜ਼ਾਰ ਸਕੂਲਾਂ ਵਿਚ ਹਨ, ਉਹ ਵੀ ਸਾਰਾ ਦਿਨ ਵਿਭਾਗ ਦੀਆਂ ਡਾਕਾਂ ਦੀ ਕਲਰਕੀ ਕਰਦੇ ਅਤੇ ਮਨੀਮੀ ਕਰ ਰਹੇ ਹਨ, ਜਦੋਂ 2-3 ਮਹੀਨੇ ਅਧਿਆਪਕ ਸਕੂਲ ਵੜਨ ਹੀ ਨਹੀਂ ਦੇਣੇ ਅਤੇ ਬਾਕੀਆਂ ਨੂੰ ਡਾਕਾਂ ਮੰਗਾਂ-ਮੰਗ ਕੇ ਕਲਰਕੀ ਕਰਵਾਉਣੀ ਹੈ ਤਾਂ ਫਿਰ ਪੜ੍ਹਾਈ ਦੀ ਫ਼ਿਕਰ ਕੌਣ ਕਰੇ। ਪੰਜਾਬ ਦੇ 25 ਲੱਖ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਦੀ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਤੋਂ ਮੰਗ ਹੈ ਕਿ ਅਧਿਆਪਕਾਂ ਕੋਲੋਂ ਪੜ੍ਹਾਈ ਤੋਂ ਬਿਨਾਂ ਸਾਰੇ ਗੈਰ-ਵਿੱਦਿਅਕ ਕੰਮ ਲੈਣੇ ਬੰਦ ਕੀਤੇ ਜਾਣ, ਜੇ ਇਹ ਕੰਮ ਨਹੀਂ ਰੁਕਦਾ ਤਾਂ ਵਿਦਿਆਰਥੀਆਂ ਦਾ ਸਿਲੇਬਸ ਕਦੇ ਵੀ ਪੂਰਾ ਨਹੀਂ ਹੋ ਸਕਦਾ।

# ਖੇਤੀਬਾੜੀ ਵਿਭਾਗ ਦੀ ਟੀਮ ਰਾਵੀ ਦਰਿਆ ਤੋਂ ਪਾਰਲੇ ਪਿੰਡਾਂ 'ਚ ਪਹੁੰਚੀ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਰਾਵੀ ਦਰਿਆ ਤੋਂ ਪਾਰ ਅਤੇ ਨੇੜਲੇ ਪਿੰਡਾਂ ਘਣੀਏ ਕੇ ਬੇਟ, ਗੁਰਚੱਕ, ਲੱਧੋਵਾਲ ਅਤੇ ਮਨਸੂਰ ਆਦਿ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਜਾਨਣ ਲਈ ਖੇਤੀਬਾੜੀ ਵਿਭਾਗ ਗੁਰਦਾਸਪੁਰ ਵੱਲੋਂ ਵਿਸ਼ੇਸ਼ ਕੈਂਪ ਲਗਾਇਆ ਗਿਆ। ਜਿਸ ਵਿੱਚ ਤਹਿਸੀਲਦਾਰ ਲਛਮਣ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ, ਬਲਾਕ ਖ਼ੇਤੀਬਾੜੀ ਅਫ਼ਸਰ ਡਾ. ਸੁਖਬੀਰ ਸਿੰਘ ਸੰਧੂ, ਸਤਵਿੰਦਰਜੀਤ ਸਿੰਘ, ਸੁਖਦਿਆਲ ਸਿੰਘ (ਖੇਤੀ ਵਿਸਥਾਰ ਅਫ਼ਸਰ), ਸਾਬਕਾ ਸਰਪੰਚ ਸੁਖਦੇਵ ਸਿੰਘ, ਹਰਕੇਵਲ ਸਿੰਘ ਰੰਧਾਵਾ ਸਮੇਤ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ। ਇਸ ਮੌਕੇ ਡਾਕਟਰ ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ 26 ਅਗਸਤ ਨੂੰ ਆਏ ਹੜ੍ਹਾਂ ਦੇ ਪਾਣੀ ਨਾਲ ਇਨਾਂ ਪਿੰਡਾਂ ਵਿਚ ਝੋਨੇ, ਬਾਸਮਤੀ, ਮੱਕੀ ਅਤੇ ਕਮਾਦ ਆਦਿ ਫ਼ਸਲਾਂ ਦਾ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਫ਼ਸਲਾਂ ਦੇ ਨੁਕਸਾਨ ਦੇ ਨਾਲ ਸੜਕਾਂ, ਪਸ਼ੂਆਂ, ਘਰਾਂ, ਸੜਕਾਂ ਦਾ ਵੀ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਤ ਸਵ੍ਹੇਂ ਦੀ ਖੇਤੀ ਕਰਨ ਵਾਲੇ ਇੱਛੁਕ ਕਿਸਾਨਾਂ ਨੂੰ ਵਿਭਾਗ ਵੱਲੋਂ ਸਰ੍ਹੋਂ ਦਾ ਬੀਜ ਉਪਲਬੱਧ ਕਰਵਾਇਆ ਜਾਵੇਗਾ।ਬਲਾਕ ਖ਼ੇਤੀਬਾੜੀ ਅਫ਼ਸਰ ਡਾਕਟਰ ਸੁਖਬੀਰ ਸਿੰਘ ਸੰਧੂ ਨੇ ਦੱਸਿਆ ਕਿ ਝੋਨੇ ਦੀ ਫ਼ਸਲ ਹੁਣ ਸਾਰੀ ਫ਼ਸਲ ਬਰਬਾਦ ਹੋ ਗਈ ਹੈ।ਖੇਤੀਬਾੜੀ ਪਿੰਡ ਦੇ ਸਾਬਕਾ ਸਰਪੰਚ ਸੁਖਦੇਵ ਸਿੰਘ ਭੋਲਾ ਨੇ ਪਿੰਡ ਦੇ ਹਾਲਾਤ ਬਾਰੇ ਜਾਣੂ ਕਰਵਾਇਆ। ਉਨ੍ਹਾਂ ਦਸਿਆ ਕਿ ਇਹ ਪਿੰਡ ਰਾਵੀ ਦਰਿਆ ਤੋਂ ਪਾਰ ਪਾਕਿਸਤਾਨ ਸਰਹੱਦ ਦੇ ਬਿੱਲਕੁਲ ਨਾਲ ਲਗਦਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਘਣੀਏ ਕੇ ਬੇਟ ਵਿੱਚ ਹੜ੍ਹਾਂ ਦਾ ਪਾਣੀ ਘਟਣ ਤੋਂ ਬਾਅਦ ਝੋਨੇ ਦੀ ਫ਼ਸਲ ਬਰਬਾਦ ਹੋ ਗਈ ਹੈ



ਅਤੇ ਜੇਕਰ ਕੋਈ ਫ਼ਸਲ ਖੜ੍ਹੀ ਹਰੀ ਦਿਖਾਈ ਦਿੰਦੀ ਹੈ ਤਾਂ ਮੁੰਜਰਾਂ ਵਿਚ ਫ਼ੋਕ ਬਹੁਤ ਵਧ ਗਈ ਹੈ ਅਤੇ ਦਾਣੇ ਬਦਰੰਗ ਹੋ ਗਏ ਹਨ। ਇਸ ਇਲਾਕੇ ਵਿੱਚ ਲਗਭਗ 2000 ਹੈਕਟੇਅਰ ਰਕਬੇ ਵਿੱਚ ਝੋਨੇ, ਬਾਸਮਤੀ ਅਤੇ ਹੋਰ ਫ਼ਸਲਾਂ ਨੂੰ ਨੁਕਸਾਨ ਪਹੁੰਚਿਆ ਹੈ। ਇਸ ਤੋਂ ਇਲਾਵਾ ਜੰਗਲੀ ਜਾਨਵਰਾਂ, ਪੰਛੀਆਂ ਦਾ ਵੀ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸੜਕਾਂ ਟੁੱਟ ਗਈਆਂ ਹਨ। ਦਰੱਖ਼ਤ ਜੜ੍ਹੋਂ ਪੁੱਟੇ ਗਏ ਹਨ।ਇਸ ਮੌਕੇ ਅਧਿਕਾਰੀਆਂ ਨੇ ਕਿਹਾ ਕਿ ਅੱਜ ਇਥੇ ਆਉਣ ਦਾ ਮਕਸਦ ਇਹੀ ਸੀ ਕਿ ਬਰਬਾਦ ਹੋਈਆਂ ਫਸਲਾਂ ਦੀ ਸੰਭਾਲ ਕਰਕੇ ਖੇਤਾਂ ਦੀ ਤਿਆਰੀ ਕਿਵੇਂ ਕੀਤੀ ਜਾਵੇ ਤਾਂ ਜੋ ਸਮੇਂ ਸਿਰ ਕਣਕ ਦੀ ਸਮੇਂ ਸਿਰ ਕਣਕ ਦੀ ਬਿਜਾਈ ਕੀਤੀ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਹਰ ਸੰਭਵ ਮਦਦ ਦੇਣ ਦਾ ਵਿਸ਼ਵਾਸ ਦਿਵਾਇਆ।

# ਮੁੱਖ ਮੰਤਰੀ ਮਾਨ ਇੱਕ ਬੇਦਾਗ ਸ਼ਖਸੀਅਤ : ਗਿੱਲ

ਅਜਨਾਲਾ (ਸੁਖਤਿੰਦਰ ਸਿੰਘ)-ਪਿਛਲੇ ਕਰੀਬ ਸਾਢੇ ਤਿੰਨ ਸਾਲ ਦੇ ਕਾਰਜਕਾਲ ਦੌਰਾਨ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨਸ਼ਾ ਮੁਕਤ ਹੋ ਰਿਹਾ ਹੈ ਤੇ ਨਸ਼ਿਆਂ ਵਿੱਚ ਪੈਣ ਵਾਲੀ ਜਵਾਨੀ ਨੂੰ ਬਚਾ ਕੇ ਰੁਜ਼ਗਾਰ ਦੇ ਸਾਧਨ ਅਤੇ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ



ਫਾਊਂਡਰ ਮੈਂਬਰ ਗੁਰਜੰਟ ਸਿੰਘ ਗਿੱਲ ਨੇ ਗੱਲਬਾਤ ਦੌਰਾਨ ਕੀਤਾ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੜ੍ਹ ਦੀ ਮਾਰ ਹੇਠ ਆਏ ਪੰਜਾਬ ਨੂੰ ਮੁੜ ਤੋਂ ਪੈਰਾਂ ਸਿਰ ਖੜ੍ਹਾ ਕਰਨ ਲਈ ਜਿੱਥੇ ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ, ਓਥੇ ਸਮੂਹ ਪੰਜਾਬੀਆਂ ਨਾਲ ਕੀਤੇ ਵਾਅਦੇ ਵੀ ਪੂਰੇ ਕੀਤੇ ਜਾ ਰਹੇ ਹਨ, ਜਿਵੇਂ ਕਿ ਹੜ੍ਹਾਂ ਦੇ ਸੰਕਟ ਵਿੱਚ ਚਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨਾਲ ਕੀਤੇ ਹੋਏ ਵਾਅਦੇ ਮੁਤਾਬਿਕ 10 ਲੱਖ ਰੁਪਏ ਦੇ ਮੁਫਤ ਇਲਾਜ ਤੇ ਲਾਲ ਲਕੀਰ ਦੇ ਅੰਦਰ ਆਉਂਦੇ ਮਕਾਨ ਮਾਲਕਾਂ ਨੂੰ ਮਾਲਕੀ ਹੱਕ ਵਰਗੀਆਂ ਯੋਜਨਾਵਾਂ ਸ਼ੁਰੂ ਕਰ ਦਿੱਤੀਆਂ ਹਨ। ਇੱਕ ਪਾਸੇ ਮੁੱਖ ਮੰਤਰੀ ਮਾਨ ਪੰਜਾਬ ਤੇ ਪੰਜਾਬੀਅਤ ਦੀ ਖੁਸ਼ਹਾਲੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰ ਰਹੇ ਹਨ, ਕਿ ਪੰਜਾਬ ਨੂੰ ਮੁੜ ਤਰੱਕੀ ਦੀ ਲੀਹ 'ਤੇ ਲਿਆਂਦਾ ਜਾਵੇ, ਓਥੇ ਦੂਜੇ ਪਾਸੇ ਵਿਰੋਧੀ ਪਾਰਟੀਆਂ ਕੋਲ ਕੋਈ ਏਜੰਡਾ ਨਾ ਹੋਣ ਕਰਕੇ ਉਹ ਸਿਰਫ ਤੇ ਸਿਰਫ ਮੁੱਖ ਮੰਤਰੀ ਵਿਰੁੱਧ ਬੋਲ ਕੇ ਲੋਕਾਂ ਨੂੰ ਗੁਮਰਾਹ ਕਰ ਰਹੀਆਂ ਹਨ, ਜਦੋਂ ਕਿ ਮੁੱਖ ਮੰਤਰੀ ਮਾਨ ਬਿਲਕੁਲ ਬੇਦਾਗ ਸ਼ਖਸੀਅਤ ਹੈ। ਉਹਨਾਂ ਕਿਹਾ ਤਰਨ ਤਾਰਨ ਜ਼ਿਮਨੀ ਚੋਣ ਦੇ ਨਾਲ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਫਿਰ ਤੋਂ ਆਮ ਆਦਮੀ ਪਾਰਟੀ ਜਿੱਤ ਦੇ ਝੰਡੇ ਗੱਡੇਗੀ।

# ਹੜ੍ਹਾਂ ਦੌਰਾਨ ਨੁਕਸਾਨੀਆਂ ਸੜਕਾਂ ਮੁੜ ਬਣਾਈਆਂ ਜਾਣਗੀਆਂ : ਅਜੇ ਟਮਟਾ

ਅਜਨਾਲਾ (ਸੁੱਖਦਿੰਦਰ ਸਿੰਘ ਰਾਜੂ)-ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਨੁਕਸਾਨ ਦਾ ਜਾਇਜ਼ਾ ਲੈਣ ਪਹੁੰਚੇ ਕੇਂਦਰੀ ਰੋਡ ਟਰਾਂਸਪੋਰਟ ਅਤੇ ਹਾਈਵੇ ਮੰਤਰੀ ਅਜੇ ਟਮਟਾ ਵਿਸ਼ੇਸ਼ ਤੌਰ 'ਤੇ ਅਜਨਾਲਾ ਅਤੇ ਰਮਦਾਸ ਦੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਪਹੁੰਚੇ ਜਿੱਥੇ ਉਹਨਾਂ ਹੜ੍ਹਾਂ ਕਰਨ ਨੁਕਸਾਨੀਆਂ ਫਸਲਾਂ, ਘਰਾਂ ਅਤੇ ਹਾਈਵੇ ਦੇ ਨੁਕਸਾਨ ਦਾ ਜਾਇਜ਼ਾ ਲਿਆ। ਇਸ ਮੌਕੇ ਭਾਜਪਾ ਦੇ ਓ ਬੀ ਸੀ ਮੋਰਚਾ ਸੂਬਾ ਅਤੇ ਜਿਲ੍ਹਾ ਅੰਮ੍ਰਿਤਸਰ ਦੇਹਾਤੀ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਸਮੇਤ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ। ਪਿੰਡ ਅੰਬਕੋਟਲੀ ਅਤੇ ਹੋਰਾ ਪਿੰਡਾਂ ਦੇ ਕਿਸਾਨਾਂ ਵੱਲੋਂ ਡੇਰਾ ਬਾਬਾ ਨਾਨਕ ਰੋਡ ਦੇ ਬਣ ਰਹੇ



ਪੁਲ ਨੂੰ ਢਾਹ ਕੇ ਪਿੱਲਰਾਂ ਵਾਲਾ ਪੁਲ ਬਣਾਉਣ ਦੀ ਕੇਂਦਰੀ ਰਾਜ ਮੰਤਰੀ ਅਜੇ ਟਮਟਾ ਕੋਲੋਂ ਮੰਗ ਕੀਤੀ ਗਈ ਜਿਸ ਸਬੰਧੀ ਉਹਨਾਂ ਵੱਲੋਂ ਕਿਸਾਨਾਂ ਨੂੰ ਵਿਸ਼ਵਾਸ਼ ਦਵਾਇਆ ਗਿਆ ਕਿ ਉਹ ਤਕਨੀਕੀ ਅਧਿਕਾਰੀਆਂ ਨਾਲ ਵਿਚਾਰ ਕਰਨ ਤੋਂ ਬਾਅਦ ਬਾਅਦ ਕਿਸਾਨਾਂ ਦੀ ਲੋੜ ਅਨੁਸਾਰ ਇਸ ਪੁਲ ਦਾ ਨਿਰਮਾਣ ਕਰਵਾਉਣਗੇ। ਇਸ ਉਪਰੰਤ ਅਜੇ ਟਮਟਾ ਨੇ ਕਿਹਾ ਕਿ ਪੰਜਾਬ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਜਿੱਥੇ ਲੋਕਾਂ ਦੇ ਘਰਾਂ ਦੀਆਂ ਛੱਤਾਂ ਫਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ, ਉੱਥੇ ਹੀ ਸੜਕਾਂ ਦਾ ਵੀ ਕਾਫੀ ਨੁਕਸਾਨ ਹੋਇਆ ਹੈ। ਉਹਨਾਂ ਦੱਸਿਆ ਕਿ ਅਜਨਾਲਾ ਤੋਂ ਰਮਦਾਸ ਨੂੰ ਜਾਂਦੀ ਹਾਈਵੇ ਤੇ ਲਗਭਗ 15 ਕਿਲੋਮੀਟਰ ਵਿੱਚ ਕਈ ਦਿਨਾਂ ਤੱਕ ਪਾਣੀ ਖੜ੍ਹਾ ਰਹਿਣ ਕਰਕੇ ਇਸ ਸੜਕ ਦਾ ਵੀ ਕਾਫੀ ਨੁਕਸਾਨ ਹੋਇਆ ਹੈ। ਉਹਨਾਂ ਕਿਹਾ ਕਿ ਨਜਾਇਜ਼ ਮਾਈਨਿੰਗ ਨੂੰ ਰੋਕਣ ਰਾਜ ਸਰਕਾਰ ਦੀ ਜ਼ਿੰਮੇਵਾਰੀ ਹੈ। ਕੇਂਦਰੀ ਰਾਜ ਮੰਤਰੀ ਅਜੇ ਟਮਟਾ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਬਣ ਰਹੇ ਨਵੇਂ ਹਾਈਵੇਜ਼ ਲਈ ਰਾਜ ਸਰਕਾਰ ਵੱਲੋਂ ਲੁੜੀਂਦਾ ਸਹਿਯੋਗ ਨਾ ਦੇਣ ਕਾਰਨ ਕਈ ਪ੍ਰੋਜੈਕਟ ਅੱਧ ਵਿਚਾਲੇ ਰੁਕੇ ਹੋਏ ਹਨ। ਉਹਨਾਂ ਕਿਹਾ ਕਿ ਐਨ ਐਚ ਏ ਆਈ ਵੱਲੋਂ ਅੰਮ੍ਰਿਤਸਰ ਦੇ ਰਾਜਾਸਾਂਸੀ ਹਵਾਈ ਅੱਡੇ ਤੋਂ ਰਮਦਾਸ ਤੱਕ ਬਣਾਏ ਜਾ ਰਹੇ ਹਾਈਵੇ 354 ਲਈ ਪੰਜਾਬ ਸਰਕਾਰ ਵੱਲੋਂ ਲੁੜੀਂਦੀ ਜ਼ਮੀਨ ਉਪਬੰਧ ਨਾ ਕਰਾਉਣ ਕਰਕੇ ਲਗਭਗ 10 ਕਿਲੋਮੀਟਰ ਨਵੇਂ ਬਣਨ ਵਾਲੇ ਹਾਈਵੇ ਨੂੰ ਹਟਾ ਦਿੱਤਾ ਗਿਆ ਹੈ। ਪਿੰਡ ਅਵਾਨ ਵਿੱਚ ਬਣ ਰਹੇ ਹਾਈ ਪਾਸ ਵਿੱਚ ਪੁਲੀਆਂ ਦੇ ਮਸਲੇ ਨੂੰ ਲੈ ਕੇ ਪਿੰਡ ਦੇ ਵਾਸੀਆਂ ਵੱਲੋਂ ਕੇਂਦਰੀ ਰਾਜ ਮੰਤਰੀ ਨੂੰ ਬੇਨਤੀ ਕੀਤੀ ਗਈ ਕਿ ਇਹਨਾਂ ਪੁਲਾਂ ਨੂੰ ਵੱਡਾ ਕਰਕੇ ਬਣਾਇਆ ਜਾਵੇ ਤਾਂ ਜੋ ਹੜ੍ਹਾਂ ਵਰਗੀ ਸਥਿਤੀ ਦਾ ਪਾਣੀ ਦੌਰਾਨ ਵਹਾਓ ਸਹੀ ਤਰੀਕੇ ਨਾਲ ਹੋ ਸਕੇ। ਇਸ ਮੌਕੇ ਸਰਕਲ ਪ੍ਰਧਾਨ ਇੰਦਰਜੀਤ ਸਿੰਘ ਰੰਧਾਵਾ, ਬਲਜੀਤ ਸਿੰਘ ਰੰਧਾਵਾ ਅੰਬਕੋਟਲੀ, ਸੁਰਜੀਤ ਸਿੰਘ ਪੰਨੂ, ਨੰਬਰਦਾਰ ਜਗਦੀਪ ਸਿੰਘ ਅੰਬਕੋਟਲੀ, ਕੌਂਸਲਰ ਅਮਰ ਸਿੰਘ, ਰਮਨ ਕੁਮਾਰ ਜੁਲਕਾ, ਬਲਵੰਤ ਸਿੰਘ, ਨਧੀਰ ਸਿੰਘ, ਕੌਂਸਲਰ ਵਿਕਰਮ ਬੇਦੀ, ਦੀਪੂ ਅਰੋੜਾ, ਪ੍ਰਦੀਪ ਕੁਮਾਰ ਬੰਟਾ, ਧਰਮਿੰਦਰ ਪ੍ਰਿੰਸ, ਸੌਰਵ ਸਰੀਨ, ਵਿਨੋਦ ਅਰੋੜਾ, ਲੱਕੀ ਬੇਦੀ, ਵਿਪਣ ਖੱਤਰੀ ਆਦਿ ਹਾਜ਼ਰ ਸਨ।

# ਜ਼ਿਮਨੀ ਚੋਣ ਲਈ ਸਾਰੀਆਂ ਪੰਥਕ ਧਿਰਾਂ ਇੱਕ ਮੰਚ 'ਤੇ ਇਕੱਠੀਆਂ ਹੋਣ: ਜ਼ਫਰਵਾਲ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਸਾਬਕਾ ਆਗੂ ਅਤੇ ਭਾਰਤੀ ਕਿਸਾਨ ਯੂਨੀਅਨ ਮਾਝਾ ਦੇ ਸੂਬਾ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਜਫਰਵਾਲ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ



2027 ਦੀਆਂ ਚੋਣਾਂ ਅਤੇ ਤਰਨ ਤਾਰਨ ਦੀ ਜ਼ਿਮਨੀ ਚੋਣ ਲਈ ਸਾਰੀਆਂ ਪੰਥਕ ਧਿਰਾਂ ਨੂੰ ਸ੍ਰੀ ਆਕਾਲ ਤਖਤ ਸਾਹਿਬ ਦੇ ਨਿਸ਼ਾਨ ਹੇਠਾਂ ਇੱਕ ਮੰਚ ਤੇ ਇਕੱਠੇ ਹੋਣਾ ਬਹੁਤ ਜ਼ਰੂਰੀ ਹੈ। ਇਸ ਸਮੇਂ ਪੰਜਾਬ ਜਿਹੜੇ ਹਲਾਤ ਵਿਚੋਂ ਗੁਜ਼ਰ ਰਿਹਾ ਹੈ ਅਜਿਹੇ ਹਾਲਾਤ ਵਿੱਚ ਸਾਨੂੰ ਆਪਸੀ ਧੜੇਬੰਦੀ ਤੋਂ ਉਪਰ ਉਠ ਕੇ ਆਪਣੀ ਕੌਮ ਅਤੇ ਆਪਣੇ ਸਿੱਖਾਂ ਦੇ ਬੱਚਿਆਂ 'ਤੇ ਜੋ ਅੱਤਿਆਚਾਰ ਰਵੱਈਆ ਸਰਕਾਰਾਂ ਅਪਣਾ ਰਹੀਆਂ ਹਨ, ਇਹਨਾਂ ਨੂੰ ਠੱਲ੍ਹ ਪਾਉਣ ਲਈ ਸਾਨੂੰ ਇੱਕ ਮੰਚ 'ਤੇ ਇਕੱਠੇ ਹੋਣਾ ਬਹੁਤ ਜ਼ਰੂਰੀ ਹੈ। ਸਾਡੇ ਸਿੱਖਾਂ ਨੂੰ ਸਾਡੀਆਂ ਸਰਕਾਰਾਂ ਤੋਂ ਇਨਸਾਫ ਦੀ ਕੋਈ ਆਸ ਨਜ਼ਰ ਨਹੀਂ ਆ ਰਹੀ, ਲਗਪਗ 35-35 ਸਾਲ ਤੋਂ ਜੇਲ੍ਹਾਂ ਵਿੱਚ ਬੰਦ ਸਿੱਖ ਕੈਦੀਆਂ ਨੂੰ ਉਹਨਾਂ ਦੀਆਂ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਨਹੀਂ ਛੱਡਿਆ ਜਾ ਰਿਹਾ। ਉਲਟਾ ਸਿੱਖਾਂ ਨੂੰ ਟਾਰਗੈਟ ਕਰਕੇ ਗੈਂਗਸਟਰ ਕਹਿ ਕੇ ਆਏ ਦਿਨ ਇਨਕਾਊਂਟਰ ਕੀਤਾ ਜਾਂਦਾ ਹੈ। ਇਸ ਮੌਕ ਰਵਿੰਦਰ ਸਿੰਘ ਬਟਾਲਾ, ਕਵਲਜੀਤ ਸਿੰਘ, ਗੁਰਪਾਲ ਸਿੰਘ ਆਦਿ ਹਾਜ਼ਰ ਸਨ।

# ਜੀ ਪੀ ਐੱਸ ਪਬਲਿਕ ਸਕੂਲ ਪੰਧੇਰ ਵਿਖੇ ਦੁਸਹਿਰਾ ਮਨਾਇਆ

ਫਤਹਿਗੜ੍ਹ ਚੂੜੀਆਂ (ਜਸਦੇਵ ਮਾਨ)-ਜੀ ਪੀ ਐਸ ਪਬਲਿਕ ਸਕੂਲ ਪੰਧੇਰ ਨੇ ਦੁਸਹਿਰੇ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ। ਪ੍ਰੋਗਰਾਮ ਨੂੰ ਮੁੱਖ ਮਹਿਮਾਨ ਵਜੋਂ



ਅਵਤਾਰ ਸਿੰਘ ਕੰਗ, ਮੈਨੇਜਿੰਗ ਡਾਇਰੈਕਟਰ ਦੀ ਮੌਜੂਦਗੀ ਨਾਲ ਸ਼ਾਨੋ-ਸ਼ੌਕਤ ਮਿਲੀ। ਇਸ ਸਮਾਗਮ ਦੀ ਪ੍ਰਧਾਨਗੀ ਪ੍ਰਿੰਸੀਪਲ ਮੀਨਾਕਸ਼ੀ ਮਹਿਤਾ ਨੇ ਕੀਤੀ। ਜਸ਼ਨ ਦੀ ਸ਼ੁਰੂਆਤ ਰਾਮਲੀਲ੍ਹਾ ਦੀ ਇੱਕ ਜੀਵੰਤ ਅਤੇ ਸੱਭਿਆਚਾਰਕ ਪੇਸ਼ਕਾਰੀ ਨਾਲ ਹੋਈ, ਜਿਸ ਵਿੱਚ ਭਗਵਾਨ ਰਾਮ ਦੀ ਬੁਰਾਈ ਉੱਤੇ ਜਿੱਤ ਤੋਂ ਜੀਵਨ ਦੇ ਸਬਕ ਦਰਸਾਏ ਗਏ ਸਨ। ਰਾਮਲੀਲ੍ਹਾ ਤੋਂ ਬਾਅਦ ਰਾਵਣ ਦਾ ਪੁਤਲਾ ਸਾੜਿਆ ਗਿਆ। ਮੁੱਖ ਮਹਿਮਾਨ ਅਵਤਾਰ ਸਿੰਘ ਕੰਗ, ਮੈਨੇਜਿੰਗ ਡਾਇਰੈਕਟਰ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰੋਗਰਾਮ ਦੇ ਆਯੋਜਨ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਸੇਂਟ ਕਬੀਰ ਪਬਲਿਕ ਸਕੂਲ 'ਚ ਦੁਸਹਿਰਾ ਤੇ ਗਾਂਧੀ ਜਯੰਤੀ ਮਨਾਈ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਬੁਰਾਈ ਉੱਪਰ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰਾ ਅਤੇ ਮਹਾਤਮਾ ਗਾਂਧੀ ਦਾ ਜਨਮ ਦਿਨ ਬਹੁਤ ਹੀ ਅਲੱਗ ਅੰਦਾਜ਼ ਵਿੱਚ ਮਨਾਇਆ। ਇਸ ਮੌਕੇ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਪ੍ਰਧਾਨਗੀ ਹੇਠ ਆਯੋਜਿਤ ਪ੍ਰੋਗਰਾਮ ਦੀ



ਸ਼ੁਰੂਆਤ ਸਕੂਲ ਦੇ ਵਿਦਿਆਰਥੀਆਂ ਦੁਆਰਾ ਮਧੁਰ ਭਜਨ ਦੁਆਰਾ ਕੀਤੀ ਗਈ।ਉਪਰੰਤ ਨੌਵੀਂ ਦੀਆਂ ਵਿਦਿਆਰਥਣਾਂ ਅਵੰਤਿਕਾ ਨੇ ਰਾਮ ਲੀਲ੍ਹਾ ਅਤੇ ਅਕ੍ਰਿਤੀ ਨੇ ਨਵਰਾਤਰਿਆਂ ਦੀ ਮਹੱਤਤਾ ਸਬੰਧੀ ਵਿਚਾਰ ਪੇਸ਼ ਕੀਤੇ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਏਕਮਪ੍ਰੀਤ ਕੌਰ ਨੇ ਮਹਾਤਮਾ ਗਾਂਧੀ ਦੀ ਦੇਸ਼ ਪ੍ਰਤੀ ਅਹਿਮ ਭੂਮਿਕਾ ਅਤੇ ਬਲਿਦਾਨ ਬਾਰੇ ਜਾਗਰੂਕ ਕਰਵਾਇਆ। ਸਕੂਲ ਦੇ ਅਧਿਆਪਕ ਰੰਯੋਗਤਾ ਨੇ ਸ੍ਰੀ ਰਾਮ ਦੇ ਜੀਵਨ ਸਬੰਧੀ ਆਪਣੇ ਵਿਚਾਰਾਂ ਰਾਹੀਂ ਵਿਦਿਆਰਥੀਆਂ ਨੂੰ ਸਹੀ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।ਸਕੂਲ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਵੀ ਰਾਮ ਜੀ, ਮਾਤਾ ਸੀਤਾ, ਰਾਵਣ, ਰਾਣੀ ਕੱਕਈ ਅਤੇ ਸ਼ਬਰੀ ਦਾ ਰੂਪ ਧਾਰ ਕੇ ਵਿਦਿਆਰਥੀਆਂ ਨੂੰ ਮਿਥਿਹਾਸਿਕ ਤੱਥਾਂ ਨਾਲ ਜੋੜਿਆ। ਇਸ ਮੌਕੇ ਵਿਦਿਆਰਥੀਆਂ ਨੇ ਸਵੱਛ ਭਾਰਤ ਸਬੰਧੀ ਪੋਸਟਰ ਬਣਾ ਕੇ ਸਮੁੱਚੇ ਸਮਾਜ ਨੂੰ ਸਾਫ਼ ਸੁਥਰੇ ਰੱਖਣ ਅਤੇ ਦੇਸ਼ ਪ੍ਰਤੀ ਆਪਣੇ ਫਰਜ਼ਾਂ ਨੂੰ ਯਾਦ ਰੱਖਣ ਦੀ ਆਵਾਜ਼ ਉਠਾਈ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਨਾਯਰ ਅਤੇ ਸਕੂਲ ਮੈਨੇਜਮੈਂਟ ਮੈਂਬਰਾਂ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਦੁਸਹਿਰੇ ਅਤੇ ਗਾਂਧੀ ਜਯੰਤੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

# ਬਲੱਡ ਡੋਨਰਜ਼ ਸੁਸਾਇਟੀ ਨੂੰ ਲਗਾਤਾਰ ਪੰਜਵੀਂ ਵਾਰ ਮਿਲਿਆ ਸਟੇਟ ਐਵਾਰਡ

ਧਾਰੀਵਾਲ ( ਮਨਦੀਪ ਸਿੰਘ ਵਿੱਕੀ)-ਖੂਨਦਾਨ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਪਿਛਲੇ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੀ ਟੀਮ ਬਲੱਡ ਡੋਨਰ ਸੁਸਾਇਟੀ ਗੁਰਦਾਸਪੁਰ ਨੂੰ ਲਗਾਤਾਰ ਪੰਜਵੀਂ ਵਾਰ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਟੀਮ ਦੇ ਸੰਸਥਾਪਕ ਰਾਜੇਸ਼




ਬੱਬੀ ਨੇ ਦੱਸਿਆ ਕਿ ਸਾਡੀ ਟੀਮ ਨੂੰ ਪੰਜਵੀਂ ਵਾਰ ਮਿਲਿਆ ਇਹ ਸਟੇਟ ਐਵਾਰਡ ਸਮੁੱਚੇ ਗੁਰਦਾਸਪੁਰ ਸ਼ਹਿਰ ਦੇ ਨਿਵਾਸੀਆਂ ਨੂੰ ਸਮਰਪਤ ਹੈ। ਇਹ ਐਵਾਰਡ ਟੀਮ ਦੇ ਪ੍ਰਧਾਨ ਆਦਰਸ਼ ਕੁਮਾਰ ਅਤੇ ਸਮੁੱਚੇ ਟੀਮ ਮੈਂਬਰਾਂ ਨੇ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਟੀਮ ਦੇ ਮੁੱਖ ਸਲਾਹਕਾਰ ਅਵਤਾਰ ਸਿੰਘ ਘੁੰਮਣ ਉਰਫ ਰਾਜੂ ਬ੍ਰਹਮਾ ਅਤੇ ਉਹਨਾਂ ਦੀ ਪਤਨੀ ਰਾਜਵਿੰਦਰ ਕੌਰ ਅਤੇ ਮਧੂ ਸੂਦਨ ਸ਼ਰਮਾ ਉਰਫ ਮਨੂੰ ਸ਼ਰਮਾ ਅਤੇ ਉਹਨਾਂ ਦੀ ਪਤਨੀ ਭੂਮੀ ਨੂੰ ਵੀ ਇਹ ਸਟੇਟ ਐਵਾਰਡ ਦੇ ਕੇ ਇਕੱਠਿਆਂ ਹੀ ਸਿਹਤ ਮੰਤਰੀ ਵੱਲੋਂ ਸਨਮਾਨਤ ਕੀਤਾ ਗਿਆ। ਟੀਮ ਦੇ ਮੈਂਬਰ ਹਰਪ੍ਰੀਤ ਸਿੰਘ ਉਰਫ ਰਾਨੂ ਮਾਨ ਨੂੰ ਵੀ ਵੱਖਰੇ ਤੌਰ 'ਤੇ ਯੂਥ ਆਈਕਨ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ।

ਟੀਮ ਦੇ ਸੰਸਥਾਪਕ ਰਾਜੇਸ਼ ਬੱਬੀ ਨੇ ਪੰਜਾਬ ਸਰਕਾਰ ਅਤੇ ਸਿਵਲ ਹਸਪਤਾਲ ਗੁਰਦਾਸਪੁਰ ਦੇ ਬਲੱਡ ਬੈਂਕ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਗਰ ਕਿਸੇ ਨੂੰ ਵੀ ਕਿਸੇ ਤਰ੍ਹਾਂ ਦੀ ਕੋਈ ਮੁਸੀਬਤ ਆਉਂਦੀ ਹੈ ਤਾਂ ਉਹ ਸਾਡੀ ਟੀਮ ਨਾਲ ਸੰਪਰਕ ਕਰ ਸਕਦਾ ਹੈ।

# ਨੌਸ਼ਹਿਰਾ ਢਾਲਾ 'ਚ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੀ ਟੀਮ ਨੇ ਕੀਤਾ ਦੌਰਾ

ਤਰਨ ਤਾਰਨ ( ਪ੍ਰਿਤਪਾਲ ਸਿੰਘ )-ਨੌਸ਼ਹਿਰਾ ਢਾਲ੍ਹਾ 'ਚ ਜਾਤੀ ਵਿਤਕਰੇ ਅਤੇ ਪੱਖਪਾਤ ਹੋਣ ਦੀ ਸ਼ਿਕਾਇਤ ਮਿਲਣ 'ਤੇ ਜ਼ਮੀਨੀ ਪੱਧਰ 'ਤੇ ਘੋਖ ਕਰਨ ਲਈ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੀ ਟੀਮ ਨੇ ਪਿੰਡ ਦਾ ਦੌਰਾ ਕਰਕੇ ਪਿੰਡ ਦੇ ਗਰੀਬ ਪਰਵਾਰਾਂ ਦੇ ਬਿਆਨ ਕਲਮ-ਬੰਦ ਕੀਤੇ। ਜਨਤਕ ਹਿੱਤ 'ਚ ਵਿਭਿੰਨ ਕਮਿਸ਼ਨਾਂ ਦੇ ਦਖਲ ਦੀ ਸੰਭਾਵਨਾ ਪੈਦਾ ਕਰਦੇ ਆ ਰਹੇ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਅਨੁਸੂਚਿਤ ਜਾਤੀ ਵਰਗ ਦੇ ਪਰਵਾਰਾਂ ਨਾਲ ਸਬੰਧਤ ਬੀਬੀਆਂ ਨੂੰ ਮਿਲ ਕੇ ਉਨ੍ਹਾਂ ਦਾ ਪੱਖ ਸੁਣਿਆ।ਕੱਲੇ ਕੱਲੇ ਪਰਵਾਰਾਂ ਦੇ ਜੀਆਂ ਦੇ ਵੇਰਵੇ ਅਤੇ ਵੱਖ ਵੱਖ ਮੁਸ਼ਕਲਾਂ ਨੂੰ ਲੈ ਕੇ ਬਿਆਨ ਕਲਮਬੰਦ ਕੀਤੇ।ਨੌਸ਼ਹਿਰਾ ਢਾਲਾ ਦੇ ਨੇੜਲੇ ਪਿੰਡਾਂ ਚੋਂ ਵੀ ਬੀਬੀਆਂ ਨੇ ਸ਼ਿਰਕਤ ਕੀਤੀ।ਮੀਟਿੰਗ ਕਰਨ ਤੋਂ ਬਾਅਦ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਘ.ਗ.ਲ.ਭ.ਸ. ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਸਾਨੂੰ ਸ਼ਿਕਾਇਤਾਂ ਮਿਲੀਆਂ ਸਨ ਕਿ ਇਥੇ ਲੋਕਾਂ ਨੂੰ ਕਣਕ ਮਿਲਣ 'ਚ ਦਿੱਕਤ ਆ ਰਹੀ ਹੈ।ਯੋਗ ਲਾਭਪਤਰੀਆਂ ਦੇ ਨਾਮ ਕੱਟ ਦਿਤੇ ਗਏ ਹਨ।ਬਾਰਸ਼ ਤੋਂ ਪ੍ਰਭਾਵਿਤ ਗਰੀਬ ਪਰਵਾਰਾਂ ਨੇ ਪ੍ਰਸ਼ਾਸਨ ਅਮਲੇ ਵੱਲੋਂ ਵੇਰਵੇ ਨੋਟ ਕਰਨ ਮੌਕੇ ਅਣਦੇਖਿਆ ਅਤੇ ਅਣਸੁਣਿਆ ਕਰਨ ਦਾ ਮਾਮਲਾ ਸਾਡੇ ਧਿਆਨ 'ਚ ਲਿਆਂਦਾ ਹੈ।ਗਿੱਲ ਨੇ ਦੱਸਿਆ ਕਿ ਇਥੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ, ਲੋਕ ਸੰਪਰਕ ਅਫਸਰ ਅੰਮ੍ਰਿਤਪਾਲ ਸਿੰਘ ਸ਼ਾਹਪੁਰ, ਕੋਆਰਡੀਨੇਟਰ ਅੰਮ੍ਰਿਤਪਾਲ ਸਿੰਘ ਕਲਿਆਣ, ਕੌਮੀ ਜਨਰਲ ਸਕੱਤਰ ਸੰਦੀਪ ਸਿੰਘ ਰਾਜੂ ਅਤੇ ਅਟਾਰੀ ਤੋਂ ਪ੍ਰਧਾਨ ਲਖਵਿੰਦਰ ਸਿੰਘ ਰੋੜਾਂਵਾਲੀ ਨੇ ਗਰੀਬੀ ਦੀ ਰੇਖਾ ਹੇਠਾਂ ਰਹਿ ਰਹੇ ਪਰਵਾਰਾਂ ਨਾਲ ਸਾਨੂੰ ਮਿਲਾਇਆ ਹੈ।ਉਨ੍ਹਾ ਨੇ ਦੱਸਿਆ ਕਿ ਪੈਨਸ਼ਨ, ਸ਼ਗਨ ਸਕੀਮ, ਕਣਕ ਨਾ ਮਿਲਣ, ਕੋਠਿਆਂ ਤੋਂ



ਪ੍ਰਭਾਵਿਤ, ਵਜ਼ੀਫਿਆਂ ਦੇ ਚਾਹਵੰਦ ਲੋਕਾਂ ਦੀ ਗੱਲ ਹਮਦਰਦੀ ਨਾਲ ਸੁਣੀ ਗਈ ਹੈ।ਉਨ੍ਹਾ ਨੇ ਦੱਸਿਆ ਕਿ ਜਾਤੀ ਭਿੰਨਭੇਦ ਅਤੇ ਪੱਖਪਾਤ ਦਾ ਮਾਮਲਾ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਰੋਹਿਤ ਖੋਖਰ ਦੇ ਧਿਆਨ 'ਚ ਲਿਆਂਦਾ ਗਿਆ ਹੈ।ਉਨ੍ਹਾ ਦੱਸਿਆ ਕਿ ਕਣਕ ਨਾਲ ਸਬੰਧਤ ਸ਼ਿਕਾਇਤਾਂ ਦੇ ਨਿਪਟਾਰੇ ਲਈ ਪੰਜਾਬ ਰਾਜ ਫੂਡ ਕਮਿਸ਼ਨ ਨੂੰ ਕੇਸ ਭੇਜਾਂਗੇ ਤਾਂ ਕਿ ਲੋੜਵੰਦਾਂ ਨੂੰ ਉਨ੍ਹਾ ਦਾ ਹੱਕ ਮਿਲ ਸਕੇ।ਕੁਝ ਮਾਮਲੇ ਪੁਲਸ ਜ਼ਿਆਦਤੀ ਨਾਲ ਸਬੰਧਤ ਵੀ ਧਿਆਨ 'ਚ ਆਏ ਹਨ ਜਿਨ੍ਹਾ ਦੀ ਪੜਤਾਲ ਲਈ ਐਸ ਐਸ ਪੀ ਤਰਨ ਤਾਰਨ ਨਾਲ ਮੀਟਿੰਗ ਕੀਤੀ ਜਾਵੇਗੀ।ਇਸ ਮੌਕੇ ਹਰਜੀਤ ਕੌਰ, ਸਰਬਜੀਤ ਕੌਰ, ਬਲਜੀਤ ਕੌਰ, ਗੁਰਮੇਲ ਸਿੰਘ ਜੋਧਾ, ਬਾਪੂ ਗੋਪਾਲ ਸਿੰਘ ਉਮਰਾਨੰਗਲ ਆਦਿ ਹਾਜ਼ਰ ਸਨ।

# ਗਾਂਧੀ ਤੋਂ ਬਿਨਾਂ ਆਜ਼ਾਦੀ ਇੱਕ ਸੁਪਨਾ ਸੀ : ਪ੍ਰੋ. ਦਰਬਾਰੀ ਲਾਲ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਰਾਸ਼ਟਰ ਪਿਤਾ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾਂਜਲੀ ਭੇਟ ਕਰਦੇ ਹੋਏ, ਪ੍ਰੋਫੈਸਰ ਦਰਬਾਰੀ ਲਾਲ ਨੇ ਕਿਹਾ ਕਿ ਮਹਾਤਮਾ ਗਾਂਧੀ 20ਵੀਂ ਸਦੀ ਦੇ ਇੱਕ ਸ਼ਾਨਦਾਰ ਚਿੰਤਕ, ਦਾਰਸ਼ਨਿਕ ਅਤੇ ਮਹਾਨ ਵਿਅਕਤੀ ਸਨ। ਉਨ੍ਹਾਂ ਨੇ ਬ੍ਰਿਟਿਸ਼ ਸ਼ਾਸਨ ਤੋਂ ਆਜ਼ਾਦੀ ਪ੍ਰਾਪਤ



ਕਰਨ ਲਈ ਸੱਚਾਈ, ਅਹਿੰਸਾ ਅਤੇ ਅਸਹਿਯੋਗ ਦੀਆਂ ਨੀਤੀਆਂ ਅਪਣਾਈਆਂ। ਹਾਲਾਂ ਕਿ ਸਾਰੇ ਭਾਰਤੀਆਂ ਨੇ ਆਜ਼ਾਦੀ ਅੰਦੋਲਨ ਦਾ ਸਮਰਥਨ ਕੀਤਾ, ਪਰ ਗਾਂਧੀ ਤੋਂ ਬਿਨਾਂ ਆਜ਼ਾਦੀ ਇੱਕ ਸੁਪਨਾ ਹੁੰਦੀ।

ਪ੍ਰੋ. ਲਾਲ ਨੇ ਕਿਹਾ ਕਿ ਦੱਖਣੀ ਅਫਰੀਕਾ ਤੋਂ ਗਾਂਧੀ ਦੀ ਭਾਰਤ ਵਾਪਸੀ ਤੋਂ ਪਹਿਲਾਂ, ਕਾਂਗਰਸ ਵੱਡੇ ਸ਼ਹਿਰਾਂ ਤੱਕ ਸੀਮਤ ਸੀ ਅਤੇ ਇਸ ਦੀ ਮੈਂਬਰਸ਼ਿਪ ਬਹੁਤ ਘੱਟ ਸੀ। ਉਨ੍ਹਾਂ ਕਿਹਾ ਕਿ ਗਾਂਧੀ ਨੇ ਦੇਸ਼ ਭਰ ਵਿੱਚ ਯਾਤਰਾ ਕੀਤੀ ਅਤੇ ਲੋਕਾਂ ਨੂੰ ਕਾਂਗਰਸ ਵਿੱਚ ਸ਼ਾਮਲ ਕੀਤਾ

# ਚੌਧਰੀ ਰਿਕੇਸ਼ ਟਿਕੈਤ ਟੀਮ ਸਮੇਤ ਕੱਲ੍ਹ ਅਜਨਾਲਾ ਪੁੱਜਣਗੇ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸੰਯੁਕਤ ਕਿਸਾਨ ਮੋਰਚਾ ਦੇ ਮੁੱਖ ਚਿਹਰੇ ਤੇ ਭਾਰਤੀ ਕਿਸਾਨ ਯੂਨੀਅਨ ਦੇ ਕੌਮੀ ਆਗੂ ਚੌਧਰੀ ਰਕੇਸ਼ ਟਕੈਤ ਅਤੇ ਉਹਨਾਂ ਦੇ ਸੀਨੀਅਰ ਆਗੂ ਹਰਿੰਦਰ ਸਿੰਘ ਲੱਖੋਵਾਲ ਪ੍ਰਧਾਨ ਸਮੇਤ ਵੱਡੀ ਟੀਮ ਲੈ



ਕੇ ਹੜ੍ਹ ਪੀੜਤਾਂ ਨਾਲ ਇੱਕਮੁੱਠਤਾ ਜਿਤਾਉਣ ਤੇ ਪੀੜਤਾਂ ਨੂੰ ਮਦਦ ਦੇਣ ਲਈ 4 ਅਕਤੂਬਰ ਨੂੰ ਸੰਯੁਕਤ ਕਿਸਾਨ ਮੋਰਚਾ ਦੇ ਅਜਨਾਲਾ ਕੈਂਪ ਵਿੱਚ ਪਹੁੰਚ ਰਹੇ ਹਨ। ਇਸ ਸਬੰਧੀ ਸੰਯੁਕਤ ਕਿਸਾਨ ਮੋਰਚਾ ਦੇ ਰਾਹਤ ਕੈਂਪ ਵਿੱਚ ਸ਼ਾਮਿਲ ਕਿਸਾਨ ਜਥੇਬੰਦੀਆਂ ਦੇ ਆਗੂਆਂ ਦੀ ਮੀਟਿੰਗ ਹੋਈ ਜਿਸ ਵਿੱਚ ਲੋੜੀਂਦੇ ਪ੍ਰਬੰਧਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।

# ਰਾਮਾ ਡ੍ਰਾਮੈਟਿਕ ਕਲੱਬ ਵੱਲੋਂ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਦਾ ਸਨਮਾਨ

ਪਠਾਨਕੋਟ (ਦਵਿੰਦਰ ਸਿੰਘ)-ਰਾਮਾ ਡ੍ਰਾਮੈਟਿਕ ਕਲੱਬ ਤਲਾਬ ਕਾਲੀ ਮਾਤਾ ਮੰਦਰ ਵੱਲੋਂ ਪ੍ਰਧਾਨ ਸ਼ੰਮੀ ਚੌਧਰੀ ਦੀ ਅਗਵਾਈ ਹੇਠ ਨਵਰਾਤਰਿਆਂ ਦੇ ਮੌਕੇ ਰਾਮਲੀਲ੍ਹਾ ਮੰਚਨ ਦੀ ਆਖਰੀ ਰਾਤ ਦੌਰਾਨ ਮੁੱਖ ਮਹਿਮਾਨ ਵਜੋਂ ਪੰਜਾਬ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਅਤੇ ਹਿੰਦੂ ਕੋ-ਆਪਰੇਟਿਵ ਬੈਂਕ ਦੇ ਚੇਅਰਮੈਨ ਅਤੇ ਆਪ ਆਗੂ ਸਤੀਸ਼ ਮਹੇਂਦਰੂ ਨੇ ਸ਼ਿਰਕਤ ਕੀਤੀ। ਇਸ ਮੌਕੇ ਵਿਸ਼ੇਸ਼ ਮਹਿਮਾਨ ਵੱਜੋਂ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸਨੀ ਮਹਾਜਨ ਵੀ ਸ਼ਾਮਲ ਹੋਏ, ਜਿਨ੍ਹਾਂ ਦਾ ਕਲੱਬ ਦੇ ਸਮੂਹ ਸਰਪ੍ਰਸਤਾਂ, ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸ਼ੰਮੀ ਚੌਧਰੀ, ਡਾਇਰੈਕਟਰ ਪ੍ਰਦੀਪ ਮਹੇਂਦਰੂ, ਸਰਪ੍ਰਸਤ ਅਤੇ ਮੰਚ ਸੰਚਾਲਕ ਮਾਸਟਰ ਮੋਹਨ ਲਾਲ ਅਤੇ ਸੁਖਦੇਵ ਵਡੇਰਾ, ਮਹਾਂਸਚਿਵ ਰੋਮੀ ਵਡੇਰਾ, ਸਹਿ-ਡਾਇਰੈਕਟਰ ਨਰੇਸ਼ ਸ਼ਰਮਾ, ਸੀਨੀਅਰ ਉਪ-ਪ੍ਰਧਾਨ ਸ਼ਕਤੀ ਚੌਧਰੀ, ਵਿਨੇ ਜੋਸ਼ੀ, ਡਾ. ਪੁਨੀਤ ਸ਼ਰਮਾ, ਅਸ਼ੋਕ ਰੈਨਾ ਅਤੇ ਪੀ.ਆਰ.ਓ. ਗਗਨਦੀਪ ਗੱਗੂ ਨੇ ਸਾਂਝੇ ਤੌਰ 'ਤੇ



ਦੱਸਿਆ ਕਿ ਸ਼ਹਿਰ ਦੇ ਮਸ਼ਹੂਰ ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ, ਜੋ ਆਪਣੇ ਸਕੂਲ ਵਿੱਚ ਗਰੀਬ ਬੱਚਿਆਂ ਨੂੰ ਮੁਫ਼ਤ ਸਿੱਖਿਆ ਦੇਣ ਨਾਲ ਨਾਲ ਵੱਖ-ਵੱਖ ਸਮਾਜਿਕ ਕੰਮਾਂ ਰਾਹੀਂ ਆਪਣੀ ਪਹਿਚਾਣ ਬਣਾਉਣ ਵਿੱਚ ਕਾਮਯਾਬ ਰਹੇ ਹਨ, ਅੱਜ ਉਹ ਸਾਡੇ ਕਲੱਬ ਵਿੱਚ ਪਹੁੰਚੇ, ਜਿਸ ਨਾਲ ਸਾਨੂੰ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ।ਉਨ੍ਹਾਂ ਵੱਲੋਂ ਇਸ ਸਾਲ ਵੀ ਕਲੱਬ ਨੂੰ ਸਹਿਯੋਗ ਦਿੱਤਾ ਗਿਆ, ਜਿਸ ਲਈ ਸਮੂਹ ਕਲੱਬ ਮੈਂਬਰਾਂ ਵੱਲੋਂ ਅਤੇ ਪੰਜਾਬ ਕੈਬਨਿਟ ਮੰਤਰੀ ਲਾਲਚੰਦ ਕਟਾਰੂਚੱਕ ਦੇ ਹੱਥੀਂ ਸੰਨੀ ਮਹਾਜਨ ਨੂੰ ਸਮਰਪਣ ਸੂਚਕ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਧੰਨਵਾਦ ਕੀਤਾ ਗਿਆ।

# ਭਗਤਾਂ ਵਾਲੇ ਡੰਪ 'ਤੇ ਕੂੜੇ ਦੇ ਨਿਪਟਾਰੇ ਦਾ ਕੰਮ ਹੋਇਆ ਚਾਲੂ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)- ਆਮ ਆਦਮੀ ਪਾਰਟੀ ਦੇ ਹਲਕਾ ਅੰਮ੍ਰਿਤਸਰ ਦੱਖਣੀ ਤੋਂ ਵਿਧਾਇਕ ਇੰਦਰਬੀਰ ਸਿੰਘ ਨਿੱਜਰ, ਹਲਕਾ ਕੇਂਦਰੀ ਤੋਂ ਵਿਧਾਇਕ ਡਾ. ਅਜੈ ਗੁਪਤਾ ਅਤੇ ਨਗਰ ਨਿਗਮ ਦੇ ਮੇਅਰ ਜਤਿੰਦਰ ਸਿੰਘ ਭਾਟੀਆ ਵੱਲੋਂ ਭਗਤਾਂਵਾਲਾ ਡੰਪਿੰਗ ਗਰਾਊਂਡ ਵਿਖੇ ਬਾਇਓਰੈਮੀਡੇਸ਼ਨ ਪਲਾਂਟ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵੱਲੋਂ ਲੋਕਾਂ ਨਾਲ਼ ਵਾਅਦੇ ਤਾਂ ਕੀਤੇ ਗਏ ਪਰ ਕੂੜੇ ਨੂੰ ਖਤਮ ਕਰਨ ਵੱਲ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇੱਛਾ-ਸ਼ਕਤੀ ਨਾਲ ਸਭ ਕੁਝ ਮੁਮਕਿਨ ਹੈ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਦੀ ਅਗਵਾਈ ਹੇਠ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਇਕੋਸਟੈਨ ਕੰਪਨੀ ਨਾਲ਼ 15 ਮਹੀਨਿਆਂ ਲਈ ਕੂੜੇ ਦੇ ਨਿਪਟਾਰੇ ਦਾ ਕਾਂਟ੍ਰੈਕਟ ਕੀਤਾ ਗਿਆ ਹੈ।ਮੇਅਰ ਜਤਿੰਦਰ ਸਿੰਘ ਭਾਟੀਆ ਨੇ ਦੱਸਿਆ ਕਿ ਨਗਰ ਨਿਗਮ ਵੱਲੋਂ ਇਸ ਕੰਮ ਲਈ 46.34 ਕਰੋੜ ਰੁਪਏ ਦਾ ਟੈਂਡਰ ਜਾਰੀ ਕੀਤਾ ਗਿਆ ਸੀ। ਪ੍ਰਕਿਰਿਆ ਦੇ ਅਧੀਨ ਇਕੋ ਗ੍ਰੀਨ ਸਟੇਨ ਕੰਪਨੀ ਨੂੰ ਇਹ ਕੰਮ 21% ਘੱਟ ਯਾਨੀ 36.54 ਕਰੋੜ ਰੁਪਏ ਵਿੱਚ ਅਲਾਟ ਹੋਇਆ। ਡਾ. ਅਜੈ ਗੁਪਤਾ ਨੇ ਜਾਣਕਾਰੀ ਦਿੱਤੀ ਕਿ ਰੋਜ਼ਾਨਾ 3333 ਮੈਟਰਿਕ ਟਨ ਕੂੜੇ ਦੀ ਬਾਇਓਰੈਮੀਡੇਸ਼ਨ ਹੋਵੇਗੀ। ਕਰਾਰ ਅਨੁਸਾਰ 11 ਲੱਖ ਮੈਟਰਿਕ ਟਨ ਕੂੜਾ ਖਤਮ ਕਰਨ ਲਈ ਐਕਸ਼ਨ ਪਲਾਨ ਨਿਗਮ ਨੂੰ ਸੌਂਪਿਆ ਜਾਵੇਗਾ, ਜਿਸ ਵਿੱਚ ਰੋਜ਼ਾਨਾ ਅਤੇ ਮਾਸਿਕ ਰਿਪੋਰਟ ਦੀ ਮਾਨੀਟਰਿੰਗ ਕੀਤੀ ਜਾਵੇਗੀ। ਮੇਅਰ ਭਾਟੀਆ ਨੇ ਕਿਹਾ ਕਿ ਲੋਕ ਅਕਸਰ ਕਹਿੰਦੇ ਸਨ ਕਿ ਇਹ ਢੇਰੀ ਕਦੇ ਖ਼ਤਮ ਨਹੀਂ ਹੋਵੇਗੀ। ਉਸ ਨੂੰ ਚੁੱਕਣ ਦਾ ਕੰਮ ਅੱਜ ਤੋਂ ਸ਼ੁਰੂ ਹੋ ਗਿਆ ਹੈ। ਇਸ ਮੌਕੇ ਡਿਪਟੀ ਮੇਅਰ ਤਰੁਣਬੀਰ ਸਿੰਘ ਕੈਂਡੀ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਪ੍ਰਭਬੀਰ ਸਿੰਘ ਬਰਾੜ, ਜ਼ਿਲ੍ਹਾ ਜਨਰਲ ਸਕੱਤਰ ਮੁਖਵਿੰਦਰ ਸਿੰਘ ਵਿਰਦੀ, ਜ਼ਿਲ੍ਹਾ ਮੀਡੀਆ ਇੰਚਾਰਜ ਸਤਨਾਮ ਸਿੰਘ ਮਠਾੜੂ, ਚੇਅਰਮੈਨ ਬਲਜੀਤ ਸਿੰਘ ਰਿੰਕੂ, ਮਾਝਾ ਜ਼ੋਨ ਮਹਿਲਾ ਵਿੰਗ ਇੰਚਾਰਜ ਸੁਖਬੀਰ ਕੌਰ, ਮਾਝਾ ਜ਼ੋਨ ਮੀਡੀਆ ਸਕੱਤਰ ਵਰੁਣ ਰਾਣਾ, ਕੌਂਸਲਰ ਵਿੱਕੀ ਦੱਤਾ, ਬਿਕਰਮ ਸਿੰਘ ਸ਼ੇਰਗਿੱਲ ਕਮਿਸ਼ਨਰ ਨਗਰ ਨਿਗਮ, ਸੁਰਿੰਦਰ ਸਿੰਘ ਵਧੀਕ ਕਮਿਸ਼ਨਰ ਨਗਰ ਨਿਗਮ ਆਦਿ ਮੌਜੂਦ ਸਨ।

# ਇਰਾਕ ਦੇ ਬਾਕੂ ਸ਼ਹਿਰ ਅੰਦਰ ਪਹਿਲੀ ਵਾਰ ਨਿਸ਼ਾਨ ਸਾਹਿਬ ਚੜ੍ਹਾਇਆ

ਧਾਰੀਵਾਲ ( ਮਨਦੀਪ ਸਿੰਘ ਵਿੱਕੀ)-ਗੁਰੂ ਨਾਨਕ ਦੇਵ ਜੀ ਇਤਿਹਾਸ ਸਥਾਨ 'ਤੇ 557 ਸਾਲ ਪਹਿਲੀ ਵਾਰ ਇਰਾਕ ਦੇ ਬਾਕੂ ਸ਼ਹਿਰ ਵਿਚ ਨਿਸ਼ਾਨ ਸਾਹਿਬ ਚੜ੍ਹਾਇਆ ਗਿਆ।ਪੁਰਾਤਨ ਸਮੇਂ ਦੀ ਇਮਾਰਤ ਦੀ ਬਾਹਰੀ ਦੀਵਾਰ 'ਤੇ ਕੰਧ ਉਪਰ ਗੁਰਮਖੀ ਵਿੱਚ ਅੱਜ ਵੀ ਮੂਲ ਮੰਤਰ ਦਾ ਪਾਠ ਲਿਖਿਆ ਹੋਇਆ ਮਿਲਦਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਰਾਗੜ੍ਹੀ ਫਾਊਂਡੇਸ਼ਨ ਦੇ ਚੇਅਰਮੈਨ ਡਾਕਟਰ ਗੁਰਿੰਦਰ ਪਾਲ ਸਿੰਘ ਨਿਊਯਾਰਕ ਵੱਲੋਂ ਵਿਸ਼ੇਸ਼ ਤੌਰ 'ਤੇ ਪੱਤਰਕਾਰਾਂ ਨਾਲ ਫੋਨ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ 1521 ਈਸਵੀ ਨੂੰ ਗੁਰੂ ਨਾਨਕ ਦੇਵ ਜੀ ਮਨੁੱਖਤਾ ਦਾ ਭਲਾ ਕਰਦੇ ਹੋਏ ਇਸ ਜਗ੍ਹਾ 'ਤੇ ਪਹੁੰਚੇ। ਕੈਸਪੀਅਨ ਸਾਗਰ ਦੇ ਕਿਨਾਰੇ 'ਤੇ ਵੱਸਿਆ ਹੋਇਆ ਬਾਕੂ ਸ਼ਹਿਰ ਜਿਥੇ ਆਪਣੀ ਚੌਥੀ ਉਦਾਸੀ ਸਮੇਂ ਅਰਬ ਦੇਸ਼ਾਂ ਵਿੱਚ ਮਨੁੱਖਤਾ ਦੇ ਭਲੇ ਲਈ ਇਸ ਸ਼ਹਿਰ ਵਿਚ ਗੁਰੂ ਨਾਨਕ ਦੇਵ ਜੀ ਪਹੁੰਚੇ ਸਨ।ਉਹਨਾਂ ਨੇ ਇਥੋਂ ਦੇ ਲੋਕਾਂ ਨਾਲ ਵਿਚਾਰ ਵਟਾਂਦਰਾ ਕੀਤਾ ਤੇ ਬਹੁਤ ਸਾਰੇ ਲੋਕਾਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਿਆ। ਇਸ ਜਗ੍ਹਾ 'ਤੇ ਅੱਜ ਵੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਕਮਰੇ ਹਨ, ਜਿਨ੍ਹਾਂ ਦੀਆਂ ਕੰਧਾਂ ਉਪਰ ਪੰਜਾਬੀ ਭਾਸ਼ਾ ਗੁਰਮਖੀ ਮੂਲ਼ ਮੰਤਰ ਜਪੁਜੀ ਸਾਹਿਬ ਪਹਿਲੀ ਪੌੜੀ ਪਾਠ ਲਿਖਿਆ ਹੋਇਆ ਹੈ। ਇਸ ਜਗ੍ਹਾ 'ਤੇ ਇਤਿਹਾਸਕ ਤਿੰਨ ਕਮਰੇ ਹਨ। ਉਹਨਾਂ ਉਪਰ ਪੰਜਾਬੀ ਭਾਸ਼ਾ ਵਿਚ ਲਿਖਿਆ ਹੋਇਆ ਹੈ । ਇਸ ਤੋਂ ਇਲਾਵਾ 1664-1725 ਈਸਵੀ ਦਰਮਿਆਨ ਬਾਬਾ ਸ੍ਰੀ ਚੰਦ ਸੇਵਕ ਨੇ ਇਸ ਜਗ੍ਹਾ ਤੇ ਪਹੁੰਚ ਕੇ ਸਿੱਖੀ ਦਾ ਪ੍ਰਚਾਰ ਕੀਤਾ। ਅੱਜ ਇਤਿਹਾਸ ਵਿਚ ਪਹਿਲੀ ਵਾਰ 557 ਸਾਲ ਬਾਅਦ ਇਸ ਜਗ੍ਹਾ 'ਤੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਸੇਵਾ ਕੀਤੀ ਗਈ। ਇਸ ਮੌਕੇ ਤੇ ਪਾਕਿਸਤਾਨ, ਦੁਬਈ ਤੋਂ ਪੰਜਾਬੀ ਪਰਵਾਰ ਮੌਜੂਦ ਸਨ। ਇਸ ਜਗ੍ਹਾ ਸੰਬੰਧੀ ਜਾਣਕਾਰੀ ਮੀਡੀਆ ਸਲਾਹਕਾਰ ਗਗਨਦੀਪ ਸਿੰਘ ਰਿਆੜ ਵੱਲੋਂ ਦਿੱਤੀ ਗਈ।



# ਮਾਸਟਰ ਪ੍ਰਕਾਸ਼ ਸਿੰਘ ਕਾਹਨੂੰਵਾਨ ਨਮਿਤ ਅੰਤਿਮ ਅਰਦਾਸ

ਬਟਾਲਾ (ਤਰਲੋਕ ਬੱਗਾ) - ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਆਗੂ ਸਾਥੀ ਮਾਸਟਰ ਪ੍ਰਕਾਸ਼ ਸਿੰਘ ਕਾਹਨੂੰਵਾਨ ( 82) ਜੋ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸਿੰਘ ਸਭਾ ਕਾਹਨੂੰਵਾਨ ਵਿਖੇ ਹੋਈ। ਅੰਤਿਮ ਅਰਦਾਸ ਉਪਰੰਤ ਆਪਣੇ ਸਾਥੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪਹੁੰਚੇ ਆਗੂਆਂ ਵਿੱਚ ਕਾਮਰੇਡ



ਰਘਬੀਰ ਸਿੰਘ ਪਕੀਵਾਂ, ਕਾਮਰੇਡ ਅਜੀਤ ਸਿੰਘ ਠੱਕਰਸੰਧੂ, ਸਾਬਕਾ ਐਲ ਐਲ ਏ ਮਾਸਟਰ ਜੌਹਰ ਸਿੰਘ, ਤਰਲੋਚਨ ਸਿੰਘ ਤੇ ਜਵੰਦ ਸਿੰਘ ਸ਼ਾਮਿਲ ਸਨ। ਆਗੂਆਂ ਨੇ ਕਿਹਾ ਕਿ ਸਾਥੀ ਪ੍ਰਕਾਸ਼ ਸਿੰਘ ਕਾਹਨੂੰਵਾਨ ਨੇ ਜਿੰਦਗੀ ਭਰ ਕਮਿਊਨਿਸਟ ਵਿਚਾਰਧਾਰਾ 'ਤੇ ਪਹਿਰਾ ਦਿੱਤਾ ।

ਉਹ ਪਹਿਲਾਂ ਸੀ ਪੀ ਐਮ ਅਤੇ ਆਖਰੀ ਦਮ ਤੱਕ ਆਰ ਐਮ ਪੀ ਆਈ ਦੀ ਸੋਚ ਨਾਲ ਜੁੜੇ ਰਹੇ।ਸਾਥੀ ਪ੍ਰਕਾਸ਼ ਸਿੰਘ ਕਾਹਨੂੰਵਾਨ ਦੇ ਵਿਛੋੜੇ ਨਾਲ ਜਿੱਥੇ ਪਰਿਵਾਰ ਨੂੰ ਘਾਟਾ ਪਿਆ ਹੈ ਉਥੇ ਕਮਿਊਨਿਸਟ ਲਹਿਰ ਲਈ ਵੀ ਘਾਟਾ ਪਿਆ ਹੈ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਕਾਮਰੇਡ ਧਿਆਨ ਸਿੰਘ ਠਾਕੁਰ ਨੇ ਨਿਭਾਈ । ਕਾਮਰੇਡ ਅਜੀਤ ਸਿੰਘ ਸਿੱਧਵਾਂ, ਕਾਮਰੇਡ ਸ਼ਿਵ ਕੁਮਾਰ ਪਠਾਨਕੋਟ, ਕਾਮਰੇਡ ਸ਼ਮਸ਼ੇਰ ਸਿੰਘ ਬਟਾਲਾ, ਮਾਸਟਰ ਸੰਤੋਖ ਸਿੰਘ ਔਲਖ,ਸਵਰਨ ਸਿੰਘ ਮੁਕੇਰੀਆਂ,ਅਜੀਤ ਸਿੰਘ ਹੁੰਦਲ, ਜਸਵੰਤ ਸਿੰਘ ਬੁੱਟਰ,ਸੁਲੱਖਣ ਸਰਹੱਦੀ ਆਦਿ ਵੀ ਸ਼ਰਧਾਂਜਲੀ ਸਮਾਗਮ ਵਿੱਚ ਸ਼ਾਮਿਲ ਹੋਏ।

# ਡੇਰਾ ਬਾਬਾ ਨਾਨਕ ਖੇਤਰ 'ਚ ਹੜ੍ਹ ਰਾਹਤ ਤੇ ਡੀ-ਸਿਲਟਿੰਗ ਕੰਮ ਦੀ ਸ਼ੁਰੂਆਤ : ਸਾਹਨੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਦੁਸਹਿਰੇ ਦੇ ਪਾਵਨ ਮੌਕੇ ਰਾਜ ਸਭਾ ਸੰਸਦ ਮੈਂਬਰ ਪਦਮਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਆਪਣੀ ਉਦਾਰਤਾ ਦਿਖਾਉਂਦੇ ਹੋਏ ਡੇਰਾ ਬਾਬਾ ਨਾਨਕ ਬਲਾਕ ਦੇ ਹੜ੍ਹ-ਪ੍ਰਭਾਵਿਤ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਹੜ੍ਹ ਰਾਹਤ ਅਤੇ ਪੁਨਰਵਾਸ ਕੰਮਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ ਸਥਾਨਕ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਅਤੇ ਡਿਪਟੀ ਕਮਿਸ਼ਨਰ



ਗੁਰਦਾਸਪੁਰ ਦਲਵਿੰਦਰਜੀਤ ਸਿੰਘ ਵੀ ਹਾਜ਼ਰ ਸਨ। ਡਾ. ਸਾਹਨੀ ਨੇ ਦੱਸਿਆ ਕਿ ਰਾਹਤ ਕੰਮਾਂ ਦੇ ਤਹਿਤ ਰਾਵੀ ਦਰਿਆ ਕੰਢੇ ਪਿੰਡ ਧਰਮਕੋਟ ਪੱਟਣ ਵਿੱਚ 5 ਜੇ.ਸੀ.ਬੀ. ਮਸ਼ੀਨਾਂ ਅਤੇ 18 ਟਰੈਕਟਰ ਲਗਾਏ ਗਏ ਹਨ। ਇਸ ਇਲਾਕੇ ਵਿੱਚ 4 ਤੋਂ 6 ਫੁੱਟ ਤੱਕ ਪਾਣੀ ਭਰ ਜਾਣ ਕਰਕੇ ਸੈਂਕੜੇ ਏਕੜ ਖੜ੍ਹੀ ਫ਼ਸਲ ਤਬਾਹ ਹੋ ਗਈ ਹੈ, ਜਿਸ ਨਾਲ ਛੋਟੇ ਅਤੇ ਸੀਮਾਂਤ ਕਿਸਾਨ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਹਨ। ਉਹਨਾਂ ਭਰੋਸਾ ਦਿਵਾਇਆ ਕਿ ਮਸ਼ੀਨਰੀ, ਤਜਰਬੇਕਾਰ ਸਟਾਫ਼ ਅਤੇ ਮਜ਼ਦੂਰ ਤਦੋਂ ਤੱਕ ਕੰਮ ਕਰਦੇ ਰਹਿਣਗੇ ਜਦੋਂ ਤੱਕ ਕਿਸਾਨ ਪੂਰੀ ਤਰ੍ਹਾਂ ਸੰਤੁਸ਼ਟ ਨਹੀਂ ਹੋ ਜਾਂਦੇ ਅਤੇ ਉਹਨਾਂ ਦੀ ਜ਼ਮੀਨ ਰਬੀ ਦੀ ਫ਼ਸਲ ਲਈ ਤਿਆਰ ਨਹੀਂ ਹੋ ਜਾਂਦੀ। ਬਾਅਦ ਵਿਚ ਡਾ. ਸਾਹਨੀ ਨੇ ਹੜ੍ਹ - ਪ੍ਰਭਾਵਿਤ ਪਰਵਾਰਾਂ ਵਿੱਚ ਖੁਦ ਜਾ ਕੇ ਰਾਹਤ ਸਮੱਗਰੀ ਵੰਡਾਈ, ਜਿਸ ਵਿੱਚ ਬਿਸਤਰੇ, ਗੱਦੇ, ਫਾਗਿੰਗ ਮਸ਼ੀਨਾਂ, ਫਰਨੀਚਰ, ਕਿਚਨ ਸੈੱਟ ਅਤੇ ਹੋਰ ਲੋੜੀਂਦੇ ਘਰੇਲੂ ਸਮਾਨ ਸ਼ਾਮਲ ਸਨ। ਇਸ ਮੌਕੇ ਡਾ. ਸਾਹਨੀ ਨੇ ਕਿਹਾ ਮੇਰੀ ਤਰਜੀਹ ਹੈ ਕਿ ਹਰ ਪ੍ਰਭਾਵਿਤ ਪਰਵਾਰ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰੇ ਅਤੇ ਕੋਈ ਵੀ ਕਿਸਾਨ ਆਪਣੇ ਆਪ ਨੂੰ ਅਸਹਾਇ ਨਾ ਸਮਝੇ।

# ਕਲਾਨੌਰ ਇਲਾਕੇ ਲਈ ਪਹੁੰਚੀ ਰਾਹਤ ਸਮੱਗਰੀ

ਕਲਾਨੌਰ (ਮਨਦੀਪ ਕੋਹਲੀ)-ਜਿੱਥੇ ਕੁਦਰਤੀ ਕਰੋਪੀ ਨੇ ਲੋਕਾਂ ਨੂੰ ਪ੍ਰਭਾਵਿਤ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਉਥੇ ਹੀ ਪੰਜਾਬੀਆਂ ਨੇ ਹੀ ਪੰਜਾਬੀਆਂ ਦੀ ਵੀ ਬਾਂਹ ਫੜੀ ਹੈ। ਅੱਜ ਐਸ ਜੀ ਪੀ ਸੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਸਾਥੀਆਂ ਸਮੇਤ ਕਲਾਨੌਰ ਇਲਾਕੇ ਵਿੱਚ ਹੜ ਪੀੜਤਾਂ ਲਈ ਰਾਹਤ ਸਮੱਗਰੀ ਲੈ ਕੇ ਪਹੁੰਚੇ, ਜਿੱਥੇ ਸਾਬਕਾ ਮੰਤਰੀ ਪੰਜਾਬ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਵੱਲੋਂ ਉਹਨਾਂ ਦਾ



ਸਵਾਗਤ ਕੀਤਾ ਗਿਆ। ਹੜ੍ਹ ਦੇ ਪਾਣੀ ਨਾਲ ਕਲਾਨੌਰ ਏਰੀਏ ਦੇ ਪਿੰਡਾਂ ਵਿੱਚ ਨਸ਼ਟ ਹੋਈਆਂ ਝੋਨੇ ਅਤੇ ਚਾਰੇ ਦੀਆਂ ਫਸਲਾਂ ਦੇ ਪ੍ਰਭਾਵਿਤ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਰਾਹਤ ਸਮੱਗਰੀ ਦੇਣ ਲਈ ਪੰਥ ਰਤਨ ਮਰਹੂਮ ਗੁਰਚਰਨ ਸਿੰਘ ਟੌਹੜਾ ਦੀ ਪਿੰਡ ਵਾਸੀਆਂ, ਐਨ ਆਰ ਆਈ ਵੀਰਾਂ ਅਤੇ ਟੌਹੜਾ ਕਬੱਡੀ ਕੱਪ ਕਲੱਬ ਦੇ ਸਹਿਯੋਗ ਨਾਲ ਭੇਜੀ ਰਾਹਤ ਸਮਗਰੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ ਦੀ ਅਗਵਾਈ ਹੇਠ ਪਸ਼ੂਆਂ ਦਾ ਚਾਰਾ, ਸਮੱਗਰੀ ਅਤੇ ਡੀਜ਼ਲ ਰਾਸ਼ੀ ਭੇਟ ਕੀਤੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ, ਗੁਰਿੰਦਰ ਸਿੰਘ ਸ਼ਾਮਪੁਰਾ, ਚੇਅਰਮੈਨ ਮੱਖਣ ਸਿੰਘ ਟੌਹੜਾ ਆਦਿ ਹਾਜ਼ਰ ਸਨ। ਇਸ ਮੌਕੇ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ, ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਮੈਂਬਰ ਸਤਵਿੰਦਰ ਸਿੰਘ ਟੌਹੜਾ, ਗੁਰਿੰਦਰ ਸਿੰਘ ਸ਼ਾਮਪੁਰਾ ਨੇ ਕਿਹਾ ਕਿ ਪਿੰਡ ਟੌਹੜਾ ਦੇ ਐਨ ਆਰ ਆਈ ਵੀਰਾਂ, ਕਬੱਡੀ ਕੱਪ ਕਲੱਬ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਇਕੱਤਰ ਕੀਤੀ ਗਈ ਰਾਸ਼ੀ ਨਾਲ 5000 ਲੀਟਰ ਤੇਲ, ਪਸ਼ੂਆਂ ਦੇ ਖਾਣ ਲਈ ਤੂੜੀ ਅਤੇ ਸੈਲਜ ਚਾਰਾ ਆਦਿ ਲਈ ਰਾਸ਼ੀ ਭੇਟ ਕੀਤੀ ਗਈ। ਇਸ ਮੌਕੇ ਉਹਨਾਂ ਕਿਹਾ ਕਿ ਪ੍ਰਭਾਵਿਤ ਹੋਈਆਂ ਫਸਲਾਂ ਕਾਰਨ ਇੱਕ ਸਾਲ ਦਾ ਠੇਕਾ ਰੱਦ ਕੀਤਾ ਜਾਵੇ ਅਤੇ ਅਗਲੇ ਇੱਕ ਸਾਲ ਲਈ ਜ਼ਮੀਨਾਂ ਦਾ ਠੇਕਾ ਨਾ ਲਿਆ ਜਾਵੇ। ਉਹਨਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਜਿਹਾ ਫੈਸਲਾ ਲੈ ਕੇ ਹੜ੍ਹ ਪੀੜਤਾਂ ਦੀ ਸਾਰ ਲੈਣੀ ਚਾਹੀਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਘੁੰਮਣ, ਗੁਰਿੰਦਰ ਸਿੰਘ ਸ਼ਾਮਪੁਰਾ, ਨਵਨੀਤ ਸਿੰਘ ਪਵਾਰ, ਚੇਅਰਮੈਨ ਮੱਖਣ ਸਿੰਘ, ਹਰਮੀਤ ਸਿੰਘ ਜਿੰਮੀ ਕਾਹਲੋਂ, ਹੀਰਾ ਸਿੰਘ ਰਹੀਮਾਬਾਦ, ਜਗੀਰ ਸਿੰਘ ਕੋਟਲਾ ਮੁਗਲਾਂ, ਸੁਖਵਿੰਦਰ ਸਿੰਘ ਗੁਰਾਇਆ, ਬਾਬਾ ਦਲਵਿੰਦਰ ਸਿੰਘ, ਬਲਰਾਜ ਸਿੰਘ, ਮੋਹਣ ਸਿੰਘ, ਬਲਬੀਰ ਸਿੰਘ ਤੋਂ ਇਲਾਵਾ ਪਿੰਡ ਟੌਹੜਾ ਤੋਂ ਮੱਖਣ ਸਿੰਘ ਸਾਬਕਾ ਚੇਅਰਮੈਨ, ਬਹਾਦਰ ਸਿੰਘ ਸਰਪੰਚ, ਹਰਭਜਨ ਸਿੰਘ, ਬਲਬੀਰ ਸਿੰਘ, ਨਿਰਮਲ ਸਿੰਘ, ਸੰਤ ਸਿੰਘ, ਮਨਮੋਹਨ ਸਿੰਘ, ਨਿੰਦਰਜੀਤ ਸਿੰਘ ਨੀਟਾ, ਗੁਰਪ੍ਰੀਤ ਸਿੰਘ ਆਦ ਵਿਸ਼ੇਸ਼ ਤੌਰ 'ਤੇ ਪਹੁੰਚੇ।

# ਸਿੱਖ ਸੰਗਤਾਂ ਵੱਲੋਂ ਗੁਰਪਰਬ ਤੱਕ ਕਰਤਾਰਪੁਰ ਲਾਂਘਾ ਖੋਲ੍ਹਣ ਲਈ ਕੌਮਾਂਤਰੀ ਅਪੀਲ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਰਤਾਰਪੁਰ ਅੰਤਰਰਾਸ਼ਟਰੀ ਹੱਦ 'ਤੇ ਗੁਰੂ-ਅਦਬ ਮੋਰਚਾ ਸਰਹਿੰਦ ਅਤੇ ਲੋਕ-ਰਾਜ ਪੰਜਾਬ ਦੀ ਅਗਵਾਈ ਵਿੱਚ ਸਿੱਖ ਸੰਗਤ ਨੇ ਨਾਨਕਆਣਾ ਸਾਹਿਬ ਦੇ ਦਰਸ਼ਨਾਂ 'ਤੇ ਰੋਕ ਲਾਉਣ ਅਤੇ ਡੈਮਾਂ ਤੋਂ ਪਾਣੀ ਛੱਡਣ ਨਾਲ ਲਿਆਂਦੇ ਗਏ ਗੈਰਕੁਦਰਤੀ ਵਿਨਾਸ਼ਕਾਰੀ ਹੜ੍ਹਾਂ ਵਿਰੁੱਧ ਰੋਸ ਵਿਖਾਵਾ ਕੀਤਾ। ਰੋਸ ਵਿਖਾਵੇ ਰਾਹੀਂ ਗੁਰੂ ਨਾਨਕ ਸਾਹਿਬ ਦੇ ਆਗਮਨ ਗੁਰਪੁਰਬ ਤੱਕ ਕਰਤਾਰਪੁਰ ਲਾਂਘਾ ਖੋਲ੍ਹਣ, ਡੈਮਾਂ ਦਾ ਕੰਟਰੋਲ ਰਿਪੇਰੀਅਨ ਪੰਜਾਬ ਨੂੰ ਦੇਣ ਅਤੇ ਡੈਮਾਂ ਨੂੰ ਜਲ-ਤੋਪਾਂ ਵਾਂਗ ਵਰਤ ਕੇ




ਪੰਜਾਬੀ ਸਭਿਅਤਾ ਦੇ ਉਜਾੜੇ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ ਗਈ।ਗੁਰੂ-ਅਦਬ ਮੋਰਚਾ ਸਰਹਿੰਦ ਦੇ ਕਨਵੀਨਰ, ਸੰਗਤ ਸੇਵਾ ਸੰਪਰਦਾ ਦੇ ਮੁੱਖ ਸੇਵਾਦਾਰ ਅਤੇ ਲੋਕ-ਰਾਜ ਪੰਜਾਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਰੰਧਾਵਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੜ੍ਹਾਂ ਦੀ ਮਾਰ ਝੱਲਣ ਵਾਲੀ ਸਿੱਖ ਸੰਗਤ ਦੀ ਆਰਥਿਕ ਖੁਸ਼ਹਾਲੀ ਮੁੜ ਬਹਾਲ ਕਰਨ ਲਈ ਵੱਡੀ ਪੱਧਰ 'ਤੇ ਬਾਗਬਾਨੀ, ਸੁੱਚੇ-ਮੋਤੀਆਂ ਦੀ ਖ਼ੇਤੀ, ਹਰਬਲ-ਫ਼ਾਰਮ, ਬੀਮਾਯੁਕਤ ਡੇਅਰੀ ਫ਼ਾਰਮ, ਮੁਨਾਫ਼ੇ ਵਾਲੇ ਖੇਤੀ-ਉਤਪਾਤ ਉਦਯੋਗ, ਕੋਆਪਰੇਟਿਵ ਮਾਰਕੀਟਿੰਗ ਆਦਿ, ਸਭ ਉੱਦਮ ਕੌਮਾਂਤਰੀ ਸੰਗਤ ਦੇ ਸਹਿਯੋਗ ਨਾਲ ਬਹੁਤ ਛੇਤੀ ਹੀ ਸਥਾਪਤ ਕਰਨ ਦਾ ਪ੍ਰੋਗਰਾਮ ਉਲੀਕਣ ਦਾ ਉੱਦਮ ਜਾਰੀ ਹੈ। ਰਾਵੀ ਦੇ ਧੁੱਸੀ ਬੰਨ੍ਹ ਦੀ ਕਾਰਸੇਵਾ ਕਰਵਾ ਰਹੇ ਬਾਬਾ ਸਤਨਾਮ ਸਿੰਘ ਅਨੰਦਗੜ੍ਹ ਅਤੇ ਹੜ੍ਹ ਮਾਰੂ ਘਰਾਂ ਦੀ ਵੱਡੀ ਪੱਧਰ 'ਤੇ ਕਾਰਸੇਵਾ ਕਰ ਰਹੇ ਬਾਬਾ ਸੁੱਖਾ ਸਿੰਘ ਸਰਹਾਲੀ ਨੇ ਵੀ ਆਪਣੀ ਸਹਿਮਤੀ ਦੇ ਦਿੱਤੀ ਹੈ। ਉਹਨਾਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਖਸ਼ਿਸ਼ ਨਾਲ ਮਾਰੂ ਹੜ੍ਹਾਂ ਵਿੱਚ ਤਬਾਹ ਹੋਏ ਘਰਾਂ ਦੀ ਮੁੜ ਉਸਾਰੀ, ਰੁਜ਼ਗਾਰਾਂ ਦੀ ਬਹਾਲੀ ਅਤੇ ਦਰਿਆਵਾਂ ਦੇ ਬੰਨ੍ਹਾਂ ਤੇ ਕੌਮਾਂਤਰੀ ਪੱਧਰ ਦੇ ਨਾ ਰੁੜ੍ਹਨ ਵਾਲੇ ਪੱਕੇ ਪ੍ਰਬੰਧ ਕਰਨ ਦੇ ਕਾਰਜਾਂ ਨੂੰ ਨੇਪਰੇ ਚਾੜ੍ਹਨਾ, ਸਮੂਹ ਸੰਗਤ ਦੇ ਦਸਵੰਧ ਅਤੇ ਕੌਮਾਂਤਰੀ ਸਿੱਖ ਸੰਗਤ ਦੇ ਵੱਡੇ ਸਹਿਯੋਗ ਨਾਲ ਹੀ ਸੰਭਵ ਹੈ।

# ਉੱਤਰਾਖੰਡ ਪਰਬਤੀ ਸਭਾ ਨੇ ਹੜ੍ਹ ਪੀੜਤਾਂ ਨੂੰ ਦਿੱਤਾ 600 ਲੀਟਰ ਡੀਜ਼ਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖ਼ਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਦੇ ਸਹਿਯੋਗ



ਨਾਲ ਉੱਤਰਾਖੰਡ ਪਰਬਤੀ ਸਭਾ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਈ ਹੈ। ਇਸ ਦੇ ਚੱਲਦਿਆਂ ਸਭਾ ਵੱਲੋਂ ਪਿੰਡ ਕਕਰਾਲੀ ਦੇ ਕਿਸਾਨਾਂ ਨੂੰ ਜ਼ਮੀਨ ਪੱਧਰੀ ਕਰਨ ਦੇ ਲਈ 600 ਲੀਟਰ ਡੀਜ਼ਲ ਦਿੱਤਾ ਗਿਆ ਹੈ। ਐਨ ਕੇ ਸ਼ਰਮਾ ਨੇ ਕਕਰਾਲੀ ਪਿੰਡ ਵਿੱਚ ਹੜ੍ਹ ਪ੍ਰਭਾਵਿਤ ਜ਼ਮੀਨਾਂ ਦਾ ਦੌਰਾ ਕਰਨ ਤੋਂ ਬਾਅਦ ਕਿਹਾ ਕਿ ਇਸ ਤੋਂ ਪਹਿਲਾਂ ਵੀ ਕਈ ਸੰਸਥਾਵਾਂ ਵੱਲੋਂ ਹੜ੍ਹ ਪੀੜਤਾਂ ਦੀ ਵੱਖ-ਵੱਖ ਤਰੀਕਿਆਂ ਨਾਲ ਮਦਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਬਾਦਲ ਦੇ ਨਿਰਦੇਸ਼ਾਂ 'ਤੇ, ਸਾਰੇ ਅਕਾਲੀ ਦਲ ਵਰਕਰ ਹੜ੍ਹ ਪੀੜਤਾਂ ਦੀ ਮਦਦ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਡੇਰਾਬੱਸੀ ਹਲਕੇ ਵਿੱਚ ਹੜ੍ਹ ਦੌਰਾਨ ਦੋ ਲੋਕਾਂ ਦੀ ਮੌਤ ਤੋਂ ਬਾਅਦ, ਉਨ੍ਹਾਂ ਦੇ ਆਸ਼ਰਿਤਾਂ ਨੂੰ 50-50 ਰੁਪਏ ਦੀ ਵਿੱਤੀ ਮਦਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਅਮਲਾਲਾ ਵਿੱਚ ਘੱਗਰ ਨਦੀ ਦੇ ਪਿੱਲਰ ਟੁੱਟਣ ਲੱਗੇ ਸਨ, ਜਿਸਦੇ ਚੱਲਦਿਆਂ ਉੱਥੇ 80 ਹਜ਼ਾਰ ਰੁਪਏ ਦੀ ਤਾਰ ਭੇਜੀ ਗਈ ਹੈ ਤਾਂ ਜੋ ਹਾਦਸਿਆਂ ਤੋਂ ਬਚਾਅ ਹੋ ਸਕੇ।ਉਨ੍ਹਾਂ ਦੱਸਿਆ ਕਿ ਇਬਰਾਹਿਮਪੁਰ ਅਤੇ ਅਮਲਾਲਾ ਵਿੱਚ ਜ਼ਮੀਨਾਂ ਸੁੱਕ ਚੁੱਕੀਆਂ ਹਨ। ਉਨ੍ਹਾਂ ਜ਼ਮੀਨਾਂ ਨੂੰ ਪੱਧਰਾ ਕਰਨ ਲਈ ਅਕਾਲੀ ਦਲ ਦੇ ਵਰਕਰ ਲਗਾਤਾਰ ਕੰਮ ਕਰ ਰਹੇ ਹਨ।

# ਵਿਦਿਆਰਥੀਆਂ ਨੇ ਇਨੋਵੇਸ਼ਨ ਅਤੇ ਐਂਟਰਪ੍ਰਨਿਓਰਸ਼ਿਪ ਪ੍ਰੋਗਰਾਮ 'ਚ ਸਕੂਲ ਦਾ ਨਾਂਅ ਚਮਕਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਭੋਗਪੁਰ ਦੇ ਦੀ ਲੈਂਡਮਾਰਕ ਸਕੂਲ ਦੇ ਵਿਦਿਆਰਥੀਆਂ ਨੇ ਆਈ ਕੇ ਜੀ ਪੀ ਟੀ ਯੂ ਬੌਧਿਕ ਸੰਪੱਤੀ ਅਤੇ ਤਕਨਾਲੋਜੀ ਟ੍ਰਾਂਸਫਰ ਵਰਕਸ਼ਾਪ ਵਿੱਚ ਰਚਨਾਤਮਕਤਾ, ਹਿੰਮਤ ਅਤੇ ਦੂਰਦਰਸ਼ੀ ਦ੍ਰਿਸ਼ਟੀ ਦਾ ਪ੍ਰਦਰਸ਼ਨ ਕੀਤਾ।ਇਸ ਪ੍ਰੋਗਰਾਮ ਵਿੱਚ ਸਕੂਲ ਦੇ ਵਿਦਿਆਰਥੀ ਜਸਕੀਰਤ ਕੌਰ ਸਾਹਿਲਪ੍ਰੀਤ ਸਿੰਘ ਅਤੇ ਅਨਾਮਿਕਾ ਨੇ ਪ੍ਰੋਜੈਕਟ ਬੁਕਸ ਬਿਨ ਬਾਉਂਡਰੀਜ਼ ਦਾ ਪ੍ਰਦਰਸ਼ਨ ਕੀਤਾ। ਜਿਸ ਵਿੱਚ ਆਈ ਕੇ ਜੀ ਪੀ ਟੀ ਯੂ ਵਿੱਚ ਆਏ ਹੋਏ ਮੁੱਖ ਮਹਿਮਾਨ ਅਮਿਤ ਮਦਾਨ (ਚੇਅਰਮੈਨ ਆਈ ਬੀ ਐਸ ਈ), ਡਾ. ਸੰਜੀਵ ਮਹਾਜਨ, ਸੌਰਭ ਅਰੋੜਾ (ਆਈ ਆਈ ਟੀ ਰੋਪੜ), ਚਰਨ ਕਮਲ ਉੱਦਮੀ, ਡਾ. ਸ਼੍ਰੀਮਤੀ ਬੇਦੀ ਪੀ ਟੀ ਯੂ ਦੇ ਸਹਾਇਕ ਨਿਰਦੇਸ਼ਕ ਦੁਆਰਾ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਦੇ ਇਨਕਲਾਬੀ ਪ੍ਰੋਜੈਕਟ 'ਬੁੱਕਸ ਬਿਓਂਡ ਬਾਉਂਡਰੀਜ਼' ਨੇ ਆਪਣੀ ਮੌਲਿਕਤਾ, ਭਵਿੱਖਮੁਖੀ ਦ੍ਰਿਸ਼ਟੀਕੋਣ ਅਤੇ ਸਿੱਖਣ ਨੂੰ ਮੁੜ ਆਕਾਰ ਦੇਣ ਦੀ ਸੰਭਾਵਨਾ ਨਾਲ ਦਰਸ਼ਕਾਂ ਨੂੰ ਮੋਹਿਤ ਕਰ ਦਿੱਤਾ।ਪ੍ਰਿੰਸੀਪਲ ਸ਼੍ਰੀਮਤੀ ਸੋਨਮ ਸ਼ਰਮਾ ਦੇ ਮਾਰਗਦਰਸ਼ਨ ਵਿੱਚ, ਵਿਦਿਆਰਥੀਆਂ ਨੇ ਆਪਣੇ ਵਿਚਾਰ ਆਤਮਵਿਸ਼ਵਾਸ, ਜਨੂੰਨ ਅਤੇ ਉਦੇਸ਼ ਨਾਲ ਪੇਸ਼ ਕੀਤੇ, ਜੋ ਕਿ ਯੁਵਾ ਸਸ਼ਕਤੀਕਰਨ, ਦਲੇਰ ਸੋਚ ਅਤੇ ਪਰਿਵਰਤਨਸ਼ੀਲ ਕਾਰਵਾਈ ਦੀ ਭਾਵਨਾ ਦੀ ਉਦਾਹਰਣ ਦਿੰਦੇ ਹਨ।

# ਸੋਨੂੰ ਸੂਦ ਨੇ ਐੱਲ ਪੀ ਯੂ ਦਾ ਕੀਤਾ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਸਿੱਧ ਬਾਲੀਵੁੱਡ ਅਦਾਕਾਰ, ਅਤੇ ਸਮਾਜ ਸੁਧਾਰਕ ਸੋਨੂੰ ਸੂਦ ਨੇ ਵਿਦਿਆਰਥੀਆਂ ਨਾਲ ਇੱਕ ਦਿਲਚਸਪ ਅਤੇ ਗੱਲਬਾਤ ਲਈ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਦਾ ਦੌਰਾ ਕੀਤਾ ਅਤੇ ਆਪਣੇ ਪ੍ਰੇਰਨਾ, ਅਤੇ ਨਿਮਰਤਾ ਸ਼ਬਦਾਂ ਨਾਲ ਕੈਂਪਸ ਨੂੰ ਊਰਜਾਵਾਨ ਬਣਾਇਆ।ਉਨ੍ਹਾਂ ਦੇ ਪਹੁੰਚਣ 'ਤੇ, ਯੂਨੀਵਰਸਿਟੀ ਦੇ ਆਗੂਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ, ਕਰਨਲ ਡਾ. ਰਸ਼ਮੀ ਮਿੱਤਲ, ਐਲਪੀਯੂ ਦੀ ਪ੍ਰੋ-ਚਾਂਸਲਰ, ਅਤੇ ਡਾ. ਜਸਪਾਲ ਸਿੰਘ ਸੰਧੂ, ਐਲਪੀਯੂ ਦੇ ਵਾਈਸ ਚਾਂਸਲਰ, ਨੇ ਉਨ੍ਹਾਂ ਦੇ ਪ੍ਰਭਾਵਸ਼ਾਲੀ ਮਾਨਵਤਾਵਾਦੀ ਕੰਮ ਅਤੇ ਜਨਤਕ ਸੇਵਾ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਮਾਨਤਾ ਦਿੰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਸੋਨੂੰ ਸੂਦ ਨੇ ਕਿਹਾ ਕਿ ਜਿਵੇਂ ਹੀ ਉਨ੍ਹਾਂ ਨੇ ਕੈਂਪਸ ਵਿੱਚ ਕਦਮ ਰੱਖਿਆ, ਉਨ੍ਹਾਂ ਨੂੰ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਦੇ ਵਿਦਿਆਰਥੀ ਵਜੋਂ ਆਪਣੇ ਕਾਲਜ ਦੇ ਦਿਨਾਂ ਦੀ ਯਾਦ ਆ ਗਈ। ਉਨ੍ਹਾਂ ਨੇ ਹਲਕੇ ਦਿਲ ਨਾਲ ਕਿਹਾ, 'ਚਾਂਸਲਰ ਸਰ ਨੂੰ ਇਹ ਯੂਨੀਵਰਸਿਟੀ ਪਹਿਲਾਂ ਹੀ ਬਣਾਉਣੀ ਚਾਹੀਦੀ ਸੀ, ਕਿਉਂਕਿ ਮੈਨੂੰ ਅਜਿਹੇ ਸ਼ਾਨਦਾਰ ਵਾਤਾਵਰਣ ਵਿੱਚ ਪੜ੍ਹਨ ਦਾ ਮੌਕਾ ਮਿਲਣਾ ਪਸੰਦ ਹੁੰਦਾ।' ਫਿਰ ਉਸਨੇ ਆਪਣੇ ਪ੍ਰਸ਼ੰਸਾਯੋਗ ਮਾਨਵਤਾਵਾਦੀ ਕਾਰਜਾਂ ਦੇ ਪਿੱਛੇ ਦੀ ਕਹਾਣੀ ਦੱਸੀ। 'ਤੁਸੀਂ ਆਪਣੇ ਕੈਰੀਅਰ ਦੇ ਸਿਖਰ 'ਤੇ ਪਹੁੰਚ ਸਕਦੇ ਹੋ ਅਤੇ ਬਹੁਤ ਜ਼ਿਆਦਾ ਦੌਲਤ ਇਕੱਠੀ ਕਰ ਸਕਦੇ ਹੋ, ਪਰ ਕਿਸੇ ਨੂੰ ਉਮੀਦ ਦੇਣ ਨਾਲ ਜੋ ਸੰਤੁਸ਼ਟੀ ਮਿਲਦੀ ਹੈ ਉਹ ਇੱਕ ਵਿਲੱਖਣ ਭਾਵਨਾ ਹੈ। ਉਸਨੇ ਅੱਗੇ ਕਿਹਾ, 'ਇਹ ਉਦੇਸ਼ ਦੀ ਭਾਵਨਾ ਅਜਿਹੀ ਚੀਜ਼ ਹੈ ਜਿਸ ਨੂੰ ਕੋਈ ਵੀ ਭੌਤਿਕ ਸਫਲਤਾ ਨਹੀਂ ਬਦਲ ਸਕਦੀ।'



# ਨਨਕਾਣਾ ਸਾਹਿਬ ਸਕੂਲ 'ਚ ਦੁਸਹਿਰਾ ਤੇ ਗਾਂਧੀ ਜਯੰਤੀ ਮਨਾਈ



**ਸੁਲਤਾਨਪੁਰ ਲੋਧੀ (ਹਨੀ)**- ਨਨਕਾਣਾ ਸਾਹਿਬ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੁਸਹਿਰਾ ਤੇ ਗਾਂਧੀ ਜਯੰਤੀ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਈ ਗਈ। ਸਮਾਰੋਹ ਦੀ ਸ਼ੁਰੂਆਤ ਪ੍ਰਾਰਥਨਾ ਨਾਲ ਕੀਤੀ ਗਈ। ਵਿਦਿਆਰਥੀਆਂ ਨੇ ਮਹਾਤਮਾ ਗਾਂਧੀ ਜੀ ਦੇ ਜੀਵਨ, ਉਨ੍ਹਾਂ ਦੇ ਅਹਿੰਸਾ ਦੇ ਸਿਧਾਂਤ ਅਤੇ ਸੱਚਾਈ ਪ੍ਰਤੀ ਉਨ੍ਹਾਂ ਦੀ ਲਗਨ ਬਾਰੇ ਭਾਸ਼ਣ ਦਿੱਤੇ। ਵਿਦਿਆਰਥੀਆਂ ਨੇ ਕਵਿਤਾਵਾਂ ਅਤੇ ਗੀਤਾਂ ਰਾਹੀਂ ਗਾਂਧੀ ਦੇ ਉਪਦੇਸ਼ਾਂ ਨੂੰ ਯਾਦ ਕੀਤਾ, ਜਦਕਿ ਦੁਸਹਿਰੇ ਦੇ ਤਿਉਹਾਰ ਸਬੰਧੀ ਬੁਰਾਈ 'ਤੇ ਭਲਾਈ ਦੀ ਜਿੱਤ ਦਾ ਪ੍ਰਤੀਕ ਰਾਵਣ ਦਹਨ ਕੀਤਾ ਗਿਆ। ਵਿਦਿਆਰਥੀਆਂ ਨੂੰ ਦਸਹਿਰੇ ਦੀ ਮਹੱਤਤਾ ਬਾਰੇ ਜਾਣਕਾਰੀ ਵੀ ਦਿੱਤੀ ਗਈ ਅਤੇ ਇਹ ਵੀ ਦੱਸਿਆ ਕਿ ਸਾਨੂੰ ਹਮੇਸ਼ਾਂ ਸੱਚਾਈ, ਨੇਕੀ ਅਤੇ ਧਰਮ ਦੇ ਰਾਹ 'ਤੇ ਹੀ ਚੱਲਣਾ ਚਾਹੀਦਾ ਹੈ। ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਨਿਧੀ ਸੰਗੋਤਰਾ ਨੇ ਸਮੂਹ ਵਿਦਿਆਰਥੀਆਂ ਨੂੰ ਦੁਸਹਿਰੇ ਅਤੇ ਗਾਂਧੀ ਜਯੰਤੀ ਦੀਆਂ ਮੁਬਾਰਕਾਂ ਦਿੱਤੀਆਂ।

# ਆਸ਼ਾ ਵਰਕਰ ਤੇ ਫੈਸਿਲੀਟੇਟਰ 24 ਨੂੰ ਰੋਸ ਪ੍ਰਦਰਸ਼ਨ ਕਰਨਗੇ : ਹਰਵਿੰਦਰ ਕੌਰ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਦੇ ਸਿਹਤ ਵਿਭਾਗ ਵਿੱਚ ਕੰਮ ਕਰ ਰਹੀਆਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਸਰਕਾਰ ਵੱਲੋਂ ਲਗਾਤਾਰ ਅਣਗੌਲਿਆਂ ਹੀ ਕੀਤਾ ਜਾ ਰਿਹਾ ਹੈ। ਕੈਬਨਿਟ ਸਬ ਕਮੇਟੀ ਵੱਲੋਂ ਜਥੇਬੰਦੀ ਨਾਲ ਬਾਰ ਬਾਰ ਮੀਟਿੰਗਾਂ ਕਰਕੇ ਕੀਤੇ ਵਾਅਦਿਆਂ ਨੂੰ ਪੂਰਾ ਨਹੀਂ ਕੀਤਾ ਜਾ ਰਿਹਾ। ਇਸ ਲਈ ਜਥੇਬੰਦੀ ਵੱਲੋਂ ਰੋਸ ਵਜੋਂ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਦੇ ਸਬੰਧ ਵਿੱਚ 27 ਸਤੰਬਰ ਤੋਂ 3 ਅਕਤੂਬਰ ਤੱਕ ਪੂਰੇ ਪੰਜਾਬ ਦੇ ਸੀਨੀਅਰ ਮੈਡੀਕਲ ਅਫਸਰਾਂ ਰਾਹੀਂ ਸਰਕਾਰ ਨੂੰ ਰੋਸ ਪੱਤਰ ਭੇਜੇ ਜਾ ਰਹੇ ਹਨ ਜਿਸ ਦੇ ਸਬੰਧ ਵਿੱਚ 24 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਸਟੇਟ ਪੱਧਰ ਦਾ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਕਤ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਦੀ ਬੇਰੁੱਖੀ ਰਹੀ ਤਾਂ ਜਥੇਬੰਦੀ ਵੱਲੋਂ ਪੰਜਾਬ ਵਿੱਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਪ੍ਰਧਾਨ ਹਰਵਿੰਦਰ ਕੌਰ, ਕੰਚਨ ਦੇਵੀ, ਕਮਲਜੀਤ ਕੌਰ ਵਡਾਲਾ, ਜਸਵਿੰਦਰ ਕੌਰ, ਬਲਜੀਤ ਕੌਰ, ਪਰਮਜੀਤ ਕੌਰ, ਗੁਰਪ੍ਰੀਤ ਕੌਰ ਤੋਂ ਇਲਾਵਾ ਜਥੇਬੰਦੀ ਦੇ ਵਰਕਰ ਤੇ ਆਗੂ ਇਸ ਮੌਕੇ ਤੇ ਹਾਜ਼ਰ ਸਨ।



# ਵਿਰੋਧੀ ਧਿਰ ਦੇ ਆਗੂ ਨੇ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ : ਗੋਇਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਵਿਧਾਨ ਸਭਾ ਦੇ ਹਾਲੀਆ ਵਿਸ਼ੇਸ਼ ਸੈਸ਼ਨ ਦੌਰਾਨ ਵਿਭਾਗੀ ਤੱਥਾਂ ਨੂੰ ਤੋੜ ਮਰੋੜ ਕੇ ਪੇਸ਼ ਕਰਨ ਅਤੇ ਹੈਰਾਨੀਜਨਕ ਤੌਰ 'ਤੇ ਭ੍ਰਿਸ਼ਟ ਅਧਿਕਾਰੀਆਂ ਦਾ ਪੱਖ ਲੈਣ ਲਈ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੂੰ ਕਰੜੇ ਹੱਥੀਂ ਲਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਦੇ ਅਜਿਹੇ ਬਿਆਨ ਸਦਨ ਨੂੰ ਗੁੰਮਰਾਹ ਕਰਨ ਅਤੇ ਵਿਭਾਗ ਵੱਲੋਂ ਪਾਰਦਰਸ਼ੀ ਢੰਗ ਅਤੇ ਇਮਾਨਦਾਰੀ ਨਾਲ ਕੀਤੇ ਜਾ ਰਹੇ ਕੰਮਕਾਜ 'ਤੇ ਉਂਗਲ ਉਠਾਉਣ ਦੀ ਕੋਝੀ ਚਾਲ ਹਨ।ਸ੍ਰੀ ਗੋਇਲ ਨੇ ਸਪੱਸ਼ਟ ਕੀਤਾ ਕਿ ਬਾਜਵਾ ਵੱਲੋਂ 22 ਅਗਸਤ, 2025 ਦੇ ਉਸ ਪੱਤਰ ਦਾ ਹਵਾਲਾ ਦਿੱਤਾ ਗਿਆ ਸੀ, ਜੋ ਵਿਭਾਗ ਦੇ ਮੁੱਖ ਇੰਜੀਨੀਅਰ (ਵਿਜੀਲੈਂਸ) ਵੱਲੋਂ ਹੜ੍ਹ ਸੁਰੱਖਿਆ ਸਬੰਧੀ ਕੁਝ ਕਾਰਜਾਂ ਦਾ ਮੁੜ ਮੁਲਾਂਕਣ ਕਰਨ ਬਾਬਤ ਮੁੱਖ ਇੰਜੀਨੀਅਰ (ਡਰੇਨੇਜ) ਨੂੰ ਲਿਖਿਆ ਗਿਆ ਸੀ। ਉਨ੍ਹਾਂ ਕਿਹਾ ਕਿ ਇਹ ਪੱਤਰ ਫੰਡਾਂ ਦੀ ਸੁਚੱਜੀ ਵਰਤੋਂ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਖਾਸ ਕਰਕੇ ਮਾਨਸੂਨ ਦੀ ਸ਼ੁਰੂਆਤ ਤੋਂ ਬਾਅਦ ਜਾਂਚ ਅਤੇ ਸੰਤੁਲਨ ਬਰਕਰਾਰ ਰੱਖਣ ਸਬੰਧੀ ਇੱਕ ਅੰਦਰੂਨੀ ਪ੍ਰਕਿਰਿਆ ਸੀ। ਕੈਬਨਿਟ ਮੰਤਰੀ ਨੇ ਕਿਹਾ ਕਿ ਬਾਜਵਾ ਨੇ ਜਾਣਬੁੱਝ ਕੇ ਇਨ੍ਹਾਂ ਤੱਥਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ।

# 'ਵੋਟ ਚੋਰ ਗੱਦੀ ਛੋੜ' ਹਸਤਾਖਰ ਮੁਹਿੰਮ ਦੀ ਬਲਾਚੌਰ ਵਿਖੇ ਹੋਈ ਸ਼ੁਰੂਆਤ : ਅਜੇ ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਪਾਰਟੀ ਘਰ-ਘਰ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਕਰ ਰਹੀ ਜਾਗਰੁਕ, ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਨੇ ਵੋਟ ਚੋਰ ਗੱਦੀ ਛੋੜ ਹਸਤਾਖਰ ਮੁਹਿੰਮ ਕਾਂਗਰਸ ਪਾਰਟੀ ਦਫ਼ਤਰ ਬਲਾਚੌਰ ਵਿਖੇ ਸ਼ੁਰੂ ਕਰਦਿਆਂ ਕੀਤੇ। ਜਿਸ ਵਿੱਚ



ਉਨਾਂ ਭਾਰਤ ਦੇ ਚੋਣ ਕਮਿਸ਼ਨ ਨੂੰ ਬੇਨਤੀ ਕੀਤੀ ਕਿ ਮਸ਼ੀਨ ਪੜ੍ਹਨਯੋਗ ਵੋਟਰ ਸੂਚੀ ਨੂੰ ਫੋਟੋਆਂ ਸਮੇਤ ਜਨਤਕ ਜਾਂਚ ਲਈ ਉਪਲਬਧ ਕਰਵਾਇਆ ਜਾਵੇ।ਹਰੇਕ ਚੋਣ ਤੋਂ ਪਹਿਲਾਂ ਫੋਟੋਆਂ ਸਮੇਤ ਮਿਟਾਈਆਂ ਅਤੇ ਜੋੜੀਆਂ ਗਈਆਂ ਵੋਟਰ ਸੂਚੀਆਂ ਨੂੰ ਜਨਤਕ ਤੌਰ 'ਤੇ ਜਾਰੀ ਕਰਨਾ ਯਕੀਨੀ ਬਣਾਇਆ ਜਾਵੇ।ਗਲਤ ਢੰਗ ਨਾਲ ਮਿਟਾਈ ਗਈ ਵੋਟ ਸੰਬੰਧੀ ਇੱਕ ਪਹੁੰਚਯੋਗ ਸ਼ਿਕਾਇਤ ਨਿਵਾਰਣ ਪ੍ਰਣਾਲੀ ਬਣਾਈ ਜਾਵੇ।ਆਖ਼ਰੀ ਸਮੇਂ 'ਤੇ ਵੋਟਾਂ ਨੂੰ ਮਿਟਾਉਣ ਜਾਂ ਜੋੜਨ ਤੋਂ ਬਚਿਆ ਜਾਣਾ ਚਾਹੀਦਾ ਹੈ ਅਤੇ ਇੱਕ ਸਪੱਸ਼ਟ ਕੱਟ-ਆਫ ਮਿਤੀ ਦਾ ਐਲਾਨ ਬਹੁਤ ਪਹਿਲਾਂ ਕੀਤਾ ਜਾਣਾ ਚਾਹੀਦਾ ਹੈ। ਯੋਜਨਾਬੱਧ ਤਰੀਕੇ ਨਾਲ ਵੋਟਰਾਂ ਨੂੰ ਦਬਾਉਣ ਦੀ ਕੋਸ਼ਿਸ਼ ਵਿੱਚ ਸ਼ਾਮਲ ਅਧਿਕਾਰੀਆਂ/ਏਜੰਟਾਂ 'ਤੇ ਮੁਕੱਦਮਾ ਚਲਾ ਕੇ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇੱਕ ਫਾਰਮ ਰਾਂਹੀ ਹਲਕਾ ਨਿਵਾਸੀਆਂ ਦੇ ਹਸਤਾਖਰ ਕਰਵਾ ਚੋਣ ਕਮਿਸ਼ਨ ਭਾਰਤ ਨੂੰ ਭੇਜੇ ਜਾਣਗੇ। ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਦੇਸ ਰਾਜ ਹਕਲਾ ਮੈਂਬਰ ਡੀ ਸੀ ਸੀ, ਸੁਰਿੰਦਰ ਸ਼ਿੰਦਾ ਬੁਲਾਰਾ ਡੀ ਸੀ ਸੀ, ਮਨੋਹਰ ਲਾਲ ਭਾਟੀਆ ਮੈਂਬਰ ਬੀ ਸੀ ਸੀ ਤਰਸੇਮ ਲਾਲ ਜਿੰਦਰ ਪ੍ਰਧਾਨ ਐਸ ਸੀ ਸੈੱਲ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਨਰੇਸ਼ ਚੇਚੀ ਕੌਂਸਲਰ, ਹਰਪ੍ਰੀਤ ਕੁਮਾਰ ਯੂਥ ਪ੍ਰਧਾਨ ਬਲਾਚੌਰ, ਦਿਨੇਸ਼ ਕੁਮਾਰ, ਦਲੇਲ ਸੈਣੀ ਸੀਨੀਅਰ ਆਗੂ ਆਦਿ ਕਾਂਗਰਸੀ ਆਗੂ ਹਾਜ਼ਰ ਸਨ।

# ਸਿੱਖਿਆ ਮੰਤਰੀ ਨੇ ਸਕੂਲਾਂ 'ਚ ਮਿਗ-21 ਲੜਾਕੂ ਜੈੱਟ ਪ੍ਰਦਰਸ਼ਿਤ ਕਰਨ ਲਈ ਹਵਾਈ ਸੈਨਾ ਮੁਖੀ ਨੂੰ ਲਿਖੀ ਚਿੱਠੀ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿਦਿਆਰਥੀਆਂ ਵਿੱਚ ਦੇਸ਼ ਭਗਤੀ ਦੀ ਭਾਵਨਾ ਭਰਨ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਉਡਾਣ ਦੇਣ ਲਈ ਅਹਿਮ ਤੇ ਦੂਰਅੰਦੇਸ਼ ਕਦਮ ਚੁੱਕਦਿਆਂ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਭਾਰਤੀ ਹਵਾਈ ਸੈਨਾ ਨੂੰ ਪੰਜ ਮਿਗ-21 ਫ਼ਾਈਟਰ ਜੈੱਟ, ਜੋ ਹਾਲ ਹੀ ਵਿੱਚ ਰਿਟਾਇਰ ਕੀਤੇ ਗਏ ਹਨ, ਨੂੰ ਸੂਬੇ ਦੇ ਪ੍ਰਮੁੱਖ ਸਕੂਲ ਆਫ਼ ਐਮੀਨੈਂਸ ਵਿਖੇ ਪ੍ਰਦਰਸ਼ਿਤ ਕਰਨ ਲਈ ਅਪੀਲ ਕੀਤੀ ਹੈ। ਸਿੱਖਿਆ ਮੰਤਰੀ ਨੇ ਹਵਾਈ ਸੈਨਾ ਮੁਖੀ ਏਅਰ ਚੀਫ਼ ਮਾਰਸ਼ਲ ਸ. ਅਮਰ ਪ੍ਰੀਤ ਸਿੰਘ ਨੂੰ ਇੱਕ ਪੱਤਰ ਲਿਖਿਆ ਹੈ, ਜਿਸ ਵਿੱਚ ਉਨ੍ਹਾਂ ਕਿਹਾ, ਅਸੀਂ ਮਿਲ ਕੇ, ਮਿਗ-21 ਨੂੰ ਇੱਕ ਜੀਵੰਤ ਸ਼ਰਧਾਂਜਲੀ ਦੇ ਸਕਦੇ ਹਾਂ ਅਤੇ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਦੇਸ਼ ਭਗਤੀ ਅਤੇ ਸਮਰਪਣ ਦੀ ਭਾਵਨਾ ਪੈਦਾ ਕਰ ਸਕਦੇ ਹਾਂ। ਉਨ੍ਹਾਂ ਨੇ ਪੰਜ ਮਿਗ-21 ਲੜਾਕੂ ਜੈਟ ਨੂੰ ਪ੍ਰਦਰਸ਼ਨ ਲਈ ਲੁਧਿਆਣਾ, ਅੰਮ੍ਰਿਤਸਰ, ਫਿਰੋਜ਼ਪੁਰ, ਨੰਗਲ ਅਤੇ ਖਰੜ ਦੇ ਸਕੂਲਾਂ ਵਿੱਚ ਪ੍ਰਦਰਸ਼ਿਤ ਕਰਨ ਦਾ ਪ੍ਰਸਤਾਵ ਰੱਖਿਆ।ਸ. ਬੈਂਸ ਨੇ ਕਿਹਾ ਕਿ ਇਹ ਪਹਿਲਕਦਮੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਨਵੀਨਤਾਕਾਰੀ ਅਤੇ ਪਰਿਵਰਤਨਸ਼ੀਲ ਸਿੱਖਿਆ ਪ੍ਰਦਾਨ ਕਰਨ ਵਾਲੀ ਪੇਸ਼ਕਦਮੀ ਦੀ ਤਰਜ਼ 'ਤੇ ਅਧਾਰਿਤ ਹੈ, ਜਿਸ ਤਹਿਤ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਅਧਿਆਪਕਾਂ ਲਈ ਅੰਤਰਰਾਸ਼ਟਰੀ ਸਿਖਲਾਈ ਪ੍ਰੋਗਰਾਮ ਸਮੇਤ ਹੋਰ ਕਈ ਅਗਾਂਹਵਧੂ ਕਦਮ ਚੁੱਕੇ ਗਏ ਹਨ।

# ਹਰਜੀ ਮਾਨ ਨੇ ਸ਼ੁਰੂ ਕਰਵਾਈ ਧਰਮਸ਼ਾਲਾ ਦੀ ਉਸਾਰੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਨਜ਼ਦੀਕੀ ਪਿੰਡ ਠੱਕਰਕੀ ਵਿਖੇ 6 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ ਧਰਮਸ਼ਾਲਾ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸਪਰਸਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ ਹਰਜੀ ਮਾਨ ਵੱਲੋਂ ਅਰਦਾਸ ਉਪਰੰਤ ਕਰਵਾਈ ਗਈ। ਇਸ ਮੌਕੇ ਉਹਨਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਧਰਮਸ਼ਾਲਾ ਦੀ ਉਸਾਰੀ ਨਾਲ ਪਿੰਡ ਦੇ ਵਸਨੀਕਾਂ ਨੂੰ ਆਪਣੇ ਸਮਾਗਮ ਆਯੋਜਿਤ ਕਰਨ ਦੀ ਸੁਵਿਧਾ ਮਿਲੇਗੀ। ਉਹਨਾਂ ਪਿੰਡ ਦੇ ਸਮੁੱਚੇ ਵਿਕਾਸ ਦਾ ਭਰੋਸਾ ਵੀ ਦਿੱਤਾ ਅਤੇ ਕਿਹਾ ਕਿ ਅਧੂਰੇ ਰਹਿੰਦੇ ਵਿਕਾਸ ਦੇ ਕੰਮ ਪਹਿਲ ਦੇ ਅਧਾਰ ਤੇ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਿਸ ਰੰਗਲੇ ਪੰਜਾਬ ਦਾ ਟੀਚਾ ਮਿੱਥਿਆ ਹੈ, ਉਹ ਪਿੰਡਾਂ ਦੇ ਸਰਬ ਪੱਖੀ ਵਿਕਾਸ ਦੇ ਨਾਲ ਹੀ ਪੂਰਾ ਹੋਵੇਗਾ। ਇਸ ਮੌਕੇ ਬੀ.ਡੀ.ਪੀ.ਓ. ਰਾਮਪਾਲ ਰਾਣਾ, ਜੇ.ਈ. ਅਮਨਦੀਪ ਤੋਂ ਇਲਾਵਾ ਪੰਚਾਇਤ ਮੈਂਬਰ ਗੁਰਚਰਨ ਸਿੰਘ, ਕਰਮ ਚੰਦ, ਪਰਵੀਨ ਬਾਲਾ, ਨੰਬਰਦਾਰ ਜਸ਼ਪਾਲ, ਰਾਮ ਲੁਭਾਇਆ, ਜਸਵਿੰਦਰ ਸਿੰਘ, ਨਿਰਮਲ ਕੌਰ ਤੇ ਸਮੂਹ ਪਿੰਡ ਦੇ ਹੋਰ ਪਤਵੰਤੇ ਵੀ ਹਾਜ਼ਰ ਸਨ।



# ਅੱਖਾਂ ਦੀ ਰੌਸ਼ਨੀ ਬਣਾਉਣ ਤੋਂ ਵੱਡਾ ਕੋਈ ਪੁੰਨ ਨਹੀਂ : ਰਾਮਾ ਬਲੱਗਣ



**ਕਾਲਾ ਸੰਘਿਆ (ਮਨਜੀਤ ਮਾਨ)**- ਸਮਾਜ ਸੇਵੀ ਯੂ.ਕੇ ਦੀ ਧਰਤੀ 'ਤੇ ਰਹਿੰਦੇ ਬਲੱਗਣ ਪਰਿਵਾਰ ਦੇ ਰਾਮ ਪ੍ਰਸਾਦ (ਰਾਮਾ ਬਲੱਗਣ), ਮਦਨ ਗੋਪਾਲ ਬਲੱਗਣ, ਸੁਰਿੰਦਰ ਬਲੱਗਣ ਤੇ ਜਗਤਾਰ ਬਲੱਗਣ ਵੱਲੋਂ ਆਪਣੇ ਮਾਤਾ ਪਿਤਾ ਸਵਰਗੀ ਪਿਤਾ ਸਾਧੂ ਰਾਮ ਬਲੱਗਣ ਤੇ ਸਵਰਗੀ ਮਾਤਾ ਗੁਰਦੇਵ ਕੌਰ ਬਲੱਗਣ ਅਤੇ ਭਰਾ ਸਵਰਗੀ ਇੰਦਰ ਮੋਹਨ ਬਲੱਗਣ (ਪੱਪੂ) ਦੀ ਯਾਦ 'ਚ ਦ੍ਰਿਸ਼ਟੀ ਆਈ ਕੇਅਰ ਐਂਡ ਰੈਟੀਨਾ ਸੈਂਟਰ ਲਾਂਬੜਾ ਅਤੇ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਪ੍ਰਬੰਧਕ ਕਮੇਟੀ ਕਾਲਾ ਸੰਘਿਆ ਦੇ ਪ੍ਰਧਾਨ ਪਰਮਜੀਤ ਸਿੰਘ ਬੱਸਣ ਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਵਿਖੇ ਪਲੇਠਾ ਅੱਖਾਂ ਦਾ ਮੁਫਤ ਅਪ੍ਰੇਸ਼ਨ ਚੈੱਕਅਪ ਕੈਂਪ ਲਗਾਇਆ ਗਿਆ।ਕੈਂਪ ਦੀ ਆਰੰਭਤਾ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸੋਹਲ ਵੱਲੋਂ ਮਰੀਜ਼ਾਂ ਦੀ ਤੰਦਰੁਸਤੀ ਲਈ ਅਰਦਾਸ ਕਰਨ ਦੇ ਨਾਲ ਹੋਈ। ਕੈਂਪ ਦੌਰਾਨ ਡਾਕਟਰ ਨਿਤਿਨ ਜੱਗੀ, ਡਾਕਟਰ ਹਰਪ੍ਰੀਤ ਕੌਰ ਦੀ ਅਗਵਾਈ ਵਿੱਚ ਪੁੱਜੇ 450 ਮਰੀਜ਼ਾਂ ਦਾ ਜਿੱਥੇ ਮੁਫਤ ਚੈੱਕਅਪ ਕੀਤਾ ਗਿਆ, ਉਥੇ ਹੀ 150 ਦੇ ਕਰੀਬ ਮਰੀਜ਼ਾਂ ਦਾ ਹਸਪਤਾਲ ਲਿਜਾ ਕੇ ਮੁਫਤ ਅੱਖਾਂ ਦਾ ਆਪ੍ਰੇਸ਼ਨ ਕਰਕੇ ਮੁਫਤ ਲੈਨਜ ਪਾਏ ਗਏ ਤੇ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਰਾਮਾ ਬਲੱਗਣ ਨੇ ਕਿਹਾ ਕਿ ਲੋੜਵੰਦਾਂ ਦੇ ਅੱਖਾਂ ਦੇ ਆਪਰੇਸ਼ਨ ਕਰਵਾਉਣ ਤੋਂ ਵੱਡਾ ਕੋਈ ਪੁੰਨ ਨਹੀਂ ਹੈ।

# ਨਸ਼ੀਲੀਆਂ ਗੋਲੀਆਂ ਸਮੇਤ ਇੱਕ ਔਰਤ ਗ੍ਰਿਫਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਟਾਂਡਾ ਪੁਲਿਸ ਨੇ ਇੱਕ ਔਰਤ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਏ.ਐਸ.ਆਈ ਵਿਕਾਸ ਮਹਿਤਾ ਦੀ ਟੀਮ ਵੱਲੋਂ ਟਾਂਡਾ ਸਹਿਬਾਜ਼ਪਰ ਰੋਡ 'ਤੇ ਗਸ਼ਤ ਦੌਰਾਨ ਪੈਦਲ ਜਾ ਰਹੀ ਔਰਤ ਨੂੰ ਸ਼ੱਕ ਦੇ ਅਧਾਰ 'ਤੇ ਰੋਕਿਆ। ਉਸ ਕੋਲੋਂ 220 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਗ੍ਰਿਫਤਾਰ ਔਰਤ ਦੀ ਪਹਿਚਾਣ ਕਾਜਲ ਪਤਨੀ ਬੀਰੂ ਵਾਸੀ ਵਾਰਡ ਨੰਬਰ 8 ਟਾਂਡਾ ਹਾਲ ਵਾਸੀ ਨੇੜੇ ਗੁਰੂ ਨਾਨਕ ਅੱਖਾਂ ਦਾ ਹਸਪਤਾਲ ਕੋਟਲੀ ਜੰਡ ਵਜੋਂ ਹੋਈ ਹੈ। ਉਸ ਵਿਰੁੱਧ ਐਨ.ਡੀ.ਪੀ.ਐਸ ਐਕਟ ਦੀ ਧਾਰਾ ਅਧੀਨ ਮਾਮਲਾ ਦਰਜ ਕੀਤਾ ਹੈ।

# ਵਿਦਿਆਰਥੀਆਂ ਨੇ ਯੂਨੀਵਰਸਿਟੀ ਮੈਰਿਟ ਸੂਚੀ 'ਚ ਕੀਤੀ ਸ਼ਾਨਦਾਰ ਪ੍ਰਾਪਤੀ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਟਿਊਸ਼ਨਜ਼, ਜਲੰਧਰ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਆਪਣੀਆਂ ਸ਼ਾਨਦਾਰ ਅਕਾਦਮਿਕ ਪ੍ਰਾਪਤੀਆਂ ਨਾਲ ਸੰਸਥਾ ਦਾ ਮਾਣ



ਵਧਾਇਆ ਹੈ। ਅਪ੍ਰੈਲ 2025 ਵਿੱਚ ਹੋਈਆਂ ਯੂਨੀਵਰਸਿਟੀ ਪਰੀਖਿਆਵਾਂ ਵਿੱਚ ਵਿਦਿਆਰਥੀਆਂ ਨੇ ਉੱਚ ਪਦਵੀਆਂ ਹਾਸਲ ਕੀਤੀਆਂ, ਜਿਸ ਨਾਲ ਇਹ ਸਾਬਤ ਹੁੰਦਾ ਹੈ ਕਿ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦੇ ਨਾਲ-ਨਾਲ ਸੰਸਥਾ ਦਾ ਗੁਣਵੱਤਾ ਪੂਰਕ ਮਾਰਗਦਰਸ਼ਨ ਵੀ ਸਫਲਤਾ ਦਾ ਆਧਾਰ ਹੈ। ਬੀ.ਐੱਸ.ਸੀ. (ਮੈਡੀਕਲ ਲੈਬੋਰਟਰੀ ਸਾਇੰਸਜ਼) ਵਿੱਚ ਅੰਜਲੀ ਕੁਮਾਰੀ ਨੇ 9.18 ਸੀ ਜੀ ਪੀ ਏ ਨਾਲ ਪੰਜਵਾਂ ਸਥਾਨ ਪ੍ਰਾਪਤ ਕੀਤਾ, ਜਦਕਿ ਜਿਮੀ ਨੇ 9.05 ਸੀ ਜੀ ਪੀ ਏ ਨਾਲ ਅੱਠਵਾਂ ਸਥਾਨ ਹਾਸਲ ਕੀਤਾ। ਬੈਚਲਰ ਆਫ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨੋਲੋਜੀ ਵਿੱਚ ਸੁਖਜੀਤ ਕੌਰ (9.22 ਸੀ ਜੀ ਪੀ ਏ, ਚੌਥਾ ਸਥਾਨ), ਖੁਸ਼ੀ (9.17 ਸੀ ਜੀ ਪੀ ਏ, ਪੰਜਵਾਂ ਸਥਾਨ) ਅਤੇ ਸਿਮਰਨਪ੍ਰੀਤ (8.95 ਸੀ ਜੀ ਪੀ ਏ, ਨੌਵਾਂ ਸਥਾਨ) ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬੀ ਐੱਸ ਸੀ ਆਨਰਜ਼ (ਮਾਈਕਰੋਬਾਇਓਲੋਜੀ) ਵਿੱਚ ਤਰਨਪ੍ਰੀਤ ਕੌਰ ਨੇ 9.1 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਦੂਜਾ ਸਥਾਨ ਪ੍ਰਾਪਤ ਕਰ ਟਾਪਰ ਦਾ ਖ਼ਿਤਾਬ ਜਿੱਤਿਆ। ਜਾਨਵੀ ਨੇ 8.96 ਸੀ ਜੀ ਪੀ ਏ ਨਾਲ ਤੀਜਾ ਸਥਾਨ ਅਤੇ ਵਿਕਾਸ ਯਾਦਵ ਨੇ 8.13 ਸੀ ਜੀ ਪੀ ਏ ਨਾਲ ਅੱਠਵਾਂ ਸਥਾਨ ਹਾਸਲ ਕੀਤਾ। ਬੈਚਲਰ ਆਫ ਬਿਜ਼ਨਸ ਐਡਮਿਨਿਸਟ੍ਰੇਸ਼ਨ (221) ਵਿੱਚ ਸਮਿੰਦਰਜੀਤ ਕੌਰ ਨੇ 9.1 ਸੀ ਜੀ ਪੀ ਏ ਨਾਲ ਤੀਸਰਾ ਸਥਾਨ ਅਤੇ ਪੱਲਵੀ ਸ਼ਰਮਾ ਨੇ 9.03 ਸੀ ਜੀ ਪੀ ਏ ਨਾਲ ਛੇਵਾਂ ਸਥਾਨ ਪ੍ਰਾਪਤ ਕੀਤਾ। ਬੈਚਲਰ ਆਫ ਕੰਪਿਊਟਰ ਐਪਲੀਕੇਸ਼ਨਜ਼ (231) ਵਿੱਚ ਗੁਰਨੀਤ ਕੌਰ ਨੇ 9.32 ਸੀ ਜੀ ਪੀ ਏ ਨਾਲ ਯੂਨੀਵਰਸਿਟੀ ਪੱਧਰ 'ਤੇ ਤੀਸਰਾ ਸਥਾਨ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ। ਇਸ ਮਾਣਯੋਗ ਪ੍ਰਾਪਤੀ 'ਤੇ ਇਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਅਤੇ ਮੈਨੇਜਮੈਂਟ ਦੇ ਸਾਰੇ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਅਧਿਆਪਕਾਂ ਦੀ ਅਥਕ ਮਿਹਨਤ ਅਤੇ ਮਾਰਗਦਰਸ਼ਨ ਦੀ ਸਰਾਹਨਾ ਕੀਤੀ।

# ਅਸ਼ੋਕ ਵਿਜੇ ਦਸਵੇਂ ਸਮਾਗਮ 'ਚ ਪਹੁੰਚਣ ਲਈ ਡਿਪਟੀ ਸਪੀਕਰ ਨੂੰ ਦਿੱਤਾ ਸੱਦਾ ਪੱਤਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਵੱਲੋਂ 14 ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਵਾਰਡ ਨੰਬਰ 11- 12 ਨੇੜੇ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ.ਡੀ.ਓ. ਕਾਲੋਨੀ ਮਾਹਿਲਪੁਰ ਵਿਖੇ ਦੁਪਹਿਰ 1 ਤੋਂ 5 ਵਜੇ ਤੱਕ ਬਹੁਤ ਹੀ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਪ੍ਰੋਗਰਾਮ ਦੇ ਸੰਬੰਧ ਵਿੱਚ ਸੁਸਾਇਟੀ ਦੇ ਮੈਂਬਰਾਂ ਵੱਲੋਂ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਵਿਧਾਨ ਸਭਾ ਪੰਜਾਬ ਵਿਧਾਇਕ ਹਲਕਾ ਗੜ੍ਹਸ਼ੰਕਰ ਨੂੰ ਸਮਾਗਮ ਵਿੱਚ ਪਹੁੰਚਣ ਲਈ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਸੁਖਵਿੰਦਰ ਕੁਮਾਰ, ਧਰਮ ਸਿੰਘ ਫੌਜੀ, ਨਿਰਮਲ ਸਿੰਘ ਅਤੇ ਸੁਸਾਇਟੀ ਦੇ ਹੋਰ ਮੈਂਬਰ ਹਾਜ਼ਰ ਸਨ।



# ਬੱਚਿਆਂ ਨੂੰ ਅਗਲੇ ਮਹੀਨੇ ਹੋਣ ਵਾਲੀ ਦੌੜ ਬਾਰੇ ਦਿੱਤੀ ਜਾਣਕਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ-ਟਾਂਡਾ ਰੋਡ 'ਤੇ ਸਥਿਤ ਸ਼੍ਰੀ ਗੁਰੂ ਹਰਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਵਿੱਚ ਫਿੱਟ ਬਾਈਕਰ ਕਲੱਬ ਹੁਸ਼ਿਆਰਪੁਰ ਵੱਲੋਂ 2 ਨਵੰਬਰ 2025 ਨੂੰ 5 ਕਿਲੋ ਮੀਟਰ ਦੀ ਕਰਵਾਈ ਜਾ ਰਹੀ ਸੱਚਦੇਵਾ ਸਟਾਕਸ ਹੁਸ਼ਿਆਰਪੁਰ ਵਾਕਥੌਨ ਬਾਰੇ ਕਲੱਬ ਦੇ ਪ੍ਰਧਾਨ ਪਰਮਜੀਤ ਸੱਚਦੇਵਾ ਵੱਲੋਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ ਤੇ ਇਸ ਮੌਕੇ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ।ਉਨ੍ਹਾਂ ਕਿਹਾ ਕਿ ਇਹ ਵਾਕਥੌਨ ਸਵ. ਐਥਲੀਟ ਫੌਜਾ ਸਿੰਘ ਨੂੰ ਸਮਰਪਿਤ ਹੈ ਅਤੇ ਇਸ ਵਾਕਥੌਨ ਵਿੱਚ ਹਰ ਇੱਕ ਸ਼ਹਿਰ ਵਾਸੀ ਭਾਗ ਲੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ 8 ਸਾਲ ਤੱਕ ਦੇ ਬੱਚਿਆਂ ਲਈ 5 ਕਿਲੋਮੀਟਰ ਦੀ ਫਨ ਵਾਕ ਵੀ ਕਰਵਾਈ ਜਾ ਰਹੀ ਹੈ ਜਿਸ ਵਿੱਚ ਬੱਚੇ ਆਪਣੇ ਪਰਿਵਾਰਿਕ ਮੈਂਬਰਾਂ ਨਾਲ ਹਿੱਸਾ ਲੈ ਸਕਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਸ ਲਈ 50 ਰੁਪਏ ਰਜਿਸਟਰੇਸ਼ਨ ਫੀਸ ਰੱਖੀ ਗਈ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਕਿਰਨਪ੍ਰੀਤ ਕੌਰ ਵੀ ਹਾਜਰ ਸਨ।



# ਘੱਟ ਗਿਣਤੀਆਂ ਵਿਰੁੱਧ ਜ਼ੁਲਮਾਂ 'ਤੇ ਵ੍ਹਾਈਟ ਪੇਪਰ ਲਿਆਂਦਾ ਜਾਵੇਗਾ : ਮਾਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਸਿੱਖ ਕੌਮ ਅਤੇ ਘੱਟ ਗਿਣਤੀਆਂ ਵਿਰੁੱਧ ਕੀਤੇ ਜ਼ੁਲਮਾਂ ਦਾ ਵੇਰਵਾ ਇਕੱਠਾ ਕਰਕੇ ਵਾਈਟ ਪੇਪਰ ਦੇ ਰੂਪ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸ੍ਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਮਨਾਏ ਜਾ ਰਹੇ ਸ੍ਰੀ ਗੁਰੂ ਤੇਗ ਬਹਾਦਰ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਵਿੱਚ ਪੇਸ਼ ਕੀਤਾ ਜਾਵੇਗਾ ਜੋ ਸਮਾਗਮ 23 ਨਵੰਬਰ ਨੂੰ ਦੀਨਾ ਕਾਂਗੜ, ਮੋਗਾ ਵਿਖੇ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਇਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਇਸ ਸਮੇਂ ਗੁਰਦੀਪ ਸਿੰਘ ਖੁਣ ਖੁਣ, ਗੁਰਨਾਮ ਸਿੰਘ ਸਿੰਗੜੀਵਾਲਾ, ਸੰਦੀਪ ਸਿੰਘ ਖਾਲਸਾ ਟਾਂਡਾ, ਅਕਬਰ ਸਿੰਘ ਬੂਰੇ ਜੱਟਾਂ, ਹਰਪ੍ਰੀਤ ਸਿੰਘ ਲਾਲੀ, ਪਰਮਿੰਦਰ ਸਿੰਘ ਲਾਚੋਵਾਲ, ਹਰਵਿੰਦਰ ਸਿੰਘ ਹੀਰਾ, ਮਾਸਟਰ ਕੁਲਦੀਪ ਸਿੰਘ ਮਸੀਤੀ ਤੇ ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ ਨੇ ਹਰ ਧਰਮ, ਹਰ ਵਰਗ ਅਤੇ ਹਰ ਪੱਖ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਪਾਤਸ਼ਾਹ ਦੀ ਸ਼ਹੀਦੀ ਸ਼ਤਾਬਦੀ ਨੂੰ ਮਨੁੱਖਤਾ ਲਈ ਇੱਕ ਸਾਂਝਾ ਸੁਨੇਹਾ ਬਣਾਉਣ ਵਿੱਚ ਯੋਗਦਾਨ ਪਾਉਣ।

# ਸਿੱਖਿਆ ਵਿਭਾਗ ਦੇ ਦਫ਼ਤਰਾਂ, ਸਰਕਾਰੀ ਸਕੂਲਾਂ ਤੇ ਕਾਲਜਾਂ 'ਚ ਲੋਗੋ ਲਗਾਉਣ ਦੇ ਆਦੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਆਪਣੇ ਦਫ਼ਤਰ ਵਿੱਚ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਪੁਰਬ ਸਬੰਧੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਹਾਲ ਹੀ ਵਿੱਚ ਜਾਰੀ ਕੀਤੇ ਗਏ ਅਧਿਕਾਰਤ ਲੋਗੋ ਨੂੰ ਆਪਣੇ ਦਫ਼ਤਰ ਵਿੱਚ ਲਗਾਇਆ ਗਿਆ ਹੈ।ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਦਿਆਲਾ ਜੀ, ਭਾਈ ਮਤੀਦਾਸ ਅਤੇ ਸਤੀਦਾਸ ਜੀ ਦੇ 350ਵੇਂ ਸ਼ਹੀਦੀ ਪੁਰਬ ਸਬੰਧੀ ਦੇਸ਼ ਭਰ ਵਿੱਚ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਸ ਸਬੰਧੀ ਇਕ ਵਿਸ਼ੇਸ਼ ਲੋਗੋ ਵੀ ਜਾਰੀ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹੁਕਮ ਜਾਰੀ ਕੀਤੇ ਗਏ ਸਨ ਕਿ ਇਨ੍ਹਾਂ ਸ਼ਹੀਦੀ ਸਮਾਗਮ ਸਬੰਧੀ ਜਾਰੀ ਲੋਗੋ ਨੂੰ ਅਗਲੇ ਇਕ ਸਾਲ ਸਰਕਾਰੀ ਦਫ਼ਤਰਾਂ ਅਤੇ ਆਫੀਸ਼ਲ ਡਾਕ ਵਿੱਚ ਇਹ ਲੋਗੋ ਲਗਾਇਆ ਜਾਣਾ ਹੈ। ਇਸ ਤੋਂ ਇਲਾਵਾ ਸਾਰੇ ਸਰਕਾਰੀ ਅਦਾਰਿਆਂ ਵਿੱਚ ਇਹ ਲੋਗੋ ਪ੍ਰਮੁੱਖ ਤੌਰ 'ਤੇ ਲਗਾਇਆ ਜਾਣਾ ਹੈ ਅਤੇ ਇਸ ਦੀ ਮਰਿਆਦਾ ਤੇ ਪਵਿੱਤਰਤਾ ਦਾ ਪੂਰਨ ਧਿਆਨ ਰੱਖਿਆ ਜਾਣਾ ਚਾਹੀਦਾ ਹੈ। ਸ.ਬੈਂਸ ਨੇ ਦੱਸਿਆ ਕਿ ਉਨ੍ਹਾਂ ਅਧੀਨ ਆਉਂਦੇ ਸਾਰੇ ਵਿਭਾਗਾਂ ਨੂੰ ਇਸ ਲੋਗੋ ਦਾ ਐਚ.ਡੀ. ਪ੍ਰਿੰਟ ਜਲਦੀ ਮੁੁਹਈਆ ਕਰਵਾ ਦਿੱਤਾ ਜਾਵੇਗਾ ਅਤੇ ਨਾਲ ਹੀ ਉਨ੍ਹਾਂ ਨੇ ਆਪਣੇ ਅਧੀਨ ਵਿਭਾਗਾਂ ਦੇ ਮੁਖੀਆਂ, ਸਾਰੇ ਸਰਕਾਰੀ ਸਕੂਲਾਂ ਅਤੇ ਕਾਲਜਾਂ ਦੇ ਮੁਖੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਆਪਣੇ ਦਫ਼ਤਰਾਂ ਵਿੱਚ ਇਸ ਲੋਗੋ ਨੂੰ ਪ੍ਰਮੁੱਖ ਤੌਰ ਉਤੇ ਲਗਾਉਣ।

# ਭਗਵਤੀ ਜਾਗਰਣ ਕਰਵਾਇਆ



**ਬੰਗਾ (ਅਵਤਾਰ ਕਲੇਰ)**- ਪ੍ਰਾਚੀਨ ਮੰਦਿਰ ਮਾਤਾ ਸ਼ੀਤਲਾ ਦੇਵੀ ਜੀ ਬਾਹੜ ਮਜਾਰਾ ਵਿਖੇ 22ਵਾਂ ਵਿਸ਼ਾਲ ਭਗਵਤੀ ਜਾਗਰਣ ਪ੍ਰਬੰਧਕ ਕਮੇਟੀ,ਐਨ ਆਰ ਆਈ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਮਾਤਾ ਰਾਣੀ ਦਾ ਵਿਸ਼ਾਲ ਭਵਨ ਸਜਾਇਆ ਗਿਆ। ਨਾਮਵਰ ਕਲਾਕਾਰਾਂ ਕਮਲ ਕਟਾਣੀਆ, ਕੌਰ ਸਿਸਟਰਜ਼, ਬਲਜਿੰਦਰ ਬਿੱਲਾ ,ਪੰਮਾ ਕੁਲਥਮ, ਬਲਜੀਤ ਜੱਸੀ, ਮੁਖਤਿਆਰ ਝੰਮਟ, ਦੀਪ ਕੌਰ, ਸੋਨੂੰ ਫਰਾਲਾ ਨੇ ਮਹਾਂਮਾਈ ਦੀਆਂ ਭੇਟਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਤਾਰਾ ਰਾਣੀ ਦੀ ਕਥਾ ਅਨਿਲ ਸ਼ਰਮਾ ਵਲੋਂ ਸੁਣਾਈ ਗਈ। ਦੇਵੀ ਦੇਵਤਿਆਂ ਦੇ ਸਰੂਪ ਵਾਲੀਆਂ ਝਾਕੀਆਂ ਅਤੇ ਸ਼ਿਵ ਭੋਲੇ ਦਾ ਤਾਂਡਵ ਨਾਚ ਵੀ ਹੋਇਆ।ਬਲਵੀਰ ਸਿੰਘ ਸਾਬਕਾ ਸਰਪੰਚ ਵਲੋਂ ਸਾਰਿਆਂ ਨੂੰ ਜੀ ਆਇਆਂ ਕਿਹਾ ਅਤੇ ਜਾਗਰਣ ਦੀਆਂ ਵਧਾਈਆਂ ਦਿੱਤੀਆਂ। ਸਟੇਜ ਸਕੱਤਰ ਦੀ ਭੂਮਿਕਾ ਅਵਤਾਰ ਵਲੋਂ ਬਾਖੂਬੀ ਨਿਭਾਈ ਗਈ। ਪ੍ਰਬੰਧਕਾਂ ਵੱਲੋਂ ਕਲਾਕਾਰਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਬਲਵੀਰ ਸਿੰਘ ਸਾਬਕਾ ਸਰਪੰਚ, ਪੰਡਿਤ ਵਿਨੋਦ ਕੁਮਾਰ,ਪੰਡਿਤ ਸਤੀਸ਼ ਪਾਠਕ, ਤਰਸੇਮ ਸਿੰਘ, ਪਰਮਿੰਦਰ ਸਿੰਘ, ਇਕਬਾਲ ਸਿੰਘ, ਜਰਨੈਲ ਸਿੰਘ, ਆਸ਼ਾ ਰਾਣੀ ਸਰਪੰਚ, ਜਸਵੀਰ ਸਿੰਘ, ਮਨਜੀਤ ਸਿੰਘ ,ਰਾਜਾ, ਬਲਵੀਰ ਸਿੰਘ, ਰਾਜਵਿੰਦਰ ਕੌਰ ਪੰਚ, ਗੁਰਦਾਵਰ, ਰਾਜ ਕੁਮਾਰ ਪੰਚ, ਨਵਦੀਪ ਪੰਚ, ਪੰਮਾ ਕੁਲਥਮ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਗੰਗੂਵਾਲ ਵਿਖੇ ਅੱਜ ਮਨਾਇਆ ਜਾਵੇਗਾ ਦੁਸਹਿਰਾ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਠਾਕੁਰ ਦੁਆਰਾ ਰਾਮਾ ਡ੍ਰਾਮਾਟਿਕ ਕਮੇਟੀ ਬਾਸੋਵਾਲ ਕਲੋਨੀ ਗੰਗੂਵਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੁਸਹਿਰੇ ਦਾ ਪਵਿੱਤਰ ਤਿਉਹਾਰ 3 ਅਕਤੂਬਰ ਨੂੰ ਮਨਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਲਕੀ ਕਪਿਲਾ ਨੇ ਦੱਸਿਆ ਕਿ ਸਮਾਗਮ ਦੌਰਾਨ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਉਨ੍ਹਾਂ ਦੱਸਿਆ ਕਿ 3 ਅਕਤੂਬਰ ਨੂੰ ਸਮਾਗਮ ਸ਼ਾਮ 4 ਵਜੇ ਤੋਂ ਸ਼ੁਰੂ ਹੋਣਗ।

# ਜਿੰਪਾ ਦੇ ਯਤਨਾਂ ਸਦਕਾ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਖ਼ਤਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਹਮ ਸ਼ੰਕਰ ਜ਼ਿੰਪਾ ਨੇ ਦੱਸਿਆ ਕਿ ਹੁਸ਼ਿਆਰਪੁਰ ਸ਼ਹਿਰ ਵਿਚ ਪਿਛਲੇ ਕਈ ਦਿਨਾਂ ਤੋਂ ਚੱਲ ਰਹੀ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਹੁਣ ਖ਼ਤਮ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਕੱਲ੍ਹ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਸਫ਼ਾਈ ਕਰਮਚਾਰੀ ਯੂਨੀਅਨ ਦੀ ਮੀਟਿੰਗ ਹੋਈ ਸੀ, ਜਿਸ ਵਿਚ ਯੂਨੀਅਨ ਦੇ ਨੁਮਾਇੰਦਿਆਂ ਨੇ ਆਪਣੀਆਂ ਮੰਗਾਂ ਵਿਸਥਾਰ ਵਿਚ ਪੇਸ਼ ਕੀਤੀਆਂ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਯੂਨੀਅਨ ਅਧਿਕਾਰੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਜਿਸ ਉਪਰੰਤ ਸਫ਼ਾਈ ਕਰਮਚਾਰੀਆਂ ਨੇ ਹੜਤਾਲ ਖ਼ਤਮ ਕਰਨ ਦਾ ਫ਼ੈਸਲਾ ਕੀਤਾ ਹੈ।



# ਸਾਲਾਨਾ ਵਿਸ਼ਾਲ ਛਿੰਝ ਮੇਲਾ ਕਰਵਾਇਆ



**ਬੰਗਾ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਸਾਧਪੁਰ ਵਿਖੇ ਧੰਨ ਧੰਨ ਗੁੱਗਾ ਜਾਹਰ ਪੀਰ ਅਤੇ ਸਖੀ ਸਰਵਰ ਦਾਤਾ ਸਿਕੰਡੀ ਪੀਰ ਦੀ ਯਾਦ ਵਿੱਚ ਗ੍ਰਾਮ ਪੰਚਾਇਤ ਐਨ. ਆਰ.ਆਈ ਵੀਰਾਂ, ਪ੍ਰਬੰਧਕ ਕਮੇਟੀ ਅਤੇ ਸਮੁੱਚੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 32ਵਾਂ ਸਲਾਨਾ ਛਿੰਝ ਮੇਲਾ ਕਰਵਾਇਆ ਗਿਆ। ਇਸ ਛਿੰਝ ਮੇਲੇ 'ਚ ਸੈਂਕੜੇ ਕੁਸ਼ਤੀਆਂ ਕਰਵਾਈਆਂ ਗਈਆਂ।ਪਟਕੇ ਦੀ ਦੋ ਨੰਬਰ ਕੁਸ਼ਤੀ ਨਿਸ਼ਾਨ ਹਰਿਆਨਾ ਅਤੇ ਹੋਦੀ ਇਰਾਨ ਦਰਮਿਆਨ ਹੋਈ ਜਿਸ ਵਿੱਚ ਨਿਸ਼ਾਨ ਹਰਿਆਨਾ ਜੇਤੂ ਰਿਹਾ, ਪਟਕੇ ਦੀ ਇਕ ਨੰਬਰ ਦੀ ਕੁਸ਼ਤੀ ਅਭਿਨਾਇਕ ਯੂ ਪੀ ਮਾਲੋਮਜਾਰਾ ਤੇ ਤਾਲਿਬ ਬਾਬਾ ਫਲਾਹੀ ਫਗਵਾੜਾ ਦੇ ਵਿਚਕਾਰ ਹੋਈ ਜਿਸ ਵਿੱਚ ਅਭਿਨਾਇਕ ਮਾਲੋਮਜਾਰਾ ਜੇਤੂ ਰਿਹਾ। ਜੇਤੂ ਅਤੇ ਉੱਪ ਜੇਤੂ ਪਹਿਲਵਾਨਾਂ ਨੂੰ ਟਰਾਫੀਆਂ ਅਤੇ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਆਮ ਆਦਮੀ ਪਾਰਟੀ ਬੰਗਾ ਦੇ ਹਲਕਾ ਸੰਗਠਨ ਇੰਚਾਰਜ ਪਵਨਜੀਤ ਸਿੰਘ ਸਿੱਧੂ, ਸੋਹਣ ਲਾਲ ਢੰਡਾ , ਮਹਿੰਦਰ ਸਿੰਘ ਐਸ.ਐਚ.ਓ ਮੁਕੰਦਪੁਰ, ਬਲਕਾਰ ਸਿੰਘ ਰਹਿਪਾ ਜਿਲ੍ਹਾ ਪ੍ਰਧਾਨ ਬੀ ਕੇ ਯੂ ਸਿੱਧੂਪੁਰ, ਬਲਕਾਰ ਸਿੰਘ ਲਾਖਾ ਮੁਕੰਦਪੁਰ ਆਦਿ ਹਾਜ਼ਰ ਹੋਏ ਤੇ ਛਿੰਝ ਮੇਲਾ ਕਮੇਟੀ ਵੱਲੋਂ ਐਨ .ਆਰ .ਆਈ ਵੀਰਾਂ ਤੇ ਦਾਨੀ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

# ਦਸਵੀਂ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁਭ ਦਿਹਾੜਾ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ। ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਧੰਨਾ ਸਿੰਘ ਜੀ ਨਵਾਂਸ਼ਹਿਰ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਲੋਂ 1708 ਈ ਵਿੱਚ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਨੂੰ ਗੁਰਤਾ ਗੱਦੀ ਦੇਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਵਾਇਆ। ਭਾਈ ਜੁਝਾਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ ਗਗਨਦੀਪ ਸਿੰਘ ਜੀ ਗੁਰਦੁਆਰਾ ਨਾਢਾ ਸਾਹਿਬ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਬਾਣੀ ਬਾਰੇ ਵਿਸਥਾਰ ਸਹਿਤ ਦੱਸਿਆ। ਇਸ ਤੋਂ ਇਲਾਵਾ ਭਾਈ ਗੁਰਤੇਜ ਸਿੰਘ ਪਟਿਆਲਾ ਵਾਲੇ, ਭਾਈ ਜਸਪਾਲ ਸਿੰਘ ਜੀ ਲੁਧਿਆਣਾ ਵਾਲਿਆਂ ਦਾ ਢਾਡੀ ਜੱਥਾ, ਭਾਈ ਕਰਨਵੀਰ ਸਿੰਘ ਜੀ ਪਟਿਆਲੇ ਵਾਲੇ, ਭਾਈ ਯਸ਼ਕਰਨ ਸਿੰਘ , ਮਿਤਰ ਪਿਆਰੇ ਨੂੰ ਕੀਰਤਨੀ ਜੱਥਾ, ਬੀਬੀ ਰਜਨੀਸ਼ ਕੌਰ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਹਰਬਖਸ਼ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਰਨੈਲ ਸਿੰਘ ਅਤੇ ਭਾਈ ਜਸਵਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਦਸਵੀਂ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਹਰ ਵਿਭਾਗ ਦੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਇਸ ਦਿਨ ਕਰਵਾਏ ਗਏ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ । ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦੇ ਸਹੂਲਤ ਲਈ 7 ਮੰਜਿਲਾ ਕਾਰ ਪਾਰਕਿੰਗ ਅਤੇ ਦੀਵਾਨ ਹਾਲ ਦੀ ਕਾਰ ਸੇਵਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੀ ਹੈ।



# ਗੰਦਗੀ ਦੇ ਢੇਰ ਕਾਰਨ ਕਚਹਿਰੀ ਰੋਡ ਹੋਈ ਜਾਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਭਾਵੇਂ ਕਿ ਸਫਾਈ ਸੇਵਕਾਂ ਦੀ ਹੜਤਾਲ ਖਤਮ ਹੋ ਚੁੱਕੀ ਹੈ ਪਰ ਸ਼ਹਿਰ ਵਿੱਚ ਗੰਦਗੀ ਦੀ ਸਮੱਸਿਆ ਹਾਲੇ ਵੀ ਬਰਕਰਾਰ ਹੈ। ਸ੍ਰੀ ਅਨੰਦਪੁਰ ਸਾਹਿਬ ਦੀ ਕਚਹਿਰੀ ਰੋਡ ਉੱਤੇ ਗੰਦ ਦੇ ਢੇਰਾਂ ਕਾਰਨ ਲੋਕਾਂ ਨੂੰ ਕਾਫ਼ੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਵਿੱਚ ਦੁਸਹਿਰੇ ਦਾ ਸਮਾਗਮ ਦੇਖਣ ਲਈ ਭਾਰੀ ਗਿਣਤੀ ਵਿੱਚ ਲੋਕ ਪਹੁੰਚੇ ਪਰ ਉਨ੍ਹਾਂ ਦਾ ਸਵਾਗਤ ਗੰਦ ਦੇ ਢੇਰਾਂ ਨਾਲ ਹੋਇਆ। ਗੰਦਗੀ ਇਤਨੀ ਜ਼ਿਆਦਾ ਸੀ ਕਿ ਕਚਹਿਰੀ ਰੋਡ ਦੇ ਇੱਕ ਪਾਸੇ ਦੀ ਸੜਕ ਪੂਰੀ ਤਰ੍ਹਾਂ ਬੰਦ ਹੋ ਗਈ। ਇਸ ਕਾਰਨ ਵਾਹਨਾਂ ਦੀ ਲੰਮੀ ਲਾਈਨ ਲੱਗ ਗਈ ਅਤੇ ਜਾਮ ਦੀ ਸਥਿਤੀ ਬਣ ਗਈ। ਬੱਚਿਆਂ, ਬਜ਼ੁਰਗਾਂ ਅਤੇ ਮਹਿਲਾਵਾਂ ਨੂੰ ਇਸ ਗੰਦ ਅਤੇ ਜਾਮ ਕਾਰਨ ਦੂਗਣੀ ਮੁਸ਼ਕਲ ਦਾ ਸਾਹਮਣਾ ਕਰਨਾ ਪਿਆ। ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਤੁਰੰਤ ਕਚਹਿਰੀ ਰੋਡ ਸਮੇਤ ਹੋਰ ਰਸਤਿਆਂ ਤੋਂ ਵੀ ਗੰਦਗੀ ਹਟਾਈ ਜਾਵੇ ਤਾਂ ਜੋ ਲੋਕਾਂ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਲੈਕਚਰਾਰ ਪਵਨਦੀਪ ਕੌਰ ਨੇ ਸਰਕਾਰੀ ਸਮਾਰਟ ਸਕੂਲ 'ਚ ਸੰਭਾਲਿਆ ਅਹੁਦਾ

**ਕਪੂਰਥਲਾ (ਮਨਜੀਤ ਮਾਨ)**- ਲੈਕਚਰਾਰ ਪਵਨਦੀਪ ਕੌਰ ਵੱਲੋਂ ਸਰਕਾਰੀ ਸੀਨੀਅਰ ਸਮਾਰਟ ਸਕੂਲ ਸਿੱਧਵਾਂ ਦੋਨਾ ਵਿਖੇ ਪੋਲੀਟੀਕਲ ਸਾਇੰਸ ਦੇ ਲੈਕਚਰਾਰ ਵਜੋਂ ਅਹੁਦਾ ਸੰਭਾਲ ਕੇ ਕੰਮਕਾਜ ਸ਼ੁਰੂ ਕਰ ਦਿੱਤਾ ਗਿਆ । ਅਹੁਦਾ ਸੰਭਾਲਣ ਮੌਕੇ ਉਨ੍ਹਾਂ ਕਿਹਾ ਕਿ ਸਕੂਲ ਦੇ ਬੱਚਿਆਂ ਨੂੰ ਅਨੁਸ਼ਾਸਨ ਸਿਖਾਉਂਦੇ ਹੋਏ ਉਨ੍ਹਾਂ ਵੱਲੋਂ ਪੂਰੀ ਤਨਦੇਹੀ ਨਾਲ ਪੜ੍ਹਾਇਆ ਜਾਵੇਗਾ ਤਾਂ ਜੋ ਉਹ ਵੱਡੇ ਹੋ ਕੇ ਆਪਣਾ ਪਿੰਡ, ਸ਼ਹਿਰ ਅਤੇ ਮਾਪਿਆ ਦਾ ਨਾਮ ਰੌਸ਼ਨ ਕਰ ਸਕਣ। ਇਸ ਮੌਕੇ ਪ੍ਰਿੰਸੀਪਲ ਮੈਡਮ ਨੰਦਾ, ਮੈਡਮ ਸੁਮਨ ਲੈਕਚਰਾਰ ਅੰਗਰੇਜੀ, ਮੈਡਮ ਸਰਬਜੀਤ ਕੌਰ ਲੈਕਚਰਾਰ ਪੰਜਾਬੀ, ਮੈਡਮ ਸਿਮਰਨਜੀਤ ਕੌਰ, ਮੈਡਮ ਮਨਜੀਤ ਕੌਰ, ਮੈਡਮ ਪ੍ਰੀਤੀ, ਮੈਡਮ ਭੁਪਿੰਦਰ ਕੌਰ, ਮੈਡਮ ਅਮਨਦੀਪ ਕੌਰ, ਅਵਿਨਾਸ਼ ਭੱਲਾ, ਮੈਡਮ ਪ੍ਰਵੀਨ ਰਾਣੀ, ਜਗਦੀਸ਼ ਸਿੰਘ, ਮਨੋਜ ਕੁਮਾਰ ਅਤੇ ਰਮਨਦੀਪ ਸਿੰਘ ਸਮੇਤ ਸਕੂਲ ਦੇ ਸਟਾਫ ਵੱਲੋਂ ਲੈਕਚਰਾਰ ਪਵਨਦੀਪ ਕੌਰ ਨੂੰ ਫੁੱਲਾਂ ਦਾ ਗੁੱਲਦਸਤਾ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

